ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ. Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 154
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 5 June, 2026) ਸ਼ੁੱਕਰਵਾਰ, 5 ਜੂਨ, 2026, 22 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

ਅਦਾਰਾ **ਚੜ੍ਹਦੀਕਲਾ** ਵੱਲੋਂ ਜੂਨ '84 ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ **ਕੋਟਿ-ਕੋਟਿ ਪ੍ਰਣਾਮ**

# ਅਦਾਲਤ ਦੇ ਦਖ਼ਲ ਤੋਂ ਬਾਅਦ ਪੁਲਿਸ ਨੇ ਮਜੀਠੀਆ ਦੀ ਕਾਨੂੰਨੀ ਟੀਮ ਨੂੰ ਸੌਂਪੀ ਐਫ.ਆਈ.ਆਰ. ਦੀ ਕਾਪੀ

## ਮਜੀਠੀਆ ਅਤੇ ਉਨ੍ਹਾਂ ਦੇ ਸਮਰਥਕਾਂ ਵਿਰੁੱਧ ਵੱਖ-ਵੱਖ ਧਾਰਾਵਾਂ ਤਹਿਤ ਕੇਸ ਕੀਤਾ ਗਿਐ ਦਰਜ

**ਚੜ੍ਹਦੀਕਲਾ ਬਿਊਰੋ**



ਅੰਮ੍ਰਿਤਸਰ, 4 ਜੂਨ : ਇੱਕ ਸਥਾਨਕ ਅਦਾਲਤ ਦੇ ਦਖਲ ਤੋਂ ਬਾਅਦ, ਪੰਜਾਬ ਪੁਲਿਸ ਨੇ ਵੀਰਵਾਰ ਨੂੰ ਪੰਜਾਬ ਦੇ ਸਾਬਕਾ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਦੇ ਖਿਲਾਫ ਦਰਜ ਐਫ.ਆਈ.ਆਰ. ਦੀ ਇੱਕ ਕਾਪੀ ਉਨ੍ਹਾਂ ਦੀ ਕਾਨੂੰਨੀ ਟੀਮ ਨੂੰ ਸੌਂਪ ਦਿੱਤੀ ਹੈ। ਇਹ ਐਫ.ਆਈ.ਆਰ. ਐਤਵਾਰ ਨੂੰ ਮਜੀਠਾ ਪੁਲਿਸ ਸਟੇਸ਼ਨ ਵਿੱਚ ਕਥਿਤ ਤੌਰ 'ਤੇ ਜ਼ਬਰਦਸਤੀ ਦਾਖਲ ਹੋਣ ਦੇ ਮਾਮਲੇ ਵਿੱਚ ਦਰਜ ਕੀਤੀ ਗਈ ਸੀ। ਐਫ.ਆਈ.ਆਰ. ਦੀ ਕਾਪੀ ਮਜੀਠੀਆ ਦੀ ਕਾਨੂੰਨੀ ਟੀਮ ਨੂੰ ਅੰਮ੍ਰਿਤਸਰ ਜ਼ਿਲ੍ਹਾ ਕੋਰਟ ਵਿੱਚ ਸੌਂਪੀ ਗਈ। ਇਸ ਟੀਮ ਵਿੱਚ ਵਕੀਲ ਭਗਵੰਤ ਸਿੰਘ ਸਿਆਲਕਾ, ਅਮਰਬੀਰ ਸਿੰਘ ਸਿਆਲੀ ਅਤੇ ਕਿਰਨਪ੍ਰੀਤ ਸਿੰਘ ਸ਼ਾਮਲ ਹਨ। ਮਜੀਠੀਆ ਤੋਂ ਇਲਾਵਾ, ਉਨ੍ਹਾਂ ਦੇ ਕਈ ਨਜ਼ਦੀਕੀ ਸਾਥੀਆਂ ਅਤੇ ਸਮਰਥਕਾਂ, ਜਿਨ੍ਹਾਂ ਵਿੱਚ ਬਿਕਰਮ ਸਿੰਘ ਬਾਠ, ਸਾਹਿਬ ਹਮਜ਼ਾ, ਰਾਜਾ ਲਾਡੇਹ ਅਤੇ ਜੋਧ ਸਿੰਘ ਸਮਰਾ ਸ਼ਾਮਲ ਹਨ, ਨੂੰ ਕਈ ਹੋਰ ਅਣਪਛਾਤੇ ਵਿਅਕਤੀਆਂ ਦੇ ਨਾਲ ਇਸ ਕੇਸ ਵਿੱਚ ਨਾਮਜ਼ਦ ਕੀਤਾ ਗਿਆ ਹੈ।

ਇਹ ਮਾਮਲਾ 'ਭਾਰਤੀ ਨਿਆਂ ਸੰਹਿਤਾ' ਦੀਆਂ ਕਈ ਧਾਰਾਵਾਂ ਦੇ ਤਹਿਤ ਦਰਜ ਕੀਤਾ ਗਿਆ ਹੈ। ਇਨ੍ਹਾਂ ਵਿੱਚ ਸਰਕਾਰੀ ਕਰਮਚਾਰੀ 'ਤੇ ਡਿਊਟੀ ਦੇ ਦੌਰਾਨ ਹਮਲਾ ਕਰਨਾ, ਸਰਕਾਰੀ ਕਰਮਚਾਰੀ ਦੇ ਕੰਮ ਵਿੱਚ ਰੁਕਾਵਟ ਪਾਉਣਾ, ਖਿੱਚ-ਧੂਹ ਕਰਨਾ, ਕਿਸੇ ਵਿਅਕਤੀ ਨੂੰ ਕਾਨੂੰਨੀ ਹਿਰਾਸਤ ਵਿੱਚੋਂ ਛੁਡਵਾਉਣਾ, ਸਬੂਤਾਂ ਨੂੰ ਨਸ਼ਟ ਕਰਨਾ ਜਾਂ ਛੁਪਾਉਣਾ, ਅਪਰਾਧਿਕ ਧਮਕੀ ਦੇਣਾ, ਗੈਰ-ਕਾਨੂੰਨੀ ਇਕੱਠ (ਜਮਾਵੜਾ) ਕਰਨਾ ਅਤੇ ਦੰਗਾ ਕਰਨਾ ਸ਼ਾਮਲ ਹੈ। ਇਸ ਤੋਂ ਇਲਾਵਾ, ਅਸਲਾ ਐਕਟ ਦੀਆਂ ਧਾਰਾਵਾਂ ਵੀ ਲਗਾਈਆਂ ਗਈਆਂ ਹਨ।

ਐਫ.ਆਈ.ਆਰ. ਦੇ ਅਨੁਸਾਰ, ਮਜੀਠੀਆ ਕਥਿਤ ਤੌਰ 'ਤੇ 50 ਤੋਂ ਜ਼ਿਆਦਾ ਸਮਰਥਕਾਂ ਦੇ ਨਾਲ ਮਜੀਠਾ ਪੁਲਿਸ ਸਟੇਸ਼ਨ ਪਹੁੰਚੇ, ਉਸ ਸਮੇਂ ਪੁਲਿਸ ਜੋਬਨਪ੍ਰੀਤ ਸਿੰਘ ਤੋਂ ਪੁੱਛ-ਗਿੱਛ ਕਰ ਰਹੀ ਸੀ। ਪੁਲਿਸ ਦਾ ਦੋਸ਼ ਹੈ ਕਿ ਇਹ ਸਮੂਹ ਬਿਨਾਂ ਇਜਾਜ਼ਤ ਦੇ ਪੁਲਿਸ ਸਟੇਸ਼ਨ ਵਿੱਚ ਦਾਖਲ ਹੋ ਗਿਆ ਅਤੇ ਇਮਾਰਤ ਦੇ ਵੱਖ-ਵੱਖ ਹਿੱਸਿਆਂ, ਜਿਨ੍ਹਾਂ ਵਿੱਚ (ਬਾਕੀ ਸਫ਼ਾ 2 'ਤੇ)

### ਭਾਜਪਾ ਨੇ ਤਰੁਣ ਚੁੱਘ ਨੂੰ ਮੱਧ ਪ੍ਰਦੇਸ਼ ਤੋਂ ਬਣਾਇਆ ਰਾਜ ਸਭਾ ਉਮੀਦਵਾਰ

**ਬਿੱਟੂ ਦਾ ਨਾਮ ਸੂਚੀ 'ਚੋਂ ਗ਼ਾਇਬ**



ਚੰਡੀਗੜ੍ਹ/ਨਵੀਂ ਦਿੱਲੀ, 4 ਜੂਨ (ਚ.ਨ.ਸ.): ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਮਹਾਸਕੱਤਰ ਅਤੇ ਪੰਜਾਬ ਦੇ ਦਿੱਗਜ ਆਗੂ ਤਰੁਣ ਚੁੱਘ ਦਾ ਸਿਆਸੀ ਕੱਦ ਕੇਂਦਰੀ ਰਾਜਨੀਤੀ ਵਿੱਚ ਹੋਰ ਉੱਚਾ ਹੋ ਗਿਆ ਹੈ। ਭਾਜਪਾ ਹਾਈਕਮਾਨ ਨੇ ਅੱਜ ਵੱਡਾ ਫੈਸਲਾ ਲੈਂਦਿਆਂ ਤਰੁਣ ਚੁੱਘ ਨੂੰ ਮੱਧ ਪ੍ਰਦੇਸ਼ ਤੋਂ ਰਾਜਸਭਾ ਚੋਣਾਂ-2026 ਲਈ ਆਪਣਾ ਅਧਿਕਾਰਤ ਉਮੀਦਵਾਰ ਐਲਾਨ ਦਿੱਤਾ ਹੈ। ਨਵੀਂ ਦਿੱਲੀ ਸਥਿਤ ਕੇਂਦਰੀ ਦਫ਼ਤਰ ਵੱਲੋਂ ਜਾਰੀ ਪ੍ਰੈੱਸ ਨੋਟ ਮੁਤਾਬਕ, ਪਾਰਟੀ ਦੀ ਕੇਂਦਰੀ ਚੋਣ ਕਮੇਟੀ ਨੇ ਵੱਖ-ਵੱਖ ਸੂਬਿਆਂ ਦੀਆਂ ਰਾਜਸਭਾ ਸੀਟਾਂ ਲਈ ਉਮੀਦਵਾਰਾਂ ਦੀ ਸੂਚੀ ਜਾਰੀ ਕੀਤੀ ਹੈ, ਜਿਸ ਵਿੱਚ ਮੱਧ ਪ੍ਰਦੇਸ਼ ਕੋਟੇ ਤੋਂ ਤਰੁਣ ਚੁੱਘ ਦੇ ਨਾਂ 'ਤੇ ਮੋਹਰ ਲਗਾਈ ਗਈ ਹੈ ਪਰ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਨਾਮ ਇਸ ਸੂਚੀ ਵਿੱਚੋਂ ਗ਼ਾਇਬ ਹੈ। (ਬਾਕੀ ਸਫ਼ਾ 2 'ਤੇ)

### ਵੈਨੇਜ਼ੁਏਲਾ ਦੀ ਰਾਸ਼ਟਰਪਤੀ ਵੱਲੋਂ ਮੋਦੀ ਨਾਲ ਮੁਲਾਕਾਤ

# ਦੋਵੇਂ ਧਿਰਾਂ ਵੱਲੋਂ ਕਈ ਅਹਿਮ ਮੁੱਦਿਆਂ 'ਤੇ ਚਰਚਾ

**ਚੜ੍ਹਦੀਕਲਾ ਬਿਊਰੋ**



ਨਵੀਂ ਦਿੱਲੀ, 4 ਜੂਨ: ਵੈਨੇਜ਼ੁਏਲਾ ਦੇ ਕਾਰਜਕਾਰੀ ਰਾਸ਼ਟਰਪਤੀ ਡੈਲਸੀ ਰੋਡਰਿਗਜ਼ ਭਾਰਤ ਦੌਰੇ 'ਤੇ ਆਏ ਹੋਏ ਹਨ। ਇਸ ਦੌਰਾਨ ਉਨ੍ਹਾਂ ਨੇ ਵੀਰਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਇੱਕ ਅਹਿਮ ਬੈਠਕ ਕੀਤੀ।

ਇਸ ਉੱਚ-ਪੱਧਰੀ ਮੁਲਾਕਾਤ ਦਾ ਮੁੱਖ ਕੇਂਦਰ ਦੋਵਾਂ ਦੇਸ਼ਾਂ ਵਿਚਾਲੇ ਊਰਜਾ, ਵਪਾਰ ਅਤੇ ਨਿਵੇਸ਼ ਦੇ ਖੇਤਰਾਂ ਵਿੱਚ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨਾ ਸੀ। ਪੱਛਮੀ ਏਸ਼ੀਆ ਦੇ ਸੰਕਟ ਕਾਰਨ ਤੇਲ ਦੀ ਸਪਲਾਈ ਵਿੱਚ ਆ ਰਹੀਆਂ ਰੁਕਾਵਟਾਂ ਦੇ ਮੱਦੇਨਜ਼ਰ ਭਾਰਤ ਹੁਣ ਕੱਚੇ ਤੇਲ ਦੀ ਖ਼ਰੀਦ ਲਈ ਹੋਰਨਾਂ ਦੇਸ਼ਾਂ 'ਤੇ ਨਿਰਭਰਤਾ ਵਧਾ ਰਿਹਾ ਹੈ। ਭਾਰਤ ਅਤੇ ਵੈਨੇਜ਼ੁਏਲਾ ਹੁਣ ਆਪਸੀ ਊਰਜਾ ਸਹਿਯੋਗ ਨੂੰ ਵੱਡੇ ਪੱਧਰ 'ਤੇ ਵਧਾਉਣ ਦੀ ਤਿਆਰੀ ਵਿੱਚ ਹਨ।

ਜਨਵਰੀ ਮਹੀਨੇ 'ਚ ਅਮਰੀਕੀ ਫ਼ੌਜਾਂ ਵੱਲੋਂ ਵੈਨੇਜ਼ੁਏਲਾ ਦੇ ਤਤਕਾਲੀ ਰਾਸ਼ਟਰਪਤੀ ਨਿਕੋਲਸ ਮਾਦੂਰੋ ਨੂੰ ਹਿਰਾਸਤ ਵਿੱਚ ਲਏ ਜਾਣ ਤੋਂ ਬਾਅਦ ਡੈਲਸੀ ਰੋਡਰਿਗਜ਼ ਨੇ ਕਾਰਜਕਾਰੀ ਰਾਸ਼ਟਰਪਤੀ ਵਜੋਂ ਕਮਾਨ ਸੰਭਾਲੀ ਸੀ। ਮਾਦੂਰੋ ਦੀ ਗ੍ਰਿਫ਼ਤਾਰੀ ਤੋਂ ਬਾਅਦ ਵੈਨੇਜ਼ੁਏਲਾ 'ਤੇ ਲੱਗੀਆਂ ਅਮਰੀਕੀ ਪਾਬੰਦੀਆਂ ਹਟਣ ਨਾਲ ਭਾਰਤ ਨੇ ਉੱਥੋਂ ਮੁੜ ਕੱਚਾ ਤੇਲ ਖ਼ਰੀਦਣਾ ਸ਼ੁਰੂ ਕਰ ਦਿੱਤਾ ਹੈ। ਪੱਛਮੀ ਏਸ਼ੀਆ ਦੇ ਮੌਜੂਦਾ ਹਾਲਾਤ ਕਾਰਨ ਪਿਛਲੇ ਕੁਝ ਹਫ਼ਤਿਆਂ ਵਿੱਚ ਭਾਰਤੀ ਤੇਲ ਮਾਰਕੀਟਿੰਗ ਕੰਪਨੀਆਂ ਨੇ ਵੈਨੇਜ਼ੁਏਲਾ ਤੋਂ ਕੱਚੇ ਤੇਲ ਦੀ ਆਮਦ ਨੂੰ ਕਾਫ਼ੀ ਜ਼ਿਆਦਾ ਵਧਾ ਦਿੱਤਾ ਹੈ। ਇੱਕ ਸਮੇਂ ਭਾਰਤ ਰੋਜ਼ਾਨਾ 4,00,000 ਬੈਰਲ ਤੋਂ ਵੱਧ ਵੈਨੇਜ਼ੁਏਲੀਅਨ ਭਾਰੀ ਕੱਚਾ ਤੇਲ ਖ਼ਰੀਦਦਾ ਸੀ, ਜੋ 2020 ਵਿੱਚ ਅਮਰੀਕੀ ਪਾਬੰਦੀਆਂ ਕਾਰਨ ਬੰਦ ਹੋ ਗਿਆ ਸੀ।

### ਮੋਦੀ ਦਾ ਸੂਰਤ ਅਤੇ ਦਮਨ ਦਾ ਦੌਰਾ ਅੱਜ

ਨਵੀਂ ਦਿੱਲੀ, 4 ਜੂਨ (ਚ.ਨ.ਸ.): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੱਲ੍ਹ ਸੂਰਤ ਅਤੇ ਦਮਨ ਦਾ ਦੌਰਾ ਕਰਨਗੇ। ਉਹ ਸੂਰਤ ਵਿਚ ਲਗਭਗ 18,800 ਕਰੋੜ ਰੁਪਏ ਅਤੇ ਦਮਨ ਵਿਚ 2,970 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ, ਰਾਸ਼ਟਰ ਨੂੰ ਸਮਰਪਿਤ ਅਤੇ ਨੀਂਹ ਪੱਥਰ ਰੱਖਣਗੇ। ਪ੍ਰੋਜੈਕਟਾਂ ਵਿਚੋਂ ਉਹ ਦਮਨ ਵਿਚ ਨਮੇ ਹਵਾਈ ਅੱਡੇ ਦੀ ਨਵੀਂ ਟਰਮੀਨਲ ਇਮਾਰਤ ਰਾਸ਼ਟਰ ਨੂੰ ਸਮਰਪਿਤ ਕਰਨਗੇ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਲਕਸ਼ਦੀਪ ਲਈ 885 ਕਰੋੜ ਰੁਪਏ ਦੇ ਬੰਦਰਗਾਹ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਣਗੇ।

### ਜਗਤਾਰ ਸਿੰਘ ਹਵਾਰਾ ਦੀ ਪੈਰੋਲ ਪਟੀਸ਼ਨ ਦਾ ਮਾਮਲਾ

# ਹਾਈਕੋਰਟ ਵੱਲੋਂ ਦਿੱਲੀ ਜੇਲ੍ਹ ਅਧਿਕਾਰੀਆਂ ਨੂੰ ਫਟਕਾਰ ਲਗਾਉਂਦਿਆਂ ਮੁੱਦੇ ਦਾ ਫ਼ੈਸਲਾ ਕਰਨ ਦੇ ਹੁਕਮ

## ਮਾਮਲੇ ਦੀ ਅਗਲੀ ਸੁਣਵਾਈ 6 ਜੁਲਾਈ, 2026 ਨੂੰ

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 4 ਜੂਨ : ਪੰਜਾਬ-ਹਰਿਆਣਾ ਹਾਈਕੋਰਟ ਵਿੱਚ ਬੇਅੰਤ ਸਿੰਘ ਕਤਲ ਕੇਸ ਦੇ ਦੋਸ਼ੀ ਜਗਤਾਰ ਸਿੰਘ ਹਵਾਰਾ ਦੀ ਪੈਰੋਲ ਪਟੀਸ਼ਨ ਉੱਤੇ ਸੁਣਵਾਈ ਹੋਈ। ਦਿੱਲੀ ਦੇ ਡਾਇਰੈਕਟਰ ਜਨਰਲ ਜੇਲ੍ਹਾਂ ਨੂੰ ਨੋਟਿਸ ਮਿਲਣ ਦੇ ਬਾਵਜੂਦ ਅਦਾਲਤ 'ਚ ਕੋਈ ਪੇਸ਼ ਨਹੀਂ ਹੋਇਆ। ਜਿਸ ਕਰਕੇ ਹਾਈਕੋਰਟ ਨੇ ਦਿੱਲੀ ਦੇ ਜੇਲ੍ਹ ਅਧਿਕਾਰੀਆਂ ਨੂੰ ਫਟਕਾਰ ਲਗਾਈ। ਪੰਜਾਬ-ਹਰਿਆਣਾ ਹਾਈਕੋਰਟ ਵਿੱਚ ਸੁਣਵਾਈ ਦੌਰਾਨ ਪਟੀਸ਼ਨਰ ਵੱਲੋਂ ਸੀਨੀਅਰ ਐਡਵੋਕੇਟ ਮਨਿੰਦਰ ਸਿੰਘ ਪੇਸ਼ ਹੋਏ। ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਸੀਨੀਅਰ ਐਡਵੋਕੇਟ ਜੇ.ਐਸ. ਤੂਰ ਅਤੇ ਸੀ.ਬੀ.ਆਈ. ਵੱਲੋਂ ਸਪੈਸ਼ਲ ਪਬਲਿਕ ਪ੍ਰੌਸੀਕਿਊਟਰ ਆਕਾਸ਼ਦੀਪ ਸਿੰਘ ਪੇਸ਼ ਹੋਏ। ਜਸਟਿਸ ਸੰਜੇ ਵਸ਼ਿਸ਼ਟ ਅਤੇ ਜਸਟਿਸ ਰਮੇਸ਼ ਚੰਦਰ ਡਿਮਰੀ ਦੀ ਬੈਂਚ ਨੇ ਦਿੱਲੀ ਜੇਲ੍ਹ ਵਿਭਾਗ ਨੂੰ ਇੱਕ ਵਾਰ ਫਿਰ ਨਿਰਦੇਸ਼ (ਬਾਕੀ ਸਫ਼ਾ 2 'ਤੇ)

### ਸਾਕਾ ਨੀਲਾ ਤਾਰਾ ਦੇ ਸ਼ਹੀਦ ਪਰਿਵਾਰਾਂ ਦਾ ਸਨਮਾਨ ਭਲਕੇ

ਅੰਮ੍ਰਿਤਸਰ, 4 ਜੂਨ (ਗੁਰਦਿਆਲ ਸਿੰਘ): ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ 6 ਜੂਨ ਨੂੰ 1984 'ਚ ਸ਼ਹੀਦ ਹੋਏ ਪਰਿਵਾਰਾਂ ਨੂੰ ਸ੍ਰੀ ਅਖੰਡ ਪਾਠ ਦੇ ਭੋਗ ਪੈਣ ਤੋਂ ਬਾਅਦ ਸਰੋਪੇ ਦਿੱਤੇ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸ ਮੌਕੇ ਅਖੰਡਪਾਠ ਸਾਹਿਬ ਦੇ ਭੋਗ ਪੈਣਗੇ, ਕੀਰਤਨ ਹੋਵੇਗਾ, ਗਰਮ ਖਿਆਲੀ ਜਥੇਬੰਦੀਆਂ ਦੇ ਆਗੂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨਗੇ। ਸੁਰੱਖਿਆ ਨੂੰ ਮੁੱਖ ਰੱਖਦਿਆਂ ਪੰਜਾਬ ਸਰਕਾਰ ਨੇ ਸ਼ਹਿਰ ਵਿੱਚ ਸੁਰੱਖਿਆ ਬਲ ਤੈਨਾਤ ਕੀਤੇ ਹਨ। ਹਰਿਮੰਦਰ ਸਾਹਿਬ ਦੀਆਂ ਪਰਿਕਰਮਾ ਵਿੱਚ ਤੇ ਆਸ ਪਾਸ ਦੇ ਇਲਾਕਿਆਂ 'ਚ ਪੰਜਾਬ ਪੁਲਿਸ ਤੈਨਾਤ ਕੀਤੀ ਗਈ ਹੈ। ਪਰਿਕਰਮਾ ਵਿੱਚ ਸਾਦੇ ਕੱਪੜਿਆਂ ਵਿੱਚ ਪੁਲਿਸ ਤੈਨਾਤ ਕੀਤੀ ਗਈ ਹੈ। 6 ਜੂਨ ਘੱਲੂਘਾਰਾ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਰੇ ਪ੍ਰਬੰਧ ਮੁਕੰਮਲ (ਬਾਕੀ ਸਫ਼ਾ 2 'ਤੇ)

# ਪੀ.ਆਰ.ਟੀ.ਸੀ. ਦੇ ਕੱਚੇ ਕਰਮਚਾਰੀਆਂ ਨੂੰ ਪੱਕਾ ਕਰਨ ਦੇ ਹੁਕਮ 'ਤੇ ਹਾਈਕੋਰਟ ਨੇ ਲਗਾਈ ਰੋਕ

**ਚੜ੍ਹਦੀਕਲਾ ਬਿਊਰੋ**




ਚੰਡੀਗੜ੍ਹ, 4 ਜੂਨ :ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਰੋਡਵੇਜ਼ ਅਤੇ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ.) ਦੇ ਠੇਕੇ 'ਤੇ ਰੱਖੇ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੇ ਹੁਕਮ 'ਤੇ ਅਸਥਾਈ ਤੌਰ 'ਤੇ ਰੋਕ ਲਗਾ ਦਿੱਤੀ ਹੈ। ਹਾਈ ਕੋਰਟ ਦੇ ਡਿਵੀਜ਼ਨ ਬੈਂਚ ਨੇ ਇਸ ਮਾਮਲੇ ਵਿੱਚ ਇੱਕ ਨੋਟਿਸ ਜਾਰੀ ਕੀਤਾ ਹੈ ਅਤੇ ਅਗਲੀ ਸੁਣਵਾਈ 31 ਅਗਸਤ, 2026 ਲਈ ਤੈਅ ਕੀਤੀ ਹੈ। ਉਦੋਂ ਤੱਕ ਕਰਮਚਾਰੀਆਂ ਦੀ ਮੌਜੂਦਾ ਸੇਵਾ ਸਥਿਤੀ ਵਿੱਚ ਕੋਈ ਬਦਲਾਅ ਨਹੀਂ ਕੀਤਾ ਜਾਵੇਗਾ।

ਦਰਅਸਲ, 22 ਅਪ੍ਰੈਲ, 2026 ਨੂੰ ਹਾਈ ਕੋਰਟ ਦੇ ਸਿੰਗਲ ਬੈਂਚ ਨੇ ਪੀ.ਆਰ.ਟੀ.ਸੀ. ਨੂੰ ਛੇ ਹਫ਼ਤਿਆਂ ਦੇ ਅੰਦਰ ਠੇਕੇ 'ਤੇ ਰੱਖੇ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੇ ਨਿਰਦੇਸ਼ ਦਿੱਤੇ ਸਨ। ਅਦਾਲਤ ਨੇ ਇਹ ਵੀ ਕਿਹਾ ਕਿ ਜੇਕਰ ਇਹ ਹੁਕਮ ਤੈਅ ਸਮੇਂ ਦੇ ਅੰਦਰ ਲਾਗੂ ਨਹੀਂ ਕੀਤਾ ਜਾਂਦਾ ਹੈ, ਤਾਂ ਕਰਮਚਾਰੀਆਂ ਨੂੰ ਰੈਗੂਲਰ ਮੰਨਿਆ ਜਾਵੇਗਾ। ਇਸ ਹੁਕਮ ਨੂੰ ਚੁਣੌਤੀ ਦਿੰਦੇ ਹੋਏ ਪੀ.ਆਰ.ਟੀ.ਸੀ. ਨੇ ਡਿਵੀਜ਼ਨ ਬੈਂਚ ਵਿੱਚ (ਬਾਕੀ ਸਫ਼ਾ 2 'ਤੇ)

### 'ਮਕਾਨ ਮਾਲਕ ਨੂੰ ਕਿਰਾਏਦਾਰ ਤੋਂ ਆਪਣੀ ਜਗ੍ਹਾ ਖਾਲੀ ਕਰਵਾਉਣ ਦਾ ਪੂਰਾ ਹੱਕ'

ਚੰਡੀਗੜ੍ਹ, 4 ਜੂਨ (ਚ.ਨ.ਸ.): ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਇੱਕ ਵੱਡਾ ਫੈਸਲਾ ਸੁਣਾਉਂਦੇ ਹੋਏ ਕਿਹਾ ਹੈ ਕਿ ਕੋਈ ਵੀ ਕਿਰਾਏਦਾਰ ਮਕਾਨ ਮਾਲਕ ਨੂੰ ਇਹ ਨਹੀਂ ਦੱਸ ਸਕਦਾ ਕਿ ਉਹ ਆਪਣੀ ਕਿਰਾਏ ਦੀ ਜਾਇਦਾਦ (ਦੁਕਾਨ ਜਾਂ ਮਕਾਨ) ਵਾਪਸ ਲਏ ਬਿਨਾਂ ਆਪਣਾ ਗੁਜ਼ਾਰਾ ਜਾਂ ਲੋੜਾਂ ਕਿਵੇਂ ਪੂਰੀਆਂ ਕਰੇ। ਅਦਾਲਤ ਨੇ ਇਹ ਟਿੱਪਣੀ ਲੁਧਿਆਨਾ ਦੇ ਇੱਕ ਦੁਕਾਨਦਾਰ (ਬਾਕੀ ਸਫ਼ਾ 2 'ਤੇ)

# ਪੰਜਾਬ 'ਚ ਤੇਜ਼ ਹਨ੍ਹੇਰੀ ਤੇ ਮੀਂਹ ਨਾਲ ਲੋਕਾਂ ਨੂੰ ਗਰਮੀ ਤੋਂ ਮਿਲੀ ਰਾਹਤ

**ਚੜ੍ਹਦੀਕਲਾ ਬਿਊਰੋ**



ਚੰਡੀਗੜ੍ਹ, 4 ਜੂਨ : ਜੂਨ ਮਹੀਨੇ ਦੇ ਸ਼ੁਰੂਆਤੀ ਦੌਰ 'ਚ ਪੈ ਰਹੀ ਅੱਤ ਦੀ ਤਪਸ਼ ਭਰੀ ਗਰਮੀ ਤੋਂ ਲੋਕਾਂ ਨੂੰ ਦੁਪਹਿਰ ਬਾਅਦ ਆਈ ਤੇਜ਼ ਹਨ੍ਹੇਰੀ ਅਤੇ ਮੀਂਹ ਦੇ ਕਾਰਨ ਰਾਹਤ ਮਿਲੀ। ਪੰਜਾਬ ਵਿਚ ਮੌਸਮ ਬਦਲਣ ਨਾਲ ਜਲੰਧਰ, ਪਠਾਨਕੋਟ, ਹੁਸ਼ਿਆਰਪੁਰ, ਅੰਮ੍ਰਿਤਸਰ, ਤਰਨਤਾਰਨ ਵਿਚ ਤੇਜ਼ ਹਨ੍ਹੇਰੀ-ਤੂਫ਼ਾਨ ਆਇਆ। ਇਸ ਦੇ ਨਾਲ ਹੀ ਕਈ ਇਲਾਕਿਆਂ 'ਚ ਹਲਕੀ ਬਾਰਿਸ਼ ਵੀ ਹੋਈ।

ਦੱਸਣਯੋਗ ਹੈ ਕਿ ਪਹਿਲਾਂ ਮਈ ਅਤੇ ਹੁਣ ਜੂਨ 'ਚ ਪਿਛਲੇ ਕਈ ਦਿਨਾਂ ਤੋਂ ਅੱਤ ਦੀ ਤਪਸ਼ ਭਰੀ ਗਰਮੀ ਲੋਕਾਂ ਨੂੰ ਬਰਦਾਸ਼ਤ ਕਰਨੀ ਪੈ ਰਹੀ ਸੀ ਕਿ ਅਚਾਨਕ ਹੀ ਕਰੀਬ 5 ਵਜੇ ਆਈ ਤੇਜ਼ ਹਨ੍ਹੇਰੀ ਤੋਂ ਬਾਅਦ ਪਏ ਮੀਂਹ ਨੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ। ਹਾਲਾਂਕਿ ਇਸ ਬਾਰੇ ਮੌਸਮ ਵਿਭਾਗ ਵੱਲੋਂ ਪਹਿਲਾਂ ਤੋਂ ਹੀ ਅਲਰਟ ਜਾਰੀ ਕੀਤਾ ਗਿਆ ਸੀ ਕਿ ਤੇਜ਼ ਹਨ੍ਹੇਰੀ ਦੇ ਨਾਲ ਬਾਰਿਸ਼ ਪਵੇਗੀ।

ਉਧਰ ਦੂਜੇ ਪਾਸੇ ਬੇਸ਼ੱਕ ਖੇਤੀਬਾੜੀ ਵਿਭਾਗ ਵੱਲੋਂ ਹਾੜੀ ਦੀ ਪ੍ਰਮੁੱਖ ਝੋਨੇ ਦੀ ਫ਼ਸਲ ਲਾਉਣ ਲਈ 1 ਜੂਨ ਮਿਥੀ ਗਈ ਸੀ ਪਰ ਕਿਸਾਨਾਂ ਵੱਲੋਂ ਅਜੇ ਤੱਕ ਝੋਨਾ ਲਾਉਣ ਲਈ ਤਿਆਰੀ ਕੀਤੀ ਜਾ ਰਹੀ ਹੈ। ਇਸ ਬਾਰੇ ਕਿਸਾਨਾਂ ਦਾ ਕਹਿਣਾ ਹੈ ਕਿ ਜੇਕਰ ਹੁਣ ਤੋਂ ਹੀ ਝੋਨਾ (ਬਾਕੀ ਸਫ਼ਾ 2 'ਤੇ)

### ਨੀਟ ਉਮੀਦਵਾਰ ਦੀ ਖ਼ੁਦਕੁਸ਼ੀ ਤੋਂ ਬਾਅਦ ਪ੍ਰਧਾਨ ਮੰਤਰੀ ਨੂੰ ਘੇਰਿਆ

## ਪਿਛਲੇ 12 ਸਾਲਾਂ 'ਚ ਸਿੱਖਿਆ ਪ੍ਰਣਾਲੀ ਹੋਈ ਤਬਾਹ: ਰਾਹੁਲ ਗਾਂਧੀ

ਨਵੀਂ ਦਿੱਲੀ, 4 ਜੂਨ (ਚ.ਨ.ਸ.): ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਵੀਰਵਾਰ ਨੂੰ ਨਾਗਪੁਰ ਵਿੱਚ ਮੈਡੀਕਲ ਦਾਖਲਾ ਪ੍ਰੀਖਿਆ, ਨੀਟ ਦੀ ਤਿਆਰੀ ਕਰ ਰਹੀ ਇੱਕ ਵਿਦਿਆਰਥਣ ਦੀ ਕਥਿਤ ਖੁਦਕੁਸ਼ੀ ਨੂੰ ਲੈ ਕੇ ਮੋਦੀ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਦੋਸ਼ ਲਗਾਇਆ ਕਿ ਪਿਛਲੇ 12 ਸਾਲਾਂ ਦੌਰਾਨ ਸਿੱਖਿਆ ਪ੍ਰਣਾਲੀ 'ਤੇ ਆਈ ਤਬਾਹੀ ਦੀ ਕੀਮਤ ਨੌਜਵਾਨਾਂ ਦੀ ਇੱਕ ਪੂਰੀ ਪੀੜ੍ਹੀ ਅਦਾ ਕਰ ਰਹੀ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ 'ਵਿਦਿਆਰਥੀ ਦੀ ਮੌਤ ਖੁਦਕੁਸ਼ੀ ਨਹੀਂ ਸੀ, ਸਗੋਂ ਮੋਦੀ ਜੀ ਦੇ ਭ੍ਰਿਸ਼ਟ ਅਤੇ ਟੁੱਟੇ ਹੋਏ ਸਿਸਟਮ ਦਾ ਨਤੀਜਾ ਸੀ।' ਰਾਹੁਲ ਗਾਂਧੀ ਨੇ 'ਐਕਸ' 'ਤੇ ਪੋਸਟ ਕੀਤਾ: 'ਆਕਾਂਕਸ਼ਾ ਡਾਕਟਰ ਬਣ ਕੇ ਦੇਸ਼ ਅਤੇ ਸਮਾਜ ਦੀ ਸੇਵਾ ਕਰਨਾ ਚਾਹੁੰਦੀ ਸੀ। (ਬਾਕੀ ਸਫ਼ਾ 2 'ਤੇ)

# ਕੇਵਲ ਸਿੰਘ ਢਿੱਲੋਂ ਵੱਲੋਂ ਦਿੱਲੀ ਦੌਰੇ ਦੌਰਾਨ ਕੇਂਦਰੀ ਮੰਤਰੀਆਂ ਨਾਲ ਪੰਜਾਬ ਦੇ ਮੁੱਦਿਆਂ 'ਤੇ ਚਰਚਾ

**ਚੜ੍ਹਦੀਕਲਾ ਬਿਊਰੋ**





ਨਵੀਂ ਦਿੱਲੀ, 4 ਜੂਨ:ਪੰਜਾਬ ਭਾਜਪਾ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਅਹੁਦਾ ਸੰਭਾਲਣ ਤੋਂ ਬਾਅਦ ਪਹਿਲੀ ਵਾਰ ਦਿੱਲੀ ਦਾ ਦੌਰਾ ਕੀਤਾ ਹੈ। ਇਸ ਦੌਰੇ ਦੌਰਾਨ ਉਨ੍ਹਾਂ ਨੇ ਕੇਂਦਰੀ ਮੰਤਰੀਆਂ ਤੇ ਸੀਨੀਅਰ ਆਗੂਆਂ ਨਾਲ ਮੁਲਾਕਾਤ ਕਰਕੇ ਪੰਜਾਬ ਦੀ ਮੌਜੂਦਾ ਸਥਿਤੀ ਅਤੇ ਵਿਕਾਸ ਕਾਰਜਾਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਢਿੱਲੋਂ ਨੇ ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ ਅਰਜੁਨ ਰਾਮ ਮੇਘਵਾਲ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੰਜਾਬ ਦੇ ਸਰਹੱਦੀ ਸੂਬਾ ਹੋਣ ਦੇ ਨਾਤੇ ਇੱਥੋਂ ਦੀ ਅੰਦਰੂਨੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਰਾਜ ਵਿੱਚ ਅਪਰਾਧਾਂ 'ਤੇ ਨਕੇਲ ਪਾਉਣ ਅਤੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਕੇਂਦਰ ਤੋਂ ਸਹਿਯੋਗ ਮੰਗਿਆ, ਜਿਸ 'ਤੇ ਕੇਂਦਰੀ ਮੰਤਰੀ ਨੇ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਬਾਰੇ ਢਿੱਲੋਂ ਨੇ ਕੇਂਦਰੀ ਗ੍ਰਾਮੀਣ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨਾਲ ਵੀ ਮੁਲਾਕਾਤ ਕੀਤੀ। ਇਸ ਬੈਠਕ ਵਿੱਚ ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਕੇਂਦਰੀ ਸਕੀਮਾਂ ਜਿਵੇਂ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ, ਜਲ ਜੀਵਨ ਮਿਸ਼ਨ ਅਤੇ ਕਿਸਾਨ ਭਲਾਈ ਪ੍ਰੋਗਰਾਮਾਂ ਨੂੰ ਤੇਜ਼ੀ ਨਾਲ ਲਾਗੂ ਕਰਨ ਬਾਰੇ ਗੱਲਬਾਤ ਹੋਈ।

**ਤਰਨਜੀਤ ਸਿੰਘ ਸੰਧੂ ਨਾਲ ਵਿਸ਼ੇਸ਼ 'ਤੇ ਅਹਿਮ ਮੁਲਾਕਾਤ:** ਇਸ ਦੌਰਾਨ ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਦਿੱਲੀ ਦੇ ਲੈਫਟੀਨੈਂਟ ਗਵਰਨਰ ਅਤੇ ਸਾਬਕਾ ਆਈ.ਐਫ.ਐਸ. ਅਧਿਕਾਰੀ ਤਰਨਜੀਤ ਸਿੰਘ ਸੰਧੂ ਨਾਲ ਇੱਕ (ਬਾਕੀ ਸਫ਼ਾ 2 'ਤੇ)

### ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਵੱਡੀ ਗਿਰਾਵਟ !

ਨਵੀਂ ਦਿੱਲੀ, 4 ਜੂਨ (ਚ.ਨ.ਸ.):ਗਲੋਬਲ ਬਾਜ਼ਾਰਾਂ ਵਿੱਚ ਕਮਜ਼ੋਰੀ ਅਤੇ ਅਮਰੀਕਾ-ਈਰਾਨ ਤਣਾਅ ਦਰਮਿਆਨ ਬੁੱਧਵਾਰ ਨੂੰ ਦਿੱਲੀ ਦੇ ਸਰਾਫਾ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਭਾਰੀ ਗਿਰਾਵਟ ਦਰਜ ਕੀਤੀ ਗਈ ਹੈ। ਸੋਨੇ ਦੀ ਕੀਮਤ ਵਿੱਚ 1,850 ਰੁਪਏ ਦੀ ਕਮੀ ਆਈ ਹੈ, ਜਿਸ ਤੋਂ ਬਾਅਦ ਇਹ 1.59 ਲੱਖ ਰੁਪਏ ਪ੍ਰਤੀ 10 ਗ੍ਰਾਮ ਦੇ ਪੱਧਰ 'ਤੇ ਆ ਗਿਆ ਹੈ।

ਅਖਿਲ ਭਾਰਤੀ ਸਰਾਫਾ ਸੰਘ ਦੇ ਅਨੁਸਾਰ, 99.9 ਫੀਸਦੀ ਸ਼ੁੱਧਤਾ ਵਾਲਾ ਸੋਨਾ 1.14 ਫੀਸਦੀ ਡਿੱਗ ਕੇ 1,59,600 ਰੁਪਏ ਪ੍ਰਤੀ 10 ਗ੍ਰਾਮ (ਸਾਰੇ ਟੈਕਸਾਂ ਸਮੇਤ) ਰਹਿ ਗਿਆ ਹੈ। ਇਸ ਤੋਂ ਪਹਿਲਾਂ ਮੰਗਲਵਾਰ ਨੂੰ ਸੋਨਾ 1,61,450 ਰੁਪਏ ਦੇ ਪੱਧਰ 'ਤੇ ਬੰਦ ਹੋਇਆ ਸੀ। ਸੋਨੇ ਦੇ ਨਾਲ-ਨਾਲ ਚਾਂਦੀ ਦੀਆਂ ਕੀਮਤਾਂ 'ਤੇ ਵੀ ਦਬਾਅ ਦੇਖਣ ਨੂੰ (ਬਾਕੀ ਸਫ਼ਾ 2 'ਤੇ)

# ਪੰਜਾਬ ਦੇ 5 ਵੱਡੇ ਮੰਦਰਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਚੜ੍ਹਦੀਕਲਾ ਬਿਊਰੋ**

ਅੰਮ੍ਰਿਤਸਰ, 4 ਜੂਨ : ਆਪ੍ਰੇਸ਼ਨ ਬਲੂ ਸਟਾਰ ਦੀ 42ਵੀਂ ਬਰਸੀ ਤੋਂ ਕੁਝ ਦਿਨ ਪਹਿਲਾਂ ਅੰਮ੍ਰਿਤਸਰ ਦੇ ਦੁਰਗਿਆਣਾ ਮੰਦਰ ਸਮੇਤ ਪੰਜ ਪ੍ਰਮੁੱਖ ਮੰਦਰਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀ ਭਰੀਆਂ ਈਮੇਲਜ਼ ਮਿਲਣ ਤੋਂ ਬਾਅਦ ਪੰਜਾਬ ਪੁਲਿਸ ਨੂੰ ਹਾਈ ਅਲਰਟ 'ਤੇ ਰੱਖਿਆ ਗਿਆ ਹੈ। ਦੁਰਗਿਆਣਾ ਮੰਦਰ ਤੋਂ ਇਲਾਵਾ, ਪਠਾਨਕੋਟ ਦੇ ਮੁਕਤੇਸ਼ਵਰ ਧਾਮ ਮੰਦਰ, ਜਲੰਧਰ ਦੇ ਦੇਵੀ ਤਾਲਾਬ ਮੰਦਰ, ਬਠਿੰਡਾ ਦੇ ਮੈਸਰ ਖਾਨਾ ਮੰਦਰ ਅਤੇ ਪਟਿਆਲਾ ਦੇ ਮਾਤਾ ਕਾਲੀ ਮੰਦਰ ਨੂੰ ਇਹ ਧਮਕੀਆਂ ਮਿਲੀਆਂ ਹਨ। ਬਰਸੀ ਦੇ ਮੱਦੇਨਜ਼ਰ ਪਹਿਲਾਂ ਤੋਂ ਹੀ ਕੀਤੇ ਗਏ ਸਖ਼ਤ ਸੁਰੱਖਿਆ ਪ੍ਰਬੰਧਾਂ ਦੇ ਵਿਚਕਾਰ, ਇਨ੍ਹਾਂ ਧਮਕੀਆਂ ਨੇ ਪੰਜਾਬ ਪੁਲਿਸ ਅਤੇ ਖੁਫੀਆ ਏਜੰਸੀਆਂ ਨੂੰ ਵੱਧ ਤੋਂ ਵੱਧ (ਮੈਕਸੀਮਮ) ਅਲਰਟ 'ਤੇ ਕਰ ਦਿੱਤਾ ਹੈ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਇਨ੍ਹਾਂ ਧਮਕੀਆਂ ਦੀ (ਬਾਕੀ ਸਫ਼ਾ 2 'ਤੇ)

### ਪੰਜਾਬ ਸਕੱਤਰੇਤ ਨੂੰ ਬੰਬ ਨਾਲ ਉਡਾਉਣ ਦੀ ਧਮਕੀ, ਪੁਲਿਸ ਵੱਲੋਂ ਜਾਂਚ ਸ਼ੁਰੂ



ਚੰਡੀਗੜ੍ਹ, 4 ਜੂਨ (ਚ.ਨ.ਸ.) :ਚੰਡੀਗੜ੍ਹ ਵਿੱਚ ਸਥਿਤ ਪੰਜਾਬ ਸਕੱਤਰੇਤ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਧਮਕੀ ਮਿਲਣ ਤੋਂ ਬਾਅਦ ਸੁਰੱਖਿਆ ਏਜੰਸੀਆਂ ਚੌਕਸ ਹੋ ਗਈਆਂ। ਸਕੱਤਰੇਤ ਦੇ ਕੰਟਰੋਲ ਰੂਮ ਨੂੰ ਇੱਕ ਧਮਕੀ ਭਰਿਆ ਈਮੇਲ ਮਿਲਿਆ, ਜਿਸ ਵਿੱਚ ਦਾਅਵਾ ਕੀਤਾ ਗਿਆ ਕਿ ਇਮਾਰਤ ਵਿੱਚ ਬੰਬ ਮੌਜੂਦ ਹੈ। ਸੂਚਨਾ ਮਿਲਣ 'ਤੇ ਪੁਲਿਸ, ਬੰਬ ਸਕੁਐਡ ਅਤੇ ਹੋਰ ਸੁਰੱਖਿਆ ਏਜੰਸੀਆਂ ਨੂੰ ਤੁਰੰਤ ਅਲਰਟ ਕਰ ਦਿੱਤਾ ਗਿਆ। ਧਮਕੀ ਤੋਂ ਬਾਅਦ, ਸਕੱਤਰੇਤ ਕੰਪਲੈਕਸ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ ਗਈ। ਸੁਰੱਖਿਆ ਏਜੰਸੀਆਂ ਨੇ ਇਮਾਰਤ ਦੇ ਵੱਖ-ਵੱਖ ਹਿੱਸਿਆਂ ਦੀ ਚੰਗੀ ਤਰ੍ਹਾਂ ਤਲਾਸ਼ੀ ਲਈ। ਹਾਲਾਂਕਿ, ਸ਼ੁਰੂਆਤੀ (ਬਾਕੀ ਸਫ਼ਾ 2 'ਤੇ)

### ਡਾਲਰ ਦੇ ਮੁਕਾਬਲੇ ਰੁਪਿਆ 7 ਪੈਸੇ ਹੋਰ ਟੁੱਟ ਕੇ 95.83 ਦੇ ਪੱਧਰ 'ਤੇ ਹੋਇਆ ਬੰਦ

ਮੁੰਬਈ, 4 ਜੂਨ (ਚ.ਨ.ਸ.): ਰੁਪਿਆ ਵੀਰਵਾਰ ਨੂੰ ਅਮਰੀਕੀ ਡਾਲਰ ਦੇ ਮੁਕਾਬਲੇ 7 ਪੈਸੇ ਕਮਜ਼ੋਰ ਹੋ ਕੇ 95.83 (ਆਰਜ਼ੀ) 'ਤੇ ਬੰਦ ਹੋਇਆ। ਪੱਛਮੀ ਏਸ਼ੀਆ ਵਿੱਚ ਤਣਾਅ ਵਧਣ ਦਰਮਿਆਨ ਊਰਜਾ ਬਾਜ਼ਾਰ ਵਿੱਚ ਉਤਾਰ-ਚੜ੍ਹਾਅ ਅਤੇ ਸੁਰੱਖਿਅਤ ਨਿਵੇਸ਼ ਵੱਲ ਵਧਦੇ ਰੁਝਾਨ ਕਾਰਨ ਘਰੇਲੂ ਕਰੰਸੀ ਵਿੱਚ ਇਹ ਗਿਰਾਵਟ ਆਈ।

ਵਿਦੇਸ਼ੀ ਮੁਦਰਾ ਕਾਰੋਬਾਰੀਆਂ ਨੇ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਲੰਮਾ ਖਿੱਚਿਆ ਸੰਕਟ ਭਾਰਤ ਲਈ ਇੱਕ ਵੱਡਾ ਖ਼ਤਰਾ ਹੈ, ਕਿਉਂਕਿ ਦੇਸ਼ ਆਪਣੀਆਂ ਊਰਜਾ ਲੋੜਾਂ ਲਈ ਕਾਫੀ ਹੱਦ ਤੱਕ ਆਯਾਤ (ਇੰਪੋਰਟ) 'ਤੇ ਨਿਰਭਰ ਹੈ। ਬਾਜ਼ਾਰ ਦੇ ਹਿੱਸੇਦਾਰਾਂ ਦੀ ਨਜ਼ਰ ਹੁਣ 5 ਜੂਨ ਨੂੰ ਹੋਣ ਵਾਲੀ ਭਾਰਤੀ ਰਿਜ਼ਰਵ ਬੈਂਕ ਦੀ ਮੁਦ੍ਰਿਕ ਨੀਤੀ (ਬਾਕੀ ਸਫ਼ਾ 2 'ਤੇ)

# ਕੇਵਲ ਸਿੰਘ ਢਿੱਲੋਂ ਅਤੇ ਰਵਨੀਤ ਬਿੱਟੂ ਦੀ ਜੋੜੀ: ਭਾਜਪਾ ਦਾ ਨਵਾਂ 'ਪੰਜਾਬ ਮਾਡਲ'

**ਦਰਸ਼ਨ ਸਿੰਘ ਦਰਸ਼ਕ**



ਪਟਿਆਲਾ, 4 ਜੂਨ :ਭਾਰਤੀ ਜਨਤਾ ਪਾਰਟੀ ਨੇ ਰਾਜ ਸਭਾ ਚੋਣਾਂ ਲਈ ਵੱਖ-ਵੱਖ ਸੂਬਿਆਂ ਲਈ ਲਿਸਟ ਜਾਰੀ ਕੀਤੀ ਹੈ ਜਿਸ ਵਿੱਚ ਭਾਜਪਾ ਦੇ ਪੰਜਾਬ ਤੋਂ ਸੀਨੀਅਰ ਲੀਡਰ ਤਰੁਣ ਚੁੱਘ ਨੂੰ ਰਾਜ ਸਭਾ ਭੇਜਣ ਦਾ ਫ਼ੈਸਲਾ ਲਿਆ ਹੈ ਪਰ ਰਵਨੀਤ ਸਿੰਘ ਬਿੱਟੂ ਜੋ ਕਿ ਲੁਧਿਆਣਾ ਲੋਕ ਸਭਾ ਚੋਣ ਹਾਰਨ ਦੇ ਬਾਵਜੂਦ ਕੇਂਦਰ ਵਿੱਚ ਮੰਤਰੀ ਬਣਾ ਲਏ ਗਏ ਸਨ, ਦਾ ਨਾਮ ਇਸ ਲਿਸਟ ਵਿਚ ਨਜ਼ਰ ਨਹੀਂ ਆਇਆ। ਇਸ ਦਾ ਸਿੱਧਾ ਅਰਥ ਇਹ ਹੈ ਕਿ ਰਵਨੀਤ ਸਿੰਘ ਬਿੱਟੂ ਨੂੰ ਹੁਣ ਪੰਜਾਬ ਵਿੱਚ ਸਰਗਰਮ ਹੋਣ ਦੇ ਨਿਰਦੇਸ਼ ਮਿਲ ਗਏ ਹਨ ਅਤੇ ਉਹ ਹੁਣ ਕੇਂਦਰ ਵਿੱਚ ਮੰਤਰੀ ਨਹੀਂ ਰਹਿਣਗੇ। ਪਰ ਇਸ ਦੇ ਨਾਲ-ਨਾਲ ਅਜਿਹਾ ਪ੍ਰਭਾਵ ਮਿਲਦਾ ਹੈ ਕਿ ਭਾਜਪਾ ਢਿੱਲੋਂ ਅਤੇ ਬਿੱਟੂ ਦੀ ਜੋੜੀ ਤਿਆਰ ਕਰਕੇ ਪੰਜਾਬ ਵਿੱਚ ਨਵਾਂ ਮਾਡਲ ਤਿਆਰ ਕਰਨ ਜਾ ਰਹੀ ਹੈ।

ਪੰਜਾਬ ਦੀ ਸਿਆਸਤ ਇਸ ਵੇਲੇ ਇੱਕ ਬਹੁਤ ਹੀ ਦਿਲਚਸਪ ਅਤੇ ਪਰਿਵਰਤਨਸ਼ੀਲ ਦੌਰ ਵਿੱਚੋਂ ਲੰਘ ਰਹੀ ਹੈ। ਭਾਰਤੀ ਜਨਤਾ ਪਾਰਟੀ ਵੱਲੋਂ ਰਾਜ ਸਭਾ ਚੋਣਾਂ ਲਈ ਜਾਰੀ ਲਿਸਟ ਵਿੱਚ ਤਰੁਨ ਚੁੱਘ ਨੂੰ ਥਾਂ ਦੇਣਾ ਅਤੇ ਰਵਨੀਤ ਸਿੰਘ ਬਿੱਟੂ ਨੂੰ ਇਸ ਤੋਂ ਬਾਹਰ ਰੱਖਣਾ ਕੋਈ ਸਾਧਾਰਨ ਪ੍ਰਸ਼ਾਸਕੀ ਫੈਸਲਾ ਨਹੀਂ ਹੈ, ਬਲਕਿ ਇਹ ਭਾਜਪਾ ਦੀ ਹਾਈਕਮਾਂਡ ਵੱਲੋਂ ਪੰਜਾਬ ਲਈ ਉਲੀਕੀ ਗਈ ਇੱਕ ਬਹੁਤ ਹੀ ਸੋਚੀ-ਸਮਝੀ ਸਿਆਸੀ ਨੀਤੀ ਦਾ ਹਿੱਸਾ ਹੈ। ਇਸ ਫੈਸਲੇ ਨੇ ਇਹ ਸਪਸ਼ਟ ਕਰ ਦਿੱਤਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਸਿਆਸੀ ਮੈਦਾਨ ਵਿੱਚ ਵੱਡੀਆਂ ਤਬਦੀਲੀਆਂ ਦੇਖਣ ਨੂੰ ਮਿਲਣਗੀਆਂ। ਰਵਨੀਤ ਸਿੰਘ ਬਿੱਟੂ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਸਵਰਗੀ ਬੇਅੰਤ ਸਿੰਘ ਦੇ ਪੋਤੇ ਹਨ ਅਤੇ ਉਨ੍ਹਾਂ ਦਾ ਪੰਜਾਬ, ਖਾਸ ਕਰਕੇ ਮਾਲਵਾ ਅਤੇ ਮਾਝਾ ਖੇਤਰ ਦੇ ਕੁਝ ਹਿੱਸਿਆਂ ਵਿੱਚ ਇੱਕ ਚੰਗਾ ਸਿਆਸੀ ਆਧਾਰ ਹੈ। ਕਾਂਗਰਸ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਨ੍ਹਾਂ ਨੂੰ ਕੇਂਦਰ ਵਿੱਚ ਮੰਤਰੀ ਬਣਾਇਆ ਗਿਆ ਸੀ। ਹੁਣ ਉਨ੍ਹਾਂ ਦਾ ਨਾਂ ਰਾਜ ਸਭਾ ਦੀ ਸੂਚੀ ਵਿੱਚ ਨਾ ਹੋਣਾ ਇਹ ਸੰਕੇਤ ਦਿੰਦਾ ਹੈ ਕਿ ਪਾਰਟੀ ਉਨ੍ਹਾਂ ਨੂੰ ਕੇਂਦਰੀ ਸਿਆਸਤ ਦੀ ਬਜਾਏ ਪੰਜਾਬ ਦੀ ਜ਼ਮੀਨੀ ਸਿਆਸਤ ਵਿੱਚ ਪੂਰੀ ਤਰ੍ਹਾਂ ਉਤਾਰਨ ਦੀ ਤਿਆਰੀ ਕਰ ਚੁੱਕੀ ਹੈ। ਜਦੋਂ ਕੇਵਲ ਸਿੰਘ ਢਿੱਲੋਂ ਨੇ ਪੰਜਾਬ ਭਾਜਪਾ ਦੀ ਪ੍ਰਧਾਨਗੀ ਦਾ ਅਹੁਦਾ ਸੰਭਾਲਿਆ ਸੀ, ਤਾਂ ਉਸ ਮੌਕੇ ਰਵਨੀਤ ਬਿੱਟੂ ਨੇ ਖੁਦ ਕਿਹਾ ਸੀ, 'ਮੈਂ ਕੇਂਦਰ ਵਿੱਚ ਬਹੁਤ ਸਮਾਂ ਲਗਾ ਲਿਆ ਹੈ, ਹੁਣ ਮੈਂ ਪੰਜਾਬ ਵਿੱਚ ਵਿਚਰਨਾ ਅਤੇ ਇੱਥੋਂ ਦੇ ਲੋਕਾਂ ਲਈ ਕੰਮ ਕਰਨਾ ਪਸੰਦ ਕਰਾਂਗਾ।'

ਬਿੱਟੂ ਦਾ ਇਹ ਬਿਆਨ ਅਤੇ ਹੁਣ ਰਾਜ ਸਭਾ ਦੀ ਟਿਕਟ ਨਾ ਮਿਲਣਾ, ਦੋਵੇਂ ਇੱਕੋ ਦਿਸ਼ਾ ਵੱਲ ਇਸ਼ਾਰਾ ਕਰਦੇ ਹਨ। ਭਾਜਪਾ ਜਾਣਦੀ ਹੈ ਕਿ ਪੰਜਾਬ ਵਿੱਚ ਪੈਰ ਜਮਾਉਣ ਲਈ ਉਨ੍ਹਾਂ ਨੂੰ ਅਜਿਹੇ ਚਿਹਰਿਆਂ ਦੀ ਲੋੜ ਹੈ ਜੋ ਲੋਕਾਂ ਵਿੱਚ ਹਰਮਨਪਿਆਰੇ ਹੋਣ ਅਤੇ ਜਿਨ੍ਹਾਂ ਕੋਲ ਹਮਲਾਵਰ ਸਿਆਸਤ ਕਰਨ ਦਾ ਤਜਰਬਾ ਹੋਵੇ। ਰਵਨੀਤ ਬਿੱਟੂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੇ ਮੁੱਖ ਚਿਹਰਿਆਂ ਵਿੱਚੋਂ ਇੱਕ ਹੋਣਗੇ ਅਤੇ ਉਹ ਪੰਜਾਬ ਵਿੱਚ ਪਾਰਟੀ ਦੀ ਜ਼ੋਰ ਅਜ਼ਮਾਇਸ਼ ਦੀ ਅਗਵਾਈ ਕਰਨਗੇ।

ਦੂਜੇ ਪਾਸੇ, ਤਰੁਨ ਚੁੱਘ ਨੂੰ ਰਾਜ ਸਭਾ ਭੇਜਣਾ ਪਾਰਟੀ ਦੇ ਅੰਦਰੂਨੀ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਦਾ ਇਨਾਮ ਦੇਣ ਵਾਂਗ ਹੈ। ਤਰੁਨ ਚੁੱਘ ਲੰਬੇ ਸਮੇਂ ਤੋਂ ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਵਜੋਂ ਵੱਖ-ਵੱਖ ਰਾਜਾਂ (ਜਿਵੇਂ ਤੇਲੰਗਾਨਾ ਅਤੇ ਜੰਮੂ-ਕਸ਼ਮੀਰ) ਵਿੱਚ ਪਾਰਟੀ ਦੇ ਸੰਗਠਨਾਤਮਕ ਢਾਂਚੇ ਨੂੰ ਮਜ਼ਬੂਤ ਕਰ ਰਹੇ ਹਨ।

ਚੁੱਘ ਨੂੰ ਰਾਜ ਸਭਾ ਵਿੱਚ ਭੇਜ ਕੇ ਭਾਜਪਾ ਨੇ ਇਹ ਸਾਫ਼ ਕੀਤਾ ਹੈ ਕਿ ਉਨ੍ਹਾਂ ਦੀ ਲੋੜ ਕੇਂਦਰੀ ਪੱਧਰ 'ਤੇ ਸੰਸਦ ਵਿੱਚ ਅਤੇ ਪਾਰਟੀ ਦੇ ਸੰਗਠਨ ਨੂੰ ਚਲਾਉਣ ਲਈ ਵਧੇਰੇ ਹੈ। ਤਰੁਨ ਚੁੱਘ ਦਿੱਲੀ ਅਤੇ ਪੰਜਾਬ ਭਾਜਪਾ ਦੇ ਵਿਚਕਾਰ (ਬਾਕੀ ਸਫ਼ਾ 2 'ਤੇ)

### ਬਿਹਾਰ ਦੇ ਹਸਪਤਾਲ 'ਚ ਅੱਗ ਲੱਗਣ ਕਾਰਨ 5 ਮਰੀਜ਼ਾਂ ਦੀ ਮੌਤ, ਕਈਆਂ ਦੀ ਹਾਲਤ ਗੰਭੀਰ

ਮੁਜ਼ੱਫਰਪੁਰ, 4 ਜੂਨ (ਚ.ਨ.ਸ.):ਦਿੱਲੀ ਦੇ ਮਾਲਵੀਆ ਨਗਰ ਦੇ ਇਕ ਹੋਟਲ ਵਿਚ ਅੱਗ ਲੱਗਣ ਤੋਂ ਬਾਅਦ, ਅੱਜ ਸਵੇਰੇ ਬਿਹਾਰ ਦੇ ਮੁਜ਼ੱਫਰਪੁਰ ਦੇ ਇੱਕ ਹਸਪਤਾਲ ਵਿੱਚ ਭਿਆਨਕ ਅੱਗ ਲੱਗ ਗਈ। ਹੁਣ ਤੱਕ ਪੰਜ ਮਰੀਜ਼ਾਂ ਦੀ ਮੌਤ ਹੋ ਗਈ ਹੈ। ਬਚਾਏ ਗਏ ਕਈ ਮਰੀਜ਼ਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਮੁਜ਼ੱਫਰਪੁਰ ਦੇ ਬ੍ਰਹਮਪੁਰਾ ਸਥਿਤ ਪ੍ਰਸਾਦ ਹਸਪਤਾਲ ਵਿੱਚ ਸਵੇਰੇ ਤੜਕੇ ਭਿਆਨਕ ਅੱਗ ਲੱਗ ਗਈ, ਜਿਸ ਨਾਲ ਪੂਰੇ ਹਸਪਤਾਲ ਕੈਂਪਸ ਵਿੱਚ ਦਹਿਸ਼ਤ ਫੈਲ ਗਈ। ਅੱਗ ਪੰਜਵੀਂ ਮੰਜ਼ਿਲ 'ਤੇ ਸਥਿਤ ਆਈ.ਸੀ.ਯੂ. ਵਾਰਡ ਵਿੱਚ ਲੱਗੀ। ਵੇਖਦੇ ਹੀ ਵੇਖਦੇ ਪੂਰੇ ਹਸਪਤਾਲ ਵਿਚ ਜ਼ਹਿਰੀਲਾ ਧੂੰਆਂ ਫੈਲ ਗਿਆ। ਮੁੱਢਲੀ ਜਾਣਕਾਰੀ ਅਨੁਸਾਰ ਅੱਗ ਲੱਗਣ ਦਾ ਕਾਰਨ ਸ਼ਾਰਟ ਸਰਕਟ ਮੰਨਿਆ ਜਾ ਰਿਹਾ ਹੈ। ਹਾਦਸੇ (ਬਾਕੀ ਸਫ਼ਾ 2 'ਤੇ)

## ਆਜ਼ਾਦ ਹਿੰਦ ਫ਼ੌਜ ਦੇ ਸਿਪਾਹੀ ਗੁਰਨਾਮ ਸਿੰਘ ਨਹੀਂ ਰਹੇ, 103 ਸਾਲ ਦੀ ਉਮਰ 'ਚ ਲਏ ਆਖ਼ਰੀ ਸਾਹ

ਮੋਗਾ, 4 ਜੂਨ (ਚ.ਨ.ਸ.) : ਨੇਤਾਜੀ ਸੁਭਾਸ਼ ਚੰਦਰ ਬੋਸ ਦੀ ਅਗਵਾਈ ਹੇਠ ਦੇਸ਼ ਦੀ ਆਜ਼ਾਦੀ ਲਈ ਸੰਘਰਸ਼ ਕਰਨ ਵਾਲੇ ਆਜ਼ਾਦ ਹਿੰਦ ਫੌਜ ਦੇ ਸਾਬਕਾ ਸਿਪਾਹੀ ਗੁਰਨਾਮ ਸਿੰਘ ਦਾ 103 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ। ਉਨ੍ਹਾਂ ਦਾ ਜਨਮ ਦਿਨ 18 ਜੂਨ ਨੂੰ ਸੀ ਅਤੇ ਉਸ ਦਿਨ ਉਹ 104 ਸਾਲ ਦੇ ਹੋਣ ਵਾਲੇ ਸਨ। ਉਨ੍ਹਾਂ ਦਾ ਅੰਤਿਮ ਸੰਸਕਾਰ ਮੋਗਾ ਦੇ ਗਾਂਧੀ ਰੋਡ ਸਥਿਤ ਸ਼ਮਸ਼ਾਨਘਾਟ ਵਿੱਚ ਕੀਤਾ ਗਿਆ।



ਗੁਰਨਾਮ ਸਿੰਘ ਆਜ਼ਾਦ ਹਿੰਦ ਫੌਜ ਵਿੱਚ 1940 ਤੋਂ 1944 ਤੱਕ ਸਰਗਰਮ ਰਹੇ। ਦੂਜੇ ਵਿਸ਼ਵ ਯੁੱਧ ਦੌਰਾਨ ਉਹ ਮਲੇਸ਼ੀਆ ਸਰਹੱਦ 'ਤੇ ਆਪਣੀ ਬਟਾਲੀਅਨ ਨਾਲ ਤਾਇਨਾਤ ਰਹੇ ਅਤੇ ਚਾਰ ਸਾਲ ਜਾਪਾਨੀਆਂ ਦੀ ਜੇਲ੍ਹ ਵਿੱਚ ਵੀ ਰਹੇ। ਆਜ਼ਾਦੀ ਘੁਲਾਟੀਏ ਵਜੋਂ ਪੈਨਸ਼ਨ ਪ੍ਰਾਪਤ ਕਰਨ ਵਾਲੇ ਉਹ ਮੋਗਾ ਜ਼ਿਲ੍ਹੇ ਦੇ ਇਕਲੌਤੇ ਬਚੇ ਹੋਏ ਸੈਨਾਨੀ ਸਨ। ਸਿੱਖਿਆ ਖੇਤਰ ਵਿੱਚ ਵੀ ਉਨ੍ਹਾਂ ਦਾ ਯੋਗਦਾਨ ਵਿਲੱਖਣ ਰਿਹਾ। ਉਨ੍ਹਾਂ ਨੇ ਅੰਗਰੇਜ਼ੀ, ਪੰਜਾਬੀ, ਇਤਿਹਾਸ, ਅਰਥ ਸ਼ਾਸਤਰ ਅਤੇ ਸਿੱਖਿਆ ਸ਼ਾਸਤਰ ਵਿੱਚ ਐਮ.ਏ. ਕਰਨ ਤੋਂ ਬਾਅਦ ਐਮ.ਐੱਡ. ਦੀ ਡਿਗਰੀ ਹਾਸਲ ਕੀਤੀ। ਆਜ਼ਾਦ ਹਿੰਦ ਫੌਜ ਤੋਂ 1946 ਵਿੱਚ ਸੇਵਾਮੁਕਤ ਹੋਣ ਮਗਰੋਂ ਉਨ੍ਹਾਂ ਨੇ 1952 ਵਿੱਚ ਸਿੱਖਿਆ ਵਿਭਾਗ ਵਿੱਚ ਨੌਕਰੀ ਸ਼ੁਰੂ ਕੀਤੀ। ਉਹ ਫਰੀਦਕੋਟ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਡੀ.ਈ.ਓ.) ਰਹੇ ਅਤੇ ਕਈ ਕਾਲਜਾਂ ਦੇ ਪ੍ਰਿੰਸੀਪਲ ਵਜੋਂ ਵੀ ਸੇਵਾਵਾਂ ਨਿਭਾਈਆਂ।1981 ਵਿੱਚ ਉਹ ਸਿੱਖਿਆ ਵਿਭਾਗ ਤੋਂ ਸੇਵਾਮੁਕਤ ਹੋਏ। ਗੁਰਨਾਮ ਸਿੰਘ ਆਪਣਾ ਕੰਮ ਖ਼ੁਦ ਕਰਦੇ ਸਨ। ਕੋਰੋਨਾ ਮਹਾਂਮਾਰੀ ਤੋਂ ਪਹਿਲਾਂ ਉਹ ਨਿਯਮਤ ਸੈਰ ਲਈ ਜਾਂਦੇ ਰਹੇ, ਹਾਲਾਂਕਿ ਇਸ ਤੋਂ ਬਾਅਦ ਉਨ੍ਹਾਂ ਨੇ ਘਰ ਤੋਂ ਬਾਹਰ ਨਿਕਲਣਾ ਘੱਟ ਕਰ ਦਿੱਤਾ ਸੀ।

### ਤਲਾਬ 'ਚ ਡੁੱਬਣ ਕਾਰਨ 3 ਸਕੇ ਭੈਣ-ਭਰਾਵਾਂ ਦੀ ਮੌਤ

ਹਮੀਰਪੁਰ, 4 ਜੂਨ (ਚ.ਨ.ਸ.) : : ਉੱਤਰ ਪ੍ਰਦੇਸ਼ ਦੇ ਹਮੀਰਪੁਰ ਜ਼ਿਲ੍ਹੇ ਦੇ ਬਿੰਵਾਰ ਖੇਤਰ ਵਿੱਚ ਵੀਰਵਾਰ ਨੂੰ ਇੱਕ ਬਹੁਤ ਹੀ ਮੰਦਭਾਗੀ ਘਟਨਾ ਵਾਪਰੀ ਹੈ, ਜਿੱਥੇ ਇੱਕ ਤਲਾਬ ਵਿੱਚ ਨਹਾਉਂਦੇ ਸਮੇਂ ਤਿੰਨ ਸਕੇ ਭੈਣ-ਭਰਾਵਾਂ ਦੀ ਡੁੱਬਣ ਕਾਰਨ ਮੌਤ ਹੋ ਗਈ। ਪੁਲਿਸ ਸੂਤਰਾਂ ਅਨੁਸਾਰ ਇਹ ਹਾਦਸਾ ਬਿੰਵਾਰ ਥਾਣਾ ਖੇਤਰ ਦੇ ਅਧੀਨ ਪੈਂਦੇ ਪਿੰਡ ਛਾਨੀ ਵਿੱਚ ਸਵੇਰੇ ਲੱਗਭੱਗ 11 ਵਜੇ ਵਾਪਰਿਆ।ਪ੍ਰਾਪਤ ਜਾਣਕਾਰੀ ਅਨੁਸਾਰ, ਪਾਰਵਤੀ ਨਾਮ ਦੀ ਇੱਕ ਮਹਿਲਾ ਆਪਣੇ ਦੋ ਪੁੱਤਰਾਂ ਸ਼ਿਵੇਂਦਰ (10), ਰੁਦਰਾਂਸ਼ (8) ਅਤੇ ਪੰਜ ਸਾਲਾ ਧੀ ਮਾਂਡਵੀ ਨੂੰ ਨਾਲ ਲੈ ਕੇ ਪਿੰਡ ਦੇ 'ਅੰਮ੍ਰਿਤ ਸਰੋਵਰ' (ਤਲਾਬ) 'ਤੇ ਨਹਾਉਣ ਅਤੇ ਕੱਪੜੇ ਧੋਣ ਲਈ ਗਈ ਸੀ। ਜਦੋਂ ਪਾਰਵਤੀ ਕੱਪੜੇ ਧੋਣ ਵਿੱਚ ਰੁੱਝੀ ਹੋਈ ਸੀ, ਉਸ ਦੇ ਤਿੰਨੇ ਬੱਚੇ ਤਲਾਬ ਵਿੱਚ ਨਹਾਉਣ ਲੱਗੇ। ਨਹਾਉਂਦੇ ਸਮੇਂ ਬੱਚੇ ਅਚਾਨਕ ਡੂੰਘੇ ਪਾਣੀ ਵੱਲ ਚਲੇ ਗਏ ਅਤੇ ਡੁੱਬਣ ਲੱਗੇ। ਆਪਣੇ ਬੱਚਿਆਂ ਨੂੰ ਡੁੱਬਦਾ ਦੇਖ ਕੇ ਮਾਂ ਨੇ ਮੱਦਦ ਲਈ ਸ਼ੋਰ ਮਚਾਇਆ, ਜਿਸ ਨੂੰ ਸੁਣ ਕੇ ਆਸ-ਪਾਸ ਦੇ ਲੋਕ ਤੁਰੰਤ ਮੌਕੇ 'ਤੇ ਪਹੁੰਚ ਗਏ।

### ਪੰਜਾਬ ਸਰਕਾਰ ਵੱਲੋਂ ਪ੍ਰਾਈਵੇਟ ਸਕੂਲਾਂ ਦੀਆਂ ਫ਼ੀਸਾਂ ਸੰਬੰਧੀ ਕਾਨੂੰਨੀ ਖਰੜਾ ਬਣਾਉਣ ਦੇ ਹੁਕਮ

ਚੰਡੀਗੜ੍ਹ, 4 ਜੂਨ (ਅੰਮ੍ਰਿਤਪਾਲ ਸਿੰਘ) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਾਈਵੇਟ ਸਕੂਲਾਂ ਵੱਲੋਂ ਮਨਮਾਨੇ ਢੰਗ ਨਾਲ ਫੀਸਾਂ ਵਿੱਚ ਵਾਧੇ ਨੂੰ ਰੋਕਣ ਲਈ ਵਿਆਪਕ ਸੁਧਾਰਾਂ ਦੇ ਐਲਾਨ ਦੇ 24 ਘੰਟਿਆਂ ਤੋਂ ਵੀ ਘੱਟ ਸਮੇਂ ਅੰਦਰ ਪੰਜਾਬ ਸਰਕਾਰ ਨੇ ਇਸ ਫੈਸਲੇ ਨੂੰ ਕਾਨੂੰਨ 'ਚ ਬਦਲਣ ਲਈ ਤੇਜ਼ੀ ਨਾਲ ਕਦਮ ਚੁੱਕੇ ਹਨ। ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਕੂਲ ਸਿੱਖਿਆ ਵਿਭਾਗ ਦੇ ਸਕੱਤਰ ਨੂੰ ਪੱਤਰ ਲਿਖ ਕੇ ਤੁਰੰਤ ਕਾਨੂੰਨ ਦਾ ਖਰੜਾ ਤਿਆਰ ਕਰਨ ਦੇ ਨਿਰਦੇਸ਼ ਦਿੱਤੇ ਹਨ ਤਾਂ ਜੋ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਨੂੰ ਨਿਯਮਤ ਕਰਨ ਦੇ ਨਾਲ-ਨਾਲ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾ ਸਕੇ, ਜਿਸ ਨਾਲ 32 ਲੱਖ ਤੋਂ ਵੱਧ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਨਾਜਾਇਜ਼ ਵਿੱਤੀ ਬੋਝ ਤੋਂ ਨਿਜਾਤ ਮਿਲੇਗੀ।

ਇਹ ਪ੍ਰਸਤਾਵਿਤ ਕਾਨੂੰਨ ਸਾਲਾਨਾ ਫੀਸ ਵਾਧੇ ਨੂੰ 5 ਫੀਸਦ ਤੱਕ ਸੀਮਤ ਕਰੇਗਾ ਅਤੇ ਪਿਛਲੇ ਤਿੰਨ ਸਾਲਾਂ ਵਿੱਚ ਨਿਰਧਾਰਤ 15 ਫੀਸਦ ਸੀਮਾ ਤੋਂ ਵੱਧ ਫੀਸਾਂ ਵਧਾਉਣ ਵਾਲੇ ਸਕੂਲਾਂ ਨੂੰ ਵਿਦਿਆਰਥੀਆਂ ਦੇ ਮਾਪਿਆਂ ਤੋਂ ਲਈ ਗਈ ਵਾਧੂ ਫੀਸ ਵਾਪਸ ਕਰਨੀ ਹੋਵੇਗੀ। ਇਹ ਕਦਮ ਪੰਜਾਬ ਸਰਕਾਰ ਦੁਆਰਾ ਸਿੱਖਿਆ ਖੇਤਰ ਵਿੱਚ ਮੁਨਾਫ਼ਾਖੋਰੀ ਨੂੰ ਰੋਕਣ ਅਤੇ ਇਹ ਯਕੀਨੀ ਬਣਾਉਣ ਲਈ ਇੱਕ ਫੈਸਲਾਕੁੰਨ ਕਦਮ ਹੈ ਕਿ ਪ੍ਰਾਈਵੇਟ ਸਕੂਲ ਵਪਾਰਕ ਲਾਭ ਦੀ ਬਜਾਏ ਵਿਦਿਆਰਥੀਆਂ ਅਤੇ ਮਾਪਿਆਂ ਦੇ ਹਿੱਤ ਲਈ ਕੰਮ ਕਰਨ।

## ਰਾਜ ਪੱਧਰੀ ਜਨਗਣਨਾ ਤਾਲਮੇਲ ਕਮੇਟੀ ਵੱਲੋਂ ਪੰਜਾਬ ਵਿੱਚ ਜਨਗਣਨਾ ਦੇ ਪਹਿਲੇ ਪੜਾਅ ਦੀ ਪ੍ਰਗਤੀ ਦੀ ਸਮੀਖਿਆ

ਚੰਡੀਗੜ੍ਹ, 4 ਜੂਨ (ਚ.ਨ.ਸ.) : ਅੱਜ ਪੰਜਾਬ ਦੇ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਦੀ ਪ੍ਰਧਾਨਗੀ ਹੇਠ ਰਾਜ ਪੱਧਰੀ ਜਨਗਣਨਾ ਤਾਲਮੇਲ ਕਮੇਟੀ (ਐਸ.ਐਲ.ਸੀ.ਸੀ.ਸੀ.) ਦੀ ਮੀਟਿੰਗ ਹੋਈ, ਜਿਸ ਵਿੱਚ ਰਾਜ ਭਰ ਵਿੱਚ ਚੱਲ ਰਹੇ ਜਨਗਣਨਾ 2027 ਦੇ ਪਹਿਲੇ ਪੜਾਅ- ਹਾਊਸਲਿਸਟਿੰਗ ਅਤੇ ਹਾਊਸਿੰਗ ਜਨਗਣਨਾ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਮੀਟਿੰਗ ਵਿੱਚ ਜਨਗਣਨਾ ਬਾਰੇ ਰਾਜ ਨੋਡਲ ਅਧਿਕਾਰੀ ਅਤੇ ਪ੍ਰਸ਼ਾਸਕੀ ਸਕੱਤਰ, ਸਥਾਨਕ ਸਰਕਾਰਾਂ ਸ੍ਰੀ ਘਨਸ਼ਿਆਮ ਥੋਰੀ ਤੋਂ ਇਲਾਵਾ ਯੋਜਨਾਬੰਦੀ, ਵਿੱਤ, ਪੇਂਡੂ ਵਿਕਾਸ ਅਤੇ ਸਿੱਖਿਆ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਸ਼ਾਮਲ ਹੋਏ, ਜੋ ਇਸ ਕਮੇਟੀ ਦੇ ਮੈਂਬਰ ਵੀ ਹਨ।



ਮੀਟਿੰਗ ਵਿੱਚ ਪੰਜਾਬ ਦੇ ਸਾਰੇ ਪ੍ਰਮੁੱਖ ਜਨਗਣਨਾ ਅਫ਼ਸਰਾਂ (ਡਿਪਟੀ ਕਮਿਸ਼ਨਰਾਂ) ਅਤੇ ਨਗਰ ਨਿਗਮ ਕਮਿਸ਼ਨਰਾਂ) ਨੇ ਵੀਡੀਓ ਕਾਨਫਰੰਸਿੰਗ ਰਾਹੀਂ ਸ਼ਿਰਕਤ ਕੀਤੀ। ਇਹ ਮੀਟਿੰਗ ਜਨਗਣਨਾ ਆਪਰੇਸ਼ਨ, ਪੰਜਾਬ ਦੇ ਡਾਇਰੈਕਟਰ ਡਾ. ਨਵਜੋਤ ਖੋਸਾ ਵੱਲੋਂ ਬੁਲਾਈ ਗਈ ਸੀ।

ਮੀਟਿੰਗ ਦੌਰਾਨ ਪਹਿਲੇ ਪੜਾਅ ਦੇ ਜਨਗਣਨਾ ਕਾਰਜਾਂ ਦੀ ਪ੍ਰਗਤੀ ਬਾਰੇ ਇੱਕ ਵਿਆਪਕ ਸਮੀਖਿਆ ਕੀਤੀ ਗਈ, ਜਿਸ ਵਿੱਚ ਹਾਊਸਲਿਸਟਿੰਗ ਅਤੇ ਹਾਊਸਿੰਗ ਸੈਂਸਜ਼ (ਐਚ.ਐਲ.ਓ.), ਹਾਊਸਲਿਸਟਿੰਗ ਬਲਾਕਾਂ (ਐਚ.ਐਲ.ਬੀਜ਼) ਦੀ ਸਿਰਜਣਾ ਤੇ ਮੁਕੰਮਲਤਾ ਅਤੇ ਡੇਟਾ ਰਿਕਾਰਡਿੰਗ ਦੀ ਗੁਣਵੱਤਾ ਅਤੇ ਸਟੀਕਤਾ ਨੂੰ ਯਕੀਨੀ ਬਣਾਉਣ ਲਈ ਵੱਖ-ਵੱਖ ਵਿਧੀਆਂ ਸ਼ਾਮਲ ਹਨ। ਮੁੱਖ ਸਕੱਤਰ ਨੇ ਜਨਗਣਨਾ ਕਾਰਜਾਂ ਨੂੰ ਸਮੇਂ ਸਿਰ ਪੂਰਾ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜੋ ਤੱਥ-ਅਧਾਰਤ ਯੋਜਨਾਬੰਦੀ ਅਤੇ ਨੀਤੀ ਨਿਰਮਾਣ ਦੀ ਨੀਂਹ ਬਣਦੇ ਹਨ।

ਡਾ. ਨਵਜੋਤ ਖੋਸਾ ਨੇ ਕਮੇਟੀ ਨੂੰ ਦੱਸਿਆ ਕਿ ਇਸ ਸਮੇਂ ਪੰਜਾਬ ਭਰ ਵਿੱਚ ਕੁੱਲ 52,365 ਹਾਊਸਲਿਸਟਿੰਗ ਬਲਾਕਾਂ 'ਤੇ ਕੰਮ ਚੱਲ ਰਿਹਾ ਹੈ। ਮੀਟਿੰਗ ਵਿੱਚ ਇਹ ਦੱਸਿਆ ਗਿਆ ਕਿ ਪੰਜ ਜ਼ਿਲ੍ਹਿਆਂ- ਬਰਨਾਲਾ, ਫਾਜ਼ਿਲਕਾ, ਮਲੇਰਕੋਟਲਾ, ਮੋਗਾ ਅਤੇ ਸ਼ਹੀਦ ਭਗਤ ਸਿੰਘ ਨਗਰ ਅਤੇ ਪੰਜ ਨਗਰ ਨਿਗਮਾਂ- ਬਰਨਾਲਾ, ਅਬੋਹਰ, ਮੋਗਾ, ਹੁਸ਼ਿਆਰਪੁਰ ਅਤੇ ਬਟਾਲਾ ਨੇ ਪ੍ਰਭਾਵਸ਼ਾਲੀ ਫੀਲਡ ਲਾਮਬੰਦੀ, ਕੁਸ਼ਲ ਅਤੇ ਮਜ਼ਬੂਤ ਨਿਗਰਾਨੀ ਰਾਹੀਂ ਸ਼ਲਾਘਾਯੋਗ ਪ੍ਰਦਰਸ਼ਨ ਕੀਤਾ ਹੈ। ਮੁੱਖ ਸਕੱਤਰ ਵੱਲੋਂ ਜਨਗਣਨਾ ਗਤੀਵਿਧੀਆਂ ਨੂੰ ਲਾਗੂ ਕਰਨ ਵਿੱਚ ਸਕਾਰਾਤਮਕ ਮਾਪਦੰਡ ਸਥਾਪਤ ਕਰਨ ਲਈ ਉਕਤ ਜ਼ਿਲ੍ਹਿਆਂ ਅਤੇ ਨਗਰ ਨਿਗਮਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ।

ਜ਼ਿਲ੍ਹਾ-ਵਾਰ ਪ੍ਰਗਤੀ ਦੀ ਸਮੀਖਿਆ ਕਰਦਿਆਂ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਨੇ ਹੁਣ ਤੱਕ ਦੀ ਕਾਰਗੁਜ਼ਾਰੀ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਅਤੇ ਕਿਹਾ ਕਿ ਸਿਰਫ਼ ਕੁਝ ਜ਼ਿਲ੍ਹੇ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਹੀ ਨਿਰਧਾਰਤ ਸਮਾਂ-ਸੀਮਾ ਤੋਂ ਪਿੱਛੇ ਹਨ। ਉਨ੍ਹਾਂ ਨੇ ਇਨ੍ਹਾਂ ਜ਼ਿਲ੍ਹਿਆਂ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਦੇ ਸਬੰਧਤ ਅਧਿਕਾਰੀਆਂ ਨੂੰ ਫੀਲਡ ਕਾਰਜਾਂ 'ਚ ਤੇਜ਼ੀ ਲਿਆਉਣ ਅਤੇ ਢੁਕਵੀਂ ਪ੍ਰਗਤੀ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੁੱਖ ਸਕੱਤਰ ਦੁਆਰਾ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਹਾਊਸਲਿਸਟਿੰਗ ਬਲਾਕਾਂ ਦੀ 100 ਫੀਸਦ ਪ੍ਰਗਤੀ ਨੂੰ ਯਕੀਨੀ ਬਣਾਉਣ ਅਤੇ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਇਸਦੇ ਮੁਕੰਮਲ ਹੋਣ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਮੁੱਖ ਸਕੱਤਰ ਨੇ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਜਨਗਣਨਾ ਕਾਰਜਾਂ ਦੀ ਨੇੜਿਓਂ ਅਤੇ ਨਿਰੰਤਰ ਨਿਗਰਾਨੀ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਸ ਦੀ ਸਮੇਂ ਸਿਰ ਸਮਾਪਤੀ ਯਕੀਨੀ ਬਣਾਈ ਜਾ ਸਕੇ ਕਿ ਪੜਾਅ-1 ਅਧੀਨ ਨਿਰਧਾਰਤ ਸਮਾਂ-ਸੀਮਾ ਅੰਦਰ ਕੰਮ ਨੇਪਰੇ ਚਾੜ੍ਹਿਆ ਜਾ ਸਕੇ। ਅਧਿਕਾਰੀਆਂ ਨੂੰ ਨਿਯਮਤ ਰੂਪ ਵਿੱਚ ਸਮੀਖਿਆਵਾਂ ਕਰਨ ਅਤੇ ਇੱਕਤਰ ਕੀਤੇ ਜਾ ਰਹੇ ਡੇਟਾ ਦੀ ਸੰਪੂਰਨਤਾ ਅਤੇ ਦਰੁਸਤਗੀ ਦੀ ਪੁਸ਼ਟੀ ਕਰਨ ਲਈ ਅਚਨਚੇਤ ਫੀਲਡ ਨਿਰੀਖਣ ਕਰਨ ਦੇ ਨਿਰਦੇਸ਼ ਦਿੱਤੇ ਗਏ। ਜਨਗਣਨਾ ਪ੍ਰਕਿਰਿਆ ਦੌਰਾਨ ਮਰਯਾਦਾਪੂਰਨ ਜਨਗਣਨਾ ਮਾਪਦੰਡਾਂ ਦੀ ਨਿਗਰਾਨੀ ਕਰਨ ਅਤੇ ਡੇਟਾ ਇਕਸਾਰਤਾ ਦੇ ਉੱਚ ਮਿਆਰਾਂ ਨੂੰ ਬਣਾਈ ਰੱਖਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਜਨਤਕ ਭਾਗੀਦਾਰੀ ਅਤੇ ਸਹਿਯੋਗ ਦੀ ਮਹੱਤਤਾ ਨੂੰ ਪਛਾਣਦਿਆਂ ਮੁੱਖ ਸਕੱਤਰ ਨੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ ਜਨਗਣਨਾ ਗਤੀਵਿਧੀਆਂ ਨਾਲ ਸਬੰਧਤ ਗਲਤਫਹਿਮੀਆਂ ਅਤੇ ਨਕਾਰਾਤਮਕ ਬਿਰਤਾਂਤਾਂ ਨੂੰ ਦੂਰ ਕਰਨ ਲਈ ਸਰਗਰਮੀ ਨਾਲ ਪ੍ਰੈਸ ਰਿਲੀਜ਼ ਜਾਰੀ ਕਰਨ ਅਤੇ ਜਨਤਕ ਪਹੁੰਚ ਪਹਿਲਕਦਮੀਆਂ ਵਿੱਢਣ ਦੀ ਸਲਾਹ ਵੀ ਦਿੱਤੀ। ਉਨ੍ਹਾਂ ਨੇ ਨਾਗਰਿਕਾਂ ਦੇ ਸਹਿਯੋਗ ਨੂੰ ਉਤਸ਼ਾਹਿਤ ਕਰਨ ਅਤੇ ਫੀਲਡ ਕਾਰਜਾਂ ਦੇ ਸੁਚਾਰੂ ਸੰਚਾਲਨ ਨੂੰ ਹੋਰ ਸੁਵਿਧਾਜਨਕ ਬਣਾਉਣ ਲਈ ਭਰੋਸਾ ਬਣਾਉਣ ਵਾਲੇ ਉਪਾਵਾਂ ਅਤੇ ਪਾਰਦਰਸ਼ੀ ਸੰਚਾਰ ਦੀ ਲੋੜ 'ਤੇ ਜ਼ੋਰ ਦਿੱਤਾ।

ਮੌਜੂਦਾ ਮੌਸਮ ਦੇ ਹਾਲਾਤਾਂ ਦੇ ਮੱਦੇਨਜ਼ਰ ਸਾਰੇ ਪ੍ਰਮੁੱਖ ਜਨਗਣਨਾ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਉਹ ਫੀਲਡਵਰਕ ਵਿੱਚ ਲੱਗੇ ਗਣਨਾਕਾਰਾਂ ਅਤੇ ਸੁਪਰਵਾਈਜ਼ਰਾਂ ਲਈ ਗਰਮੀ ਸਬੰਧੀ ਐਡਵਾਈਜ਼ਰੀ ਅਤੇ ਜ਼ਰੂਰੀ ਸੁਰੱਖਿਆ ਉਪਾਵਾਂ ਨੂੰ ਸਖ਼ਤੀ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ। ਜਨਗਣਨਾ ਕਵਾਇਦ ਦੌਰਾਨ ਫੀਲਡ ਕਰਮਚਾਰੀਆਂ ਦੀ ਸੁਰੱਖਿਆ ਲਈ ਲੋੜ ਅਨੁਸਾਰ ਹਾਈਡਰੇਸ਼ਨ, ਸਮਾਂ-ਸਾਰਣੀ ਵਿਵਸਥਾ ਅਤੇ ਜਾਗਰੂਕਤਾ ਉਪਾਵਾਂ ਸਮੇਤ ਢੁਕਵੀਆਂ ਸਾਵਧਾਨੀਆਂ ਦੀ ਸਲਾਹ ਵੀ ਦਿੱਤੀ ਗਈ।

ਨਿਰਧਾਰਤ ਸਮਾਂ-ਸਾਰਣੀ ਦੀ ਪਾਲਣਾ ਕਰਨ ਦੀ ਅਹਿਮੀਅਤ ਨੂੰ ਦੁਹਰਾਉਂਦਿਆਂ ਸਿਨਹਾ ਨੇ ਕਿਹਾ ਕਿ ਪੜਾਅ-1 ਤਹਿਤ ਜਨਗਣਨਾ ਦੇ ਕੰਮ ਨੂੰ ਜੂਨ 2026 ਦੇ ਦੂਜੇ ਹਫ਼ਤੇ ਤੋਂ ਪਹਿਲਾਂ ਪੂਰੀ ਤਰ੍ਹਾਂ ਨੇਪਰੇ ਚਾੜ੍ਹਿਆ ਜਾਣਾ ਚਾਹੀਦਾ ਹੈ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਸਮਾਂ-ਸੀਮਾ ਵਿੱਚ ਕੋਈ ਵਾਧਾ ਨਹੀਂ ਕੀਤਾ ਜਾਵੇਗਾ ਕਿਉਂਕਿ ਜਨਗਣਨਾ 2027: ਪੜਾਅ-1 - ਪੰਜਾਬ ਵਿੱਚ ਘਰਾਂ ਦੇ ਸੂਚੀਕਰਨ ਅਤੇ ਹਾਊਸਿੰਗ ਆਪ੍ਰੇਸ਼ਨ ਲਈ ਸੂਚਿਤ ਸਮਾਂ-ਸੀਮਾ 15 ਮਈ 2026 ਤੋਂ 13 ਜੂਨ 2026 ਤੱਕ ਹੈ।

ਇਹ ਮੀਟਿੰਗ ਸਾਰੇ ਸਬੰਧਤ ਅਧਿਕਾਰੀਆਂ ਵੱਲੋਂ ਤਾਲਮੇਲ ਵਾਲੇ ਯਤਨਾਂ, ਸਖ਼ਤ ਨਿਗਰਾਨੀ ਅਤੇ ਪ੍ਰਭਾਵੀ ਖੇਤਰ-ਪੱਧਰੀ ਲਾਗੂਕਰਨ ਰਾਹੀਂ ਪੰਜਾਬ ਭਰ ਵਿੱਚ ਜਨਗਣਨਾ ਪੜਾਅ-1 ਕਾਰਜਾਂ ਦੇ ਸਫਲ, ਸਮੇਂ ਸਿਰ ਅਤੇ ਸੰਪੂਰਨਤਾ ਨੂੰ ਯਕੀਨੀ ਬਣਾਉਣ ਲਈ ਇੱਕ ਨਵੀਂ ਵਚਨਬੱਧਤਾ ਨਾਲ ਸਮਾਪਤ ਹੋਈ।

### ਅਦਾਲਤ ਦੇ ਦਖ਼ਲ ਤੋਂ ਬਾਅਦ ਪੁਲਿਸ ਨੇ

ਕਮਰੇ ਅਤੇ ਲਾਕ-ਅੱਪ (ਹਵਾਲਾਤ) ਖੇਤਰ ਸ਼ਾਮਲ ਹਨ, ਦੀ ਤਲਾਸ਼ੀ ਲਈ। ਐੱਫ.ਆਈ.ਆਰ. ਵਿੱਚ ਕਿਹਾ ਗਿਆ ਹੈ ਕਿ ਜਦੋਂ ਪੁਲਿਸ ਕਰਮਚਾਰੀਆਂ ਨੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ, ਤਾਂ ਇੱਕ ਸਮਰਥਕ ਨੇ ਕਥਿਤ ਤੌਰ 'ਤੇ ਪਿਸਤੌਲ ਲਹਿਰਾਈ ਅਤੇ ਉਸ ਨੂੰ ਹਵਾ ਵਿੱਚ ਘੁਮਾਇਆ, ਜਿਸ ਨਾਲ ਪੁਲਿਸ ਸਟੇਸ਼ਨ ਵਿੱਚ ਮੌਜੂਦ ਅਧਿਕਾਰੀਆਂ ਵਿੱਚ ਡਰ ਦਾ ਮਾਹੌਲ ਬਣ ਗਿਆ। ਜਾਂਚਕਰਤਾਵਾਂ ਨੇ ਇਹ ਵੀ ਦੋਸ਼ ਲਗਾਇਆ ਹੈ ਕਿ ਮਜੀਠੀਆ ਅਤੇ ਉਨ੍ਹਾਂ ਦੇ ਸਾਥੀ ਪੁਲਿਸ ਸਟੇਸ਼ਨ ਦੇ ਪਾਬੰਦੀਸ਼ੁਦਾ ਏਰੀਏ ਵਿੱਚ ਦਾਖਲ ਹੋ ਗਏ ਅਤੇ ਜੋਬਨਪ੍ਰੀਤ ਸਿੰਘ ਨੂੰ ਪੁੱਛ-ਗਿੱਛ ਕਮਰੇ ਵਿੱਚੋਂ ਕੱਢ ਕੇ ਮੁੱਖ ਗੇਟ ਵੱਲ ਲੈ ਜਾਣ ਦੀ ਕੋਸ਼ਿਸ਼ ਕੀਤੀ। ਪੁਲਿਸ ਦੇ ਦਖਲ ਨਾਲ ਕਥਿਤ ਤੌਰ 'ਤੇ ਉਨ੍ਹਾਂ ਦੀ ਇਹ ਕੋਸ਼ਿਸ਼ ਨਾਕਾਮ ਹੋ ਗਈ।

### ਭਾਜਪਾ ਨੇ ਤਰੁਣ ਚੁੱਘ ਨੂੰ ਮੱਧ ਪ੍ਰਦੇਸ਼ ਤੋਂ ਬਣਾਇਆ

ਉਨ੍ਹਾਂ ਦੇ ਨਾਲ ਮੱਧ ਪ੍ਰਦੇਸ਼ ਤੋਂ ਰਜਨੀਸ਼ ਅਗਰਵਾਲ ਨੂੰ ਵੀ ਉਮੀਦਵਾਰ ਬਣਾਇਆ ਗਿਆ ਹੈ। ਤਰੁਣ ਚੁੱਘ ਲੰਬੇ ਸਮੇਂ ਤੋਂ ਭਾਜਪਾ ਦੇ ਰਾਸ਼ਟਰੀ ਸੰਗਠਨ

ਵਿੱਚ ਬੇਹੱਦ ਸਰਗਰਮ ਭੂਮਿਕਾ ਨਿਭਾ ਰਹੇ ਹਨ। ਮੌਜੂਦਾ ਸਮੇਂ ਵਿੱਚ ਉਹ ਪਾਰਟੀ ਦੇ ਰਾਸ਼ਟਰੀ ਮਹਾਸਕੱਤਰ ਵਜੋਂ ਕਈ ਅਹਿਮ ਸੂਬਿਆਂ (ਜਿਵੇਂ ਤੇਲੰਗਾਨਾ ਅਤੇ ਜੰਮੂ-ਕਸ਼ਮੀਰ) ਦੇ ਇੰਚਾਰਜ਼ ਵਜੋਂ ਸ਼ਾਨਦਾਰ ਕੰਮ ਕਰ ਰਹੇ ਹਨ। ਪਾਰਟੀ ਦੇ ਅੰਦਰੂਨੀ ਸੂਤਰਾਂ ਮੁਤਾਬਕ, ਚੁੱਘ ਦੀ ਸੰਗਠਨਾਤਮਕ ਕੁਸ਼ਲਤਾ ਅਤੇ ਹਾਈਕਮਾਨ ਨਾਲ ਨੇੜਤਾ ਦੇ ਚਲਦਿਆਂ ਹੀ ਉਨ੍ਹਾਂ ਨੂੰ ਇਸ ਵਾਰ ਉੱਚ ਸਦਨ (ਰਾਜਸਭਾ) ਵਿੱਚ ਭੇਜਣ ਦਾ ਫੈਸਲਾ ਲਿਆ ਗਿਆ ਹੈ।

ਪੰਜਾਬ ਨਾਲ ਸਬੰਧਤ ਆਗੂ ਨੂੰ ਮੱਧ ਪ੍ਰਦੇਸ਼ ਵਰਗੇ ਵੱਡੇ ਸੂਬੇ ਤੋਂ ਰਾਜਸਭਾ ਦੀ ਟਿਕਟ ਮਿਲਣ 'ਤੇ ਪੰਜਾਬ ਭਾਜਪਾ ਦੇ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਜ਼ਿਕਰਯੋਗ ਹੈ ਕਿ ਮੱਧ ਪ੍ਰਦੇਸ਼ ਵਿੱਚ ਭਾਜਪਾ ਕੋਲ ਬਹੁਮਤ ਹੋਣ ਕਾਰਨ ਤਰੁਣ ਚੁੱਘ ਦੀ ਰਾਜਸਭਾ ਵਿੱਚ ਜਿੱਤ ਬਿਲਕੁਲ ਪੱਕੀ ਮੰਨੀ ਜਾ ਰਹੀ ਹੈ। ਉਨ੍ਹਾਂ ਦੀ ਇਸ ਨਾਮਜ਼ਦਗੀ ਨਾਲ ਨਾ ਸਿਰਫ਼ ਰਾਸ਼ਟਰੀ ਪੱਧਰ 'ਤੇ ਬਲਕਿ ਪੰਜਾਬ ਦੀ ਸਿਆਸਤ ਵਿੱਚ ਵੀ ਉਨ੍ਹਾਂ ਦਾ ਪ੍ਰਭਾਵ ਹੋਰ ਮਜ਼ਬੂਤ ਹੋਵੇਗਾ।

### ਹਾਈਕੋਰਟ ਵੱਲੋਂ ਦਿੱਲੀ ਜੇਲ੍ਹ ਅਧਿਕਾਰੀਆਂ ਨੂੰ

ਦਿੱਤੇ ਕਿ ਉਹ ਜਗਤਾਰ ਸਿੰਘ ਹਵਾਰਾ ਨੂੰ ਪੈਰੋਲ 'ਤੇ ਰਿਹਾਅ ਕਰਨ ਦੇ ਮੁੱਦੇ 'ਤੇ ਵਿਚਾਰ ਕਰਕੇ ਅਗਲੀ ਸੁਣਵਾਈ ਤੱਕ ਰਿਪਲਾਈ ਦਾਖ਼ਲ ਕਰਨ ਜਾਂ ਕਿਸੇ ਨੁਮਾਇੰਦੇ ਨੂੰ ਭੇਜਣ। ਮਾਮਲੇ ਦੀ ਅਗਲੀ ਸੁਣਵਾਈ ਹੁਣ 6 ਜੁਲਾਈ, 2026 ਨੂੰ ਹੋਵੇਗੀ।

### ਸਾਕਾ ਨੀਲਾ ਤਾਰਾ ਦੇ ਸ਼ਹੀਦ ਪਰਿਵਾਰਾਂ ਦਾ ਸਨਮਾਨ ਭਲਕੇ

ਕਰ ਲਏ ਹਨ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਦੀਆਂ ਵੱਖ ਵੱਖ ਥਾਵਾਂ ਤੇ ਡਿਊਟੀਆਂ ਲਾਈਆਂ ਗਈਆਂ ਹਨ।

ਇਸ ਮੌਕੇ ਸੰਤ ਬਾਬਾ ਜਰਨੈਲ ਸਿੰਘ ਜੀ ਭਿੰਡਰਾਂ ਵਾਲੇ ਦੇ ਪਰਿਵਾਰ ਨੂੰ ਹਰਮਿੰਦਰ ਸਿੰਘ ਸੰਧੂ ਬਾਬਾ ਠਾਰਾ ਸਿੰਘ ਜਰਨਲ ਸੁਬੇਗ ਸਿੰਘ ਦਮਦਮੀ ਟਕਸਾਲ ਦੇ ਆਗੂਆਂ ਨੂੰ ਜਿਨਾਂ ਦੇ ਵੱਡ ਵਡੇਰੇ ਸੀ ਸ਼ਹੀਦ ਹੋਏ ਹਨ ਉਹਨਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵੱਲੋਂ ਸਰੋਪਿਤ ਤੇ ਜਾਣਗੇ।

### ਪੀ.ਆਰ.ਟੀ.ਸੀ. ਦੇ ਕੱਚੇ ਕਰਮਚਾਰੀਆਂ ਨੂੰ ਪੱਕਾ

ਅਪੀਲ ਦਾਇਰ ਕੀਤੀ। ਸੁਣਵਾਈ ਦੌਰਾਨ ਕਾਰਪੋਰੇਸ਼ਨ ਨੇ ਕਿਹਾ ਕਿ ਰੈਗੂਲਰ ਕਰਨ ਦਾ ਇਹੀ ਮੁੱਦਾ ਪਹਿਲਾਂ ਹੀ ਇੱਕ ਹੋਰ ਮਾਮਲੇ ਵਿੱਚ ਹਾਈ ਕੋਰਟ ਦੇ ਸਾਹਮਣੇ ਵਿਚਾਰ ਅਧੀਨ ਹੈ।

ਪੀ.ਆਰ.ਟੀ.ਸੀ. ਦੇ ਵਕੀਲਾਂ ਨੇ ਅਦਾਲਤ ਨੂੰ ਦੱਸਿਆ ਕਿ ਇਸੇ ਤਰ੍ਹਾਂ ਦੇ ਇੱਕ ਮਾਮਲੇ ਵਿੱਚ 21 ਮਈ, 2026 ਨੂੰ ਇੱਕ ਅੰਤਰਿਮ ਹੁਕਮ ਦਿੱਤਾ ਗਿਆ ਸੀ ਅਤੇ ਉਹ ਮਾਮਲਾ ਵੀ 31 ਅਗਸਤ ਨੂੰ ਸੁਣਵਾਈ ਲਈ ਤੈਅ ਹੈ। ਫਿਰ ਡਿਵੀਜ਼ਨ ਬੈਂਚ ਨੇ ਮੌਜੂਦਾ ਕੇਸ ਨੂੰ ਉਸੇ ਤਰੀਕ ਨੂੰ ਸੁਣਵਾਈ ਲਈ ਸੂਚੀਬੱਧ ਕੀਤਾ।

ਅਦਾਲਤ ਨੇ ਇੱਕ ਅੰਤਰਿਮ ਹੁਕਮ ਜਾਰੀ ਕੀਤਾ ਜਿਸ ਵਿੱਚ ਕਿਹਾ ਗਿਆ ਹੈ ਕਿ ਕਰਮਚਾਰੀਆਂ ਦੀਆਂ ਸੇਵਾਵਾਂ ਸੰਬੰਧੀ ਸਥਿਤੀ ਜਿਉਂ ਦੀ ਤਿਉਂ ਬਣਾਈ ਰੱਖੀ ਜਾਵੇ। ਇਸ ਦਾ ਮਤਲਬ ਹੈ ਕਿ ਫਿਲਹਾਲ, ਨਾ ਤਾਂ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇਗਾ ਅਤੇ ਨਾ ਹੀ ਉਨ੍ਹਾਂ ਦੀਆਂ ਮੌਜੂਦਾ ਸੇਵਾ ਸ਼ਰਤਾਂ ਵਿੱਚ ਕੋਈ ਬਦਲਾਅ ਕੀਤਾ ਜਾਵੇਗਾ।

ਇਸ ਮਾਮਲੇ ਵਿੱਚ ਅੰਤਿਮ ਫੈਸਲਾ 31 ਅਗਸਤ ਨੂੰ ਸੁਣਵਾਈ ਤੋਂ ਬਾਅਦ ਹੀ ਲਿਆ ਜਾਵੇਗਾ। ਉਦੋਂ ਤੱਕ, ਅਸਥਾਈ ਕਰਮਚਾਰੀਆਂ ਨੂੰ ਰੈਗੂਲਰ ਕਰਨ 'ਤੇ ਰੋਕ ਲਾਗੂ ਰਹੇਗੀ, ਜਿਸ ਨਾਲ ਕਰਮਚਾਰੀਆਂ ਦੀਆਂ ਚਿੰਤਾਵਾਂ ਵੱਧ ਗਈਆਂ ਹਨ।

### 'ਮਕਾਨ ਮਾਲਕ ਨੂੰ ਕਿਰਾਏਦਾਰ

(ਕਿਰਾਏਦਾਰ) ਨੂੰ ਕੱਢਣ ਦੇ ਫੈਸਲੇ ਨੂੰ ਸਹੀ ਠਹਿਰਾਉਂਦੇ ਹੋਏ ਕੀਤੀ। ਦਰਅਸਲ, ਮਕਾਨ ਮਾਲਕ ਨੇ ਆਪਣੇ ਵਿਆਹੇ ਹੋਏ ਪੁੱਤਰ ਲਈ ਨਵਾਂ ਅਤੇ ਸੁਤੰਤਰ ਕਾਰੋਬਾਰ ਸ਼ੁਰੂ ਕਰਨ ਲਈ ਇਹ ਦੁਕਾਨ ਖਾਲੀ ਕਰਵਾਉਣ ਦੀ ਮੰਗ ਕੀਤੀ ਸੀ। ਅਦਾਲਤ ਨੇ ਸਾਫ਼ ਕਿਹਾ ਕਿ ਕਿਰਾਏਦਾਰ ਮਕਾਨ ਮਾਲਕ ਨੂੰ ਹੋਰ ਤਰੀਕੇ ਜਾਂ ਸਲਾਹਾਂ ਸੁਝਾ ਕੇ ਉਸ ਦੀ ਅਸਲ ਲੋੜ ਨੂੰ ਗਲਤ ਸਾਬਤ ਨਹੀਂ ਕਰ ਸਕਦਾ।

ਜਸਟਿਸ ਸੁਦੀਪਤੀ ਸ਼ਰਮਾ ਨੇ ਫੈਸਲਾ ਸੁਣਾਉਂਦਿਆਂ ਕਿਹਾ,ਸਪਰੀਮ ਕੋਰਟ ਨੇ ਇਹ ਬਿਲਕੁਲ ਸਪੱਸ਼ਟ ਕੀਤਾ ਹੋਇਆ ਹੈ ਕਿ ਰੈਂਟ ਕੰਟਰੋਲਰ ਨੂੰ ਇਹੀ ਮੰਨ ਕੇ ਚੱਲਣਾ ਚਾਹੀਦਾ ਹੈ ਕਿ ਮਕਾਨ ਮਾਲਕ ਦੀ ਲੋੜ ਸੱਚੀ (ਅਸਲ) ਹੈ। ਇਹ ਕਿਰਾਏਦਾਰ ਦਾ ਕੰਮ ਨਹੀਂ ਹੈ ਕਿ ਉਹ ਮਕਾਨ ਮਾਲਕ ਨੂੰ ਇਹ ਸਿਖਾਏ ਕਿ ਉਹ ਜਗ੍ਹਾ ਖਾਲੀ ਕਰਵਾਏ ਬਿਨਾਂ ਕਿੱਥੇ ਅਤੇ ਕਿਵੇਂ ਅਡਜਸਟ ਕਰੇ। ਇਸ ਫੈਸਲੇ ਤੋਂ ਇਹ ਸਪੱਸ਼ਟ ਹੋ ਗਿਆ ਹੈ ਕਿ ਜੇਕਰ ਮਾਲਕ ਦੀ ਲੋੜ ਸੱਚੀ ਹੈ, ਤਾਂ ਕਿਰਾਏਦਾਰ ਕੋਈ ਹੋਰ ਬਹਾਨਾ ਬਣਾ ਕੇ ਜਾਂ ਵਿਕਲਪ ਦੱਸ ਕੇ ਬੇਦਖ਼ਲੀ (ਖਾਲੀ ਕਰਨ) ਦੇ ਫੈਸਲੇ ਨੂੰ ਟਾਲ ਨਹੀਂ ਸਕਦਾ।

ਇਹ ਵਿਵਾਦ ਲੁਧਿਆਣਾ ਦੀ ਬ੍ਰਾਊਨ ਰੋਡ 'ਤੇ ਸਥਿਤ ਇੱਕ ਇਮਾਰਤ ਦੀ ਦੁਕਾਨ ਦਾ ਸੀ। ਮਕਾਨ ਮਾਲਕ ਨੇ ਅਦਾਲਤ ਕੋਲੋਂ ਦੁਕਾਨ ਖਾਲੀ ਕਰਵਾਉਣ ਦੀ ਮੰਗ ਕੀਤੀ ਸੀ ਕਿਉਂਕਿ ਉਸ ਦਾ ਪੁੱਤਰ ਵਿਆਹ ਤੋਂ ਬਾਅਦ ਉੱਥੇ ਸਪੇਅਰ-ਪਾਰਟਸ ਦਾ ਨਵਾਂ ਕੰਮ ਸ਼ੁਰੂ ਕਰਨਾ ਚਾਹੁੰਦਾ ਸੀ। ਅਦਾਲਤ ਵਿੱਚ ਮਕਾਨ ਮਾਲਕ ਦਾ ਪੱਖ ਐਡਵੋਕੇਟ ਵੀਰੇਨ ਸਿੱਬਲ ਅਤੇ ਸ਼ਾਇਨ ਸੇਨ ਨੇ ਰੱਖਿਆ। ਸੁਣਵਾਈ ਦੌਰਾਨ ਜਸਟਿਸ ਸ਼ਰਮਾ ਨੂੰ ਦੱਸਿਆ ਗਿਆ ਕਿ ਮਕਾਨ ਮਾਲਕ ਦੇ ਪੁੱਤਰ ਕੋਲ ਕੋਈ ਹੋਰ ਦੁਕਾਨ ਨਹੀਂ ਹੈ, ਜਿਸ ਕਾਰਨ ਉਸ ਦੀ ਇਹ ਲੋੜ ਬਿਲਕੁਲ ਸੱਚੀ ਹੈ। ਦੂਜੇ ਪਾਸੇ, ਕਿਰਾਏਦਾਰ ਨੇ ਦਲੀਲ ਦਿੱਤੀ ਸੀ ਕਿ ਜਵਾਬਦੇਹ (ਮਕਾਨ ਮਾਲਕ) ਕੋਲ ਇਸ ਜਾਇਦਾਦ ਦੀ ਮਲਕੀਅਤ ਦੇ ਪੂਰੇ ਸਬੂਤ ਨਹੀਂ ਹਨ, ਇਸ ਲਈ ਉਹ ਉਸ ਨੂੰ ਕੱਢਣ ਦੀ ਪਟੀਸ਼ਨ ਦਾਇਰ ਨਹੀਂ ਕਰ ਸਕਦਾ।

ਹਾਈ ਕੋਰਟ ਨੇ ਕਿਰਾਏਦਾਰ ਦੀ ਇਸ ਦਲੀਲ ਨੂੰ ਰੱਦ ਕਰਦਿਆਂ ਨੋਟ ਕੀਤਾ ਕਿ ਰਿਕਾਰਡ ਦੇ ਮੁਤਾਬਕ ਇਹ ਜਾਇਦਾਦ ਪਹਿਲਾਂ ਇੱਕ ਫੈਮਿਲੀ ਟਰੱਸਟ (ਪਰਿਵਾਰਕ ਟਰੱਸਟ) ਦੀ ਸੀ, ਪਰ ਹੁਣ ਇਸ ਦੀ ਪੂਰੀ ਮਲਕੀਅਤ ਮਕਾਨ ਮਾਲਕ ਕੋਲ ਹੀ ਹੈ। ਅਦਾਲਤ ਸਾਹਮਣੇ ਪੇਸ਼ ਕੀਤੇ ਗਏ ਦਸਤਾਵੇਜ਼ਾਂ ਅਤੇ ਪੁੱਛਗਿੱਛ (ਕਰਾਸ-ਐਗਜ਼ਾਮੀਨੇਸ਼ਨ) ਤੋਂ ਉਸ ਦੀ ਮਲਕੀਅਤ ਪੂਰੀ ਤਰ੍ਹਾਂ ਸਾਬਤ ਹੁੰਦੀ ਹੈ। ਅਦਾਲਤ ਨੇ ਕਿਹਾ, 'ਰਿਕਾਰਡ ਤੋਂ ਸਾਫ਼ ਹੈ ਕਿ ਜਵਾਬਦੇਹ ਹੀ ਇਸ ਜਾਇਦਾਦ ਦਾ ਅਸਲ ਮਾਲਕ-ਮਕਾਨ ਮਾਲਕ ਹੈ, ਇਸ ਲਈ ਉਹ ਕਿਰਾਇਆ ਲੈਣ ਅਤੇ ਕਿਰਾਏਦਾਰ ਨੂੰ ਕੱਢਣ ਦਾ ਪੂਰਾ ਹੱਕ ਰੱਖਦਾ ਹੈ।'

ਹਾਈ ਕੋਰਟ ਨੇ ਅੱਗੇ ਕਿਹਾ ਕਿ ਜੇਕਰ ਮਲਕੀਅਤ ਦੇ ਸਵਾਲ ਨੂੰ ਇੱਕ ਪਾਸੇ ਵੀ ਰੱਖ ਦਿੱਤਾ ਜਾਵੇ, ਤਾਂ ਵੀ ਕਿਰਾਏਦਾਰ ਦੀ ਚੁਣੌਤੀ ਟਿਕ ਨਹੀਂ ਸਕਦੀ। 'ਈਸਟ ਪੰਜਾਬ ਅਰਬਨ ਰੈਂਟ ਰੈਸਟ੍ਰਿਕਸ਼ਨ ਐਕਟ, 1949' ਦੇ ਕਾਨੂੰਨ ਦਾ ਹਵਾਲਾ ਦਿੰਦੇ ਹੋਏ ਅਦਾਲਤ ਨੇ ਕਿਹਾ ਕਿ 'ਮਕਾਨ ਮਾਲਕ' ਦੀ ਪਰਿਭਾਸ਼ਾ ਵਿੱਚ 'ਟਰੱਸਟੀ' ਵੀ ਸ਼ਾਮਲ ਹੁੰਦਾ ਹੈ। ਇਸ ਲਈ, ਕਿਰਾਇਆ ਲੈਣ ਵਾਲਾ ਇੱਕ ਟਰੱਸਟੀ ਵੀ ਕਿਰਾਏਦਾਰ ਵਿਰੁੱਧ ਕੇਸ ਦਾਇਰ ਕਰ ਸਕਦਾ ਹੈ। ਜਸਟਿਸ ਸ਼ਰਮਾ ਨੇ ਕਿਹਾ ਕਿ ਕਾਨੂੰਨ ਦੀ ਧਾਰਾ 13 ਦੇ ਤਹਿਤ ਸਿਰਫ਼ ਇਹੀ ਜ਼ਰੂਰੀ ਹੈ ਕਿ ਕੇਸ ਕਰਨ ਵਾਲਾ ਵਿਅਕਤੀ ਮਕਾਨ ਮਾਲਕ ਹੋਵੇ ਅਤੇ ਇਸ ਮਾਮਲੇ ਵਿੱਚ ਉਹ ਇਸ ਕਾਨੂੰਨ ਦੇ ਦਾਇਰੇ ਵਿੱਚ ਆਉਂਦਾ ਹੈ। ਅਦਾਲਤ ਨੇ ਸੁਪਰੀਮ ਕੋਰਟ ਦੇ ਪੁਰਾਣੇ ਫੈਸਲਿਆਂ ਦਾ ਹਵਾਲਾ ਦਿੰਦੇ ਹੋਏ ਸਮਝਾਇਆ ਕਿ ਅਸਲ ਲੋੜ ਦਾ ਮਤਲਬ ਇੱਕ ਇਮਾਨਦਾਰ ਲੋੜ ਹੁੰਦੀ ਹੈ, ਜਿਸ ਪਿੱਛੇ ਕੋਈ ਗਲਤ ਇਰਾਦਾ ਨਾ ਹੋਵੇ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਕਾਨੂੰਨ ਵਿੱਚ ਲਿਖੇ ਸ਼ਬਦ 'ਆਪਣੇ ਖੁਦ ਦੇ ਉਪਯੋਗ ਲਈ' ਦਾ ਮਤਲਬ ਸਿਰਫ਼ ਮਕਾਨ ਮਾਲਕ ਦੀ

## ਪਹਿਲੇ ਸਫ਼ੇ ਦੀ ਬਾਕੀ

ਨਿੱਜੀ ਲੋੜ ਨਹੀਂ ਹੈ, ਬਲਕਿ ਇਸ ਵਿੱਚ ਉਸ ਦੇ ਪਰਿਵਾਰ ਦੇ ਉਹ ਮੈਂਬਰ ਵੀ ਸ਼ਾਮਲ ਹਨ ਜੋ ਉਸ 'ਤੇ ਨਿਰਭਰ (ਡਿਪੈਂਡੈਂਟ) ਹਨ ਜਾਂ ਜਿਨ੍ਹਾਂ 'ਤੇ ਮਕਾਨ ਮਾਲਕ ਖ਼ੁਦ ਨਿਰਭਰ ਹੈ।

ਅੰਤ ਵਿੱਚ, ਹਾਈ ਕੋਰਟ ਨੇ 19 ਮਈ, 2025 ਦੇ ਪੁਰਾਣੇ ਅਪੀਲੀ ਹੁਕਮ ਨੂੰ ਬਿਲਕੁਲ ਸਹੀ ਮੰਨਦੇ ਹੋਏ ਕਿਰਾਏਦਾਰ ਦੀ ਰਿਵੀਜ਼ਨ ਪਟੀਸ਼ਨ (ਅਪੀਲ) ਨੂੰ ਖਾਰਜ ਕਰ ਦਿੱਤਾ ਅਤੇ ਦੁਕਾਨ ਖਾਲੀ ਕਰਨ ਦੇ ਫੈਸਲੇ ਨੂੰ ਬਰਕਰਾਰ ਰੱਖਿਆ। ਇਸ ਦੇ ਨਾਲ ਹੀ ਬਾਕੀ ਸਾਰੀਆਂ ਛੋਟੀਆਂ-ਮੋਟੀਆਂ ਅਰਜ਼ੀਆਂ ਦਾ ਵੀ ਨਿਪਟਾਰਾ ਕਰ ਦਿੱਤਾ ਗਿਆ।

### ਪੰਜਾਬ 'ਚ ਤੇਜ਼ ਹਨ੍ਹੇਰੀ ਤੇ ਮੀਂਹ ਨਾਲ

ਲਗਾਇਆ ਜਾਵੇਗਾ ਤਾਂ ਉਨ੍ਹਾਂ ਦਾ ਪਾਣੀ ਅਤੇ

ਹੋਰ ਚੀਜ਼ਾਂ 'ਤੇ ਵੱਧ ਖ਼ਰਚਾ ਹੋਵੇਗਾ। ਮੌਸਮ ਵਿਭਾਗ ਨੇ ਇਕ ਦੋ ਦਿਨਾਂ ਤੱਕ ਇਸੇ ਤਰ੍ਹਾਂ ਹੀ ਮੌਸਮ ਠੰਢਾ ਰਹਿਣ ਦਾ ਅਨੁਮਾਨ ਲਗਾਇਆ ਹੈ ਅਤੇ ਇਸ ਦੇ ਚਲਦਿਆਂ ਪੰਜਾਬ ਪਾਵਰ ਕਾਰਪੋਰੇਸ਼ਨ ਨੂੰ ਵੀ ਵੱਡੀ ਰਾਹਤ ਮਿਲੀ ਹੈ ਕਿਉਂਕਿ ਤਾਪਮਾਨ 'ਚ ਲਗਾਤਾਰ ਵਾਧਾ ਹੋਣ ਕਾਰਨ ਬਿਜਲੀ ਦੀ ਮੰਗ 'ਚ ਵੀ ਭਾਰੀ ਵਾਧਾ ਹੋਇਆ ਸੀ।

### ਪਿਛਲੇ 12 ਸਾਲਾਂ 'ਚ ਸਿੱਖਿਆ ਪ੍ਰਣਾਲੀ ਹੋਈ

ਆਕਾਂਕਸ਼ਾ ਦਾ ਪਿਤਾ ਕਿਸਾਨ ਹੈ। ਆਪਣੀ ਧੀ ਦੇ ਡਾਕਟਰ ਬਣਨ ਦੇ ਸੁਪਨੇ ਨੂੰ ਪੂਰਾ ਕਰਨ ਲਈ, ਉਸ ਨੇ ਆਪਣੇ ਕਿਸਾਨ ਕ੍ਰੈਡਿਟ ਕਾਰਡ 'ਤੇ 3 ਲੱਖ ਰੁਪਏ ਦਾ ਕਰਜ਼ਾ ਲਿਆ। ਉਸ ਨੇ ਖੁਦ ਨਾਗਪੁਰ ਵਿੱਚ ਰਸੋਈਏ ਦੀ ਨੌਕਰੀ ਵੀ ਕੀਤੀ ਤਾਂ ਜੋ ਉਸ ਦੀ ਧੀ ਉੱਥੇ ਕੋਚਿੰਗ ਕਲਾਸਾਂ ਵਿੱਚ ਜਾ ਸਕੇ।' ਉਨ੍ਹਾਂ ਅੱਗੇ ਕਿਹਾ,'ਪਿਤਾ ਨੇ ਆਪਣੀ ਸ਼ਕਤੀ ਵਿੱਚ ਸਭ ਕੁਝ ਕੀਤਾ। ਫਿਰ, ਨੀਟ ਦਾ ਪੇਪਰ ਲੀਕ ਹੋ ਗਿਆ। ਪ੍ਰੀਖਿਆ ਰੱਦ ਕਰ ਦਿੱਤੀ ਗਈ। ਉਸ ਅਨਿਸ਼ਚਿਤਤਾ ਦੇ ਵਿਚਕਾਰ,ਆਕਾਂਕਸ਼ਾ ਸਾਨੂੰ ਹਮੇਸ਼ਾ ਲਈ ਛੱਡ ਗਈ।'

ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਨੇ ਟਿੱਪਣੀ ਕੀਤੀ,'ਧਰਮਿੰਦਰ ਪ੍ਰਧਾਨ ਜੀ ? ਉਹ ਅੱਜ ਵੀ ਆਪਣੀ ਕੁਰਸੀ 'ਤੇ ਬਿਰਾਜਮਾਨ ਹਨ। ਉਹੀ ਕਮੇਟੀ। ਉਹੀ ਤਬਾਦਲੇ। ਉਹੀ ਜਾਂਚ। ਨਾ ਤਾਂ ਸੁਧਾਰ, ਨਾ ਹੀ ਨਿਆਂ।' ਰਾਹੁਲ ਗਾਂਧੀ ਨੇ ਕਿਹਾ,'ਮੋਦੀ ਜੀ, ਸੱਤਾ ਸਥਾਈ ਨਹੀਂ ਹੁੰਦੀ; ਇਹ ਆਉਂਦੀ ਹੈ ਅਤੇ ਜਾਂਦੀ ਹੈ ਪਰ ਜਿਸ ਹੱਦ ਤੱਕ ਤੁਸੀਂ ਪਿਛਲੇ 12 ਸਾਲਾਂ ਵਿੱਚ ਸਿੱਖਿਆ ਪ੍ਰਣਾਲੀ ਨੂੰ ਬਰਬਾਦ ਕੀਤਾ ਹੈ, ਭਾਰਤ ਦੇ ਨੌਜਵਾਨਾਂ ਦੀ ਇੱਕ ਪੂਰੀ ਪੀੜ੍ਹੀ ਇਸ ਦੀ ਕੀਮਤ ਚੁਕਾ ਰਹੀ ਹੈ।'

### ਕੇਵਲ ਸਿੰਘ ਢਿੱਲੋਂ ਵੱਲੋਂ ਦਿੱਲੀ ਦੌਰੇ

ਵਿਸ਼ੇਸ਼ 'ਤੇ ਅਹਿਮ ਮੁਲਾਕਾਤ ਕੀਤੀ। ਇਸ ਸਾਰਥਕ ਬੈਠਕ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ, ਸੂਬੇ ਦੇ ਸਰਵਪੱਖੀ ਸੁਧਾਰ, ਵਿਕਾਸ, ਭਲਾਈ ਅਤੇ ਪੰਜਾਬ ਦੀ ਚੜ੍ਹਦੀਕਲਾ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਡੂੰਘੀ ਵਿਚਾਰ-ਚਰਚਾ ਹੋਈ। ਪੰਜਾਬ ਦੀ ਖੁਸ਼ਹਾਲੀ, ਸੁਰੱਖਿਅਤ ਭਵਿੱਖ ਅਤੇ ਲੋਕ-ਕੇਂਦਰਿਤ ਵਿਕਾਸ ਲਈ ਭਾਜਪਾ ਦੀ ਵਚਨਬੱਧਤਾ ਅਟੱਲ ਹੈ। ਸਾਡਾ ਮਕਸਦ ਸਾਫ਼ ਹੈ, ਪੰਜਾਬ ਨੂੰ ਮੁੜ ਤਰੱਕੀ, ਭਰੋਸੇ ਅਤੇ ਖੁਸ਼ਹਾਲੀ ਦੇ ਰਾਹ 'ਤੇ ਅੱਗੇ ਲੈ ਕੇ ਜਾਣਾ।

ਸਿਆਸੀ ਮਾਹਿਰਾਂ ਅਨੁਸਾਰ ਕੇਵਲ ਸਿੰਘ ਢਿੱਲੋਂ ਦਾ ਇਹ ਦੌਰਾ ਪੰਜਾਬ ਵਿੱਚ ਭਾਜਪਾ ਨੂੰ ਨਵੀਂ ਊਰਜਾ ਦੇਣ ਅਤੇ ਆਉਣ ਵਾਲੀਆਂ ਚੋਣਾਂ ਲਈ ਜ਼ਮੀਨੀ ਪੱਧਰ 'ਤੇ ਪਾਰਟੀ ਨੂੰ ਮਜ਼ਬੂਤ ਕਰਨ ਵੱਲ ਇੱਕ ਅਹਿਮ ਕਦਮ ਹੈ। ਉਨ੍ਹਾਂ ਦਾ ਮੁੱਖ ਉਦੇਸ਼ ਪੰਜਾਬ ਦੇ ਹਿੱਤਾਂ ਦੀ ਆਵਾਜ਼ ਕੇਂਦਰ ਤੱਕ ਪਹੁੰਚਾਉਣਾ ਅਤੇ ਕਿਸਾਨਾਂ ਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨਾ ਹੈ। ਜਾਣਕਾਰੀ ਅਨੁਸਾਰ, ਉਨ੍ਹਾਂ ਦਾ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰਾਸ਼ਟਰੀ ਪ੍ਰਧਾਨ ਨਿਤਿਨ ਨਵੀਨ ਨਾਲ ਵੀ ਮਿਲਣ ਦਾ ਪ੍ਰੋਗਰਾਮ ਹੈ।

### ਸੋਨੇ-ਚਾਂਦੀ ਦੀਆਂ ਕੀਮਤਾਂ 'ਚ ਵੱਡੀ

ਮਿਲਿਆ ਹੈ। ਚਾਂਦੀ ਦੀ ਕੀਮਤ 1,500 ਰੁਪਏ ਡਿੱਗ ਕੇ 2,69,500 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਆ ਗਈ ਹੈ, ਜਦੋਂ ਕਿ ਪਿਛਲੇ ਕਾਰੋਬਾਰੀ ਸੈਸ਼ਨ ਵਿੱਚ ਇਹ 2,71,000 ਰੁਪਏ ਸੀ।

ਬਾਜ਼ਾਰ ਮਾਹਿਰਾਂ ਅਨੁਸਾਰ, ਅਮਰੀਕਾ ਅਤੇ ਈਰਾਨ ਵਿਚਾਲੇ ਜੰਗਬੰਦੀ ਸਮਝੌਤੇ ਨੂੰ ਲੈ ਕੇ ਬਣੀ ਅਨਿਸ਼ਚਿਤਤਾ ਕਾਰਨ ਨਿਵੇਸ਼ਕਾਂ ਵਿੱਚ ਸਾਵਧਾਨੀ ਦਾ ਮਾਹੌਲ ਹੈ। ਕਮੋਡਿਟੀ ਮਾਹਿਰ ਪ੍ਰਵੀਨ ਸਿੰਘ ਦਾ ਕਹਿਣਾ ਹੈ ਕਿ ਸਮਝੌਤੇ ਨੂੰ ਲੈ ਕੇ ਸਥਿਤੀ ਸਪੱਸ਼ਟ ਨਾ ਹੋਣ ਕਾਰਨ ਕੀਮਤਾਂ 'ਤੇ ਦਬਾਅ ਬਣਿਆ ਹੋਇਆ ਹੈ। ਇਸ ਤੋਂ ਇਲਾਵਾ, ਗਲੋਬਲ ਆਰਥਿਕ ਹਾਲਾਤ ਅਤੇ ਨਿਵੇਸ਼ਕਾਂ ਦੀ ਬਦਲਦੀ ਰਣਨੀਤੀ ਵੀ ਇਸ ਗਿਰਾਵਟ ਦਾ ਕਾਰਨ ਬਣੀ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਆਉਣ ਵਾਲੇ ਦਿਨਾਂ ਵਿੱਚ ਭੂ-ਰਾਜਨੀਤਿਕ ਘਟਨਾਵਾਂ, ਅਮਰੀਕੀ ਵਿਆਜ ਦਰਾਂ ਨਾਲ ਜੁੜੇ ਸੰਕੇਤ ਅਤੇ ਗਲੋਬਲ ਆਰਥਿਕ ਅੰਕੜੇ ਸੋਨੇ-ਚਾਂਦੀ ਦੀ ਦਿਸ਼ਾ ਤੈਅ ਕਰਨਗੇ। ਨਿਵੇਸ਼ਕਾਂ ਨੂੰ ਫਿਲਹਾਲ ਬਾਜ਼ਾਰ ਦੀ ਚਾਲ 'ਤੇ ਡੂੰਘੀ ਨਜ਼ਰ ਰੱਖਣ ਦੀ ਸਲਾਹ ਦਿੱਤੀ ਗਈ ਹੈ।

### ਪੰਜਾਬ ਦੇ 5 ਵੱਡੇ ਮੰਦਰਾਂ ਨੂੰ ਬੰਬ

ਪੁਸ਼ਟੀ ਕਰਦਿਆਂ ਦੱਸਿਆ ਕਿ ਭਾਵੇਂ ਇਹ ਈਮੇਲਜ਼ ਪਹਿਲਾਂ ਵਿਦਿਅਕ ਅਦਾਰਿਆਂ, ਪੰਜਾਬ ਸਿਵਲ ਸਕੱਤਰੇਤ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਅਤੇ ਹੋਰ ਪ੍ਰਮੁੱਖ ਅਦਾਰਿਆਂ ਨੂੰ ਭੇਜੀਆਂ ਗਈਆਂ ਝੂਠੀਆਂ (ਹੋਕਸ) ਧਮਕੀਆਂ ਵਰਗੀਆਂ ਹੀ ਜਾਪਦੀਆਂ ਹਨ, ਪਰ ਪ੍ਰਸ਼ਾਸਨ ਇਸ ਮਾਮਲੇ ਨੂੰ ਪੂਰੀ ਗੰਭੀਰਤਾ ਨਾਲ ਲੈ ਰਿਹਾ ਹੈ। ਉਨ੍ਹਾਂ ਕਿਹਾ, 'ਸੁਰੱਖਿਆ ਏਜੰਸੀਆਂ ਕੋਈ ਰਿਸਕ ਨਹੀਂ ਲੈ ਰਹੀਆਂ। ਪੂਰੇ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਅਤੇ ਧਮਕੀ ਦੀਆਂ ਸਾਰੀਆਂ ਇਨਪੁਟਸ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।'

ਇਹ ਧਮਕੀਆਂ 6 ਜੂਨ ਤੋਂ ਪਹਿਲਾਂ ਕੀਤੇ ਗਏ ਸਖ਼ਤ ਸੁਰੱਖਿਆ ਪ੍ਰਬੰਧਾਂ ਦੇ ਦੌਰਾਨ ਆਈਆਂ ਹਨ। ਸੁਰੱਖਿਆ ਨੂੰ ਮਜ਼ਬੂਤ ਕਰਨ ਲਈ ਪੂਰੇ ਖੇਤਰ ਵਿੱਚ ਕੇਂਦਰੀ ਹਥਿਆਰਬੰਦ ਪੁਲਿਸ ਬਲਾਂ (ਸੀ.ਏ.ਪੀ.ਐਫ.) ਦੀਆਂ 11 ਕੰਪਨੀਆਂ ਤਾਇਨਾਤ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚ ਸਰਹੱਦੀ ਸੁਰੱਖਿਆ ਬਲ (ਬੀ.ਐਸ.ਐਫ.), ਰੈਪਿਡ ਐਕਸ਼ਨ ਫੋਰਸ ਅਤੇ ਭਾਰਤ-ਤਿੱਬਤ ਸਰਹੱਦੀ ਪੁਲਿਸ ਦੇ ਜਵਾਨ ਸ਼ਾਮਲ ਹਨ। ਇਸ ਤੋਂ ਪਹਿਲਾਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀ.ਜੀ.ਪੀ.) ਗੌਰਵ ਯਾਦਵ ਅਤੇ ਸਪੈਸ਼ਲ ਡੀ.ਜੀ.ਪੀ.(ਕਾਨੂੰਨ ਅਤੇ ਵਿਵਸਥਾ) ਪੀ ਕੇ ਸਿਨਹਾ ਨੇ ਅੰਮ੍ਰਿਤਸਰ ਅਤੇ ਹੋਰ ਸਰਹੱਦੀ ਜ਼ਿਲ੍ਹਿਆਂ ਵਿੱਚ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਸੀ।

ਸਿਨਹਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਸੀ ਕਿ ਸੁਰੱਖਿਆ ਏਜੰਸੀਆਂ ਪੰਜਾਬ ਵਿੱਚ ਸ਼ਾਂਤੀ ਭੰਗ ਕਰਨ ਲਈ ਦੇਸ਼ ਵਿਰੋਧੀ ਅਨਸਰਾਂ ਅਤੇ ਸਰਹੱਦ ਪਾਰ ਦੀਆਂ ਦੁਸ਼ਮਣ ਤਾਕਤਾਂ ਦੀਆਂ ਕੋਸ਼ਿਸ਼ਾਂ ਵਿਰੁੱਧ ਪੂਰੀ ਤਰ੍ਹਾਂ ਚੌਕਸ ਹਨ। ਉਨ੍ਹਾਂ ਕਿਹਾ ਸੀ, 'ਅਸੀਂ ਸਰਹੱਦੀ ਸੂਬੇ ਵਿੱਚ ਅਸ਼ਾਂਤੀ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਦੁਸ਼ਮਣ ਗੁਆਂਢੀਆਂ ਅਤੇ ਦੇਸ਼ ਵਿਰੋਧੀ ਅਨਸਰਾਂ ਦੇ ਮਨਸੂਬਿਆਂ ਤੋਂ ਪੂਰੀ ਤਰ੍ਹਾਂ ਵਾਕਿਫ਼ ਹਾਂ। ਬਰਸੀ ਨੂੰ ਸ਼ਾਂਤੀਪੂਰਵਕ ਮਨਾਉਣ ਅਤੇ ਜਨਤਕ ਸੁਰੱਖਿਆ ਬਣਾਈ ਰੱਖਣ ਲਈ ਸਾਰੇ ਲੋੜੀਂਦੇ ਰੋਕਥਾਮ ਅਤੇ ਸੁਰੱਖਿਆ ਉਪਾਅ ਲਾਗੂ ਕੀਤੇ ਗਏ ਹਨ।'

ਇਸੇ ਦੌਰਾਨ, ਅੰਮ੍ਰਿਤਸਰ ਸਿਟੀ ਪੁਲਿਸ ਨੇ ਹਾਲ ਹੀ ਵਿੱਚ ਪੱਛਮੀ ਬੰਗਾਲ ਤੋਂ ਇੱਕ ਬੰਗਲਾਦੇਸ਼ੀ ਨਾਗਰਿਕ ਨੂੰ ਕਥਿਤ ਤੌਰ 'ਤੇ ਫਰਜ਼ੀ ਈਮੇਲ ਖਾਤੇ ਸਪਲਾਈ ਕਰਨ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਜਾਂਚਕਰਤਾਵਾਂ ਨੂੰ ਸ਼ੱਕ ਹੈ ਕਿ ਇਹਨਾਂ ਵਿੱਚੋਂ ਕੁਝ ਖਾਤਿਆਂ ਦੀ ਵਰਤੋਂ ਪਾਕਿਸਤਾਨ ਅਤੇ ਬੰਗਲਾਦੇਸ਼ ਤੋਂ ਕੰਮ ਕਰਨ ਵਾਲੇ ਸ਼ਰਾਰਤੀ ਅਨਸਰਾਂ ਨਾਲ ਜੁੜੀਆਂ ਬੰਬ ਧਮਕੀ ਦੀਆਂ ਈਮੇਲਜ਼ ਭੇਜਣ ਲਈ ਕੀਤੀ ਗਈ ਹੋ ਸਕਦੀ ਹੈ। ਪੰਜਾਬ ਪੁਲਿਸ ਨੇ ਵਿਦੇਸ਼ਾਂ ਵਿੱਚ ਬੈਠੇ ਉਨ੍ਹਾਂ ਸ਼ੱਕੀ ਵਿਅਕਤੀਆਂ ਦਾ ਪਤਾ ਲਗਾਉਣ ਅਤੇ ਪਛਾਣ ਕਰਨ ਲਈ ਇੰਟਰਪੋਲ ਤੋਂ ਵੀ ਮਦਦ ਮੰਗੀ ਹੈ, ਜਿਨ੍ਹਾਂ 'ਤੇ ਡਰ ਅਤੇ ਜਨਤਕ ਦਹਿਸ਼ਤ ਪੈਦਾ ਕਰਨ ਦੇ ਮਕਸਦ ਨਾਲ ਬੰਬ ਦੀਆਂ ਝੂਠੀਆਂ ਧਮਕੀਆਂ ਦੇਣ ਦਾ ਸ਼ੱਕ ਹੈ। ਇੱਕ ਪੁਲਿਸ ਅਧਿਕਾਰੀ ਨੇ ਦੱਸਿਆ ਕਿ ਪੰਜਾਬ ਭਰ ਵਿੱਚ ਧਾਰਮਿਕ ਸਥਾਨਾਂ, ਟਰਾਂਸਪੋਰਟ ਕੇਂਦਰਾਂ (ਬੱਸ ਸਟੈਂਡ/ਰੇਲਵੇ ਸਟੇਸ਼ਨ) ਅਤੇ ਹੋਰ ਸੰਵੇਦਨਸ਼ੀਲ ਥਾਵਾਂ 'ਤੇ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਚੌਵੀ ਘੰਟੇ ਨਿਗਰਾਨੀ ਤੇ ਚੈਕਿੰਗ ਅਭਿਆਨ ਚਲਾਏ ਜਾ ਰਹੇ ਹਨ।

### ਪੰਜਾਬ ਸਕੱਤਰੇਤ ਨੂੰ ਬੰਬ ਨਾਲ ਉਡਾਉਣ

ਜਾਂਚ ਦੌਰਾਨ ਕੋਈ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ। ਪੁਲਿਸ ਅਤੇ ਸਾਈਬਰ ਸੈੱਲ ਦੀਆਂ ਟੀਮਾਂ ਨੇ ਈਮੇਲ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਉਸ ਆਈਡੀ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਤੋਂ ਈਮੇਲ ਭੇਜਿਆ ਗਿਆ ਸੀ ਅਤੇ ਇਸ ਦੇ ਪਿੱਛੇ ਦੇ ਲੋਕਾਂ ਦੀ ਪਛਾਣ ਕੀਤੀ ਜਾ ਰਹੀ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪਹਿਲੂ ਤੋਂ ਜਾਂਚ ਕੀਤੀ ਜਾ ਰਹੀ ਹੈ।

ਪਿਛਲੇ ਕੁਝ ਮਹੀਨਿਆਂ ਦੌਰਾਨ ਚੰਡੀਗੜ੍ਹ ਅਤੇ ਮੋਹਾਲੀ ਦੇ ਕਈ ਮਹੱਤਵਪੂਰਨ ਅਦਾਰਿਆਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ। ਇਸ ਤੋਂ ਪਹਿਲਾਂ, ਸ਼ਹਿਰ ਦੇ ਕਈ ਸਕੂਲਾਂ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਜ਼ਿਲ੍ਹਾ ਅਦਾਲਤਾਂ ਅਤੇ ਪਾਸਪੋਰਟ ਦਫ਼ਤਰ ਨੂੰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਸਨ।

ਹਰੇਕ ਮਾਮਲੇ ਵਿੱਚ, ਪੁਲਿਸ, ਬੰਬ ਸਕੁਐਡ ਅਤੇ ਸੁਰੱਖਿਆ ਏਜੰਸੀਆਂ ਨੇ ਮੌਕੇ 'ਤੇ ਪਹੁੰਚ ਕੇ ਤਲਾਸ਼ੀ ਲਈ, ਪਰ ਕੋਈ ਵਿਸਫੋਟਕ ਜਾਂ ਸ਼ੱਕੀ ਵਸਤੂ ਨਹੀਂ ਮਿਲੀ। ਜ਼ਿਆਦਾਤਰ ਮਾਮਲਿਆਂ ਵਿੱਚ, ਧਮਕੀਆਂ ਅਫਵਾਹਾਂ ਜਾਂ ਸ਼ਰਾਰਤੀ ਤੱਤਾਂ ਦੁਆਰਾ ਭੇਜੇ ਗਏ ਸੰਦੇਸ਼ ਸਾਬਤ ਹੋਈਆਂ।

### ਬਿਹਾਰ ਦੇ ਹਸਪਤਾਲ 'ਚ ਅੱਗ ਲੱਗਣ

ਵਿੱਚ 20 ਤੋਂ ਵੱਧ ਮਰੀਜ਼ ਜ਼ਖ਼ਮੀ ਹੋਏ ਹਨ ਅਤੇ ਉਨ੍ਹਾਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ। ਬਚਾਏ ਗਏ ਮਰੀਜ਼ਾਂ ਵਿੱਚੋਂ ਕਈਆਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਹਾਦਸੇ ਦੀ ਸੂਚਨਾ ਮਿਲਦੇ ਹੀ, ਫਾਇਰ ਬ੍ਰਿਗੇਡ ਦੀਆਂ ਲਗਭਗ ਇੱਕ ਦਰਜਨ ਗੱਡੀਆਂ ਤੁਰੰਤ ਘਟਨਾ ਸਥਾਨ 'ਤੇ ਪਹੁੰਚੀਆਂ। ਕਾਫ਼ੀ ਕੋਸ਼ਿਸ਼ਾਂ ਤੋਂ ਬਾਅਦ, ਫਾਇਰ ਬ੍ਰਿਗੇਡ ਟੀਮ ਨੇ ਬਚਾਅ ਅਤੇ ਰਾਹਤ ਕਾਰਜ ਸ਼ੁਰੂ ਕੀਤੇ। ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਹਸਪਤਾਲ ਦੇ ਆਈ.ਸੀ.ਯੂ. ਅਤੇ ਹੋਰ ਵਾਰਡਾਂ ਵਿੱਚ ਫਸੇ ਮਰੀਜ਼ਾਂ ਨੂੰ ਬਚਾਉਣ ਲਈ ਖਿੜਕੀਆਂ ਅਤੇ ਦਰਵਾਜ਼ੇ ਤੋੜ ਦਿੱਤੇ।

### ਡਾਲਰ ਦੇ ਮੁਕਾਬਲੇ ਰੁਪਿਆ 7 ਪੈਸੇ ਹੋਰ

ਕਮੇਟੀ ਦੀ ਸਮੀਖਿਆ 'ਤੇ ਹੈ। ਮਹਿੰਗਾਈ, ਵਿਕਾਸ ਦਰ ਅਤੇ ਰੁਪਏ ਦੀ ਚਾਲ 'ਤੇ ਇਸ ਦਾ ਅਸਰ ਪੈ ਸਕਦਾ ਹੈ। ਆਰ.ਬੀ.ਆਈ. ਦੇ ਗਵਰਨਰ ਸੰਜੇ ਮਲਹੋਤਰਾ ਦੀ ਪ੍ਰਧਾਨਗੀ ਵਾਲੀ 6 ਮੈਂਬਰੀ ਐਮ.ਪੀ.ਸੀ. 5 ਜੂਨ ਨੂੰ ਮੁਦ੍ਰਿਕ ਨੀਤੀ ਸਮੀਖਿਆ ਪੇਸ਼ ਕਰੇਗੀ।

ਇੰਟਰਬੈਂਕ ਵਿਦੇਸ਼ੀ ਮੁਦਰਾ ਬਾਜ਼ਾਰ ਵਿੱਚ ਰੁਪਿਆ 95.70 ਪ੍ਰਤੀ ਡਾਲਰ 'ਤੇ ਖੁੱਲ੍ਹਿਆ। ਕਾਰੋਬਾਰ ਦੌਰਾਨ ਇਹ 95.85 ਦੇ ਹੇਠਲੇ ਅਤੇ 95.59 ਦੇ ਉੱਚੇ ਪੱਧਰ ਤੱਕ ਗਿਆ, ਅਤੇ ਅੰਤ ਵਿੱਚ 95.83 (ਆਰਜ਼ੀ) 'ਤੇ ਬੰਦ ਹੋਇਆ, ਜੋ ਪਿਛਲੇ ਬੰਦ ਪੱਧਰ ਤੋਂ 7 ਪੈਸੇ ਕਮਜ਼ੋਰ ਹੈ। ਰੁਪਿਆ ਬੁੱਧਵਾਰ ਨੂੰ 40 ਪੈਸੇ ਟੁੱਟ ਕੇ 95.76 ਪ੍ਰਤੀ ਡਾਲਰ 'ਤੇ ਬੰਦ ਹੋਇਆ ਸੀ।

ਇਸ ਦੌਰਾਨ, ਦੁਨੀਆ ਦੀਆਂ 6 ਪ੍ਰਮੁੱਖ ਕਰੰਸੀਆਂ ਦੇ ਮੁਕਾਬਲੇ ਅਮਰੀਕੀ ਡਾਲਰ ਦੀ ਮਜ਼ਬੂਤੀ ਨੂੰ ਦਰਸਾਉਣ ਵਾਲਾ ਡਾਲਰ ਇੰਡੈਕਸ 0.21 ਫੀਸਦੀ ਦੀ ਗਿਰਾਵਟ ਨਾਲ 99.31 'ਤੇ ਰਿਹਾ। ਗਲੋਬਲ ਤੇਲ ਮਿਆਰ ਬ੍ਰੈਂਟ ਕਰੂਡ ਵਾਅਦਾ ਕਾਰੋਬਾਰ ਵਿੱਚ 2.04 ਫੀਸਦੀ ਡਿੱਗ ਕੇ 95.81 ਡਾਲਰ ਪ੍ਰਤੀ ਬੈਰਲ 'ਤੇ ਰਿਹਾ।

ਮਿਰਾਈ ਐਸੇਟ ਸ਼ੇਅਰਖਾਨ ਦੇ ਖੋਜ ਵਿਸ਼ਲੇਸ਼ਕ ਅਨੁਜ ਚੌਧਰੀ ਨੇ ਕਿਹਾ,'ਗਲੋਬਲ ਤਣਾਅ ਅਤੇ ਅਮਰੀਕੀ ਬਾਂਡ ਯੀਲਡ ਵਿੱਚ ਮਜ਼ਬੂਤੀ ਦੇ ਕਾਰਨ ਸਾਨੂੰ ਰੁਪਏ ਵਿੱਚ ਨਕਾਰਾਤਮਕ ਰੁਝਾਨ ਨਾਲ ਕਾਰੋਬਾਰ ਦੀ ਉਮੀਦ ਹੈ। ਹਾਲਾਂਕਿ, ਅਮਰੀਕਾ-ਈਰਾਨ ਸ਼ਾਂਤੀ ਵਾਰਤਾ ਦੇ ਮੋਰਚੇ 'ਤੇ ਕਿਸੇ ਵੀ ਸਕਾਰਾਤਮਕ ਵਿਕਾਸ ਨਾਲ ਘਰੇਲੂ ਕਰੰਸੀ ਵਿੱਚ ਤੇਜ਼ ਗਿਰਾਵਟ ਰੁਕ ਸਕਦੀ ਹੈ।' ਚੌਧਰੀ ਨੇ ਕਿਹਾ ਕਿ ਕਾਰੋਬਾਰੀ ਅੱਜ ਅਮਰੀਕਾ ਦੇ ਹਫ਼ਤਾਵਾਰੀ ਬੇਰੁਜ਼ਗਾਰੀ ਦਾਅਵਿਆਂ ਦੇ ਅੰਕੜਿਆਂ ਅਤੇ ਸ਼ੁੱਕਰਵਾਰ ਨੂੰ ਆਉਣ ਵਾਲੀ ਗੈਰ-ਖੇਤੀ ਤਨਖਾਹ ਰਿਪੋਰਟ ਤੋਂ ਸੰਕੇਤ ਲੈਣਗੇ। ਨਾਲ ਹੀ ਨਿਵੇਸ਼ਕ ਆਰ.ਬੀ.ਆਈ. ਦੇ ਮੁਦ੍ਰਿਕ ਨੀਤੀ ਦੇ ਫੈਸਲੇ 'ਤੇ ਵੀ ਨਜ਼ਰ ਰੱਖਣਗੇ। ਉਨ੍ਹਾਂ ਕਿਹਾ ਕਿ ਡਾਲਰ ਦੇ ਮੁਕਾਬਲੇ ਰੁਪਏ ਦੀ ਹਾਜ਼ਰ ਦਰ 95.40 ਤੋਂ 96.15 ਦੇ ਦਾਇਰੇ ਵਿੱਚ ਰਹਿਣ ਦਾ ਅਨੁਮਾਨ ਹੈ। ਘਰੇਲੂ ਸ਼ੇਅਰ ਬਾਜ਼ਾਰ ਦੇ ਮੋਰਚੇ 'ਤੇ, ਸੈਂਸੈਕਸ ਮਾਮੂਲੀ 13.84 ਅੰਕਾਂ ਦੇ ਵਾਧੇ ਨਾਲ 74,360.01 ਅੰਕਾਂ 'ਤੇ ਬੰਦ ਹੋਇਆ, ਜਦੋਂ ਕਿ ਨਿਫਟੀ 10.95 ਅੰਕ ਵਧ ਕੇ 23,416.55 ਅੰਕਾਂ 'ਤੇ ਰਿਹਾ। ਸ਼ੇਅਰ ਬਾਜ਼ਾਰ ਦੇ ਅੰਕੜਿਆਂ ਅਨੁਸਾਰ, ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਨੇ ਬੁੱਧਵਾਰ ਨੂੰ ਸ਼ੁੱਧ ਰੂਪ ਵਿੱਚ 5,616.56 ਕਰੋੜ ਰੁਪਏ ਦੇ ਸ਼ੇਅਰ ਵੇਚੇ।

### ਕੇਵਲ ਸਿੰਘ ਢਿੱਲੋਂ ਅਤੇ ਰਵਨੀਤ ਬਿੱਟੂ

ਇੱਕ ਮਜ਼ਬੂਤ ਕੜੀ ਵਜੋਂ ਕੰਮ ਕਰਦੇ ਰਹਿਣਗੇ, ਜਦਕਿ ਜ਼ਮੀਨੀ ਮੋਰਚਾ ਰਵਨੀਤ ਬਿੱਟੂ ਅਤੇ ਕੇਵਲ ਸਿੰਘ ਢਿੱਲੋਂ ਵਰਗੇ ਆਗੂ ਸੰਭਾਲਣਗੇ।

ਪੰਜਾਬ ਭਾਜਪਾ ਦੀ ਕਮਾਨ ਕੇਵਲ ਸਿੰਘ ਢਿੱਲੋਂ ਦੇ ਹੱਥਾਂ ਵਿੱਚ ਆਉਣ ਅਤੇ ਰਵਨੀਤ ਬਿੱਟੂ ਦੇ ਪੰਜਾਬ ਵਿੱਚ ਸਰਗਰਮ ਹੋਣ ਨਾਲ ਭਾਜਪਾ ਨੇ ਆਪਣੀ ਪੁਰਾਣੀ 'ਸ਼ਹਿਰੀ ਪਾਰਟੀ' ਵਾਲੀ ਸਿਆਸੀ ਦਿੱਖ ਨੂੰ ਬਦਲਣ ਦੀ ਕੋਸ਼ਿਸ਼ ਕੀਤੀ ਹੈ।ਇਹ ਦੋਵੇਂ ਆਗੂ ਮੂਲ ਰੂਪ ਵਿੱਚ ਕਾਂਗਰਸੀ ਪਿਛੋਕੜ ਵਾਲੇ ਹਨ। ਭਾਜਪਾ ਦੀ ਰਣਨੀਤੀ ਇਹ ਹੈ ਕਿ ਪੰਜਾਬ ਦੇ ਪਰੰਪਰਾਗਤ ਵੋਟ ਬੈਂਕ (ਜੱਟ, ਕਿਸਾਨ ਅਤੇ ਪੇਂਡੂ ਵੋਟਰ) ਵਿੱਚ ਸੰਨ੍ਹ ਲਗਾਈ ਜਾਵੇ, ਜਿੱਥੇ ਪਹਿਲਾਂ ਭਾਜਪਾ ਨੂੰ ਸਿਰਫ਼ ਇੱਕ ਸ਼ਹਿਰੀ ਜਾਂ ਹਿੰਦੂ ਵੋਟ ਬੈਂਕ ਵਾਲੀ ਪਾਰਟੀ ਮੰਨਿਆ ਜਾਂਦਾ ਸੀ।

ਰਵਨੀਤ ਬਿੱਟੂ ਦਾ ਪੰਜਾਬ ਦੀ ਸਿਆਸਤ ਵਿੱਚ ਪੂਰੀ ਤਰ੍ਹਾਂ ਸਰਗਰਮ ਹੋਣਾ, ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਸਮੀਕਰਨਾਂ ਨੂੰ ਪੂਰੀ ਤਰ੍ਹਾਂ ਬਦਲ ਸਕਦਾ ਹੈ। ਭਾਜਪਾ ਇਸ ਵਾਰ ਪੰਜਾਬ ਵਿੱਚ ਕਿਸੇ ਖੇਤਰੀ ਪਾਰਟੀ (ਜਿਵੇਂ ਸ਼੍ਰੋਮਣੀ ਅਕਾਲੀ ਦਲ) ਦੇ ਪਿੱਛੇ ਲੱਗ ਕੇ ਚੋਣਾਂ ਲੜਨ ਦੇ ਰੌਂਅ ਵਿੱਚ ਨਹੀਂ ਹੈ, ਬਲਕਿ ਉਹ ਖੁਦ ਨੂੰ 'ਵੱਡੇ ਭਰਾ' ਵਜੋਂ ਸਥਾਪਿਤ ਕਰਨਾ ਚਾਹੁੰਦੀ ਹੈ।

ਰਵਨੀਤ ਬਿੱਟੂ ਕਾਂਗਰਸ ਦੀਆਂ ਕਮਜ਼ੋਰੀਆਂ ਅਤੇ ਉਨ੍ਹਾਂ ਦੇ ਅੰਦਰੂਨੀ ਸੈਟਅਪ ਨੂੰ ਚੰਗੀ ਤਰ੍ਹਾਂ ਜਾਣਦੇ ਹਨ। ਉਹ ਕਾਂਗਰਸ ਦੇ ਰਵਾਇਤੀ ਵੋਟਰਾਂ ਅਤੇ ਵਰਕਰਾਂ ਨੂੰ ਭਾਜਪਾ ਵੱਲ ਖਿੱਚਣ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।

ਬਿੱਟੂ ਦੇ ਦਾਦਾ ਸਵਰਗੀ ਬੇਅੰਤ ਸਿੰਘ ਨੇ ਪੰਜਾਬ ਵਿੱਚ ਅਮਨ-ਕਾਨੂੰਨ ਦੀ ਬਹਾਲੀ ਲਈ ਜਾਨ ਦਿੱਤੀ ਸੀ। ਭਾਜਪਾ ਬਿੱਟੂ ਦੇ ਇਸ ਪਿਛੋਕੜ ਦੀ ਵਰਤੋਂ ਪੰਜਾਬ ਵਿੱਚ 'ਰਾਸ਼ਟਰਵਾਦ' ਅਤੇ 'ਅਮਨ-ਸ਼ਾਂਤੀ' ਦੇ ਮੁੱਦਿਆਂ ਨੂੰ ਉਭਾਰਨ ਲਈ ਕਰੇਗੀ, ਜਿਸ ਨਾਲ ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਦੋਵਾਂ ਨੂੰ ਘੇਰਿਆ ਜਾ ਸਕੇ। ਭਾਵੇਂ ਭਾਜਪਾ ਦੀ ਇਹ ਰਣਨੀਤੀ ਕਾਗਜ਼ਾਂ 'ਤੇ ਬਹੁਤ ਮਜ਼ਬੂਤ ਦਿਖਾਈ ਦਿੰਦੀ ਹੈ, ਪਰ ਪੰਜਾਬ ਦੀ ਜ਼ਮੀਨੀ ਹਕੀਕਤ ਬਹੁਤ ਗੁੰਝਲਦਾਰ ਹੈ। ਰਵਨੀਤ ਬਿੱਟੂ ਅਤੇ ਕੇਵਲ ਸਿੰਘ ਢਿੱਲੋਂ ਦੇ ਸਿਰ 'ਤੇ ਪੰਜਾਬ ਜਿੱਤਣ ਦੇ ਰਾਹ ਵਿੱਚ ਕਈ ਵੱਡੀਆਂ ਰੁਕਾਵਟਾਂ ਹਨ:

ਪੰਜਾਬ ਦੇ ਪੇਂਡੂ ਖੇਤਰਾਂ ਵਿੱਚ ਅਜੇ ਵੀ ਕੇਂਦਰ ਸਰਕਾਰ ਅਤੇ ਭਾਜਪਾ ਪ੍ਰਤੀ ਕਿਸਾਨਾਂ ਵਿੱਚ ਗੁੱਸਾ ਦੇਖਣ ਨੂੰ ਮਿਲਦਾ ਹੈ। ਰਵਨੀਤ ਬਿੱਟੂ ਲਈ ਸਭ ਤੋਂ ਵੱਡੀ ਚੁਣੌਤੀ ਪਿੰਡਾਂ ਵਿੱਚ ਜਾ ਕੇ ਭਾਜਪਾ ਦੇ ਪੱਖ ਵਿੱਚ ਮਾਹੌਲ ਸਿਰਜਣਾ ਹੋਵੇਗੀ।

ਜਦੋਂ ਬਾਹਰੋਂ ਆਏ ਆਗੂਆਂ (ਜਿਵੇਂ ਬਿੱਟੂ ਅਤੇ ਢਿੱਲੋਂ) ਨੂੰ ਵੱਡੀਆਂ ਜ਼ਿੰਮੇਵਾਰੀਆਂ ਦਿੱਤੀਆਂ ਜਾਂਦੀਆਂ ਹਨ, ਤਾਂ ਪਾਰਟੀ ਦੇ ਪੁਰਾਣੇ ਅਤੇ ਟਕਸਾਲੀ ਆਗੂਆਂ ਵਿੱਚ ਅੰਦਰੂਨੀ ਨਾਰਾਜ਼ਗੀ ਵਧਣ ਦਾ ਖ਼ਤਰਾ ਰਹਿੰਦਾ ਹੈ। ਤਰੁਣ ਚੁੱਘ ਨੂੰ ਰਾਜ ਸਭਾ ਭੇਜ ਕੇ ਪਾਰਟੀ ਨੇ ਟਕਸਾਲੀ ਵਰਕਰਾਂ ਨੂੰ ਸੰਤੁਸ਼ਟ ਕਰਨ ਦੀ ਕੋਸ਼ਿਸ਼ ਜ਼ਰੂਰ ਕੀਤੀ ਹੈ, ਪਰ ਜ਼ਮੀਨੀ ਪੱਧਰ 'ਤੇ ਤਾਲਮੇਲ ਬਣਾਉਣਾ ਅਜੇ ਵੀ ਇੱਕ ਚੁਣੌਤੀ ਹੈ।

ਸਿੱਟੇ ਵਜੋਂ ਭਾਜਪਾ ਦੀ ਇਸ ਤਾਜ਼ਾ ਸੂਚੀ ਅਤੇ ਰਵਨੀਤ ਬਿੱਟੂ ਦੇ ਪੰਜਾਬ ਵਿੱਚ ਵਿਚਰਨ ਦੇ ਫੈਸਲੇ ਤੋਂ ਸਾਫ਼ ਹੈ ਕਿ ਭਾਜਪਾ ਹੁਣ ਪੰਜਾਬ ਵਿੱਚ 'ਬੈਕਫੁੱਟ' 'ਤੇ ਖੇਡਣ ਦੇ ਮੂਡ ਵਿੱਚ ਨਹੀਂ ਹੈ। ਪਾਰਟੀ ਨੇ ਤਰੁਨ ਚੁੱਘ ਨੂੰ ਕੇਂਦਰ ਵਿੱਚ ਰਾਜ ਸਭਾ ਰਾਹੀਂ ਮਜ਼ਬੂਤ ਰੱਖਿਆ ਹੈ, ਜਦਕਿ ਰਵਨੀਤ ਸਿੰਘ ਬਿੱਟੂ ਨੂੰ ਪੰਜਾਬ ਦੇ ਸਿਆਸੀ ਦੰਗਲ ਵਿੱਚ ਥੰਮ੍ਹ ਵਜੋਂ ਉਤਾਰ ਦਿੱਤਾ ਹੈ।

ਬਿੱਟੂ ਦਾ ਇਹ ਕਹਿਣਾ ਕਿ 'ਕੇਂਦਰ ਵਿੱਚ ਬਹੁਤ ਸਮਾਂ ਲਗਾ ਲਿਆ, ਹੁਣ ਪੰਜਾਬ ਦੀ ਵਾਰੀ ਹੈ', ਇਹ ਸਿੱਧ ਕਰਦਾ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਹ ਭਾਜਪਾ ਦੇ ਮੁੱਖ ਜਰਨੈਲ ਵਜੋਂ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਜ਼ੋਰ ਅਜ਼ਮਾਇਸ਼ ਕਰਦੇ ਨਜ਼ਰ ਆਉਣਗੇ। ਇਹ ਦੇਖਣਾ ਦਿਲਚਸਪ ਹੋਵੇਗਾ ਕਿ ਪੰਜਾਬ ਦੇ ਲੋਕ ਇਸ ਨਵੇਂ ਸਿਆਸੀ ਸਮੀਕਰਨ ਨੂੰ ਕਿੰਨਾ ਹੁੰਗਾਰਾ ਦਿੰਦੇ ਹਨ, ਪਰ ਇੱਕ ਗੱਲ ਤੈਅ ਹੈ ਕਿ ਭਾਜਪਾ ਦੀ ਇਸ ਰਣਨੀਤੀ ਨੇ ਵਿਰੋਧੀ ਪਾਰਟੀਆਂ (ਆਪ, ਕਾਂਗਰਸ ਅਤੇ ਅਕਾਲੀ ਦਲ) ਦੇ ਖੇਮਿਆਂ ਵਿੱਚ ਹੱਲਚਲ ਜ਼ਰੂਰ ਮਚਾ ਦਿੱਤੀ ਹੈ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi
PRGI (RNI) Regd. No. 22972/1972




ਪਟਿਆਲਾ-ਪੰਜਾਬ ਦੀ ਸਿਆਸਤ ਵਿੱਚ ਅਪ੍ਰੈਲ 2026 ਉਹ ਮਹੀਨਾ ਬਣ ਕੇ ਆਇਆ ਜਿਸ ਨੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਸਮੀਕਰਨ ਇੱਕਦਮ ਬਦਲ ਕੇ ਰੱਖ ਦਿੱਤੇ। ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਰਾਘਵ ਚੱਢਾ, ਸੰਦੀਪ ਪਾਠਕ ਅਤੇ ਅਸ਼ੋਕ ਮਿੱਤਲ ਨੇ ਨਵੀਂ ਦਿੱਲੀ ਵਿੱਚ ਇੱਕ ਪ੍ਰੈੱਸ ਕਾਨਫਰੰਸ ਕਰਕੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਹ ਕੋਈ ਸਧਾਰਨ ਦਲਬਦਲੀ ਨਹੀਂ ਸੀ- ਇਹ ਉਹ ਲੋਕ ਸਨ ਜਿਨ੍ਹਾਂ ਨੇ 'ਆਪ' ਦੀ ਪੰਜਾਬ ਵਿੱਚ ਜਿੱਤ ਦਾ ਖਾਕਾ ਖਿੱਚਿਆ ਸੀ, ਜਿਨ੍ਹਾਂ ਦੀ ਸੋਚ ਅਤੇ ਰਣਨੀਤੀ ਨਾਲ 2022 ਵਿੱਚ 'ਆਪ' ਨੇ ਇਤਿਹਾਸਕ ਜਿੱਤ ਦਰਜ ਕੀਤੀ ਸੀ।

ਰਾਘਵ ਚੱਢਾ ਦੇ ਦਾਅਵੇ ਅਨੁਸਾਰ ਸਾਬਕਾ ਕ੍ਰਿਕਟਰ ਹਰਭਜਨ ਸਿੰਘ, ਰਾਜਿੰਦਰ ਗੁਪਤਾ, ਵਿਕਰਮ ਸਾਹਨੀ ਅਤੇ ਸਵਾਤੀ ਮਾਲੀਵਾਲ ਵੀ ਇਸ ਗਰੁੱਪ ਨਾਲ ਸਨ, ਜਿਸ ਨਾਲ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਕੁੱਲ ਸੰਸਦ ਮੈਂਬਰਾਂ ਦੀ ਗਿਣਤੀ ਸੱਤ ਹੋ ਗਈ। ਇਹ ਸੱਤੇ ਜਣੇ ਰਾਜ ਸਭਾ ਵਿੱਚ 'ਆਪ' ਦੇ 10 ਮੈਂਬਰਾਂ ਵਿੱਚੋਂ ਸਨ ਅਤੇ ਇਨ੍ਹਾਂ ਵਿੱਚੋਂ ਛੇ ਪੰਜਾਬ ਦੀ ਨੁਮਾਇੰਦਗੀ ਕਰਦੇ ਸਨ।

## ਕੌਣ ਹਨ ਇਹ ਰਣਨੀਤੀਕਾਰ?

ਇਸ ਘਟਨਾਕ੍ਰਮ ਨੂੰ ਸਮਝਣ ਲਈ ਇਨ੍ਹਾਂ ਨੇਤਾਵਾਂ ਦੀ ਅਸਲ ਪਛਾਣ ਸਮਝਣੀ ਜ਼ਰੂਰੀ ਹੈ।

ਸੰਦੀਪ ਪਾਠਕ 'ਆਪ' ਦੀ ਸੰਗਠਨ ਮਸ਼ੀਨਰੀ ਦੀ ਰੀੜ੍ਹ ਦੀ ਹੱਡੀ ਸਨ। ਉਹ IIT ਦਿੱਲੀ ਦੇ ਸਾਬਕਾ ਪ੍ਰੋਫੈਸਰ ਹਨ ਅਤੇ ਪਾਰਟੀ ਨੇ ਉਨ੍ਹਾਂ ਨੂੰ 2020 ਦਿੱਲੀ ਵਿਧਾਨ ਸਭਾ ਚੋਣਾਂ ਅਤੇ ਉਸ ਤੋਂ ਬਾਅਦ ਪੰਜਾਬ ਵਿੱਚ ਇੱਕ ਚੋਣ ਰਣਨੀਤੀਕਾਰ ਵਜੋਂ ਵਰਤਿਆ। ਉਹ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ (ਸੰਗਠਨ) ਵਜੋਂ ਗੁਜਰਾਤ, ਹਿਮਾਚਲ ਪ੍ਰਦੇਸ਼ ਅਤੇ ਪੰਜਾਬ ਵਰਗੇ ਅਹਿਮ ਸੂਬਿਆਂ ਵਿੱਚ ਕਾਰਵਾਈਆਂ ਦੀ ਅਗਵਾਈ ਕਰਦੇ ਸਨ। ਉਹ ਜਨਤਕ ਚਿਹਰੇ ਤੋਂ ਵੱਧ ਪਰਦੇ ਪਿੱਛੇ ਕੰਮ ਕਰਨ ਵਾਲੇ ਆਰਕੀਟੈਕਟ ਸਨ।

ਰਾਘਵ ਚੱਢਾ ਪੰਜਾਬ ਵਿੱਚ 'ਆਪ' ਦਾ ਸਭ ਤੋਂ ਊਰਜਾਵਾਨ ਚਿਹਰਾ ਰਹੇ। ਉਹ 2022 ਵਿੱਚ ਪੰਜਾਬ ਵਿੱਚ 'ਆਪ' ਦੀ ਜਿੱਤ ਤੋਂ ਬਾਅਦ ਪੰਜਾਬ ਦੇ ਸਲਾਹਕਾਰ ਪੈਨਲ ਦੇ ਚੇਅਰਮੈਨ ਨਿਯੁਕਤ ਕੀਤੇ ਗਏ ਸਨ। ਭਗਵੰਤ ਮਾਨ ਸਰਕਾਰ ਦੀਆਂ ਯੋਜਨਾਵਾਂ ਅਤੇ ਨੀਤੀਆਂ ਨੂੰ ਉਹ ਹੀ ਜਨਤਾ ਤੱਕ ਪਹੁੰਚਾਉਂਦੇ ਸਨ।

ਅਸ਼ੋਕ ਮਿੱਤਲ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸੰਸਥਾਪਕ, ਪੰਜਾਬ ਵਿੱਚ ਵਿੱਦਿਅਕ ਅਤੇ ਕਾਰੋਬਾਰੀ ਸੰਸਾਰ ਵਿੱਚ 'ਆਪ' ਦੀ ਸਾਖ਼ ਦਾ ਪ੍ਰਤੀਕ ਸਨ। ਉਨ੍ਹਾਂ ਦੀ ਸ਼ਾਮਲੀਅਤ ਨੇ 'ਆਪ' ਨੂੰ ਸ਼ਹਿਰੀ ਅਤੇ ਮੱਧਵਰਗੀ ਵੋਟਰਾਂ ਵਿੱਚ ਭਰੋਸੇਯੋਗਤਾ ਦਿੱਤੀ ਸੀ।

## ਭਾਜਪਾ ਨੂੰ ਕੀ ਮਿਲਿਆ?

ਇਹ ਸਿਰਫ਼ ਨੇਤਾਵਾਂ ਦੀ ਦਲਬਦਲੀ ਨਹੀਂ, ਇਹ ਇੱਕ ਵਿਸ਼ਾਲ ਰਣਨੀਤਕ ਖ਼ਜ਼ਾਨੇ ਦੀ ਟ੍ਰਾਂਸਫਰ ਹੈ।

ਸੰਦੀਪ ਪਾਠਕ ਵਰਗੇ ਸੰਗਠਨ ਮਾਹਿਰਾਂ ਕੋਲ ਪੰਜਾਬ ਦੇ ਹਰੇਕ ਵਿਧਾਨ ਸਭਾ ਹਲਕੇ ਦੀ ਗਹਿਰੀ ਜਾਣਕਾਰੀ ਹੈ — ਕਿਹੜੀ ਜਾਤ ਕਿੱਥੇ ਪ੍ਰਭਾਵਸ਼ਾਲੀ ਹੈ, ਕਿਹੜੇ ਮੁੱਦੇ ਕਿਸ ਇਲਾਕੇ ਵਿੱਚ ਕਾਰਗਰ ਹਨ, ਕਿਹੜੇ ਸਥਾਨਕ ਆਗੂ ਟੁੱਟਣ ਯੋਗ ਹਨ।

'ਆਪ' ਭਾਰਤ ਦੀ ਪਹਿਲੀ ਪਾਰਟੀ ਸੀ ਜਿਸ ਨੇ ਚੋਣਾਂ ਵਿੱਚ ਡਾਟਾ ਅਧਾਰਿਤ ਰਣਨੀਤੀ ਦੀ ਵਰਤੋਂ ਕੀਤੀ। ਪਾਠਕ ਅਤੇ ਉਨ੍ਹਾਂ ਦੀ ਟੀਮ ਕੋਲ ਲੱਖਾਂ ਵੋਟਰਾਂ ਦਾ ਡਾਟਾ, ਮਾਈਕ੍ਰੋ-ਸੈਗਮੈਂਟੇਸ਼ਨ ਅਤੇ ਵੋਟਰ ਮਨੋਵਿਗਿਆਨ ਦੀ ਡੂੰਘੀ ਸਮਝ ਹੈ।

ਜੋ ਸਰਕਾਰ ਚਲਾਉਂਦੇ ਰਹੇ, ਉਹ ਹੀ ਜਾਣਦੇ ਹਨ ਕਿ ਉਸ ਸਰਕਾਰ ਦੀਆਂ ਕਮਜ਼ੋਰੀਆਂ ਕਿੱਥੇ ਹਨ। ਭਾਜਪਾ ਨੂੰ ਕਿਸੇ ਜਾਸੂਸ ਦੀ ਲੋੜ ਨਹੀਂ -ਉਨ੍ਹਾਂ ਨੂੰ ਖ਼ੁਦ ਸਰਕਾਰ ਦਾ ਅੰਦਰੂਨੀ ਨਕਸ਼ਾ ਮਿਲ ਗਿਆ ਹੈ।

'ਆਪ' ਨੇ ਪੰਜਾਬ ਦੇ ਹਰ ਜ਼ਿਲ੍ਹੇ, ਸ਼ਹਿਰ ਅਤੇ ਪਿੰਡ ਵਿੱਚ ਬੂਥ ਪੱਧਰੀ ਕਮੇਟੀਆਂ ਬਣਾਈਆਂ ਸਨ। ਜੇ ਇਨ੍ਹਾਂ ਵਿੱਚੋਂ ਕੁਝ ਕਾਰਕੁਨ ਵੀ ਭਾਜਪਾ ਦੇ ਸੰਪਰਕ ਵਿੱਚ ਆਉਂਦੇ ਹਨ, ਤਾਂ ਭਾਜਪਾ ਦਾ ਜ਼ਮੀਨੀ ਢਾਂਚਾ ਇੱਕਦਮ ਮਜ਼ਬੂਤ ਹੋ ਜਾਵੇਗਾ।

## 'ਆਪ' ਉੱਤੇ ਅਸਰ: ਕੀ ਟੁੱਟੇਗੀ ਸਰਕਾਰ?

ਪੰਜਾਬ ਵਰਗੇ ਸਰਹੱਦੀ ਸੂਬੇ ਵਿੱਚ ਇਸ ਘਟਨਾਕ੍ਰਮ ਦੀ ਗੂੰਜ ਵਧੇਰੇ ਸੁਣਾਈ ਦੇ ਰਹੀ ਹੈ, ਜਿਸ ਨੇ ਲੰਮਾ ਸਮਾਂ ਅੱਤਿਵਾਦ ਦਾ ਸੰਤਾਪ ਹੰਢਾਇਆ ਹੈ। ਭਗਵੰਤ ਮਾਨ ਸਰਕਾਰ ਵਿਧਾਨ ਸਭਾ ਵਿੱਚ ਆਪਣੇ 92 ਵਿਧਾਇਕਾਂ ਦੇ ਜ਼ੋਰ ਨਾਲ ਸੁਰੱਖਿਅਤ ਹੈ, ਪਰ ਸਿਆਸੀ ਨੁਕਸਾਨ ਵੱਖਰਾ ਹੈ। 'ਆਪ' ਦੇ ਸੰਸਦ ਮੈਂਬਰਾਂ ਵੱਲੋਂ ਵਫ਼ਾਦਾਰੀਆਂ ਬਦਲਣ ਨਾਲ ਹੁਣ ਭਾਜਪਾ ਦੇ ਅਕਾਲੀ ਦਲ ਨਾਲ ਗੱਠਜੋੜ ਹੋਣ ਦੀ ਸੰਭਾਵਨਾ ਵੀ ਵਧ ਗਈ ਹੈ।

ਰਾਘਵ ਚੱਢਾ ਨੇ ਕਿਹਾ ਕਿ ਆਮ ਆਦਮੀ ਪਾਰਟੀ, ਜਿਸ ਨੂੰ ਉਨ੍ਹਾਂ ਆਪਣੇ ਲਹੂ ਅਤੇ ਪਸੀਨੇ ਨਾਲ ਸਿੰਜਿਆ ਅਤੇ ਜਿਸ ਨੂੰ ਆਪਣੀ ਜਵਾਨੀ ਦੇ 15 ਸਾਲ ਦਿੱਤੇ, ਉਹ ਹੁਣ ਆਪਣੇ ਅਸੂਲਾਂ ਅਤੇ ਮੂਲ ਕਦਰਾਂ-ਕੀਮਤਾਂ ਤੋਂ ਪੂਰੀ ਤਰ੍ਹਾਂ ਭਟਕ ਚੁੱਕੀ ਹੈ ਅਤੇ ਦੇਸ਼ ਦੀ ਬਜਾਏ ਨਿੱਜੀ ਹਿੱਤਾਂ ਲਈ ਕੰਮ ਕਰ ਰਹੀ ਹੈ।

'ਆਪ' ਦੀ ਪੰਜਾਬ ਇਕਾਈ ਨੇ ਇਸ ਨੂੰ "ਆਪ੍ਰੇਸ਼ਨ ਲੋਟਸ" ਦਾ ਹਿੱਸਾ ਦੱਸਿਆ। ਪਾਰਟੀ ਦੇ ਬੁਲਾਰੇ ਬਲਤੇਜ ਪੰਨੂ ਨੇ ਦੋਸ਼ ਲਗਾਇਆ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਇਸ ਸਾਜ਼ਿਸ਼ ਵਿੱਚ ਸ਼ਾਮਲ ਸਨ ਅਤੇ ਰਾਘਵ ਚੱਢਾ ਨੂੰ ਕੇਂਦਰ ਵਿੱਚ ਮੰਤਰੀ ਅਹੁਦੇ ਦਾ ਲਾਲਚ ਦਿੱਤਾ ਗਿਆ।

## ਭਾਜਪਾ ਦਾ 'ਮਿਸ਼ਨ 2027': ਰਣਨੀਤੀ ਕੀ ਹੋਵੇਗੀ?

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦਾਅਵਾ ਕੀਤਾ ਕਿ ਭਾਜਪਾ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸੂਬਾ ਪ੍ਰਧਾਨ ਕੇਵਲ ਢਿੱਲੋਂ ਦੀ ਅਗਵਾਈ ਵਿੱਚ ਪੰਜਾਬ ਵਿੱਚ ਇੱਕਤਰਫ਼ਾ ਜਿੱਤ ਦਰਜ ਕਰੇਗੀ। ਇਸ ਆਤਮਵਿਸ਼ਵਾਸ ਪਿੱਛੇ ਹੁਣ ਸਾਬਕਾ 'ਆਪ' ਰਣਨੀਤੀਕਾਰਾਂ ਦਾ ਸ਼ਾਮਲ ਹੋਣਾ ਵੱਡਾ ਕਾਰਕ ਹੈ। 'ਆਪ' ਦੇ ਸੰਸਦ ਮੈਂਬਰਾਂ ਦੀ ਦਲਬਦਲੀ ਨਾਲ ਭਾਜਪਾ ਅਤੇ ਅਕਾਲੀ ਦਲ ਵਿਚਕਾਰ ਗੱਠਜੋੜ ਵਿੱਚ ਭਾਜਪਾ ਹੁਣ ਜ਼ਿਆਦਾ ਸੀਟਾਂ ਦੀ ਮੰਗ ਕਰ ਸਕਦੀ ਹੈ। ਜੇਕਰ ਇਹ ਗੱਠਜੋੜ ਸਾਕਾਰ ਹੋਇਆ ਤਾਂ ਭਾਜਪਾ ਕੋਲ ਹੋਣਗੇ — 'ਆਪ' ਤੋਂ ਆਏ ਰਣਨੀਤੀਕਾਰ, ਅਕਾਲੀ ਦਲ ਦਾ ਰਵਾਇਤੀ ਸਿੱਖ ਵੋਟ ਬੈਂਕ, ਅਤੇ ਮੋਦੀ ਸਰਕਾਰ ਦੇ ਕੇਂਦਰੀ ਸੰਸਾਧਨ।

## ਕਾਂਗਰਸ ਅਤੇ ਬਾਕੀ ਵਿਰੋਧੀ ਧਿਰ ਉੱਤੇ ਅਸਰ

ਹੁਣ ਤੱਕ ਕਾਂਗਰਸ ਇਹ ਮੰਨ ਕੇ ਚੱਲ ਰਹੀ ਸੀ ਕਿ ਸਥਾਪਤੀ ਵਿਰੋਧੀ ਲਹਿਰ ਦਾ ਸਾਰਾ ਫ਼ਾਇਦਾ ਉਸ ਨੂੰ ਮਿਲੇਗਾ, ਪਰ ਹੁਣ ਇਹ ਮੁਕਾਬਲਾ ਕਾਫ਼ੀ ਫਸਵਾਂ ਹੋ ਗਿਆ ਜਾਪਦਾ ਹੈ। ਕਾਂਗਰਸ ਪੰਜਾਬ ਵਿੱਚ ਆਪਣਾ ਸੰਗਠਨ ਖਿੰਡਿਆ ਹੋਇਆ ਮਹਿਸੂਸ ਕਰ ਰਹੀ ਹੈ। ਪੰਜਾਬ ਵਿੱਚ ਆਪਣੀ ਹੋਂਦ ਬਣਾਈ ਰੱਖਣ ਲਈ ਕਾਂਗਰਸ ਨੂੰ ਜਾਤ-ਪਾਤ ਦੀ ਸਿਆਸਤ ਕਰਨ ਦੀ ਬਜਾਏ ਕਾਬਲੀਅਤ ਦੇ ਆਧਾਰ 'ਤੇ ਸਾਰਿਆਂ ਨੂੰ ਨਾਲ ਲੈ ਕੇ ਚੱਲਣ ਵਾਲੀ ਪਾਰਟੀ ਵਜੋਂ ਉੱਭਰਨਾ ਚਾਹੀਦਾ ਹੈ।

## 'ਆਪ' ਦਾ ਪਲਟਵਾਰ: ਕੀ ਅਜੇ ਉਮੀਦ ਬਾਕੀ ਹੈ?

ਹਾਲ ਹੀ ਵਿੱਚ ਧੂਰੀ ਦੀਆਂ 21 ਵਿੱਚੋਂ 19 ਸੀਟਾਂ 'ਤੇ 'ਆਪ' ਦੀ ਵੱਡੀ ਜਿੱਤ ਨਾਲ ਮੁੱਖ ਮੰਤਰੀ ਭਗਵੰਤ ਮਾਨ ਨੇ ਦਾਅਵਾ ਕੀਤਾ ਕਿ ਇਹ ਇਸ ਗੱਲ ਦਾ ਸੰਕੇਤ ਹੈ ਕਿ 'ਆਪ' 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ 2022 ਦੀ ਆਪਣੀ ਇਤਿਹਾਸਕ ਜਿੱਤ ਦੇ ਰਿਕਾਰਡ ਨੂੰ ਵੀ ਪਾਰ ਕਰਨ ਦੇ ਰਾਹ 'ਤੇ ਹੈ। ਮੁਫ਼ਤ ਬਿਜਲੀ, ਸਿਹਤ ਸਹੂਲਤਾਂ ਅਤੇ ਸਕੂਲੀ ਸਿੱਖਿਆ ਵਿੱਚ ਸੁਧਾਰ — ਇਹ ਮੁੱਦੇ ਅਜੇ ਵੀ 'ਆਪ' ਦੀ ਤਾਕਤ ਹਨ। h

ਸਿਆਸਤ ਵਿੱਚ 10 ਮਹੀਨਿਆਂ ਦਾ ਸਮਾਂ ਬਹੁਤ ਹੁੰਦਾ ਹੈ ਅਤੇ ਸੱਤਾ ਦੀ ਵਾਗਡੋਰ ਸੰਭਾਲ ਰਹੀ 'ਆਪ' ਹਾਲੇ ਵੀ ਆਪਣੀਆਂ ਭਲਾਈ ਸਕੀਮਾਂ ਦੇ ਜ਼ੋਰਦਾਰ ਅਮਲ, ਨਿਆਂਪੂਰਨ ਤੇ ਪਾਰਦਰਸ਼ੀ ਪ੍ਰਸ਼ਾਸਨ ਅਤੇ ਸੂਬੇ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਨੂੰ ਠੀਕ ਬਣਾ ਕੇ ਜਨਤਕ ਸਮਰਥਨ ਹਾਸਲ ਕਰ ਸਕਦੀ ਹੈ।

## ਅਸਲ ਖ਼ਤਰਾ ਕੀ ਹੈ?

ਇਸ ਪੂਰੇ ਘਟਨਾਕ੍ਰਮ ਦਾ ਸਭ ਤੋਂ ਖ਼ਤਰਨਾਕ ਪਹਿਲੂ ਇਹ ਹੈ ਕਿ ਭਾਜਪਾ ਹੁਣ "ਆਪਣੇ ਦੁਸ਼ਮਣ ਦੀ ਜ਼ੁਬਾਨ" ਬੋਲ ਸਕਦੀ ਹੈ। ਜਿਹੜੀ ਭਾਸ਼ਾ ਅਤੇ ਜਿਹੜੇ ਮੁੱਦੇ ਪੰਜਾਬੀਆਂ ਨੂੰ ਆਕਰਸ਼ਿਤ ਕਰਦੇ ਹਨ - ਉਹ ਹੁਣ ਭਾਜਪਾ ਦੀ ਚੋਣ ਮੁਹਿੰਮ ਵਿੱਚ ਵੀ ਦਿਖਾਈ ਦੇਣਗੇ। ਸੰਦੀਪ ਪਾਠਕ ਜੋ ਕੱਲ੍ਹ 'ਆਪ' ਦੀ ਚੋਣ ਮਸ਼ੀਨ ਚਲਾਉਂਦੇ ਸਨ, ਉਹੀ ਅੱਜ ਭਾਜਪਾ ਲਈ ਉਹੀ ਮਸ਼ੀਨ ਉਲਟੀ ਦਿਸ਼ਾ ਵਿੱਚ ਚਲਾਉਣਗੇ।

ਕੋਈ ਵੀ ਸਿਆਸੀ ਪਾਰਟੀ ਪੰਜਾਬ ਦੀਆਂ ਗੰਭੀਰ ਚੁਣੌਤੀਆਂ ਨੂੰ ਅਣਗੌਲਿਆਂ ਨਹੀਂ ਕਰ ਸਕਦੀ — ਇਨ੍ਹਾਂ ਵਿੱਚ ਵਾਤਾਵਰਨ ਦੀ ਸੰਭਾਲ, ਸਿਹਤ ਅਤੇ ਸਿੱਖਿਆ ਦਾ ਢਾਂਚਾ, ਆਰਥਿਕਤਾ ਨੂੰ ਮਜ਼ਬੂਤ ਕਰਨਾ ਅਤੇ ਅਮਨ-ਕਾਨੂੰਨ ਦੀ ਚਿੰਤਾਜਨਕ ਸਥਿਤੀ ਵਰਗੇ ਅਹਿਮ ਮੁੱਦੇ ਸ਼ਾਮਿਲ ਹਨ। 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਹੁਣ ਸਿਰਫ਼ ਪਾਰਟੀਆਂ ਵਿਚਕਾਰ ਮੁਕਾਬਲਾ ਨਹੀਂ ਰਹੀਆਂ — ਇਹ ਇੱਕ ਅਜਿਹੀ ਲੜਾਈ ਬਣ ਗਈ ਹੈ ਜਿੱਥੇ ਰਣਨੀਤੀਕਾਰ ਹੀ ਪਾਲੇ ਬਦਲ ਗਏ ਹਨ। ਭਾਜਪਾ ਨੂੰ ਮਿਲੇ ਇਹ ਤਜਰਬੇਕਾਰ ਖਿਡਾਰੀ ਕੀ ਸੱਚਮੁੱਚ ਕਮਲ ਖਿੜਾ ਸਕਣਗੇ — ਇਸ ਦਾ ਜਵਾਬ ਤਾਂ ਪੰਜਾਬ ਦੇ ਵੋਟਰ ਦੇਣਗੇ। ਪਰ ਇੱਕ ਗੱਲ ਸਪੱਸ਼ਟ ਹੈ: ਪੰਜਾਬ ਦੀਆਂ ਅਗਲੀਆਂ ਚੋਣਾਂ ਤੋਂ ਪਹਿਲਾਂ ਦੀ ਸਿਆਸੀ ਹਲਚਲ ਇੱਕ ਅਜਿਹਾ ਮੌਕਾ ਹੈ ਜਿੱਥੇ ਅਸੀਂ ਬਰਾਬਰੀ, ਹਮਦਰਦੀ ਅਤੇ ਇਨਸਾਫ਼ 'ਤੇ ਟਿਕੇ ਲੋਕਤੰਤਰ ਦੀ ਬੁਨਿਆਦ ਰੱਖ ਸਕਦੇ ਹਾਂ ਅਤੇ ਇਹੋ ਸਾਡੀ ਸਿਆਸਤ ਦਾ ਆਧਾਰ ਹੋਣਾ ਚਾਹੀਦਾ ਹੈ।

# ਚੀਮਾ ਨੇ ਮੁਲਾਜ਼ਮ ਯੂਨੀਅਨਾਂ ਨਾਲ ਮੁਲਾਕਾਤ ਕਰਕੇ ਜਾਇਜ਼ ਮੰਗਾਂ 'ਤੇ ਜਲਦ ਕਾਰਵਾਈ ਦਾ ਦਿੱਤਾ ਭਰੋਸਾ

ਚੰਡੀਗੜ੍ਹ, 4 ਜੂਨ (ਚ.ਨ.ਸ.): ਸੂਬਾ ਸਰਕਾਰ ਦੇ ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਦੇ ਇੱਕ ਵੱਡੇ ਯਤਨ ਤਹਿਤ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ 6 ਮੁਲਾਜ਼ਮ ਯੂਨੀਅਨਾਂ ਨਾਲ ਮੁਲਾਕਾਤ ਕੀਤੀ। ਉਨ੍ਹਾਂ ਯੂਨੀਅਨਾਂ ਨੂੰ ਭਰੋਸਾ ਦਿਵਾਇਆ ਕਿ ਭਗਵੰਤ ਮਾਨ ਸਰਕਾਰ ਠੇਕੇ 'ਤੇ ਰੱਖੇ ਸਟਾਫ਼ ਨੂੰ ਪੱਕਾ ਕਰਨ ਅਤੇ ਆਊਟਸੋਰਸਡ ਕਰਮਚਾਰੀਆਂ ਨੂੰ ਠੇਕੇ 'ਤੇ ਤਬਦੀਲ ਕਰਨ ਦੀ ਪ੍ਰਕਿਰਿਆ 'ਤੇ ਸਰਗਰਮੀ ਨਾਲ ਕੰਮ ਕਰ ਰਹੀ ਹੈ, ਅਤੇ ਇਸ ਦੇ ਨਾਲ ਹੀ ਉਨ੍ਹਾਂ ਦੀਆਂ ਹੋਰ ਸਾਰੀਆਂ ਜਾਇਜ਼ ਮੰਗਾਂ ਨੂੰ ਵੀ ਜਲਦ ਪੂਰਾ ਕੀਤਾ ਜਾ ਰਿਹਾ ਹੈ। ਵਫ਼ਦ ਵੱਲੋਂ ਉਠਾਈਆਂ ਗਈਆਂ ਮੁੱਖ ਮੰਗਾਂ ਬਾਰੇ ਗੱਲ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਹਿਲਾਂ ਹੀ ਠੇਕੇ 'ਤੇ ਰੱਖੇ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਆਊਟਸੋਰਸਡ ਵਰਕਰਾਂ ਨੂੰ ਠੇਕਾ ਅਧਾਰਤ ਸਟੇਟਸ ਵਿੱਚ ਤਬਦੀਲ ਕਰਨ ਦੇ ਆਪਣੇ ਫੈਸਲੇ ਦਾ ਐਲਾਨ ਕਰ ਚੁੱਕੀ ਹੈ, ਅਤੇ ਇਸ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਇਸ ਵੇਲੇ ਚੱਲ ਰਹੀ ਹੈ।" ਇਸ ਕਾਰਵਾਈ ਨੂੰ ਹੋਰ ਤੇਜ਼ ਕਰਨ ਦੀ ਹਦਾਇਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਬੰਧਤ ਵਿਭਾਗਾਂ ਦੇ ਪ੍ਰਬੰਧਕੀ ਅਫ਼ਸਰਾਂ ਦੇ ਨਾਲ-ਨਾਲ ਪਰਸੋਨਲ ਤੇ ਵਿੱਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਸ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਸਾਰੀਆਂ ਜਾਇਜ਼



ਮੰਗਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕੀਤਾ ਜਾਵੇ। ਉਨ੍ਹਾਂ ਕਿਹਾ, "ਸਾਰੇ ਸਬੰਧਤ ਵਿਭਾਗਾਂ ਨੂੰ ਆਪਣੀ ਕਾਰਵਾਈ ਵਿੱਚ ਤੇਜ਼ੀ ਲਿਆਉਣੀ ਚਾਹੀਦੀ ਹੈ ਅਤੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਫਾਸਟ-ਟਰੈਕ ਮੋਡ 'ਤੇ ਹੱਲ ਕਰਨਾ ਚਾਹੀਦਾ ਹੈ।"

ਮੁਲਾਜ਼ਮਾਂ ਦੇ ਮਸਲਿਆਂ ਨੂੰ ਹੱਲ ਕਰਨ ਲਈ ਵਿਸ਼ੇਸ਼ ਤੌਰ 'ਤੇ ਗਠਿਤ ਕੀਤੀ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ ਵਿੱਤ ਮੰਤਰੀ ਨੇ "ਆਲ ਪੰਜਾਬ ਡੀ.ਐਸ.ਟੀ./ਸੀ.ਟੀ.ਐਸ. ਕੰਟਰੈਕਟ ਇੰਸਟ੍ਰਕਟਰ ਯੂਨੀਅਨ", "ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਤੇ ਹੋਰ ਕਰਮਚਾਰੀ ਯੂਨੀਅਨ", "ਆਦਰਸ਼ ਸਕੂਲ ਟੀਚਿੰਗ ਐਂਡ ਨਾਨ-ਟੀਚਿੰਗ ਮੁਲਾਜ਼ਮ ਯੂਨੀਅਨ", "ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ", "ਪੰਜਾਬ ਰੋਡਵੇਜ਼/ਪਨਬਸ ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ", ਤੇ "ਪੰਜਾਬ ਰੋਡਵੇਜ਼ (ਪਨਬਸ) ਸਟੇਟ ਟ੍ਰਾਂਸਪੋਰਟ ਵਰਕਰ ਯੂਨੀਅਨ" ਦੇ ਨੁਮਾਇੰਦਿਆਂ ਨਾਲ ਇਹ ਵਿਸਤ੍ਰਿਤ ਚਰਚਾ ਕੀਤੀ।

ਇਨ੍ਹਾਂ ਮੀਟਿੰਗਾਂ ਦੌਰਾਨ "ਆਲ ਪੰਜਾਬ ਡੀ.ਐਸ.ਟੀ./ਸੀ.ਟੀ.ਐਸ. ਕੰਟਰੈਕਟ ਇੰਸਟ੍ਰਕਟਰ ਯੂਨੀਅਨ" ਵੱਲੋਂ ਕਿਰਨਦੀਪ ਸਿੰਘ ਰੂਪਾਣਾ, ਸਿਮਰਨਜੀਤ ਸਿੰਘ ਤੇ ਸਵਰਨ ਸਿੰਘ; "ਪੰਜਾਬ ਰਾਜ ਸਰਕਾਰੀ ਸਹਾਇਤਾ ਪ੍ਰਾਪਤ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ" ਵੱਲੋਂ ਗੁਰਮੀਤ ਸਿੰਘ ਮਦਨੀਪੁਰ, ਸ਼ਰਨਜੀਤ ਸਿੰਘ ਕਾਦੀਮਾਜਰਾ ਤੇ ਹਰਦੀਪ ਸਿੰਘ ਢੀਂਡਸਾ; "ਆਦਰਸ਼ ਸਕੂਲ ਟੀਚਿੰਗ ਐਂਡ ਨਾਨ-ਟੀਚਿੰਗ ਮੁਲਾਜ਼ਮ ਯੂਨੀਅਨ" ਵੱਲੋਂ ਜਸਵੀਰ ਸਿੰਘ ਗਲੌਟੀ, ਸੁਭਦੀਪ ਕੌਰ, ਮੀਨੂ ਬਾਲਾ ਤੇ ਮਨਮੋਹਨ ਸਿੰਘ; "ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ" ਵੱਲੋਂ ਵਰਿੰਦਰ ਸਿੰਘ ਮੋਮੀ, ਜਗਰੂਪ ਸਿੰਘ, ਸ਼ੇਰ ਸਿੰਘ ਖੰਨਾ, ਗੁਰਵਿੰਦਰ ਸਿੰਘ ਪੰਨੂ ਤੇ ਪਵਨਦੀਪ ਸਿੰਘ; "ਪੰਜਾਬ ਰੋਡਵੇਜ਼/ਪਨਬਸ ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ" ਵੱਲੋਂ ਰੇਸ਼ਮ ਸਿੰਘ, ਸ਼ਮਸ਼ੇਰ ਸਿੰਘ, ਬਲਵਿੰਦਰ ਸਿੰਘ, ਬਲਜੀਤ ਸਿੰਘ ਤੇ ਰਾਜੇਸ਼ ਕੁਮਾਰ; ਤੇ "ਪੰਜਾਬ ਰੋਡਵੇਜ਼ (ਪਨਬਸ) ਸਟੇਟ ਟ੍ਰਾਂਸਪੋਰਟ ਵਰਕਰ ਯੂਨੀਅਨ" ਵੱਲੋਂ ਹਰਮਿੰਦਰ ਸਿੰਘ ਤੇ ਲਖਵਿੰਦਰ ਸਿੰਘ ਨੇ ਆਪਣੇ ਪੱਖ ਪੇਸ਼ ਕੀਤੇ।

# ਸਾਲ 2025-26 ਦੌਰਾਨ ਬਿਸਤ-ਦੁਆਬ ਨਹਿਰੀ ਨੈਟਵਰਕ ਹੇਠ ਸਿੰਜਾਈ ਅਧੀਨ ਰਕਬੇ 'ਚ ਹੋਇਆ 167 ਫ਼ੀਸਦੀ ਵਾਧਾ : ਗੋਇਲ

ਚੰਡੀਗੜ੍ਹ, 4 ਜੂਨ (ਚ.ਨ.ਸ.): ਪੰਜਾਬ ਦੀ ਇਤਿਹਾਸਕ ਜੀਵਨ-ਧਾਰਾ 'ਚ ਨਵੀਂ ਰੂਹ ਫੂਕਦਿਆਂ ਪੰਜਾਬ ਸਰਕਾਰ ਨੇ ਬਿਸਤ ਦੋਆਬ ਨਹਿਰ ਦੀ ਮੁੜ-ਬਹਾਲੀ ਨਾਲ ਦੁਆਬਾ ਖੇਤਰ ਦੇ ਖੇਤਾਂ ਦੀ ਨੁਹਾਰ ਬਦਲਦਿਆਂ ਕਿਸਾਨਾਂ ਦੇ ਉੱਜਲ ਭਵਿੱਖ ਲਈ ਰਾਹ ਪੱਧਰਾ ਕਰ ਦਿੱਤਾ ਹੈ। ਸੂਬੇ ਦੇ ਸਿੰਜਾਈ ਨੈੱਟਵਰਕ ਨੂੰ ਵੱਡਾ ਹੁਲਾਰਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਨਹਿਰ ਨੂੰ ਸੁਰਜੀਤ ਕਰਨ ਨਾਲ ਸਾਲ 2025-26 ਦੌਰਾਨ ਬਿਸਤ-ਦੁਆਬ ਨਹਿਰੀ ਨੈੱਟਵਰਕ ਹੇਠ ਸਿੰਜਾਈ ਅਧੀਨ ਰਕਬੇ 'ਚ 167% ਦਾ ਸ਼ਾਨਦਾਰ ਵਾਧਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਸ ਵਿਸਥਾਰ ਨਾਲ 1,10,762 ਏਕੜ ਹੋਰ ਰਕਬਾ ਨਹਿਰੀ ਸਿੰਜਾਈ ਅਧੀਨ ਲਿਆਂਦਾ ਗਿਆ ਹੈ, ਜਿਸ ਨਾਲ ਇਲਾਕੇ ਦੇ ਖੇਤੀ ਖੇਤਰ ਦੀ ਨੀਂਹ ਮਜ਼ਬੂਤ ਹੋਈ ਹੈ। ਦੁਆਬੇ ਦੀ ਸਾਹ-ਰਗ ਮੰਨੀ ਜਾਂਦੀ ਇਸ ਨਹਿਰ 'ਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਟੀਚਾਗਤ ਉਪਰਾਲਿਆਂ ਤਹਿਤ ਪਾਣੀ ਦੇ ਵਹਾਅ 'ਚ ਮਿਸਾਲੀ ਸੁਧਾਰ ਹੋਇਆ ਹੈ। ਇਨ੍ਹਾਂ ਯਤਨਾਂ ਨਾਲ ਜਲੰਧਰ, ਸ਼ਹੀਦ



ਭਗਤ ਸਿੰਘ ਨਗਰ, ਕਪੂਰਥਲਾ ਅਤੇ ਹੁਸ਼ਿਆਰਪੁਰ ਦੇ ਕੁਝ ਹਿੱਸਿਆਂ 'ਚ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਾਣੀ ਦੀ ਕਮੀ ਨੂੰ ਦੂਰ ਕਰਦਿਆਂ ਸਿੰਜਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਗਿਆ।

ਗੋਇਲ ਨੇ ਕਿਹਾ ਕਿ ਰੋਪੜ ਹੈੱਡਵਰਕਸ ਤੋਂ ਨਿਕਲਣ ਵਾਲੇ ਇਸ ਨਹਿਰੀ ਨੈੱਟਵਰਕ, ਜਿਸ 'ਚ ਇਸ ਦੇ ਰਜਬਾਹੇ, ਮਾਈਨਰ ਤੇ ਖਾਲੇ ਸ਼ਾਮਲ ਹਨ, ਦੀ ਵਿਆਪਕ ਕਾਇਆ-ਕਲਪ ਕੀਤੀ ਗਈ ਹੈ। ਇਸ ਨਾਲ ਪਾਣੀ ਦੀ ਵੰਡ ਹੋਰ ਸੁਚਾਰੂ ਅਤੇ ਕੁਸ਼ਲ ਹੋਈ ਹੈ, ਜਿਸ ਨਾਲ ਸਿੰਜਾਈ ਹੇਠਲੇ ਰਕਬੇ 'ਚ ਕਾਫ਼ੀ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਕਿ ਮੁੜ-ਸੁਰਜੀਤੀ ਦੀ ਵੱਡੀ ਪ੍ਰਾਪਤੀ ਇਹ ਵੀ ਹੈ ਕਿ ਬਿਸਤ-ਦੁਆਬ ਨਹਿਰੀ ਨੈੱਟਵਰਕ ਤਹਿਤ ਲਗਭਗ 19213 ਏਕੜ ਖੇਤੀਯੋਗ ਰਕਬੇ ਨੂੰ ਪਹਿਲੀ ਵਾਰ ਨਹਿਰੀ ਪਾਣੀ ਮਿਲਿਆ ਹੈ। ਇਹ ਉਨ੍ਹਾਂ ਕਿਸਾਨਾਂ ਲਈ ਇੱਕ ਮਹੱਤਵਪੂਰਨ ਬਦਲਾਅ ਹੈ, ਜੋ ਪਹਿਲਾਂ ਧਰਤੀ ਹੇਠਲੇ ਪਾਣੀ ਤੇ ਮੀਂਹ 'ਤੇ ਨਿਰਭਰ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਾਣੀ ਦੇ ਵਹਾਅ ਵਿੱਚ ਆਏ ਸੁਧਾਰ ਨੇ ਬਲਾਚੌਰ ਖੇਤਰ 'ਚ ਕਾਠਗੜ੍ਹ ਲਿਫਟ ਸਕੀਮ ਰਾਹੀਂ ਲਿਫਟ ਸਿੰਜਾਈ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਹੈ। ਸ਼ਹੀਦ ਭਗਤ ਸਿੰਘ ਨਗਰ ਦੇ ਬੰਗਾ ਤੇ ਮੁਕੰਦਪੁਰ ਤੇ ਜਲੰਧਰ ਜ਼ਿਲ੍ਹੇ ਦੇ ਅੱਪਰਾ, ਨੂਰਮਹਿਲ, ਮਲਸੀਆਂ, ਨਕੋਦਰ, ਆਦਮਪੁਰ ਤੇ ਕਾਲਾ ਸੰਘਿਆਂ ਵਰਗੇ ਖੇਤਰਾਂ 'ਚ ਬੁਨਿਆਦੀ ਢਾਂਚਾ ਮਜ਼ਬੂਤ ਹੋਇਆ ਹੈ ਜਦਕਿ ਜਲੰਧਰ ਬ੍ਰਾਂਚ ਨਾਲ ਜੁੜੇ ਮੁੜ-ਸੁਰਜੀਤ ਕੀਤੇ ਰਜਬਾਹਿਆਂ ਨੇ ਆਖ਼ਰੀ ਖੇਤ ਤੱਕ ਪਾਣੀ ਦੀ ਵੰਡ ਵਿੱਚ ਵਾਧਾ ਕੀਤਾ ਹੈ।

ਨਹਿਰ ਦੇ ਮਜ਼ਬੂਤੀਕਰਨ ਨਾਲ ਹੁਣ ਸ਼ਹਿਰੀ ਖੇਤਰ ਵਿੱਚ ਪਾਣੀ ਦੀਆਂ ਲੋੜਾਂ ਵੀ ਪੂਰੀਆਂ ਹੋ ਰਹੀਆਂ ਹੈ। ਸ਼ਹਿਰ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ 'ਚ ਸੁਧਾਰ ਲਈ ਜਲੰਧਰ ਬ੍ਰਾਂਚ ਨੂੰ ਵਾਧੂ 150 ਕਿਊਸਿਕ ਪਾਣੀ ਅਲਾਟ ਕੀਤਾ ਗਿਆ ਹੈ। ਇਸ ਨਾਲ ਜਲੰਧਰ ਨਗਰ ਨਿਗਮ ਦੀ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟ ਰਹੀ ਹੈ ਤੇ ਵਧੇਰੇ ਪਾਏਦਾਰ ਅਤੇ ਭਰੋਸੇਯੋਗ ਜਲ ਸਪਲਾਈ ਪ੍ਰਣਾਲੀ ਵਿਕਸਿਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਬਿਸਤ-ਦੁਆਬ ਨਹਿਰ ਦੀ ਬਹਾਲੀ ਸਿੰਜਾਈ ਪ੍ਰਣਾਲੀ ਨੂੰ ਆਧੁਨਿਕ ਬਣਾਉਣ, ਕਿਸਾਨਾਂ ਦੀ ਸਹਾਇਤਾ ਕਰਨ ਤੇ ਸਿੱਕੇਬੰਦ ਜਲ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਖੇਤੀ ਪੈਦਾਵਾਰ ਵਧੇਗੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਅਹਿਮ ਸਰੋਤ ਪਾਣੀ ਨੂੰ ਸੁਰੱਖਿਅਤ ਰੱਖਿਆ ਜਾ ਸਕੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਸਿਰਫ਼ ਇੱਕ ਬਹਾਲੀ ਨਹੀਂ, ਸਗੋਂ ਇੱਕ ਨਿਰੋਲ ਕਾਇਆ-ਕਲਪ ਹੈ, ਜੋ ਪੰਜਾਬ ਦੀ ਖੇਤੀ ਰਹਿਤਲ ਦੀ ਸੰਭਾਲ ਸਮਰੱਥਾ ਅਤੇ ਰਿਜ਼ਕ ਨੂੰ ਵਧਾਉਣ ਅਤੇ ਸੁਨਹਿਰੇ ਭਵਿੱਖ ਵੱਲ ਵਧਣ ਦਾ ਸੁਹਿਰਦ ਉਪਰਾਲਾ ਹੈ।

# ਪੰਜਾਬ ਪੁਲਿਸ ਵੱਲੋਂ ਆਰ.ਡੀ.ਐਕਸ.-ਅਧਾਰਤ ਆਈ.ਈ.ਡੀ. ਸਮੇਤ ਦੋ ਕਾਬੂ

ਚੰਡੀਗੜ੍ਹ, 4 ਜੂਨ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਸਰਹੱਦ ਪਾਰ ਦੇ ਅੱਤਵਾਦੀ ਨੈੱਟਵਰਕਾਂ ਵਿਰੁੱਧ ਵੱਡੀ ਸਫਲਤਾ ਦਰਜ ਕਰਦਿਆਂ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਐਸਏਐਸ ਨਗਰ ਨੇ ਵਿਦੇਸ਼ੀ ਅੱਤਵਾਦੀ ਹੈਂਡਲਰ ਦੇ ਦੋ ਸਾਥੀਆਂ ਨੂੰ ਲਗਭਗ 2.5 ਕਿਲੋਗ੍ਰਾਮ ਵਜ਼ਨ ਵਾਲੇ ਆਰ.ਡੀ.ਐਕਸ.-ਅਧਾਰਤ ਇੰਪ੍ਰੋਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈ.ਈ.ਡੀ.) ਸਮੇਤ ਗ੍ਰਿਫਤਾਰ ਕਰਕੇ ਵੱਡੀ ਅੱਤਵਾਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਗੁੱਜਰਪੁਰਾ ਦੇ ਰਹਿਣ ਵਾਲੇ ਮਨੀ ਸਿੰਘ (32) ਤੇ ਅੰਮ੍ਰਿਤਸਰ ਦੇ ਗਿੱਲਵਾਲੀ ਗੇਟ ਦੇ ਰਹਿਣ ਵਾਲੇ ਅਭਿਸ਼ੇਕ ਕੁਮਾਰ (28) ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਬਰਾਮਦ ਕੀਤਾ ਗਿਆ ਆਈ.ਈ.ਡੀ. ਵਿਸਫੋਟ ਕਰਨ ਲਈ ਪੂਰੀ ਤਰ੍ਹਾਂ ਤਿਆਰ ਸੀ। ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੇ




ਨਤੀਜੇ ਵਜੋਂ ਐਸਏਐਸ ਨਗਰ ਵਿੱਚ ਜਨਤਕ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣ ਦੇ ਉਦੇਸ਼ ਨਾਲ ਬਣਾਈ ਨਾਪਾਕ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਗਿਆ ਹੈ ਤੇ ਲੋਕਾਂ ਦੀ ਸੁਰੱਖਿਆ ਨੂੰ ਦਰਪੇਸ਼ ਸੰਭਾਵੀ ਖ਼ਤਰਾ ਨੂੰ ਟਲ ਗਿਆ ਹੈ। ਡੀਜੀਪੀ ਨੇ ਕਿਹਾ ਕਿ ਪੂਰੇ ਅੱਤਵਾਦੀ ਨੈੱਟਵਰਕ ਦਾ ਪਰਦਾਫਾਸ਼ ਕਰਨ ਤੇ ਸਾਜ਼ਿਸ਼ ਵਿੱਚ ਸ਼ਾਮਲ ਹੈਂਡਲਰਾਂ, ਕਾਰਕੁੰਨਾਂ ਤੇ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਅਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਕਾਊਂਟਰ ਇੰਟੈਲੀਜੈਂਸ ਅਸ਼ੀਸ਼ ਚੌਧਰੀ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਦੋਵੇਂ ਸ਼ੱਕੀਆਂ, ਜੋ ਬੱਸ ਰਾਹੀਂ ਵਿਸਫੋਟਕ ਯੰਤਰ ਸਮੇਤ ਅੰਮ੍ਰਿਤਸਰ ਤੋਂ ਮੋਹਾਲੀ ਪੁੱਜੇ ਸਨ, ਨੂੰ ਵਾਈ.ਪੀ.ਐਸ. ਚੌਕ ਮੋਹਾਲੀ ਦੇ ਸਾਹਮਣੇ ਇੱਕ ਪਾਰਕ ਦੇ ਨੇੜਿਓਂ ਗ੍ਰਿਫ਼ਤਾਰ ਕੀਤਾ। ਉਨ੍ਹਾਂ ਕਿਹਾ ਕਿ ਅਪ੍ਰੇਸ਼ਨ ਦੌਰਾਨ, ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਆਰਡੀਐਕਸ ਨਾਲ ਲੈਸ ਆਈ.ਈ.ਡੀ. ਬਰਾਮਦ ਕੀਤੀ। ਇਸ ਵਿਸਫੋਟਕ ਕਾਰਨ ਪੈਦਾ ਹੋਏ ਗੰਭੀਰ ਖ਼ਤਰੇ ਨੂੰ ਦੇਖਦਿਆਂ ਬੰਬ ਡਿਸਪੋਜ਼ਲ ਸਕੁਐਡ ਨੂੰ ਤੁਰੰਤ ਮੌਕੇ 'ਤੇ ਬੁਲਾਇਆ ਗਿਆ, ਜਿਸਨੇ ਸਾਰੇ ਨਿਰਧਾਰਤ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਦੇ ਹੋਏ ਆਈ.ਈ.ਡੀ. ਨੂੰ ਸਫਲਤਾਪੂਰਵਕ ਬੇਅਸਰ ਕਰਕੇ ਨਸ਼ਟ ਕਰ ਦਿੱਤਾ।

ਆਈ.ਜੀ.ਪੀ. ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਮਨੀ ਸਿੰਘ ਹਾਲ ਹੀ ਵਿੱਚ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਆਇਆ ਸੀ ਅਤੇ ਉਸਨੇ ਆਪਣੇ ਰਿਸ਼ਤੇਦਾਰ ਅਭਿਸ਼ੇਕ ਕੁਮਾਰ ਦੀ ਵੀ ਉਸ ਨਾਲ ਜਾਣ-ਪਛਾਣ ਕਰਵਾਈ ਸੀ। ਆਈ.ਜੀ.ਪੀ. ਨੇ ਦੱਸਿਆ ਕਿ ਆਪਸੀ ਗੱਲਬਾਤ ਦੌਰਾਨ, ਵਿਦੇਸ਼ੀ-ਅਧਾਰਤ ਹੈਂਡਲਰ ਨੇ ਉਨ੍ਹਾਂ ਨੂੰ ਕੁਝ ਕੰਮ ਕਰਨ ਦੇ ਬਦਲੇ ਵਿੱਤੀ ਸਹਾਇਤਾ ਦੇਣ ਦੀ ਪੇਸ਼ਕਸ਼ ਕੀਤੀ ਅਤੇ ਆਰਥਿਕ ਦਿੱਕਤਾਂ ਕਾਰਨ ਦੋਵੇਂ ਮੁਲਜ਼ਮ ਹੈਂਡਲਰ ਦਾ ਕੰਮ ਕਰਨ ਲਈ ਸਹਿਮਤ ਹੋ ਗਏ। ਇਸ ਸਬੰਧ ਵਿੱਚ ਐਫਆਈਆਰ ਨੰਬਰ 8 ਮਿਤੀ 3.6.2026 ਨੂੰ ਪੁਲਿਸ ਸਟੇਸ਼ਨ ਐਸ.ਐਸ.ਓ.ਸੀ. ਐਸਏਐਸ ਨਗਰ ਵਿਖੇ ਬੀਐਨਐਸ ਦੀ ਧਾਰਾ 113(3) ਤੇ 61(2) ਤੇ ਵਿਸਫੋਟਕ ਪਦਾਰਥ ਐਕਟ ਦੀ ਧਾਰਾ 4 ਤੇ 5 ਦੇ ਤਹਿਤ ਕੇਸ ਦਰਜ ਕੀਤਾ ਗਿਆ ਹੈ।

ਚੋਰੀਆਂ ਤੋਂ ਅੱਕੇ ਕਿਸਾਨਾਂ ਦੀ ਚੋਰਾਂ ਨੂੰ ਪੇਸ਼ਕਸ਼

# ਸਾਡੀਆਂ ਮੋਟਰਾਂ ਚੋਰੀ ਨਾ ਕਰੋ, ਆਪਣਾ ਸਕੈਨਰ ਲਗਾ ਦਿਓ, ਅਸੀਂ ਰਲ ਕੇ ਪੈਸੇ ਪਾ ਦੇਵਾਂਗੇ

## ਪਿੰਡ ਪੱਖੀ ਕਲਾਂ ਵਿੱਚ ਇੱਕੋ ਰਾਤ ਅੰਦਰ 25 ਮੋਟਰਾਂ ਨੂੰ ਖੋਲ੍ਹ ਕੇ ਚੋਰੀ ਕਰਨ ਦਾ ਮਾਮਲਾ ਆਇਆ ਸਾਹਮਣੇ

ਫਰੀਦਕੋਟ, 4 ਜੂਨ (ਚ.ਨ.ਸ.): ਫ਼ਰੀਦਕੋਟ ਦੇ ਪਿੰਡ ਪੱਖੀ ਕਲਾਂ ਵਿੱਚ ਇੱਕ ਅਨੋਖਾ ਪਰ ਦੁਖਦਾਈ ਮਾਮਲਾ ਸਾਹਮਣੇ ਆਇਆ ਹੈ। ਇੱਥੇ ਚੋਰੀਆਂ ਤੋਂ ਪਰੇਸ਼ਾਨ ਕਿਸਾਨਾਂ ਨੇ ਸਿੱਧੇ ਚੋਰਾਂ ਨੂੰ ਹੀ ਇੱਕ ਜਨਤਕ ਅਪੀਲ ਜਾਰੀ ਕਰ ਦਿੱਤੀ ਹੈ। ਕਿਸਾਨਾਂ ਨੇ ਪੇਸ਼ਕਸ਼ ਕੀਤੀ ਹੈ ਕਿ ਚੋਰ ਉਨ੍ਹਾਂ ਦੇ ਖੇਤਾਂ ਵਿੱਚੋਂ ਟਿਊਬਵੈੱਲ ਦੀਆਂ ਮੋਟਰਾਂ ਚੋਰੀ ਨਾ ਕਰਨ, ਬਲਕਿ ਉਸ ਦੇ ਬਦਲੇ ਯੂ.ਪੀ.ਆਈ. ਰਾਹੀਂ ਸਿੱਧੇ ਪੈਸੇ ਲੈ ਲੈਣ। ਕਿਸਾਨਾਂ ਨੇ ਇਹ ਨਿਰਾਸ਼ਾਜਨਕ ਕਦਮ ਇੱਕੋ ਰਾਤ ਵਿੱਚ ਹੋਈ ਵੱਡੀ ਚੋਰੀ ਤੋਂ ਬਾਅਦ ਚੁੱਕਿਆ ਹੈ। ਇਸ ਵਾਰਦਾਤ ਦੌਰਾਨ ਚੋਰਾਂ ਨੇ ਪਿੰਡ ਦੇ ਖੇਤਾਂ ਵਿੱਚੋਂ 25 ਮੋਟਰਾਂ ਨੂੰ ਖੋਲ੍ਹ ਕੇ ਚੋਰੀ ਕਰ ਲਿਆ ਸੀ। ਵਾਰ-ਵਾਰ ਹੋਣ ਵਾਲੀ ਇਸ ਚੋਰੀ ਦੀ ਸਮੱਸਿਆ ਨੂੰ ਰੋਕਣ ਵਿੱਚ ਸਥਾਨਕ ਪੁਲੀਸ ਤੇ ਸਰਕਾਰ ਅਧਿਕਾਰੀਆਂ ਨਾਕਾਮ ਰਹੇ, ਤਾਂ ਕਿਸਾਨਾਂ ਦਾ ਉਨ੍ਹਾਂ ਤੋਂ ਭਰੋਸਾ ਉੱਠ ਗਿਆ। ਇਸ ਤੋਂ ਬਾਅਦ ਕਿਸਾਨਾਂ ਨੇ ਰਲ ਕੇ ਇੱਕ ਪੋਸਟਰ ਤਿਆਰ ਕੀਤਾ, ਜੋ ਹੁਣ ਸੋਸ਼ਲ ਮੀਡੀਆ 'ਤੇ ਖ਼ੂਬ ਵਾਇਰਲ ਹੋ ਰਿਹਾ ਹੈ। ਇਸ ਪੋਸਟਰ ਰਾਹੀਂ ਕਿਸਾਨਾਂ ਨੇ ਚੋਰਾਂ ਨੂੰ ਇੱਕ ਅਨੋਖੀ ਤੇ ਸਿੱਧੀ ਅਪੀਲ ਕੀਤੀ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਝੋਨੇ ਦੀ ਲਵਾਈ ਦੇ ਰੁਝੇਵੇਂ ਵਾਲੇ ਸੀਜ਼ਨ ਵਿੱਚ ਮੋਟਰਾਂ ਚੋਰੀ ਹੋਣ ਨਾਲ ਉਨ੍ਹਾਂ ਨੂੰ ਭਾਰੀ ਪਰੇਸ਼ਾਨੀ ਹੁੰਦੀ ਹੈ ਅਤੇ ਉਨ੍ਹਾਂ ਦੀ ਫ਼ਸਲ ਦਾ ਸਾਰਾ ਚੱਕਰ ਵਿਗੜ ਜਾਂਦਾ ਹੈ। ਚੋਰਾਂ ਵੱਲੋਂ ਮੋਟਰਾਂ




ਰਾਤੋ-ਰਾਤ ਹੋਈ ਚੋਰੀ ਵਿੱਚ ਤੋੜ ਕੇ ਉਨ੍ਹਾਂ ਨੂੰ ਕਬਾੜ ਦੇ ਭਾਅ ਬਹੁਤ ਸਸਤਾ ਵੇਚਣ ਦੀ ਬਜਾਏ, ਕਿਸਾਨਾਂ ਨੇ ਉਨ੍ਹਾਂ ਨੂੰ ਇੱਕ ਪੇਸ਼ਕਸ਼ ਦਿੱਤੀ ਹੈ। ਕਿਸਾਨਾਂ ਨੇ ਚੋਰਾਂ ਨੂੰ ਕਿਹਾ ਹੈ ਕਿ ਉਹ ਟਿਊਬਵੈੱਲ ਵਾਲੀ ਥਾਂ 'ਤੇ ਇੱਕ ਸਕੈਨਰ (P9 QR code) ਲਗਾ ਦੇਣ। ਬਦਲੇ ਵਿੱਚ ਕਿਸਾਨ ਰਲ ਕੇ ਇੰਝ ਹੀ ਉਨ੍ਹਾਂ (ਚੋਰਾਂ) ਦੇ ਖਾਤੇ ਵਿੱਚ ਪੈਸੇ ਪਾ ਦੇਣਗੇ, ਬੱਸ ਸ਼ਰਤ ਇਹ ਹੈ ਕਿ ਚੋਰ ਉਨ੍ਹਾਂ ਦੀ ਮਸ਼ੀਨਰੀ ਨੂੰ ਬਿਨਾਂ ਕੋਈ ਨੁਕਸਾਨ ਪਹੁੰਚਾਏ ਉੱਥੇ ਹੀ ਛੱਡ ਦੇਣ।

ਆਪਣੀਆਂ ਮੋਟਰਾਂ ਗਵਾਉਣ ਵਾਲੇ ਪੀੜਤ ਕਿਸਾਨਾਂ ਬੇਅੰਤ ਸਿੰਘ, ਮਿੱਠੂ ਸਿੰਘ, ਗੁਰਬਿੰਦਰ ਸਿੰਘ, ਹਰਦੀਪ ਸਿੰਘ ਅਤੇ ਪ੍ਰੀਤਮ ਸਿੰਘ ਨੇ ਕਿਹਾ, "ਅਸੀਂ ਪੂਰੀ ਤਰ੍ਹਾਂ ਬੇਵੱਸ ਹਾਂ। ਸਰਕਾਰ ਅਤੇ ਪੁਲੀਸ ਹਰ ਸਾਲ ਸਾਡੀ ਰੱਖਿਆ ਕਰਨ ਵਿੱਚ ਨਾਕਾਮ ਰਹੀ ਹੈ। ਸਾਡੀ ਰੋਜ਼ੀ-ਰੋਟੀ ਝੋਨੇ ਦੀ ਬਿਜਾਈ ਦੇ ਇਨ੍ਹਾਂ ਜ਼ਰੂਰੀ ਹਫ਼ਤਿਆਂ 'ਤੇ ਟਿਕੀ ਹੋਈ ਹੈ। ਜੇਕਰ ਸਾਡੀਆਂ ਮੋਟਰਾਂ ਚੋਰੀ ਹੋ ਜਾਂਦੀਆਂ ਹਨ, ਤਾਂ ਸਾਡਾ ਪੂਰੇ ਸੀਜ਼ਨ ਦਾ ਪਲਾਨ ਬਰਬਾਦ ਹੋ ਜਾਂਦਾ ਹੈ। ਮਾਨਸਿਕ ਪਰੇਸ਼ਾਨੀ ਝੱਲਣ ਤੇ ਆਪਣੀਆਂ ਫ਼ਸਲਾਂ ਦਾ ਨੁਕਸਾਨ ਕਰਵਾਉਣ ਨਾਲੋਂ ਅਸੀਂ ਆਪਣੇ ਸਾਜ਼ੋ-ਸਾਮਾਨ ਨੂੰ ਬਚਾਉਣ ਲਈ ਚੋਰਾਂ ਨੂੰ ਯੂ.ਪੀ.ਆਈ. ਰਾਹੀਂ ਪੈਸੇ ਦੇਣਾ ਜ਼ਿਆਦਾ ਬਿਹਤਰ ਸਮਝਾਂਗੇ।"

ਆਰਥਿਕ ਨੁਕਸਾਨ ਦੇ ਨਾਲ-ਨਾਲ ਹੁਣ ਕਿਸਾਨਾਂ ਵਿੱਚ ਡਰ ਦਾ ਮਾਹੌਲ ਵੀ ਬਣ ਗਿਆ ਹੈ। ਇਹ ਚੋਰ 10 ਤੋਂ 12 ਬੰਦਿਆਂ ਦੇ ਸੰਗਠਿਤ ਗੈਂਗ (ਗਰੁੱਪ) ਵਿੱਚ ਆਉਂਦੇ ਹਨ ਅਤੇ ਪਤਾ ਲੱਗਿਆ ਹੈ ਕਿ ਉਨ੍ਹਾਂ ਕੋਲ ਹਥਿਆਰ ਵੀ ਹੁੰਦੇ ਹਨ, ਜਿਸ ਕਰਕੇ ਉਨ੍ਹਾਂ ਦਾ ਸਾਹਮਣਾ ਕਰਨਾ ਬਹੁਤ ਖ਼ਤਰਨਾਕ ਹੈ। ਸਥਾਨਕ ਕਿਸਾਨ ਸਿਮਰਨਜੀਤ ਸਿੰਘ ਬਰਾੜ ਨੇ ਦੱਸਿਆ, "ਪਹਿਲਾਂ ਕਿਸਾਨ ਜਾਂ ਉਨ੍ਹਾਂ ਦੇ ਮਜ਼ਦੂਰ ਆਪਣੀਆਂ ਮੋਟਰਾਂ ਦੀ ਰਾਖੀ ਲਈ ਖੇਤਾਂ ਵਿੱਚ ਬਣੇ ਛੋਟੇ ਕਮਰਿਆਂ (ਕੋਠਿਆਂ) ਵਿੱਚ ਰਾਤ ਨੂੰ ਸੌਂਦੇ ਸਨ। ਪਰ ਹੁਣ ਹਾਲਾਤ ਅਜਿਹੇ ਹਨ ਕਿ ਹਨੇਰਾ ਹੁੰਦੇ ਹੀ ਖੇਤ ਪੂਰੀ ਤਰ੍ਹਾਂ ਸੁੰਨਸਾਨ ਹੋ ਜਾਂਦੇ ਹਨ।" ਉੱਥੇ ਹੀ ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਜਦੋਂ ਇਨ੍ਹਾਂ ਗੈਂਗਾਂ ਦੇ ਮੈਂਬਰਾਂ ਨੂੰ ਫੜਿਆ ਜਾਂਦਾ ਹੈ, ਤਾਂ ਕਬਾੜੀਆਂ ਤੋਂ ਕੁਝ ਚੋਰੀ ਹੋਈਆਂ ਮੋਟਰਾਂ ਬਰਾਮਦ ਹੁੰਦੀਆਂ ਹਨ, ਜਿੱਥੇ ਉਨ੍ਹਾਂ ਨੂੰ ਨੁਕਸਾਨ ਪਹੁੰਚਾਉਣ ਤੋਂ ਬਾਅਦ ਕਬਾੜ ਦੇ ਰੂਪ ਵਿੱਚ ਵੇਚ ਦਿੱਤਾ ਜਾਂਦਾ ਹੈ।

# ਰਵਨੀਤ ਸਿੰਘ ਬਿੱਟੂ 15 ਨੂੰ ਐਸ.ਸੀ. ਕਮਿਸ਼ਨ ਅੱਗੇ ਰੱਖਣਗੇ ਆਪਣਾ ਪੱਖ

ਚੰਡੀਗੜ੍ਹ, 4 ਜੂਨ (ਚ.ਨ.ਸ.): ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਜਾਤੀਸੂਚਕ ਸ਼ਬਦ ਵਰਤਣ ਸਬੰਧੀ ਮਾਮਲੇ ਵਿੱਚ ਆਪਣਾ ਪੱਖ ਰੱਖਣ



ਲਈ 15 ਜੂਨ 2026 ਨੂੰ ਸਵੇਰੇ 11 ਵਜੇ ਆਪਣਾ ਪੱਖ ਰੱਖਣ ਲਈ ਸਮਾਂ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਕਮਿਸ਼ਨ ਨੇ ਰਵਨੀਤ ਸਿੰਘ ਬਿੱਟੂ ਵਲੋਂ ਆਪਣੇ ਧੂਰੀ ਦੌਰੇ ਦੌਰਾਨ ਜਾਤੀਸੂਚਕ ਸ਼ਬਦ ਵਰਤਣ ਦੇ ਮਾਮਲੇ ਵਿਚ ਅੱਜ ਤਲਬ ਕੀਤਾ ਗਿਆ ਸੀ ਜਿਸ ਵਿੱਚ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਤਰਫੋਂ ਐਡਵੋਕੇਟ ਰਮਨਦੀਪ ਸਿੰਘ ਅਤੇ ਐਡਵੋਕੇਟ ਏ.ਐਸ.ਬਰਨਾਲਾ ਪੇਸ਼ ਹੋਏ ਤੇ ਉਨ੍ਹਾਂ ਕਮਿਸ਼ਨ ਤੋਂ ਸਮੇਂ ਦੀ ਮੰਗ ਕੀਤੀ ਗਈ ਜਿਸ ਨੂੰ ਪ੍ਰਵਾਨ ਕਰਦਿਆਂ 15 ਜੂਨ 2026 ਦਾ ਸਮਾਂ ਦਿੱਤਾ ਗਿਆ ਹੈ।

# ਆਪ੍ਰੇਸ਼ਨ ਬਲੂ ਸਟਾਰ ਦੇ ਜ਼ਖ਼ਮ ਸਿੱਖ ਕੌਮ ਕਦੇ ਭੁੱਲ ਨਹੀਂ ਸਕਦੀ : ਕਾਲਕਾ, ਕਾਹਲੋਂ

ਨਵੀਂ ਦਿੱਲੀ, 4 ਜੂਨ (ਅੰਮ੍ਰਿਤਪਾਲ ਸਿੰਘ): ਜੂਨ 1984 ਵਿਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਹੁਕਮਾਂ 'ਤੇ ਟੈਂਕਾਂ ਤੇ ਤੋਪਾਂ ਨਾਲ ਸਾਡੀ ਸ਼ਕਤੀ ਦੇ ਸਰਵਉਚ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕਰਨ ਤੇ ਸ੍ਰੀ ਦਰਬਾਰ ਅੰਦਰ ਹਜ਼ਾਰਾਂ ਨਿਰਦੋਸ਼ ਸਿੰਘਾਂ, ਸਿੰਘਣੀਆਂ, ਬੱਚਿਆਂ, ਬਜ਼ੁਰਗਾਂ ਨੂੰ ਕਤਲ ਕਰਨ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਤੇ ਪਵਿੱਤਰ ਸਰੂਪਾਂ ਦੀ ਬੇਅਦਬੀ ਕਰਨ ਲਈ ਕੀਤੇ ਗਏ ਅਪਰੇਸ਼ਨ ਬਲੂ ਸਟਾਫ ਦੇ ਜ਼ਖ਼ਮਾਂ ਨੂੰ ਸਿੱਖ ਕੌਮ ਕਦੇ ਭੁਲਾ ਨਹੀਂ ਸਕਦੀ। ਇਹ ਪ੍ਰਗਟਾਵਾ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕੀਤਾ ਹੈ। ਗੁਰਦੁਆਰਾ ਬੰਗਲਾ ਸਾਹਿਬ ਵਿਚ ਅਪਰੇਸ਼ਨ ਬਲੂ ਸਟਾਰ ਦੌਰਾਨ ਸ਼ਹੀਦ ਹੋਏ ਸਿੱਖ ਜਰਨੈਲਾਂ ਤੇ ਸਿੰਘਾਂ, ਸਿੰਘਣੀਆਂ ਤੇ ਸੰਗਤ ਨਮਿਤ ਰੱਖੇ ਗਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਆਖੰਡ ਪਾਠ ਦੇ ਭੋਗ ਪਾਉਣ ਉਪਰੰਤ ਜੁੜੀ ਸੰਗਤ ਨੂੰ ਸੰਬੋਧਨ ਕਰਦਿਆਂ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਅਪਰੇਸ਼ਨ ਬਲੂ ਸਟਾਫ ਦੁਨੀਆਂ ਦਾ ਇਕਲੌਤਾ ਅਜਿਹਾ ਅਪਰੇਸ਼ਨ ਹੋਇਆ ਹੈ ਜਿਸ ਵਿਚ ਇਕ ਕੌਮ ਨੂੰ ਨਿਸ਼ਾਨਾ ਬਣਾਇਆ ਗਿਆ। ਉਹਨਾਂ ਕਿਹਾ ਕਿ ਨਾ ਸਿਰਫ ਸਾਡੇ ਸ਼ਕਤੀ ਦੇ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਢਹਿ ਢੇਰੀ ਕੀਤਾ ਗਿਆ ਤੇ ਸ੍ਰੀ ਦਰਬਾਰ ਸਾਹਿਬ ਨੂੰ ਨਿਸ਼ਾਨਾ ਬਣਾਇਆ ਗਿਆ ਬਲਕਿ ਇਸ ਅਪਰੇਸ਼ਨ ਦੇ ਤਹਿਤ ਹੀ ਅਣਗਿਣਤੀ ਗੁਰਧਾਮਾਂ 'ਤੇ ਵੀ ਗੋਲੀਆਂ ਤੇ ਗੋਲੇ ਚਲਵਾਏ ਗਏ ਤੇ ਹਜ਼ਾਰਾਂ ਸੰਗਤਾਂ ਸ਼ਹੀਦ ਕੀਤੀਆਂ ਗਈਆਂ।

ਉਨ੍ਹਾਂ ਕਿਹਾ ਕਿ ਸਾਡੇ ਮਹਾਨ ਜਰਨੈਲਾਂ ਸਮੇਤ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ



ਨੇ ਸ਼ਹਾਦਤਾਂ ਦਿੱਤੀਆਂ ਪਰ ਹੁਕਮਰਾਨਾ ਦੀ ਈਨ ਨਹੀਂ ਮੰਨੀ। ਉਹਨਾਂ ਕਿਹਾ ਕਿ ਜੋ ਸਾਡੀ ਕੌਮ ਨਾਲ 1984 ਵਿਚ ਹੋਇਆ, ਉਹ ਕਦੇ ਮੁਆਫ ਨਾ ਕੀਤੇ ਜਾਣ ਵਾਲੇ ਸਾਕੇ ਹਨ। ਪਹਿਲਾਂ ਅਪਰੇਸ਼ਨ ਬਲੂ ਸਟਾਰ ਹੋਇਆ ਤੇ ਫਿਰ ਜਦੋਂ ਸਾਡੇ ਸਿੰਘਾਂ ਨੇ ਇਸ ਅਪਰੇਸ਼ਨ ਦਾ ਬਦਲਾ ਲਿਆ ਤਾਂ ਨਵੰਬਰ 1984 ਵਿਚ ਦੇਸ਼ ਦੀ ਰਾਜਧਾਨੀ ਦਿੱਲੀ ਸਮੇਤ ਦੇਸ਼ ਦੇ ਅਨੇਕਾਂ ਸ਼ਹਿਰਾਂ ਵਿਚ ਇਕ ਵਾਰ ਫਿਰ ਤੋਂ ਸਿੱਖਾਂ ਨੂੰ ਚੁਣ-ਚੁਣ ਕੇ ਮਾਰਿਆ ਗਿਆ ਤੇ ਦਰਿੰਦਗੀ ਦੀਆਂ ਸਭ ਹੱਦਾਂ ਪਾਰ ਕਰ ਦਿੱਤੀਆਂ ਗਈਆਂ। ਉਹਨਾਂ ਕਿਹਾ ਕਿ ਅੱਜ ਇਸ 42 ਸਾਲਾਂ ਬਾਅਦ ਵੀ ਸਾਡੇ ਜ਼ਖ਼ਮ ਅੱਲ੍ਹੇ ਹਨ। ਉਹਨਾਂ ਕਿਹਾ ਕਿ ਬੇਸ਼ੱਕ ਅੱਜ ਸਮੇਂ ਦੀ ਸਰਕਾਰ ਨੇ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਦੀ ਬਾਂਹ ਫੜੀ ਹੈ ਪਰ ਅਪਰੇਸ਼ਨ ਬਲੂ ਸਟਾਰ ਲਈ ਗੁਨਾਹਗਾਰ ਲੋਕਾਂ ਨੂੰ ਕਦੇ ਮੁਆਫ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਕਿਹਾ ਕਿ ਇਹ ਅਪਰੇਸ਼ਨ ਬਲੂ ਸਟਾਰ ਹੀ ਸੀ ਜਿਸਦੇ ਮਗਰੋਂ ਪੰਜਾਬ ਵਿਚ ਅਜਿਹੀ ਹਨੇਰੀ ਵੱਗੀ ਜਿਸ ਵਿਚ ਸਾਡੇ ਹਜ਼ਾਰਾਂ ਨੌਜਵਾਨ ਸ਼ਹੀਦ ਹੋ ਗਏ। ਉਹਨਾਂ ਕਿਹਾ ਕਿ ਜਦੋਂ ਸਾਡੇ ਨੌਜਵਾਨਾਂ ਦੀ ਸ਼ਹਾਦਤ ਦਾ ਬਦਲਾ ਲੈਣ ਲਈ ਕੁਝ ਨੌਜਵਾਨ ਭਾਵਨਾਵਾਂ ਵਿਚ ਵਹਿ ਤੁਰੇ ਤਾਂ ਉਹਨਾਂ ਦੀ ਬਾਂਹ ਫੜਨ ਵਾਲੇ ਨਹੀਂ ਰਹੇ। ਉਹਨਾਂ ਕਿਹਾ ਕਿ ਹਮੇਸ਼ਾ ਸਿੱਖ ਕੌਮ ਦੇ ਨਾਮ 'ਤੇ ਸਰਕਾਰਾਂ ਬਣਾਉਣ ਵਾਲਿਆਂ ਨੇ ਇਹਨਾਂ ਬੰਦੀ ਸਿੰਘਾਂ ਨੂੰ ਆਪਣੀਆਂ ਸਰਕਾਰਾਂ ਸਮੇਂ ਬਿਲਕੁਲ ਹੀ ਵਿਸਾਰ ਦਿੱਤਾ ਤੇ ਜਦੋਂ ਸਰਕਾਰਾਂ ਚੱਲੀਆਂ ਗਈਆਂ ਤਾਂ ਬੰਦੀ ਸਿੰਘ ਫਿਰ ਚੇਤੇ ਆ ਗਏ। ਉਹਨਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਦੇ ਉਪਰਾਲੇ ਕਰਨਾ ਸਾਡਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਹਨਾਂ ਕਿਹਾ ਕਿ ਇਸੇ ਤਰੀਕੇ ਸਾਡੇ ਮਹਾਨ ਜਰਨੈਲਾਂ, ਸਾਡੇ ਅਮੀਰ ਇਤਿਹਾਸ ਤੋਂ ਆਪਣੀ ਨੌਜਵਾਨ ਪੀੜ੍ਹੀ ਨੂੰ ਜਾਣੂ ਕਰਵਾਉਣਾ ਵੀ ਸਾਡੀ ਸਾਂਝੀ ਜ਼ਿੰਮੇਵਾਰੀ ਹੈ।

ਉਹਨਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਮੇਸ਼ਾ ਮੋਹਰੀ ਹੋ ਕੇ ਆਪਣੀ ਜ਼ਿੰਮੇਵਾਰੀ ਨਿਭਾਈ ਹੈ ਤੇ ਅੱਗੇ ਵੀ ਨਿਭਾਵੇਗੀ। ਉਹਨਾਂ ਨੇ ਸਿੱਖ ਕੌਮ ਦੀਆਂ ਸਮੁੱਚੀਆਂ ਜਥੇਬੰਦੀਆਂ, ਸੰਪਰਦਾਵਾਂ ਤੇ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਬੰਦੀ ਸਿੰਘਾਂ ਤੇ ਸਿੱਖ ਕੌਮ ਨੂੰ ਦਰਪੇਸ਼ ਹੋਰ ਅਹਿਮ ਮਸਲਿਆਂ ਦੇ ਹੱਲ ਲਈ ਏਕਤਾ ਸਮੇਂ ਦੀ ਸਭ ਤੋਂ ਵੱਡੀ ਜ਼ਰੂਰਤ ਹੈ।ਉਹਨਾਂ ਕਿਹਾ ਕਿ ਸਿੱਖ ਕੌਮ ਇਕਜੁੱਟ ਹੋਵੇਗੀ ਤਾਂ ਹੀ ਸਾਰੀ ਦੁਨੀਆਂ ਵਿਚ ਇਸਦੀ ਤਾਕਤ ਦਾ ਲੋਹਾ ਹੋਰ ਮਜ਼ਬੂਤੀ ਨਾਲ ਮੰਨਿਆ ਜਾਵੇਗਾ ਤੇ ਚਿਰਾਂ ਤੋਂ ਲਟਕ ਰਹੇ ਕੌਮ ਦੇ ਮਸਲੇ ਹੱਲ ਹੋਣਗੇ। ਉਹਨਾਂ ਕਿਹਾ ਕਿ ਅੱਜ ਦਾ ਦਿਹਾੜਾ ਸਾਨੂੰ ਜ਼ਬਰ ਤੇ ਜ਼ੁਲਮ ਦੇ ਖਿਲਾਫ ਡਟਣ ਦੇ ਸਾਡੇ ਗੌਰਵਮਈ ਇਤਿਹਾਸ ਤੋਂ ਫਿਰ ਇਕ ਵਾਰ ਚੇਤੇ ਕਰਵਾਉਂਦਾ ਹੈ। ਅਜਿਹੇ ਮੌਕੇ ਉਹ ਸ਼ਹੀਦ ਜਰਨੈਲਾਂ ਤੇ ਸਮੂਹ ਸਿੰਘਾਂ ਸਿੰਘਣੀਆਂ ਸ਼ਰਧਾਂਜਲੀ ਭੇਂਟ ਕਰਦੇ ਹੋਏ ਸਰਬੱਸ ਦੇ ਭਲੇ ਦੀ ਅਰਦਾਸ ਕਰਦੇ ਹਨ। ਇਸ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਦੀ ਸਮਾਪਤੀ ਉਪਰੰਤ ਗੁਰਦੁਆਰਾ ਬੰਗਲਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਰਣਜੀਤ ਸਿੰਘ ਨੇ ਅਰਦਾਸ ਕੀਤੀ। ਇਸ ਮੌਕੇ ਦਿੱਲੀ ਗੁਰਦੁਆਰਾ ਕਮੇਟੀ ਦੇ ਅਹੁਦੇਦਾਰ, ਮੈਂਬਰ ਤੇ ਹੋਰ ਸ਼ਖਸੀਅਤਾਂ ਵੱਡੀ ਗਿਣਤੀ ਵਿਚ ਹਾਜ਼ਰ ਸਨ।

# 42ਵੇਂ ਸ਼ਹੀਦੀ ਸਮਾਗਮ ਮੌਕੇ ਦਮਦਮੀ ਟਕਸਾਲ ਮਹਿਤਾ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

## ਜਦੋਂ ਤੱਕ ਦੁਨੀਆਂ ਰਹੇਗੀ ਉਦੋ ਤਕ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਮਹਿਤਾ ਵਿਖੇ ਸ਼ਹੀਦੀ ਸਮਾਗਮ ਹੁੰਦੇ ਰਹਿਣਗੇ : ਗਿ. ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ

ਚੌਕ ਮਹਿਤਾ, 4 ਜੂਨ (ਬਲਜਿੰਦਰ ਸਿੰਘ ਰੰਧਾਵਾ): ਦਮਦਮੀ ਟਕਸਾਲ ਮਹਿਤਾ ਵਿਖੇ 6 ਜੂਨ ਨੂੰ ਸਾਕਾ ਨੀਲਾ ਤਾਰਾ (ਤੀਸਰਾ ਘੱਲੂਘਾਰਾ) ਦੇ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ 'ਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਰਹਿਨੁਮਾਈ ਹੇਠ ਅੰਤਰਰਾਸ਼ਟਰੀ ਪੱਧਰ 'ਤੇ ਮਨਾਏ ਜਾ ਰਹੇ 42ਵੇਂ ਸ਼ਹੀਦੀ ਸਮਾਗਮ ਮੌਕੇ ਗੁ.ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰ ਦਿੱਤੇ ਗਏ ਹਨ, ਜਿਨ੍ਹਾਂ ਦਾ ਭੋਗ 6 ਜੂਨ ਨੂੰ ਸਵੇਰੇ 9.30 ਵਜੇ ਪਾਏ ਜਾਣਗੇ। ਉਪਰੰਤ ਦਮਦਮੀ ਟਕਸਾਲ ਦੇ 14ਵੇਂ ਮੁਖੀ ਤੇ ਉਨ੍ਹਾਂ ਨਾਲ ਸ਼ਹੀਦ ਹੋਣ ਵਾਲੇ ਹੋਰ ਸਿੰਘਾਂ-ਸਿੰਘਣੀਆਂ ਨੂੰ ਸ਼ਰਧਾਂਜਲੀ ਦੇਣ ਲਈ ਧਾਰਮਿਕ ਸਮਾਗਮ ਸ਼ੁਰੂ ਹੋਣਗੇ, ਜਿਸ ਦੌਰਾਨ ਕੀਤੇ ਜਾ ਰਹੇ ਵਿਸ਼ਾਲ ਪੰਥਕ ਇਕੱਠ ਅੰਦਰ ਲੱਖਾਂ ਦੀ ਗਿਣਤੀ 'ਚ ਹਾਜ਼ਰੀ ਭਰਦੀਆਂ ਸੰਗਤਾਂ ਤੋਂ ਇਲਾਵਾ ਬਹੁਤ ਸਾਰੀਆਂ ਪ੍ਰਮੁੱਖ ਧਾਰਮਿਕ ਤੇ ਸਮਾਜਿਕ ਸ਼ਖਸੀਅਤਾਂ ਸ਼ਾਮਲ ਹੋਣਗੀਆਂ।ਸ਼ਹੀਦੀ ਸਪਤਾਹ ਦੇ ਅੱਜ ਚੌਥੇ ਦਿਨ ਗੁਰਦੁਆਰਾ ਸਾਹਿਬ ਵਿਖੇ ਸਜੇ ਸ਼ਾਮ ਦੇ ਦੀਵਾਨ 'ਚ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਿਮਰਪ੍ਰੀਤ ਸਿੰਘ ਦੇ ਜਥੇ ਵਲੋਂ ਕੀਰਤਨ ਦੀ ਸੇਵਾ ਨਿਭਾਈ ਗਈ।ਇਸ ਮੌਕੇ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ ਜਦੋਂ ਤਕ ਦੁਨੀਆਂ ਰਹਿਗੀ ਉਦੋ ਤਕ ਦਮਦਮੀ ਟਕਸਾਲ ਦੇ ਹੈੱਡਕੁਆਰਟਰ ਮਹਿਤਾ ਵਿਖੇ ਸ਼ਹੀਦੀ ਸਮਾਗਮ ਹੁੰਦੇ ਰਹਿਣਗੇ। ਉਨ੍ਹਾਂ ਅੱਗੇ ਕਿਹਾ ਕਿ ਕੌਮ ਲਈ ਸ਼ਹੀਦੀਆਂ ਦੇਣੀਆਂ ਤੇ ਸ਼ਹੀਦਾਂ ਦੇ ਦਿਹਾੜੇ ਮਨਾਉਣਾ ਦੋਵੇਂ ਕਾਰਜ ਬਹੁਤ ਕਠਿਨ ਹਨ। ਜੂਨ




'84 ਦੌਰਾਨ ਸ੍ਰੀ ਦਰਬਾਰ ਸਾਹਿਬ ਦੀ ਪਵਿੱਤਰਤਾ ਤੇ ਕੌਮ ਦੀ ਅਣਖ ਲਈ ਕੁਰਬਾਨੀਆਂ ਦੇਣ ਵਾਲੇ ਮਹਾਨ ਸ਼ਹੀਦਾਂ ਨੂੰ ਸਿੱਜਦਾ ਕਰਦਿਆਂ ਕਿਹਾ ਕਿ ਦਸਮੇਸ਼ ਪਿਤਾ ਦੇ ਇਨ੍ਹਾਂ ਸਪੁੱਤਰਾਂ ਨੇ ਦੁਨੀਆ ਨੂੰ ਦਿਖਾ ਦਿੱਤਾ ਕਿ ਸਿੱਖ 18ਵੀਂ ਸਦੀ 'ਚ ਹੀ ਨਹੀਂ ਬਲਕਿ ਅੱਜ ਵੀ ਜ਼ਾਲਮ ਹਕੂਮਤਾਂ ਦੇ ਜਬਰ ਦਾ ਦ੍ਰਿੜ੍ਹਤਾ ਤੇ ਦਲੇਰੀ ਨਾਲ ਮੂੰਹ ਤੋੜਵਾਂ ਜਵਾਬ ਦੇਣ ਦੀ ਪੂਰੀ ਸਮਰੱਥਾ ਰੱਖਦੇ ਹਨ।ਉਨ੍ਹਾਂ ਕਿਹਾ ਕਿ 20ਵੀਂ ਸਦੀ ਦੌਰਾਨ ਹਕੂਮਤ ਵੱਲੋਂ ਸਿੱਖ ਕੌਮ 'ਤੇ ਕੀਤਾ ਗਿਆ ਅੱਤਿਆਚਾਰ ਨਾ ਭੁੱਲਣ ਯੋਗ ਤੇ ਨਾ ਹੀ ਬਖਸ਼ਣ ਯੋਗ ਹੈ, ਜੋ ਕਿ ਅਸਹਿ ਵੀ ਹੈ ਤੇ ਅਕਹਿ ਵੀ। ਉਨ੍ਹਾਂ ਨੇ ਦੇਸ਼-ਵਿਦੇਸ਼ 'ਚ ਵਸਦੀ ਸਮੁੱਚੀ ਸਿੱਖ ਕੌਮ ਨੂੰ ਅਪੀਲ ਕਰਦਿਆਂ ਕਿਹਾ ਕਿ 6 ਜੂਨ ਦੇ ਦਿਹਾੜੇ ਨੂੰ ਵੈਰਾਗਮਈ ਅਤੇ ਸ਼ਰਧਾ ਪੂਰਵਕ ਜ਼ਰੂਰ ਮਨਾਇਆ ਜਾਵੇ । ਉਨ੍ਹਾਂ ਕਿਹਾ ਕਿ ਦਮਦਮੀ ਟਕਸਾਲ ਹਰ ਸਾਲ ਆਪਣੇ ਸ਼ਹੀਦਾਂ ਦੀ ਯਾਦ ਨੂੰ ਮਨਾਉਂਦੀ ਆਈ ਹੈ ਤੇ ਇਸ ਵਾਰ ਵੀ 6 ਜੂਨ ਦੇ ਸਮਾਗਮ ਬਹੁਤ ਵੱਡੇ ਪੱਧਰ 'ਤੇ ਹੋਣਗੇ।ਜਿਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਚੁੱਕੀਆਂ ਹਨ। ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਕੌਮ ਦੇ ਸ਼ਹੀਦਾਂ ਦੇ ਸਨਮਾਨ ਨੂੰ ਇੰਨ-ਬਿਨ ਬਰਕਰਾਰ ਰੱਖਦੇ ਹੋਏ ਸਮੁੱਚੀਆਂ ਸਿੱਖ ਸੰਗਤਾਂ 6 ਜੂਨ ਨੂੰ ਮਹਿਤੇ ਵਿਖੇ ਪੁੱਜ ਕੇ ਸ਼ਹੀਦੀ ਸਮਾਗਮ 'ਚ ਸ਼ਾਮਲ ਹੋਣ ਤੇ ਆਪਣੇ ਕੌਮ ਦੇ ਅਣਖੀਲੇ ਤੇ ਸੂਰਬੀਰ ਯੋਧਿਆਂ ਸਮੇਤ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਅਰਪਿਤ ਕਰਨ।

ਇਸ ਮੌਕੇ ਸ਼ਹੀਦੀ ਦੀਵਾਨਾਂ ਵਿੱਚ ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ ਚੌਂਕ, ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ, ਬਾਬਾ ਬਲਵਿੰਦਰ ਸਿੰਘ ਡੁਮੇਲੀ ਵਾਲੇ, ਬਾਬਾ ਗੁਰਦੇਵ ਸਿੰਘ ਡੇਰਾ ਭਗਤਾਂ ਤਰਸਿੱਕਾ, ਬਾਬਾ ਗੁਰਮੀਤ ਸਿੰਘ ਬੱਦੋਵਾਲ, ਬਾਬਾ ਗੁਰਦੀਪ ਸਿੰਘ ਖੁਜਾਲਾ, ਬਾਬਾ ਗੁਰਭੇਜ ਸਿੰਘ ਖੁਜਾਲਾ, ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਸੁਵਿੰਦਰ ਸਿੰਘ ਟਾਹਲੀ ਸਾਹਿਬ, ਭਾਈ ਸ਼ਮਸ਼ੇਰ ਸਿੰਘ ਜੇਠੂਵਾਲ,ਚੇਅਰਮੈਨ ਇਕਬਾਲ ਸਿੰਘ ਸ਼ਾਹ, ਸਰਪੰਚ ਕਸ਼ਮੀਰ ਸਿੰਘ ਮਹਿਤਾ, ਸਰਪੰਚ ਹਰਜਿੰਦਰ ਸਿੰਘ ਜੱਜ, ਇਕਬਾਲ ਸਿੰਘ ਮਾਨ, ਜਤਿੰਦਰ ਸਿੰਘ ਲੱਧਾ ਮੁੰਡਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਡਾਕਟਰ ਅਵਤਾਰ ਸਿੰਘ ਬੁਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ) ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ, ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਜੋਬਨਪ੍ਰੀਤ ਸਿੰਘ, ਰਮਨਬੀਰ ਸਿੰਘ ਲੱਧਾ ਮੁੰਡਾ, ਅੰਤਰਪ੍ਰੀਤ ਸਿੰਘ ਲੱਧਾ ਮੁੰਡਾ ਤੇ ਹੋਰ ਬਹੁਤ ਸੰਗਤਾਂ ਹਾਜ਼ਰ ਸਨ।

## ਸੰਪਾਦਕੀ

# ਪੰਜਾਬ ਵਿੱਚ ਦਲ ਬਦਲੀਆਂ

ਪੰਜਾਬ ਦੀ ਸਿਆਸਤ ਇੱਕ ਵਾਰ ਫਿਰ ਉਸ ਮੋੜ 'ਤੇ ਆ ਖੜ੍ਹੀ ਹੈ ਜਿੱਥੇ ਸਿਧਾਂਤ ਅਤੇ ਸੁਵਿਧਾ ਵਿਚਕਾਰ ਫ਼ਰਕ ਕਰਨਾ ਮੁਸ਼ਕਲ ਹੋ ਜਾਂਦਾ ਹੈ। ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ ਵਿੱਚ ਮੁੜ ਵਾਪਸੀ ਦੀਆਂ ਖ਼ਬਰਾਂ ਨੇ ਸੂਬੇ ਭਰ ਵਿੱਚ ਸਿਆਸੀ ਬਹਿਸ ਛੇੜ ਦਿੱਤੀ ਹੈ। ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਵੱਲੋਂ ਇਹ ਦਾਅਵਾ ਕਿ ਕੈਪਟਨ ਉਨ੍ਹਾਂ ਦੇ ਸੰਪਰਕ ਵਿੱਚ ਹਨ, ਨੇ ਇਸ ਚਰਚੇ ਨੂੰ ਹੋਰ ਭਖਾ ਦਿੱਤਾ ਹੈ। ਇਸ ਤੋਂ ਇਲਾਵਾ ਪੰਜਾਬ ਕਾਂਗਰਸ ਦੇ ਇੰਚਾਰਜ ਭੂਪੇਸ਼ ਬਘੇਲ ਨੇ ਵੀ ਕਿਹਾ ਹੈ ਕਿ ਜੇਕਰ ਕੈਪਟਨ ਕਾਂਗਰਸ ਵਿੱਚ ਵਾਪਸ ਆਉਣਾ ਚਾਹੁੰਦੇ ਹਨ ਤਾਂ ਇਸ ਬਾਰੇ ਹਾਈਕਮਾਨ ਨਾਲ ਚਰਚਾ ਕੀਤੀ ਜਾਵੇਗੀ। ਕੈਪਟਨ ਅਮਰਿੰਦਰ ਸਿੰਘ ਦਹਾਕਿਆਂ ਤੱਕ ਕਾਂਗਰਸ ਦੇ ਸੀਨੀਅਰ ਆਗੂ ਰਹੇ ਅਤੇ 2002 ਤੋਂ 2007 ਤੱਕ ਪੰਜਾਬ ਦੇ ਮੁੱਖ ਮੰਤਰੀ ਵਜੋਂ ਸੇਵਾ ਨਿਭਾਈ। 2017 ਦੀਆਂ ਵਿਧਾਨ ਸਭਾ ਚੋਣਾਂ ਜਿੱਤ ਕੇ ਉਹ ਦੂਜੀ ਵਾਰ ਮੁੱਖ ਮੰਤਰੀ ਬਣੇ, ਪਰ ਸਤੰਬਰ 2021 ਵਿੱਚ ਪਾਰਟੀ ਅੰਦਰੂਨੀ ਕਲੇਸ਼ ਕਾਰਨ ਉਨ੍ਹਾਂ ਨੂੰ ਅਸਤੀਫ਼ਾ ਦੇਣਾ ਪਿਆ। ਇਸ ਤੋਂ ਬਾਅਦ ਉਨ੍ਹਾਂ ਨੇ ਆਪਣੀ ਵੱਖਰੀ ਪਾਰਟੀ ਪੰਜਾਬ ਲੋਕ ਕਾਂਗਰਸ ਬਣਾਈ ਅਤੇ ਭਾਜਪਾ ਨਾਲ ਗੱਠਜੋੜ ਕਰਕੇ 2022 ਦੀਆਂ ਚੋਣਾਂ ਲੜੀਆਂ, ਪਰ ਉਹ ਖ਼ੁਦ ਵੀ ਆਪਣੀ ਰਵਾਇਤੀ ਸੀਟ ਪਟਿਆਲਾ ਤੋਂ ਹਾਰ ਗਏ। ਚੋਣਾਂ ਤੋਂ ਬਾਅਦ ਉਨ੍ਹਾਂ ਨੇ ਆਪਣੀ ਪਾਰਟੀ ਦਾ ਭਾਜਪਾ ਵਿੱਚ ਵਿਲੇ ਕਰ ਦਿੱਤਾ। ਹੁਣ ਜਦੋਂ 2027 ਦੀਆਂ ਵਿਧਾਨ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਕੈਪਟਨ ਵੱਲੋਂ ਕਾਂਗਰਸ ਦੀ ਤਾਰੀਫ਼ ਅਤੇ ਭਾਜਪਾ ਤੋਂ ਨਿਰਾਸ਼ਾ ਦੇ ਬਿਆਨ ਸਾਹਮਣੇ ਆ ਰਹੇ ਹਨ। ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਇਸ 'ਤੇ ਤਿੱਖਾ ਸਵਾਲ ਕੀਤਾ ਹੈ ਕਿ ਜੇ ਕਾਂਗਰਸ ਇੰਨੀ ਵਧੀਆ ਪਾਰਟੀ ਸੀ ਤਾਂ ਉਦੋਂ ਛੱਡਣ ਦੀ ਕੀ ਲੋੜ ਸੀ? ਪੰਜਾਬ ਵਿੱਚ ਦਲ ਬਦਲੀਆਂ ਦਾ ਇਤਿਹਾਸ ਕਾਫ਼ੀ ਪੁਰਾਣਾ ਹੈ। ਸੁਨੀਲ ਜਾਖੜ ਪਹਿਲਾਂ ਕਾਂਗਰਸ ਪ੍ਰਧਾਨ ਸਨ, ਫਿਰ ਭਾਜਪਾ ਵਿੱਚ ਚਲੇ ਗਏ ਅਤੇ ਪੰਜਾਬ ਭਾਜਪਾ ਦੇ ਪ੍ਰਧਾਨ ਵੀ ਰਹੇ। ਰਵਨੀਤ ਸਿੰਘ ਬਿੱਟੂ ਕਾਂਗਰਸ ਛੱਡ ਕੇ ਭਾਜਪਾ ਵਿੱਚ ਗਏ ਅਤੇ ਕੇਂਦਰੀ ਮੰਤਰੀ ਬਣੇ। ਕਈ ਵਿਧਾਇਕ ਆਪ ਛੱਡ ਕੇ ਕਾਂਗਰਸ ਜਾਂ ਭਾਜਪਾ ਵਿੱਚ ਗਏ। ਇਹ ਸਿਲਸਿਲਾ ਨਿਰੰਤਰ ਜਾਰੀ ਹੈ। ਹਰ ਸਿਆਸਤਦਾਨ ਨੂੰ ਆਪਣੇ ਸਿਆਸੀ ਵਿਚਾਰਾਂ ਅਨੁਸਾਰ ਪਾਰਟੀ ਚੁਣਨ ਦਾ ਅਧਿਕਾਰ ਹੈ। ਜੇ ਕੋਈ ਆਗੂ ਸੱਚਮੁੱਚ ਮਹਿਸੂਸ ਕਰੇ ਕਿ ਉਸਦੀ ਪਾਰਟੀ ਉਸਦੀਆਂ ਕਦਰਾਂ-ਕੀਮਤਾਂ ਨਾਲ ਮੇਲ ਨਹੀਂ ਖਾਂਦੀ ਤਾਂ ਬਦਲਾਅ ਕਰਨਾ ਨੈਤਿਕ ਤੌਰ 'ਤੇ ਸਹੀ ਹੋ ਸਕਦਾ ਹੈ। ਪਰ ਸਮੱਸਿਆ ਉਦੋਂ ਖੜ੍ਹੀ ਹੁੰਦੀ ਹੈ ਜਦੋਂ ਦਲ ਬਦਲੀ ਸਿਧਾਂਤਾਂ ਕਰਕੇ ਨਹੀਂ ਬਲਕਿ ਕੁਰਸੀ ਅਤੇ ਸੁਵਿਧਾ ਕਰਕੇ ਹੁੰਦੀ ਹੈ। ਕੈਪਟਨ ਦੇ ਮਾਮਲੇ ਵਿੱਚ ਵੀ ਲੋਕ ਇਹ ਸਵਾਲ ਪੁੱਛ ਰਹੇ ਹਨ ਕਿ ਜੇ ਭਾਜਪਾ ਵਿੱਚ ਘੁਟਣ ਵਾਲਾ ਮਾਹੌਲ ਹੈ ਤਾਂ ਕੀ ਇਹ ਅਹਿਸਾਸ 2027 ਦੀਆਂ ਚੋਣਾਂ ਤੋਂ ਪਹਿਲਾਂ ਹੀ ਕਿਉਂ ਹੋਇਆ? ਕੀ ਇਹ ਸਿਧਾਂਤਕ ਜਾਗ੍ਰਿਤੀ ਹੈ ਜਾਂ ਚੋਣਾਂ ਤੋਂ ਪਹਿਲਾਂ ਸੁਰੱਖਿਅਤ ਅਸਾਸੇ ਦੀ ਭਾਲ? ਵਾਰ-ਵਾਰ ਦਲ ਬਦਲੀਆਂ ਤੋਂ ਸਭ ਤੋਂ ਵੱਧ ਨੁਕਸਾਨ ਆਮ ਵੋਟਰ ਨੂੰ ਹੁੰਦਾ ਹੈ। ਜਦੋਂ ਕੋਈ ਆਗੂ ਕਿਸੇ ਪਾਰਟੀ ਦੇ ਨਾਂ 'ਤੇ ਵੋਟਾਂ ਮੰਗਦਾ ਹੈ ਅਤੇ ਫਿਰ ਕੁਝ ਮਹੀਨਿਆਂ ਬਾਅਦ ਪਾਰਟੀ ਬਦਲ ਲੈਂਦਾ ਹੈ, ਤਾਂ ਵੋਟਰਾਂ ਦਾ ਸਿਆਸੀ ਪ੍ਰਕਿਰਿਆ ਵਿੱਚ ਭਰੋਸਾ ਟੁੱਟਦਾ ਹੈ। ਪੰਜਾਬ ਵਿੱਚ ਵੱਧ ਰਹੀ ਵੋਟਰ ਉਦਾਸੀਨਤਾ ਦੀ ਇੱਕ ਵੱਡੀ ਵਜ੍ਹਾ ਇਹੀ ਸਿਆਸੀ ਮੌਕਾਪ੍ਰਸਤੀ ਵੀ ਹੈ। 2027 ਦੀਆਂ ਵਿਧਾਨ ਸਭਾ ਚੋਣਾਂ ਨੇੜੇ ਆਉਣ ਦੇ ਨਾਲ-ਨਾਲ ਪੰਜਾਬ ਵਿੱਚ ਦਲ ਬਦਲੀਆਂ ਦਾ ਸਿਲਸਿਲਾ ਹੋਰ ਤੇਜ਼ ਹੋਣ ਦੀ ਉਮੀਦ ਹੈ। ਕਾਂਗਰਸ ਜੇ ਕੈਪਟਨ ਨੂੰ ਵਾਪਸ ਲੈਂਦੀ ਹੈ ਤਾਂ ਉਸ ਲਈ ਵੀ ਇਹ ਫ਼ੈਸਲਾ ਸੌਖਾ ਨਹੀਂ ਹੋਵੇਗਾ, ਕਿਉਂਕਿ ਪਾਰਟੀ ਅੰਦਰ ਕਈ ਆਗੂ ਇਸ ਵਾਪਸੀ ਦੇ ਵਿਰੁੱਧ ਹਨ। ਰਾਜਾ ਵੜਿੰਗ ਵੱਲੋਂ ਕੀਤੇ ਤਿੱਖੇ ਬਿਆਨ ਇਸ ਗੱਲ ਦਾ ਸਬੂਤ ਹਨ ਕਿ ਕਾਂਗਰਸ ਅੰਦਰ ਵੀ ਇਸ ਮੁੱਦੇ 'ਤੇ ਇੱਕਮੱਤਤਾ ਨਹੀਂ ਹੈ। ਅਸਲ ਵਿੱਚ ਜ਼ਰੂਰਤ ਹੈ ਕਿ ਸਿਆਸਤਦਾਨ ਲੋਕਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਣ ਅਤੇ ਸਿਧਾਂਤਾਂ ਨੂੰ ਕੁਰਸੀ ਤੋਂ ਉੱਪਰ ਰੱਖਣ। ਪੰਜਾਬ ਦੀ ਜਨਤਾ ਹੁਣ ਸਿਆਣੀ ਹੈ ,ਉਹ ਸਮਝਦੀ ਹੈ ਕਿ ਕਿਹੜੀ ਦਲ ਬਦਲੀ ਸਿਧਾਂਤਾਂ ਦੀ ਜਿੱਤ ਹੈ ਅਤੇ ਕਿਹੜੀ ਮਹਿਜ਼ ਸਿਆਸੀ ਮੌਕਾਪ੍ਰਸਤੀ।

-ਜਗਜੀਤ ਸਿੰਘ ਦਰਦੀ

# ਪੰਜਾਬ ਦੀ ਸਿਆਸੀ ਸਤਰੰਜ : ਬੀਜੇਪੀ ਦਾ ਨਵਾਂ ਦਾਅ ਅਤੇ ਬਦਲਦੇ ਸਮੀਕਰਨ

## ਪੰਜਾਬ ਦੀ ਰਾਜਨੀਤੀ: ਬਦਲਦੇ ਰੁਝਾਨ ਅਤੇ 2027 ਦੀਆਂ ਚੋਣਾਂ ਵੱਲ ਵਧਦਾ ਗੁਬਾਰ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਇਹ ਸੱਚ ਹੈ ਕਿ ਪੰਜਾਬ ਦੀ ਰਾਜਨੀਤੀ ਹਮੇਸ਼ਾ ਤੋਂ ਹੀ ਗਤੀਸ਼ੀਲ ਰਹੀ ਹੈ, ਪਰ ਇਸ ਵੇਲੇ ਇਹ ਪਲ-ਪਲ ਬਦਲ ਰਹੀ ਹੈ। 2027 ਵਿਧਾਨ ਸਭਾ ਚੋਣਾਂ ਦਾ ਗੁਬਾਰ ਹੁਣ ਤੋਂ ਹੀ ਰਾਜਨੀਤਿਕ ਪਾਰਟੀਆਂ ਦੇ ਸਿਰ ਚੜ੍ਹ ਕੇ ਬੋਲ ਰਿਹਾ ਹੈ।

ਅੱਜ ਇੱਕ ਤਰਫ਼ ਆਮ ਆਦਮੀ ਪਾਰਟੀ (ਆਪ) ਨੇ ਸੱਤਾ ਦੀ ਲਗਾਮ ਥੰਮ੍ਹੀ ਹੋਈ ਹੈ ਅਤੇ ਨਗਰ ਨਿਗਮ ਚੋਣਾਂ ਵਿੱਚ ਭਰਪੂਰ ਜਿੱਤ ਹਾਸਲ ਕਰਕੇ ਆਪਣੀ ਤਾਕਤ ਵਿਖਾ ਰਹੀ ਹੈ, ਦੂਜੇ ਪਾਸੇ ਕਾਂਗਰਸ ਅੰਦਰ ਲੀਡਰਸ਼ਿਪ ਦੀ ਲੜਾਈ ਤੇਜ਼ ਹੋ ਗਈ ਹੈ। ਉਧਰ ਕੈਪਟਨ ਅਮਰਿੰਦਰ ਸਿੰਘ ਦੀਆਂ ਫਿਰਕੀਆਂ ਵਾਪਸੀ ਵੱਲ ਇਸ਼ਾਰਾ ਕਰ ਰਹੀਆਂ ਹਨ, ਜਦਕਿ ਭਾਜਪਾ ਆਪਣੀ ਰਣਨੀਤੀ ਨੂੰ ਨਵੀਂ ਲੀਹ 'ਤੇ ਲੈ ਕੇ ਚੱਲ ਰਹੀ ਹੈ। ਰਵਨੀਤ ਬਿੱਟੂ ਅਤੇ ਸੁਨੀਲ ਜਾਖੜ ਵਰਗੇ ਚਿਹਰਿਆਂ ਨਾਲ ਜੁੜੀਆਂ ਘਟਨਾਵਾਂ ਭਾਜਪਾ ਦੇ ਖੇਡ ਨੂੰ ਵੀ ਪ੍ਰਭਾਵਿਤ ਕਰ ਰਹੀਆਂ ਹਨ। ਅੱਜ ਇਸ ਸਭ ਵਿਚਾਲੇ ਚੋਣਾਂ ਅਤੇ ਰਾਜਨੀਤਿਕ ਭਵਿੱਖ 'ਤੇ ਚਰਚਾ ਕਰਨੀ ਲਾਜ਼ਮੀ ਹੈ। ਅੱਜ ਕਾਂਗਰਸ ਵਿਚ ਅੰਦਰੂਨੀ ਖਿਚੋਤਾਣ ਅਤੇ ਲੀਡਰਸ਼ਿਪ ਦੀ ਲੜਾਈ 'ਚ ਕਾਂਗਰਸ ਪਾਰਟੀ ਪੰਜਾਬ ਵਿਚ ਲਗਾਤਾਰ ਸੰਕਟ ਵਿਚ ਘਿਰੀ ਹੋਈ ਹੈ। 2022 ਦੀਆਂ ਚੋਣਾਂ ਵਿਚ 18 ਸੀਟਾਂ ਤੱਕ ਸੀਮਤ ਰਹਿਣ ਤੋਂ ਬਾਅਦ ਪਾਰਟੀ ਅੰਦਰ ਲੀਡਰਸ਼ਿਪ 'ਤੇ ਵਿਵਾਦ ਚੱਲ ਰਿਹਾ ਹੈ। ਪੀਪੀਸੀਸੀ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਹੋਰ ਆਗੂਆਂ ਵਿਚਾਲੇ ਤਾਕਤ ਦੀ ਲੜਾਈ ਸਪੱਸ਼ਟ ਹੈ। ਪਾਰਟੀ ਦੇ ਅੰਦਰ ਇਹ ਚਰਚਾ ਤੇਜ਼ ਹੈ ਕਿ ਕੌਣ ਲੀਡ ਕਰੇਗਾ ਅਤੇ ਆਉਣ ਵਾਲੀਆਂ ਚੋਣਾਂ ਲਈ ਰਣਨੀਤੀ ਕੀ ਹੋਵੇਗੀ।ਕੈਪਟਨ ਅਮਰਿੰਦਰ ਸਿੰਘ ਦੀ ਵਾਪਸੀ ਦੀਆਂ ਖਬਰਾਂ ਵੀ ਗਰਮਾਈਆਂ ਹੋਈਆਂ ਹਨ । ਉਨ੍ਹਾਂ ਦੀਆਂ ਕਨਸੋਆਂ (ਫਿਰਕੀਆਂ) ਵਾਪਸੀ ਵੱਲ ਇਸ਼ਾਰਾ ਕਰ ਰਹੀਆਂ ਹਨ, ਪਰ ਇਹ ਸੰਭਵ ਨਜ਼ਰ ਨਹੀਂ ਆ ਰਿਹਾ।

ਕੈਪਟਨ ਨੇ ਭਾਜਪਾ ਵਿਚ ਜਾ ਕੇ ਆਪਣੀ ਰਾਜਨੀਤਿਕ ਜ਼ਿੰਦਗੀ ਨੂੰ ਨਵੀਂ ਦਿਸ਼ਾ ਦਿੱਤੀ ਸੀ, ਪਰ ਉਨ੍ਹਾਂ ਦੀ ਅਸੰਤੁਸ਼ਟੀ ਵੀ ਰਿਪੋਰਟ ਹੋਈ ਹੈ, ਖਾਸ ਕਰ ਕੇ ਪੰਜਾਬ ਭਾਜਪਾ ਪ੍ਰਧਾਨ ਨਿਯੁਕਤੀ ਵਿਚ। ਇਸ ਨਾਲ ਵਾਪਸੀ ਦੀਆਂ ਅਟਕਲਾਂ ਵੱਧ ਗਈਆਂ ਹਨ। ਪਰ ਕਾਂਗਰਸ ਵਿਚ ਇੱਕ ਵੱਡਾ ਧੜਾ ਇਸ ਵਾਪਸੀ ਨੂੰ ਲੈ ਕੇ ਵੰਡਿਆ ਹੋਇਆ ਹੈ। ਰਾਜਾ ਵੜਿੰਗ ਵਰਗੇ ਆਗੂ ਇਸ 'ਤੇ ਖੁੱਲ੍ਹ ਕੇ ਨਹੀਂ ਬੋਲ ਰਹੇ, ਜਿਸ ਨਾਲ ਪਾਰਟੀ ਦੀ ਏਕਤਾ 'ਤੇ ਸਵਾਲ ਉਠ ਰਹੇ ਹਨ । ਕਾਂਗਰਸ ਦੀ ਮੁੱਖ ਸਮੱਸਿਆ ਇਹ ਹੈ ਕਿ ਉਹ ਆਪਣੀ ਪੁਰਾਣੀ ਵੋਟ ਬੈਂਕ ਨੂੰ ਵਾਪਸ ਲਿਆਉਣ ਵਿਚ ਅਸਫਲ ਰਹੀ ਹੈ। ਖਾਸ ਕਰ ਕੇ ਜਾਟ ਸਿੱਖ ਵੋਟਰ ਅਤੇ ਹੋਰ ਭਾਈਚਾਰਿਆਂ ਵਿਚ ਉਸ ਦੀ ਪਕੜ ਢਿੱਲੀ ਪਈ ਹੈ। ਅੱਜ ਰਾਹੁਲ ਗਾਂਧੀ ਵਰਗੇ ਰਾਸ਼ਟਰੀ ਆਗੂਆਂ ਦੀਆਂ ਤਬਦੀਲੀਆਂ ਵੀ ਪੰਜਾਬ ਵਿਚ ਬਹੁਤ ਅਸਰ ਨਹੀਂ ਕਰ ਰਹੀਆਂ ਹਨ । ਇਸ ਲਈ ਆਉਣ ਵਾਲੇ ਦਿਨਾਂ ਵਿਚ ਕਾਂਗਰਸ ਨੂੰ ਆਪਣੀ ਅੰਦਰੂਨੀ ਖਿਚੋਤਾਣ ਖਤਮ ਕਰਕੇ ਇੱਕਜੁੱਟ ਰਣਨੀਤੀ ਬਣਾਉਣੀ ਪਵੇਗੀ, ਨਹੀਂ ਤਾਂ 2027 ਵਿਚ ਉਸ ਦੀ ਹਾਲਤ ਹੋਰ ਵੀ ਖਰਾਬ ਹੋ ਸਕਦੀ ਹੈ।ਭਾਜਪਾ ਦੀ ਰਣਨੀਤੀ ਅਤੇ ਬਿੱਟੂ-ਜਾਖੜ ਵਿਵਾਦ: ਭਾਜਪਾ ਪੰਜਾਬ ਵਿਚ ਲਗਾਤਾਰ ਆਪਣੀ ਹਾਜ਼ਰੀ ਵਧਾ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਹੋਰ ਆਗੂਆਂ ਦੀਆਂ ਲਗਾਤਾਰ ਫੇਰੀਆਂ ਇਸ ਗੱਲ ਦਾ ਸਬੂਤ ਹਨ ਕਿ ਭਾਜਪਾ 2027 ਨੂੰ ਗੰਭੀਰਤਾ ਨਾਲ ਲੈ ਰਹੀ ਹੈ। ਉਹ ਡੇਰਿਆਂ, ਤਬਦੀਲੀਆਂ (ਡਿਫੈਕਸ਼ਨਸ) ਅਤੇ ਸਿੰਬਾਲਿਜ਼ਮ 'ਤੇ ਆਧਾਰਿਤ ਨਵੀਂ ਰਣਨੀਤੀ ਅਪਣਾ ਰਹੀ ਹੈ। ਨਗਰ ਨਿਗਮ ਚੋਣਾਂ ਵਿਚ ਭਾਜਪਾ ਨੇ ਅਬੋਹਰ ਵਰਗੀਆਂ ਜਗ੍ਹਾਵਾਂ 'ਤੇ ਜਿੱਤ ਹਾਸਲ ਕੀਤੀ ਹੈ, ਜੋ ਉਸ ਲਈ ਇੱਕ ਇਤਿਹਾਸਕ ਪਲ ਹੈ।

ਹੁਣ ਰਵਨੀਤ ਬਿੱਟੂ ਨਾਲ ਜੁੜੀ ਘਟਨਾ ਬਹੁਤ ਮਹੱਤਵਪੂਰਨ ਹੈ। ਭਾਜਪਾ ਨੇ ਉਨ੍ਹਾਂ ਨੂੰ ਰਾਜਸਥਾਨ ਤੋਂ ਰਾਜ ਸਭਾ ਟਿਕਟ ਜਿੱਤੀ ਸੀ ਅਤੇ ਉਹ ਉੱਥੋਂ ਚੁਣੇ ਗਏ ਹਨ। ਉਨ੍ਹਾਂ ਦਾ ਟਰਮ ਖਤਮ ਹੋ ਰਿਹਾ ਹੈ ਅਤੇ ਭਾਜਪਾ ਉਨ੍ਹਾਂ ਨੂੰ ਵਾਪਸ ਰਾਜ ਸਭਾ ਵਿਚ ਰੱਖਣ ਜਾਂ ਪੰਜਾਬ ਵਿਚ ਵੱਡੀ ਭੂਮਿਕਾ ਦੇਣ ਬਾਰੇ ਵਿਚਾਰ ਰਹੀ ਹੈ। ਇਹ ਫੈਸਲਾ ਭਾਜਪਾ ਲਈ ਚੁਣੌਤੀ ਭਰਿਆ ਹੈ ਕਿਉਂਕਿ ਬਿੱਟੂ ਇੱਕ ਸਿੱਖ ਚਿਹਰਾ ਹਨ ਅਤੇ ਪੰਜਾਬ ਵਿਚ ਉਨ੍ਹਾਂ ਦੀ ਪਕੜ ਮਜ਼ਬੂਤ ਹੈ। ਉਨ੍ਹਾਂ ਨੂੰ ਪੰਜਾਬ ਭੇਜਣ ਨਾਲ ਭਾਜਪਾ ਆਪਣੀ ਸਿੱਖ ਵੋਟ ਬੈਂਕ ਵਧਾ ਸਕਦੀ ਹੈ।

ਅੱਜ ਸੁਨੀਲ ਜਾਖੜ ਪਹਿਲਾਂ ਹੀ ਪੰਜਾਬ ਭਾਜਪਾ ਪ੍ਰਧਾਨ ਰਹਿ ਚੁੱਕੇ ਹਨ ਅਤੇ ਉਨ੍ਹਾਂ ਨੂੰ ਵੀ ਰਾਜ ਸਭਾ ਜਾਂ ਵੱਡੀ ਭੂਮਿਕਾ ਨਹੀਂ ਦਿਖਾਈ ਗਈ। ਇਹ ਭਾਜਪਾ ਅੰਦਰ ਵੀ ਚਰਚਾ ਦਾ ਵਿਸ਼ਾ ਹੈ। ਜਾਖੜ ਇੱਕ ਮਜ਼ਬੂਤ ਹਿੰਦੂ ਚਿਹਰਾ ਹਨ ਅਤੇ ਉਨ੍ਹਾਂ ਦੀ ਰਣਨੀਤੀ ਪੰਜਾਬ ਵਿਚ ਭਾਜਪਾ ਨੂੰ ਮਜ਼ਬੂਤ ਬਣਾਉਣ ਵਿਚ ਮਦਦਗਾਰ ਹੋ ਸਕਦੀ ਹੈ। ਭਾਜਪਾ ਨੂੰ ਆਪਣੇ ਇਨ੍ਹਾਂ ਆਗੂਆਂ ਨੂੰ ਸਹੀ ਤਰੀਕੇ ਨਾਲ ਵਰਤਣਾ ਪਵੇਗਾ ਤਾਂ ਜੋ ਉਹ 2027 ਵਿਚ ਵੱਡੀ ਛਾਪ ਛੱਡ ਸਕਣ।ਭਾਜਪਾ ਦੀ ਰਣਨੀਤੀ ਵਿਚ ਡਰੱਗ ਤਸਕਰੀ, ਬੇਰੁਜ਼ਗਾਰੀ ਅਤੇ ਵਿਕਾਸ 'ਤੇ ਫੋਕਸ ਹੈ।

ਅੱਜ ਉਹ ਆਪ ਦੀ ਸਰਕਾਰ 'ਤੇ ਲਗਾਤਾਰ ਹਮਲੇ ਕਰ ਰਹੀ ਹੈ ਅਤੇ ਆਪਣੇ ਲਈ ਇੱਕ ਵਿਕਲਪ ਵਜੋਂ ਉਭਰਨਾ ਚਾਹੁੰਦੀ ਹੈ। ਪਰ ਪੰਜਾਬ ਵਿਚ ਭਾਜਪਾ ਨੂੰ ਅਜੇ ਵੀ ਇੱਕ ਵੱਡੀ ਚੁਣੌਤੀ ਇਹ ਹੈ ਕਿ ਉਹ ਇੱਕਲੀ ਚੋਣ ਲੜਨ ਵਿਚ ਸਫਲ ਨਹੀਂ ਰਹੀ। ਐਸਏਡੀ ਨਾਲ ਗਠਜੋੜ ਦੀ ਚਰਚਾ ਵੀ ਚੱਲ ਰਹੀ ਹੈ, ਪਰ ਐਸਏਡੀ ਦੀ ਆਪਣੀ ਘਟਦੀ ਹੋਈ ਤਾਕਤ ਕਾਰਨ ਇਹ ਗਠਜੋੜ ਵੀ ਚੁਣੌਤੀਪੂਰਨ ਹੈ।ਆਪ ਦੀ ਸੱਤਾ ਅਤੇ ਨਗਰ ਨਿਗਮ ਚੋਣਾਂ ਦਾ ਅਸਰ ਆਪ ਨੇ ਪੰਜਾਬ ਵਿਚ ਸੱਤਾ ਹਾਸਲ ਕਰਕੇ ਭਰਪੂਰ ਵਾਅਦੇ ਕੀਤੇ ਸਨ। ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਕੁਝ ਖੇਤਰਾਂ ਵਿਚ ਕੰਮ ਕੀਤਾ ਹੈ, ਖਾਸ ਕਰ ਕੇ ਲੋਕ ਭਲਾਈ ਯੋਜਨਾਵਾਂ ਵਿਚ । ਨਗਰ ਨਿਗਮ ਚੋਣਾਂ ਵਿਚ ਆਪ ਨੇ ਲਗਭਗ 48 ਫੀਸਦੀ ਵਾਰਡ ਜਿੱਤ ਕੇ ਆਪਣੀ ਤਾਕਤ ਵਿਖਾਈ ਹੈ। ਇਸ ਨੂੰ 2027 ਲਈ ਇੱਕ ਸੈਮੀਫਾਈਨਲ ਵਜੋਂ ਵੇਖਿਆ ਜਾ ਰਿਹਾ ਹੈ।

ਅੱਜ ਆਪ 'ਤੇ ਵੀ ਚੁਣੌਤੀਆਂ ਹਨ। ਡਰੱਗ ਤਸਕਰੀ, ਬੇਰੁਜ਼ਗਾਰੀ ਅਤੇ ਖੇਤੀ ਸੰਕਟ ਵਰਗੇ ਮੁੱਦੇ ਅਜੇ ਵੀ ਲੋਕਾਂ ਦੇ ਮਨ ਵਿਚ ਹਨ । ਭਗਵੰਤ ਮਾਨ ਨੇ ਭਾਜਪਾ ਅਤੇ ਕਾਂਗਰਸ ਨੂੰ 10 ਸੀਟਾਂ ਤੱਕ ਸੀਮਤ ਰੱਖਣ ਦੀ ਭਵਿੱਖਬਾਣੀ ਕੀਤੀ ਹੈ, ਜੋ ਉਨ੍ਹਾਂ ਦਾ ਆਤਮਵਿਸ਼ਵਾਸ ਵਿਖਾਉਂਦੀ ਹੈ। ਪਰ ਰਾਜਨੀਤੀ ਵਿਚ ਕੁਝ ਵੀ ਪੱਕਾ ਨਹੀਂ ਹੁੰਦਾ। ਆਪ ਨੂੰ ਆਪਣੀ ਸਰਕਾਰ ਦੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣਾ ਪਵੇਗਾ ਤਾਂ ਜੋ ਵੋਟਰ ਉਸ ਨੂੰ ਦੁਬਾਰਾ ਮੌਕਾ ਦੇਣ। ਅੱਜ ਅਕਾਲੀ ਦਲ ਦੀ ਘਟਦੀ ਹੋਈ ਤਾਕਤ ਅਤੇ ਹੋਰ ਫੈਕਟਰ ਸ਼੍ਰੋਮਣੀ ਅਕਾਲੀ ਦਲ (ਐਸਏਡੀ) ਲਗਾਤਾਰ ਘੱਟ ਰਹੀ ਹੈ। ਨਗਰ ਨਿਗਮ ਚੋਣਾਂ ਵਿਚ ਉਸ ਨੇ ਘੱਟ ਵਾਰਡ ਜਿੱਤੇ ਹਨ ਅਤੇ ਉਸ ਦੀ ਲੋਕਾਂ ਵਿਚ ਪਕੜ ਘੱਟ ਰਹੀ ਹੈ। ਸੁਖਬੀਰ ਬਾਦਲ ਦੀ ਅਗਵਾਈ ਵਿਚ ਉਹ ਆਪਣੀ ਪੁਰਾਣੀ ਤਾਕਤ ਵਾਪਸ ਲਿਆਉਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਇਹ ਆਸਾਨ ਨਹੀਂ ਹੈ। ਭਾਜਪਾ ਨਾਲ ਗਠਜੋੜ ਦੀ ਗੱਲ ਉਸ ਲਈ ਇੱਕ ਵਿਕਲਪ ਹੋ ਸਕਦੀ ਹੈ।ਪੰਜਾਬ ਵਿਚ ਡੇਰਿਆਂ, ਜਾਤੀਵਾਦ ਅਤੇ ਖੇਤੀ ਮੁੱਦਿਆਂ ਦਾ ਵੱਡਾ ਅਸਰ ਹੈ।

ਅੱਜ ਭਾਜਪਾ ਇਨ੍ਹਾਂ ਨੂੰ ਆਪਣੇ ਫਾਇਦੇ ਲਈ ਵਰਤ ਰਹੀ ਹੈ। ਇਸ ਤੋਂ ਇਲਾਵਾ ਕੇਂਦਰੀ ਯੋਜਨਾਵਾਂ ਅਤੇ ਵਿਕਾਸ ਮਾਡਲ ਵੀ ਭਾਜਪਾ ਦਾ ਹਥਿਆਰ ਹਨ । 2027 ਚੋਣਾਂ ਲਈ ਸੰਭਾਵਨਾਵਾਂ ਅਤੇ ਭਵਿੱਖਬਾਣੀਆਂ 2027 ਵਿਧਾਨ ਸਭਾ ਚੋਣਾਂ ਚਾਰ-ਕੋਣੀ ਲੜਾਈ ਵਜੋਂ ਨਜ਼ਰ ਆ ਰਹੀਆਂ ਹਨ - ਆਪ, ਕਾਂਗਰਸ, ਭਾਜਪਾ ਅਤੇ ਐਸਏਡੀ। ਵੱਖ-ਵੱਖ ਸਰਵੇਖਣਾਂ ਵਿਚ ਵੱਖ-ਵੱਖ ਤਸਵੀਰ ਉਭਰ ਰਹੀ ਹੈ। ਕੁਝ ਵਿਚ ਕਾਂਗਰਸ ਅੱਗੇ, ਕੁਝ ਵਿਚ ਆਪ ਮਜ਼ਬੂਤ ਅਤੇ ਭਾਜਪਾ ਵਧਦੀ ਹੋਈ। ਪਰ ਇਹ ਸਭ ਅਟਕਲਾਂ ਹਨ । ਭਾਜਪਾ ਆਪਣੀ ਰਣਨੀਤੀ ਵਿਚ ਇਨ੍ਹਾਂ ਮੁੱਦਿਆਂ 'ਤੇ ਫੋਕਸ ਕਰ ਰਹੀ ਹੈ।ਸਿੱਖ ਚਿਹਰਿਆਂ ਨੂੰ ਵਧਾਵਾ ਦੇਣਾ ਬਿੱਟੂ ਵਰਗੇ ਅਤੇ ਡੇਰਿਆਂ ਅਤੇ ਭਾਈਚਾਰਿਆਂ ਨਾਲ ਸੰਪਰਕ ਤੇ ਵਿਕਾਸ ਅਤੇ ਕੇਂਦਰੀ ਯੋਜਨਾਵਾਂ 'ਤੇ ਚੋਣ ਲੜਨਾ। ਵਿਰੋਧੀਆਂ 'ਤੇ ਹਮਲਾ : ਖਾਸ ਕਰ ਆਪ ਤੇ ਭ੍ਰਿਸ਼ਟਾਚਾਰ ਅਤੇ ਅਕਿਰਿਆਸ਼ੀਲਤਾ ਦਾ ਵੀ ਅਸਰ ਹੈ।

ਜੇ ਭਾਜਪਾ ਅਕਾਲੀ ਦਲ ਨਾਲ ਗਠਜੋੜ ਕਰ ਲੈਂਦੀ ਹੈ ਤਾਂ ਉਸ ਦੀਆਂ ਸੀਟਾਂ ਵੱਧ ਸਕਦੀਆਂ ਹਨ। ਕਾਂਗਰਸ ਲਈ ਏਕਤਾ ਅਤੇ ਨਵੀਂ ਰਣਨੀਤੀ ਲਾਜ਼ਮੀ ਹੈ। ਆਪ ਨੂੰ ਆਪਣੀ ਸਰਕਾਰੀ ਕਾਰਗੁਜ਼ਾਰੀ 'ਤੇ ਵਿਸ਼ਵਾਸ ਜਤਾਉਣਾ ਪਵੇਗਾ ।ਪੰਜਾਬ ਦੀ ਰਾਜਨੀਤੀ ਵਿਚ ਇੱਕ ਵੱਡੀ ਤਬਦੀਲੀ ਇਹ ਹੈ ਕਿ ਲੋਕ ਹੁਣ ਵਿਕਾਸ, ਰੁਜ਼ਗਾਰ ਅਤੇ ਸੁਰੱਖਿਆ 'ਤੇ ਵੋਟ ਪਾਉਣ ਲੱਗੇ ਹਨ। ਧਰਮ ਅਤੇ ਜਾਤੀ ਵਾਲੀ ਰਾਜਨੀਤੀ ਦਾ ਅਸਰ ਘੱਟ ਰਿਹਾ ਹੈ, ਪਰ ਇਹ ਪੂਰੀ ਤਰ੍ਹਾਂ ਖਤਮ ਨਹੀਂ ਹੋਇਆ। ਅੱਜ ਇੱਕ ਗਤੀਸ਼ੀਲ ਰਾਜਨੀਤਿਕ ਮੈਦਾਨ ਪੰਜਾਬ ਦੀ ਰਾਜਨੀਤੀ ਆਉਣ ਵਾਲੇ ਦਿਨਾਂ ਵਿਚ ਹੋਰ ਵੀ ਰੌਚਕ ਹੋਣ ਵਾਲੀ ਹੈ। ਭਾਜਪਾ ਆਪਣੇ ਦਾਅ ਚਲਾ ਰਹੀ ਹੈ ਅਤੇ ਉਸ ਨੂੰ ਆਪਣੇ ਆਗੂਆਂ ਜਿਵੇਂ ਬਿੱਟੂ ਅਤੇ ਜਾਖੜ ਨੂੰ ਸਹੀ ਥਾਂ 'ਤੇ ਵਰਤਣਾ ਚਾਹੀਦਾ ਹੈ। ਕਾਂਗਰਸ ਨੂੰ ਅੰਦਰੂਨੀ ਏਕਤਾ ਬਣਾਉਣੀ ਪਵੇਗੀ ਅਤੇ ਆਪ ਨੂੰ ਲੋਕਾਂ ਦੀਆਂ ਉਮੀਦਾਂ ਪੂਰੀਆਂ ਕਰਨੀਆਂ ਪੈਣਗੀਆਂ।

2027 ਦਾ ਚੋਣ ਮੈਦਾਨ ਬਹੁਤ ਤਿੱਖਾ ਹੋਵੇਗਾ। ਇਸ ਵਿਚ ਜੋ ਵੀ ਪਾਰਟੀ ਲੋਕਾਂ ਦੇ ਅਸਲ ਮੁੱਦਿਆਂ - ਖੇਤੀ, ਰੁਜ਼ਗਾਰ, ਸਿਹਤ, ਸਿੱਖਿਆ ਅਤੇ ਸੁਰੱਖਿਆ 'ਤੇ ਧਿਆਨ ਦੇਵੇਗੀ, ਉਹ ਜਿੱਤ ਸਕਦੀ ਹੈ। ਰਾਜਨੀਤੀ ਲੋਕਾਂ ਲਈ ਹੈ, ਨਾ ਕਿ ਲੋਕ ਰਾਜਨੀਤੀ ਲਈ। ਪੰਜਾਬ ਵਾਸੀਆਂ ਨੂੰ ਇੱਕ ਵਧੀਆ ਭਵਿੱਖ ਚਾਹੀਦਾ ਹੈ ਅਤੇ ਰਾਜਨੀਤਿਕ ਪਾਰਟੀਆਂ ਨੂੰ ਇਸ ਨੂੰ ਪੂਰਾ ਕਰਨ ਲਈ ਤਿਆਰ ਰਹਿਣਾ ਚਾਹੀਦਾ ਹੈ।

ਅੱਜ ਰਾਜਨੀਤੀ ਬਦਲਦੀ ਰਹਿੰਦੀ ਹੈ, ਇਸ ਲਈ ਆਉਣ ਵਾਲੀਆਂ ਘਟਨਾਵਾਂ ਇਸ ਤਸਵੀਰ ਨੂੰ ਹੋਰ ਬਦਲ ਸਕਦੀਆਂ ਹਨ।

# ਪੰਜਾਬ ਵਿਧਾਨ ਸਭਾ ਚੋਣਾਂ ਲਈ ਮਾਰੋ-ਮਾਰ !



ਕਮਲਜੀਤ ਸਿੰਘ ਬਨਵੈਤ
98147 34035

ਪੰਜਾਬ ਦੀਆਂ ਵਿਰੋਧੀ ਰਾਜਨੀਤਿਕ ਪਾਰਟੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਲਈ ਪਿੜ ਖੁੱਲ੍ਹਾ ਛੱਡ ਦਿੱਤਾ ਲੱਗਦਾ ਹੈ, ਜਿੱਥੇ ਉਹ ਅੱਜ ਬਾਘੀਆਂ ਪਾਉਂਦੇ ਫਿਰਦੇ ਦਿਸ ਰਹੇ ਹਨ। ਵਿਰੋਧੀ ਸਿਆਸੀ ਪਾਰਟੀਆਂ ਨੂੰ ਜਿੱਥੇ ਹਾਲੇ ਆਪਣਾ ਉਲਝਿਆ ਤਾਣਾ ਬਾਣਾ ਸੁਲਝਾਉਣ ਨੂੰ ਵਿਹਲ ਨਹੀਂ ਮਿਲ ਰਹੀ ਹੈ, ਉੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਥਾਨਕ ਸਰਕਾਰ ਦੀਆਂ ਚੋਣਾਂ ਵਿੱਚ ਝੰਡੇ ਗੱਡਣ ਤੋਂ ਬਾਅਦ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਫ਼ੀ ਅੱਗੇ ਨਿਕਲ ਗਏ ਹਨ।

ਭਾਰਤੀ ਜਨਤਾ ਪਾਰਟੀ ਨੂੰ ਪੰਜਾਬ ਵਿੱਚ ਵੱਡੀ ਲੜਾਈ ਲੜਨ ਲਈ ਛੋਟੇ ਕੱਦ ਦੇ ਨੇਤਾ ਕੇਵਲ ਸਿੰਘ ਢਿੱਲੋਂ ਨੂੰ ਪ੍ਰਧਾਨ ਬਣਾਉਣ ਤੋਂ ਬਾਅਦ ਹੁਣ ਮੁੜ ਤੋਂ ਊੜਾ ਐੜਾ ਸ਼ੁਰੂ ਕਰਨਾ ਪੈਣਾ ਹੈ। ਪੰਜਾਬ ਕਾਂਗਰਸ ਦੇ ਨੇਤਾਵਾਂ ਨੂੰ ਇੱਕ ਦੂਜੇ ਦੀਆਂ ਲੱਤਾਂ ਖਿੱਚਣ ਤੋਂ ਵੇਹਲ ਨਹੀਂ ਮਿਲ ਰਹੀ ਹੈ। ਲੀਡਰਸ਼ਿਪ ਬਦਲਣ ਨੂੰ ਲੈ ਕੇ ਲੀਡਰਸ਼ਿਪ ਵਿੱਚ ਭੰਬਲ ਭੂਸਾ ਚੱਲ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੋ ਪੈਰ ਅੱਗੇ ਵਧੇ ਸਨ ਤਾਂ ਚਾਰ ਪੈਰ ਪਿੱਛੇ ਮੁੜਨਾ ਪੈ ਗਿਆ। ਸ਼੍ਰੋਮਣੀ ਅਕਾਲੀ ਦਲ ਲਈ ਸਿਆਸੀ ਹਾਸ਼ੀਏ ਤੋਂ ਅੰਦਰ ਆਉਣਾ ਕੰਡਿਆਲੀ ਤਾਰ ਤੋਂ ਉੱਪਰ ਦੀ ਟੱਪਣ ਜਿਹਾ ਹੋ ਗਿਆ ਹੈ। ਅਕਾਲੀ ਦਲ ਪੁਨਰ ਸੁਰਜੀਤ ਅਤੇ ਵਾਰਿਸ ਪੰਜਾਬ ਦੇ ਰਲ ਕੇ ਤੁਰਨ ਲਈ ਰਸਤੇ ਦੀ ਭਾਲ ਵਿੱਚ ਹਨ। ਰਾਹ ਵਿੱਚ ਖਿੰਡੇ ਕੰਡੇ ਚੁਗਣੇ ਮੁਸ਼ਕਲ ਹੋ ਰਹੇ ਹਨ। ਹਾਲ ਦੀ ਘੜੀ ਹੋਰ ਕੋਈ ਰਾਜਨੀਤਿਕ ਪਾਰਟੀ ਦਿਸਦੀ ਨਹੀਂ ਜਿਹੜੀ ਆਮ ਆਦਮੀ ਪਾਰਟੀ ਲਈ ਚੁਣੌਤੀ ਬਣ ਸਕੇ। ਆਮ ਆਦਮੀ ਪਾਰਟੀ ਅੰਦਰ ਜੇ ਕਦੇ ਖਿਲਾਰਾ ਪਿਆ ਵੀ ਹੈ ਤਾਂ ਸਮੇਟਣ ਲੱਗਿਆਂ ਮਿੰਟ ਨਹੀਂ ਲੱਗਦਾ ਹੈ। ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲ ਸਰਕਾਰੀ ਜਾਦੂ ਦੀ ਛੜੀ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਰਟੀ ਉੱਤੇ ਕੰਟਰੋਲ ਰੱਖਣਾ ਅਤੇ ਵਿਰੋਧੀਆਂ ਨੂੰ ਅੱਗੇ ਲਾਉਣ ਦੀ ਜਾਚ ਸਿੱਖ ਗਏ ਹਨ। ਉਹ ਕਿਸਮਤ ਦੇ ਤਾਂ ਨਹੀਂ ਨਿਕਲੇ ਕਿ ਵਿਰੋਧੀ ਧਿਰਾਂ ਦੀ ਆਪਣੀ ਰੀੜ ਦੀ ਹੱਡੀ ਭਾਰ ਨਹੀਂ ਝੱਲ ਰਹੀ ਹੈ। ਆਮ ਆਦਮੀ ਪਾਰਟੀ ਲਈ ਖੇਤਰੀ ਪਾਰਟੀ ਰਾਹ ਰੋਕ ਸਕਦੀ ਸੀ ਪਰ ਧਾਰਮਿਕ ਅਤੇ ਸਿਆਸੀ ਮਾਮਲਿਆਂ ਨੂੰ ਲੈ ਕੇ ਪੰਜਾਬ ਸਰਕਾਰ ਦਾ ਸ਼੍ਰੋਮਣੀ ਅਕਾਲੀ ਦਲ, ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਤਕੜਾ ਪੇਚਾ ਪੈ ਚੁੱਕਾ ਹੈ। ਹਾਲ ਦੀ ਘੜੀ ਉਹ ਸਭ ਨੂੰ ਮੂਹਰੇ ਲਾਈ ਫਿਰਦੇ ਹਨ। ਸਰਲ ਸ਼ਬਦਾਂ ਵਿੱਚ ਕਹਿਣਾ ਹੋਵੇ ਤਾਂ ਇਹ ਕਿ ਗੱਲ ਅਗਲੀਆਂ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਦੀਆਂ ਨਾ ਕਰੀਏ ਤਾਂ ਇਸ ਵੇਲੇ ਚਾਰੇ ਪਾਸੇ ਤੋਂ ਠੰਡੀਆਂ ਹਵਾਵਾਂ ਰੁਮਕ ਰਹੀਆਂ ਹਨ। ਆਮ ਆਦਮੀ ਪਾਰਟੀ ਜਿੱਤ ਦੇ ਜਸ਼ਨ ਮਨਾਉਂਦਿਆਂ ਅੱਗੇ ਵੱਧ ਰਹੀ ਹੈ ਜਦਕਿ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਵੜਿੰਗ ਦੇ ਹਲਕੇ ਵਿੱਚ ਕਾਂਗਰਸ ਦੀ ਪੂਰੀ ਤਰ੍ਹਾਂ ਲੱਗੀ ਪਿੱਠ ਨੂੰ ਲੈ ਕੇ ਉਹਨਾਂ ਦੇ ਮਗਰ ਪੈ ਗਏ ਹਨ। ਇਹ ਵੱਖਰੀ ਗੱਲ ਹੈ ਕਿ ਰਾਹੁਲ ਗਾਂਧੀ ਨੇ ਪਹਿਲੀ ਮੀਟਿੰਗ ਵਿੱਚ ਝਾੜ ਕੇ ਬਿਠਾ ਦਿੱਤਾ ਸੀ।

ਪੰਜਾਬ ਵਿੱਚ ਹੋਈਆਂ ਸਥਾਨਕ ਚੋਣਾਂ ਦੇ ਨਤੀਜੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਰਹੇ ਹਨ। ਸਾਲ 2021 ਦੀਆਂ ਚੋਣਾਂ ਵਿੱਚ ਵੀ ਨਤੀਜੇ ਕਾਂਗਰਸ ਦੇ ਹੱਕ ਵਿੱਚ ਭੁਗਤੇ ਸਨ। ਨਗਰ ਨਿਗਮ ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਇਹਨਾਂ ਚੋਣਾਂ ਵਿੱਚ ਵੋਟਰਾਂ ਨੇ ਅਕਾਲੀਆਂ ਅਤੇ ਭਾਜਪਾਈਆਂ ਨਾਲ ਤੇਹ ਨਹੀਂ ਜਤਾਇਆ ਹੈ। ਅਗਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਥਾਨਕ ਚੋਣਾਂ ਨੂੰ ਫਤਿਹ ਕਰਕੇ ਆਮ ਆਦਮੀ ਪਾਰਟੀ ਨੇ ਸ਼ਹਿਰੀ ਵੋਟਰ ਦੇ ਸਰਕਾਰ ਉੱਤੇ ਭਰੋਸੇ ਦਾ ਸੁਨੇਹਾ ਦਿੱਤਾ ਹੈ। ਸੌਖੇ ਸ਼ਬਦਾਂ ਵਿੱਚ ਆਮ ਆਦਮੀ ਪਾਰਟੀ ਦੀ ਨਿਗਮ ਅਤੇ ਕੌਂਸਲ ਚੋਣਾਂ ਵਿੱਚ ਵੱਡੀ ਜਿੱਤ ਹੋਈ ਹੈ। ਕਿਸ ਤਰ੍ਹਾਂ ਆਮ ਆਦਮੀ ਪਾਰਟੀ ਨੇ ਸੈਮੀ ਫਾਈਨਲ ਜਿੱਤ ਕੇ ਫਾਈਨਲ ਲਈ ਪਿੜ ਬੰਨ ਲਿਆ ਹੈ। ਵੋਟਰਾਂ ਨੇ ਵਿਰੋਧੀ ਧਿਰਾਂ ਹੱਕ ਵਿੱਚ ਫੈਸਲਾ ਨਹੀਂ ਦਿੱਤਾ ਹੈ।

ਆਮ ਆਦਮੀ ਪਾਰਟੀ 958 ਸੀਟਾਂ ਉੱਤੇ ਜੇਤੂ ਰਹੀ ਹੈ ਅਤੇ 48 ਫ਼ੀਸਦੀ ਤੋਂ ਵੱਧ ਵੋਟਾਂ ਲਈਆਂ ਹਨ। ਕਾਂਗਰਸ 397 ਸੀਟਾਂ ਜਿੱਤ ਕੇ ਦੂਜੇ ਨੰਬਰ 'ਤੇ ਰਹੀ ਹੈ ਜਦੋਂ ਕਿ ਵੋਟ ਪ੍ਰਤੀਸ਼ਤਤਾ 20.8 ਫੀਸਦੀ ਤੋਂ ਉੱਪਰ ਨਹੀਂ ਜਾ ਸਕੀ ਹੈ। ਭਾਰਤੀ ਜਨਤਾ ਪਾਰਟੀ ਨੂੰ 9 ਫੀਸਦੀ ਤੋਂ ਘੱਟ ਵੋਟਾਂ ਮਿਲੀਆਂ ਹਨ। ਭਾਜਪਾ 172 ਸੀਟਾਂ ਉੱਤੇ ਜੇਤੂ ਰਹੀ ਹੈ। ਸ਼੍ਰੋਮਣੀ ਅਕਾਲੀ ਦਲ 192 ਸੀਟਾਂ ਉੱਤੇ ਜੇਤੂ ਰਿਹਾ ਜਦਕਿ ਵੋਟਾਂ 10 ਫੀਸਦੀ ਵੀ ਨਹੀਂ ਮਿਲ ਸਕੀਆਂ। ਬਸਪਾ ਨੂੰ ਸੱਤ ਸੀਟਾਂ ਨਾਲ ਸਬਰ ਕਰਨਾ ਪਿਆ ਜਦਕਿ ਵੋਟ ਪ੍ਰਤੀਸ਼ਤ 0.35 ਫ਼ੀਸਦੀ ਰਹੀ। ਆਜ਼ਾਦ ਉਮੀਦਵਾਰ ਭਾਜਪਾ, ਅਕਾਲੀ ਦਲ ਤੇ ਬਸਪਾ ਨਾਲੋਂ ਉੱਪਰ ਰਹੇ । ਆਜ਼ਾਦ ਉਮੀਦਵਾਰਾਂ ਨੇ 251 ਸੀਟਾਂ ਜਿੱਤੀਆਂ ਅਤੇ 62.69 ਫ਼ੀਸਦੀ ਵੋਟ ਪ੍ਰਾਪਤ ਕੀਤੀ।

ਅੱਠ ਨਗਰ ਨਿਗਮ ਦੀ ਚੋਣ ਵਿੱਚੋਂ ਪੰਜ ਨਤੀਜੇ ਆਮ ਆਦਮੀ ਪਾਰਟੀ ਦੇ ਹੱਕ 'ਚ ਰਹੇ। ਦੋ ਨੂੰ ਭਾਜਪਾ ਅਤੇ ਇੱਕ ਨੂੰ ਕਾਂਗਰਸ ਹੱਥ ਮਾਰ ਗਈ ਜਦੋਂ ਕਿ ਅਕਾਲੀ ਦਲ ਹੱਥ ਮਲਦਾ ਰਹਿ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਵਿਧਾਨ ਸਭਾ ਹਲਕੇ ਧੂਰੀ ਵਿੱਚ ਨਗਰ ਕੌਂਸਲ ਦੀਆਂ 21 ਵਿੱਚੋਂ 19 ਸੀਟਾਂ ਉੱਤੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਜੇਤੂ ਰਹੇ । ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਦੇ ਗਿੱਦੜਬਾਹਾ ਨਗਰ ਕੌਂਸਲ ਵਿੱਚ ਆਪ ਨੇ 19 ਵਿੱਚੋਂ 17 ਸੀਟਾਂ ਜਿੱਤ ਕੇ ਕਾਂਗਰਸ ਨੂੰ ਵੱਡਾ ਝਟਕਾ ਦਿੱਤਾ ਹੈ। ਅਕਾਲੀ ਨੇਤਾ ਬਿਕਰਮ ਸਿੰਘ ਮਜੀਠੀਆ ਦੇ ਗੜ੍ਹ ਮਜੀਠਾ ਵਿੱਚ ਨਗਰ ਕੌਂਸਲ ਦੀਆਂ 13 ਸੀਟਾਂ ਵਿੱਚੋਂ ਸੱਤ ਉੱਤੇ ਆਮ ਆਦਮੀ ਪਾਰਟੀ ਤੇ ਛੇ ਉੱਤੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਜੇਤੂ ਰਹੇ ਹਨ। ਇੱਥੇ ਭਾਜਪਾ ਤੇ ਕਾਂਗਰਸ ਦਾ ਖ਼ਾਤਾ ਵੀ ਨਹੀਂ ਖੁੱਲ੍ਹ ਸਕਿਆ ।

ਆਮ ਕਰਕੇ ਇਹ ਕਿਹਾ ਜਾਂਦਾ ਹੈ ਕਿ ਸਥਾਨਕ ਸਰਕਾਰ ਦੀਆਂ ਚੋਣਾਂ ਦੇ ਨਤੀਜੇ ਸੱਤਾਧਾਰੀ ਪਾਰਟੀ ਦੇ ਹੱਕ 'ਚ ਭੁਗਤਦੇ ਹਨ। ਪਿਛਲੀਆਂ ਸਥਾਨਕ ਸਰਕਾਰ ਦੀਆਂ ਚੋਣਾਂ ਸਾਲ 2021 ਵਿੱਚ ਹੋਈਆਂ ਸਨ, ਉਸ ਸਮੇਂ ਸੂਬੇ ਵਿੱਚ ਕਾਂਗਰਸ ਦੀ ਹਕੂਮਤ ਸੀ ਅਤੇ ਨਤੀਜੇ ਸੱਤਾਧਾਰੀ ਦੇ ਹੱਕ ਵਿੱਚ ਰਹੇ ਸਨ। ਇਸ ਵਾਰ ਹੋਈਆਂ ਚੋਣਾਂ ਦੌਰਾਨ ਵੋਟਰਾਂ ਵਿੱਚ ਵੱਖਰੀ ਤਰ੍ਹਾਂ ਦਾ ਉਤਸ਼ਾਹ ਸੀ। ਸ਼ਾਇਦ ਇਸ ਕਰਕੇ ਕਿ ਅਗਲੇ ਸਾਲ ਦੇ ਸ਼ੁਰੂ ਵਿੱਚ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਇਹਨਾਂ ਸ਼ੱਕ ਇਹ ਨਤੀਜੇ ਲੋਕਾਂ ਦੀ ਨਬਜ਼ ਟੋਲਣ ਵਿੱਚ ਸਹਾਈ ਹੋਏ ਹਨ। ਚਾਹੇ ਇਹਨਾਂ ਚੋਣਾਂ ਦੌਰਾਨ ਵਿਰੋਧੀ ਪਾਰਟੀਆਂ ਵੱਲੋਂ ਸਰਕਾਰੀ ਤੰਤਰ ਦੀ ਦੁਰਵਰਤੋਂ ਕਰਨ ਦੇ ਇਲਜ਼ਾਮ ਜ਼ਰੂਰ ਲਗਾਏ ਜਾਂਦੇ ਰਹੇ ਹਨ। ਪਰ ਰਾਜ ਚੋਣ ਕਮਿਸ਼ਨ ਨੇ ਵਾਰ-ਵਾਰ ਇਸ ਗੱਲ ਨੂੰ ਦੁਹਰਾਇਆ ਸੀ ਕਿ ਇਹ ਚੋਣਾਂ ਸੁਤੰਤਰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਸਿਰੇ ਚੜ੍ਹਾਈਆਂ ਜਾਣਗੀਆਂ। ਚੋਣਾਂ ਦੀ ਪ੍ਰਤੀਸ਼ਤਤਾ 64 ਫ਼ੀਸਦੀ ਦੇ ਲਗਭਗ ਰਹੀ । ਕੁੱਲ 1977 ਵਾਰਡਾਂ ਵਿੱਚੋਂ 80 ਵਿੱਚ ਸਰਬ ਸੰਮਤੀ ਹੋ ਗਈ ਸੀ। ਚੋਣਾਂ ਦੇ ਨਤੀਜੇ ਦਰਸਾਉਂਦੇ ਹਨ ਕਿ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦਿੱਤਾ ਹੈ ਪਰ ਕਾਂਗਰਸ, ਭਾਜਪਾ ਤੇ ਅਕਾਲੀ ਦਲ ਸਮੇਤ ਦੂਜੀਆਂ ਪਾਰਟੀਆਂ ਵਿਧਾਨ ਸਭਾ ਚੋਣਾਂ ਲਈ ਪੂਰੀ ਤਰ੍ਹਾਂ ਤਿਆਰੀ ਖਿੱਚ ਰਹੀਆਂ ਹਨ। ਭਾਰਤੀ ਜਨਤਾ ਪਾਰਟੀ ਨੇ ਸਿੱਖ ਚਿਹਰੇ ਕੇਵਲ ਸਿੰਘ ਢਿੱਲੋਂ ਨੂੰ ਉਭਾਰਿਆ ਹੈ। ਕਾਂਗਰਸ ਦੀ ਕੱਲ ਹੋਈ ਮੀਟਿੰਗ ਵਿੱਚ ਵੀ 2027 ਦੀਆਂ ਵਿਧਾਨ ਸਭਾ ਚੋਣਾਂ ਉੱਤੇ ਚਰਚਾ ਹੋਈ। ਸੂਤਰ ਦੱਸਦੇ ਹਨ ਕਿ ਹਾਈ ਕਮਾਂਡ ਨੇ ਪੰਜਾਬ ਪ੍ਰਧਾਨ ਨੂੰ ਬਦਲਣ ਤੋਂ ਦੋ ਟੁੱਕ ਨਾਂਹ ਦੇ ਦਿੱਤੀ ਹੈ। ਸ਼੍ਰੋਮਣੀ ਅਕਾਲੀ ਦਲ ਇੱਕ ਤਰ੍ਹਾਂ ਨਾਲ ਪਰਦੇ ਪਿੱਛੇ ਹੋ ਕੇ ਚੱਲ ਰਿਹਾ ਹੈ। ਵਾਰਿਸ ਪੰਜਾਬ ਦੇ ਮੁੜ ਹੱਥ ਉੱਤੇ ਸਰੋਂ ਜਮਾਉਣ ਦੀ ਤਾਕ ਵਿੱਚ ਹਨ। ਅਕਾਲੀ ਦਲ ਪੁਨਰ ਸੁਰਜੀਤ ਹਾਲੇ ਅੱਕੀਂ ਪਲਾਹੀ ਹੱਥ ਮਾਰ ਰਿਹਾ ਹੈ। ਅਗਲੇ ਦਿਨ ਹੀ ਹੋਰ ਕੋਈ ਸਿਆਸੀ ਪਾਰਟੀਆਂ ਦੇ ਵੀ ਖੁੰਬਾਂ ਦੀ ਤਰ੍ਹਾਂ ਉੱਗਣ ਦੀਆਂ ਖ਼ਬਰਾਂ ਮਿਲਣ ਲੱਗੀਆਂ ਹਨ।

ਮੁਲਕ ਦੀ ਗੱਲ ਕਰੀਏ ਜਾਂ ਪੰਜਾਬ ਦੀ ਰਾਜਨੀਤੀ ਪਲ ਪਲ ਬਦਲਦੀ ਹੈ। ਹੁਣ ਸਿਆਸੀ ਲੀਡਰ ਪਲਟਾ ਮਾਰਨ ਲੱਗੇ ਬਿੰਦ ਨਹੀਂ ਲਾਉਂਦੇ ਹਨ। ਸਿਧਾਂਤ ਤੇ ਕਿਰਦਾਰ ਤਾਂ ਜਿਵੇਂ ਚੇਤਿਆਂ ਵਿੱਚੋਂ ਵਿਸਰ ਗਏ ਹੋਣ। ਪਾਰਟੀ ਦੀ ਵਿਰਾਸਤ ਪਵੇ ਢੱਠੇ ਖੂਹ ਵਿੱਚ। ਵੋਟਾਂ ਪਾਉਣ ਵਾਲੇ ਵੋਟਰਾਂ ਦੀ ਕਿਹਨੂੰ ਪਰਵਾਹ । ਪਿਛਲੀਆਂ ਚੋਣਾਂ ਜਿਸ ਪਾਰਟੀ ਨੂੰ ਨਿੰਦ ਕੇ ਲਈਆਂ ਸਨ, ਅਗਲੀਆਂ ਚੋਣਾਂ ਜਿੱਤਣ ਲਈ ਉਹਨਾਂ ਹੀ ਪਾਰਟੀਆਂ ਅਤੇ ਨੇਤਾਵਾਂ ਦੇ ਸੋਹਲੇ ਗਾਏ ਜਾਂਦਿਆਂ ਕੋਈ ਸੰਗ ਸ਼ਰਮ ਨਹੀਂ ਕੀਤੀ ਜਾਂਦੀ ਹੈ । ਬਦਲਾਅ ਦੇ ਨਾਂ 'ਤੇ ਆਈ ਪਾਰਟੀ ਜਦੋਂ ਇੰਨੀ ਹੇਠਾਂ ਵੱਲ ਨੂੰ ਖਿਸਕਣ ਲੱਗੇ ਤਾਂ ਸੂਬੇ ਦੀ ਬਦਕਿਸਮਤੀ ਇਸ ਤੋਂ ਵੱਧ ਹੋਰ ਕੀ ਹੋ ਸਕਦੀ ਹੈ।

ਸਥਾਨਕ ਸਰਕਾਰ ਦੇ ਚੋਣ ਨਤੀਜਿਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਹੌਂਸਲੇ ਬੁਲੰਦ ਕੀਤੇ ਹਨ। ਦੋਹਾਂ ਦੇ ਡੌਲਿਆਂ ਵਿੱਚ 2027 ਦੀ ਲੜਾਈ ਲੜਨ ਲਈ ਹੋਰ ਬੱਲ ਵਧਿਆ ਹੈ। ਦੂਜੇ ਬੰਨੇ ਆਮ ਆਦਮੀ ਪਾਰਟੀ ਨੂੰ ਇਹ ਸਮਝ ਲੈਣਾ ਚਾਹੀਦਾ ਹੈ ਕਿ ਸਰਕਾਰ ਦੀ ਲੋਕਾਂ ਪ੍ਰਤੀ ਜ਼ਿੰਮੇਵਾਰੀ ਅਤੇ ਜਵਾਬਦੇਹੀ ਵਧੀ ਹੈ। ਸਰਕਾਰ ਸਮੇਤ ਦੂਜੀਆਂ ਸਿਆਸੀ ਪਾਰਟੀਆਂ ਨੂੰ ਆਪਣੀ ਕਾਰਗੁਜ਼ਾਰੀ ਬਿਹਤਰ ਬਣਾਉਣ ਦਾ ਮੌਕਾ ਮਿਲ ਗਿਆ ਹੈ। ਜੇ ਸਰਕਾਰ ਦੀ ਕਈ ਪੱਖਾਂ ਨੂੰ ਲੈ ਕੇ ਆਲੋਚਨਾ ਕੀਤੀ ਜਾ ਸਕਦੀ ਹੈ ਤਾਂ ਇਸ ਗੱਲ ਤੋਂ ਵੀ ਮੁਨਕਰ ਨਹੀਂ ਹੋਇਆ ਜਾ ਸਕਦਾ ਕਿ ਵਿਰੋਧੀ ਧਿਰਾਂ ਨੇ ਵੀ ਹਾਲੇ ਤੱਕ ਮਜ਼ਬੂਤ ਭੂਮਿਕਾ ਨਹੀਂ ਨਿਭਾਈ ਹੈ। ਪੰਜਾਬ ਸਰਕਾਰ ਤੋਂ ਮੁਲਾਜ਼ਮ ਨਰਾਜ਼ ਚੱਲੇ ਆ ਰਹੇ ਹਨ । ਆਊਟ ਸੋਰਸ ਮੁਲਾਜ਼ਮਾਂ ਨੂੰ ਠੇਕੇ 'ਤੇ ਕਰਨ ਦਾ ਅੱਧ ਪਚੱਧਾ ਫੈਸਲਾ ਲੈ ਕੇ ਖੁਸ਼ ਕਰਨ ਦੀ ਕੋਸ਼ਿਸ਼ ਕੀਤੀ ਹੈ ਪਰ ਤਿੰਨ ਸਾਲ ਤੋਂ ਘੱਟ ਸੇਵਾ ਵਾਲੇ ਹਾਲੇ ਵੀ ਗੁੱਸੇ ਵਿੱਚ ਹਨ। ਪੁਰਾਣੀ ਪੈਨਸ਼ਨ ਸਕੀਮ ਦਾ ਲਾਭ ਨਾ ਮਿਲਣ ਵਾਲੇ ਮੁਲਾਜ਼ਮ ਆਪਣੇ ਆਪ ਨੂੰ ਠੱਗੇ ਹੋਏ ਮਹਿਸੂਸ ਕਰਦੇ ਹਨ । ਸਰਕਾਰ ਨੂੰ ਮੁਲਾਜ਼ਮਾਂ ਨੂੰ ਨਜ਼ਰਅੰਦਾਜ਼ ਕਰਨਾ ਮਹਿੰਗਾ ਪੈ ਸਕਦਾ ਹੈ। ਲੋਕਾਂ ਜਿਨ੍ਹਾਂ ਵਿੱਚ ਮੁਲਾਜ਼ਮਾਂ ਦਾ ਜ਼ਿਕਰ ਵਿਸ਼ੇਸ਼ ਤੌਰ 'ਤੇ ਕਰਨਾ ਬਣਦਾ ਹੈ, ਦਾ ਵਿਸ਼ਵਾਸ ਹੀ ਫਾਈਨਲ ਵਿੱਚ ਨਤੀਜੇ ਬਦਲ ਸਕੇਗਾ। ਪੰਜਾਬ ਦੋਚਿਤੀ ਦੇ ਚੌਰਾਹੇ 'ਤੇ ਖੜ੍ਹਾ ਹੈ। ਪੰਜਾਬੀ ਲੀਡਰਾਂ ਦੇ ਬੁੱਲ੍ਹਾਂ 'ਚੋਂ ਕਿਰਨ ਵਾਲੇ ਸ਼ਬਦਾਂ ਰਾਹੀਂ ਪੰਜਾਬ ਦੀ ਗੱਲ ਕਰਨ ਦੀ ਉਮੀਦ ਲਾਈ ਬੈਠੇ ਹਨ। ਪੰਜਾਬ ਇੱਕ ਨਹੀਂ ਅਨੇਕ ਤਰ੍ਹਾਂ ਦੀਆਂ ਦਿੱਕਤਾਂ ਵਿੱਚੋਂ ਦੀ ਲੰਘ ਰਿਹਾ ਹੈ। ਸਰਕਾਰ ਨੂੰ ਲੰਮੇ ਚੌੜੇ ਵਾਅਦੇ ਤੇ ਦਾਅਵੇ ਕਰਨ ਤੋਂ ਕੋਈ ਰੋਕ ਨਹੀਂ ਸਕਦਾ ਪਰ ਸੱਚ ਤਾਂ ਇਹ ਹੈ ਕਿ ਸਰਕਾਰ ਨੂੰ ਮੁੜ ਤੋਂ ਗੰਭੀਰ ਮੰਥਨ ਕਰਕੇ ਹੀ ਫਾਈਨਲ ਵਿੱਚ ਉਤਰਨਾ ਪਵੇਗਾ। ਸੂਬੇ ਦੀ ਸਿਆਸਤ ਪਲ ਪਲ ਬਦਲ ਰਹੀ ਹੈ। ਰਾਤ ਨੂੰ ਨੀਲੀ ਪੱਗ ਬੰਨ ਕੇ ਸੌਣ ਵਾਲੇ ਸਵੇਰੇ ਉੱਠਣ ਵੇਲੇ ਖੱਟੀ ਪੱਗ ਸਜਾਈ ਬੈਠੇ ਹੁੰਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿਹੜੇ ਸਰਕਾਰ ਅਤੇ ਪਾਰਟੀ ਦੋਹਾਂ ਨੂੰ ਚਲਾ ਰਹੇ ਹਨ, ਨੂੰ ਇਹ ਨਹੀਂ ਭੁੱਲਣਾ ਚਾਹੀਦਾ ਕਿ ਬੜੀ ਵਾਰ ਹਵਾ ਵੋਟਾਂ ਤੋਂ ਹਫ਼ਤਾ ਪਹਿਲਾਂ ਵੀ ਰੁੱਖ ਬਦਲ ਲੈਂਦੀ ਹੈ। 2024 ਦੀਆਂ ਲੋਕ ਸਭਾ ਚੋਣਾਂ ਦੇ ਪੰਜਾਬ ਦੇ ਦੋ ਹਲਕਿਆਂ ਫ਼ਰੀਦਕੋਟ ਅੱਗੇ ਖਡੂਰ ਸਾਹਿਬ ਦੇ ਨਤੀਜੇ ਇਸ ਦੀ ਹਾਮੀ ਭਰਦੇ ਦਿਸਦੇ ਹਨ।



ਵਿੰਕਲਜੀਤ ਸਿੰਘ ਸਰਾ
9501477889

## ਮੋਬਾਈਲ 'ਚ ਸਿਮਟਦੀ ਜ਼ਿੰਦਗੀ

# ਡਿਜ਼ੀਟਲ ਕ੍ਰਾਂਤੀ ਦੇ ਓਹਲੇ ਗੁਆਚ ਰਿਹਾ ਸਾਡਾ ਅੱਜ ਅਤੇ ਭਲਕ

**ਇੱਕ ਦ੍ਰਿਸ਼ਟੀਕੋਣ** : ਵੀਹਵੀਂ ਸਦੀ ਦੇ ਆਖਰੀ ਦਹਾਕਿਆਂ ਵਿੱਚ ਜਦੋਂ ਇੰਟਰਨੈੱਟ ਨੇ ਭਾਰਤ ਦੀ ਸਰਜ਼ਮੀਨ 'ਤੇ ਪਹਿਲਾ ਕਦਮ ਰੱਖਿਆ ਸੀ ਤਾਂ ਕਿਸੇ ਨੇ ਕਲਪਨਾ ਵੀ ਨਹੀਂ ਸੀ ਕੀਤੀ ਕਿ ਇੱਕ ਦਿਨ ਇਹ ਨਿਰਜਿੰਦ ਤਾਰਾਂ ਅਤੇ ਅਦਿੱਖ ਤਰੰਗਾਂ ਸਾਡੇ ਸਾਹਾਂ ਵਰਗੀ ਅਹਿਮੀਅਤ ਅਖਤਿਆਰ ਕਰ ਲੈਣਗੀਆਂ। ਅੱਜ ਜਦੋਂ ਅਸੀਂ ਸਵੇਰੇ ਅੱਖ ਖੋਲ੍ਹਦੇ ਹਾਂ ਤਾਂ ਸਾਡਾ ਪਹਿਲਾ ਸੰਪਰਕ ਕੁਦਰਤ ਦੀ ਰੌਸ਼ਨੀ ਨਾਲ ਨਹੀਂ, ਬਲਕਿ ਮੋਬਾਈਲ ਦੀ ਨੀਲੀ ਸਕ੍ਰੀਨ ਨਾਲ ਹੁੰਦਾ ਹੈ। ਭਾਰਤ ਵਿੱਚ 18 ਤੋਂ 24 ਸਾਲ ਦੇ ਨੌਜਵਾਨ ਹਰ ਰੋਜ਼ ਔਸਤਨ 120 ਮਿੰਟ ਤੋਂ ਵੱਧ ਦਾ ਸਮਾਂ ਸਿਰਫ਼ ਇੰਟਰਨੈੱਟ ਮੀਡੀਆ 'ਤੇ ਬਿਤਾ ਰਹੇ ਹਨ, ਜੋ ਕਿ ਕੁੱਲ ਔਸਤ (97.9 ਮਿੰਟ) ਤੋਂ ਕਿਤੇ ਜ਼ਿਆਦਾ ਹੈ। ਇਹ ਅੰਕੜਾ ਮਹਿਜ਼ ਇੱਕ ਗਿਣਤੀ ਨਹੀਂ ਹੈ, ਬਲਕਿ ਇਹ ਉਸ ਗੰਭੀਰ ਮਨੋਵਿਗਿਆਨਕ ਅਤੇ ਸਮਾਜਿਕ ਤਬਦੀਲੀ ਦਾ ਇਸ਼ਾਰਾ ਹੈ, ਜਿਸ ਵਿੱਚ ਸਾਡੀ ਪੂਰੀ ਜੀਵਨ-ਸ਼ੈਲੀ ਸਿਮਟ ਰਹੀ ਹੈ। ਭਾਰਤ ਵਿੱਚ 90 ਕਰੋੜ ਤੋਂ ਵੱਧ ਇੰਟਰਨੈੱਟ ਉਪਭੋਗਤਾਵਾਂ ਦੀ ਮੌਜੂਦਗੀ ਇਸ ਗੱਲ ਦੀ ਗਵਾਹ ਹੈ ਕਿ ਅਸੀਂ ਡਿਜ਼ੀਟਲ ਤੌਰ 'ਤੇ ਇੱਕ ਮਹਾਂਸ਼ਕਤੀ ਬਣ ਚੁੱਕੇ ਹਾਂ। ਪਰ ਜਦੋਂ ਮੈਂ ਸਮਾਜ ਦੇ ਡੂੰਘੇ ਤਾਣੇ-ਬਾਣੇ ਨੂੰ ਦੇਖਦਾ ਹਾਂ ਤਾਂ ਸਵਾਲ ਉੱਠਦਾ ਹੈ ਕਿ ਕੀ ਇਸ ਡਿਜ਼ੀਟਲ ਸਮ੍ਰਿੱਧੀ ਨੇ ਸਾਡੇ ਰਿਸ਼ਤਿਆਂ, ਸਾਡੇ ਬੱਚਿਆਂ ਦੇ ਬਚਪਨ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਅਮੀਰ ਕੀਤਾ ਹੈ ਜਾਂ ਫਿਰ ਉਨ੍ਹਾਂ ਨੂੰ ਇੱਕ ਅਜਿਹੀ ਅਦਿੱਖ ਜੇਲ੍ਹ ਵਿੱਚ ਕੈਦ ਕਰ ਦਿੱਤਾ ਹੈ ਜਿੱਥੋਂ ਨਿਕਲਣ ਦਾ ਰਸਤਾ ਸ਼ਾਇਦ ਕੋਈ ਨਹੀਂ ਜਾਣਦਾ।

**ਸਕ੍ਰੀਨ ਦੀ ਚਮਕ ਅਤੇ ਰਿਸ਼ਤਿਆਂ ਦੀ ਗੁਆਚਦੀ ਨਿੱਘ** : ਇੰਟਰਨੈੱਟ ਨੇ ਬਿਨਾਂ ਸ਼ੱਕ ਭੂਗੋਲਿਕ ਦੂਰੀਆਂ ਨੂੰ ਮਿਟਾ ਦਿੱਤਾ ਹੈ। ਸੱਤ ਸਮੁੰਦਰ ਪਾਰ ਬੈਠੇ ਰਿਸ਼ਤੇਦਾਰ ਨਾਲ ਵੀਡੀਓ ਕਾਲ ਰਾਹੀਂ ਗੱਲ ਕਰਨਾ ਹੁਣ ਚੁਟਕੀਆਂ ਦਾ ਖੇਡ ਹੈ। ਸਿੱਖਿਆ, ਬੈਂਕਿੰਗ ਅਤੇ ਕਾਰੋਬਾਰ ਵਿੱਚ ਆਈ ਤੇਜ਼ੀ ਨੇ ਸਾਡੀ ਜ਼ਿੰਦਗੀ ਨੂੰ ਬਹੁਤ ਸੁਖਾਲਾ ਬਣਾਇਆ ਹੈ। ਔਰਤਾਂ ਦੀ ਭਾਈਵਾਲੀ ਦੀ ਗੱਲ ਕਰੀਏ ਤਾਂ ਅੰਕੜੇ ਬੇਹੱਦ ਦਿਲਚਸਪ ਹਨ 18-24 ਸਾਲ ਦੀਆਂ 47% ਔਰਤਾਂ ਮਰਦਾਂ ਦੇ ਮੁਕਾਬਲੇ ਈ-ਕਾਮਰਸ 'ਤੇ ਵਧੇਰੇ ਸਮਾਂ ਬਿਤਾ ਰਹੀਆਂ ਹਨ ਅਤੇ ਮੀਸ਼ੋ (61%), ਬਲਿੰਕਿਟ (57%) ਤੇ ਮਿੰਤਰਾ (54%) ਵਰਗੇ ਪਲੇਟਫਾਰਮਾਂ 'ਤੇ ਉਨ੍ਹਾਂ ਦਾ ਦਬਦਬਾ ਹੈ। ਇਹ ਡਿਜ਼ੀਟਲ ਸੁਤੰਤਰਤਾ ਅਤੇ ਆਰਥਿਕ ਸਰਗਰਮੀ ਦਾ ਇੱਕ ਸੁਖਦ ਪਹਿਲੂ ਹੈ। ਪਰ ਇਸ ਤਸਵੀਰ ਦਾ ਦੂਜਾ ਪਾਸਾ ਬੇਹੱਦ ਦਰਦਨਾਕ ਹੈ। ਜਿਸ ਤਕਨਾਲੋਜੀ ਨੇ ਦੂਰ ਬੈਠੇ ਲੋਕਾਂ ਨੂੰ ਨੇੜੇ ਲਿਆਂਦਾ, ਉਸੇ ਨੇ ਸਾਡੇ ਬੈਡਰੂਮ ਅਤੇ ਡਰਾਇੰਗ ਰੂਮ ਵਿੱਚ ਬੈਠੇ ਪਰਿਵਾਰਕ ਮੈਂਬਰਾਂ ਵਿਚਕਾਰ ਹਜ਼ਾਰਾਂ ਮੀਲ ਦੀ ਦੂਰੀ ਪੈਦਾ ਕਰ ਦਿੱਤੀ ਹੈ। ਅੱਜ ਇੱਕੋ ਘਰ ਦੇ ਚਾਰ ਜੀਅ ਇੱਕੋ ਸੋਫੇ 'ਤੇ ਬੈਠ ਕੇ ਵੀ ਇੱਕ ਦੂਜੇ ਨਾਲ ਗੱਲ ਨਹੀਂ ਕਰਦੇ, ਕਿਉਂਕਿ ਹਰ ਕੋਈ ਆਪਣੇ ਮੋਬਾਈਲ ਦੀ ਦੁਨੀਆ ਵਿੱਚ ਮਸਤ ਹੈ। ਅਸੀਂ ਅਸਲ ਜ਼ਿੰਦਗੀ ਦੇ ਰਿਸ਼ਤਿਆਂ ਦੀ ਨਿੱਘ ਨੂੰ ਛੱਡ ਕੇ ਸੋਸ਼ਲ ਮੀਡੀਆ ਦੇ ਨਕਲੀ 'ਲਾਇਕਸ' (Likes) ਅਤੇ 'ਕਮੈਂਟਸ' (Comments) ਵਿੱਚ ਆਪਣੀ ਖੁਸ਼ੀ ਲੱਭ ਰਹੇ ਹਾਂ। ਇਹ ਇੱਕ ਅਜਿਹਾ 'ਸਮਾਜਿਕ ਇਕੱਲਾਪਣ' ਹੈ ਜੋ ਸਾਨੂੰ ਅੰਦਰੋਂ-ਅੰਦਰੀ ਖੋਖਲਾ ਕਰ ਰਿਹਾ ਹੈ।

**ਬਚਪਨ 'ਤੇ ਪਿਆ ਡਿਜ਼ੀਟਲ ਗ੍ਰਹਿਣ** : ਕਿਸੇ ਨੇ ਸੱਚ ਹੀ ਕਿਹਾ ਹੈ ਕਿ ਬੱਚੇ ਕੋਰੀ ਸਲੇਟ ਵਰਗੇ ਹੁੰਦੇ ਹਨ, ਅਸੀਂ ਉਸ 'ਤੇ ਜੋ ਲਿਖਾਂਗੇ, ਉਹ ਉਹੀ ਸਿੱਖਣਗੇ। ਅੱਜ ਦੇ ਦੌਰ ਵਿੱਚ ਮਾਪਿਆਂ ਨੇ ਆਪਣੇ ਬੱਚਿਆਂ ਦੀਆਂ ਸਲੇਟਾਂ 'ਤੇ ਮੋਬਾਈਲ ਦੀ ਸਕ੍ਰੀਨ ਲਿਖ ਦਿੱਤੀ ਹੈ। ਛੋਟੇ ਬੱਚਿਆਂ ਨੂੰ ਰੋਟੀ ਖਵਾਉਣ ਲਈ, ਜਾਂ ਉਨ੍ਹਾਂ ਨੂੰ ਚੁੱਪ ਕਰਵਾਉਣ ਲਈ ਮੋਬਾਈਲ ਫੜਾ ਦੇਣਾ ਹੁਣ ਇੱਕ ਆਮ ਪਰਿਵਾਰਕ ਆਦਤ ਬਣ ਚੁੱਕੀ ਹੈ। ਇਸ ਦੇ ਸਿੱਟੇ ਵਜੋਂ ਬੱਚਿਆਂ ਦਾ ਮਾਨਸਿਕ ਅਤੇ ਸਰੀਰਕ ਵਿਕਾਸ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਜੋ ਉਮਰ ਪਾਰਕਾਂ ਵਿੱਚ ਦੌੜਨ-ਭੱਜਣ, ਮਿੱਟੀ ਵਿੱਚ ਖੇਡਣ ਅਤੇ ਦੋਸਤਾਂ ਨਾਲ ਲੜਨ-ਝਗੜਨ ਦੀ ਸੀ, ਉਹ ਹੁਣ ਇੱਕ ਬੰਦ ਕਮਰੇ ਵਿੱਚ 5-ਇੰਚ ਦੀ ਸਕ੍ਰੀਨ ਤੱਕ ਮਹਿਦੂਦ ਹੋ ਗਈ ਹੈ। ਵਿਗਿਆਨਕ ਖੋਜਾਂ ਦੱਸਦੀਆਂ ਹਨ ਕਿ ਛੋਟੀ ਉਮਰ ਵਿੱਚ ਜ਼ਿਆਦਾ ਸਕ੍ਰੀਨ ਟਾਈਮ ਕਾਰਨ ਬੱਚਿਆਂ ਵਿੱਚ ਭਾਸ਼ਾਈ ਵਿਕਾਸ (Speech Delay) ਦੇਰੀ ਨਾਲ ਹੁੰਦਾ ਹੈ। ਉਨ੍ਹਾਂ ਦੀ ਇਕਾਗਰਤਾ ਦੀ ਸਮਰੱਥਾ (Attention Span) ਇੰਨੀ ਘੱਟ ਚੁੱਕੀ ਹੈ ਕਿ ਉਹ ਪੜ੍ਹਾਈ ਜਾਂ ਕਿਸੇ ਗੰਭੀਰ ਵਿਸ਼ੇ 'ਤੇ 10 ਮਿੰਟ ਵੀ ਲਗਾਤਾਰ ਧਿਆਨ ਕੇਂਦ੍ਰਿਤ ਨਹੀਂ ਕਰ ਪਾਉਂਦੇ। ਰੀਲਾਂ (Reels) ਅਤੇ ਸ਼ਾਰਟਸ (Shorts) ਦੇ ਇਸ ਯੁੱਗ ਨੇ ਬੱਚਿਆਂ ਦੇ ਦਿਮਾਗ ਨੂੰ 'ਤੁਰੰਤ ਸੰਤੁਸ਼ਟੀ' (Instant Gratification) ਦਾ ਆਦੀ ਬਣਾ ਦਿੱਤਾ ਹੈ, ਜਿਸ ਕਾਰਨ ਉਨ੍ਹਾਂ ਦੇ ਸੁਭਾਅ ਵਿੱਚ ਚਿੜਚਿੜਾਪਣ, ਗੁੱਸਾ ਅਤੇ ਜ਼ਿੱਦ ਵਧ ਰਹੀ ਹੈ।

**ਭਟਕਦੀ ਜਵਾਨੀ; ਵਰਚੁਅਲ ਚਮਕ ਅਤੇ ਹਕੀਕਤ ਦਾ**




**ਟਕਰਾਅ** : ਨੌਜਵਾਨ ਕਿਸੇ ਵੀ ਦੇਸ਼ ਦਾ ਸਰਮਾਇਆ ਹੁੰਦੇ ਹਨ, ਪਰ ਅੱਜ ਸਾਡੀ ਜਵਾਨੀ ਦਾ ਇੱਕ ਵੱਡਾ ਹਿੱਸਾ ਡਿਜ਼ੀਟਲ ਭੁਲੱਕੜ ਵਿੱਚ ਗੁਆਚਿਆ ਨਜ਼ਰ ਆ ਰਿਹਾ ਹੈ। ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਦੂਜਿਆਂ ਦੀਆਂ ਫਿਲਟਰ ਕੀਤੀਆਂ ਹੋਈਆਂ ਆਲੀਸ਼ਾਨ ਤਸਵੀਰਾਂ, ਮਹਿੰਗੀਆਂ ਗੱਡੀਆਂ ਅਤੇ ਘੁੰਮਣ-ਫਿਰਨ ਦੀਆਂ ਪੋਸਟਾਂ ਦੇਖ ਕੇ ਆਮ ਨੌਜਵਾਨ ਹੀਣਭਾਵਨਾ (Inferiority Complex) ਦਾ ਸ਼ਿਕਾਰ ਹੋ ਰਹੇ ਹਨ। ਉਹ ਇੱਕ ਅਜਿਹੀ ਦੌੜ ਦਾ ਹਿੱਸਾ ਬਣ ਰਹੇ ਹਨ, ਜਿਸਦੀ ਕੋਈ ਮੰਜ਼ਿਲ ਨਹੀਂ ਹੈ। ਮੋਬਾਈਲ ਦੀ ਲਤ ਹੁਣ ਕਿਸੇ ਨਸ਼ੇ ਤੋਂ ਘੱਟ ਨਹੀਂ ਰਹੀ। ਦਿਮਾਗ ਵਿੱਚ ਰਿਲੀਜ਼ ਹੋਣ ਵਾਲਾ 'ਡੋਪਾਮਾਈਨ' (Dopamine) ਕੈਮੀਕਲ, ਜੋ ਸਾਨੂੰ ਮੋਬਾਈਲ 'ਤੇ ਹਰ ਨੋਟੀਫਿਕੇਸ਼ਨ ਦੇਖਣ ਲਈ ਮਜਬੂਰ ਕਰਦਾ ਹੈ, ਸਾਨੂੰ ਇਸ ਤਕਨਾਲੋਜੀ ਦਾ ਗੁਲਾਮ ਬਣਾ ਰਿਹਾ ਹੈ। ਇਸੇ ਲਤ ਕਾਰਨ ਨੌਜਵਾਨਾਂ ਦੀ ਅਕਾਦਮਿਕ ਕਾਰਗੁਜ਼ਾਰੀ ਘੱਟ ਰਹੀ ਹੈ ਅਤੇ ਉਹ ਡਿਪ੍ਰੈਸ਼ਨ ਤੇ ਐਂਗਜ਼ਾਇਟੀ (ਚਿੰਤਾ) ਵਰਗੀਆਂ ਮਾਨਸਿਕ ਬਿਮਾਰੀਆਂ ਦੀ ਗ੍ਰਿਫ਼ਤ ਵਿੱਚ ਆ ਰਹੇ ਹਨ। ਸਾਈਬਰ ਬੁਲਿੰਗ, ਆਨਲਾਈਨ ਫਰੌਡ ਅਤੇ ਬਿਨਾਂ ਜਾਂਚ ਕੀਤੇ ਫੈਲਾਈਆਂ ਜਾਂਦੀਆਂ ਫਰਜ਼ੀ ਖ਼ਬਰਾਂ (Fake News) ਨੌਜਵਾਨਾਂ ਦੇ ਵਿਚਾਰਾਂ ਨੂੰ ਜ਼ਹਿਰੀਲਾ ਕਰ ਰਹੀਆਂ ਹਨ। ਇਸ ਦੇ ਨਾਲ ਹੀ, ਰਾਤ ਦੇ ਸਮੇਂ ਲੰਬੇ ਸਮੇਂ ਤੱਕ ਫੋਨ ਦੀ ਵਰਤੋਂ ਕਰਨ ਨਾਲ ਨੀਂਦ ਦਾ ਚੱਕਰ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦਾ ਹੈ। 'ਇਨਸੌਮਨੀਆ' (ਨੀਂਦ ਨਾ ਆਉਣਾ) ਅਤੇ ਅੱਖਾਂ ਦੀ ਕਮਜ਼ੋਰੀ ਹੁਣ ਹਰ ਦੂਜੇ ਨੌਜਵਾਨ ਦੀ ਸਮੱਸਿਆ ਬਣ ਚੁੱਕੀ ਹੈ। ਅਸੀਂ ਸਰੀਰਕ ਤੌਰ 'ਤੇ ਕਮਜ਼ੋਰ ਅਤੇ ਮਾਨਸਿਕ ਤੌਰ 'ਤੇ ਥੱਕੀ ਹੋਈ ਪੀੜ੍ਹੀ ਦਾ ਨਿਰਮਾਣ ਕਰ ਰਹੇ ਹਾਂ।

**ਡਿਜ਼ੀਟਲ ਮੈਮੋਰੀ ਡਿਪੈਂਡੈਂਸੀ ਅਤੇ ਦਿਮਾਗ 'ਤੇ ਹਮਲਾ** : ਇੱਕ ਬੇਹੱਦ ਗੰਭੀਰ ਪਹਿਲੂ, ਜਿਸ ਵੱਲ ਸਾਡਾ ਧਿਆਨ ਬਹੁਤ ਘੱਟ ਜਾਂਦਾ ਹੈ, ਉਹ ਹੈ ਸਾਡੇ ਦਿਮਾਗ ਦੀ ਸੋਚਣ ਅਤੇ ਯਾਦ ਰੱਖਣ ਦੀ ਸਮਰੱਥਾ ਦਾ ਘਟਣਾ। ਅੱਜ ਸਾਨੂੰ ਆਪਣੇ ਕਰੀਬੀ ਰਿਸ਼ਤੇਦਾਰਾਂ ਦੇ ਫੋਨ ਨੰਬਰ, ਛੋਟੀਆਂ-ਛੋਟੀਆਂ ਇਤਿਹਾਸਕ ਤਰੀਕਾਂ ਜਾਂ ਗਣਿਤ ਦੇ ਸਧਾਰਨ ਹਿਸਾਬ-ਕਿਤਾਬ ਲਈ ਵੀ ਗੂਗਲ ਜਾਂ ਕੈਲਕੁਲੇਟਰ ਦਾ ਸਹਾਰਾ ਲੈਣਾ ਪੈਂਦਾ ਹੈ। ਇਸ ਨੂੰ ਵਿਗਿਆਨ ਦੀ ਭਾਸ਼ਾ ਵਿੱਚ ਡਿਜ਼ੀਟਲ ਮੈਮੋਰੀ ਡਿਪੈਂਡੈਂਸੀ ਕਿਹਾ ਜਾਂਦਾ ਹੈ। ਜਦੋਂ ਅਸੀਂ ਦਿਮਾਗ ਦੀ ਵਰਤੋਂ ਕਰਨਾ ਹੀ ਬੰਦ ਕਰ ਦੇਵਾਂਗੇ, ਤਾਂ ਸਾਡੀ ਰਚਨਾਤਮਕਤਾ (Creativity) ਅਤੇ ਸਮੱਸਿਆਵਾਂ ਨੂੰ ਹੱਲ ਕਰਨ ਦੀ ਸਮਰੱਥਾ (Problem Solving Skills) ਆਪਣੇ ਆਪ ਖ਼ਤਮ ਹੋ ਜਾਵੇਗੀ। ਅਸੀਂ ਇੱਕ ਅਜਿਹੀ ਮਸ਼ੀਨ ਬਣਦੇ ਜਾ ਰਹੇ ਹਾਂ, ਜੋ ਸਿਰਫ਼ ਇੰਟਰਨੈੱਟ ਤੋਂ ਮਿਲੇ ਡਾਟਾ ਨੂੰ ਪ੍ਰੋਸੈਸ ਕਰਦੀ ਹੈ, ਉਸ ਕੋਲ ਆਪਣੀ ਕੋਈ ਮੌਲਿਕ ਸੋਚ ਨਹੀਂ ਬਚੀ।

**ਬਦਲਾਅ ਦੀ ਲੋੜ; ਕਿੱਥੇ ਹੈ ਹੱਲ ?** : ਇਸ ਸਾਰੀ ਚਰਚਾ ਦਾ ਮਤਲਬ ਇਹ ਬਿਲਕੁਲ ਨਹੀਂ ਹੈ ਕਿ ਤਕਨਾਲੋਜੀ ਮਾੜੀ ਹੈ ਜਾਂ ਸਾਨੂੰ ਪੱਥਰ ਯੁੱਗ ਵਿੱਚ ਵਾਪਸ ਚਲੇ ਜਾਣਾ ਚਾਹੀਦਾ ਹੈ। ਭਾਰਤ ਦਾ ਡਿਜ਼ੀਟਲ ਭਵਿੱਖ ਤੇਜ਼ੀ ਨਾਲ ਆਕਾਰ ਲੈ ਰਿਹਾ ਹੈ ਅਤੇ ਏਆਈ (AI) ਵਰਗੀਆਂ ਨਵੀਆਂ ਤਕਨੀਕਾਂ ਦਾ ਵਿਕਾਸ 30% ਦੀ ਦਰ ਨਾਲ ਵੱਧ ਰਿਹਾ ਹੈ। ਸਾਨੂੰ ਸਮੇਂ ਦੇ ਨਾਲ ਚੱਲਣਾ ਹੀ ਪਵੇਗਾ, ਪਰ ਇੱਕ ਸਿਆਣੇ ਸਮਾਜ ਵਜੋਂ ਸਾਨੂੰ 'ਵਰਤੋਂ' ਅਤੇ 'ਦੁਰਵਰਤੋਂ' ਵਿਚਕਾਰ ਇੱਕ ਲਕੀਰ ਖਿੱਚਣੀ ਪਵੇਗੀ।

**ਡਿਜ਼ੀਟਲ ਡੀਟੌਕਸ (Digital Detox)**: ਸਾਨੂੰ ਦਿਨ ਵਿੱਚ ਕੁਝ ਘੰਟੇ ਜਾਂ ਹਫ਼ਤੇ ਵਿੱਚ ਇੱਕ ਦਿਨ ਅਜਿਹਾ ਨਿਰਧਾਰਿਤ ਕਰਨਾ ਚਾਹੀਦਾ ਹੈ, ਜਿਸ ਵਿੱਚ ਅਸੀਂ ਮੋਬਾਈਲ ਅਤੇ ਇੰਟਰਨੈੱਟ ਤੋਂ ਪੂਰੀ ਤਰ੍ਹਾਂ ਦੂਰ ਰਹੀਏ। **ਪਰਿਵਾਰਕ ਨਿਯਮ**: ਰਾਤ ਨੂੰ ਸੌਣ ਤੋਂ ਘੱਟੋ-ਘੱਟ ਇੱਕ ਘੰਟਾ ਪਹਿਲਾਂ ਡਿਵਾਈਸਾਂ ਨੂੰ ਬੰਦ ਕਰਨਾ ਅਤੇ ਡਾਈਨਿੰਗ ਟੇਬਲ ਨੂੰ ਨੋ ਮੋਬਾਈਲ ਜ਼ੋਨ ਘੋਸ਼ਿਤ ਕਰਨਾ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ।

**ਮਾਪਿਆਂ ਦੀ ਜ਼ਿੰਮੇਵਾਰੀ**: ਬੱਚਿਆਂ ਨੂੰ ਮੋਬਾਈਲ ਦੀ ਥਾਂ ਕਿਤਾਬਾਂ, ਇਨਡੋਰ ਖੇਡਾਂ ਅਤੇ ਕੁਦਰਤ ਦੇ ਨੇੜੇ ਲੈ ਕੇ ਜਾਓ। ਉਨ੍ਹਾਂ ਨੂੰ ਡਿਜ਼ੀਟਲ ਸਾਖਰਤਾ ਦੇ ਨਾਲ-ਨਾਲ ਸਾਈਬਰ ਸੁਰੱਖਿਆ ਦੇ ਨੈਤਿਕ ਪਾਠ ਵੀ ਪੜ੍ਹਾਏ ਜਾਣ।

ਮੋਬਾਈਲ ਦੀ ਸਕ੍ਰੀਨ 'ਤੇ ਚੱਲਦੀ ਹਰ ਵੀਡੀਓ, ਹਰ ਲਾਇਕ ਅਤੇ ਹਰ ਸਕ੍ਰੋਲ ਸਾਡੀ ਜ਼ਿੰਦਗੀ ਦੇ ਕੀਮਤੀ ਪਲਾਂ ਨੂੰ ਸਾਡੇ ਤੋਂ ਖੋਹ ਰਿਹਾ ਹੈ। ਅਸੀਂ ਵਰਚੁਅਲ ਦੁਨੀਆ ਵਿੱਚ ਇੰਨੇ ਮਸ਼ਰੂਫ ਹੋ ਗਏ ਹਾਂ ਕਿ ਅਸਲ ਜ਼ਿੰਦਗੀ ਦੀ ਖੂਬਸੂਰਤੀ ਜਿਵੇਂ ਪੰਛੀਆਂ ਦੀ ਚਿੜਚਿੜਾਹਟ, ਮੀਂਹ ਦੀ ਮਿੱਠੀ ਖੁਸ਼ਬੂ ਅਤੇ ਮਾਂ-ਬਾਪ ਦੇ ਚਿਹਰੇ ਦੀਆਂ ਝੁਰੜੀਆਂ ਨੂੰ ਦੇਖਣਾ ਹੀ ਭੁੱਲ ਗਏ ਹਾਂ। ਇੰਟਰਨੈੱਟ ਸਾਡਾ ਗੁਲਾਮ ਹੋਣਾ ਚਾਹੀਦਾ ਸੀ, ਪਰ ਅਸੀਂ ਇਸਦੇ ਗੁਲਾਮ ਬਣ ਚੁੱਕੇ ਹਾਂ। ਸਮਾਂ ਆ ਗਿਆ ਹੈ ਕਿ ਅਸੀਂ ਹੋਸ਼ ਸੰਭਾਲੀਏ। ਇਸ ਤੋਂ ਪਹਿਲਾਂ ਕਿ ਸਾਡੀ ਆਉਣ ਵਾਲੀ ਪੀੜ੍ਹੀ ਜਜ਼ਬਾਤਾਂ ਤੋਂ ਸੱਖਣੀ ਇੱਕ ਮਸ਼ੀਨੀ ਪੁਤਲਾ ਬਣ ਕੇ ਰਹਿ ਜਾਵੇ, ਸਾਨੂੰ ਮੋਬਾਈਲ ਨੂੰ ਜੇਬ ਵਿੱਚ ਰੱਖ ਕੇ ਜ਼ਿੰਦਗੀ ਨੂੰ ਜਿਉਣਾ ਸ਼ੁਰੂ ਕਰਨਾ ਪਵੇਗਾ। ਤਕਨਾਲੋਜੀ ਨਾਲ ਜੁੜੋ, ਪਰ ਆਪਣੀਆਂ ਜੜ੍ਹਾਂ ਨਾਲੋਂ ਟੁੱਟ ਕੇ ਨਹੀਂ।






**ਡਾ. ਹਰਸ਼ਿੰਦਰ ਕੌਰ**

ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸਾਜਿਆ ਨਿਵਾਜਿਆ ਖ਼ਾਲਸਾ ਦੁਨੀਆ ਵਿਚ ਇਕ ਵਿਲੱਖਣ ਕੌਤਕ ਸੀ। ਜਿਸ ਕਿਸਮ ਦੀ ਵੀਰਤਾ ਉਸ ਸਮੇਂ ਖ਼ਾਲਸਿਆਂ ਵਿਚ ਭਰੀ ਗਈ ਸੀ, ਉਸ ਦੀ ਚਿਣਗ ਹਾਲੇ ਤੱਕ ਮੱਠੀ ਨਹੀਂ ਪਈ। ਹਰ ਸਦੀ ਵਿਚ ਅਜਿਹੇ ਖ਼ਾਲਸੇ ਉਭਰ ਕੇ ਸਾਹਮਣੇ ਆਉਂਦੇ ਰਹੇ ਹਨ ਜਿਨ੍ਹਾਂ ਦੀ ਤਾਕਤ ਅਤੇ ਰਵਾਨੀ ਵੇਖ ਕੇ ਲੋਕ ਦੰਦਾਂ ਥੱਲੇ ਉਂਗਲੀ ਦਬਾਉਣ ਲਈ ਮਜਬੂਰ ਹੋ ਜਾਂਦੇ ਰਹੇ ਹਨ।

ਭਾਵੇਂ ਬਾਘਮਾਰ ਨਲੂਆ ਹੋਵੇ, ਭਾਰਤ ਦਾ ਨੇਪੋਲੀਅਨ-ਜਰਨੈਲ ਜ਼ੋਰਾਵਰ ਸਿੰਘ ਜਾਂ ਸੂਰਬੀਰਾਂ ਦਾ ਸੂਰਬੀਰ ਮੇਜਰ ਜਨਰਲ ਸ਼ਬੇਗ ਸਿੰਘ, ਅਜਿਹੇ ਸੂਰਮਿਆਂ ਨੂੰ ਸਾਹਮਣਿਓਂ ਢਾਹੁਣਾ ਲਗਭਗ ਨਾਮੁਮਕਿਨ ਹੁੰਦਾ ਹੈ। ਏਸੇ ਲਈ ਸਮੇਂ ਦੀਆਂ ਸਰਕਾਰਾਂ ਵੱਲੋਂ ਪਿੱਠ ਪਿੱਛੇ ਛੁਰਾ ਮਾਰਨਾ, ਹੱਕ ਖੋਹਣਾ, ਅਧੀਨਗੀ ਵਿਚ ਵਿਚਰਣ ਵਾਲਿਆਂ ਵੱਲੋਂ ਜਾਲਸਾਜ਼ੀ ਵਿਚ ਅੜਾਉਣਾ ਜਾਂ ਸਾਥੀਆਂ ਵੱਲੋਂ ਚਾਲ ਖੇਡ ਕੇ ਫਸਾਉਣਾ ਹੀ ਅਜਿਹੇ ਸੂਰਬੀਰਾਂ ਨੂੰ ਢਾਹ ਕੇ ਆਪਣੀ ਪੱਧਰ ਉੱਤੇ ਹੇਠਾਂ ਖਿੱਚ ਕੇ ਲਿਆਉਣ ਲਈ ਕੀਤਾ ਜਾਂਦਾ ਹੈ ਕਿਉਂਕਿ ਇਹ ਬਥੇਰਿਆਂ ਦੀਆਂ ਅੱਖਾਂ ਦਾ ਰੋੜਾ ਬਣ ਜਾਂਦੇ ਹਨ।ਲੋਕ ਉਸ ਪੱਧਰ ਉੱਤੇ ਆਪ ਪਹੁੰਚ ਨਹੀਂ ਸਕਦੇ, ਇਸ ਲਈ 'ਅੰਗੂਰ ਖੱਟੇ ਹਨ' ਦੇ ਆਧਾਰ ਉੱਤੇ ਅਜਿਹੇ ਸੂਰਮਿਆਂ ਵਿਰੁੱਧ ਕੰਨ ਭਰਨੇ ਸ਼ੁਰੂ ਕਰ ਦਿੰਦੇ ਹਨ।

ਪਰ, ਨਾ ਸੂਰਜ ਦੀ ਰੌਸ਼ਨੀ ਤੇ ਨਾ ਫੁੱਲਾਂ ਦੀ ਖ਼ੁਸ਼ਬੋ ਕਦੇ ਕੋਈ ਫੈਲਣ ਤੋਂ ਰੋਕ ਸਕਿਆ ਹੈ। ਇਸੇ ਲਈ ਭਾਵੇਂ ਬਾਬਾ ਬੰਦਾ ਸਿੰਘ ਬਹਾਦਰ ਉੱਤੇ ਅਤਿ ਦਾ ਤਸ਼ੱਦਦ ਢਾਹਿਆ ਗਿਆ, ਪਰ ਇਤਿਹਾਸ ਨੇ ਹਾਲੇ ਤੱਕ ਉਸ ਨੂੰ ਬਾਹਵਾਂ ਫੈਲਾ ਕੇ ਸਾਂਭਿਆ ਹੈ। ਜਦੋਂ ਕਿਸੇ ਬੇਦੋਸੇ ਉੱਤੇ ਲੋੜੋਂ ਵੱਧ ਤਸ਼ੱਦਦ ਢਾਅ ਦਿੱਤਾ ਜਾਵੇ ਤਾਂ ਉਹ ਬਾਗ਼ੀ ਹੋ ਜਾਂਦਾ ਹੈ। ਇਹੀ ਕਾਰਨ ਸੀ ਕਿ ਜੰਮੂ ਕਸ਼ਮੀਰ ਵਿਚ ਜਿਨ੍ਹਾਂ ਬਾਲਾਂ ਨਾਲ ਬਦਫੈਲੀ ਕੀਤੀ ਗਈ ਜਾਂ ਬੇਵਜਾ ਪੁਲਿਸ ਕਰਮੀਆਂ ਵੱਲੋਂ ਅਣਮਨੁੱਖੀ ਤਸ਼ੱਦਦ ਢਾਹੇ ਗਏ ਤਾਂ ਉਹ ਮਨੁੱਖੀ ਬੰਬ ਬਣ ਗਏ।

ਇਹੋ ਜਿਹਾ ਹੀ ਕੁੱਝ ਜਾਂਬਾਜ਼ ਸ਼ਬੇਗ ਸਿੰਘ ਨਾਲ ਹੋਇਆ। ਉਸ ਦੇ ਦੋ ਭਾਰੀ ਜੁਰਮ ਸਨ। ਪਹਿਲਾ-ਉਹ ਸਿੱਖ ਸੀ, ਅਤੇ ਦੂਜਾ- ਕੋਈ ਹੋਰ ਉਸ ਦੇ ਨਾਲ ਦਿਆਂ ਵਿੱਚੋਂ ਉਸ ਜਿੰਨੀ ਉੱਤਮਤਾ ਦੀ ਮਿਸਾਲ ਹੈ ਹੀ ਨਹੀਂ ਸੀ। ਸੰਨ 1925 ਵਿਚ ਖ਼ਿਆਲਾ ਪਿੰਡ ਵਿਚ (ਅੰਮ੍ਰਿਤਸਰ ਤੋਂ 14 ਕਿਲੋਮੀਟਰ ਦੂਰ) ਜੰਮਿਆ ਸ਼ਬੇਗ ਸਿੰਘ ਆਪਣੇ ਤਿੰਨ ਭਰਾਵਾਂ ਤੇ ਇੱਕ ਭੈਣ ਵਿੱਚੋਂ ਸਭ ਤੋਂ ਵੱਡਾ ਸੀ। ਪਿਤਾ ਸ੍ਰ. ਭਗਵਾਨ ਸਿੰਘ ਤੇ ਮਾਤਾ ਪ੍ਰੀਤਮ ਕੌਰ ਦਾ ਲਾਡਲਾ ਖ਼ਾਲਸਾ ਕਾਲਜ ਅੰਮ੍ਰਿਤਸਰ ਵਿੱਚੋਂ ਪੜ੍ਹਿਆ ਤੇ ਅਗਲੇਰੀ ਪੜ੍ਹਾਈ ਲਈ ਸਰਕਾਰੀ ਕਾਲਜ ਲਾਹੌਰ ਚਲਾ ਗਿਆ।

ਸੰਨ 1942 ਵਿਚ ਫ਼ੌਜ ਦੀ ਟੀਮ ਕਾਲਜਾਂ ਵਿੱਚੋਂ ਤਾਕਤਵਰ ਤੇ ਹਿੰਮਤੀ ਨੌਜਵਾਨ ਲੱਭਣ ਨਿਕਲੀ ਤਾਂ ਸ਼ਬੇਗ ਸਿੰਘ ਨੂੰ ਪਹਿਲੀ ਸੱਟੇ 'ਬ੍ਰਿਟਿਸ਼ ਇੰਡੀਅਨ ਆਰਮੀ' ਵਿਚ ਅਫ਼ਸਰ ਵਜੋਂ ਸ਼ਾਮਲ ਕਰ ਲਿਆ ਗਿਆ। ਇੰਡੀਅਨ ਮਿਲਟਰੀ ਅਕਾਦਮੀ ਵਿਚ ਉਸ ਦੀ ਪ੍ਰਤਿਭਾ ਨੂੰ ਨਿਖਾਰਿਆ ਗਿਆ। ਉਸ ਦੀ ਬਹਾਦਰੀ ਅਤੇ ਸੂਝ-ਬੂਝ ਵੇਖਦਿਆਂ ਉਸ ਨੂੰ ਗੜ੍ਹਵਾਲ ਰਾਈਫਲਜ਼ ਵਿਚ ਬਤੌਰ ਸੈਕੰਡ ਲੈਫਟੀਨੈਂਟ ਤੈਨਾਤ ਕਰ ਦਿੱਤਾ ਗਿਆ।

ਸ਼ਬੇਗ ਸਿੰਘ ਪੜ੍ਹਨ ਦਾ ਬਹੁਤ ਸ਼ੌਕੀਨ ਸੀ। ਉਸ ਨੂੰ ਜਿਹੜੀ ਕਿਤਾਬ ਮਿਲਦੀ, ਪੂਰੀ ਪੜ੍ਹੇ ਬਗੈਰ ਛੱਡਦਾ ਹੀ ਨਹੀਂ ਸੀ। ਇਤਿਹਾਸ ਦੀਆਂ ਤੇ ਫੌਜ ਦੇ ਜਰਨੈਲਾਂ ਦੀਆਂ ਜੀਵਨੀਆਂ ਉਸ ਨੇ ਘੋਟ ਲਈਆਂ ਹੋਈਆਂ ਸਨ। ਇੱਕ ਜਾਂ ਦੋ ਨਹੀਂ, ਸ਼ਬੇਗ ਸਿੰਘ ਨੂੰ ਅੱਠ ਜ਼ਬਾਨਾਂ ਦੀ ਮੁਹਾਰਤ ਸੀ-ਪੰਜਾਬੀ, ਹਿੰਦੀ, ਅੰਗਰੇਜ਼ੀ, ਉਰਦੂ, ਬੰਗਲਾ, ਗੋਰਖਲੀ, ਚੀਨੀ ਤੇ ਫਾਰਸੀ!

ਉਸ ਦੇ ਉਸ ਸਮੇਂ ਦੇ ਸਾਥੀ ਅੱਜ ਵੀ ਸ਼ਬੇਗ ਸਿੰਘ ਨੂੰ ਜਾਂਬਾਜ਼, ਬਹਾਦਰ, ਨਿਡਰ ਤੇ ਹਰ ਗ਼ਲਤ ਗੱਲ ਨੂੰ ਦੂਜੇ ਦੇ ਮੂੰਹ ਉੱਤੇ ਸਪਸ਼ਟ ਗ਼ਲਤ ਕਹਿਣ ਦਾ ਦਮ ਰੱਖਣ ਵਾਲਾ ਮੰਨਦੇ ਹਨ। ਸੱਚਾ ਸੁੱਚਾ ਤੇ ਹਰ ਲੋੜਵੰਦ ਦੀ ਮਦਦ ਕਰਨ ਲਈ ਤਤਪਰ ਸ਼ਬੇਗ ਸਿੰਘ ਨਾ ਤਾਂ ਕਿਸੇ ਦੀ ਬਦਖੋਈ ਕਰਦਾ ਸੀ ਤੇ ਨਾ ਹੀ ਉਸ ਨੂੰ ਚਮਚਾਗਿਰੀ ਪਸੰਦ ਸੀ। ਆਪਣੇ ਕੰਮ ਨਾਲ ਕੰਮ ਰੱਖਣ ਵਾਲਾ ਤੇ ਨਿੱਠ ਕੇ ਪੂਰੀ ਡਿਊਟੀ ਨਿਭਾਉਣ ਵਾਲਾ ਸ਼ਬੇਗ ਈਮਾਨਦਾਰੀ ਵਜੋਂ 100 ਵਿੱਚੋਂ ਹਮੇਸ਼ਾ 100 ਨੰਬਰ ਲੈਣ ਵਾਲਾ ਸੀ।

ਫ਼ੌਜ ਪ੍ਰਤੀ ਵਫਾਦਾਰੀ ਵਿਚ ਉਸ ਦਾ ਕੋਈ ਸਾਨੀ ਨਹੀਂ ਸੀ। ਸ਼ਾਇਦ ਇਸੇ ਲਈ ਕਈਆਂ ਦੀ ਅੱਖ ਵਿਚ ਰੜਕ ਵੀ ਪੈਦਾ ਕਰਦਾ ਸੀ। ਉਸ ਦੀ ਨਿਪੁੰਨਤਾ ਵੇਖਦਿਆਂ ਉਸ ਨੂੰ ਦੇਹਰਾਦੂਨ ਦੀ ਮਿਲਟਰੀ ਅਕਾਦਮੀ ਵਿਚ ਬਤੌਰ ਇੰਸਟਰਕਟਰ ਲਾ ਦਿੱਤਾ ਗਿਆ। ਉਸ ਨੇ ਆਪਣੀ ਬਹਾਦਰੀ ਸਦਕਾ ਵਿਸ਼ਵ ਜੰਗ ਦੂਜੀ, 1947 ਕਸ਼ਮੀਰ, 1962 ਹਿੰਦ ਚੀਨ ਜੰਗ, 1965 ਹਿੰਦ-ਪਾਕ ਜੰਗ ਤੇ 1971 ਦੀ ਹਿੰਦ-ਪਾਕ ਜੰਗ ਵਿਚ ਆਪਣੀ ਸੂਰਬੀਰਤਾ ਦੇ ਝੰਡੇ ਗੱਡ ਦਿੱਤੇ!

ਉਸ ਦੀ ਪਹਿਲੀ ਪੋਸਟਿੰਗ 'ਗੜ੍ਹਵਾਲ ਰਾਈਫਲਜ਼' ਵਿਖੇ ਸੈਕੰਡ ਲੈਫਟੀਨੈਂਟ ਵਜੋਂ ਹੋਈ ਜਿੱਥੋਂ ਪੂਰੀ ਰੈਜਮੈਂਟ ਬਰਮਾ ਚਲੀ ਗਈ ਅਤੇ ਜਪਾਨੀਆਂ ਵਿਰੁੱਧ ਲੜੀ। ਜਦੋਂ 1945 ਵਿਚ ਦੂਜੀ ਵਿਸ਼ਵ ਜੰਗ ਖ਼ਤਮ ਹੋਈ ਤਾਂ ਸ਼ਬੇਗ ਸਿੰਘ ਦੀ ਯੂਨਿਟ ਮਲਾਇਆ ਵਿਚ ਸੀ। ਜਦੋਂ ਹਿੰਦ ਪਾਕਿ ਵੰਡ ਹੋਈ ਤਾਂ ਸ਼ਬੇਗ ਸਿੰਘ ਨੂੰ ਪੈਰਾਸ਼ੂਟ ਬ੍ਰਿਗੇਡ ਵਿਚ ਭੇਜ ਦਿੱਤਾ ਗਿਆ, ਜਿੱਥੇ ਉਸ ਨੇ ਪੈਰਾਟਰੂਪਰ ਵਜੋਂ ਸੰਨ 1959 ਤੱਕ ਕੰਮ ਕੀਤਾ।

ਜ਼ਿਕਰਯੋਗ ਹੈ ਕਿ ਅਣਥੱਕ ਯੋਧੇ ਵਜੋਂ ਸ਼ਬੇਗ ਸਿੰਘ ਦੀ ਪਛਾਣ 1947 ਵਿਚ ਨੌਸ਼ਹਿਰੇ (ਜੰਮੂ ਕਸ਼ਮੀਰ) ਵਿਖੇ ਪਾਕਿਤਸਾਨੀ ਫੌਜੀਆਂ ਨਾਲ ਰਲੇ ਅਫ਼ਗਾਨੀਆਂ ਨਾਲ ਲੜਨ ਅਤੇ ਸਟਾਫ਼ ਕਾਲਜ ਵਿਚ ਘੁੜਸਵਾਰੀ ਵਿਚ ਜਿੱਤੀਆਂ ਅੱਠ ਰੇਸਾਂ, ਜਿਸ ਦਾ ਰਿਕਾਰਡ ਅੱਜ ਤਾਈਂ ਤੋੜਿਆ ਨਹੀਂ ਜਾ ਸਕਿਆ, ਸਦਕਾ ਹੋਈ। ਮਿਲਟਰੀ ਅਪਰੇਸ਼ਨ ਵਿਚਲੀ ਯੁੱਧ ਕਲਾ ਵਿਚ ਅਤੇ ਮਿਲਟਰੀ ਸਾਇੰਸ ਵਿਚ ਸ਼ਬੇਗ ਸਿੰਘ ਏਨਾ ਪ੍ਰਬੀਨ ਸੀ ਕਿ ਉਸ ਪੱਧਰ ਦਾ ਕੋਈ ਵੀ ਉਸਦਾ ਸਾਨੀ ਹਾਲੇ ਤੱਕ ਬਣ ਨਹੀਂ ਸਕਿਆ। ਉਸ ਦੇ ਕੰਮ ਵਜੋਂ ਮੁਹਾਰਤ ਵੇਖਦੇ ਹੋਏ ਉਸ ਨੂੰ 166 ਇਨਫੈਂਟਰੀ ਬ੍ਰਿਗੇਡ ਦਾ ਬ੍ਰਿਗੇਡ ਮੇਜਰ ਲਾ ਦਿੱਤਾ ਗਿਆ।

ਸੰਨ 1962 ਹਿੰਦ-ਚੀਨ ਜੰਗ ਵਿਚ ਬਤੌਰ ਲੈਫ. ਕਰਨਲ ਉਸ ਨੇ ਸੇਵਾਵਾਂ ਨਿਭਾਈਆਂ ਤੇ ਆਪਣੀ ਲਿਆਕਤ ਸਦਕਾ ਇੰਟੈਲੀਜੈਂਸ ਵਿੰਗ ਵਿਚ ਆਪਣਾ ਸਿੱਕਾ ਜਮਾ ਲਿਆ।

ਸੰਨ 1965 ਵਿਚ ਪਾਕਿਸਤਾਨ ਵਿਰੁੱਧ ਜੰਮੂ ਕਸ਼ਮੀਰ ਦੇ ਹਾਜੀ ਪੀਰ ਸੈਕਟਰ ਵਿਚ ਗੋਰਖਾ ਰਾਈਫਲਜ਼ ਬਟਾਲੀਅਨ ਦੀ ਅਗਵਾਈ ਕਰਦਿਆਂ ਬਹਾਦਰੀ ਦੀ ਅਦੁੱਤੀ ਮਿਸਾਲ ਕਾਇਮ ਕਰਕੇ ਸ਼ਬੇਗ ਸਿੰਘ ਨੇ ਦੁਸ਼ਮਨਾਂ ਦੀਆਂ ਸਭ ਤੋਂ ਔਖੀਆਂ ਪਾਕਿਸਤਾਨੀ ਪੋਸਟਾਂ ਉੱਤੇ ਫਤਹਿ ਪ੍ਰਾਪਤ ਕਰਦਿਆਂ ਲਾਹੌਰ ਦੇ ਨੇੜੇ ਪਹੁੰਚ ਕੇ ਦੁਨੀਆ ਨੂੰ ਸਾਬਤ ਕਰ ਦਿੱਤਾ ਕਿ ਉਸ ਵਰਗਾ ਅਗਵਾਈ ਕਰਨ ਵਾਲਾ ਕੋਈ ਹੋਰ ਹੈ ਹੀ ਨਹੀਂ।

ਇਸੇ ਲਈ ਸੰਨ 1971 ਵਿਚ ਲੈਫ. ਜਰਨਲ ਜਗਜੀਤ ਸਿੰਘ ਅਰੋੜਾ ਜੀ ਨੇ ਉਸ ਸਮੇਂ ਬ੍ਰਿਗੇਡੀਅਰ ਬਣ ਚੁੱਕੇ ਸ਼ਬੇਗ ਸਿੰਘ ਨੂੰ ਸਭ ਤੋਂ ਔਖੇ ਕੰਮ ਲਈ ਚੁਣਿਆ ਤੇ ਅਗਰਤਲਾ ਦੇ ਡੈਲਟਾ ਸੈਕਟਰ ਵਿਖੇ ਈਸਟ ਪਾਕਿਸਤਾਨ ਵਿੱਚੋਂ ਬੰਗਲਾਦੇਸ਼ ਤਿਆਰ ਕਰਨ ਦੀ ਜ਼ਿੰਮੇਵਾਰੀ ਸੌਂਪੀ। ਬਗ਼ਾਵਤ ਨੂੰ ਸਾਂਭਣ ਅਤੇ ਉੱਥੇ ਦੇ ਮਿਲਟਰੀ ਅਪਰੇਸ਼ਨਾਂ ਦੀ ਪੂਰੀ ਜ਼ਿੰਮੇਵਾਰੀ ਸ਼ਬੇਗ ਸਿੰਘ ਉੱਤੇ ਸੀ। ਜ਼ਿਆ ਉਰ ਰਹਿਮਾਨ, ਜੋ ਬਾਅਦ ਵਿਚ ਬੰਗਲਾਦੇਸ਼ ਦੇ ਪ੍ਰੈਜ਼ੀਡੈਂਟ ਬਣੇ ਅਤੇ ਮੁਸਤਾਕ ਮੁਹੰਮਦ, ਜੋ ਫੌਜ ਦੇ ਮੁਖੀ ਬਣੇ, ਉਸ ਸਮੇਂ ਸ਼ਬੇਗ ਸਿੰਘ ਦੇ ਕੰਮ ਦੇ ਅੱਖੀਂ ਵੇਖੇ ਗਵਾਹ ਸਨ ਤੇ ਉਸ ਦੇ ਜੰਗੀ ਨੁਕਤਿਆਂ ਅਧੀਨ ਕੰਮ ਕਰਦੇ ਉਸ ਦੀ ਅਗਵਾਈ ਦੇ ਕਾਇਲ ਹੋ ਗਏ ਸਨ।

ਸੰਨ 1971 ਵਿਚ ਮੁਕਤੀ ਵਾਹਿਨੀ ਨੂੰ ਤਿਆਰ ਕਰਨ ਵਿਚ ਸ਼ਬੇਗ ਸਿੰਘ ਦੀ ਸਲਾਹੁਣਯੋਗ ਭੂਮਿਕਾ ਕਿਸੇ ਤੋਂ ਲੁਕੀ ਨਹੀਂ ਰਹੀ। ਉੱਥੇ ਦੇ ਗੁਰਿੱਲਿਆਂ ਨੂੰ ਪੂਰੀ ਤਰ੍ਹਾਂ ਤਿਆਰ ਕਰਨ ਅਤੇ ਬੇਮਿਸਾਲ ਟ੍ਰੇਨਿੰਗ ਦਿੰਦਿਆਂ ਮੁਲਕ ਪ੍ਰਤੀ ਉਸ ਦੀ ਵਫ਼ਾਦਾਰੀ ਵਿਚ ਕਿਸੇ ਪਾਸਿਓਂ ਕਿੰਤੂ ਪਰੰਤੂ ਕੀਤਾ ਜਾ ਹੀ ਨਹੀਂ ਸਕਦਾ ਸੀ। ਇਹ ਅਪਰੇਸ਼ਨ ਏਨਾ ਗੁਪਤ ਸੀ ਕਿ ਸ਼ਬੇਗ ਸਿੰਘ ਦੇ ਆਪਣੇ ਘਰ ਵਿਚ 6 ਮਹੀਨੇ ਤੱਕ ਉਸ ਬਾਰੇ ਕੋਈ ਖ਼ਬਰ ਨਹੀਂ ਸੀ ਕਿ ਉਹ ਜ਼ਿੰਦਾ ਵੀ ਹੈ ਜਾਂ ਨਹੀਂ। ਸਿਰਫ਼ ਇੱਕ ਚਿੱਠੀ ਜੋ ਛੇ ਮਹੀਨਿਆਂ ਬਾਅਦ ਘਰ ਪਹੁੰਚੀ ਸੀ, ਉਹ ਵੀ ਕਿਸੇ ਹੋਰ ਨਾਂ ਹੇਠ ਗ਼ੈਰ ਫੌਜੀ ਪਤੇ ਤੋਂ, ਸਿਰਫ਼ ਇਹ ਸੁਣੇਹਾ ਪਹੁੰਚਿਆ ਸੀ-"ਪਰਵਾਹ ਨਾ ਕਰੋ, ਮੈਂ ਠੀਕ ਹਾਂ।"

ਮੁਕਤੀ ਵਾਹਿਨੀ ਦਾ ਪੂਰਾ ਸਿਹਰਾ ਸਿਰਫ਼ ਸ਼ਬੇਗ ਸਿੰਘ ਦੇ ਸਿਰ ਸੀ ਕਿ ਇੱਕ ਲੱਖ ਦੁਸ਼ਮਨ ਫੌਜੀਆਂ ਸਮੇਤ ਜਰਨੈਲ ਤੱਕ ਦੇ ਅਫ਼ਸਰਾਂ ਨੇ ਭਾਰਤ ਅੱਗੇ ਗੋਡੇ ਟੇਕ ਦਿੱਤੇ। ਦਿਨ-ਰਾਤ ਇੱਕ ਕਰ ਕੇ, ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਜੋ ਸ਼ਬੇਗ ਸਿੰਘ ਨੇ ਕਰ ਵਿਖਾਇਆ, ਹੋਰ ਕੋਈ ਮਾਂ ਦਾ ਲਾਲ ਅਜਿਹੀ ਹਿੰਮਤ ਨਹੀਂ ਵਿਖਾ ਸਕਿਆ। ਇਸੇ ਲਈ ਪੂਰੀ ਦੁਨੀਆ ਵਿਚ ਸ਼ਬੇਗ ਸਿੰਘ ਦੇ ਨਾਂ ਦਾ ਡੰਕਾ ਵੱਜ ਗਿਆ।

ਭਾਰਤ ਸਰਕਾਰ ਨੇ ਸ਼ਬੇਗ ਸਿੰਘ ਨੂੰ ਪਹਿਲਾਂ ਅਤੀ ਵਸ਼ਿਸ਼ਟ ਸੇਵਾ ਮੈਡਲ ਤੇ ਫੇਰ ਪਰਮ ਵਸ਼ਿਸ਼ਟ ਸੇਵਾ ਮੈਡਲ ਨਾਲ ਨਿਵਾਜਿਆ ਅਤੇ ਸ਼ਬੇਗ ਸਿੰਘ ਨੂੰ ਮੇਜਰ ਜਰਨਲ ਦਾ ਅਹੁਦਾ ਦੇ ਦਿੱਤਾ। ਏਨੀ ਸ਼ੁਹਰਤ ਬਥੇਰੀ ਸੀ ਹੋਰਨਾਂ ਦੇ ਮਨਾਂ ਵਿਚ ਅੱਗ ਲਾਉਣ ਲਈ! ਨਾਲ ਦੇ ਅਫਸਰਾਂ ਵਿਚ ਸਾੜਾ ਏਨਾ ਵੱਧ ਚੁੱਕਿਆ ਸੀ ਕਿ ਉਨ੍ਹਾਂ ਨੇ ਸੀਨੀਅਰ ਅਫ਼ਸਰਾਂ ਦੇ ਕੰਨ ਭਰਨੇ ਸ਼ੁਰੂ ਕਰ ਦਿੱਤੇ। ਸਰਕਾਰ ਵੀ ਕਿੱਥੇ ਸਿੱਖਾਂ ਦੇ ਹੱਕ ਵਿਚ ਸੀ। ਏਸੇ ਲਈ ਏਨਾ ਸਭ ਕੁੱਝ ਹੋਣ ਬਾਅਦ ਵੀ ਸ਼ਬੇਗ ਸਿੰਘ ਨੂੰ ਕਮਾਂਡ ਨਹੀਂ ਸੌਂਪੀ ਗਈ ਤਾਂ ਜੋ ਉਸ ਨੂੰ ਬਣਦੀ ਪ੍ਰੋਮੋਸ਼ਨ ਨਾ ਦੇਣੀ ਪਵੇ।

ਹਾਲੇ ਏਥੇ ਵੀ ਬਸ ਨਹੀਂ ਕੀਤਾ ਗਿਆ। ਇਕ ਕਮਾਂਡਰ ਨੇ ਦੂਜੇ ਜਨਰਲ ਨੂੰ ਕੁੜੀ ਦੇ ਵਿਆਹ ਦੇ ਸ਼ਗਨ ਵਜੋਂ ਪੈਸੇ ਭੇਜੇ ਤਾਂ ਝੂਠ ਮੂਠ ਉਨ੍ਹਾਂ ਪੈਸਿਆਂ ਨੂੰ ਰਿਸ਼ਵਤ ਮੰਨਦਿਆਂ ਸ਼ਬੇਗ ਸਿੰਘ ਦਾ ਨਾਂ ਉਛਾਲ ਦਿੱਤਾ ਗਿਆ ਜਿਸ ਦਾ ਇਨ੍ਹਾਂ ਪੈਸਿਆਂ ਨਾਲ ਕੋਈ ਲੈਣਾ-ਦੇਣਾ ਨਹੀਂ ਸੀ। ਜਦੋਂ ਸ਼ਬੇਗ ਸਿੰਘ ਨੇ ਬੇਗੁਨਾਹੀ ਸਾਬਤ ਕਰ ਦਿੱਤੀ ਤਾਂ ਝਟਪਟ ਉਸੇ ਨੂੰ ਯੂਨਿਟ ਵਿੱਚੋਂ ਬਦਲ ਕੇ ਇਨਕੁਆਇਰੀ ਰਫਾ ਦਫਾ ਕਰ ਦਿੱਤੀ ਤਾਂ ਜੋ ਫੌਜ ਵਿਚਲੀ ਗੜਬੜੀ ਦੀ ਗੱਲ ਬਾਹਰ ਨਾ ਨਿਕਲੇ। ਉਸ ਤੋਂ ਬਾਅਦ ਉਸੇ ਜਨਰਲ ਨੂੰ ਫੌਜ ਦਾ ਮੁਖੀ ਲਾ ਦਿੱਤਾ ਗਿਆ ਜੋ ਪੈਸਿਆਂ ਦੇ ਅਦਾਨ ਪ੍ਰਦਾਨ ਵਿਚ ਸ਼ਾਮਲ ਸੀ।

ਸ਼ਬੇਗ ਸਿੰਘ ਖ਼ਿਲਾਫ਼ ਸਾੜਾ ਘਟਿਆ ਨਹੀਂ ਸੀ। ਉਸ ਨਾਲ ਹਾਲੇ ਹੋਰ ਧੱਕਾ ਕੀਤਾ ਜਾਣਾ ਸੀ। ਉਸ ਵਿਰੁੱਧ ਬੇਬੁਨਿਆਦ ਇਲਜ਼ਾਮ ਲਾ ਕੇ, ਕਿ ਉਸ ਨੇ ਸਰਕਾਰੀ ਕੋਠੀ ਅੰਦਰ ਸਬਜ਼ੀਆਂ ਬੀਜੀਆਂ ਹਨ, ਉਸ ਵਿਰੁੱਧ ਇਨਕੁਆਇਰੀ ਖੋਲ੍ਹ ਦਿੱਤੀ। ਇਸ ਦੇ ਨਾਲ ਇੱਕ ਹੋਰ ਇਲਜ਼ਾਮ ਲਾਇਆ ਕਿ ਬਦਲੀ ਵੇਲੇ ਫੌਜੀ ਯੂਨਿਟ ਵੱਲੋਂ ਇੱਕ ਯਾਦਗਾਰੀ ਲੱਕੜ ਦਾ ਚਿੰਨ ਸਨਮਾਨ ਵਜੋਂ ਉਸ ਨੇ ਹਾਸਲ ਕੀਤਾ ਜੋ ਹਰ ਕਿਸੇ ਨੂੰ ਦਿੱਤਾ ਜਾਂਦਾ ਸੀ, ਪਰ ਸ਼ਬੇਗ ਸਿੰਘ ਲਈ ਏਨਾ ਭਾਰਾ ਜੁਰਮ ਸਾਬਤ ਕਰ ਦਿੱਤਾ ਗਿਆ ਕਿ ਉਸ ਵਿਰੁੱਧ ਜਾਣ ਬੁੱਝ ਕੇ ਰਿਟਾਇਰ ਹੋਣ ਤੱਕ ਲਗਾਤਾਰ ਪੂਰਾ ਸਾਲ ਇਹ ਕੇਸ ਲਟਕਾਇਆ ਗਿਆ ਤੇ ਸੁਣਵਾਈ ਨਹੀਂ ਕੀਤੀ ਗਈ।

> 30 ਅਪਰੈਲ 1976 ਨੂੰ ਫੌਜ ਵਿੱਚੋਂ ਰਿਟਾਇਰ ਹੋਣ ਤੋਂ ਇੱਕ ਦਿਨ ਪਹਿਲਾਂ ਮੁਕਤੀ ਵਾਹਿਨੀ ਦਾ ਹੀਰੋ ਅਤੇ ਭਾਰਤ ਦੀ ਸ਼ਾਨ ਅਤੇ ਬਾਨ ਦੇ ਪ੍ਰਤੀਕ ਜਰਨੈਲ ਸ਼ਬੇਗ ਸਿੰਘ ਨੂੰ ਬਿਨਾਂ ਸੁਣਵਾਈ ਦੇ ਫੌਜ ਵਿੱਚੋਂ ਬਾਹਰ ਕੱਢ ਦਿੱਤਾ ਗਿਆ ਤੇ ਪਤਨੀ ਦੀ ਬੀਮਾਰੀ ਦੇ ਬਾਵਜੂਦ ਪੈਨਸ਼ਨ ਤੱਕ ਨਾ ਦਿੱਤੀ ਗਈ। ਏਨਾ ਧੱਕਾ ਕੋਈ ਕਿਵੇਂ ਬਰਦਾਸ਼ਤ ਕਰ ਸਕਦਾ ਹੈ? ਸ਼ਬੇਗ ਸਿੰਘ ਨੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ ਜਿੱਥੋਂ ਉਸ ਨੂੰ ਨਿਆਂ ਮਿਲਿਆ ਤੇ ਉਹ ਬੇਕਸੂਰ ਸਾਬਤ ਕਰ ਦਿੱਤਾ ਗਿਆ ਪਰ ਅਫ਼ਸੋਸ ਉਦੋਂ ਤੱਕ ਭਾਰਤੀ ਹਕੂਮਤ ਉਸ ਨੂੰ ਅਤਿਵਾਦੀ ਕਹਿ ਕੇ ਮਾਰ ਮੁਕਾ ਚੁੱਕੀ ਸੀ।



30 ਅਪਰੈਲ 1976 ਨੂੰ ਫੌਜ ਵਿੱਚੋਂ ਰਿਟਾਇਰ ਹੋਣ ਤੋਂ ਇੱਕ ਦਿਨ ਪਹਿਲਾਂ ਮੁਕਤੀ ਵਾਹਿਨੀ ਦਾ ਹੀਰੋ ਅਤੇ ਭਾਰਤ ਦੀ ਸ਼ਾਨ ਅਤੇ ਬਾਨ ਦੇ ਪ੍ਰਤੀਕ ਜਰਨੈਲ ਸ਼ਬੇਗ ਸਿੰਘ ਨੂੰ ਬਿਨਾਂ ਸੁਣਵਾਈ ਦੇ ਫੌਜ ਵਿੱਚੋਂ ਬਾਹਰ ਕੱਢ ਦਿੱਤਾ ਗਿਆ ਤੇ ਪਤਨੀ ਦੀ ਬੀਮਾਰੀ ਦੇ ਬਾਵਜੂਦ ਪੈਨਸ਼ਨ ਤੱਕ ਨਾ ਦਿੱਤੀ ਗਈ। ਏਨਾ ਧੱਕਾ ਕੋਈ ਕਿਵੇਂ ਬਰਦਾਸ਼ਤ ਕਰ ਸਕਦਾ ਹੈ? ਸ਼ਬੇਗ ਸਿੰਘ ਨੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਇਆ ਜਿੱਥੋਂ ਉਸ ਨੂੰ ਨਿਆਂ ਮਿਲਿਆ ਤੇ ਉਹ ਬੇਕਸੂਰ ਸਾਬਤ ਕਰ ਦਿੱਤਾ ਗਿਆ ਪਰ ਅਫ਼ਸੋਸ ਉਦੋਂ ਤੱਕ ਭਾਰਤੀ ਹਕੂਮਤ ਉਸ ਨੂੰ ਅਤਿਵਾਦੀ ਕਹਿ ਕੇ ਮਾਰ ਮੁਕਾ ਚੁੱਕੀ ਸੀ।

ਮੇਰਾ ਸਵਾਲ ਇਹ ਹੈ ਕਿ ਬੇਮਿਸਾਲ ਤਾਕਤ, ਮਿਸਾਲੀ ਫੌਜੀ ਅਗਵਾਈ, ਅਸਾਧਾਰਨ ਸੂਝ ਬੂਝ ਤੇ ਦੇਸ਼ ਲਈ ਮਰ ਮਿਟਣ ਦੇ ਅਥਾਹ ਜਜ਼ਬੇ ਨਾਲ ਭਰਪੂਰ ਜਰਨੈਲ ਸ਼ਬੇਗ ਸਿੰਘ ਨਾਲ ਇਹ ਧੱਕਾ ਕਿਉਂ ਬਰਦਾਸ਼ਤ ਕੀਤਾ ਗਿਆ? ਇਸ ਤਰ੍ਹਾਂ ਦਾ ਅਸਹਿ ਧੱਕਾ, ਜੋ ਸਿਰਫ਼ ਸਿੱਖ ਹੋਣ ਸਦਕਾ ਕੀਤਾ ਗਿਆ ਹੋਵੇ ਤਾਂ ਕਿਸੇ ਵੀ ਧਰਮ ਦਾ ਬੰਦਾ ਧਾਰਮਿਕ ਯੁੱਧ ਵੱਲ ਬਦੋਬਦੀ ਖਿੱਚਿਆ ਜਾਵੇਗਾ। ਮੇਜਰ ਜਨਰਲ ਸ਼ਬੇਗ ਸਿੰਘ ਇਕ ਸ਼ਾਨਦਾਰ ਫੌਜੀ ਪ੍ਰਦਰਸ਼ਨ ਦੀ ਲਾਮਿਸਾਲ ਉਦਾਹਰਣ ਹੈ ਜੋ ਸਰਕਾਰੀ ਤੰਤਰ ਦੀ ਜ਼ਿਆਦਤੀ ਅਤੇ ਧਰਮ ਆਧਾਰਿਤ ਵਿਤਕਰੇ ਦਾ ਸ਼ਿਕਾਰ ਹੋਇਆ ਜਿਸ ਨੂੰ ਇਕ ਬਦਨੁਮਾ ਦਾਗ਼ ਵਾਂਗ ਉਭਾਰ ਦਿੱਤਾ ਗਿਆ ਪਰ ਇਤਿਹਾਸ ਹਮੇਸ਼ਾ ਝੂਠ ਦੀਆਂ ਚਾਦਰਾਂ ਲਾਹ ਦਿਆ ਕਰਦਾ ਹੈ। ਪਹਿਲਾਂ ਉਸ ਨੂੰ ਅਕਾਲੀ ਦਲ ਨੇ ਕਲਾਵੇ ਵਿਚ ਲਿਆ ਤੇ ਫੇਰ ਧਰਮਯੁੱਧ ਮੋਰਚੇ ਵਲ ਉਸ ਦਾ ਝੁਕਾਓ ਹੋ ਗਿਆ। ਸਾਕਾ ਨੀਲਾ ਤਾਰਾ ਵਿਚ 200 ਤੋਂ ਘੱਟ ਮੁੱਛਫੁੱਟ ਨੌਜਵਾਨਾਂ ਨਾਲ ਪੂਰੀ ਕਿਲੇਬੰਦੀ ਕਰ ਕੇ ਦਰਬਾਰ ਸਾਹਿਬ ਅੰਦਰੋਂ ਤੋਪਾਂ ਤੇ ਟੈਂਕਾਂ ਦਾ ਸਾਹਮਣਾ ਕਰਨ ਦੀ ਜੁਗਤ ਵੀ ਬਦੇਸੀ ਮਾਹਿਰਾਂ ਅਨੁਸਾਰ ਸ਼ਬੇਗ ਸਿੰਘ ਦੀ ਲਾਸਿਮਾਲ ਸੀ। ਓਨੇ ਫੌਜੀ ਹਿੰਦ-ਪਾਕ ਜੰਗ ਵਿਚ ਸ਼ਹੀਦ ਨਹੀਂ ਹੋਏ ਜਿੰਨੇ ਸ਼ਬੇਗ ਸਿੰਘ ਦੀ ਕਿਲੇਬੰਦੀ ਵਿਚ ਮਹਿਜ਼ 100 ਜਣਿਆਂ ਹੱਥੋਂ ਗਿਣੇ ਚੁਣੇ ਹਥਿਆਰਾਂ ਨਾਲ ਫਨਾਹ ਹੋ ਗਏ ਸਨ।

ਫੌਜੀ ਆਪ ਮੰਨਦੇ ਸਨ ਕਿ ਧਰਤੀ ਵਿੱਚੋਂ ਵੀ ਤੇ ਅਸਮਾਨੋਂ ਵੀ ਗੋਲੀਆਂ ਦਾ ਮੀਂਹ ਵਰਿਆ ਜਿਸ ਬਾਰੇ ਕਿਸੇ ਨੂੰ ਪਤਾ ਹੀ ਨਹੀਂ ਲੱਗ ਰਿਹਾ ਸੀ ਕਿ ਕਿਵੇਂ ਏਨੀ ਕਮਾਲ ਦੀ ਜੁਗਤ ਵਰਤੀ ਗਈ ਸੀ।

ਇਤਿਹਾਸ ਕਦੇ ਇੱਕ ਤਰਫ਼ਾ ਨਹੀਂ ਲਿਖਿਆ ਜਾਂਦਾ। ਏਸੇ ਲਈ ਸਰਕਾਰੀ ਇਤਿਹਾਸ ਭਾਵੇਂ ਉਸ ਨੂੰ ਅਤਿਵਾਦੀ ਕਰਾਰ ਕਰ ਦੇਵੇ ਅਤੇ ਉਸ ਨਾਲ ਕੀਤੇ ਧੱਕੇ ਨੂੰ ਲੁਕਾਉਣ ਦਾ ਅਣਥੱਕ ਜਤਨ ਕਰੇ ਪਰ ਵਫ਼ਾ ਕਰਨ ਵਾਲੇ ਉਸ ਨੂੰ ਸ਼ਾਨਦਾਰ ਜਰਨੈਲ ਤੇ ਮਿਸਾਲੀ ਯੋਧਾ ਮੰਨਦੇ ਰਹਿਣਗੇ। ਜੇ ਸਰਕਾਰੀ ਤੰਤਰ ਉਸ ਨਾਲ ਧੱਕਾ ਨਾ ਕਰਦਾ ਤਾਂ ਫੌਜ ਦਾ ਮੁਖੀ ਬਣ ਕੇ ਉਸ ਨੇ ਭਾਰਤੀ ਫੌਜ ਦਾ ਨਾਂ ਪੂਰੀ ਦੁਨੀਆ ਵਿਚ ਰੌਸ਼ਨ ਕਰ ਦੇਣਾ ਸੀ।

ਮੈਂ ਆਪ ਸਾੜੇ ਤੇ ਸਰਕਾਰੀ ਤੰਤਰ ਦੀ ਸ਼ਿਕਾਰ ਹੋ ਚੁੱਕੀ ਹਾਂ ਜਿਸ ਵਿਚ ਇੱਕ ਪਾਸੇ ਮੈਂ ਭਾਰਤ ਦੇ ਰਾਸ਼ਟਰਪਤੀ ਵੱਲੋਂ ਸਨਮਾਨ ਹਾਸਲ ਕੀਤਾ ਤੇ ਦੂਜੇ ਪਾਸੇ ਵਿਭਾਗੀ ਸੀਨੀਅਰਤਾ ਨਾ ਦੇਣ ਪਿੱਛੇ ਝੂਠੇ ਕੇਸ ਵਿਚ ਫਸਾਇਆ ਗਿਆ ਜਿਸ ਤੋਂ ਹਾਈ ਕੋਰਟ ਨੇ ਰਾਹਤ ਦਿੱਤੀ ਪਰ ਫਿਰ ਵੀ ਤੰਤਰ ਨਾ ਹਿੱਲਿਆ ਤੇ ਕੋਰਟ ਵੱਲੋਂ "ਕੰਟੈਂਪਟ ਆਫ਼ ਕੋਰਟ" ਨੋਟਿਸ ਵੀ ਜਾਰੀ ਹੋਇਆ। ਇਸੇ ਲਈ ਮੈਂ ਬਾਖ਼ੂਬੀ ਮੇਜਰ ਜਨਰਲ ਸ਼ਬੇਗ ਸਿੰਘ ਦੀ ਲਾਮਿਸਾਲ ਬਹਾਦਰੀ ਨੂੰ ਵੱਟਾ ਲੱਗਣ ਵੇਲੇ ਉਸ ਦੀ ਮਾਨਸਿਕ ਪੀੜ ਨੂੰ ਸਮਝ ਸਕਦੀ ਹਾਂ। ਜੇ ਉਸ ਵੇਲੇ ਸਿੱਖ ਕੌਮ ਉਸ ਦੇ ਜ਼ਖ਼ਮਾਂ ਉੱਤੇ ਮੱਲਮ ਲਾ ਦਿੰਦੀ ਤਾਂ ਬਹੁਤ ਕੁੱਝ ਠੀਕ ਹੋ ਸਕਦਾ ਸੀ, ਪਰ ਕਿਸੇ ਨੇ ਉਸ ਦੀ ਬਾਂਹ ਨਾ ਫੜੀ।

ਲਾਅਨਤ ਤਾਂ ਇਹ ਹੈ ਕਿ ਜਿਨ੍ਹਾਂ ਸਾਥੀਆਂ ਨੂੰ ਸ਼ਬੇਗ ਨੇ ਆਪਣੇ ਹੱਥਾਂ ਨਾਲ ਬੰਦੂਕ ਫੜ ਕੇ ਚਲਾਉਣੀ ਸਿਖਾਈ, ਉਹੀ ਫੌਜੀ ਸ਼ਹੀਦ ਸ਼ਬੇਗ ਸਿੰਘ ਦੀ ਲਾਸ਼ ਦੀ ਬੇਕਦਰੀ ਕਰਦਿਆਂ ਉਸ ਲਾਸ਼ ਨਾਲ ਸੀਨਾ ਤਾਣ ਕੇ ਮੁਸਕੁਰਾਉਂਦਿਆਂ ਫੋਟੋ ਖਿਚਵਾਉਂਦੇ ਵੇਖੇ ਗਏ। ਇਸੇ ਇਕਜੁੱਟਤਾ ਦੀ ਘਾਟ ਕਾਰਨ ਹੀ ਸਿੱਖ ਕੌਮ ਅਨੇਕ ਵਾਰ ਧਾਰਮਿਕ ਤਸ਼ੱਦਦ ਦਾ ਸ਼ਿਕਾਰ ਹੋਈ ਤੇ ਹੁਣ ਤਕ ਵੀ ਪੂਰੇ ਭਾਰਤ ਵਿਚ ਅਤੇ ਵਤਨੋਂ ਪਾਰ ਵੀ ਇਕੱਲੇ ਸਿੱਖ ਨੂੰ ਵੇਖ ਕੇ ਢਾਅ ਲੈਣ ਵਾਲੇ ਹੱਲੇ ਜਾਰੀ ਹਨ।

ਦੁਨੀਆ ਭਰ ਦੀਆਂ ਕੌਮਾਂ ਆਪਣੇ ਲਾਮਿਸਾਲ ਯੋਧਿਆਂ ਦੀਆਂ ਯਾਦਗਾਰਾਂ ਬਣਾਉਂਦੀਆਂ ਹਨ ਅਤੇ ਬੁੱਤ ਲਾਉਂਦੀਆਂ ਹਨ ਤਾਂ ਜੋ ਅਗਲੀ ਪਨੀਰੀ ਉਸੇ ਤਰ੍ਹਾਂ ਦੀ ਬਹਾਦਰ ਬਣ ਸਕੇ। ਜੇ ਕੀੜੀ ਨੂੰ ਵੀ ਬੇਵਜਾ ਮਾਰੋ ਤਾਂ ਵਾਪਸ ਲੜਨ ਨੂੰ ਪੈਂਦੀ ਹੈ। ਫੇਰ ਭਲਾ ਏਨਾ ਸ਼ਾਨਦਾਰ ਜਰਨੈਲ ਧੱਕਾ ਕਿਵੇਂ ਜਰਦਾ? ਕੀ ਇਹ ਜਾਇਜ਼ ਹੈ ਕਿ ਉਸ ਨੂੰ ਸਿਰਫ਼ ਅਤਿਵਾਦੀ ਕਹਿ ਕੇ ਇਤਿਹਾਸ ਦਾ ਪੰਨਾ ਪਰਤ ਦੇਈਏ? ਜੇ ਹਾਂ, ਤਾਂ ਤਿਆਰ ਰਹੋ ਅਗਲੀ ਵਾਰੀ ਤੁਹਾਡੀ ਹੈ! ਜੇ ਨਾ, ਤਾਂ ਫਿਰ ਕਦੋਂ ਉਸ ਉੱਤਮ ਸੂਰਮੇ ਦੀ ਬਹਾਦਰੀ ਦੀ ਯਾਦਗਾਰ ਤਿਆਰ ਹੋਵੇਗੀ ਜਿੱਥੇ ਉਸ ਮਿਸਾਲੀ ਯੋਧੇ ਦੀ ਆਦਮਕੱਦ ਤਸਵੀਰ ਹੋਵੇ ਤੇ ਪੰਜਾਬ ਵਿਚਲੇ ਫੌਜੀ ਉਸ ਦੀ ਫੌਜੀ ਅਗਵਾਈ ਦੀ ਤਕਨੀਕ ਸਿੱਖ ਕੇ ਆਪਣਾ ਅਤੇ ਆਪਣੇ ਦੇਸ ਦਾ ਨਾਂ ਰੌਸ਼ਨ ਕਰਦੇ ਰਹਿਣ?

ਫਰੀਦਾ ਥੀਉ ਪਵਾਹੀ ਦਭੁ
ਜੇ ਸਾਂਈ ਲੋੜਹਿ ਸਭੁ।

ਬਾਬਾ ਫ਼ਰੀਦ ਜੀ ਨੇ ਵੀ ਸਮਝਾਇਆ ਸੀ ਕਿ ਲੋਕ ਕੁੱਝ ਬੂਟਿਆਂ ਨੂੰ ਤੋੜਦੇ ਹਨ ਤੇ ਬਾਕੀਆਂ ਨੂੰ ਪੈਰਾਂ ਹੇਠ ਲਤਾੜਦੇ ਹਨ। ਗੱਲ ਸਿਰਫ਼ ਧਿਆਨ ਦੇਣ ਯੋਗ ਇਹ ਹੈ ਕਿ ਮਿੱਧੇ ਜਾਣ ਬਾਅਦ ਵੀ ਕੁੱਝ ਸ਼ਖ਼ਸੀਅਤਾਂ ਫੁੱਲਾਂ ਵਾਂਗ ਖ਼ੁਸ਼ਬੂ ਛੱਡਦੀਆਂ ਰਹਿੰਦੀਆਂ ਹਨ।

ਐਮ. ਡੀ., ਬੱਚਿਆਂ ਦੀ ਮਾਹਰ, 28, ਪ੍ਰੀਤ ਨਗਰ, ਲੋਅਰ ਮਾਲ ਪਟਿਆਲਾ
ਫੋਨ ਨੰ: 0175-2216783



> ਮੁਕਤੀ ਵਾਹਿਨੀ ਦਾ ਪੂਰਾ ਸਿਹਰਾ ਸਿਰਫ਼ ਸ਼ਬੇਗ ਸਿੰਘ ਦੇ ਸਿਰ ਸੀ ਕਿ ਇੱਕ ਲੱਖ ਦੁਸ਼ਮਨ ਫੌਜੀਆਂ ਸਮੇਤ ਜਰਨੈਲ ਤੱਕ ਦੇ ਅਫ਼ਸਰਾਂ ਨੇ ਭਾਰਤ ਅੱਗੇ ਗੋਡੇ ਟੇਕ ਦਿੱਤੇ। ਦਿਨ-ਰਾਤ ਇੱਕ ਕਰ ਕੇ, ਆਪਣੀ ਜਾਨ ਦੀ ਪਰਵਾਹ ਨਾ ਕਰਦਿਆਂ ਜੋ ਸ਼ਬੇਗ ਸਿੰਘ ਨੇ ਕਰ ਵਿਖਾਇਆ, ਹੋਰ ਕੋਈ ਮਾਂ ਦਾ ਲਾਲ ਅਜਿਹੀ ਹਿੰਮਤ ਨਹੀਂ ਵਿਖਾ ਸਕਿਆ। ਇਸੇ ਲਈ ਪੂਰੀ ਦੁਨੀਆ ਵਿਚ ਸ਼ਬੇਗ ਸਿੰਘ ਦੇ ਨਾਂ ਦਾ ਡੰਕਾ ਵੱਜ ਗਿਆ।



# ਕਲਮਾਂ ਛੱਡ ਖਾੜਕੂ ਲਹਿਰ ਵਿੱਚ ਸ਼ਾਮਲ ਹੋਏ ਨੌਜਵਾਨ

# ਅਮਰਿੰਦਰ

## ਇੰਜੀਨੀਰਿੰਗ ਛੱਡ ਜਹਾਜ਼ ਕੀਤਾ ਅਗਵਾ

**ਖ਼ੁਸ਼ਹਾਲ ਲਾਲੀ**

ਆਪਰੇਸ਼ਨ ਬਲੂ ਸਟਾਰ ਨਾਲ ਸਿੱਖਾਂ ਦੇ ਮਨਾਂ ਵਿੱਚ ਬੇ-ਭਰੋਸਗੀ ਅਤੇ ਬੇਗਾਨਗੀ ਦਾ ਆਲਮ ਸਿਖ਼ਰਾਂ ਉੱਤੇ ਪਹੁੰਚ ਗਿਆ ਸੀ।

ਭਾਰਤ ਵਿੱਚ ਕਈ ਥਾਂਵਾਂ 'ਤੇ ਸਿੱਖ ਬਗਾਵਤ ਉੱਤੇ ਉਤਰ ਆਏ। ਕਈ ਸਿੱਖ ਨੌਜਵਾਨ ਫੌਜੀਆਂ ਨੇ ਬੈਰਕਾਂ ਛੱਡ ਦਿੱਤੀਆਂ ਅਤੇ ਬਾਗੀ ਹੋ ਗਏ। ਪੰਜਾਬ ਨੇ ਕਰੀਬ ਇੱਕ ਦਹਾਕਾ ਹਿੰਸਾ ਦੀ ਭੱਠੀ ਵਿੱਚ ਤਪਣ ਦਾ ਸੰਤਾਪ ਝੱਲਿਆ।

ਆਪਰੇਸ਼ਨ ਬਲੂ ਸਟਾਰ ਨੇ ਸੈਂਕੜੇ ਸਿੱਖ ਨੌਜਵਾਨਾਂ ਨੂੰ ਕਿਵੇਂ ਬਗਾਵਤ ਦੇ ਰਾਹ ਪਾਇਆ ਅਤੇ ਕੱਟੜਵਾਦ ਨੇ ਉਨ੍ਹਾਂ ਦੀ ਜ਼ਿੰਦਗੀ ਨੂੰ ਸਦਾ ਲਈ ਬਦਲ ਦਿੱਤਾ। ਪੇਸ਼ ਹੈ ਅਜਿਹੀਆਂ ਤਿੰਨ ਕਹਾਣੀਆਂ ਜੋ ਆਪਰੇਸ਼ਨ ਬਲੂ ਸਟਾਰ ਤੋਂ ਬਾਅਦ ਪੰਜਾਬ ਦੇ ਨੌਜਵਾਨਾਂ ਦੀ ਹੋਣੀ ਦੇ ਸੰਦਰਭ ਨੂੰ ਪੇਸ਼ ਕਰ ਰਹੀਆਂ ਹਨ।

### ਇੰਜੀਨੀਅਰ ਬਣਨਾ ਸੀ, ਅਗਵਾਕਾਰ ਬਣ ਗਿਆ

24 ਅਗਸਤ 1984 ਵਿੱਚ ਇੰਡੀਅਨ ਏਅਰਲਾਈਨਜ਼ ਦਾ ਹਵਾਈ ਜਹਾਜ਼ ਚੰਡੀਗੜ੍ਹ ਤੋਂ ਅਗਵਾ ਕਰ ਲਿਆ ਗਿਆ। ਇਹ ਅਪਰੇਸ਼ਨ ਬਲੂ ਸਟਾਰ ਖ਼ਿਲਾਫ਼ ਪੰਜਾਬੀ ਨੌਜਵਾਨਾਂ ਵੱਲੋਂ ਗੁੱਸੇ ਦਾ ਪ੍ਰਗਟਾਵਾ ਕਰਨ ਦਾ ਆਪਣਾ ਤਰੀਕਾ ਸੀ।

ਜਹਾਜ਼ ਨੂੰ ਅਗਵਾ ਕਰਨ ਵਾਲੇ ਸੱਤ ਨੌਜਵਾਨਾਂ ਵਿੱਚ 4 ਸਿੱਖ ਸਨ ਅਤੇ 3 ਮੋਨੇ ਸਨ।

ਇਨ੍ਹਾਂ ਸੱਤਾਂ ਵਿੱਚੋਂ ਇੱਕ ਸੀ 18 ਸਾਲਾ ਅਮਰਿੰਦਰ ਸਿੰਘ। ਅਮਰਿੰਦਰ ਸਿੰਘ ਮੁਤਾਬਕ ਉਹ ਉਦੋਂ ਪ੍ਰੀ-ਇੰਜੀਨੀਅਰਿੰਗ ਕਰਦਾ ਸੀ।

ਘਟਨਾ ਨੂੰ ਯਾਦ ਕਰਦਿਆਂ ਅਮਰਿੰਦਰ ਸਿੰਘ ਦੱਸਦੇ ਨੇ, "ਜਹਾਜ਼ ਨੂੰ ਅਗਵਾ ਕਰਕੇ ਸ੍ਰੀ ਦਰਬਾਰ ਸਾਹਿਬ ਉੱਤੋਂ ਗੇੜਾ ਕਢਵਾਇਆ ਗਿਆ, ਇੱਕ ਦੋ ਚੱਕਰ ਲਾਉਣ ਤੋਂ ਬਾਅਦ ਲਾਹੌਰ ਅਤੇ ਕਰਾਚੀ ਲੈਂਡ ਕਰਵਾ ਕੇ ਤੇਲ ਪੁਆਇਆ ਅਤੇ ਫਿਰ ਦੁਬਈ ਜਾ ਕੇ ਆਤਮ-ਸਮਰਪਣ ਕੀਤਾ।"

### ਸਾਕਾ ਜੂਨ '84

ਵੀਹਵੀਂ ਸਦੀ ਦੇ ਅੱਠਵੇਂ ਦਹਾਕੇ ਦੇ ਸ਼ੁਰੂਆਤੀ ਸਾਲਾਂ ਵਿੱਚ ਦਮਦਮੀ ਟਕਸਾਲ ਦੇ ਮੁਖੀ ਜਰਨੈਲ ਸਿੰਘ ਭਿੰਡਰਾਂਵਾਲੇ ਸਿੱਖਾਂ ਦੇ ਮਸਲੇ ਬੇਬਾਕੀ ਨਾਲ ਚੁੱਕਣ ਕਾਰਨ ਸਿਆਸਤ ਦੇ ਕੇਂਦਰ ਬਿੰਦੂ ਬਣ ਚੁੱਕੇ ਸਨ।

ਅਕਤੂਬਰ 1983ਵਿੱਚ ਢਿੱਲਵਾਂ ਬੱਸ ਕਾਂਡ ਦੌਰਾਨ 6 ਹਿੰਦੂ ਮਾਰੇ ਗਏ ਤੇ ਪੰਜਾਬ 'ਚ ਕਾਂਗਰਸ ਦੀ ਦਰਬਾਰਾ ਸਿੰਘ ਸਰਕਾਰ ਨੂੰ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਹੁਕਮ ਉੱਤੇ ਭੰਗ ਕਰ ਦਿੱਤਾ ਗਿਆ।

ਪੰਜਾਬ ਵਿੱਚ ਹਿੰਸਾ ਦਾ ਦੌਰ ਸ਼ੁਰੂ ਹੋ ਚੁੱਕਿਆ ਸੀ ਤੇ 1984 ਵਿੱਚ ਜੂਨ ਤੱਕ ਹਿੰਸਕ ਵਾਰਦਾਤਾਂ ਵਿੱਚ ਦਰਜਨਾਂ ਆਮ ਲੋਕੀ ਮਾਰੇ ਅਤੇ ਪੁਲਿਸ ਮੁਲਾਜ਼ਮ ਮਾਰੇ ਜਾ ਚੁੱਕੇ ਸਨ।

ਉਸ ਤੋਂ ਬਾਅਦ ਜੂਨ 1984 ਦੌਰਾਨ ਭਾਰਤੀ ਫੌਜ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਉੱਤੇ ਕੀਤਾ ਗਿਆ ਹਮਲਾ 'ਆਪਰੇਸ਼ਨ ਬਲੂ ਸਟਾਰ' ਵਜੋਂ ਜਾਣਿਆਂ ਜਾਂਦਾ ਹੈ।

ਸਰਕਾਰ ਮੁਤਾਬਕ ਇਹ ਹਮਲਾਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਅਕਾਲ ਤਖ਼ਤ ਉੱਤੇ ਕਬਜ਼ਾ ਕਰੀ ਬੈਠੇ ਹਥਿਆਰਬੰਦ ਖਾੜਕੂਆਂ ਨੂੰ ਸ੍ਰੀ ਦਰਬਾਰ ਸਾਹਿਬ ਕੰਪਲੈਕਸ 'ਚੋਂ ਕੱਢਣ ਲਈ ਕੀਤਾ ਗਿਆ।

ਹਮਲੇ ਦੌਰਾਨ ਫੌਜ ਦੀ ਅਗਵਾਈ ਕਰ ਰਹੇ ਜਨਰਲ ਕੁਲਦੀਪ ਸਿੰਘ ਬਰਾੜ ਦਾਅਵਾ ਕਰਦੇ ਹਨ ਕਿ ਭਿੰਡਰਾਂਵਾਲੇ ਜਾਂ ਉਨ੍ਹਾਂ ਦੇ ਸਾਥੀ ਵੱਖਰੇ ਰਾਜ ਖਾਲਿਸਤਾਨ ਦਾ ਐਲਾਨ ਕਰਨ ਵਾਲੇ ਸਨ ਅਤੇ ਉਨ੍ਹਾਂ ਨੂੰ ਪਾਕਿਸਤਾਨੀ ਫੌਜ ਦੀ ਮਦਦ ਮਿਲ ਸਕਦੀ ਸੀ. ਇਸ ਲਈ ਫੌਜੀ ਐਕਸ਼ਨ ਕਰਨਾ ਜ਼ਰੂਰੀ ਸੀ।

ਪਰ ਸਿੱਖ ਵਿਦਵਾਨ ਤੇ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਸਲਾਹਾਕਾਰ ਰਹੇ ਡਾਕਟਰ ਭਗਵਾਨ ਸਿੰਘ ਇਸ ਦਾਅਵੇ ਨੂੰ ਰੱਦ ਕਰਦੇ ਹਨ, ਉਨ੍ਹਾਂ ਮੁਤਾਬਕ ਇਹ ਯੋਜਨਾ ਪਹਿਲਾਂ ਗਿਣੀ-ਮਿਥੀ ਗਈ ਸੀ।ਕੁਝ ਸਿੱਖ ਆਗੂਆਂ ਮੁਤਾਬਕ ਇਸ ਹਮਲੇ ਰਾਹੀਂ ਦੇਸ਼ ਦੀਆਂ ਕੁਝ ਸਿਆਸੀ ਧਿਰਾਂ ਮੁਲਕ ਵਿੱਚ ਫਿਰਕੂ ਧਰੁਵੀਕਰਨ ਕਰਕੇ ਆਪਣੇ ਸਿਆਸੀ ਹਿੱਤ ਪੂਰਨਾ ਚਾਹੁੰਦੀਆਂ ਸਨ।

ਸਰਕਾਰੀ ਵਾਈਟ ਪੇਪਰ ਮੁਤਾਬਕ ਹਮਲੇ 'ਚ 493 ਆਮ ਲੋਕ ਤੇ 83 ਫੌਜੀ ਮਾਰੇ ਗਏ। ਕੇਂਦਰੀ ਸਿੱਖ ਅਜਾਇਬ ਘਰ ਵਿੱਚ ਹਮਲੇ ਦੇ ਮ੍ਰਿਤਕਾਂ ਦੀ ਸੂਚੀ ਵਿੱਚ 743 ਨਾਂ ਸ਼ਾਮਲ ਹਨ। ਪੰਜਾਬ ਪੁਲਿਸ ਦੇ ਤਤਕਾਲੀਅਧਿਕਾਰੀ ਅਪਾਰ ਸਿੰਘ ਬਾਜਵਾ ਨੇ ਬੀਬੀਸੀ ਨੂੰ 2004 ਵਿੱਚ ਦੱਸਿਆ ਸੀ ਕਿ ਉਨ੍ਹਾਂ 800 ਲਾਸ਼ਾਂ ਆਪ ਗਿਣੀਆਂ ਸਨ। ਜਦਕਿ ਮਨੁੱਖੀ ਅਧਿਕਾਰ ਕਾਰਕੁਨ ਇੰਦਰਜੀਤ ਸਿੰਘ ਜੇਜੀ ਅਤੇ ਕਈ ਹੋਰ ਮੰਨੇ-ਪ੍ਰਮੰਨੇ ਪੱਤਰਕਾਰ ਤੇ ਵਿਦਵਾਨ ਮ੍ਰਿਤਕਾਂ ਦੀ ਗਿਣਤੀ 4,000 ਤੋਂ 5,000 ਦੱਸਦੇ ਹਨ। ਇਹ ਲੜੀ 2018 ਵਿੱਚ ਪ੍ਰਕਾਸ਼ਿਤ ਕੀਤੀ ਗਈ ਸੀ।

ਅਮਰਿੰਦਰ ਸਿੰਘ ਨੇ ਦੱਸਿਆ, ਕਿ ਦੁਬਈ ਵਿੱਚ ਆਤਮ ਸਮਰਪਣ ਕਰਨ ਤੋਂ ਬਾਅਦ ਉਨ੍ਹਾਂ ਨੂੰ 9 ਦਿਨ ਸਿਆਸੀ ਸ਼ਰਨ ਤਹਿਤ ਰੱਖਿਆ ਗਿਆ ਅਤੇ ਫਿਰ ਭਾਰਤੀ ਏਜੰਸੀਆਂ ਪੰਜਾਬ ਲੈ ਆਈਆਂ, ਜਿੱਥੇ ਉਨ੍ਹਾਂ ਉੱਤੇ ਅਦਾਲਤੀ ਕਾਰਵਾਈ ਸ਼ੁਰੂ ਕੀਤੀ ਗਈ, 4 ਮਹੀਨੇ ਚੰਡੀਗੜ੍ਹ ਦੀ ਜੇਲ੍ਹ ਵਿੱਚ ਰੱਖਣ ਤੋਂ ਬਾਅਦ ਜੋਧਪੁਰ ਜੇਲ੍ਹ ਵਿੱਚ ਸ਼ਿਫਟ ਕਰ ਦਿੱਤਾ ਗਿਆ।

### 12 ਸਾਲ ਜੇਲ੍ਹ ਕੱਟਣੀ ਪਈ

12 ਸਾਲ ਜੇਲ੍ਹ ਕੱਟਣ ਵਾਲੇ ਅਮਰਿੰਦਰ ਸਿੰਘ ਸ਼੍ਰੋਮਣੀ ਅਕਾਲੀ ਦਲ ਦੇ ਚੰਡੀਗੜ੍ਹ ਦੇ ਆਗੂ ਰਹੇ ਹਨ। ਉਹ ਇੱਥੋਂ ਇੱਕ ਵਾਰ ਸ਼੍ਰੋਮਣੀ ਕਮੇਟੀ ਮੈਂਬਰ ਵੀ ਰਹਿ ਚੁੱਕੇ ਹਨ।

ਬੀਬੀਸੀ ਪੰਜਾਬੀ ਨਾਲ ਗੱਲਬਾਤ ਕਰਦਿਆਂ ਅਮਰਿੰਦਰ ਸਿੰਘ ਨੇ ਦੱਸਿਆ ਸੀ, "ਦਰਬਾਰ ਸਾਹਿਬ ਉੱਤੇ ਫ਼ੌਜੀ ਕਾਰਵਾਈ ਨਾਲ ਆਮ ਸਿੱਖਾਂ ਦੀ ਮਾਨਸਿਕਤਾ ਰੋਹ, ਗੁੱਸੇ ਅਤੇ ਮਾਯੂਸੀ ਨਾਲ ਭਰ ਗਈ ਸੀ।

ਆਮ ਲੋਕਾਂ ਲਈ ਇਹ ਵੱਡੇ ਸਦਮੇ ਵਰਗਾ ਸੀ। ਉਨ੍ਹਾਂ ਲਈ ਇਹ ਹਮਲਾ ਇੱਕ ਧਾਰਮਿਕ ਸਥਾਨ ਉੱਤੇ ਨਹੀਂ ਬਲਕਿ ਉਹ ਸੋਚਦੇ ਸਨ, ਜਿਵੇਂ ਉਨ੍ਹਾਂ ਦਾ ਘਰ ਢਾਹ ਦਿੱਤਾ ਹੋਵੇ।"

ਕਦੇ ਸੰਤ ਭਿੰਡਰਾਵਾਲੇ ਨੂੰ ਨਹੀਂ ਮਿਲੇ

ਅਮਰਿੰਦਰ ਸਿੰਘ ਕਹਿੰਦੇ ਹਨ, "ਜਦੋਂ ਰਾਸ਼ਟਰਵਾਦ ਦੀ ਭਾਵਨਾ ਨਾਲ ਭਰੀ ਫੌਜ ਦੇ ਅਨੁਸਾਸ਼ਿਤ ਫੌਜੀ ਬਗਾਵਤ ਉੱਤੇ ਉਤਰ ਆਉਣ ਅਤੇ ਖ਼ੁਸਵੰਤ ਸਿੰਘ ਵਰਗਾ ਅਲਟਰਾ ਮਾਡਰਨ ਸਿੱਖ ਭਾਰਤ ਦਾ ਸਭ ਤੋਂ ਵੱਡਾ ਸਿਵਲ ਐਵਾਰਡ ਵਾਪਸ ਕਰ ਦੇਵੇ ਅਤੇ ਕੈਪਟਨ ਅਮਰਿੰਦਰ ਸਿੰਘ ਵਰਗਾ ਉਦਾਰਵਾਦੀ ਤੇ ਮੁੱਖ ਧਾਰਾ ਦਾ ਸਿਆਸਤਾਦਨ ਲੋਕ ਸਭਾ ਦੀ ਮੈਂਬਰੀ ਛੱਡ ਦੇਵੇ ਤਾਂ ਆਮ ਸਿੱਖ ਦੀ ਮਾਨਸਿਕਤਾ ਦਾ ਅੰਦਾਜ਼ਾ ਸਹਿਜੇ ਹੀ ਲੱਗ ਜਾਂਦਾ ਹੈ ਕਿ ਉਹ ਕਿਸ ਕਦਰ ਰੋਹ ਦਾ ਸ਼ਿਕਾਰ ਹੋਇਆ ਹੋਵੇਗਾ।"

ਅਮਰਿੰਦਰ ਸਿੰਘ ਮੁਤਾਬਕ ਉਹ ਨਾ ਕਦੇ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਨੂੰ ਮਿਲਿਆ ਸੀ ਅਤੇ ਨਾ ਉਨ੍ਹਾਂ ਦਾ ਲਹਿਰ ਨਾਲ ਕੋਈ ਲੈਣ-ਦੇਣ ਸੀ। ਉਨ੍ਹਾਂ ਦੇ ਮਨ ਵਿੱਚ ਅਕਾਲ ਤਖ਼ਤ ਦੀ ਮਹੱਤਤਾ ਦਾ ਜੋ ਬਿੰਬ ਬਣਿਆ ਸੀ, ਉਹ ਖੁਸ਼ਵੰਤ ਸਿੰਘ ਦੀਆਂ ਲਿਖਤਾਂ ਤੋਂ ਬਣਿਆ ਸੀ।

# ਭਾਈ ਵੀਰ ਸਿੰਘ ਅਤੇ ਗੁਲਮਰਗ

**ਡਾ. ਜਸਬੀਰ ਸਿੰਘ ਸਰਨਾ**

ਕਸ਼ਮੀਰ ਦੇ ਪ੍ਰਸਿੱਧ ਪਹਾੜੀ ਸੈਰ-ਸਥਾਨਾਂ ਵਿੱਚ ਗੁਲਮਰਗ ਆਧੁਨਿਕ ਸਿੱਖ ਇਤਿਹਾਸ ਦੀ ਸਾਹਿਤਕ, ਆਧਿਆਤਮਿਕ ਅਤੇ ਸੱਭਿਆਚਾਰਕ ਚੇਤਨਾ ਵਿੱਚ ਇੱਕ ਵਿਲੱਖਣ ਸਥਾਨ ਰੱਖਦਾ ਹੈ। ਘਣੇ ਜੰਗਲਾਂ ਨਾਲ ਘਿਰਿਆ ਹੋਇਆ ਅਤੇ ਅਫ਼ਰਵੱਟ ਤੇ ਖਿਲਨਮਰਗ ਦੀਆਂ ਉੱਚੀਆਂ ਚੋਟੀਆਂ ਦੀ ਗੋਦ ਵਿੱਚ ਵੱਸਿਆ ਗੁਲਮਰਗ ਕੇਵਲ ਇੱਕ ਸੁੰਦਰ ਸੈਰ-ਸਥਾਨ ਹੀ ਨਹੀਂ ਰਿਹਾ, ਸਗੋਂ ਪੰਜਾਬੀ ਸਾਹਿਤ ਦੇ ਮਹਾਨ ਰਹੱਸਵਾਦੀ ਕਵੀ ਭਾਈ ਵੀਰ ਸਿੰਘ ਲਈ ਡੂੰਘੇ ਚਿੰਤਨ ਦਾ ਕੇਂਦਰ ਵੀ ਬਣਿਆ। ਸੰਨ 1922 ਵਿੱਚ ਉਨ੍ਹਾਂ ਦੀ ਗੁਲਮਰਗ ਯਾਤਰਾ ਨੇ ਉਨ੍ਹਾਂ ਦੇ ਮਨ ਉੱਤੇ ਗਹਿਰਾ ਪ੍ਰਭਾਵ ਛੱਡਿਆ, ਜਿਸ ਨੇ ਨਾ ਸਿਰਫ਼ ਉਨ੍ਹਾਂ ਦੀ ਕਾਵਿ-ਸਿਰਜਣਾ ਨੂੰ ਪ੍ਰੇਰਿਤ ਕੀਤਾ, ਬਲਕਿ ਕਸ਼ਮੀਰ ਵਿੱਚ ਇੱਕ ਸਿੱਖ ਧਾਰਮਿਕ ਕੇਂਦਰ ਦੀ ਸਥਾਪਨਾ ਲਈ ਵੀ ਮਾਰਗ ਪ੍ਰਸ਼ਸਤ ਕੀਤਾ।

ਭਾਈ ਵੀਰ ਸਿੰਘ ਨੇ ਵੱਖ-ਵੱਖ ਸਮਿਆਂ ਦੌਰਾਨ ਗੁਲਮਰਗ ਵਿੱਚ ਕਈ ਹਫ਼ਤੇ ਬਿਤਾਏ। ਇੱਥੋਂ ਦਾ ਸ਼ਾਂਤ ਪਹਾੜੀ ਵਾਤਾਵਰਨ, ਸੰਘਣੇ ਜੰਗਲ ਅਤੇ ਕੁਦਰਤੀ ਸੁੰਦਰਤਾ ਉਨ੍ਹਾਂ ਦੀ ਸਾਹਿਤਕ ਕਲਪਨਾ ਲਈ ਪ੍ਰੇਰਨਾ ਦਾ ਸਰੋਤ ਬਣੇ। ਕਸ਼ਮੀਰ ਦੀ ਕੁਦਰਤ ਵਿੱਚ ਉਨ੍ਹਾਂ ਨੇ ਪਰਮਾਤਮਾ ਦੇ ਪ੍ਰਕਾਸ਼ ਦਾ ਅਨੁਭਵ ਕੀਤਾ ਅਤੇ ਆਪਣੇ ਮਨਨਸ਼ੀਲ ਅਤੇ ਆਧਿਆਤਮਿਕ ਸਾਹਿਤ ਦਾ ਮਹੱਤਵਪੂਰਨ ਹਿੱਸਾ ਇੱਥੇ ਹੀ ਰਚਿਆ। ਗੁਲਮਰਗ ਨਾਲ ਉਨ੍ਹਾਂ ਦਾ ਸੰਬੰਧ ਕੇਵਲ ਇੱਕ ਯਾਤਰੀ ਦੀ ਪ੍ਰਕ੍ਰਿਤਿਕ ਸੁੰਦਰਤਾ ਪ੍ਰਤੀ ਪ੍ਰਸ਼ੰਸਾ ਨਹੀਂ ਸੀ, ਸਗੋਂ ਕੁਦਰਤ ਨਾਲ ਇੱਕ ਡੂੰਘੇ ਬੌਧਿਕ ਅਤੇ ਆਧਿਆਤਮਿਕ ਸੰਵਾਦ ਦਾ ਪ੍ਰਗਟਾਵਾ ਸੀ।

ਜਦੋਂ ਭਾਈ ਵੀਰ ਸਿੰਘ, ਪ੍ਰਿੰਸੀਪਲ ਭਾਈ ਜੋਧ ਸਿੰਘ ਅਤੇ ਸਰਦਾਰ ਹਰਬੰਸ ਸਿੰਘ ਅਟਾਰੀ ਦੇ ਨਾਲ ਗੁਲਮਰਗ ਪਹੁੰਚੇ ਤਾਂ ਉਨ੍ਹਾਂ ਨੇ ਕੇਵਲ ਇੱਕ ਪਹਾੜੀ ਸੈਰਗਾਹ ਨਹੀਂ, ਸਗੋਂ ਅਦੁੱਤੀ ਆਤਮਿਕ ਸ਼ਾਂਤੀ ਦੇ ਲੋਕ ਦਾ ਅਨੁਭਵ ਕੀਤਾ। ਹਰੀ ਮਖਮਲੀ ਘਾਹ ਨਾਲ ਢੱਕਿਆ ਮੈਦਾਨ ਅਤੇ ਬਰਫ਼ੀਲੇ ਪਹਾੜਾਂ ਦਾ ਮਨਮੋਹਕ ਦ੍ਰਿਸ਼ ਉਨ੍ਹਾਂ ਦੇ ਅੰਦਰਲੇ ਰਹੱਸਵਾਦੀ ਕਵੀ ਨੂੰ ਜਗਾਉਂਦਾ ਹੈ, ਜਿਸਦਾ ਪ੍ਰਗਟਾਵਾ ਉਨ੍ਹਾਂ ਦੀ ਪ੍ਰਸਿੱਧ ਕਵਿਤਾ ਗੁਲ ਮਰਗ ਵਿੱਚ ਹੁੰਦਾ ਹੈ:

ਗੁਲ ਮਰਗ

ਹੋਰ ਉਚੇਰਾ, ਹੋਰ ਉਚੇਰਾ
ਚੜ੍ਹ ਫਿਰ ਪੱਧਰ ਆਈ,
ਮਖ਼ਮਲ ਘਾਹ ਸੁਹਾਵੀ ਕਿਣਮਿਣ
ਠੰਡ ਠੰਡ ਹੈ ਛਾਈ,
ਤਪਤਾਂ ਤੇ ਘਮਸਾਨਾਂ ਛੁਟੀਆਂ
ਉੱਚੇ ਹੋਇਆਂ ਠਰ ਗਏ
ਠਰਨ, ਜੁੜਨ ਰਸ-ਮਗਨ ਹੋਣ ਦੀ
ਚਉਸਰ ਵਿਛੀ ਇਥਾਈਂ।

ਇਹ ਕਵਿਤਾ ਗੁਲਮਰਗ ਨੂੰ ਕੇਵਲ ਭੂਗੋਲਿਕ ਉਚਾਈ ਨਹੀਂ, ਸਗੋਂ ਅੰਦਰੂਨੀ ਆਤਮਿਕ ਉਤਕਰਸ਼ ਦੇ ਪ੍ਰਤੀਕ ਵਜੋਂ ਪੇਸ਼ ਕਰਦੀ ਹੈ। ਹੋਰ ਉਚੇਰਾ ਦੀ ਦੁਹਰਾਈ ਆਤਮਾ ਦੀ ਉਸ ਯਾਤਰਾ ਨੂੰ ਦਰਸਾਉਂਦੀ ਹੈ ਜੋ ਸ਼ਾਂਤੀ ਅਤੇ ਪਰਮ ਸੱਚ ਦੀ ਖੋਜ ਵੱਲ ਅੱਗੇ ਵਧਦੀ ਹੈ। ਇਸ ਯਾਤਰਾ ਦਾ ਅੰਤ ਪੱਧਰ ਉੱਤੇ ਹੁੰਦਾ ਹੈ, ਜੋ ਸੰਤੁਲਨ, ਅਡੋਲਤਾ ਅਤੇ ਅੰਦਰੂਨੀ ਸਹਿਜਤਾ ਦਾ ਪ੍ਰਤੀਕ ਹੈ। ਭਾਈ ਵੀਰ ਸਿੰਘ ਦੇ ਰਹੱਸਵਾਦੀ ਦਰਸ਼ਨ ਵਿੱਚ ਅਸਲ ਉਚਾਈ ਬੇਚੈਨੀ ਨਹੀਂ, ਸਗੋਂ ਆਤਮਿਕ ਸ਼ਾਂਤੀ ਪ੍ਰਦਾਨ ਕਰਦੀ ਹੈ।ਮਖ਼ਮਲ ਘਾਹ ਅਤੇ ਠੰਢੀ ਹਵਾ ਦੀ ਤਸਵੀਰ ਇੱਕ ਅਜਿਹੇ ਵਾਤਾਵਰਨ ਦੀ ਸਿਰਜਣਾ ਕਰਦੀ ਹੈ ਜਿੱਥੇ ਸੰਸਾਰਕ ਚਿੰਤਾਵਾਂ ਵਿਸਰ ਜਾਂਦੀਆਂ ਹਨ। ਤਪਤਾਂ ਤੇ ਘਮਸਾਨਾਂ ਅਤੇ ਠਰ ਗਏ ਵਿਚਕਾਰਲਾ ਵਿਰੋਧ ਸੰਸਾਰਕ ਸੰਘਰਸ਼ਾਂ ਤੋਂ ਮੁਕਤੀ ਦਾ ਸੰਕੇਤ ਹੈ। ਕੁਦਰਤ ਇੱਥੇ ਦਿਵਿਆ ਕਿਰਪਾ ਦਾ ਮਾਧਿਅਮ ਬਣ ਜਾਂਦੀ ਹੈ।ਕਵਿਤਾ ਦੀ ਆਖਰੀ ਪੰਕਤੀ ਚਉਸਰ ਵਿਛੀ ਇਥਾਈਂ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਹੈ। ਇਹ ਗੁਲਮਰਗ ਨੂੰ ਆਤਮਿਕ ਮਿਲਾਪ, ਮਨਨ ਅਤੇ ਰਸਮਗਨਤਾ ਦੇ ਇੱਕ ਬ੍ਰਹਿਮੰਡੀ ਮੰਚ ਵਿੱਚ ਬਦਲ ਦਿੰਦੀ ਹੈ। ਇਸ ਤਰ੍ਹਾਂ ਗੁਲਮਰਗ ਇੱਕ ਅਜਿਹਾ ਰਹੱਸਮਈ ਅਵਕਾਸ ਬਣ ਜਾਂਦਾ ਹੈ ਜਿੱਥੇ ਮਨੁੱਖੀ ਆਤਮਾ ਠੰਢਕ, ਸਾਂਝ ਅਤੇ ਦਿਵਿਆ ਅਨੁਭੂਤੀ ਪ੍ਰਾਪਤ ਕਰਦੀ ਹੈ।

ਗੁਰਦੁਆਰਾ ਸਿੰਘ ਸਭਾ, ਗੁਲਮਰਗ ਦੀ ਸਥਾਪਨਾ

ਭਾਈ ਵੀਰ ਸਿੰਘ ਦੀ ਇਸ ਯਾਤਰਾ ਦਾ ਪ੍ਰਭਾਵ ਕੇਵਲ ਕਾਵਿ-ਸਿਰਜਣਾ ਤੱਕ ਸੀਮਿਤ ਨਹੀਂ ਰਿਹਾ। ਇਸੇ ਸਮੇਂ ਸ੍ਰੀਨਗਰ ਤੋਂ ਆਏ ਸਰਦਾਰ ਮੋਹਰ ਸਿੰਘ, ਰੈਜ਼ੀਡੈਂਟ ਕਮਿਸ਼ਨਰ, ਨੇ ਮਹਿਸੂਸ ਕੀਤਾ ਕਿ ਵਿਸ਼ਵ ਪ੍ਰਸਿੱਧ ਗੁਲਮਰਗ ਵਿੱਚ ਸਿੱਖ ਯਾਤਰੀਆਂ ਲਈ ਕੋਈ ਗੁਰਦੁਆਰਾ ਨਹੀਂ ਹੈ। ਇਸ ਲੋੜ ਨੂੰ ਸਮਝਦਿਆਂ ਉਨ੍ਹਾਂ ਨੇ ਗੁਰਦੁਆਰਾ ਸਾਹਿਬ ਦੀ ਉਸਾਰੀ ਲਈ ਜ਼ਮੀਨ ਪ੍ਰਾਪਤ ਕਰਨ ਦੇ ਯਤਨ ਸ਼ੁਰੂ ਕੀਤੇ। ਉਨ੍ਹਾਂ ਦੀ ਕੋਸ਼ਿਸ਼ ਅਤੇ ਸਥਾਨਕ ਸੰਗਤ ਦੇ ਸਹਿਯੋਗ ਨਾਲ ਗੁਲਮਰਗ ਵਿੱਚ ਇੱਕ ਸੁੰਦਰ ਸਥਾਨ 'ਤੇ ਕੁਝ ਕਨਾਲ ਜ਼ਮੀਨ ਪ੍ਰਾਪਤ ਕੀਤੀ ਗਈ। ਸੰਨ 1922 ਵਿੱਚ ਸਰਦਾਰ ਹਰਬੰਸ ਸਿੰਘ ਅਟਾਰੀ ਨੇ ਗੁਰਦੁਆਰੇ ਦਾ ਨੀਂਹ ਪੱਥਰ ਰੱਖਿਆ। ਭਾਈ ਵੀਰ ਸਿੰਘ, ਪ੍ਰਿੰਸੀਪਲ ਜੋਧ ਸਿੰਘ, ਸਰਦਾਰ ਮੋਹਰ ਸਿੰਘ, ਭਾਈ ਸ਼ੇਰ ਸਿੰਘ ਕਸ਼ਮੀਰੀ, ਡਾ. ਗੰਡਾ ਸਿੰਘ ਇੰਜੀਨੀਅਰ, ਸਰਦਾਰ ਗੁਰਮੁਖ ਸਿੰਘ ਇੰਜੀਨੀਅਰ ਅਤੇ ਸੰਗਤ ਦੇ ਸਾਂਝੇ ਯਤਨਾਂ ਨਾਲ ਗੁਰਦੁਆਰਾ ਇਮਾਰਤ ਦਾ ਨਿਰਮਾਣ ਸੰਨ 1925 ਵਿੱਚ ਸੰਪੂਰਨ ਹੋਇਆ।

ਇਸ ਪਵਿੱਤਰ ਅਸਥਾਨ ਨੂੰ ਗੁਰਦੁਆਰਾ ਸਿੰਘ ਸਭਾ, ਗੁਲਮਰਗ ਨਾਮ ਦਿੱਤਾ ਗਿਆ, ਜੋ ਬਾਅਦ ਵਿੱਚ ਭਾਈ ਵੀਰ ਸਿੰਘ ਦੀ ਯਾਦ ਨਾਲ ਵੀ ਜੁੜ ਗਿਆ। ਇਸ ਦੇ ਪਹਿਲੇ ਗ੍ਰੰਥੀ ਭਾਈ ਮੰਗਲ ਸਿੰਘ (ਪਿੰਡ ਕਨਹਾਮਾ) ਨਿਯੁਕਤ ਕੀਤੇ ਗਏ। ਪ੍ਰਬੰਧ ਲਈ ਇੱਕ ਕਮੇਟੀ ਵੀ ਬਣਾਈ ਗਈ ਜਿਸ ਵਿੱਚ ਸਰਦਾਰ ਭਗਤ ਸਿੰਘ ਕਨਾਹਾਮਾ ਪ੍ਰਧਾਨ, ਸਰਦਾਰ ਨਿਰਮਲ ਸਿੰਘ ਬਾਲੀ (ਬਾਰਾਮੂਲਾ) ਸਕੱਤਰ ਅਤੇ ਸਰਦਾਰ ਹਰਬੰਸ ਸਿੰਘ ਅਟਾਰੀ ਕਨਵੀਨਰ ਸਨ।

ਬਸਤੀਵਾਦੀ ਕਸ਼ਮੀਰ ਵਿੱਚ ਸਿੱਖ ਸੰਸਥਾਗਤ ਜੀਵਨ ਗੁਲਮਰਗ ਵਿੱਚ ਗੁਰਦੁਆਰੇ ਦੀ ਸਥਾਪਨਾ ਸਿਰਫ਼ ਇੱਕ ਧਾਰਮਿਕ ਇਮਾਰਤ ਦਾ ਨਿਰਮਾਣ ਨਹੀਂ ਸੀ, ਸਗੋਂ ਕਸ਼ਮੀਰ ਦੇ ਪਹਾੜੀ ਸੱਭਿਆਚਾਰਕ ਪਰਿਦ੍ਰਿਸ਼ ਵਿੱਚ ਸਿੱਖ ਸੰਸਥਾਗਤ ਹਾਜ਼ਰੀ ਦਾ ਵਿਸਤਾਰ ਸੀ।



ਉਨੀਵੀਂ ਅਤੇ ਵੀਹਵੀਂ ਸਦੀ ਦੇ ਸ਼ੁਰੂਆਤੀ ਦੌਰ ਵਿੱਚ ਸਿੰਘ ਸਭਾ ਲਹਿਰ ਨੇ ਸਰਹੱਦੀ ਖੇਤਰਾਂ ਵਿੱਚ ਸਿੱਖ ਸਮਾਜ ਨੂੰ ਸੰਗਠਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਗੁਲਮਰਗ ਦਾ ਗੁਰਦੁਆਰਾ ਸਿੱਖ ਪਛਾਣ ਅਤੇ ਆਧਿਆਤਮਿਕ ਨਿਰੰਤਰਤਾ ਦਾ ਪ੍ਰਤੀਕ ਬਣ ਗਿਆ।

ਬਾਅਦ ਵਿੱਚ ਪ੍ਰਿੰਸੀਪਲ ਭਾਈ ਜੋਧ ਸਿੰਘ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣੇ ਅਤੇ ਸਰਦਾਰ ਨਿਰਮਲ ਸਿੰਘ ਬਾਲੀ ਸਕੱਤਰ ਵਜੋਂ ਸੇਵਾ ਕਰਦੇ ਰਹੇ। ਸਰਦਾਰ ਹਰਬੰਸ ਸਿੰਘ ਅਟਾਰੀ ਨੇ ਆਪਣੇ ਜੀਵਨ ਦਾ ਵੱਡਾ ਹਿੱਸਾ ਧਾਰਮਿਕ ਪ੍ਰਚਾਰ ਲਈ ਸਮਰਪਿਤ ਕੀਤਾ। ਉਨ੍ਹਾਂ ਦੇ ਦੇਹਾਂਤ ਉਪਰੰਤ ਸਰਦਾਰ ਭਗਤ ਸਿੰਘ ਕਨਾਹਾਮਾ ਨੇ 1947 ਤੱਕ ਗੁਰਦੁਆਰੇ ਦਾ ਪ੍ਰਬੰਧ ਸੰਭਾਲਿਆ। ਕਸ਼ਮੀਰ ਦੀਆਂ ਹੋਰ ਸਿੱਖ ਸੰਸਥਾਵਾਂ ਵਾਂਗ ਗੁਲਮਰਗ ਗੁਰਦੁਆਰਾ ਵੀ ਅਸਥਿਰਤਾ ਅਤੇ ਰਾਜਨੀਤਿਕ ਉਥਲ-ਪੁਥਲ ਦੇ ਦੌਰਾਂ ਤੋਂ ਪ੍ਰਭਾਵਿਤ ਹੋਇਆ। ਮੂਲ ਇਮਾਰਤ ਸ਼ਾਰਟ ਸਰਕਟ ਕਾਰਨ ਸੜ ਕੇ ਨਸ਼ਟ ਹੋ ਗਈ, ਪਰ ਸਿੱਖ ਭਾਈਚਾਰੇ ਦੀ ਦ੍ਰਿੜਤਾ ਨੇ ਇਸ ਦੇ ਪੁਨਰਨਿਰਮਾਣ ਨੂੰ ਸੰਭਵ ਬਣਾਇਆ। ਬਾਅਦ ਵਿੱਚ ਨਵੀਂ ਇਮਾਰਤ ਅਤੇ ਦੁਕਾਨਾਂ ਦਾ ਨਿਰਮਾਣ ਕੀਤਾ ਗਿਆ। 1975 ਤੋਂ 1981 ਦੇ ਦਰਮਿਆਨ ਸਰਦਾਰ ਆਇਆ ਸਿੰਘ ਘੁੰਡੀ ਬੇਰਵਾ ਅਤੇ ਸਰਦਾਰ ਜਸਵੰਤ ਸਿੰਘ ਸਲਿਆਲ ਦਰਦਪੁਰਾ ਦੀ ਅਗਵਾਈ ਹੇਠ ਵੱਡੇ ਪੱਧਰ 'ਤੇ ਮੁਰੰਮਤ ਅਤੇ ਟੀਨ ਛੱਤਾਂ ਦਾ ਕੰਮ ਕੀਤਾ ਗਿਆ। ਬਾਅਦ ਵਿੱਚ ਸਰਦਾਰ ਹਰਭਜਨ ਸਿੰਘ ਦਰਦਪੁਰਾ ਅਤੇ ਹੋਰ ਸੇਵਾਦਾਰਾਂ ਨੇ ਇਸ ਪਰੰਪਰਾ ਨੂੰ ਅੱਗੇ ਵਧਾਇਆ। ਜੁਲਾਈ 2022 ਵਿੱਚ ਨਵੀਂ ਗੁਰਦੁਆਰਾ ਪ੍ਰਬੰਧਕ ਕਮੇਟੀ ਬਾਰਾਮੂਲਾ ਨੇ ਕਾਰਜ ਸੰਭਾਲਣ ਉਪਰੰਤ ਪੁਰਾਣੀ ਅਤੇ ਜਰਜਰੀ ਇਮਾਰਤ ਦੀ ਮੁਰੰਮਤ ਨੂੰ ਪਹਿਲ ਦਿੱਤੀ। ਸੰਗਤ ਦੇ ਸਹਿਯੋਗ ਅਤੇ ਵਾਹਿਗੁਰੂ ਜੀ ਦੀ ਕਿਰਪਾ ਨਾਲ ਇਹ ਕਾਰਜ ਸੰਪੰਨ ਹੋਇਆ। 26 ਅਕਤੂਬਰ 2024 ਨੂੰ ਨਵੇਂ ਮੁਰੰਮਤ ਸ਼ੁਦਾ ਗੁਰਦੁਆਰਾ ਸਾਹਿਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕੀਤਾ ਗਿਆ।

ਇਸਦੇ ਨਾਲ ਹੀ ਨਵੇਂ ਗੁਰਦੁਆਰੇ ਦੀ ਉਸਾਰੀ ਲਈ ਸਰਕਾਰੀ ਮਨਜ਼ੂਰੀ ਪ੍ਰਾਪਤ ਕਰਨ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ। 4.9 ਕਨਾਲ ਜ਼ਮੀਨ ਦੀ ਨਿਸ਼ਾਨਦੇਹੀ ਤੋਂ ਬਾਅਦ ਸਰਕਾਰ ਵੱਲੋਂ ਸ਼ਰਤੀਆ ਮਨਜ਼ੂਰੀ ਦਿੱਤੀ ਗਈ। 25 ਸਤੰਬਰ 2024 ਨੂੰ ਕਾਰਸੇਵਾ ਵਾਲੇ ਬਾਬਾ ਹਰਬੰਸ ਸਿੰਘ ਜੀ (ਦਿੱਲੀ) ਦੀ ਰਹਿਨੁਮਾਈ ਹੇਠ ਨਵੀਂ ਇਮਾਰਤ ਦੀ ਨੀਂਹ ਰੱਖੀ ਗਈ। ਜੂਨ 2025 ਵਿੱਚ ਕੰਮ ਮੁੜ ਸ਼ੁਰੂ ਹੋਇਆ ਅਤੇ ਅੱਜ ਗੁਰਦੁਆਰੇ ਦੀ ਮੁੱਖ ਇਮਾਰਤ ਸੰਪੂਰਨ ਹੋ ਚੁੱਕੀ ਹੈ, ਜਦਕਿ ਅੰਦਰੂਨੀ ਸਜਾਵਟ ਅਤੇ ਸਮਾਪਤੀ ਕਾਰਜ ਜਾਰੀ ਹਨ।

ਭਾਈ ਵੀਰ ਸਿੰਘ ਦੀ ਕਸ਼ਮੀਰ-ਦ੍ਰਿਸ਼ਟੀ ਭਾਈ ਵੀਰ ਸਿੰਘ ਅਤੇ ਗੁਲਮਰਗ ਦਾ ਸੰਬੰਧ ਉਨ੍ਹਾਂ ਦੀ ਕਸ਼ਮੀਰ-ਦ੍ਰਿਸ਼ਟੀ ਨੂੰ ਸਮਝਣ ਲਈ ਬਹੁਤ ਮਹੱਤਵਪੂਰਨ ਹੈ। ਜਿੱਥੇ ਬਹੁਤੇ ਬਸਤੀਵਾਦੀ ਲੇਖਕ ਕਸ਼ਮੀਰ ਨੂੰ ਵਿਦੇਸ਼ੀ ਜਾਂ ਰੋਮਾਂਚਕ ਨਜ਼ਰੀਏ ਨਾਲ ਵੇਖਦੇ ਸਨ, ਉੱਥੇ ਭਾਈ ਵੀਰ ਸਿੰਘ ਨੇ ਇਸਨੂੰ ਇੱਕ ਅਜਿਹੇ ਆਧਿਆਤਮਿਕ ਪਰਿਦ੍ਰਿਸ਼ ਵਜੋਂ ਦੇਖਿਆ ਜੋ ਮਨੁੱਖੀ ਚੇਤਨਾ ਨੂੰ ਪਰਮਾਤਮਾ ਵੱਲ ਉਤਸ਼ਾਹਿਤ ਕਰਦਾ ਹੈ।ਉਨ੍ਹਾਂ ਦੀ ਕਾਵਿ-ਦ੍ਰਿਸ਼ਟੀ ਨੇ ਕਸ਼ਮੀਰ ਨੂੰ ਇੱਕ ਪਵਿੱਤਰ ਰੂਪਕ ਵਿੱਚ ਬਦਲ ਦਿੱਤਾ, ਜਦਕਿ ਸਿੱਖ ਸੰਗਤ ਨੇ ਉਸ ਪ੍ਰੇਰਣਾ ਨੂੰ ਇੱਕ ਸਥਾਈ ਸੰਸਥਾ ਦੇ ਰੂਪ ਵਿੱਚ ਸਾਕਾਰ ਕੀਤਾ। ਇਸ ਲਈ ਭਾਈ ਵੀਰ ਸਿੰਘ ਅਤੇ ਗੁਲਮਰਗ ਦਾ ਰਿਸ਼ਤਾ ਸਾਹਿਤਕ ਅਤੇ ਇਤਿਹਾਸਕ ਦੋਵੇਂ ਹੈ। ਗੁਰਦੁਆਰੇ ਦੇ ਹਾਤੇ ਵਿੱਚ ਭਾਈ ਵੀਰ ਸਿੰਘ ਲਾਇਬ੍ਰੇਰੀ ਦੇ ਨਾਮ ਹੇਠ ਇੱਕ ਛੋਟੀ ਸੰਦਰਭ ਪੁਸਤਕਾਲਾ ਸਥਾਪਿਤ ਕੀਤੀ ਜਾਣੀ ਚਾਹੀਦੀ ਹੈ, ਜੋ ਇਸ ਮਹਾਨ ਦ੍ਰਿਸ਼ਟਾਵਾਨ ਕਵੀ, ਧਰਮ-ਚਿੰਤਕ ਅਤੇ ਸਾਹਿਤਕ ਮਹਾਨਾਇਕ ਨੂੰ ਯੋਗ ਸ਼ਰਧਾਂਜਲੀ ਹੋਵੇਗੀ। ਇਹ ਲਾਇਬ੍ਰੇਰੀ ਸਿੱਖ ਇਤਿਹਾਸ, ਸਾਹਿਤ, ਧਰਮ-ਦਰਸ਼ਨ ਅਤੇ ਕਸ਼ਮੀਰ ਦੀ ਸੱਭਿਆਚਾਰਕ ਵਿਰਾਸਤ ਦੇ ਅਧਿਐਨ ਦਾ ਇੱਕ ਮਹੱਤਵਪੂਰਨ ਕੇਂਦਰ ਬਣ ਸਕਦੀ ਹੈ। ਅੱਜ ਗੁਰਦੁਆਰਾ ਸਿੰਘ ਸਭਾ, ਭਾਈ ਵੀਰ ਸਿੰਘ, ਗੁਲਮਰਗ ਕੇਵਲ ਇੱਕ ਧਾਰਮਿਕ ਅਸਥਾਨ ਨਹੀਂ, ਸਗੋਂ ਭਾਈ ਵੀਰ ਸਿੰਘ ਦੀ ਆਧਿਆਤਮਿਕ ਕਲਪਨਾ ਅਤੇ ਕਸ਼ਮੀਰ ਦੀ ਸਿੱਖ ਸੰਗਤ ਦੀ ਸਾਂਝੀ ਸ਼ਰਧਾ ਦਾ ਜੀਵੰਤ ਸਮਾਰਕ ਹੈ। ਇਸ ਗੁਰਦੁਆਰਾ ਸਾਹਿਬ ਦੇ ਨਾਂ ਨਾਲ ਛੇੜ ਛਾੜ ਕਰਨੀ ਆਪਣੇ ਬਜ਼ੁਰਗਾਂ ਦੀ ਵਿਰਾਸਤ ਅਤੇ ਇਤਿਹਾਸ ਦੀ ਨਿਰਾਦਰੀ ਹੋਵੇ ਗੀ।ਇਸਦੇ ਇਤਿਹਾਸ ਵਿੱਚ ਕਵਿਤਾ, ਯਾਤਰਾ, ਸੰਸਥਾਗਤ ਸੇਵਾ ਅਤੇ ਕਸ਼ਮੀਰ ਦੀਆਂ ਵਿਸ਼ਾਲ ਪਹਾੜੀ ਲੜੀਆਂ ਵਿੱਚ ਸਿੱਖ ਹਾਜ਼ਰੀ ਦੀ ਨਿਰੰਤਰਤਾ ਇਕੱਠੇ ਰੂਪ ਵਿੱਚ ਪ੍ਰਗਟ ਹੁੰਦੇ ਹਨ।

# ਆਪਾ ਕਿਸੇ ਤੋਂ ਕੀ ਲੈਣਾ



**ਸੰਜੀਵ ਸਿੰਘ ਸੈਣੀ**
7888966168

ਮਨੁੱਖੀ ਜੀਵਨ ਬਹੁਤ ਅਨਮੋਲ ਹੈ ਪਰਮਾਤਮਾ ਵੱਲੋਂ ਦਿੱਤਾ ਹੋਇਆ ਇੱਕ ਤੋਹਫ਼ਾ ਹੈ। ਇਸ ਤੋਹਫ਼ੇ ਨੂੰ ਹੱਸ ਖੇਡ ਕੇ ਗੁਜ਼ਾਰਨਾ ਕੁੱਝ ਲੋਕ ਹੀ ਜਾਣਦੇ ਹਨ। ਹਰ ਇਨਸਾਨ ਜ਼ਿੰਦਗੀ ਨੂੰ ਆਪਣੇ ਮੁਤਾਬਿਕ ਬਸਰ ਕਰਦਾ ਹੈ। ਹਰ ਇਨਸਾਨ ਦਾ ਨਜ਼ਰੀਆ ਵੱਖਰਾ ਹੁੰਦਾ ਹੈ। ਠੀਕ ਹੈ ਜ਼ਿੰਦਗੀ ਕੁਦਰਤ ਦੇ ਦਾਇਰੇ ਵਿੱਚ ਰਹਿ ਕੇ ਬਸਰ ਕਰਨੀ ਚਾਹੀਦੀ ਹੈ। ਕੁਦਰਤ ਦੇ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਪਰ ਕਦੇ ਵੀ ਆਪਣੇ ਆਪ ਤੇ ਇੰਨ੍ਹੇ ਸਖ਼ਤ ਕਾਨੂੰਨ ਲਾਗੂ ਨਾ ਕਰੋ, ਕਿ ਤੁਹਾਡੀ ਜ਼ਿੰਦਗੀ ਵਿੱਚੋਂ ਖੁਸ਼ੀਆਂ ਹੀ ਦੂਰ ਹੋ ਜਾਣ। ਆਪਣੇ ਉੱਤੇ ਲਾਗੂ ਕੀਤੇ ਸ਼ਖ਼ਤ ਕਾਨੂੰਨਾਂ ਕਾਰਨ ਜ਼ਿੰਦਗੀ ਫ਼ ?ਰ ਹੱਸ ਖੇਡ ਕੇ ਬਸਰ ਨਹੀਂ ਹੁੰਦੀ, ਸਗੋਂ ਫਿਰ ਅਸੀਂ ਉਸਨੂੰ ਕੱਟਦੇ ਹੀ ਹਾਂ। ਆਨੰਦ ਖ਼ਤਮ ਹੋ ਜਾਂਦਾ ਹੈ। ਇੱਕ ਕਾਇਦੇ ਵਿੱਚ ਆਪਣੇ ਆਪ ਨੂੰ ਵਧੀਆ ਰੱਖੋ। ਸਾਰਿਆਂ ਦੇ ਉੱਪਰ ਰੋਬ ਨਾ ਪਾਓ। ਪਿਆਰ ਭਰੀ ਜ਼ਿੰਦਗੀ ਨਾਲ ਅਸੀਂ ਆਪ ਵੀ ਫਿਰ ਖੁਸ਼ ਹੁੰਦੇ ਹਾਂ ਤੇ ਦੂਜੇ ਵੀ ਖੁਸ਼ ਰਹਿ ਪਾਉਂਦੇ ਹਨ। ਫਿਰ ਸਾਡੇ ਸਾਰੇ ਰਿਸ਼ਤੇ ਹੀ ਬਹੁਤ ਵਧੀਆ ਨਿਭਦੇ ਹਨ। ਅਕਸਰ ਅਸੀਂ ਸਾਰੇ ਹੀ ਕੁਦਰਤ ਦਾ ਆਨੰਦ ਲੈਂਦੇ ਹਾਂ। ਦੇਖਦੇ ਹਾਂ ਕਿ ਜੇ ਕਿਸੇ ਪਸ਼ੂ ਪੰਛੀ ਤੇ ਕੋਈ ਮੁਸੀਬਤ ਆ ਜਾਵੇ, ਉਸਦੀ ਮਦਦ ਲਈ ਹੋਰ ਜੀਵ ਜੰਤੂ ਆ ਜਾਂਦੇ ਹਨ। ਉਹ ਇਨਸਾਨਾਂ ਦੀ ਤਰ੍ਹਾਂ ਇੱਕ ਦੂਜੇ ਨਾਲ ਨਫ਼ਰਤ ਨਹੀਂ ਕਰਦੇ। ਜਾਤ ਜਾਂ ਧਰਮ ਨਹੀਂ ਦੇਖਦੇ। ਇੱਕ ਦੂਜੇ ਤੋਂ ਕੋਈ ਸਵਾਰਥ ਨਹੀਂ ਰੱਖਦੇ ।ਅਕਸਰ ਅਸੀਂ ਸਮਾਜ ਵਿੱਚ ਵਿਚਰਦੇ ਹੋਏ ਦੇਖਦੇ ਹਾਂ ਕਿ ਕੁਝ ਇਨਸਾਨ ਇੱਕ ਦੂਜੇ ਨਾਲ ਬਹੁਤ ਨਫ਼ਰਤ ਕਰਦੇ ਹਨ। ਹਾਲਾਂਕਿ ਉਹ ਕਹਿ ਨਹੀਂ ਸਕਦੇ, ਪਰ ਉਨਾਂ ਦੇ ਮਨਾਂ ਅੰਦਰ ਦੂਜਿਆਂ ਪ੍ਰਤੀ ਬਹੁਤ ਵੈਰ ਹੁੰਦਾ ਹੈ। ਤੁਹਾਨੂੰ ਦੇਖ ਕੇ ਚਾਹੇ ਚਿਹਰੇ ਤੇ ਥੋੜੀ ਖੁਸ਼ੀ ਹੋਵੇ ,ਪਰ ਉਹ ਤੁਹਾਡੀ ਖੁਸ਼ੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਦੇ। ਹਰ ਕਿਸੇ ਦੀ ਜ਼ਿੰਦਗੀ ਵਿੱਚ ਜ਼ਿਆਦਾ ਦਖਲਅੰਦਾਜ਼ੀ ਨਹੀਂ ਕਰਨੀ ਚਾਹੀਦੀ ।ਅੱਜ ਤਾਂ ਜ਼ਮਾਨਾ ਉਹ ਆ ਗਿਆ ਹੈ ਕਿ ਲੋਕ ਆਪਣੇ ਆਪ ਵਿੱਚ ਹੀ ਖੁਸ਼ ਰਹਿੰਦੇ ਹਨ। ਕੌਣ ਕੀ ਕਰ ਰਿਹਾ ਹੈ ,ਕਿਉ ਕਰ ਰਿਹਾ ਹੈ? ਕਿੱਥੇ ਜਾ ਰਿਹਾ ਹੈ? ਜ਼ਿੰਨਾਂ ਇਸ ਤੋਂ ਬਚੋਗੇ , ਉਨ੍ਹਾਂ ਹੀ ਤੁਹਾਡੀ ਜ਼ਿੰਦਗੀ ਵਧੀਆ ਗੁਜ਼ਰੇਗੀ। ਜਿੱਥੇ ਤੁਹਾਨੂੰ ਸਾਜਿਸ਼ ਤਹਿਤ ਉਲਝਾਇਆ ਜਾ ਰਿਹਾ ਹੈ ,ਉਸ ਥਾਂ ਤੋਂ ਕਿਨਾਰਾ ਕਰੋ। ਅੱਜ ਸਮਾਜ ਵਿੱਚ ਅਜਿਹੇ ਇਨਸਾਨ ਹਨ, ਜੋ ਸਿਰਫ਼ ਤੁਹਾਡੀਆਂ ਕਮੀਆਂ ਹੀ ਕੱਢਦੇ ਹਨ। ਹੋਰਾਂ 'ਚ ਕਮੀਆਂ ਕੱਢਣ ਦੀ ਬਜਾਏ ਆਪਣੀ ਗਲਤੀਆਂ ਨੂੰ ਸੁਧਾਰੋ। ਲੋਕ ਤੁਹਾਡੇ ਬਾਰੇ ਕੀ ਸੋਚਦੇ ਹਨ ਇਹ ਸੋਚਣ ਦਾ ਤੁਹਾਡਾ ਕੰਮ ਨਹੀਂ ਹੈ। ਉਹਨਾਂ ਨੂੰ ਉਹਨਾਂ ਦਾ ਕੰਮ ਕਰਨ ਦਿਓ। ਚੰਗੇ ਦੋਸਤੋਂ ਦਾ ਸੰਗ ਕਰੋ ,ਜੋ ਤੁਹਾਡਾ ਮੁਸੀਬਤਾਂ ਵਿੱਚ ਸਾਥ ਦੇਣ। ਮੁਸੀਬਤ ਵੇਲੇ ਡਾਵਾਂਡੋਲ ਬਿਲਕੁਲ ਨਾ ਹੋਵੋ। ਕਦੇ ਵੀ ਕਿਸੇ ਪ੍ਰਤੀ ਮਨ ਮੁਟਾਅ ਬਿਲਕੁਲ ਨਾ ਰੱਖੋ। ਲੋੜਵੰਦਾਂ ਦੀ ਮਦਦ ਕਰੋ ।ਜਿੰਨਾ ਹੋ ਸਕੇ ਆਪਣੇ ਆਪ ਵਿੱਚ ਬੀਜੀ ਰਹੋ। ਆਪਣੇ ਆਪ ਨਾਲ ਪਿਆਰ ਕਰੋ। ਆਪਣੇ ਲਈ ਸਮਾਂ ਕੱਢੋ। ਆਪਣੀ ਸਿਹਤ ਦਾ ਧਿਆਨ ਕਰੋ। ਸਵੇਰੇ ਜਲਦੀ ਉੱਠੋ। ਸੈਰ ਕਰਨ ਜਾਓ। ਕਸਰਤ ਕਰੋ। ਨਹਾ ਧੋ ਕੇ ਉਸ ਪਰਮਾਤਮਾ ਦਾ ਸ਼ੁਕਰ ਗੁਜ਼ਾਰ ਕਰੋ, ਜਿਸ ਨੇ ਤੁਹਾਨੂੰ ਸੋਹਣੀ ਜ਼ਿੰਦਗੀ ਬਖਸ਼ੀ ਹੈ। ਫ਼ ?ਰ ਅਖਬਾਰ ਪੜ੍ਹੋ, ਤੁਹਾਨੂੰ ਦੇਸ਼ ਦੁਨੀਆਂ ਬਾਰੇ ਪਤਾ ਲੱਗੇਗਾ ਕਿ ਕੀ ਹੋ ਰਿਹਾ ਹੈ? ਵਧੀਆ ਰਸਾਲਾ ਮੈਗਜ਼ੀਨ ਪੜ੍ਹੋ। ਸਕੂਨ ਦੇਣ ਵਾਲੀਆਂ ਥਾਵਾਂ ਤੇ ਜਾਓ ਦੂਜਿਆਂ ਦੀ ਕਦੇ ਵੀ ਪਰਵਾਹ ਨਾ ਕਰੋ। ਜ਼ਿੰਦਗੀ ਨੂੰ ਆਪਣੇ ਮੁਤਾਬਕ ਬਸਰ ਕਰੋ। ਦੂਜਿਆਂ ਦੇ ਮੁਤਾਬਕ ਜ਼ਿੰਦਗੀ ਬਸਰ ਨਾ ਕਰੋ। ਤੁਸੀਂ ਆਪਣੇ ਆਪ ਨੂੰ ਹਮੇਸ਼ਾ ਖੁਸ਼ ਰੱਖਣਾ ਹੈ । ਦੁਨੀਆਂ ਦੀ ਕੋਈ ਵੀ ਜਾਇਦਾਦ, ਦੋਸਤ ਤੁਹਾਨੂੰ ਖੁਸ਼ ਨਹੀਂ ਰੱਖ ਸਕਦੀ, ਜਿੰਨਾਂ ਚਿਰ ਤੁਸੀਂ ਆਪ ਖੁਸ਼ ਨਹੀਂ ਰਹਿ ਸਕਦੇ ।ਮਾਂ ਪਿਓ ਦਾ ਹਮੇਸ਼ਾ ਸਤਿਕਾਰ ਕਰੋ। ਨੈਤਿਕ ਕਦਰਾਂ ਕੀਮਤਾਂ ਬਾਰੇ ਤੁਹਾਨੂੰ ਜ਼ਰੂਰ ਪਤਾ ਹੋਣਾ ਚਾਹੀਦਾ ਹੈ। ਅੱਜ ਪੈਸੇ ਦੀ ਹੋੜ ਜ਼ਿਆਦਾ ਲੱਗੀ ਹੋਈ ਹੈ। ਭਰਾ ਭਰਾ ਦਾ ਦੁਸ਼ਮਣ ਬਣਿਆ ਹੋਇਆ ਹੈ ।ਇਨਸਾਨੀਅਤ ਖਤਮ ਹੋ ਚੁੱਕੀ ਹੈ। ਸੋਚਿਆ ਜਾਵੇ ਤਾਂ ਪੈਸੇ ਤੋਂ ਬਿਨਾਂ ਕੋਈ ਪੁੱਛਦਾ ਵੀ ਨਹੀਂ ਹੈ। ਪਰ ਪੈਸਾ ਗੁਜ਼ਾਰਨ ਲਈ ਹੋਣਾ ਚਾਹੀਦਾ ਹੈ। ਦੂਜਿਆਂ ਤੋਂ ਆਪਣੇ ਆਪ ਨੂੰ ਵਧੀਆ ਬਣਾਉਣ ਲਈ ਕਦੇ ਵੀ ਕਰਜ਼ਾ ਨਾ ਚੁੱਕੋ। ਦੇਖਦੇ ਹੀ ਹਾਂ ਜੋ ਝੁੱਗੀ ਚੋਪੜੀਆਂ ਵਾਲੇ ਹੁੰਦੇ ਹਨ ਉਹ ਹਰ ਰੋਜ਼ ਦਿਹਾੜੀ ਲਗਾਉਂਦੇ ਹਨ। ਸ਼ਾਮ ਨੂੰ ਹੱਸ ਖੇਡ ਕੇ ਖਾਣਾ ਪੀਣਾ ਖਾ ਕੇ ਸੋ ਜਾਂਦੇ ਹਨ। ਭਵਿੱਖ ਦੀ ਬਿਲਕੁਲ ਵੀ ਪਰਵਾਹ ਨਹੀਂ ਕਰਦੇ। ਕਈ ਅਜਿਹੇ ਇਨਸਾਨ ਵੀ ਹੁੰਦੇ ਹਨ , ਜਿਨ੍ਹਾਂ ਕੋਲ ਕਰੋੜਾਂ ਰੁਪਏ ਹਨ ,ਪਰ ਉਹਨਾਂ ਦੀ ਜ਼ਿੰਦਗੀ ਵਿੱਚ ਸਬਰ ਸੰਤੋਖ ਨਹੀਂ ਹੈ। ਖੁਸ਼ੀਆਂ ਭਰੀ ਜ਼ਿੰਦਗੀ ਨਹੀਂ ਹੈ। ਹਰ ਛੋਟੀ ਛੋਟੀ ਖੁਸ਼ੀ ਵਿੱਚੋਂ ਆਨੰਦ ਲੈਣਾ ਸਿੱਖੋ। ਸੁੱਖ ਦੁੱਖ ਜ਼ਿੰਦਗੀ ਦੇ ਪਰਛਾਵੇਂ ਹੁੰਦੇ ਹਨ ,ਹਰ ਇਨਸਾਨ ਦੀ ਜ਼ਿੰਦਗੀ ਵਿੱਚ ਉਤਰਾਅ ਚੜ੍ਹਾਅ ਜ਼ਰੂਰ ਆਉਂਦੇ ਹਨ। ਆਪਣੇ ਆਪ ਨੂੰ ਕਦੇ ਵੀ ਹਾਰਿਆ ਹੋਇਆ ਮਹਿਸੂਸ ਨਾ ਹੋਣ ਦਿਓ। ਗਲਤੀਆਂ ਤੋਂ ਸਿੱਖੋ ।ਹਮੇਸ਼ਾ ਵਰਤਮਾਨ ਵਿੱਚ ਜਿਓ। ਸਮਾਜ ਵਿੱਚ ਵਿਚਰਦੇ ਹੋਏ ਸਾਰੇ ਕੰਮ ਕਰੋ। ਜ਼ਿੰਦਗੀ ਦਾ ਆਨੰਦ ਜ਼ਰੂਰ ਲਵੋ। ਹਰ ਪਲ ਦਾ ਆਨੰਦ ਮਾਣੋ। ਪਰਿਵਾਰ ਨੂੰ ਸਮਾਂ ਦਿਓ। ਛੋਟਿਆਂ ਨਾਲ ਪਿਆਰ ਕਰੋ। ਛੁੱਟੀ ਵਾਲੇ ਦਿਨ ਪਰਿਵਾਰਕ ਮੈਂਬਰਾਂ ਨਾਲ ਬਾਹਰ ਜਾਓ, ਆਨੰਦ ਮਾਣ ਕੇ ਆਓ। ਇਕੱਠੇ ਖਾਣਾ ਖਾਓ। ਕੁਦਰਤ ਦਾ ਜ਼ਰੂਰ ਆਨੰਦ ਮਾਣੋ। ਜਾਨਵਰਾਂ ਦਾ ਦਰਦ ਸਮਝੋ। ਅੱਜ ਪੈਸੇ ਨੂੰ ਜ਼ਿਆਦਾ ਤਰਜੀਹ ਦੇ ਕੇ ਅਸੀਂ ਜ਼ਿੰਦਗੀ ਦਾ ਆਨੰਦ ਲੈਣਾ ਭੁੱਲ ਚੁੱਕੇ ਹਾਂ। ਖਾਣਾ ਖਾਣ ਲਈ ਵੀ ਸਾਡੇ ਕੋਲ ਸਮਾਂ ਨਹੀਂ ਹੈ। ਸੋਹਣੀ ਕੁਦਰਤ ਦਾ ਆਨੰਦ ਲੈਣਾ ਅਸੀਂ ਭੁੱਲ ਚੁੱਕੇ ਹਾਂ। ਮੋਬਾਇਲ ਨੇ ਜ਼ਿਆਦਾ ਆਪਣਾ ਸਾਡੇ ਨਾਲ ਨੇੜਤਾ ਪਾ ਲਈ ਹੈ। ਸੁੱਖ ਵਿੱਚ ਚਾਹੇ ਕਿਸੇ ਦੇ ਨਾ ਜਾਈਏ, ਪਰ ਦੁੱਖ ਵਿੱਚ ਜਰੂਰ ਸ਼ਰੀਕ ਹੋਈਏ ।ਜਦੋਂ ਕਿਸੇ ਇਨਸਾਨ ਤੇ ਦੁੱਖ , ਮੁਸੀਬਤ ਪੈਂਦੀ ਹੈ ਤਾਂ ਉਸਨੂੰ ਸਹਿਣਸ਼ੀਲ ਹੋ ਕੇ ਹੀ ਕੱਟੋ।


**pnb ਪੰਜਾਬ ਨੈਸ਼ਨਲ ਬੈਂਕ** ...ਭਰੋਸੇ ਦਾ ਪ੍ਰਤੀਕ

ਏਆਰਐਮਬੀ ਫਾਜ਼ਿਲਕਾ, ਨੇੜੇ ਸੇਤੀਆ ਮੋਟਰਜ਼, ਅਬੋਹਰ ਰੋਡ, ਫਾਜ਼ਿਲਕਾ 152123

ਸੁਰੱਖਿਅਤ ਸੰਪੱਤੀਆਂ ਦੀ ਈ-ਨਿਲਾਮੀ ਵਿਕਰੀ 23.06.2026 ਨੂੰ ਸਵੇਰੇ 11.00 ਵਜੇ ਤੋਂ ਸ਼ਾਮ 04.00 ਵਜੇ ਤੱਕ

**ਈ-ਨਿਲਾਮੀ ਵਿਕਰੀ ਸੂਚਨਾ**

**ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਵਿਕਰੀ ਸੂਚਨਾ**

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।
ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ (†) ਅਤੇ ਜ਼ਾਮਨ (†) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਉਸਾਰੂ/ਭੌਤਿਕ/ਸੰਕੇਤਕ ਕਬਜ਼ਾ ਬੈਂਕ/ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਸੀ, ਦੀ ਵਿਕਰੀ ਸਬੰਧਤ ਕਰਜ਼ਦਾਰ (†) ਅਤੇ ਜ਼ਾਮਨ (†) ਤੋਂ ਬੈਂਕ/ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਨਿਮਨ ਦਰਸਾਈ ਰਕਮ ਦੀ ਵਸੂਲੀ ਦੇ ਲਈ ਵਿਕਰੀ ਦੀ ਮਿਤੀ ਨੂੰ ''ਜਿਵੇਂ ਹੈ ਜਿਥੇ ਹੈ'', ''ਜਿਵੇਂ ਹੈ ਜੋ ਹੈ'' ਅਤੇ ''ਜੋ ਵੀ ਉਥੇ ਹੈ'' 'ਤੇ ਵੇਚੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸਬੰਧਤ ਸੰਪੱਤੀਆਂ ਦੇ ਅਧੀਨ ਨਿਮਨ ਸਾਰਣੀ ਵਿਚ ਦਰਸਾਏ ਅਨੁਸਾਰ ਹੋਵੇਗੀ।

| ਲ ਨੰ. / ਆਈ.ਪੀ.ਦੀ ਲੜੀ / ਸ਼ਾਖਾ ਨਾਮ | ਖਾਤੇ ਦਾ ਨਾਮ / ਪ੍ਰੋਪ/ਨਿਰਦੇਸ਼ਕ/ਭਾਈਵਾਲ/ ਜ਼ਾਮਨ/ਕਰਤਾ/ਗਿਰਵੀਕਾਰ/ਕਾਨੂੰਨੀ ਵਾਰਸ | ਸੰਪੱਤੀ/ਆਂ ਦੇ ਵੇਰਵੇ | ਧਾਰਾ 13 (2) ਅਧੀਨ ਸੂਚਨਾ ਦੀ ਮਿਤੀ / ਮੰਗ ਰਕਮ / ਧਾਰਾ 13 (4) ਅਧੀਨ ਕਬਜ਼ੇ ਦੀ ਮਿਤੀ | ਰਾਖਵੀਂ ਕੀਮਤ / ਬਿਆਨਾ ਰਕਮ ਜਮ੍ਹਾਂ / ਬੋਲੀ ਵਾਧਾ ਰਕਮ | ਵਿਕਰੀ ਨੋਟਿਸ ਜਾਰੀ ਹੋਣ ਦੀ ਮਿਤੀ / ਕਬਜ਼ੇ ਦੀ ਕਿਸਮ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|---|---|
| 1. / 2026/05 / ਜਲਾਲਾਬਾਦ ਪੱਛਮ (023900) | 1. ਮੈਸਰਜ਼ ਚੁੱਘ ਖਾਦ ਭੰਡਾਰ ਨੇੜੇ ਪੁਰਾਣਾ ਮੁਕਤਸਰ ਬੱਸ ਸਟੈਂਡ, ਜਲਾਲਾਬਾਦ ਪੱਛਮ, ਪੰਜਾਬ-152024। 2. ਸ਼੍ਰੀ ਰਾਜਿੰਦਰ ਕੁਮਾਰ ਪੁੱਤਰ ਸ਼੍ਰੀ ਬਾਬੂ ਰਾਮ, ਵਾਸੀ ਮਕਾਨ ਨੰ. 877/1, ਵਾਰਡ ਨੰ. 12, ਪਿੱਛੇ ਆਈਸੀਆਈਸੀਆਈ ਬੈਂਕ, ਗਗਨੇਜਾ ਗਲੀ, ਜਲਾਲਾਬਾਦ ਪੱਛਮ, ਜ਼ਿਲ੍ਹਾ ਫਾਜ਼ਿਲਕਾ, ਪੰਜਾਬ-152024 | ਨਿਮਨ ਵੇਰਵਿਆਂ ਅਨੁਸਾਰ ਅੰਦਾਜ਼ਨ 7.5 ਮਰਲੇ ਕੁੱਲ ਮਾਪ ਵਾਲੀ ਵਪਾਰਕ ਦੁਕਾਨ ਦੇ ਸਾਰੇ ਭਾਗ ਅਤੇ ਹਿੱਸੇ :- ੳ) ਸ੍ਰੀ ਅਜੇ ਕੁਮਾਰ ਸਪੁੱਤਰ ਸ੍ਰੀ ਰਾਜ ਕੁਮਾਰ ਦੀ ਮਾਲਕੀ ਹੇਠ ਆਰਟੀਡੀ 4727 ਮਿਤੀ 26.12.2012 ਦੇ ਅਧੀਨ ਅੰਦਾਜ਼ਨ 3.5 ਮਰਲੇ ਮਾਪ ਅਤੇ ਅ) ਜੇਪੀ ਪੈਲੇਸ ਰੋਡ, ਨੇੜੇ ਪੁਰਾਣਾ ਮੁਕਤਸਰ ਬੱਸ ਸਟਾਪ, ਮੁਕਤਸਰ ਰੋਡ, ਜਲਾਲਾਬਾਦ (ਪੱਛਮ), ਜ਼ਿਲ੍ਹਾ ਫਾਜ਼ਿਲਕਾ (ਪੰਜਾਬ) ਵਿਖੇ ਸਥਿਤ ਸ੍ਰੀਮਤੀ ਰਸ਼ਮੀ ਸੁਪਤਨੀ ਸ੍ਰੀ ਅਜੇ ਕੁਮਾਰ ਦੀ ਮਾਲਕੀ ਹੇਠ ਆਰਟੀਡੀ ਨੰਬਰ 2778 ਮਿਤੀ 10.11.2014 ਦੇ ਅਧੀਨ ਅੰਦਾਜ਼ਨ 4 ਮਰਲੇ ਮਾਪ। ਡੀਡ ਨੰਬਰ 4727 ਅਨੁਸਾਰ ਹੱਦਬੰਦੀ : ਪੂਰਬ : ਗਲੀ, ਪੱਛਮ : ਅਸ਼ੋਕ ਕੁਮਾਰ ਅਤੇ ਹੋਰ ਉਤਰ : ਅਸ਼ੋਕ ਕੁਮਾਰ ਅਤੇ ਹੋਰ, ਦੱਖਣ : ਸੁਭਾਸ਼ ਚੰਦਰ ਨਾਗਪਾਲ। ਡੀਡ ਨੰਬਰ 2778 ਅਨੁਸਾਰ ਹੱਦਬੰਦੀ : ਪੂਰਬ : ਵਿਨੋਦ ਕੁਮਾਰ ਅਤੇ ਹੋਰ, ਪੱਛਮ : ਸੈਲਰ, ਉਤਰ : ਅਜੇ ਕੁਮਾਰ ਅਤੇ ਹੋਰ, ਦੱਖਣ : ਗਲੀ। | 22.09.2023 / Rs. 91,43,674.56 as on 22.09.2023 + Further intt. & expenses / 21-12-2023 | Rs. 51,25,000/- / Rs. 5,12,500/- / Rs. 20,000/- | 03.06.2026 / ਭੌਤਿਕ ਕਬਜ਼ਾ | 23.06.2026 from11:00 AM to 04:00 PM |

3. ਸ਼੍ਰੀ ਅਜੈ ਕੁਮਾਰ ਪੁੱਤਰ ਸ਼੍ਰੀ ਰਾਜ ਕੁਮਾਰ, ਵਾਸੀ ਮਕਾਨ ਨੰ. 877/1, ਵਾਰਡ ਨੰ. 12, ਪਿੱਛੇ ਆਈਸੀਆਈਸੀਆਈ ਬੈਂਕ, ਗਗਨੇਜਾ ਗਲੀ, ਜਲਾਲਾਬਾਦ ਪੱਛਮ, ਜ਼ਿਲ੍ਹਾ ਫਾਜ਼ਿਲਕਾ, ਪੰਜਾਬ-152024 4. ਸ਼੍ਰੀਮਤੀ ਰਸ਼ਮੀ ਪਤਨੀ ਸ਼੍ਰੀ ਅਜੈ ਕੁਮਾਰ, ਵਾਸੀ ਮਕਾਨ ਨੰ. 877/1, ਵਾਰਡ ਨੰ. 12. ਪਿੱਛੇ ਆਈਸੀਆਈਸੀਆਈ ਬੈਂਕ, ਗਗਨੇਜਾ ਗਲੀ, ਜਲਾਲਾਬਾਦ ਪੱਛਮੀ, ਜ਼ਿਲ੍ਹਾ ਫਾਜ਼ਿਲਕਾ, ਪੰਜਾਬ-152024

ਇਹ ਵਿਕਰੀ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਵਿੱਚ ਨਿਰਧਾਰਤ ਨਿਯਮਾਂ ਅਤੇ ਸ਼ਰਤਾਂ ਅਤੇ ਹੇਠ ਲਿਖੀਆਂ ਹੋਰ ਸ਼ਰਤਾਂ ਦੇ ਅਧੀਨ ਹੋਵੇਗੀ:
1. ਸੰਪੱਤੀਆਂ 'ਜਿਵੇਂ ਹੈ ਜਿਥੇ ਹੈ ਆਧਾਰ' ਅਤੇ 'ਜਿਵੇਂ ਹੈ ਜੋ ਹੈ ਆਧਾਰ' ਅਤੇ ''ਜੋ ਵੀ ਉਥੇ ਹੈ ਆਧਾਰ'' 'ਤੇ ਵੇਚੀਆਂ ਜਾ ਰਹੀਆਂ ਹਨ।
2. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ।
3. ਵਿਕਰੀ ਵੈੱਬਸਾਈਟ 'ਤੇ ਪ੍ਰਦਾਨ ਕੀਤੇ ਗਏ ਈ-ਨਿਲਾਮੀ ਪਲੇਟਫਾਰਮ ਰਾਹੀਂ ਹੇਠ ਹਸਤਾਖਰਕਰਤਾ ਦੁਆਰਾ ਕੀਤੀ ਜਾਵੇਗੀ https://baanknet.com ਲਈ 23.06.2026 ਨੂੰ ਸਵੇਰੇ 11:00 ਵਜੇ ਤੋਂ ਸ਼ਾਮ 04:00 ਵਜੇ ਤੱਕ।
4. ਪਹਿਲੀ ਬੋਲੀ ਰਿਜ਼ਰਵ ਕੀਮਤ ਤੋਂ ਵੱਧ ਰਕਮ 'ਤੇ ਸ਼ੁਰੂ ਹੋਣੀ ਚਾਹੀਦੀ ਹੈ।
5. ਸਾਰੇ ਕਾਨੂੰਨੀ ਬਕਾਏ/ਅਟੈਂਡੈਂਟ ਚਾਰਜ/ਰਜਿਸਟ੍ਰੇਸ਼ਨ ਚਾਰਜ, ਸਟੈਂਪ ਡਿਊਟੀ, ਜੀਐਸਟੀ, ਟੈਕਸ ਆਦਿ ਸਮੇਤ ਹੋਰ ਬਕਾਏ ਖਰੀਦਦਾਰ ਦੁਆਰਾ ਸਹਿਣ ਕੀਤੇ ਜਾਣਗੇ।
6. ਫਾਰਮ 16ਬੀ 'ਤੇ ਟੀਡੀਐਸ ਦਾ ਟੀਡੀਐਸ ਸਰਟੀਫਿਕੇਟ ਬਾਅਦ ਵਿੱਚ ਬੈਂਕ ਨੂੰ ਜਮ੍ਹਾ ਕਰਨਾ ਹੋਵੇਗਾ। ਜਿੱਥੇ ਜਾਇਦਾਦ ਦੀ ਵਿਕਰੀ ਕੀਮਤ 50.00 ਲੱਖ ਰੁਪਏ ਅਤੇ ਇਸ ਤੋਂ ਵੱਧ ਹੈ, ਨਿਲਾਮੀ ਖਰੀਦਦਾਰ ਨੂੰ ਆਮਦਨ ਕਰ ਐਕਟ ਦੀ ਧਾਰਾ 194 ਆਈਏ ਦੇ ਅਨੁਸਾਰ ਆਮਦਨ ਕਰ ਵਿਭਾਗ ਨੂੰ ਟੀਡੀਐਸ ਭੇਜਣਾ ਪਵੇਗਾ। ਵਿਕਰੀ ਸਰਟੀਫਿਕੇਟ ਸਿਰਫ ਫਾਰਮ ਨੰਬਰ 26QB ਅਤੇ ਚਲਾਨ ਦੀ ਰਸੀਦ ਜਾਰੀ ਕੀਤੀ ਜਾਵੇਗੀ।
7. ਸੰਪੱਤੀ/ਆਂ ਦੇ ਉਪਰ ਕੋਈ ਵੀ ਦੇਣਦਾਰੀਆਂ ਬੈਂਕ/ਸੁਰੱਖਿਅਤ ਕਰਜ਼ਦਾਤਾ ਦੀ ਜਾਣਕਾਰੀ ਵਿਚ ਨਹੀਂ ਹਨ।
8. ਅਧਿਕਾਰਤ ਅਧਿਕਾਰੀ ਕਿਸੇ ਵੀ ਸਮੇਂ ਸਾਰੀਆਂ ਬੋਲੀਆਂ ਨੂੰ ਸਵੀਕਾਰ ਕਰਨ ਜਾਂ ਰੱਦ ਕਰਨ ਦਾ ਅਧਿਕਾਰ ਰੱਖਦਾ ਹੈ, ਜੇਕਰ ਸਵੀਕਾਰਯੋਗ ਨਹੀਂ ਪਾਇਆ ਜਾਂਦਾ ਹੈ ਜਾਂ ਬਿਨਾਂ ਕਿਸੇ ਕਾਰਨ ਦੱਸੇ ਨਿਲਾਮੀ ਦੀਆਂ ਸ਼ਰਤਾਂ ਨੂੰ ਮੁਲਤਵੀ/ਰੱਦ/ਮੁਲਤਵੀ/ਬੰਦ ਕਰਨ ਜਾਂ ਬਦਲਣ ਦਾ ਅਧਿਕਾਰ ਰੱਖਦਾ ਹੈ ਅਤੇ ਇਸ ਸਬੰਧ ਵਿੱਚ ਉਸਦਾ ਫੈਸਲਾ ਅੰਤਿਮ ਹੋਵੇਗਾ।
9. ਵਿਕਰੀ ਦੀਆਂ ਵਿਸਤ੍ਰਿਤ ਸ਼ਰਤਾਂ ਅਤੇ ਨਿਯਮਾਂ ਲਈ, ਕਿਰਪਾ ਕਰਕੇ support.baanknet@psballiance.com +91 82912 20220 ਅਤੇ www.pnbindia.bank.in ਵੇਖੋ ਜਾਂ ਸਾਡੇ ਅਧਿਕਾਰੀ, ਫਾਜ਼ਿਲਕਾ ਈਮੇਲ 'ਤੇ ਸੰਪਰਕ ਕਰੋ: cs8225@pnb.bank.in

ਮਿਤੀ : 03.06.2026 ਸਥਾਨ : ਫਾਜ਼ਿਲਕਾ ਅਧਿਕਾਰਤ ਅਧਿਕਾਰੀ, ਪੰਜਾਬ ਨੈਸ਼ਨਲ ਬੈਂਕ

ਸਰਫਾਇਸੀ ਐਕਟ 2002 ਦੇ ਨਿਯਮ 8(6) ਅਧੀਨ 15 ਰੋਜ਼ਾ ਵਿਧਾਨਕ ਵਿਕਰੀ ਸੂਚਨਾ



**pnb ਪੰਜਾਬ ਨੈਸ਼ਨਲ ਬੈਂਕ** ...ਭਰੋਸੇ ਦਾ ਪ੍ਰਤੀਕ

ਸਰਕਲ ਦਫ਼ਤਰ : ਪਲਾਟ ਨੰ. 445, ਫੇਜ਼ 3, ਨੇੜੇ ਦਾਦੀ ਪੋਤੀ ਪਾਰਕ, ਮਾਡਲ ਟਾਊਨ, ਬਠਿੰਡਾ

ਸੁਰੱਖਿਅਤ ਸੰਪੱਤੀਆਂ ਦੀ ਈ-ਨਿਲਾਮੀ ਵਿਕਰੀ 23.06.2026 ਨੂੰ ਸਵੇਰੇ 11:00 ਵਜੇ ਤੋਂ ਸ਼ਾਮ 04:00 ਵਜੇ

**ਈ-ਨਿਲਾਮੀ ਵਿਕਰੀ ਸੂਚਨਾ**

**ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਵਿਕਰੀ ਸੂਚਨਾ**

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।
ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ (†) ਅਤੇ ਜ਼ਾਮਨ (†) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਉਸਾਰੂ/ਭੌਤਿਕ/ਸੰਕੇਤਕ ਕਬਜ਼ਾ ਬੈਂਕ/ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਸੀ, ਦੀ ਵਿਕਰੀ ਸਬੰਧਤ ਕਰਜ਼ਦਾਰ (†) ਅਤੇ ਜ਼ਾਮਨ (†) ਤੋਂ ਬੈਂਕ/ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਨਿਮਨ ਦਰਸਾਈ ਰਕਮ ਦੀ ਵਸੂਲੀ ਦੇ ਲਈ ਵਿਕਰੀ ਦੀ ਮਿਤੀ ਨੂੰ ''ਜਿਵੇਂ ਹੈ ਜਿਥੇ ਹੈ'', ''ਜਿਵੇਂ ਹੈ ਜੋ ਹੈ'' ਅਤੇ ''ਜੋ ਵੀ ਉਥੇ ਹੈ'' 'ਤੇ ਵੇਚੀ ਜਾਵੇਗੀ। ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਸਬੰਧਤ ਸੰਪੱਤੀਆਂ ਦੇ ਅਧੀਨ ਨਿਮਨ ਸਾਰਣੀ ਵਿਚ ਦਰਸਾਏ ਅਨੁਸਾਰ ਹੋਵੇਗੀ।

| ਲ ਨੰ. / ਆਈ.ਪੀ.ਦੀ ਲੜੀ / ਸ਼ਾਖਾ ਦਾ ਨਾਮ | ਖਾਤੇ ਦਾ ਨਾਮ / ਪ੍ਰੋਪ/ਨਿਰਦੇਸ਼ਕ/ਭਾਈਵਾਲ/ ਜ਼ਾਮਨ/ਕਰਤਾ/ਗਿਰਵੀਕਾਰ/ਕਾਨੂੰਨੀ ਵਾਰਸ | ਸੰਪੱਤੀ/ਆਂ ਦੇ ਵੇਰਵੇ | ਧਾਰਾ 13 (2) ਅਧੀਨ ਸੂਚਨਾ ਦੀ ਮਿਤੀ / ਬਕਾਇਆ ਰਕਮ / ਧਾਰਾ 13 (4) ਅਧੀਨ ਕਬਜ਼ੇ ਦੀ ਮਿਤੀ | ਰਾਖਵੀਂ ਕੀਮਤ / ਬਿਆਨਾ ਰਕਮ ਜਮ੍ਹਾਂ / ਬੋਲੀ ਵਾਧਾ ਰਕਮ | ਵਿਕਰੀ ਸੂਚਨਾ ਜਾਰੀ ਹੋਣ ਦੀ ਮਿਤੀ / ਕਬਜ਼ੇ ਦੀ ਕਿਸਮ | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|---|---|
| 1. / 2026/001 / ਰਾਮਾਂ 079910 | ਸ੍ਰੀਮਤੀ ਛਿੰਦਰ ਕੌਰ ਸੁਪਤਨੀ ਕਰਮ ਸਿੰਘ; ਸ੍ਰੀ ਛਿੰਦਰ ਕੌਰ ਪਤਨੀ ਕਰਮ ਸਿੰਘ (ਕਰਜ਼ਦਾਰ), #137, ਵਾਰਡ ਨੰ.11, ਆਰੀਆ ਹਾਈ ਸਕੂਲ, ਨੇੜੇ ਡੇਰਾ ਬਾਬਾ ਸੰਤ ਰਾਮ, ਰਾਮਾਂ ਮੰਡੀ, ਤਹਿਸੀਲ ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ, ਪੰਜਾਬ-151301। | 100 ਵਰਗ ਗਜ਼ ਰਿਹਾਇਸ਼ੀ ਜ਼ਮੀਨ ਦੇ ਸਾਰੇ ਭਾਗ ਅਤੇ ਹਿੱਸੇ, ਐਮਸੀ ਨੰਬਰ 7/85-ਸੀ/7/82, ਵਾਰਡ ਨੰਬਰ 11, ਆਰੀਆ ਹਾਈ ਸਕੂਲ, ਜਨਤਾ ਨਗਰ, ਡੇਰਾ ਬਾਬਾ ਸੰਤ ਰਾਮ ਦੇ ਨੇੜੇ, ਤਰਖਾਣ ਵਾਲਾ ਰੋਡ, ਰਮਨ ਮੰਡੀ, ਤਹਿਸੀਲ ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ ਵਿਖੇ ਸਥਿਤ, ਛਿੰਦਰ ਕੌਰ ਪਤਨੀ ਕਰਮ ਸਿੰਘ ਦੇ ਨਾਮ 'ਤੇ ਵਿਕਰੀ ਡੀਡ ਨੰਬਰ 4698 ਮਿਤੀ 10.01.2013 ਦੁਆਰਾ ਪ੍ਰਾਪਤ ਕੀਤਾ ਗਿਆ। ਹੱਦਬੰਦੀ ਹੇਠ ਲਿਖੇ ਅਨੁਸਾਰ : ਪੂਰਬ: 15' ਗੁਰਦੇਵ ਸਿੰਘ, ਪੱਛਮ: 15' ਗਲੀ, ਉੱਤਰ: 60'' ਮੁਖਤਿਆਰ ਸਿੰਘ, ਦੱਖਣ: 60' ਦਰਸ਼ਨ ਸਿੰਘ। | 06-06-2023 / ਰੁ. 2,66,655.29 + 01.06.2023 ਤੋਂ ਪ੍ਰਭਾਵੀ ਭਾਵੀ ਵਿਆਜ + ਹੋਰ ਫੀਸਾਂ, ਮਨਫੀ ਵਸੂਲੀਆਂ, ਜੇਕਰ ਕੋਈ ਹਨ। / 17.08.2023 | Rs. 20,00,000/- / Rs. 2,00,000/- / Rs. 20,000/- | 02.06.2026 / ਸੰਕੇਤਕ ਕਬਜ਼ਾ | 23.06.2026 from 11:00 AM to 04:00 PM |
| 2. / 2026/002 / ਮਾਨਸਾ-054310 | ਸ੍ਰੀ ਸੁਖਦੇਵ ਸਿੰਘ ਸਪੁੱਤਰ ਬੰਤ ਸਿੰਘ; ਸ੍ਰੀ ਸੁਖਦੇਵ ਸਿੰਘ ਪੁੱਤਰ ਬੰਤ ਸਿੰਘ (ਕਰਜ਼ਦਾਰ), ਵਾਰਡ ਨੰ. 21, ਗਰਜਾ ਸਿੰਘ ਵਾਲੀ ਗਲੀ, ਬੈਕਸਾਈਡ ਫੌਜੀ ਪੈਟਰੋਲ ਪੰਪ, ਸਿਰਸਾ ਰੋਡ, ਮਾਨਸਾ, ਪੰਜਾਬ-151505 | 272.25 ਵਰਗ ਜਾਂ 9 ਮਰਲੇ ਦਾ ਰਿਹਾਇਸ਼ੀ ਮਕਾਨ ਵਾਲੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਮੁਸਤਿਲ ਅਤੇ ਕਿਲ੍ਹਾ ਨੰਬਰ 146//14 ਮਿੰਨ (0-9) ਖੇਵਟ ਖਾਤਾ ਨੰਬਰ 297/769 ਸਾਲ 2012-13 ਲਈ ਜਮ੍ਹਾਂਬੰਦੀ ਵਜੋਂ, ਵਾਰਡ ਨੰਬਰ 21, ਗਜਰਾ ਸਿੰਘ ਵਾਲੀ ਗਲੀ, ਪਿੱਛੇ ਫੌਜੀ ਪੈਟਰੋਲ, ਪੰਪ ਸਿਰਸਾ ਰੋਡ, ਮਾਨਸਾ ਵਿਖੇ ਸਥਿਤ ਹੈ, ਰਜਿਸਟਰਡ ਟਰਾਂਸਫਰ ਡੀਡ ਨੰਬਰ 6100 ਮਿਤੀ 08.02.2017 ਦੁਆਰਾ ਪ੍ਰਾਪਤ ਕੀਤਾ ਗਿਆ, ਜੋ ਕਿ ਸੁਖਦੇਵ ਸਿੰਘ ਪੁੱਤਰ ਬੰਤ ਸਿੰਘ ਦੇ ਨਾਮ 'ਤੇ ਹੈ। ਟਾਈਟਲ ਡੀਡ ਅਨੁਸਾਰ ਹੱਦਬੰਦੀ: ਪੂਰਬ: 34' ਫੌਜੀ ਪੈਟਰੋਲ ਪੰਪ, ਪੱਛਮ: 31' ਸਟਰੀਟ, ਉੱਤਰ: 76'' ਰਘਬੀਰ ਸਿੰਘ, ਦੱਖਣ: 73' ਮਲਕੀਤ ਸਿੰਘ। | 14-11-2022 / ਰੁ. 577427.67 + 01.11.2022 ਤੋਂ ਪ੍ਰਭਾਵੀ ਭਾਵੀ ਵਿਆਜ + ਹੋਰ ਫੀਸਾਂ, ਮਨਫੀ ਵਸੂਲੀਆਂ, ਜੇਕਰ ਕੋਈ ਹਨ। / 21.01.2023 | Rs. 18,00,000/- / Rs. 1,80,000/- / Rs. 10,000/- | 02.06.2026 / ਸੰਕੇਤਕ ਕਬਜ਼ਾ | 23.06.2026 from 11:00 AM to 04:00 PM |
| 3. / 2026/003 / ਰਾਮਾਂ 079910 | ਮੁਨੀਸ਼ ਕੁਮਾਰ ਸਪੁੱਤਰ ਗਿਆਨ ਚੰਦ; ਮੁਨੀਸ਼ ਕੁਮਾਰ ਪੁੱਤਰ ਗਿਆਨ (ਹੁਣ ਮ੍ਰਿਤਕ) ਰਾਹੀਂ ਇਸ ਦੇ ਕਾਨੂੰਨੀ ਵਾਰਸਾਂ ਰਾਹੀਂ : 1. ਅਨੁਰਾਧਾ ਪਤਨੀ ਸਵ. ਮੁਨੀਸ਼ ਕੁਮਾਰ 2. ਪਾਇਲ ਪੁੱਤਰੀ ਸਵ. ਮੁਨੀਸ਼ ਕੁਮਾਰ (ਨਾਬਾਲਗ ਪੁੱਤਰੀ) ਰਾਹੀਂ ਗਾਰਡੀਅਨ ਅਨੁਰਾਧਾ ਪਤਨੀ ਸਵ. ਮੁਨੀਸ਼ ਕੁਮਾਰ 3. ਸ਼ਿਖਾ ਪੁੱਤਰੀ ਸਵ. ਮੁਨੀਸ਼ ਕੁਮਾਰ (ਨਾਬਾਲਗ ਪੁੱਤਰੀ) ਰਾਹੀਂ ਗਾਰਡੀਅਨ ਅਨੁਰਾਧਾ ਪਤਨੀ ਸਵ. ਮੁਨੀਸ਼ ਕੁਮਾਰ, ਸਾਰੇ ਵਾਸੀ ਵਾਰਡ ਨੰ. 7, ਨੇੜੇ ਟੈਲੀਫੋਨ ਐਕਸਚੇਂਜ, ਰਾਮਾਂ ਮੰਡੀ, ਬਠਿੰਡਾ-151301 | 90 ਵਰਗ ਗਜ਼ ਦੇ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਯਾਨੀ 0 ਕਨਾਲ, 3 ਮਰਲਾ ਜੋ ਕਿ 0 ਕਨਾਲ 6 ਮਰਲੇ ਦਾ 1/2 ਹਿੱਸਾ ਹੈ, ਖਸਰਾ ਨੰਬਰ 736/2/6 ਮਿਨ (0-3), 736/2/6 ਮਿੰਨ (0-3), ਖੇਵਟ ਨੰਬਰ 1250 ਅਤੇ 1251, ਖਤੌਣੀ ਨੰਬਰ 2758 ਅਤੇ 2759 ਵਿੱਚ ਸ਼ਾਮਲ ਹੈ, ਜੋ ਕਿ 2011-12 ਦੀ ਜਮ੍ਹਾਂਬੰਦੀ ਦੇ ਅਨੁਸਾਰ ਮੁਨੀਸ਼ ਕੁਮਾਰ ਪੁੱਤਰ ਗਿਆਨ ਚੰਦ ਦੇ ਨਾਮ 'ਤੇ ਆਰਟੀਡੀ ਨੰਬਰ 3638 ਮਿਤੀ 11.03.2015 ਅਧੀਨ ਖਰੀਦੇ ਕੋਂਚੀਆਂ ਰੋਡ 'ਤੇ ਸਥਿਤ, ਨਛੱਤਰ ਸਿੰਘ ਮਿਸਤਰੀ ਦੇ ਨੇੜੇ, ਰਾਮਾਂ ਮੰਡੀ, ਤਹਿਸੀਲ ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ 'ਤੇ ਸਥਿਤ ਹੈ ਹੇਠ ਲਿਖੇ ਅਨੁਸਾਰ ਹੱਦਬੰਦੀ: ਪੂਰਬ: 12' ਸਟਰੀਟ, ਪੱਛਮ: 12' ਰਾਕੇਸ਼ ਕੁਮਾਰ, ਉੱਤਰ: 70' ਅਸ਼ੋਕ ਕੁਮਾਰ, ਦੱਖਣ: 70' ਨਛੱਤਰ ਸਿੰਘ। | 29-08-2025 / ਰੁ. 6,28,309.73 + 01.08.2025 ਤੋਂ ਪ੍ਰਭਾਵੀ ਭਾਵੀ ਵਿਆਜ + ਹੋਰ ਫੀਸਾਂ, ਮਨਫੀ ਵਸੂਲੀਆਂ, ਜੇਕਰ ਕੋਈ ਹਨ। / 10.11.2025 | Rs. 16,00,000/- / Rs. 1,60,000/- / Rs. 10,000/- | 02.06.2026 / ਸੰਕੇਤਕ ਕਬਜ਼ਾ | 23.06.2026 from 11:00 AM to 04:00 PM |
| 4. / 2026/004 / ਰਾਮਪੁਰਾ-064210 | ਮੈਸ. ਵਿਨੋਦ ਗਰਗ ਕਾਂਟ੍ਰੈਕਟਰ; ਮੈਸਰਜ਼ ਵਿਨੋਦ ਗਰਗ ਕਾਂਟ੍ਰੈਕਟਰ ਦੁਆਰਾ ਪ੍ਰੋਪ. ਵਿਨੋਦ ਗਰਗ ਪੁੱਤਰ ਰਾਮ ਭਜ ਗਰਗ 130, ਨਿਊ ਮਾਰਕੀਟ ਕਨ੍ਹਈਆ, ਬਗਦੀਆ ਵਾਲੀ ਗਲੀ, ਰਾਮਪੁਰਾ ਫੂਲ, 151103 (9417539800) 2. ਵਿਨੋਦ ਗਰਗ ਪੁੱਤਰ ਰਾਮ ਭਜ ਗਰਗ, 130, ਨਿਊ ਮਾਰਕੀਟ ਕਨ੍ਹਈਆ, ਬਗਦਿਆ ਵਾਲੀ ਗਲੀ, ਰਾਮਪੁਰਾ ਫੂਲ, 151103.(9417539800) | 77.77 ਵਰਗ ਗਜ਼ ਦੇ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਗੁਰੂ ਨਾਨਕ ਪੁਰਾ, ਵਾਰਡ ਨੰ. 17, ਅਗਰਵਾਲ ਸੈਨੇਟਰੀ ਸਟੋਰ ਦਫ਼ਤਰ ਦੇ ਨੇੜੇ, ਸ਼ੀਤਲਾ ਬਿਰਧ ਆਸ਼ਰਮ, ਰਾਮਪੁਰਾ, ਜ਼ਿਲ੍ਹਾ ਬਰਨਾਲਾ ਵਿਖੇ ਸਥਿਤ ਹੈ, ਜੋ ਕਿ ਵਿਕਰੀ ਡੀਡ ਨੰਬਰ 4316 ਮਿਤੀ 29.12.2008 ਦੁਆਰਾ ਵਿਨੋਦ ਕੁਮਾਰ ਪੁੱਤਰ ਰਾਮ ਭਜ ਦੇ ਨਾਮ 'ਤੇ ਦਰਜ ਹੈ। ਹੇਠ ਲਿਖੇ ਅਨੁਸਾਰ ਹੱਦਬਦੀ: - ਪੂਰਬ: 50'0'' ਕਾਕਾ ਸਿੰਘ, ਪੱਛਮ: -50'0'' ਹਰਨਾਮ ਸਿੰਘ, ਉੱਤਰ: -14'0'' ਗਲੀ, ਦੱਖਣ: - 14'0'' ਪੁਰਾਣਾ ਬਿਜ਼ਾਲੀ ਘਰ। | 06-05-2025 / ਰੁ. 9,25,454 + 01.05.2025 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਹੋਰ ਫੀਸਾਂ / 01.08.2025 | Rs. 4,00,000/- / Rs. 40,000/- / Rs. 10,000/- | 02.06.2026 / ਸੰਕੇਤਕ ਕਬਜ਼ਾ | 23.06.2026 from 11:00 AM to 04:00 PM |
| 5. / 2026/005 / ਬੈਂਕ ਸਟ੍ਰੀਟ, ਬਠਿੰਡਾ (005000) | ਸ੍ਰੀ ਸੁਖਵਿੰਦਰ ਪਾਲ ਸਿੰਘ; ਸ੍ਰੀ ਸੁਖਵਿੰਦਰ ਪਾਲ ਸਿੰਘ, ਯੂਆਈਡੀ ਨੰ. ਐਮਸੀਬੀ-27-08630-001 # ਗਲੀ ਨੰ: 33/2, ਲਾਲ ਸਿੰਘ ਬਸਤੀ, ਨੇੜੇ ਗਊਸ਼ਾਲਾ, ਬਠਿੰਡਾ-151001 | 100 ਵਰਗ ਗਜ਼ ਦੇ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਭਾਵ 00 ਬਿਘੇ 02 ਬਿਸਵਾਸ ਜੋ ਕਿ 11 ਕਨਾਲ 14 ਮਰਲੇ ਦੀ ਜ਼ਮੀਨ ਦਾ 2/234 ਹਿੱਸਾ ਹੈ, ਜੋ ਕਿ ਖਸਰਾ ਨੰਬਰ 4358 ਮਿੰਨ (11-14), ਖੇਵਟ/ਖਟੋਨੀ ਨੰਬਰ 1573/8266 ਵਿੱਚ 2012-13 ਦੀ ਜਮ੍ਹਾਂਬੰਦੀ ਅਨੁਸਾਰ ਸ਼ਾਮਲ ਹੈ, 33/2, ਲਾਲ ਸਿੰਘ ਨਗਰ, ਬਠਿੰਡਾ ਵਿਖੇ ਸਥਿਤ ਹੈ, ਜੋ ਕਿ ਸੁਖਵਿੰਦਰ ਪਾਲ ਸਿੰਘ ਪੁੱਤਰ ਹਰਨੇਕ ਸਿੰਘ ਦੇ ਨਾਮ 'ਤੇ ਆਰਟੀਡੀ ਨੰਬਰ 2021-22/23/1/1275 ਮਿਤੀ 28.04.2021 ਦੁਆਰਾ ਪ੍ਰਾਪਤ ਕੀਤੀ ਗਈ ਹੈ। ਹੱਦਬੰਦੀ ਹੇਠ ਲਿਖੇ ਅਨੁਸਾਰ: - ਪੂਰਬ: - 15'0'' ਖਾਲੀ ਪਲਾਟ, ਪੱਛਮ: - 15'0'' ਗਲੀ ਚੌੜੀ 20'0'', ਉੱਤਰ: - 60'0'' ਸੁਨੀਤਾ ਰਾਣੀ, ਦੱਖਣ: - 60'0'' ਰਾਮ ਸ਼ੰਕਰ। | 28-11-2023 / ਰੁ. 9,59,049.70 + 01.11.2023 ਤੋਂ ਪ੍ਰਭਾਵੀ ਭਾਵੀ ਵਿਆਜ ਅਤੇ ਹੋਰ ਫੀਸਾਂ / 11.12.2024 | Rs. 24,00,000/- / Rs. 2,40,000/- / Rs. 20,000/- | 04.06.2026 / ਸੰਕੇਤਕ ਕਬਜ਼ਾ | 23.06.2026 from 11:00 AM to 04:00 PM |

ਇਹ ਵਿਕਰੀ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ 2002 ਵਿੱਚ ਨਿਰਧਾਰਤ ਨਿਯਮਾਂ ਅਤੇ ਸ਼ਰਤਾਂ ਅਤੇ ਹੇਠ ਲਿਖੀਆਂ ਹੋਰ ਸ਼ਰਤਾਂ ਦੇ ਅਧੀਨ ਹੋਵੇਗੀ:
1. ਸੰਪੱਤੀਆਂ 'ਜਿਵੇਂ ਹੈ ਜਿਥੇ ਹੈ ਆਧਾਰ' ਅਤੇ 'ਜਿਵੇਂ ਹੈ ਜੋ ਹੈ ਆਧਾਰ' ਅਤੇ ''ਜੋ ਵੀ ਉਥੇ ਹੈ ਆਧਾਰ'' 'ਤੇ ਵੇਚੀਆਂ ਜਾ ਰਹੀਆਂ ਹਨ।
2. ਉਕਤ ਦਰਸਾਈ ਸੂਚੀ ਵਿਚ ਦਰਸਾਈਆਂ ਸੁਰੱਖਿਅਤ ਸੰਪੱਤੀਆਂ ਦੇ ਵੇਰਵੇ ਅਧਿਕਾਰਤ ਅਧਿਕਾਰੀ ਦੀ ਸਰਵੋਤਮ ਜਾਣਕਾਰੀ ਲਈ ਦਰਸਾਏ ਗਏ ਹਨ, ਪ੍ਰੰਤੂ ਅਧਿਕਾਰਤ ਅਧਿਕਾਰੀ ਇਸ ਐਲਾਨਨਾਮੇ ਵਿਚ ਕਿਸੇ ਵੀ ਤਰੁੱਟੀ, ਗਲਤ ਬਿਆਨੀ ਜਾਂ ਕਟੌਤੀ ਲਈ ਜੁਆਬਦੇਹ ਨਹੀਂ ਹੋਵੇਗਾ।
3. ਵਿਕਰੀ ਵੈੱਬਸਾਈਟ 'ਤੇ ਪ੍ਰਦਾਨ ਕੀਤੇ ਗਏ ਈ-ਨਿਲਾਮੀ ਪਲੇਟਫਾਰਮ ਰਾਹੀਂ ਹੇਠ ਹਸਤਾਖਰਕਰਤਾ ਦੁਆਰਾ ਕੀਤੀ ਜਾਵੇਗੀ https://baanknet.com ਲਈ 23.06.2026 ਨੂੰ ਸਵੇਰੇ 11:00 ਵਜੇ ਤੋਂ ਸ਼ਾਮ 04:00 ਵਜੇ ਤੱਕ।
4. ਪਹਿਲੀ ਬੋਲੀ ਰਿਜ਼ਰਵ ਕੀਮਤ ਤੋਂ ਵੱਧ ਰਕਮ 'ਤੇ ਸ਼ੁਰੂ ਹੋਣੀ ਚਾਹੀਦੀ ਹੈ।
5. ਸਾਰੇ ਕਾਨੂੰਨੀ ਬਕਾਏ/ਅਟੈਂਡੈਂਟ ਚਾਰਜ/ਰਜਿਸਟ੍ਰੇਸ਼ਨ ਚਾਰਜ, ਸਟੈਂਪ ਡਿਊਟੀ, ਜੀਐਸਟੀ, ਟੈਕਸ ਆਦਿ ਸਮੇਤ ਹੋਰ ਬਕਾਏ ਖਰੀਦਦਾਰ ਦੁਆਰਾ ਸਹਿਣ ਕੀਤੇ ਜਾਣਗੇ।
6. ਫਾਰਮ 16ਬੀ 'ਤੇ ਟੀਡੀਐਸ ਦਾ ਟੀਡੀਐਸ ਸਰਟੀਫਿਕੇਟ ਬਾਅਦ ਵਿੱਚ ਬੈਂਕ ਨੂੰ ਜਮ੍ਹਾ ਕਰਨਾ ਹੋਵੇਗਾ। ਜਿੱਥੇ ਜਾਇਦਾਦ ਦੀ ਵਿਕਰੀ ਕੀਮਤ 50.00 ਲੱਖ ਰੁਪਏ ਅਤੇ ਇਸ ਤੋਂ ਵੱਧ ਹੈ, ਨਿਲਾਮੀ ਖਰੀਦਦਾਰ ਨੂੰ ਆਮਦਨ ਕਰ ਐਕਟ ਦੀ ਧਾਰਾ 194 ਆਈਏ ਦੇ ਅਨੁਸਾਰ ਆਮਦਨ ਕਰ ਵਿਭਾਗ ਨੂੰ ਟੀਡੀਐਸ ਭੇਜਣਾ ਪਵੇਗਾ। ਵਿਕਰੀ ਸਰਟੀਫਿਕੇਟ ਸਿਰਫ ਫਾਰਮ ਨੰਬਰ 26QB ਅਤੇ ਚਲਾਨ ਦੀ ਰਸੀਦ ਜਾਰੀ ਕੀਤੀ ਜਾਵੇਗੀ।
7. ਸੰਪੱਤੀ/ਆਂ ਦੇ ਉਪਰ ਕੋਈ ਵੀ ਦੇਣਦਾਰੀਆਂ ਬੈਂਕ/ਸੁਰੱਖਿਅਤ ਕਰਜ਼ਦਾਤਾ ਦੀ ਜਾਣਕਾਰੀ ਵਿਚ ਨਹੀਂ ਹਨ।
8. ਅਧਿਕਾਰਤ ਅਧਿਕਾਰੀ ਕਿਸੇ ਵੀ ਸਮੇਂ ਸਾਰੀਆਂ ਬੋਲੀਆਂ ਨੂੰ ਸਵੀਕਾਰ ਕਰਨ ਜਾਂ ਰੱਦ ਕਰਨ ਦਾ ਅਧਿਕਾਰ ਰੱਖਦਾ ਹੈ, ਜੇਕਰ ਸਵੀਕਾਰਯੋਗ ਨਹੀਂ ਪਾਇਆ ਜਾਂਦਾ ਹੈ ਜਾਂ ਬਿਨਾਂ ਕਿਸੇ ਕਾਰਨ ਦੱਸੇ ਨਿਲਾਮੀ ਦੀਆਂ ਸ਼ਰਤਾਂ ਨੂੰ ਮੁਲਤਵੀ/ਰੱਦ/ਮੁਲਤਵੀ/ਬੰਦ ਕਰਨ ਜਾਂ ਬਦਲਣ ਦਾ ਅਧਿਕਾਰ ਰੱਖਦਾ ਹੈ ਅਤੇ ਇਸ ਸਬੰਧ ਵਿੱਚ ਉਸਦਾ ਫੈਸਲਾ ਅੰਤਿਮ ਹੋਵੇਗਾ।
9. ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ **support.baanknet@psballiance.com** +9182912 20220 ਅਤੇ **www.pnbindia.bank.in** ਦਾ ਹਵਾਲਾ ਲਓ ਜਾਂ ਸਾਡੇ ਅਧਿਕਾਰੀ, ਬਠਿੰਡਾ ਸ੍ਰੀ ਰਿਸ਼ਭ ਮੋਬ. ਨੰ.: 8866177211 ਈਮੇਲ ਆਈਡੀ : **cobtdsamd@pnb.bank.in** ਨੂੰ ਸੰਪਰਕ ਕਰੋ।

ਮਿਤੀ : 04.06.2026 ਸਥਾਨ : ਬਠਿੰਡਾ ਅਧਿਕਾਰਤ ਅਧਿਕਾਰੀ, ਪੰਜਾਬ ਨੈਸ਼ਨਲ ਬੈਂਕ

ਸਰਫਾਇਸੀ ਐਕਟ 2002 ਦੇ ਨਿਯਮ 8(6) ਅਧੀਨ 15 ਰੋਜ਼ਾ ਵਿਧਾਨਕ ਵਿਕਰੀ ਸੂਚਨਾ



# ਜੂਨ 1984:
## ਨਾ ਭੁੱਲਣ ਵਾਲਾ ਵਰਤਾਰਾ

**ਮਨਮੋਹਨ ਸਿੰਘ ਢਿੱਲੋਂ**





ਜੂਨ 1984 ਵਿੱਚ ਨੀਲਾ ਤਾਰਾ ਸਾਕਾ ਜਿਨ੍ਹਾਂ ਦੇਖਿਆ-ਹੰਢਾਇਆ ਹੈ, ਉਸ ਦਾ ਸਿਆਹ ਪਰਛਾਵਾਂ ਉਨ੍ਹਾਂ ਦੇ ਚੇਤਿਆਂ ਵਿੱਚ ਹਮੇਸ਼ਾ ਰਹੇਗਾ। ਸਾਕੇ ਤੋਂ ਪਹਿਲਾਂ ਹੀ ਅੰਮ੍ਰਿਤਸਰ ਸ਼ਹਿਰ ਵਿੱਚ ਹੀ ਨਹੀਂ ਸਗੋਂ ਬਾਹਰਲੇ ਇਲਾਕਿਆਂ ਵਿੱਚ ਵੀ ਸਰਕਾਰ ਵੱਲੋਂ ਸੀਆਰਪੀਐੱਫ ਤਾਇਨਾਤ ਕਰ ਦਿੱਤੀ ਗਈ ਸੀ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਖ਼ਾਲਸਾ ਕਾਲਜ ਦੇ ਅੰਦਰ ਵੀ ਅਤੇ ਬਾਹਰ ਵੀ, ਵੱਡੀ ਗਿਣਤੀ ਵਿੱਚ ਫੋਰਸ ਲਾਈ ਗਈ ਸੀ। ਹਰੇਕ ਸਿੱਖ ਨੌਜਵਾਨ ਨੂੰ ਸੀਆਰਪੀਐੱਫ ਦੇ ਮੁਲਾਜ਼ਮ ਸ਼ੱਕ ਦੀ ਨਜ਼ਰ ਨਾਲ ਦੇਖਦੇ ਅਤੇ ਉਨ੍ਹਾਂ ਨਾਲ ਮਾੜਾ ਵਰਤਾਓ ਕਰਦੇ। ਸਾਰੇ ਪਾਸੇ ਦਹਿਸ਼ਤ ਦਾ ਮਾਹੌਲ ਬਣਾ ਦਿੱਤਾ ਗਿਆ ਸੀ। ਲੋਕੀਂ ਘਰੋਂ ਬਾਹਰ ਜਾਣ ਤੋਂ ਵੀ ਗੁਰੇਜ਼ ਕਰਨ ਲੱਗ ਪਏ ਸਨ ਤੇ ਮਜਬੂਰੀ ਵੱਸ ਹੀ ਬਾਜ਼ਾਰ ਵੱਲ ਨਿਕਲਦੇ ਸਨ।

ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਮੌਕੇ ਸ੍ਰੀ ਦਰਬਾਰ ਸਾਹਿਬ ਵਿੱਚ ਚੱਲੀ ਗੋਲੀ ਨੇ ਲੋਕਾਂ ਵਿੱਚ ਹੋਰ ਵੀ ਦਹਿਸ਼ਤ ਪੈਦਾ ਕਰ ਦਿੱਤੀ ਸੀ। ਪਹਿਲੀ ਜੂਨ ਨੂੰ ਸ਼ਹਿਰ ਵਿੱਚ ਕਰਫਿਊ ਲਾ ਦਿੱਤਾ ਗਿਆ। ਲੋਕ ਘਰਾਂ ਵਿੱਚ ਹੀ ਨਜ਼ਰਬੰਦ ਹੋ ਗਏ। ਕਈ ਦਿਨਾਂ ਮਗਰੋਂ ਜਦੋਂ ਥੋੜ੍ਹੇ ਸਮੇਂ ਲਈ ਕਰਫਿਊ ਵਿੱਚ ਢਿੱਲ ਦਿੱਤੀ ਗਈ ਤਾਂ ਘਰਾਂ ਵਿੱਚ ਬੰਦ ਲੋਕ ਬਾਜ਼ਾਰਾਂ ਵਿੱਚ ਜ਼ਰੂਰਤ ਦੀਆਂ ਵਸਤਾਂ ਲੈਣ ਨਿਕਲੇ। ਉਸ ਵੇਲੇ ਵੀ ਸੀਆਰਪੀਐੱਫ ਦੇ ਮੁਲਾਜ਼ਮਾਂ ਨੇ ਆਮ ਜਨਤਾ ਨਾਲ ਬਦਸਲੂਕੀ ਕੀਤੀ। ਕਰਫਿਊ ਵਿੱਚ ਢਿੱਲ ਮਿਲਣ ਮੌਕੇ ਭੱਜ-ਨੱਠ ਕਾਰਨ ਸਿਰ 'ਤੇ ਪਗੜੀ ਬੰਨ੍ਹਣ ਦਾ ਮੌਕਾ ਨਹੀਂ ਮਿਲਦਾ ਸੀ, ਬਹੁਤ ਸਾਰੇ ਬੰਦੇ ਪਰਨਾ ਜਾਂ ਪਟਕਾ ਬੰਨ੍ਹ ਕੇ ਹੀ ਬਾਜ਼ਾਰਾਂ ਵੱਲ ਭੱਜੇ।

ਪ੍ਰਸ਼ਾਸਨ ਵੱਲੋਂ ਕਰਫਿਊ ਵਿੱਚ ਦਿੱਤੀ ਢਿੱਲ ਮੌਕੇ ਸਿਰ 'ਤੇ ਪੀਲਾ ਪਟਕਾ ਬੰਨ੍ਹਣ ਅਤੇ ਸਾਈਕਲ ਉੱਤੇ ਦੋ ਸਵਾਰੀਆਂ ਬੈਠਣ 'ਤੇ ਪਾਬੰਦੀ ਹੋਣ ਬਾਰੇ ਕੋਈ ਐਲਾਨ ਨਹੀਂ ਸੀ ਕੀਤਾ ਗਿਆ, ਪਰ ਇਸ ਢਿੱਲ ਦੌਰਾਨ ਜਿਨ੍ਹਾਂ ਨੇ ਸਿਰਾਂ 'ਤੇ ਪਟਕੇ ਬੰਨ੍ਹੇ ਹੁੰਦੇ ਸਨ, ਉਨ੍ਹਾਂ ਨਾਲ ਬਦਸਲੂਕੀ ਕੀਤੀ ਗਈ ਅਤੇ ਉਨ੍ਹਾਂ ਦੇ ਡੰਡੇ ਵੀ ਮਾਰੇ ਗਏ। ਜੇ ਸਾਈਕਲ 'ਤੇ ਦੋ ਸਵਾਰੀਆਂ ਹੁੰਦੀਆਂ ਤਾਂ ਉਨ੍ਹਾਂ ਦੇ ਵੀ ਡੰਡੇ ਮਾਰੇ ਗਏ। ਕਰਫਿਊ ਵਿੱਚ ਢਿੱਲ ਦਾ ਪਤਾ ਟੀਵੀ ਤੋਂ ਹੀ ਲਗਦਾ ਸੀ। ਉਦੋਂ ਟੀਵੀ ਬਹੁਤ ਘੱਟ ਹੁੰਦੇ ਸਨ, ਪਰ ਆਂਢ-ਗੁਆਂਢ ਦੇ ਲੋਕੀਂ, ਜਿਨ੍ਹਾਂ ਘਰ ਟੀਵੀ ਸਨ, ਉਹ ਕਰਫਿਊ ਵਿੱਚ ਢਿੱਲ ਬਾਰੇ ਸਭ ਨੂੰ ਤੁਰੰਤ ਦੱਸ ਦਿੰਦੇ ਸਨ। ਕਰਫਿਊ ਵਿੱਚ ਦਿੱਤੀ ਜਾਂਦੀ ਢਿੱਲ ਦਾ ਸਮਾਂ ਦਹਿਸ਼ਤ ਭਰਿਆ ਹੁੰਦਾ ਸੀ ਜਿਸ ਨੂੰ ਭੁੱਲਿਆ ਨਹੀਂ ਜਾ ਸਕਦਾ।

ਤੱਥ ਦਰਸਾਉਂਦੇ ਹਨ ਕਿ ਨੀਲਾ ਤਾਰਾ ਸਾਕੇ ਦੌਰਾਨ 6 ਜੂਨ 1984 ਨੂੰ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ, ਉਨ੍ਹਾਂ ਦੇ ਸਾਥੀ ਜਨਰਲ ਸੁਬੇਗ ਸਿੰਘ, ਬਾਬਾ ਠਾਹਰਾ ਸਿੰਘ ਅਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਫ਼ੌਜ ਦੀਆਂ ਗੋਲੀਆਂ ਦਾ ਸ਼ਿਕਾਰ ਹੋ ਗਏ ਸਨ। ਸੰਤ ਭਿੰਡਰਾਂਵਾਲੇ ਦੀ ਦੇਹ ਦੀ ਸ਼ਨਾਖ਼ਤ ਉਨ੍ਹਾਂ ਦੇ ਭਰਾ ਸੂਬੇਦਾਰ ਮੇਜਰ ਹਰਚਰਨ ਸਿੰਘ ਰੋਡੇ, ਜਿਹੜੇ ਕੈਪਟਨ ਵਜੋਂ ਸੇਵਾਮੁਕਤ ਹੋਏ ਸਨ, ਨੇ ਸੁਪਰਡੈਂਟ ਪੁਲੀਸ, ਸਿਵਲ ਅਧਿਕਾਰੀਆਂ ਅਤੇ ਫ਼ੌਜੀ ਅਫਸਰਾਂ ਦੀ ਹਾਜ਼ਰੀ ਵਿੱਚ ਕੀਤੀ ਸੀ।

ਸਾਕਾ ਨੀਲਾ ਤਾਰਾ ਸਮੇਂ ਡੀਐੱਸਪੀ (ਸਿਟੀ) ਰਹੇ ਤੇ ਐੱਸਪੀ ਵਜੋਂ ਸੇਵਾ ਮੁਕਤ ਹੋਏ ਸ੍ਰੀ ਅਪਾਰ ਸਿੰਘ ਬਾਜਵਾ ਨੇ ਉਸ ਵੇਲੇ ਕਾਫ਼ੀ ਅਹਿਮ ਭੂਮਿਕਾ ਨਿਭਾਈ ਸੀ, ਜਿਸ ਵਿੱਚ ਦਰਬਾਰ ਸਾਹਿਬ ਸਮੂਹ ਵਿੱਚੋਂ 800 ਤੋਂ ਵੱਧ ਲਾਸ਼ਾਂ ਹਟਾਉਣਾ ਵੀ ਸ਼ਾਮਿਲ ਸੀ। ਇਨ੍ਹਾਂ ਕੋਲ ਫ਼ੌਜੀ ਕਾਰਵਾਈ ਬਾਰੇ ਵੀ ਅਹਿਮ ਜਾਣਕਾਰੀ ਸੀ। ਇਕ ਮੁਲਾਕਾਤ ਦੌਰਾਨ ਉਨ੍ਹਾਂ ਦੱਸਿਆ ਕਿ ਸੰਤ ਭਿੰਡਰਾਂਵਾਲੇ ਦੀ ਸ਼ਨਾਖ਼ਤ ਉਨ੍ਹਾਂ ਦੇ ਭਰਾ ਨੇ ਕੀਤੀ ਸੀ। ਗੈਰ-ਸਰਕਾਰੀ ਤੌਰ 'ਤੇ ਉਨ੍ਹਾਂ ਪਾਸੋਂ ਵੀ ਦੇਹ ਦੀ ਪਛਾਣ ਕਰਵਾਈ ਗਈ ਸੀ। ਉਨ੍ਹਾਂ ਅਨੁਸਾਰ, ਉਹ 13 ਅਪਰੈਲ 1978 ਨੂੰ ਵਾਪਰੇ ਨਿਰੰਕਾਰੀ ਕਾਂਡ ਦੇ ਜਾਂਚ ਅਧਿਕਾਰੀ ਵੀ ਸਨ, ਜਿਸ ਕਰ ਕੇ ਉਹ ਸੰਤ ਭਿੰਡਰਾਂਵਾਲਿਆਂ ਅਤੇ ਦਮਦਮੀ ਟਕਸਾਲ ਦੇ ਆਗੂਆਂ ਨੂੰ ਜਾਣਦੇ ਸਨ। ਗੁਰਦੁਆਰਾ ਸ਼ਹੀਦਾਂ ਨੇੜੇ ਸ਼ਮਸ਼ਾਨਘਾਟ ਵਿੱਚ ਸੰਤ ਭਿੰਡਰਾਂਵਾਲੇ ਦਾ ਸਸਕਾਰ ਕੀਤਾ ਗਿਆ। ਉੱਥੇ ਉਸ ਵੇਲੇ ਕੇਵਲ ਫ਼ੌਜ ਦਾ ਕੰਟਰੋਲ ਸੀ, ਪੁਲੀਸ ਅਤੇ ਸਿਵਲ ਅਧਿਕਾਰੀਆਂ ਨੂੰ ਉੱਥੇ ਜਾਣ ਦੀ ਆਗਿਆ ਨਹੀਂ ਸੀ। ਉਸ ਵੇਲੇ ਡਿਪਟੀ ਕਮਿਸ਼ਨਰ ਰਮੇਸ਼ਇੰਦਰ ਸਿੰਘ, ਬ੍ਰਿਗੇਡੀਅਰ ਤਲਵਾੜ, ਬ੍ਰਿਗੇਡੀਅਰ ਚੱਢਾ, ਐੱਸਪੀ (ਸੀਆਈਡੀ) ਹਰਜੀਤ ਸਿੰਘ ਅਤੇ ਹਜ਼ਾਰਾਂ ਦੀ ਗਿਣਤੀ ਵਿੱਚ ਸੈਨਿਕ ਮੌਜੂਦ ਸਨ। ਉਨ੍ਹਾਂ ਇਹ ਵੀ ਦੱਸਿਆ, "ਇਸ ਮੰਤਵ ਲਈ ਮੈਨੂੰ 7 ਜੂਨ ਨੂੰ ਸਵੇਰੇ ਵਿਸ਼ੇਸ਼ ਤੌਰ 'ਤੇ ਸੱਦਿਆ ਗਿਆ ਸੀ।"

ਉਨ੍ਹਾਂ ਮੁਤਾਬਿਕ, ਡਿਊਟੀ ਦੌਰਾਨ ਉਨ੍ਹਾਂ ਦੇਖਿਆ ਕਿ ਫੌਜੀ ਆਤਮ-ਸਮਰਪਣ ਕਰਨ ਵਾਲੇ ਮਰਦਾਂ ਤੇ ਔਰਤਾਂ ਨਾਲ ਬਹੁਤ ਮਾੜਾ ਵਿਹਾਰ ਕਰ ਰਹੇ ਸਨ। ਉਨ੍ਹਾਂ ਸਾਰਿਆਂ ਨੂੰ ਉਝ ਹੀ ਛਾਉਣੀ ਵਿੱਚ ਸਥਿਤ ਸਕੂਲ ਵਿੱਚ ਸੁੱਟ ਦਿੱਤਾ ਗਿਆ ਸੀ। ਤਿੰਨ ਦਿਨਾਂ ਤੋਂ ਪਾਣੀ ਨਾ ਮਿਲਣ ਕਾਰਨ ਲੋਕ ਗੰਦਾ ਪਾਣੀ ਪੀ ਰਹੇ ਸਨ। ਉਨ੍ਹਾਂ ਦੱਸਿਆ, "ਇੱਕ ਫ਼ੌਜੀ ਅਫਸਰ ਨੂੰ ਬੇਨਤੀ ਕਰ ਕੇ ਮੈਂ ਬਾਗ ਵਾਲੀ ਗਲੀ ਵਿੱਚੋਂ ਪਾਣੀ ਦਾ ਪ੍ਰਬੰਧ ਕੀਤਾ ਤੇ ਉਨਾਂ ਨੂੰ ਪਾਣੀ ਪਿਆਇਆ, ਜਿਸ ਦਾ ਕੁਝ ਫ਼ੌਜੀਆਂ ਨੇ ਵਿਰੋਧ ਵੀ ਕੀਤਾ।"

ਸ੍ਰੀ ਬਾਜਵਾ ਨੇ ਦੱਸਿਆ ਕਿ 7 ਜੂਨ ਨੂੰ ਹੀ ਜਥੇਦਾਰ ਗੁਰਚਰਨ ਸਿੰਘ ਟੌਹੜਾ ਅਤੇ ਸੰਤ ਹਰਚੰਦ ਸਿੰਘ ਲੌਂਗੋਵਾਲ ਗੁਰੂ ਨਾਨਕ ਨਿਵਾਸ ਤੋਂ ਬਾਹਰ ਆਏ ਸਨ, ਜਿਨ੍ਹਾਂ ਨੂੰ ਫ਼ੌਜ ਐੱਮਈਐੱਸ ਦੇ ਬੰਗਲੇ ਵਿੱਚ ਲੈ ਗਈ। ਉਸੇ ਦਿਨ ਹੀ ਭਾਈ ਹਰਮਿੰਦਰ ਸਿੰਘ ਗਿੱਲ, ਭਾਈ ਹਰਮਿੰਦਰ ਸਿੰਘ ਸੰਧੂ, ਭਾਈ ਮਨਜੀਤ ਸਿੰਘ, ਅਮਰਜੀਤ ਸਿੰਘ ਚਾਵਲਾ ਅਤੇ ਭਾਈ ਰਾਜਿੰਦਰ ਸਿੰਘ ਮਹਿਤਾ ਨੂੰ ਵੀ ਫ਼ੌਜ ਨੇ ਘੇਰੇ ਵਿੱਚ ਲੈ ਕੇ ਗ੍ਰਿਫ਼ਤਾਰ ਕਰ ਲਿਆ ਸੀ। ਬਾਅਦ ਵਿੱਚ ਉਨ੍ਹਾਂ ਨੂੰ ਆਰਜ਼ੀ ਜੇਲ੍ਹ ਵਿੱਚ ਰੱਖਿਆ ਗਿਆ।

ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਇਨ੍ਹਾਂ ਵਿੱਚੋਂ ਕਿਸੇ ਵੀ ਆਗੂ ਨੇ ਆਤਮ-ਸਮਰਪਣ ਨਹੀਂ ਸੀ ਕੀਤਾ, ਨਾ ਹੀ ਕੋਈ ਹੱਥ ਖੜ੍ਹੇ ਕਰ ਕੇ ਬਾਹਰ ਆਇਆ ਸੀ। ਸੰਤ ਭਿੰਡਰਾਂਵਾਲੇ ਦੀ ਮੌਤ ਬਾਰੇ ਖ਼ਬਰ 7 ਜੂਨ ਨੂੰ ਟੀਵੀ ਤੋਂ ਆ ਗਈ ਸੀ। ਸ੍ਰੀ ਬਾਜਵਾ ਨੇ ਇਹ ਵੀ ਦੱਸਿਆ ਕਿ ਦਮਦਮੀ ਟਕਸਾਲ ਦੇ ਕੁਝ ਆਗੂ ਵੀ ਉਨ੍ਹਾਂ ਕੋਲ ਸੰਤ ਬਾਰੇ ਅਸਲੀਅਤ ਜਾਨਣ ਲਈ ਆਏ ਸਨ ਅਤੇ ਉਨ੍ਹਾਂ ਨੇ ਇਨ੍ਹਾਂ ਆਗੂਆਂ ਨੂੰ ਵੀ ਸਪੱਸ਼ਟ ਦੱਸ ਦਿੱਤਾ ਸੀ। ਸੰਤ ਦੇ ਪਰਿਵਾਰ ਦੇ ਕਿਸੇ ਮੈਂਬਰ ਨੇ ਪੁੱਛਣ ਲਈ ਕਦੇ ਪਹੁੰਚ ਨਹੀਂ ਸੀ ਕੀਤੀ।

ਨੀਲਾ ਤਾਰਾ ਸਾਕੇ ਤੋਂ ਬਾਅਦ ਸਰਕਾਰ ਵੱਲੋਂ ਜਦੋਂ ਪਹਿਲੀ ਵਾਰ ਦਰਬਾਰ ਸਾਹਿਬ ਦੇ ਕਿਵਾੜ ਖੋਲ੍ਹੇ ਗਏ ਸਨ ਤਾਂ ਮੈਂ ਅਤੇ ਮੇਰੀ ਪਤਨੀ ਵੀ ਦਰਬਾਰ ਸਾਹਿਬ ਜਾਣ ਵਾਲੀ ਸੰਗਤ ਵਿੱਚ ਸ਼ਾਮਿਲ ਸਾਂ। ਉਸ ਵੇਲੇ ਜੋ ਮੰਜ਼ਰ ਦੇਖਿਆ, ਉਸ ਦੇ ਅਸੀਂ ਚਸ਼ਮਦੀਦ ਗਵਾਹ ਹਾਂ। ਜਿਥੇ ਅੱਜ ਗਲਿਆਰਾ ਬਣਿਆ ਹੈ, ਉਥੋਂ ਲੈ ਕੇ ਦਰਬਾਰ ਸਾਹਿਬ ਦੇ ਮੁੱਖ ਗੇਟ ਤਕ ਫ਼ੌਜ ਦੇ ਜਵਾਨ ਖਲੋਤੇ ਸਨ। ਉਹ ਇਸ ਤਰ੍ਹਾਂ ਦੇਖ ਰਹੇ ਸਨ, ਜਿਵੇਂ ਕਿਸੇ ਬਗਾਨੇ ਦੇਸ਼ ਦੀ ਸਰਹੱਦ ਵੱਲੋਂ ਆਉਣ ਵਾਲੇ ਦੁਸ਼ਮਣਾਂ ਦੀ ਘੁਸਪੈਠ ਰੋਕਣ ਲਈ ਖਲੋਤੇ ਹੋਣ। ਜਿਵੇਂ-ਜਿਵੇਂ ਸ਼ਰਧਾਲੂ ਦਰਬਾਰ ਸਾਹਿਬ ਵੱਲ ਆ ਰਹੇ ਸਨ, ਲੋਕਾਂ ਦੇ ਚਿਹਰਿਆਂ 'ਤੇ ਖੌਫ ਤੇ ਗੁੱਸਾ ਵਧ ਰਿਹਾ ਸੀ ਅਤੇ ਉਹ ਭਾਵੁਕ ਹੋ ਰਹੇ ਸਨ, ਪਰ ਹਾਲਾਤ ਨੂੰ ਸਮਝਦਿਆਂ ਉਹ ਅੱਗੇ ਵਧ ਰਹੇ ਸਨ।

ਦਰਬਾਰ ਸਾਹਿਬ ਦੇ ਮੁੱਖ ਗੇਟ ਤੋਂ ਥੱਲੇ ਪੌੜੀਆਂ ਉਤਰਦਿਆਂ ਸਾਹਮਣੇ ਦਾ ਮੰਜ਼ਰ ਹੋਰ ਵੀ ਖੌਫਨਾਕ ਸੀ। ਦਰਬਾਰ ਸਾਹਿਬ ਵੱਲ ਅੰਦਰ ਨੂੰ ਜਾਂਦਿਆਂ ਮੁੱਖ ਗੇਟ ਤੋਂ ਪਹਿਲਾਂ ਹੀ ਫ਼ੌਜੀ ਗੰਨਾਂ ਲੈ ਕੇ ਖਲੋਤੇ ਸਨ, ਉਹ ਇਹ ਵੀ ਕਹਿ ਰਹੇ ਸਨ, "ਇਧਰ ਮੱਤ ਜਾਉ, ਉਧਰ ਮੱਤ ਜਾਉ" ਪਰ ਕੋਈ ਵੀ ਸ਼ਰਧਾਲੂ ਪ੍ਰਵਾਹ ਨਹੀਂ ਸੀ ਕਰ ਰਿਹਾ।

ਦਰਬਾਰ ਸਾਹਿਬ ਦੀ ਉਪਰਲੀ ਮੰਜ਼ਿਲ 'ਤੇ ਗਏ ਤਾਂ ਸਾਹਮਣੇ ਪੁਰਾਤਨ ਸ੍ਰੀ ਗੁਰੂ ਗ੍ਰੰਥ ਸਾਹਿਬ (ਹੱਥ ਲਿਖਤ) ਦਾ ਪ੍ਰਕਾਸ਼ ਕੀਤਾ ਹੋਇਆ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਲੱਗੀ ਗੋਲੀ ਵੀ ਸਪੱਸ਼ਟ ਨਜ਼ਰ ਆ ਰਹੀ ਸੀ।

ਲੰਗਰ ਹਾਲ ਵੱਲੋਂ ਦਰਬਾਰ ਸਾਹਿਬ ਦੀ ਪਰਿਕਰਮਾ ਵੱਲ ਉਤਰਦੀਆਂ ਪੌੜੀਆਂ ਟੁੱਟੀਆਂ ਹੋਈਆਂ ਸਨ ਕਿਉਂਕਿ ਇਨ੍ਹਾਂ ਪੌੜੀਆਂ ਰਾਹੀਂ ਟੈਂਕ ਪਰਿਕਰਮਾ ਅੰਦਰ ਆਏ ਸਨ। ਟੈਂਕਾਂ ਨੇ ਪਰਿਕਰਮਾ ਦੇ ਸੰਗਮਰਮਰ ਦੇ ਪੱਥਰ ਤੋੜ ਸੁੱਟ ਸਨ। ਕਈ ਥਾਵਾਂ 'ਤੇ ਟੈਂਕਾਂ ਨੇ ਟਾਈਲਾਂ ਤੋੜ ਕੇ ਪਰਿਕਰਮਾ ਨੂੰ ਹੇਠਾਂ ਦਬਾਅ ਦਿੱਤਾ ਸੀ। ਅੰਦਰਲਾ ਮੰਜ਼ਰ ਦੇਖ ਕੇ ਸ਼ਰਧਾਲੂ ਗੁੱਸੇ ਅਤੇ ਭਾਵੁਕਤਾ ਵਿੱਚ ਵਹਿ ਰਹੇ ਸਨ। ਉਹ ਚੁੱਪ ਰਹਿਣ ਲਈ ਮਜਬੂਰ ਸਨ। ਇਸ ਸਾਕੇ ਨੂੰ ਚਾਰ ਦਹਾਕੇ ਤੋਂ ਵੱਧ ਦਾ ਸਮਾਂ ਬੀਤ ਚੁੱਕਾ ਹੈ ਪਰ ਲੋਕਾਂ ਦੇ ਮਨਾਂ ਅੰਦਰ ਉਹ ਭਾਵੁਕਤਾ ਜਿਉਂ ਦੀ ਤਿਉਂ ਕਾਇਮ ਹੈ।

ਸੰਪਰਕ: 98784-47635

ਨੀਲਾ ਤਾਰਾ ਸਾਕੇ ਤੋਂ ਬਾਅਦ ਸਰਕਾਰ ਵੱਲੋਂ ਜਦੋਂ ਪਹਿਲੀ ਵਾਰ ਦਰਬਾਰ ਸਾਹਿਬ ਦੇ ਕਿਵਾੜ ਖੋਲ੍ਹੇ ਗਏ ਸਨ ਤਾਂ ਮੈਂ ਅਤੇ ਮੇਰੀ ਪਤਨੀ ਵੀ ਦਰਬਾਰ ਸਾਹਿਬ ਜਾਣ ਵਾਲੀ ਸੰਗਤ ਵਿੱਚ ਸ਼ਾਮਿਲ ਸਾਂ। ਉਸ ਵੇਲੇ ਜੋ ਮੰਜ਼ਰ ਦੇਖਿਆ, ਉਸ ਦੇ ਅਸੀਂ ਚਸ਼ਮਦੀਦ ਗਵਾਹ ਹਾਂ। ਜਿਥੇ ਅੱਜ ਗਲਿਆਰਾ ਬਣਿਆ ਹੈ, ਉਥੋਂ ਲੈ ਕੇ ਦਰਬਾਰ ਸਾਹਿਬ ਦੇ ਮੁੱਖ ਗੇਟ ਤਕ ਫ਼ੌਜ ਦੇ ਜਵਾਨ ਖਲੋਤੇ ਸਨ। ਉਹ ਇਸ ਤਰ੍ਹਾਂ ਦੇਖ ਰਹੇ ਸਨ, ਜਿਵੇਂ ਕਿਸੇ ਬਗਾਨੇ ਦੇਸ਼ ਦੀ ਸਰਹੱਦ ਵੱਲੋਂ ਆਉਣ ਵਾਲੇ ਦੁਸ਼ਮਣਾਂ ਦੀ ਘੁਸਪੈਠ ਰੋਕਣ ਲਈ ਖਲੋਤੇ ਹੋਣ। ਜਿਵੇਂ-ਜਿਵੇਂ ਸ਼ਰਧਾਲੂ ਦਰਬਾਰ ਸਾਹਿਬ ਵੱਲ ਆ ਰਹੇ ਸਨ, ਲੋਕਾਂ ਦੇ ਚਿਹਰਿਆਂ 'ਤੇ ਖੌਫ ਤੇ ਗੁੱਸਾ ਵਧ ਰਿਹਾ ਸੀ ਅਤੇ ਉਹ ਭਾਵੁਕ ਹੋ ਰਹੇ ਸਨ, ਪਰ ਹਾਲਾਤ ਨੂੰ ਸਮਝਦਿਆਂ ਉਹ ਅੱਗੇ ਵਧ ਰਹੇ ਸਨ।



# ਸਿੱਖ ਪੰਥ ਲਈ ਅਭੁੱਲ ਹੈ
## ਸਾਕਾ ਨੀਲਾ ਤਾਰਾ

**ਡਾ. ਰੂਪ ਸਿੰਘ**

ਜੂਨ-1984 'ਚ ਭਾਰਤ ਸਰਕਾਰ ਨੇ ਮਾਨਵਤਾ ਦੇ ਸਰਬ-ਸਾਂਝੇ ਧਰਮ ਅਸਥਾਨ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ 'ਤੇ ਫ਼ੌਜੀ ਹਮਲਾ ਕਰਕੇ ਸਿੱਖ ਮਾਨਸਿਕਤਾ ਨੂੰ ਐਸੇ ਜ਼ਖ਼ਮ ਦਿੱਤੇ ਜਿਹੜੇ ਰਿਸਦੇ-ਰਿਸਦੇ ਨਾਸੂਰ ਬਣ ਚੁੱਕੇ ਹਨ, ਜਿਨ੍ਹਾਂ ਨੂੰ ਸਵੇਰੇ-ਸ਼ਾਮ ਸਰਬੱਤ ਦਾ ਭਲਾ ਮੰਗਣ ਵਾਲਾ ਗੁਰਸਿੱਖ ਕਦੇ ਨਹੀਂ ਭੁਲਾ ਸਕੇਗਾ।

ਸੰਖੇਪ ਵਿਚ ਜੇ ਗੱਲ ਕਰੀਏ ਤਾਂ ਇਹ ਫ਼ੌਜੀ ਹਮਲਾ ਸੀ, ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ 'ਤੇ! ਫ਼ੌਜੀ ਹਮਲਾ ਕਿਸੇ ਦੂਸਰੇ ਦੇਸ਼ ਦੀ ਫ਼ੌਜ 'ਤੇ ਕੀਤਾ ਜਾਂਦਾ ਹੈ। ਦੁਸ਼ਮਣ ਦੇਸ਼ ਦੇ ਨਿਹੱਥੇ-ਨਿਰਦੋਸ਼ ਨਾਗਰਿਕਾਂ 'ਤੇ ਉਹ ਵੀ ਨਹੀਂ ਕੀਤਾ ਜਾਂਦਾ, ਕਿਉਂਕਿ ਕੌਮਾਂਤਰੀ ਕਾਨੂੰਨਾਂ ਤਹਿਤ ਕਿਸੇ ਦੁਸ਼ਮਣ ਦੇਸ਼ 'ਤੇ ਹਮਲਾ ਕਰਨ ਦੇ ਵੀ ਕੁਝ ਨਿਯਮ ਹੁੰਦੇ ਹਨ। ਪਰ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ 'ਤੇ ਹਮਲਾ ਕਰਨ ਸਮੇਂ ਕੇਵਲ ਇਕ ਹੀ ਕਾਨੂੰਨ ਸੀ, ਸਿੱਖਾਂ ਵਾਸਤੇ ਕੋਈ ਕਾਨੂੰਨ ਨਹੀਂ; ਇਨ੍ਹਾਂ ਨੂੰ ਸਬਕ ਸਿਖਾਉਣਾ ਹੈ।

ਜੂਨ, 84 'ਚ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ 'ਤੇ ਭਾਰਤੀ ਫ਼ੌਜ ਨੇ ਜੋ ਹਮਲਾ ਕੀਤਾ, ਉਹ ਦੁਸ਼ਮਣ ਦੇਸ਼ 'ਤੇ ਦੁਸ਼ਮਣ ਦੇਸ਼ ਦੇ ਸੈਨਿਕਾਂ 'ਤੇ ਨਹੀਂ ਸੀ ਸਗੋਂ ਆਪਣੇ ਦੇਸ਼ 'ਚ ਵਸਣ ਵਾਲੇ ਆਪਣੇ ਨਾਗਰਿਕਾਂ 'ਤੇ ਸੀ ਜਿਨ੍ਹਾਂ 'ਚ ਨਿਰਦੋਸ਼ ਹੀ ਸਿੱਖ ਬੱਚੇ-ਬੁੱਢੇ, ਜਵਾਨ ਮਰਦ-ਔਰਤਾਂ ਸ਼ਹੀਦ ਹੋ ਗਏ। ਹੈ ਕੋਈ ਐਸਾ ਕਾਨੂੰਨ-ਐਸੀ ਸਰਕਾਰ! ਜਿਹੜਾ ਅਜਿਹਾ ਮਨਹੂਸ ਕਾਰਜ ਕਰਨ ਲਈ ਯਤਨਸ਼ੀਲ ਹੋਵੇ। ਉਹ ਕਾਲਾ-ਘਿਨਾਉਣਾ ਕਾਰਨਾਮਾ ਕੀਤਾ ਭਾਰਤ 'ਚ ਕੇਂਦਰ ਦੀ ਕਾਂਗਰਸ ਸਰਕਾਰ ਨੇ।

ਜੂਨ, 84 'ਚ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ 'ਤੇ ਭਾਰਤੀ ਫ਼ੌਜ ਨੇ ਜੋ ਹਮਲਾ ਕੀਤਾ, ਉਹ ਦੁਸ਼ਮਣ ਦੇਸ਼ 'ਤੇ ਦੁਸ਼ਮਣ ਦੇਸ਼ ਦੇ ਸੈਨਿਕਾਂ 'ਤੇ ਨਹੀਂ ਸੀ ਸਗੋਂ ਆਪਣੇ ਦੇਸ਼ 'ਚ ਵਸਣ ਵਾਲੇ ਆਪਣੇ ਨਾਗਰਿਕਾਂ 'ਤੇ ਸੀ ਜਿਨ੍ਹਾਂ 'ਚ ਨਿਰਦੋਸ਼ ਹੀ ਸਿੱਖ ਬੱਚੇ-ਬੁੱਢੇ, ਜਵਾਨ ਮਰਦ-ਔਰਤਾਂ ਸ਼ਹੀਦ ਹੋ ਗਏ। ਹੈ ਕੋਈ ਐਸਾ ਕਾਨੂੰਨ-ਐਸੀ ਸਰਕਾਰ! ਜਿਹੜਾ ਅਜਿਹਾ ਮਨਹੂਸ ਕਾਰਜ ਕਰਨ ਲਈ ਯਤਨਸ਼ੀਲ ਹੋਵੇ। ਉਹ ਕਾਲਾ-ਘਿਨਾਉਣਾ ਕਾਰਨਾਮਾ ਕੀਤਾ ਭਾਰਤ 'ਚ ਕੇਂਦਰ ਦੀ ਕਾਂਗਰਸ ਸਰਕਾਰ ਨੇ।



ਦੂਸਰਾ ਇਹ ਫ਼ੌਜੀ ਹਮਲਾ 'ਸ੍ਰੀ ਹਰਿਮੰਦਰ ਸਾਹਿਬ' ਉਤੇ ਕੀਤਾ ਗਿਆ, ਜਿਸ ਨੂੰ ਬ੍ਰਹਿਮੰਡ 'ਚ ਮਾਨਵਤਾ ਦਾ ਸਰਬ-ਸਾਂਝਾ ਧਰਮ ਅਸਥਾਨ ਹੋਣ ਦਾ ਸ਼ਰਫ਼ ਤੇ ਮਾਣ-ਸਤਿਕਾਰ ਹਾਸਲ ਹੈ। ਬਾਬਾ ਕਬੀਰ ਜੀ ਦਾ ਪਾਵਨ ਕਥਨ ਹੈ, ਕਿ ਐਸਾ ਕੋਈ ਮਨੁੱਖ ਨਹੀਂ ਜੋ ਆਪਣੇ ਘਰ-ਮੰਦਰ-ਮਹਿਲ ਨੂੰ ਜਲਾ ਦੇਵੇ :

ਕਬੀਰ ਐਸਾ ਕੋ ਨਹੀ ਮੰਦਰੁ ਦੇਇ ਜਰਾਇ॥ (ਪੰਨਾ 1368)

ਪਰ ਸਾਡੇ ਦੇਸ਼ ਅੰਦਰ ਅਜਿਹੇ ਹਾਕਮ ਪੈਦਾ ਹੋ ਗਏ ਜਿਨ੍ਹਾਂ ਆਪਣਾ ਹੀ ਨਹੀਂ, ਮਨੁੱਖਤਾ ਦੇ ਧਰਮ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਨੂੰ ਨੁਕਸਾਨ ਪਹੁੰਚਾਉਣ ਲਈ ਫ਼ੌਜੀ ਹਮਲਾ ਕਰਵਾ ਦਿੱਤਾ। ਕਿਹਾ ਜਾਂਦਾ ਹੈ ਕਿ ਇਹ ਫ਼ੌਜੀ ਹਮਲਾ ਖ਼ਤਰਨਾਕ ਖਾੜਕੂਆਂ ਨੂੰ ਕੱਢਣ ਵਾਸਤੇ ਕੀਤਾ ਗਿਆ, ਪਰ ਇਹ ਕਿਹੜੇ ਕਾਨੂੰਨ ਤਹਿਤ ਹਮਲਾ ਕੀਤਾ ਗਿਆ। ਕੁਝ ਖ਼ਤਰਨਾਕ ਅੱਤਵਾਦੀਆਂ ਨੂੰ ਸੁਰੱਖਿਅਤ ਬਿਗਾਨੇ ਦੇਸ਼ ਉਨ੍ਹਾਂ ਦੇ ਘਰ ਛੱਡਿਆ ਜਾਂਦਾ ਹੈ। ਤਾਜ਼ ਹੋਟਲ ਮੁੰਬਈ, ਹਜ਼ਰਤ ਬਲ ਸ੍ਰੀਨਗਰ 'ਚੋਂ ਵਿਦੇਸ਼ੀ-ਦੁਸ਼ਮਣ ਦੇਸ਼ ਦੇ ਅੱਤਵਾਦੀ ਕੱਢਣ ਸਮੇਂ ਇਨ੍ਹਾਂ ਸਥਾਨਾਂ ਦੀ ਵਿਰਾਸਤੀ ਅਹਿਮਤੀ ਨੂੰ ਤਰਜੀਹ ਦਿੱਤੀ ਗਈ ਸੀ। ਕੀ ਸ੍ਰੀ ਹਰਿਮੰਦਰ ਸਾਹਿਬ ਵਿਸ਼ਵ ਵਿਰਾਸਤ ਦਾ ਹਿੱਸਾ ਨਹੀਂ ਸੀ?

ਤੀਸਰਾ ਇਹ ਫ਼ੌਜੀ ਹਮਲਾ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ 'ਤੇ ਉਸ ਸਮੇਂ ਕੀਤਾ ਗਿਆ ਜਦ ਸਮੁੱਚੀ ਮਾਨਵਤਾ ਸ਼ਾਂਤੀ ਦੇ ਪੁੰਜ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾ ਰਹੀ ਸੀ, ਜਿਨ੍ਹਾਂ ਨੇ ਮਨੁੱਖਤਾ ਨੂੰ ਸਰਬ-ਸਾਂਝਾ ਧਰਮ ਗ੍ਰੰਥ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਸਰਬ-ਸਾਂਝਾ ਧਰਮ ਮੰਦਰ ਸ੍ਰੀ ਹਰਿਮੰਦਰ ਸਾਹਿਬ ਦਿੱਤਾ ਅਤੇ ਬੁਜ਼ਦਿਲ ਤੇ ਕਾਇਰ ਗੁਲਾਮ ਭਾਰਤੀਆਂ ਵਾਸਤੇ ਸ਼ਹਾਦਤ ਦੇ ਕੇ ਗੌਰਵਮਈ ਸ਼ਹੀਦੀ ਸਿਧਾਂਤ ਤੇ ਪਰੰਪਰਾ ਦੀ ਨੀਂਹ ਰੱਖੀ।

ਵਿਸ਼ਵ ਦੇ ਇਤਿਹਾਸ ਵਿਚ ਜੂਨ, 1984 ਦਾ ਪਹਿਲਾ ਹਫ਼ਤਾ ਕਾਲੇ ਅੱਖਰਾਂ ਵਿਚ ਉਕਰਿਆ ਗਿਆ ਹੈ। ਇਹ ਉਹ ਦਿਨ ਸੀ ਜਦ ਸ਼ਾਂਤੀ ਦੇ ਪੁੰਜ, ਬਾਣੀ ਦੇ ਬੋਹਿਥ, ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਦਾ ਸ਼ਹੀਦੀ ਦਿਹਾੜਾ ਮਨਾਉਣ ਲਈ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਇਕੱਤਰ ਹੋ ਅੰਮ੍ਰਿਤਮਈ ਗੁਰਬਾਣੀ ਨਾਲ ਸਰਸ਼ਾਰ ਅੰਮ੍ਰਿਤਸਰ ਸਰੋਵਰ 'ਚ ਇਸ਼ਨਾਨ ਕਰ-ਤਨ-ਮਨ ਨੂੰ ਸ਼ੀਤਲ ਕਰ ਰਹੀਆਂ ਸਨ। ਉਸ ਸਮੇਂ ਜਾਬਰ ਸਰਕਾਰ ਦੇ ਫ਼ੌਜੀ ਹਮਲੇ ਨੇ, ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ਼ਾਂਤ ਚਿੱਤ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰ ਰਹੀਆਂ ਸੰਗਤਾਂ ਨੂੰ ਟੈਂਕਾਂ ਦੇ ਗੋਲਿਆਂ ਤੇ ਬੰਬਾਂ ਦਾ ਨਿਸ਼ਾਨਾ ਬਣਾਇਆ। ਬਹੁਤ ਸਾਰੇ ਨਿਰਦੋਸ਼ ਸਿੱਖ ਸ਼ਹੀਦੀ ਜਾਮ ਪੀ ਗਏ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਖੱਖੜੀ-ਖੱਖੜੀ ਹੋਈ ਇਮਾਰਤ, ਦਰਸ਼ਨੀ ਡਿਉੜੀ ਵਿਚ ਹੋਏ ਮਘੋਰਿਆਂ, ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪ੍ਰਕਾਸ਼ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਦਾ ਗੋਲੀਆਂ ਦਾ ਨਿਸ਼ਾਨਾ ਬਣ ਜਾਣਾ, ਸਿੱਖ ਰੈਫਰੈਂਸ ਲਾਇਬ੍ਰੇਰੀ ਦਾ ਸਾੜਿਆ ਜਾਣਾ (ਜਿਥੇ ਸੈਂਕੜਿਆਂ ਦੀ ਗਿਣਤੀ ਵਿਚ ਹੱਥ ਲਿਖਤ ਪਾਵਨ ਸਰੂਪ ਅਗਨ ਭੇਟ ਹੋ ਗਏ) ਸਿੱਖ ਮਾਨਸਿਕਤਾ ਨੂੰ ਅਜਿਹਾ ਜ਼ਖ਼ਮੀ ਕੀਤਾ ਕਿ ਧਰਮੀ ਜਿਉੜਿਆਂ ਦਾ ਤਨ-ਮਨ ਛਲਣੀ-ਛਲਣੀ ਹੋ ਗਿਆ। ਸਿੱਖਾਂ 'ਤੇ ਇਕ ਤੀਸਰੇ ਘੱਲੂਘਾਰੇ ਰਾਹੀਂ ਸਿੱਖ ਨਸ਼ਲਕੁਸ਼ੀ ਦਾ ਘਿਨਾਉਣਾ ਕਾਰਨਾਮਾ ਕੀਤਾ ਗਿਆ ਜਿਸ ਕਾਰਨ 37 ਸਾਲ ਬੀਤ ਜਾਣ ਬਾਅਦ ਵੀ ਜ਼ਖ਼ਮੀ ਹਿਰਦੇ ਜਿਉਂ ਦੇ ਤਿਉਂ ਹੀ ਹਨ। ਇਹ ਜ਼ਖ਼ਮ ਹੀ ਅਜਿਹੇ ਹਨ ਜਿਨ੍ਹਾਂ ਦਾ ਪੂਰੀ ਤਰ੍ਹਾਂ ਠੀਕ ਹੋ ਜਾਣਾ ਅਸੰਭਵ ਲਗਦਾ ਹੈ। ਕੁਝ ਘਟਨਾਵਾਂ, ਕੁਝ ਸਾਕੇ ਹੀ ਅਜਿਹੇ ਵਾਪਰ ਜਾਂਦੇ ਹਨ ਜੋ ਆਪਣੀ ਅਮਿੱਟ ਛਾਪ ਲੋਕ-ਹਿਰਦਿਆਂ ਉੱਪਰ ਸਦੀਵੀ ਕਾਲ ਲਈ ਛੱਡ ਜਾਂਦੇ ਹਨ। ਜੂਨ, 1984 ਵਿਚ ਵੀ ਅਜਿਹਾ ਹੀ ਭਾਣਾ ਵਾਪਰਿਆ, ਜਿਸ ਦੀ ਆਸ ਦੁਸ਼ਮਣਾਂ ਪਾਸੋਂ ਵੀ ਨਹੀਂ ਸੀ ਕੀਤੀ ਜਾ ਸਕਦੀ ਪਰ 'ਆਪਣਿਆਂ' ਕਰ ਵਿਖਾਇਆ।

ਇਨ੍ਹਾਂ ਅਤਿ ਦੁਖਤ-ਕਾਲੇ ਦਿਨਾਂ ਦੀ ਤੁਲਨਾ, ਸਿੱਖ ਕੌਮ ਦੇ ਇਤਿਹਾਸ ਵਿਚ ਪਹਿਲੇ ਵਾਪਰੇ ਘੱਲੂਘਾਰਿਆਂ ਨਾਲ ਕਰਦੇ ਹੋਏ ਇਸ ਨੂੰ ਤੀਜੇ ਘੱਲੂਘਾਰੇ ਦਾ ਨਾਂਅ ਦਿੱਤਾ ਜਾ ਸਕਦਾ ਹੈ ਪਰ ਅਸੀਂ ਦੇਖਣਾ ਹੈ ਕਿ ਪਹਿਲਾਂ ਵਾਪਰੇ ਦੋ ਘੱਲੂਘਾਰਿਆਂ ਤੋਂ ਇਹ ਕਿਵੇਂ ਭਿੰਨ ਹੈ? ਪਹਿਲਾ ਘੱਲੂਘਾਰਾ ਜੂਨ, 1746 ਈ: ਦੇ ਪਹਿਲੇ ਹਫ਼ਤੇ ਹੀ ਵਾਪਰਿਆ ਸੀ ਜਦ 15000 ਦੇ ਕਰੀਬ ਸਿਦਕੀ ਸਿੰਘ ਸਮੇਂ ਦੀ ਜਾਬਰ ਹਕੂਮਤ ਦਾ ਮੁਕਾਬਲਾ ਕਰਦੇ ਹੋਏ ਜਾਮ-ਏ-ਸ਼ਹੀਦੀ ਪੀ ਗਏ। ਇਹ ਕਹਿਰ ਉਸ ਸਮੇਂ ਦੇ ਹਾਕਮ ਯਹੀਆ ਖਾਨ, ਦੇ ਇਕ ਅਹਿਲਕਾਰ ਲਖਪਤ ਰਾਏ ਨੇ ਕਮਾਇਆ ਜਿਸ ਨੇ ਇਹ ਕਸਮ ਖਾਧੀ ਸੀ ਕਿ ਉਹ ਸਿੱਖ ਕੌਮ ਦਾ ਖੁਰਾ ਖੋਜ ਮਿਟਾ ਕੇ ਹੀ ਸਾਹ ਲਵੇਗਾ। ਪਰ ਉਹ ਆਪ ਹੀ ਮਿਟ ਗਿਆ। ਅੱਜ ਸਿੱਖ ਸਰਦਾਰ ਬ੍ਰਹਿਮੰਡੀ ਸ਼ਹਿਰੀ ਬਣ ਮਾਣ-ਸਤਿਕਾਰ ਹਾਸਲ ਕਰ ਰਹੇ ਹਨ।

ਦੂਸਰੀ ਵਾਰੀ ਫਿਰ ਸਿੱਖ ਕੌਮ ਦਾ ਖੁਰਾ-ਖੋਜ ਮਿਟਾਉਣ ਲਈ ਅਹਿਮਦ ਸ਼ਾਹ ਅਬਦਾਲੀ ਨੇ 1762 ਈ: ਵਿਚ ਮਲੇਰਕੋਟਲੇ ਦੇ ਨਜ਼ਦੀਕ ਕੁੱਪ ਰੋਹੀੜਾ ਦੇ ਲਾਗੇ 30,000 ਦੇ ਲਗਭਗ ਸਿੰਘਾਂ ਨੂੰ ਘੇਰੇ ਵਿਚ ਲੈ ਕੇ ਬੱਚਿਆਂ, ਬਜ਼ੁਰਗਾਂ, ਨੌਜਵਾਨਾਂ ਦਾ ਕਤਲੇਆਮ ਕੀਤਾ। ਬਹੁਤ ਸਾਰੇ ਸਿੱਦਕੀ ਸਿੰਘ ਆਖਰੀ ਦਮ ਤੱਕ ਲੜਦੇ ਰਹੇ। ਇਸ ਘੱਲੂਘਾਰੇ ਵਿਚ ਸਿੱਖ ਕੌਮ ਦੇ ਜਾਨੀ ਨੁਕਸਾਨ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਜਦ ਅਬਦਾਲੀ ਲਾਹੌਰ ਵੱਲ ਵਾਪਸ ਜਾ ਰਿਹਾ ਸੀ ਤਾਂ ਉਸ ਦੇ ਲਸ਼ਕਰ ਨਾਲ 50 ਗੱਡੇ ਐਸੇ ਸਨ ਜਿਨ੍ਹਾਂ ਵਿਚ ਸ਼ਹੀਦ ਸਿੰਘਾਂ ਦੇ ਸਿਰ ਲੱਦੇ ਹੋਏ ਸਨ। ਇਸ ਘੱਲੂਘਾਰੇ ਵਿਚ ਪਹਿਲੇ ਘੱਲੂਘਾਰੇ ਨਾਲੋਂ ਜਾਨੀ ਤੇ ਮਾਲੀ ਨੁਕਸਾਨ ਜ਼ਿਆਦਾ ਹੋਇਆ ਸੀ ਇਸ ਕਰਕੇ ਇਸ ਨੂੰ ਵੱਡੇ ਘੱਲੂਘਾਰੇ ਦਾ ਨਾਂਅ ਦਿੱਤਾ ਗਿਆ ਹੈ।

ਜੂਨ, 1984 ਦੇ ਪਹਿਲੇ ਹਫ਼ਤੇ ਸ਼ੁਰੂ ਹੋਇਆ ਘੱਲੂਘਾਰਾ ਪਹਿਲੇ ਘੱਲੂਘਾਰੇ ਵਾਂਗ ਜੂਨ ਦੇ ਪਹਿਲੇ ਹਫ਼ਤੇ ਸ਼ੁਰੂ ਹੋਇਆ ਤੇ ਇਸ ਵਿਚ ਵੀ ਪਹਿਲੇ-ਦੂਜੇ ਘੱਲੂਘਾਰੇ ਵਾਂਗ ਭਾਰੀ ਜਾਨੀ-ਮਾਲੀ ਨੁਕਸਾਨ ਹੋਇਆ। ਇਸ ਕਰਕੇ ਇਸ ਨੂੰ 'ਤੀਸਰੇ ਘੱਲੂਘਾਰੇ' ਦਾ ਨਾਂਅ ਦਿੱਤਾ ਜਾ ਸਕਦਾ ਹੈ ਪਰ ਪਹਿਲੇ ਘੱਲੂਘਾਰਿਆਂ ਤੇ ਇਸ ਘੱਲੂਘਾਰੇ ਵਿਚ ਸਮੇਂ, ਸਥਾਨ, ਸਥਿਤੀ ਅਤੇ ਸਰਕਾਰ ਦਾ ਅੰਤਰ ਬਹੁਤ ਵੱਡਾ ਹੈ। ਪਹਿਲੇ ਘੱਲੂਘਾਰੇ ਦੁਸ਼ਮਣ ਵਲੋਂ ਸ਼ੁਰੂ ਕੀਤੇ ਗਏ ਪਰ ਇਹ ਆਜ਼ਾਦ ਭਾਰਤ ਵਿਚ ਆਪਣਿਆਂ ਵਲੋਂ ਕੀਤਾ ਗਿਆ।

ਦੂਸਰਾ ਜਾਨੀ-ਮਾਲੀ ਨੁਕਸਾਨ ਦੇ ਨਾਲ-ਨਾਲ ਇਸ ਘੱਲੂਘਾਰੇ ਵਿਚ ਜੋ ਇਤਿਹਾਸਕ ਵਿਰਸੇ ਤੇ ਵਿਰਾਸਤ ਦਾ ਨੁਕਸਾਨ ਆਪਣਿਆਂ ਨੇ ਕੀਤਾ, ਉਹ ਪਹਿਲੇ ਘੱਲੂਘਾਰਿਆਂ ਨੂੰ ਮਾਤ ਕਰ ਗਿਆ। ਇਹ ਘੱਲੂਘਾਰਾ ਪਹਿਲੇ ਵਾਪਰੇ ਘੱਲੂਘਾਰਿਆਂ ਨਾਲੋਂ ਭਿਆਨਕ ਤੇ ਮਾਰੂ ਹੈ। ਹਜ਼ਾਰਾਂ ਦੀ ਗਿਣਤੀ ਵਿਚ ਸਿੰਘ-ਸਿੰਘਣੀਆਂ, ਬੱਚੇ-ਬੱਚੀਆਂ ਸ਼ਹੀਦ ਹੋ ਚੁੱਕੇ ਹਨ। ਛੋਟੇ-ਛੋਟੇ ਬੱਚਿਆਂ ਨੂੰ ਮਾਵਾਂ ਦੀ ਮਮਤਾ ਤੋਂ ਵਾਂਝਿਆਂ ਹੀ ਨਹੀਂ ਕੀਤਾ ਗਿਆ ਸਗੋਂ ਅਣਮਨੁੱਖੀ ਤਸ਼ੱਦਦ ਕਰਨਾ, ਗੋਲੀਆਂ ਨਾਲ ਭੁੰਨ ਸੁੱਟਣਾ, ਸਰਾਵਾਂ ਵਿਚ ਆਰਾਮ ਕਰ ਰਹੇ ਯਾਤਰੂਆਂ ਨੂੰ ਗੋਲੀਆਂ ਦਾ ਨਿਸ਼ਾਨਾ ਬਣਾਉਣਾ ਨਾਦਰਸ਼ਾਹੀ ਜ਼ੁਲਮਾਂ ਨੂੰ ਵੀ ਮਾਤ ਪਾ ਗਿਆ।

ਹੁਕਮਰਾਨ ਇਹ ਵੀ ਭੁੱਲ ਜਾਂਦੇ ਹਨ ਕਿ ਸਿੱਖ ਜਾਨ ਤਾਂ ਦੇ ਸਕਦੇ ਹਨ ਪਰ ਆਪਣੇ ਧਾਰਮਿਕ ਅਸਥਾਨਾਂ ਦੀ ਬੇਹੁਰਮਤੀ ਨਹੀਂ ਸਹਾਰ ਸਕਦੇ। ਧਾਰਮਿਕ ਅਸਥਾਨਾਂ 'ਤੇ ਭਾਵੇਂ ਹਮਲਾ ਨਾਦਰਸ਼ਾਹ, ਅਬਦਾਲੀ ਜਾਂ ਮੱਸੇ ਰੰਘੜ ਨੇ ਕੀਤਾ, ਉਨ੍ਹਾਂ ਨੂੰ ਆਪਣੀ ਕੀਤੀ ਦਾ ਫਲ ਭੁਗਤਣਾ ਹੀ ਪਿਆ। ਗੱਲ ਕੀ ਜਿਸ ਕਿਸੇ ਨੇ ਵੀ ਧਾਰਮਿਕ ਅਸਥਾਨਾਂ ਨੂੰ ਗਿਰਾਉਣ ਦਾ ਯਤਨ ਕੀਤਾ, ਆਪਣੀ ਹੀ ਕੁਲ ਨਾਸ਼ ਕਰਾ ਬੈਠਾ। ਇਸ ਤੀਜੇ ਘੱਲੂਘਾਰੇ ਦਾ ਹੀ ਹਿੱਸਾ ਹੈ ਨਵੰਬਰ 1984 ਦਾ ਵਾਪਰਿਆ ਸਿੱਖ ਕਤਲੇਆਮ, ਜਿਸ ਨੇ ਸਭ ਕੁਝ ਨੂੰ ਮਾਤ ਪਾ ਦਿੱਤਾ। ਆਜ਼ਾਦ ਭਾਰਤ ਵਿਚ ਆਜ਼ਾਦ ਨਾਗਰਿਕਾਂ ਦੇ ਚਿੱਟੇ ਦਿਨ ਹਜ਼ਾਰਾਂ ਕਤਲ ਹੋਏ, ਕਈਆਂ ਸਿੰਘਾਂ ਦੀਆਂ ਅੱਖਾਂ ਕੱਢੀਆਂ ਗਈਆਂ, ਕਈਆਂ ਦੇ ਟੋਟੇ ਕੀਤੇ ਗਏ, ਗਲ਼ਾਂ 'ਚ ਟਾਇਰ ਤੇ ਪੈਟਰੋਲ ਪਾ ਕੇ ਸਾੜੇ ਗਏ। ਕੇਵਲ ਆਜ਼ਾਦ ਭਾਰਤ ਦੀ ਰਾਜਧਾਨੀ ਦਿੱਲੀ 'ਚ ਹੀ 3000 ਤੋਂ ਵਧੇਰੇ ਨਿਰਦੋਸ਼ ਸਿੱਖ ਮਾਰੇ ਗਏ।

ਤੀਸਰੇ ਘੱਲੂਘਾਰੇ ਦੇ ਬਹੁਤ ਸਾਰੇ ਪਹਿਲੂ ਹਨ ਜਿਨ੍ਹਾਂ ਨੂੰ ਵਿਸਥਾਰ ਵਿਚ ਬਿਆਨਣ ਤੋਂ ਕਲਮ ਅਸਮਰਥ ਹੈ। ਇਨ੍ਹਾਂ ਕਾਲੇ ਦਿਨਾਂ ਦੀ ਕਹਾਣੀ ਨੂੰ ਹਜ਼ਾਰਾਂ ਯਤੀਮ ਹੋਏ ਬੱਚੇ, ਵਿਧਵਾਵਾਂ, ਬਦਨਸੀਬ ਮਾਪੇ, ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਉਸ ਸਮੇਂ ਪ੍ਰਕਾਸ਼ ਹੋਏ ਜ਼ਖ਼ਮੀ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਵਨ ਸਰੂਪ, ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ 'ਤੇ ਲੱਗੇ ਗੋਲੀਆਂ ਦੇ ਨਿਸ਼ਾਨ, ਸ੍ਰੀ ਅਕਾਲ ਤਖ਼ਤ ਸਾਹਿਬ, ਦਰਸ਼ਨੀ ਡਿਉੜੀ, ਸਿੱਖ ਰੈਫਰੈਂਸ ਲਾਇਬ੍ਰੇਰੀ, ਗੁਰੂ ਰਾਮਦਾਸ ਸਰਾਂ, ਤੇਜਾ ਸਿੰਘ ਸਮੁੰਦਰੀ ਹਾਲ ਦੀ ਸੜੀ ਹੋਈ ਇਮਾਰਤ ਘੱਲੂਘਾਰੇ ਦੀ ਮੂੰਹ ਬੋਲਦੀ ਤਸਵੀਰ ਨੂੰ ਅੱਜ ਤੱਕ ਪ੍ਰਗਟ ਕਰਦੇ ਹਨ।

ਕਹਿ-ਸੁਣ ਤੇ ਲਿਖ ਲੈਣਾ ਆਸਾਨ ਹੈ ਪਰ ਅਜਿਹੇ ਰਿਸਦੇ ਜ਼ਖ਼ਮਾਂ ਦੇ ਨਾਸੂਰ ਨੂੰ ਨੰਗੇ ਪਿੰਡੇ ਹੰਢਾਉਣਾ ਬਹੁਤ ਮੁਸ਼ਕਿਲ ਹੈ। ਪਰ ਸਿੱਖਾਂ ਨੂੰ ਹੰਢਾਉਣਾ ਪਿਆ ਤੇ ਹੰਢਾਅ ਰਹੇ ਹਨ। ਅੱਤਵਾਦੀਆਂ ਦੇ ਨਾਂਅ 'ਤੇ ਝੂਠੇ ਪੁਲਿਸ ਮੁਕਾਬਲੇ, ਹਜ਼ਾਰਾਂ ਅਣਪਛਾਣੀਆਂ ਲਾਸ਼ਾਂ ਦਾ ਸਸਕਾਰ, ਜੂਨ ਤੇ ਨਵੰਬਰ 84 'ਚ ਕੇਵਲ ਸਿੱਖਾਂ ਦਾ ਕਤਲੇਆਮ ਨਹੀਂ ਹੋਇਆ ਸਗੋਂ ਸਿੱਖ ਵਿਰਸੇ-ਵਿਰਾਸਤ ਤੇ ਵਿਸ਼ਵਾਸ ਨੂੰ ਬੁਰੀ ਤਰ੍ਹਾਂ ਕਤਲ ਕਰਨ ਦਾ ਮਨਹੂਸ ਯਤਨ ਕੀਤਾ ਗਿਆ। ਐਮਰਜੈਂਸੀ ਦੇ ਮੋਰਚੇ ਸਮੇਂ ਸਿੱਖ ਇਸ ਦੇਸ਼ ਦੇ ਹੀਰੋ ਬਣ ਗਏ ਸਨ ਉਨ੍ਹਾਂ ਨੂੰ ਸਬਕ ਸਿਖਾਉਣ ਤੇ ਹੀਰੋ ਤੋਂ ਜ਼ੀਰੋ ਕਰਨ ਵਾਸਤੇ ਜੂਨ, 84 ਤੇ ਨਵੰਬਰ, 84 ਦੇ ਸਿੱਖਾਂ ਦਾ ਕਤਲੇਆਮ ਕੀਤਾ ਗਿਆ।

ਜੂਨ, 1984 ਤੇ ਨਵੰਬਰ 1984 'ਚ ਵਾਪਰੇ ਖ਼ਤਰਨਾਕ ਤੀਸਰੇ ਘੱਲੂਘਾਰੇ ਨੇ ਜਿੱਥੇ ਸਿੱਖਾਂ ਦਾ ਜਾਨੀ-ਮਾਲੀ ਤੇ ਵਿਰਾਸਤ ਦਾ ਬੇਹਿਸਾਬ ਨੁਕਸਾਨ ਕੀਤਾ ਜਿਸ ਦੀ ਕਿ ਕਦੇ ਵੀ ਭਰਪਾਈ ਨਹੀਂ ਹੋ ਸਕਦੀ। ਇਸ ਦੇ ਨਾਲ ਹੀ ਸਿੱਖ ਇਤਿਹਾਸ ਵਿਚ ਵਾਪਰੇ ਇਸ ਤੀਸਰੇ ਘੱਲੂਘਾਰੇ ਨੇ ਪੰਜਾਬ ਦੀ ਇਕ ਸਿੱਖ ਨੌਜਵਾਨ ਪੀੜ੍ਹੀ ਬਰਬਾਦ ਕਰ ਦਿੱਤੀ। ਪੰਜਾਬ ਦੀ ਕਿਸਾਨੀ ਆਰਥਿਕਤਾ ਤੇ ਵਪਾਰ ਤਬਾਹ ਕਰ ਦਿੱਤਾ। ਇਸ ਸਮੇਂ ਦੌਰਾਨ ਜਿਹੜਾ ਸਿੱਖ ਧਰਮ ਤੇ ਸਮਾਜ ਦਾ ਨੁਕਸਾਨ ਹੋਇਆ, ਉਸ ਦੇ ਨਾਲ ਹੀ ਪੰਜਾਬ ਨੂੰ ਤਬਾਹ ਕਰਨ ਆਧੁਨਿਕ ਹਾਲਾਤ ਪੈਦਾ ਕਰਨ ਵਿਚ ਇਹ ਘੱਲੂਘਾਰਾ ਹੀ ਬਹੁਤ ਵੱਡਾ ਕਾਰਨ ਸੀ ਜਿਹੜਾ ਕਿ ਇਕ ਨਾਸੂਰ ਦੀ ਤਰ੍ਹਾਂ ਸਿੱਖ ਹਿਰਦਿਆਂ 'ਤੇ ਹੋਏ ਸਦੀਆਂ ਤੱਕ ਵੀ ਇਹ ਜ਼ਖ਼ਮ ਅੱਲੇ ਹੀ ਰਹਿਣਗੇ।

# ਪੁਲਿਸ ਨੇ 24 ਘੰਟਿਆਂ ਵਿੱਚ ਸੁਰੱਖਿਅਤ ਬਰਾਮਦ ਕੀਤੀਆਂ ਚਾਰ ਗੁੰਮਸ਼ੁਦਾ ਲੜਕੀਆਂ



ਲੁਧਿਆਣਾ, 4 ਜੂਨ (ਵਿਸ਼ਾਲ ਸ਼ਰਮਾ) : ਪੁਲਿਸ ਜ਼ਿਲ੍ਹਾ ਖੰਨਾ ਦੇ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਯੋਗ ਅਗਵਾਈ ਅਤੇ ਖੰਨਾ ਪੁਲਿਸ ਦੀ ਮੁਸਤੈਦੀ ਸਦਕਾ ਚਾਰ ਗੁੰਮਸ਼ੁਦਾ ਲੜਕੀਆਂ ਨੂੰ 24 ਘੰਟਿਆਂ ਦੇ ਅੰਦਰ ਸੁਰੱਖਿਅਤ ਬਰਾਮਦ ਕਰ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐਸ.ਪੀ ਹਰਮਨਪ੍ਰੀਤ ਸਿੰਘ ਚੀਮਾ ਨੇ ਦੱਸਿਆ ਕਿ ਐਸ.ਐਸ.ਪੀ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਮਲੌਦ ਪੁਲਿਸ ਦੀ ਤੁਰੰਤ ਕਾਰਵਾਈ, ਤਕਨੀਕੀ ਜਾਂਚ ਅਤੇ ਸੁਚੱਜੀ ਰਣਨੀਤੀ ਕਾਰਨ ਇਸ ਸੰਵੇਦਨਸ਼ੀਲ ਮਾਮਲੇ ਨੂੰ ਸਫਲਤਾਪੂਰਵਕ ਹੱਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮਿਤੀ 2 ਜੂਨ 2026 ਨੂੰ ਪਿੰਡ ਸਿਆੜ ਦੀਆਂ ਚਾਰ ਲੜਕੀਆਂ, ਜਿਨ੍ਹਾਂ ਵਿੱਚ ਤਿੰਨ ਨਾਬਾਲਗ ਭੈਣਾਂ ਅਤੇ ਇੱਕ ਸ਼ਾਮਲ ਸਨ, ਦੁਪਹਿਰ ਕਰੀਬ 12:30 ਵਜੇ ਆਪਣੇ ਪਰਿਵਾਰਕ ਮੈਂਬਰਾਂ ਨੂੰ ਬਿਨਾਂ ਦੱਸੇ ਘਰੋਂ ਚਲੀਆਂ ਗਈਆਂ ਸਨ। ਰਾਤ ਕਰੀਬ 8:30 ਵਜੇ ਪਰਿਵਾਰਕ ਮੈਂਬਰਾਂ ਵੱਲੋਂ ਪੁਲਿਸ ਨੂੰ ਸੂਚਿਤ ਕੀਤਾ ਗਿਆ ਕਿ ਉਨ੍ਹਾਂ ਦੀਆਂ ਧੀਆਂ ਲਾਪਤਾ ਹਨ। ਮਾਪਿਆਂ ਨੇ ਸ਼ੱਕ ਜ਼ਾਹਰ ਕੀਤਾ ਕਿ ਲੜਕੀਆਂ ਸਤਨਾਮ ਨਾਮਕ ਵਿਅਕਤੀ ਨਾਲ ਗਈਆਂ ਹੋ ਸਕਦੀਆਂ ਹਨ, ਜੋ ਪਰਿਵਾਰਾਂ ਨੂੰ ਜਾਣਦਾ ਸੀ ਅਤੇ ਅਕਸਰ ਉਨ੍ਹਾਂ ਦੇ ਘਰ ਆਉਣਾ-ਜਾਣਾ ਸੀ। ਡੀ.ਐਸ.ਪੀ ਚੀਮਾ ਨੇ ਦੱਸਿਆ ਕਿ ਸੂਚਨਾ ਮਿਲਦੇ ਹੀ ਖੰਨਾ ਪੁਲਿਸ ਹਰਕਤ ਵਿੱਚ ਆ ਗਈ। ਐਸ.ਐਸ.ਪੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ। ਮਿਤੀ 3 ਜੂਨ ਨੂੰ ਪੁਲਿਸ ਪਾਰਟੀ ਵੱਲੋਂ ਪਿੰਡ ਸਿਆੜ ਦੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਗਈ, ਜਿਸ ਦੌਰਾਨ ਇਹ ਪੁਸ਼ਟੀ ਹੋਈ ਕਿ ਲੜਕੀਆਂ ਇੱਕ ਥ੍ਰੀ-ਵ੍ਹੀਲਰ ਰਾਹੀਂ ਪਿੰਡ ਤੋਂ ਬਾਹਰ ਗਈਆਂ ਸਨ। ਤਕਨੀਕੀ ਜਾਂਚ ਦੌਰਾਨ ਸਤਨਾਮ ਦੀ ਲੋਕੇਸ਼ਨ ਫਿਰੋਜ਼ਪੁਰ ਵਿਖੇ ਟਰੇਸ ਹੋਈ। ਪੁਲਿਸ ਵੱਲੋਂ ਉਸ ਨੂੰ ਕਾਬੂ ਕਰਕੇ ਪੁੱਛਗਿੱਛ ਕੀਤੀ ਗਈ, ਜਿਸ ਦੌਰਾਨ ਉਸ ਨੇ ਇੱਕ ਮੋਬਾਈਲ ਨੰਬਰ ਬਾਰੇ ਜਾਣਕਾਰੀ ਦਿੱਤੀ ਜੋ ਗੁੰਮਸ਼ੁਦਾ ਲੜਕੀਆਂ ਵਿੱਚੋਂ ਇੱਕ ਵਰਤਦੀ ਸੀ। ਹਾਲਾਂਕਿ ਉਹ ਨੰਬਰ ਉਸ ਸਮੇਂ ਬੰਦ ਸੀ, ਪਰ ਪੁਲਿਸ ਨੇ ਜਾਂਚ ਜਾਰੀ ਰੱਖੀ।

ਇਸ ਦੌਰਾਨ ਇੱਕ ਗੁੰਮਸ਼ੁਦਾ ਲੜਕੀ ਨੇ ਕਿਸੇ ਅਣਪਛਾਤੇ ਵਿਅਕਤੀ ਦੇ ਮੋਬਾਈਲ ਫੋਨ ਤੋਂ ਸਤਨਾਮ ਨਾਲ ਸੰਪਰਕ ਕੀਤਾ ਅਤੇ ਨਵੀਂ ਸਿਮ ਲੈਣ ਲਈ ਓਟੀਪੀ ਪ੍ਰਾਪਤ ਕੀਤਾ। ਖੰਨਾ ਪੁਲਿਸ ਦੀ ਤਕਨੀਕੀ ਟੀਮ ਨੇ ਇਸ ਮੋਬਾਈਲ ਨੰਬਰ ਦੀ ਲੋਕੇਸ਼ਨ ਟਰੇਸ ਕਰਕੇ ਅੰਬਾਲਾ ਦਾ ਪਤਾ ਲਗਾਇਆ। ਇਸ ਸੂਚਨਾ ਦੇ ਆਧਾਰ 'ਤੇ ਐਸ.ਐਚ.ਓ ਮਲੌਦ ਆਪਣੀ ਟੀਮ ਸਮੇਤ ਤੁਰੰਤ ਅੰਬਾਲਾ ਪਹੁੰਚੇ ਅਤੇ ਚਾਰਾਂ ਲੜਕੀਆਂ ਨੂੰ ਸੁਰੱਖਿਅਤ ਬਰਾਮਦ ਕਰ ਲਿਆ। ਦੂਜੇ ਪਾਸੇ, ਪਿੰਡ ਸਿਆੜ ਦੀ ਸਰਪੰਚ ਲਵਪ੍ਰੀਤ ਕੌਰ ਅਤੇ ਸਮੁੱਚੀ ਪੰਚਾਇਤ ਅਤੇ ਪਿੰਡ ਵਾਸੀਆਂ ਨੇ ਖੰਨਾ ਪੁਲਿਸ ਦੀ ਇਸ ਸ਼ਾਨਦਾਰ ਕਾਰਵਾਈ ਦੀ ਭਰਪੂਰ ਸ਼ਲਾਘਾ ਕੀਤੀ। ਪੰਚਾਇਤ ਮੈਂਬਰਾਂ ਨੇ ਕਿਹਾ ਕਿ ਪੁਲਿਸ ਨੇ ਬਹੁਤ ਘੱਟ ਸਮੇਂ ਵਿੱਚ ਚਾਰਾਂ ਲੜਕੀਆਂ ਨੂੰ ਸੁਰੱਖਿਅਤ ਬਰਾਮਦ ਕਰਕੇ ਪਰਿਵਾਰਾਂ ਨੂੰ ਵੱਡੀ ਰਾਹਤ ਦਿੱਤੀ ਹੈ। ਉਨ੍ਹਾਂ ਨੇ ਐਸਐਸਪੀ, ਡੀਐਸਪੀ ਚੀਮਾ ਅਤੇ ਸਮੁੱਚੀ ਪੁਲਿਸ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਖੰਨਾ ਪੁਲਿਸ ਨੇ ਲੋਕਾਂ ਦਾ ਭਰੋਸਾ ਹੋਰ ਮਜ਼ਬੂਤ ਕੀਤਾ ਹੈ।

# ਮੰਤਰੀਆਂ ਤੇ ਵਿਧਾਇਕਾਂ ਦੀ ਮੌਜੂਦਗੀ 'ਚ ਜਗਰੂਪ ਸਿੰਘ ਨੇ ਸੰਭਾਲਿਆ ਚੇਅਰਮੈਨ ਦਾ ਅਹੁਦਾ



ਲੁਧਿਆਣਾ, 4 ਜੂਨ (ਵਿਸ਼ਾਲ ਸ਼ਰਮਾ): ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਅਤੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਦੀ ਮੌਜੂਦਗੀ ਵਿੱਚ ਵੀਰਵਾਰ ਨੂੰ ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ ਦੇ ਚੇਅਰਮੈਨ ਜਗਰੂਪ ਸਿੰਘ ਸੇਹ ਨੇ ਜ਼ਿਲ੍ਹਾ ਪ੍ਰੀਸ਼ਦ ਲੁਧਿਆਣਾ ਵਿਖੇ ਆਪਣਾ ਅਹੁਦਾ ਸੰਭਾਲਿਆ। ਇਸ ਮੌਕੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ, ਵਿਧਾਇਕ ਜੀਵਨ ਸਿੰਘ ਸੰਗੋਵਾਲ, ਵਿਧਾਇਕ ਹਾਕਮ ਸਿੰਘ ਠੇਕੇਦਾਰ, ਸਾਬਕਾ ਵਿਧਾਇਕ ਗੁਰਪ੍ਰੀਤ ਸਿੰਘ ਜੀ.ਪੀ, ਸਾਬਕਾ ਵਿਧਾਇਕ ਜਗਜੀਵਨ ਸਿੰਘ ਖੀਰਨੀਆਂ, ਚੇਅਰਮੈਨ ਪੰਜਾਬ ਜੈਨਕੋ ਬੋਰਡ ਨਵਜੋਤ ਸਿੰਘ ਜਰਗ, ਚੇਅਰਮੈਨ ਮਾਰਕੀਟ ਕਮੇਟੀ ਦੋਰਾਹਾ ਦਰਸ਼ਨ ਸਿੰਘ ਕੂਹਲੀ, ਚੇਅਰਮੈਨ ਮਾਰਕੀਟ ਕਮੇਟੀ ਖੰਨਾ ਜਗਤਾਰ ਸਿੰਘ ਗਿੱਲ, ਚੇਅਰਮੈਨ ਮਾਰਕੀਟ ਕਮੇਟੀ ਸਾਹਨੇਵਾਲ ਹੇਮਰਾਜ ਰਾਜੀ, ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀਆਂ ਦੇ ਮੈਂਬਰ, ਸਥਾਨਕ ਆਗੂਆਂ, ਵਲੰਟੀਅਰਾਂ ਅਤੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕਰਕੇ ਚੇਅਰਮੈਨ ਜਗਰੂਪ ਸਿੰਘ ਸੇਹ ਨੂੰ ਵਧਾਈ ਦਿੱਤੀ। ਇਸ ਮੌਕੇ ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪਾਰਟੀ ਵੱਲੋਂ ਆਪ ਵਲੰਟੀਅਰਾਂ ਅਤੇ ਮਿਹਨਤੀ ਵਰਕਰਾਂ ਨੂੰ ਅੱਗੇ ਲਿਆਂਦਾ ਜਾ ਰਿਹਾ ਹੈ ਅਤੇ ਉਨ੍ਹਾਂ ਨੂੰ ਜ਼ਿੰਮੇਵਾਰੀਆਂ ਦੇ ਕੇ ਨਿਵਾਜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਲੋਕਤੰਤਰ ਦੀ ਅਸਲ ਰੂਹ ਨੂੰ ਮਜ਼ਬੂਤ ਕਰਦਾ ਹੈ ਅਤੇ ਆਮ ਲੋਕਾਂ ਦੀ ਭਾਗੀਦਾਰੀ ਨੂੰ ਵਧਾਉਂਦਾ ਹੈ। ਮੰਤਰੀ ਸੌਂਦ ਨੇ ਕਿਹਾ ਕਿ ਜ਼ਿਲ੍ਹਾ ਲੁਧਿਆਣਾ ਦੀ ਜ਼ਿਲ੍ਹਾ ਪ੍ਰੀਸ਼ਦ ਪੰਜਾਬ ਦੀ ਸਭ ਤੋਂ ਵੱਡੀ ਜ਼ਿਲ੍ਹਾ ਪ੍ਰੀਸ਼ਦਾਂ ਵਿੱਚੋਂ ਆਉਂਦੀ ਹੈ। ਉਨ੍ਹਾਂ ਕਿਹਾ ਕਿ ਚੇਅਰਮੈਨ ਜਗਰੂਪ ਸਿੰਘ ਇਸ ਜ਼ਿੰਮੇਵਾਰੀ ਨੂੰ ਬੜੀ ਇਮਾਨਦਾਰੀ, ਸੇਵਾ ਅਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਜਗਰੂਪ ਸਿੰਘ ਸੇਹ ਨੂੰ ਕਿਹਾ ਕਿ ਅਸੀਂ ਇਹੀ ਆਸ ਅਤੇ ਉਮੀਦ ਰੱਖਦੇ ਹਾਂ ਤਾਂ ਜੋ ਤੁਹਾਡੇ ਇਸ ਚੰਗੇ ਕਾਰਜਾਂ ਦੇ ਨਾਲ ਲੋਕਾਂ ਦੇ ਲੋਕ ਪੱਖੀ ਮੁੱਦਿਆਂ ਨੂੰ ਅਤੇ ਜ਼ਿਲ੍ਹਾ ਲੁਧਿਆਣਾ ਦੇ ਪਿੰਡਾਂ ਨੂੰ ਬਹੁਤ ਵੱਡੀ ਰਾਹਤ ਮਿਲੇਗੀ, ਉਥੇ ਆਮ ਆਦਮੀ ਪਾਰਟੀ ਦਾ ਗਰਾਫ ਹੋਰ ਮਜ਼ਬੂਤ ਹੋ ਕੇ ਬੁਲੰਦੀਆਂ 'ਤੇ ਪਹੁੰਚੇਗਾ। ਚੇਅਰਮੈਨ ਜਗਰੂਪ ਸਿੰਘ ਸੇਹ ਨੇ ਮੁੱਖ ਮੰਤਰੀ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦਿੱਤੀ ਜ਼ਿੰਮੇਵਾਰੀ ਉਹ ਪੂਰੀ ਮਿਹਨਤ ਅਤੇ ਲਗਨ ਨਾਲ ਨਿਭਾਉਣਗੇ।ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਦੀਆਂ ਲੋਕ-ਭਲਾਈ ਸਕੀਮਾਂ ਨੂੰ ਹਰ ਘਰ ਤੱਕ ਪਹੁੰਚਾਉਣਾ ਅਤੇ ਪਾਰਦਰਸ਼ੀ ਪ੍ਰਸ਼ਾਸਨ ਯਕੀਨੀ ਬਣਾਉਣਾ ਉਨ੍ਹਾਂ ਦੀ ਪਹਿਲੀ ਤਰਜੀਹ ਰਹੇਗੀ।

# ਡੀ.ਸੀ. ਵੱਲੋਂ ਐਸ.ਆਈ.ਆਰ. ਨੂੰ ਲੈ ਕੇ ਨੋਡਲ ਅਫ਼ਸਰਾਂ ਨਾਲ ਮੀਟਿੰਗ



ਲੁਧਿਆਣਾ, 4 ਜੂਨ (ਵਿਸ਼ਾਲ ਸ਼ਰਮਾ): ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਹਿਮਾਂਸ਼ੂ ਜੈਨ ਵੱਲੋਂ ਜ਼ਿਲ੍ਹੇ ਵਿੱਚ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ)-2026 ਗਤੀਵਿਧੀਆਂ ਦੇ ਸੁਚਾਰੂ ਸੰਚਾਲਨ ਅਤੇ ਪ੍ਰਭਾਵਸ਼ਾਲੀ ਪ੍ਰਬੰਧਨ ਲਈ ਜ਼ਿਲ੍ਹਾ ਪੱਧਰੀ ਨੋਡਲ ਅਫ਼ਸਰਾਂ ਅਤੇ ਸਹਾਇਕ ਨੋਡਲ ਅਫ਼ਸਰਾਂ ਦੀ ਨਿਯੁਕਤੀ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਇਹਨਾਂ ਨੋਡਲ ਅਫ਼ਸਰਾਂ ਅਤੇ ਸਹਾਇਕ ਨੋਡਲ ਅਫ਼ਸਰਾਂ ਨਾਲ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਦੀਆਂ ਗਤੀਵਿਧੀਆਂ ਦਾ ਰਿਵਿਊ ਕਰਨ ਸਬੰਧੀ ਸਥਾਨਕ ਬੱਚਤ ਭਵਨ ਲੁਧਿਆਣਾ ਵਿਖੇ ਮੀਟਿੰਗ ਕੀਤੀ। ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਲਈ ਪ੍ਰੋਗਰਾਮ ਜਾਰੀ ਕੀਤਾ ਗਿਆ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਸਿੱਧੀ ਨਿਗਰਾਨੀ ਹੇਠ ਐਸ. ਆਈ. ਆਰ. ਨਾਲ ਸਬੰਧਤ ਹਰ ਗਤੀਵਿਧੀ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਮਰਪਿਤ ਟੀਮਾਂ ਦਾ ਗਠਨ ਕੀਤਾ ਗਿਆ ਹੈ। ਹਿਮਾਂਸ਼ੂ ਜੈਨ ਨੇ ਦੱਸਿਆ ਕਿ ਨਿਯੁਕਤ ਕੀਤੇ ਗਏ ਨੋਡਲ ਅਫ਼ਸਰ ਸ਼ਿਕਾਇਤ ਨਿਵਾਰਣ, ਆਈ.ਟੀ. ਸਬੰਧੀ ਸਮੱਸਿਆਵਾਂ ਦੇ ਹੱਲ, ਟ੍ਰੇਨਿੰਗ ਪ੍ਰਬੰਧਨ, ਸਮੱਗਰੀ ਪ੍ਰਬੰਧਨ, ਸੋਸ਼ਲ ਮੀਡੀਆ ਤਾਲਮੇਲ, ਸਵੀਪ ਜਾਗਰੂਕਤਾ ਗਤੀਵਿਧੀਆਂ, ਐਸ. ਆਈ. ਆਰ. ਸਬੰਧੀ ਅਹਿਮ ਮੁੱਦਿਆਂ ਦੀ ਰਿਪੋਰਟਿੰਗ, ਕਾਨੂੰਨੀ ਮਾਮਲੇ, ਬੀ.ਐਲ.ਓਜ਼ ਦੀ ਭਲਾਈ ਅਤੇ ਹੈਲਪ ਡੈਸਕ ਸੰਚਾਲਨ ਵਰਗੇ ਮਹੱਤਵਪੂਰਨ ਕਾਰਜਾਂ ਦੀ ਨਿਗਰਾਨੀ ਕਰਨਗੇ। ਉਨ੍ਹਾਂ ਦੱਸਿਆ ਕਿ ਬਿਹਤਰ ਤਾਲਮੇਲ ਅਤੇ ਰਿਵੀਜ਼ਨ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸਹਾਇਕ ਨੋਡਲ ਅਫ਼ਸਰ ਵੀ ਤਾਇਨਾਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਇਹ ਟੀਮਾਂ ਐਸ.ਆਈ.ਆਰ. ਪ੍ਰਕਿਰਿਆ ਦੌਰਾਨ ਲੋਕਾਂ ਦੀ ਸਹਾਇਤਾ ਵੀ ਕਰਨਗੀਆਂ ਅਤੇ ਇਹ ਯਕੀਨੀ ਬਣਾਉਣਗੀਆਂ ਕਿ ਯੋਗ ਵੋਟਰਾਂ ਨੂੰ ਦਸਤਾਵੇਜ਼ੀ ਅਤੇ ਤਸਦੀਕੀ ਕਾਰਵਾਈ ਦੌਰਾਨ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ 3 ਅਗਸਤ ਨੂੰ ਵੋਟਰ ਸੂਚੀ ਦੀ ਡਰਾਫਟ ਪਬਲੀਕੇਸ਼ਨ ਕੀਤੀ ਜਾਵੇਗੀ ਅਤੇ 3 ਅਗਸਤ ਤੋਂ 2 ਸਤੰਬਰ ਤੱਕ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਪ੍ਰਾਪਤ ਹੋਏ ਦਾਅਵੇ ਅਤੇ ਇਤਰਾਜ਼ਾਂ ਦਾ ਨਿਪਟਾਰਾ 28 ਸਤੰਬਰ ਤੱਕ ਚੋਣਕਾਰ ਰਜਿਸਟਰੇਸ਼ਨ ਅਫ਼ਸਰਾਂ ਵੱਲੋਂ ਕੀਤਾ ਜਾਵੇਗਾ ਅਤੇ 1 ਅਕਤੂਬਰ, 2026 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕੀਤੀ ਜਾਵੇਗੀ।

# 144 ਸਾਲਾਂ ਦੌਰਾਨ ਕਿਸੇ ਸਰਕਾਰ ਨੇ ਨਹਿਰਾਂ 'ਚੋਂ ਪਾਣੀ ਨਹੀਂ ਲੈਣ ਦਿੱਤਾ : ਗਿਆਸਪੁਰਾ



ਲੁਧਿਆਣਾ, 4 ਜੂਨ (ਵਿਸ਼ਾਲ ਸ਼ਰਮਾ): ਪਾਇਲ ਹਲਕੇ ਦੇ ਕਿਸਾਨਾਂ ਨੂੰ ਕਰੀਬ 144 ਸਾਲਾਂ ਬਾਅਦ ਨਹਿਰੀ ਪਾਣੀ ਨਾਲ ਖੇਤੀ ਕਰਨ ਦੀ ਸਹੂਲਤ ਮਿਲਣ ਜਾ ਰਹੀ ਹੈ। ਪੰਜਾਬ ਸਰਕਾਰ ਦੀ 'ਨਹਿਰੀ ਪਾਣੀ ਨਾਲ ਖੇਤੀ' ਯੋਜਨਾ ਤਹਿਤ ਪਿੰਡ ਨਿਜ਼ਾਮਪੁਰ ਵਿਖੇ ਲੱਗਭੱਗ 4 ਕਰੋੜ ਰੁਪਏ ਦੀ ਲਾਗਤ ਨਾਲ ਇੱਕ ਮਹੱਤਵਪੂਰਨ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ। ਇਸ ਪ੍ਰੋਜੈਕਟ ਦਾ ਸ਼ੁੱਭ ਆਰੰਭ ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਕੀਤਾ ਗਿਆ। ਇਸ ਮੌਕੇ ਵਿਧਾਇਕ ਗਿਆਸਪੁਰਾ ਨੇ ਦੱਸਿਆ ਕਿ ਪ੍ਰੋਜੈਕਟ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ ਇਸਨੂੰ ਜਲਦ ਤੋਂ ਜਲਦ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸਾਲ 1882 ਵਿੱਚ ਇਸ ਖੇਤਰ ਵਿੱਚ ਨਹਿਰ ਕੱਢੀ ਗਈ ਸੀ, ਪਰ ਪਿਛਲੇ ਕਰੀਬ 144 ਸਾਲਾਂ ਦੌਰਾਨ ਕਿਸਾਨਾਂ ਨੂੰ ਖੇਤੀ ਲਈ ਨਹਿਰੀ ਪਾਣੀ ਦੀ ਵਰਤੋਂ ਨਹੀਂ ਕਰਨ ਦਿੱਤੀ ਗਈ। ਦੇਸ਼ ਦੀ ਆਜ਼ਾਦੀ ਤੋਂ ਬਾਅਦ ਵੀ ਅਨੇਕਾਂ ਸਰਕਾਰਾਂ ਆਈਆਂ, ਪਰ ਕਿਸੇ ਨੇ ਵੀ ਕਿਸਾਨਾਂ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਪ੍ਰਭਾਵਸ਼ਾਲੀ ਕਦਮ ਨਹੀਂ ਚੁੱਕੇ। ਉਲਟਾ, ਨਹਿਰਾਂ ਵਿੱਚੋਂ ਪਾਣੀ ਲੈਣ ਵਾਲੇ ਕਿਸਾਨਾਂ ਖ਼ਿਲਾਫ਼ ਚੋਰੀ ਦੇ ਮਾਮਲੇ ਤੱਕ ਦਰਜ ਕਰ ਦਿੱਤੇ ਜਾਂਦੇ ਸਨ। ਸਿਰਫ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕਿਸਾਨਾਂ ਦੇ ਮਸੀਹਾ ਬਣੇ।

ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਲਗਾਤਾਰ ਡਿੱਗ ਰਹੇ ਭੂ-ਜਲ ਪੱਧਰ ਨੂੰ ਬਚਾਉਣ ਲਈ ਵੱਡੇ ਪੱਧਰ 'ਤੇ ਨਹਿਰੀ ਪਾਣੀ ਨਾਲ ਖੇਤੀ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਜਦੋਂ ਉਹ ਪਿੰਡ 'ਚ ਸਰਪੰਚ ਬਣੇ ਤਾਂ ਲੋਕਾਂ ਨਾਲ ਇਹੀ ਵਾਅਦਾ ਕੀਤਾ ਸੀ ਕਿ ਪਿੰਡ ਦੇ ਕਿਸਾਨਾਂ ਨੂੰ ਨਹਿਰੀ ਪਾਣੀ ਨਾਲ ਖੇਤੀ ਦੀ ਸਹੂਲਤ ਦਿੱਤੀ ਜਾਵੇਗੀ। ਇਸਨੂੰ ਮਾਨ ਸਰਕਾਰ ਨੇ ਪੂਰਾ ਕਰਕੇ ਦਿਖਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਰਕੀਟ ਕਮੇਟੀ ਚੇਅਰਮੈਨ ਕਰਨ ਸਿਹੌੜਾ, ਸਰਪੰਚ ਪਰਗਟ ਸਿੰਘ ਸਿਆੜ ਅਤੇ ਨਹਿਰੀ ਮਹਿਕਮੇ ਦੇ ਅਧਿਕਾਰੀ ਤੇ ਪਿੰਡਵਾਸੀ ਮੌਜੂਦ ਰਹੇ।

# ਕਿੱਡੀ ਸੰਗਤ ਸਮਰ ਕੈਂਪ 'ਚ ਭਾਗ ਲੈਣ ਵਾਲੇ ਬੱਚੇ ਕੌਮ ਦੇ ਚਾਨਣ ਮੁਨਾਰੇ : ਮੱਕੜ



ਲੁਧਿਆਣਾ, 4 ਜੂਨ (ਰਵਿੰਦਰ ਸਿੰਘ ਨਿੱਝਰ) : ਕਿੱਡੀ ਸੰਗਤ ਵੱਲੋਂ ਮੌਜੂਦਾ ਸਮੇਂ ਦੀ ਸਿੱਖ ਫੁੱਲਵਾੜੀ ਨੂੰ ਆਪਣੇ ਧਰਮ,ਵਿਰਸੇ ਤੇ ਇਤਿਹਾਸ ਨਾਲ ਜੋੜਨ ਖਾਸ ਕਰਕੇ ਉਨ੍ਹਾਂ ਨੂੰ ਗੁਰੂ ਸਾਹਿਬਾਨ ਵੱਲੋਂ ਬਖਸ਼ੀ ਗੁਰਬਾਣੀ ਕੀਰਤਨ ਦੀ ਵਿਰਾਸਤੀ ਕਲਾ ਨੂੰ ਸਿਖਾਉਣ ਤੇ ਗਾਇਨ ਕਰਵਾਉਣ ਅਤੇ ਮਾਡਰਨ ਢੰਗ ਨਾਲ ਉਨ੍ਹਾਂ ਅੰਦਰ ਗੁਰਮਤਿ 'ਤੇ ਅਧਾਰਿਤ ਗੁਣਾਤਮਕ ਤੇ ਕਲਾਨਾਤਮਕ ਰੁਚੀਆਂ ਨੂੰ ਉਭਾਰਨ ਲਈ ਸਮਰ ਕੈਂਪ ਰਾਹੀਂ ਕੀਤੇ ਜਾ ਰਹੇ ਉਪਰਾਲੇ ਸਮੁੱਚੀ ਕੌਮ ਲਈ ਪ੍ਰੇਰਨਾ ਦਾ ਸਰੋਤ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇੰਦਰਜੀਤ ਸਿੰਘ ਮੱਕੜ ਨੇ ਅੱਜ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਂਨਸ਼ਨ ਲੁਧਿਆਣਾ ਵਿਖੇ ਕਿੱਡੀ ਸੰਗਤ ਵੱਲੋਂ ਲਗਾਏ ਗਏ ਕਿੱਡੀ ਸੰਗਤ ਸਮਰ ਕੈਂਪ ਮੌਕੇ ਇਕੱਤਰ ਹੋਈਆਂ ਸੰਗਤਾਂ, ਪ੍ਰਮੁੱਖ ਧਾਰਮਿਕ ਸ਼ਖ਼ਸ਼ੀਅਤਾਂ ਤੇ ਸਮਰ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਹੋਇਆ ਕੀਤਾ। ਉਨ੍ਹਾਂ ਕਿਹਾ ਕਿ ਕਿੱਡੀ ਸੰਗਤ ਦੀ ਪ੍ਰਮੁੱਖ ਜੈਸਮੀਨ ਕੌਰ ਤੇ ਦਵਿੰਦਰਪਾਲ ਵੱਲੋਂ ਲਗਾਇਆ ਗਿਆ ਕੈਂਪ ਇੱਕ ਇਤਿਹਾਸਕ ਕਾਰਜ ਹੈ।

ਇਸ ਦੌਰਾਨ ਗੁਰਦੀਪ ਸਿੰਘ ਡੀਮਾਰਟੇ ਪ੍ਰਧਾਨ ਮਾਡਲ ਟਾਊਨ ਵੈਲਫੇਅਰ ਸੁਸਾਇਟੀ,.ਇੰਦਰਜੀਤ ਸਿੰਘ ਖੁਰਾਣਾ, ਜਸਪਾਲ ਸਿੰਘ ਪਿੰਕੀ ਅਤੇ ਤੇਜਵਿੰਦਰ ਸਿੰਘ ਬਿਗ ਬੈਨ ਨੇ ਵੀ ਸੰਬੋਧਨ ਕੀਤਾ।

ਬੱਚਿਆਂ ਨੇ ਆਪਣੀਆਂ ਵੱਖ ਵੱਖ ਕਲਾਵਾਂ, ਕਵਿਤਾਵਾਂ ਅਤੇ ਗਿਟਾਰ ਰਾਹੀਂ ਸਮੂਹਿਕ ਰੂਪ ਵਿੱਚ ਗੁਰਬਾਣੀ ਦਾ ਆਨੰਦਮਈ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਸਮਾਪਤੀ ਮੌਕੇ ਸਮਰ ਕੈਂਪ ਵਿੱਚ ਭਾਗ ਲੈਣ ਵਾਲੇ ਸਮੂਹ ਬੱਚਿਆਂ ਤੇ ਟੀਚਰ ਸਾਹਿਬਾਨ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਸਰਟੀਫਿਕੇਟ ਤੇ ਇਨਾਮ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਨਰਿੰਦਰਪਾਲ ਸਿੰਘ ਕਥੂਰੀਆ, ਭੁਪਿੰਦਰ ਸਿੰਘ ਜੁਨੇਜਾ, ਬਲਬੀਰ ਸਿੰਘ ਭਾਟੀਆ, ਮੈਡਮ ਕਿਰਤੀ ਗਰੋਵਰ, ਬੀਬੀ ਸੁਮੀਤ ਕੌਰ ਭਾਟੀਆ ਆਦਿ ਵੀ ਮੌਜੂਦ ਸਨ।

# ਆਮ ਆਦਮੀ ਪਾਰਟੀ ਨੇ ਮੰਤਰੀ ਖੁੱਡੀਆਂ ਨੂੰ ਖੁੱਡੇ ਲਾਈਨ ਲਾਉਣਾ ਸ਼ੁਰੂ ਕੀਤਾ ?

ਲੁਧਿਆਣਾ, 4 ਜੂਨ (ਰਵਿੰਦਰ ਸਿੰਘ ਨਿੱਝਰ) ਕਿਹਾ ਜਾਂਦਾ ਹੈ ਕਿ ਸਿਆਸਤ ਵਿੱਚ ਕੋਈ ਕਿਸੇ ਦਾ ਸਕਾ ਨਹੀਂ ਹੁੰਦਾ। ਸਮੀਕਰਨ ਬਦਲਦੇ ਰਹਿੰਦੇ ਹਨ। ਅੱਜ ਜਿਹੜਾ ਜ਼ੀਰੋ ਹੈ ਕੱਲ੍ਹ ਨੂੰ ਹੀਰੋ ਅਤੇ ਅੱਜ ਜਿਹੜਾ ਹੀਰੋ ਹੈ ਕੱਲ੍ਹ ਨੂੰ ਜ਼ੀਰੋ ਬਣ ਸਕਦਾ ਹੈ । ਕੁਝ ਅਜਿਹਾ ਹੀ ਨਜ਼ਰ ਆਉਂਦਾ ਹੈ ਕੈਬਨਿਟ ਮੰਤਰੀ ਗੁਰਮੀਤ ਖੁੱਡੀਆਂ ਦੇ ਮਾਮਲੇ ਵਿੱਚ। ਗੁਰਮੀਤ ਖੁੱਡੀਆਂ ਕੁਝ ਦਿਨ ਪਹਿਲਾਂ ਲੁਧਿਆਣਾ ਵਿਖੇ ਇੱਕ ਮੀਟਿੰਗ ਦੌਰਾਨ ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਤੇ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਖਾਸਮ ਖਾਸ ਮਨੀਸ਼ ਸਿਸੋਦਆ ਨਾਲ ਕਿਸੇ ਗੱਲੋਂ ਕਥਿਤ ਤੌਰ ਤੇ ਬਹਿਸਬਾਜ਼ੀ ਵਿੱਚ ਪਏ ਕਹੇ ਜਾ ਰਹੇ ਸਨ। ਹਾਲਾਂਕਿ ਇਸ ਗੱਲ ਦੀ ਕੋਈ ਪੁਸ਼ਟੀ ਨਹੀਂ ਕੀਤੀ ਜਾ ਸਕਦੀ ਪਰੰਤੂ ਵੱਡੇ ਪੱਧਰ ਤੇ ਇਸ ਗੱਲ ਦੀ ਚਰਚਾ ਜ਼ਰੂਰ ਹੋਈ ਸੀ। ਉਦੋਂ ਤੋਂ ਹੀ ਇਸ ਗੱਲ ਦੀ ਵੀ ਚਰਚਾ ਸ਼ੁਰੂ ਹੋ ਗਈ ਸੀ ਕਿ ਹੁਣ ਖੁੱਡੀਆਂ ਨੂੰ ਆਮ ਆਦਮੀ ਪਾਰਟੀ ਦਰਕਿਨਾਰ ਕਰ ਸਕਦੀ ਹੈ । ਹੁਣ ਜਦੋਂ ਉਸਦੇ ਭਤੀਜੇ ਰਣਧੀਰ ਸਿੰਘ ਧੀਰਾ ਖੁੱਡੀਆਂ ਨੂੰ ਪੰਜਾਬ ਸਰਕਾਰ ਨੇ ਵੇਅਰਹਾਊਸਿੰਗ ਕਾਰਪੋਰੇਸ਼ਨ ਦਾ ਚੇਅਰਮੈਨ ਲਗਾਇਆ ਹੈ ਤਾਂ ਉਪਰੋਕਤ ਚਰਚਾ ਸੱਚ ਹੁੰਦੀ ਨਜ਼ਰ ਆ ਰਹੀ ਹੈ। ਧੀਰਾਂ ਨੇ ਚੇਅਰਮੈਨ ਬਣਨ ਤੋਂ ਬਾਅਦ ਆਪਣੇ ਇਲਾਕੇ ਵਿੱਚ ਜਿਹੜੇ ਪੋਸਟਰ ਲਗਾਏ ਹਨ ਉਹਨਾਂ ਵਿੱਚੋਂ ਉਸਦੇ ਚਾਚੇ ਗੁਰਮੀਤ ਸਿੰਘ ਖੁੱਡੀਆਂ ਦੀ ਫੋਟੋ ਵੀ ਗਾਇਬ ਕਹੀ ਜਾ ਰਹੀ ਹੈ ਜਦੋਂ ਕਿ ਇਸ ਦੇ ਸਮਾਨੰਤਰ ਇਹ ਵੀ ਕਿਹਾ ਜਾ ਰਿਹਾ ਹੈ ਭਤੀਜੇ ਨੂੰ ਕਾਂਗਰਸ ਵਿੱਚੋਂ ਆਮ ਆਦਮੀ ਪਾਰਟੀ ਵਿੱਚ ਲਿਆਉਣ ਵਾਲੇ ਉਸਦੇ ਚਾਚਾ ਗੁਰਮੀਤ ਖੁੱਡੀਆਂ ਹੀ ਸਨ। ਇੱਕ ਨਿੱਜੀ ਚੈਨਲ ਨਾਲ ਇੰਟਰਵਿਊ ਦੌਰਾਨ ਧੀਰਾ ਖੁੱਡੀਆਂ ਕਥਿਤ ਤੌਰ ਤੇ ਇਹ ਵੀ ਮੰਨ ਗਏ ਹਨ ਕਿ ਉਸ ਦੀ ਆਪਣੇ ਚਾਚੇ ਨਾਲ ਹੁਣ ਪਹਿਲਾਂ ਵਾਲੀ ਗੱਲ ਨਹੀਂ ਰਹੀ। ਭਤੀਜੇ ਨੂੰ ਹੁਣ ਚੇਅਰਮੈਨ ਬਣਾ ਕੇ ਹੱਲਾ ਸ਼ੇਰੀ ਦਿੱਤੇ ਜਾਣ ਤੋਂ ਬਾਅਦ ਲੋਕ ਇਹ ਮਹਿਸੂਸ ਕਰ ਰਹੇ ਹਨ ਕਿ ਆਪ ਵੱਲੋਂ ਖੁੱਡੀਆਂ ਨੂੰ ਖੁੱਡੇ ਲਾਈਨ ਲਗਾਉਣਾ ਸ਼ੁਰੂ ਕਰ ਦਿੱਤਾ ਗਿਆ ਹੈ। ਇਹ ਵੀ ਹੋ ਸਕਦਾ ਹੈ ਕਿ ਅਗਲੇ ਸਾਲ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਲੰਬੀ ਤੋਂ ਗੁਰਮੀਤ ਖੁੱਡੀਆਂ ਦੀ ਬਜਾਏ ਉਸਦੇ ਭਤੀਜੇ ਧੀਰਾ ਖੁੱਡੀਆਂ ਨੂੰ ਹੀ ਪਾਰਟੀ ਉਮੀਦਵਾਰ ਬਣਾ ਲਵੇ। ਇਸ ਸਬੰਧੀ ਜਦੋਂ ਉਸ ਨੂੰ ਚੈਨਲ ਤੇ ਪੁੱਛਿਆ ਗਿਆ ਤਾਂ ਧੀਰਾ ਨੇ ਆਖਿਆ ਕਿ ਪਾਰਟੀ ਜੋ ਵੀ ਹੁਕਮ ਕਰੇਗੀ ਸਿਰ ਮੱਥੇ। ਇਹ ਘਟਨਾਕ੍ਰਮ ਪੰਜਾਬ ਦੇ ਬਾਕੀ ਮੰਤਰੀਆਂ ਲਈ ਇੱਕ ਸੁਨੇਹਾ ਵੀ ਆਖਿਆ ਜਾ ਸਕਦਾ ਹੈ ਕਿ ਹਾਈ ਕਮਾਂਡ ਨਾਲ ਕਿਵੇਂ ਪੇਸ਼ ਆਉਣਾ ਹੈ।

# ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ ਆਨਲਾਈਨ ਅਰਜ਼ੀਆਂ ਦੀ ਮੰਗ



ਲੁਧਿਆਣਾ, 4 ਜੂਨ (ਵਿਸ਼ਾਲ ਸ਼ਰਮਾ) : ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਵੀਰਵਾਰ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਦੇਸ਼ ਭਰ ਦੇ ਬੱਚਿਆਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦੇਣ ਲਈ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ (ਪੀ.ਐਮ.ਆਰ.ਬੀ.ਪੀ) 2026 ਲਈ ਆਨਲਾਈਨ ਅਰਜੀਆਂ ਮੰਗੀਆਂ ਗਈਆਂ ਹਨ।

ਹਿਮਾਂਸ਼ੂ ਜੈਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਇੱਕ ਵੱਕਾਰੀ ਰਾਸ਼ਟਰੀ ਪੁਰਸਕਾਰ ਹੈ ਜੋ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ (31 ਜੁਲਾਈ, 2026 ਤੱਕ) ਨੂੰ ਦਿੱਤਾ ਜਾਂਦਾ ਹੈ ਜਿਨ੍ਹਾਂ ਨੇ ਬਹਾਦਰੀ, ਸਮਾਜ ਸੇਵਾ, ਵਾਤਾਵਰਣ, ਖੇਡਾਂ, ਕਲਾ, ਸੱਭਿਆਚਾਰ, ਵਿਗਿਆਨ ਅਤੇ ਤਕਨਾਲੋਜੀ ਸਮੇਤ ਵੱਖ-ਵੱਖ ਖੇਤਰਾਂ ਵਿੱਚ ਉੱਤਮਤਾ ਅਤੇ ਸ਼ਾਨਦਾਰ ਯੋਗਦਾਨ ਦਾ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਕਿਹਾ ਕਿ ਲੜਕੀਆਂ, ਕਮਜ਼ੋਰ ਵਰਗਾਂ, ਐਸ.ਸੀ/ਐਸ.ਟੀ ਭਾਈਚਾਰਿਆਂ ਅਤੇ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਵਿੱਚੋਂ ਪ੍ਰਤਿਭਾਸ਼ਾਲੀ ਬੱਚਿਆਂ ਦੀਆਂ ਅਰਜੀਆਂ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਹੈ ਤਾਂ ਜੋ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾ ਸਕੇ। ਰਾਸ਼ਟਰੀ ਪੁਰਸਕਾਰ ਪੋਰਟਲ ਰਾਹੀਂ ਨਾਮਜ਼ਦਗੀ ਪ੍ਰਕਿਰਿਆ ਪੂਰੀ ਤਰ੍ਹਾਂ ਆਨਲਾਈਨ ਹੈ। ਨਾਮਜ਼ਦਗੀ ਵਿੰਡੋ 31 ਜੁਲਾਈ, 2026 ਤੱਕ ਖੁੱਲ੍ਹੀ ਹੈ ਅਤੇ ਇਸ ਮਿਆਦ ਦੇ ਅੰਦਰ ਪ੍ਰਾਪਤ ਅਰਜ਼ੀਆਂ 'ਤੇ ਹੀ ਵਿਚਾਰ ਕੀਤਾ ਜਾਵੇਗਾ। ਇਸ ਸਬੰਧ ਵਿੱਚ, ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ (ਪੀ.ਐਮ.ਆਰ.ਬੀ.ਪੀ) ਲਈ ਨਾਮਜ਼ਦਗੀਆਂ/ਸਿਫਾਰਸ਼ਾਂ ਸਿਰਫ਼ ਇਸ ਉਦੇਸ਼ ਲਈ ਤਿਆਰ ਕੀਤੇ ਗਏ ਰਾਸ਼ਟਰੀ ਪੁਰਸਕਾਰ ਪੋਰਟਲ (https://awards.gov.in) ਰਾਹੀਂ ਆਨਲਾਈਨ ਪ੍ਰਾਪਤ ਕੀਤੀਆਂ ਜਾਣਗੀਆਂ।

# ਵੀਲ੍ਹਚੇਅਰ ਦੇ ਸਹਾਰੇ ਮਾਊਂਟ ਐਵਰੈਸਟ ਦੇ ਬੇਸ ਕੈਂਪ 'ਤੇ ਪੁੱਜਣ ਵਾਲੀ ਡਾ. ਰੁਪਿੰਦਰ ਕੌਰ ਦਾ ਸਨਮਾਨ



ਲੁਧਿਆਣਾ, 4 ਜੂਨ ( ਰਵਿੰਦਰ ਸਿੰਘ ਨਿੱਝਰ) : ਬੁਲੰਦ ਹੌਸਲੇ ਦੀ ਮਾਲਕ, ਸੀਰੜੀ ਸੋਚ ਦੀ ਧਾਰਨੀ ਤੇ ਆਪਣੀ ਤਾਕਤ ਦੇ ਸਦਕਾ ਵੀਲ੍ਹ ਚੇਅਰ ਦੇ ਸਹਾਰੇ ਮਾਊਂਟ ਐਵਰੈਸਟ ਦੇ ਬੇਸ ਕੈਂਪ 'ਤੇ ਪੁੱਜ ਕੇ ਸਮੁੱਚੇ ਸੰਸਾਰ ਅੰਦਰ ਪੰਜਾਬ ਤੇ ਪੰਜਾਬੀਅਤ ਦਾ ਨਾਮ ਰੌਸ਼ਨ ਕਰਨ ਵਾਲੀ ਡਾ. ਰੁਪਿੰਦਰ ਕੌਰ ਕੇਵਲ ਇੱਕ ਬੇਹਤਰੀਨ ਹੈਂਡੀਕੈਪ ਪਰਬਤਾਰੋਹੀ ਨਹੀਂ ਬਣੀ, ਬਲਕਿ ਸਿੱਖ ਕੌਮ ਦਾ ਨਾਮ ਰੌਸ਼ਨ ਕਰਨ ਵਾਲੀ ਜਾਂਬਾਜ਼ ਤੇ ਦਲੇਰ ਧੀ ਬਣਨ ਦਾ ਮਾਣ ਵੀ ਪ੍ਰਾਪਤ ਕੀਤਾ ਹੈ ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਯੂਨਾਈਟਿਡ ਸਿੱਖਸ ਦੇ ਡਾਇਰੈਕਟਰ ਪੰਜਾਬ.ਅੰਮ੍ਰਿਤਪਾਲ ਸਿੰਘ ਨੇ ਅੱਜ ਹੈਂਡੀਕੈਪ ਪਰਬਤਾਰੋਹੀ ਤੇ ਪੰਜਾਬ ਦੀ ਬਹਾਦਰ ਧੀ ਵੱਜੋਂ ਪ੍ਰਸਿੱਧ ਹੋਈ ਡਾ. ਰੁਪਿੰਦਰ ਕੌਰ ਨੂੰ ਸਮਮਾਨਿਤ ਕਰਨ ਹਿੱਤ ਯੂਨਾਈਟਿਡ ਸਿੱਖਸ ਵੱਲੋਂ ਆਯੋਜਿਤ ਕੀਤੇ ਗਏ ਇੱਕ ਵਿਸ਼ੇਸ਼ ਸਨਮਾਨ ਸਮਾਗਮ ਦੌਰਾਨ ਇਕੱਤਰ ਹੋਈਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸੰਬੋਧਿਤ ਕਰਦਿਆਂ ਹੋਇਆ ਕੀਤਾ। ਉਨ੍ਹਾਂ ਨੇ ਆਪਣੀ ਪ੍ਰਭਾਵਸ਼ਾਲੀ ਤਕਰੀਰ ਵਿੱਚ ਕਿਹਾ ਕਿ ਪਿਛਲੇ ਦਿਨੀਂ ਦੁਨੀਆਂ ਦੀ ਸਭ ਤੋ ਉੱਚੀ ਚੋਟੀ ਮਾਊਟ ਐਵਰੈਸਟ ਦੇ ਬੇਸ ਕੈਂਪ 'ਤੇ ਆਪਣੀ ਵੀਲ੍ਹ ਚੇਅਰ ਦੇ ਸਹਾਰੇ ਪੁੱਜਕੇ ਜਿੱਤ ਦਾ ਪਰਚੰਮ ਲਹਿਰਾਣ ਵਾਲੀ 40 ਸਾਲਾ ਆਯੂਰਵੈਦਿਕ ਮੈਡੀਕਲ ਅਫਸਰ ਡਾ. ਰੁਪਿੰਦਰ ਕੌਰ(ਹੈਡੀਕੈਂਪ ਪਰਬਤਾਰੋਹੀ ) ਨੇ ਨਵਾਂ ਇਤਿਹਾਸ ਸਿਰਜਿਆਂ ਹੈ। ਯੂਨਾਈਟਿਡ ਸਿੱਖਸ ਪੰਜਾਬ ਦੀ ਜਾਂਬਾਜ਼ ਧੀ ਡਾ. ਰੁਪਿੰਦਰ ਕੌਰ ਨੂੰ ਸਨਮਾਨਿਤ ਕਰਨ ਵਿੱਚ ਮਾਣ ਮਹਿਸੂਸ ਕਰ ਰਹੀ ਹੈ! ਇਸ ਦੌਰਾਨ ਉਨ੍ਹਾਂ ਨੇ ਲੁਧਿਆਣਾ ਦੇ ਰਾਜਗੁਰੂ ਨਿਵਾਸੀ ਤੇ ਡਾ. ਰੁਪਿੰਦਰ ਕੌਰ ਦੇ ਪਿਤਾ. ਮੇਜਰ ਸਿੰਘ ਦੀ ਸ਼ਲਾਘਾ ਕੀਤੀ। ਡਾ ਰੁਪਿੰਦਰ ਕੌਰ ਨੇ ਕਿਹਾ ਕਿ ਵੀਲ੍ਹ ਚੇਅਰ ਦੇ ਸਹਾਰੇ ਮਾਊਂਟ ਐਵਰੈਸਟ ਦੇ ਬੇਸ ਕੈਂਪ ਨੂੰ ਸਰ ਕਰਨ ਦੇ ਦੇਖੇ ਹੋਏ ਸੁਪਨੇ ਨੂੰ ਹਕੀਕੀ ਰੂਪ ਵਿੱਚ ਬਦਲਣ ਲਈ ਉਸਨੇ ਦਿਨ ਰਾਤ ਸਖਤ ਮੇਹਨਤ ਕੀਤੀ ਅਤੇ ਵੀਲ੍ਹ ਚੇਅਰ ਰਾਹੀ ਪਰਬਤ ਉੱਪਰ ਚੜ੍ਹਨ ਦੀ ਔਖੀ ਸਿਖਲਾਈ ਵੀ ਪ੍ਰਾਪਤ ਕੀਤੀ। ਪਰ ਟਿੰਕੇਸ਼ ਐਬਿਲਟੀ ਫਾਊਂਡੇਸ਼ਨ ਦੇ ਨਿੱਘੇ ਥਾਪੜੇ, ਅਕਾਲ ਪੁਰਖ ਦੀ ਬਖਸਿਸ਼, ਪਿਤਾ ਤੇ ਪਰਵਾਰਿਕ ਮੈਬਰਾਂ ਦੀ ਆਸੀਸ ਤੇ ਟੀਮ ਦੇ ਸਾਥੀਆਂ ਦੇ ਨਿੱਘੇ ਸਹਿਯੋਗ ਸਦਕਾ ਮੈਨੂੰ ਭਾਰਤ ਦੀ ਪਹਿਲੀ ਵੀਲ੍ਹ ਚੇਅਰ ਯੂਜ਼ਰ ਬਣਨ ਦਾ ਮਾਣ ਪ੍ਰਾਪਤ ਹੋਇਆ।ਉਨ੍ਹਾਂ ਨੇ ਕਿਹਾ ਕਿ ਇਹ ਜਿੱਤ ਮੇਰੀ ਨਹੀਂ ਬਲਕਿ ਪੰਜਾਬ ਦੀ ਨੌਜਵਾਨੀ ਖਾਸ ਕਰਕੇ ਵਿਕਲਾਂਗ ਖਿਡਾਰੀਆਂ ਦੀ ਜਿੱਤ ਹੈ। ਯੂਨਾਈਟਿਡ ਸਿੱਖਸ ਸੰਸਥਾ ਵੱਲੋ ਉਸ ਨੂੰ ਟੀ ਸ਼ਰਟ ਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉੱਘੇ ਸਮਾਜ ਸੇਵਕ ਸੁਰਿੰਦਰ ਸਿੰਘ ਮੱਕੜ, ਭੁਪਿੰਦਰ ਸਿੰਘ ਮੱਕੜ, ਪ੍ਰੀਤਮ ਸਿੰਘ, ਕ੍ਰਿਸ਼ਨ ਸਿੰਘ, ਤਰਨਜੀਤ ਕੌਰ, ਮਨਪ੍ਰੀਤ ਕੌਰ, ਅਜੀਤ ਕੌਰ ਅਤੇ ਸੁਮਨਜੀਤ ਕੌਰ ਆਦਿ ਵੀ ਹਾਜ਼ਰ ਸਨ।

# ਵਿਧਾਇਕ ਸਿੱਧੂ ਨੇ ਕੌਂਸਲਰ ਗੋਗਾ ਦੇ ਵਾਰਡ ਵਿੱਚ ਚੱਲਦੇ ਕੰਮਾਂ ਦਾ ਲਿਆ ਜਾਇਜ਼ਾ



ਲੁਧਿਆਣਾ, 4 ਜੂਨ (ਰਵਿੰਦਰ ਸਿੰਘ ਨਿੱਝਰ): ਕੌਂਸਲਰ ਸੋਹਣ ਸਿੰਘ ਗੋਗਾ ਦੇ ਵਾਰਡ ਨੰਬਰ 44 ਵਿਖੇ ਉਚੇਚੇ ਤੌਰ 'ਤੇ ਪਹੁੰਚੇ ਹਲਕਾ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਵਾਰਡ ਵਿੱਚ ਚੱਲ ਰਹੇ ਵਿਕਾਸ ਕੰਮਾਂ ਦਾ ਜਾਇਜ਼ਾ ਲਿਆ ਅਤੇ ਠੇਕੇਦਾਰਾਂ ਤੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਉਹ ਕੰਮਾਂ ਨੂੰ ਜਲਦੀ ਮੁਕੰਮਲ ਕਰਨ, ਕਿਉਂਕਿ ਰਸਤੇ ਬੰਦ ਹੋਣ ਨਾਲ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਆਉਂਦੀਆਂ ਹਨ। ਗੋਗਾ ਨੇ ਦੱਸਿਆ ਕਿ ਮਿਲਟਰੀ ਕੈਂਪ ਵਾਲੀ ਸੜਕ 'ਤੇ ਸੀਵਰੇਜ ਪੈ ਰਿਹਾ ਹੈ, ਇੱਕ ਟਿਊਬਵੈੱਲ ਲੱਗ ਰਿਹਾ ਹੈ ਅਤੇ ਦੋ ਮੁਹੱਲਾ ਕਲੀਨਿਕ ਲੱਗਭੱਗ ਤਿਆਰ ਹਨ। ਜਨਤਾ ਨਗਰ ਵਿੱਚ ਗਲੀਆਂ ਬਣ ਰਹੀਆਂ ਹਨ ਅਤੇ ਐਸ ਏ ਐਸ ਨਗਰ ਵਿੱਚ ਸੀਵਰੇਜ ਪੈ ਰਿਹਾ ਹੈ। ਉਹਨਾਂ ਠੇਕੇਦਾਰਾਂ ਅਤੇ ਅਧਿਕਾਰੀਆਂ ਨੂੰ ਕੰਮ ਜਲਦੀ ਮੁਕੰਮਲ ਕਰਨ ਦੀ ਹਦਾਇਤ ਕੀਤੀ।ਸਿੱਧੂ ਨੇ ਦੱਸਿਆ ਕਿ ਸਰਕਾਰ ਵੱਲੋਂ ਲੁੜੀਂਦੇ ਫੰਡ ਜਾਰੀ ਕੀਤੇ ਗਏ ਹਨ ਤਾਂ ਜੋ ਸ਼ਹਿਰ ਦਾ ਸਰਬਪੱਖੀ ਵਿਕਾਸ ਕੀਤਾ ਜਾ ਸਕੇ। ਕੌਂਸਲਰ ਗੋਗਾ ਨੇ ਦੱਸਿਆ ਕਿ ਇਹ ਕੰਮ ਮੁਕੰਮਲ ਹੋਣ ਤੋਂ ਬਾਅਦ ਹੋਰ ਵੀ ਕਈ ਕੰਮ ਸ਼ੁਰੂ ਕਰਨ ਜਾ ਰਹੇ ਹਾਂ। ਵਿਧਾਇਕ ਅਤੇ ਮੇਅਰ ਦੇ ਵਿਸੇਸ਼ ਸਹਿਯੋਗ ਸਦਕਾ ਵਾਰਡ ਦੀ ਕਾਇਆ ਕਲਪ ਕਰ ਦਿੱਤੀ ਜਾਏਗੀ। ਇਸ ਮੌਕੇ ਅਕਾਸ ਵਰਮਾ, ਹਰਪ੍ਰੀਤ ਸਿੰਘ ਸੈਣੀ, ਹਰਬੰਸ ਸਿੰਘ, ਬਲਵਿੰਦਰ ਸਿੰਘ, ਸਤਵੰਤ ਸਿੰਘ, ਬਿੱਟੂ, ਇਕਬਾਲ ਸਿੰਘ, ਅਸੀਨ ਸ਼ਰਮਾ, ਕੁਲਵੀਰ ਸਿੰਘ ਅਤੇ ਦਰਸ਼ਨ ਸਿੰਘ ਆਦਿ ਵੀ ਮੌਜੂਦ ਸਨ।

# ਭਾਜਪਾ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਟਿੱਕਾ ਵੱਲੋਂ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ



ਲੁਧਿਆਣਾ, 4 ਜੂਨ (ਰਵਿੰਦਰ ਸਿੰਘ ਨਿੱਝਰ) : ਭਾਜਪਾ ਦੀ ਪੰਜਾਬ ਕਾਰਜਕਾਰਣੀ ਦੇ ਮੈਂਬਰ ਤੇ ਪੰਜਾਬ ਮੀਡੀਅਮ ਉਦਯੋਗ ਵਿਕਾਸ ਬੋਰਡ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਟਿੱਕਾ ਨੇ ਪੰਜਾਬ ਭਾਜਪਾ ਦੇ ਨਵ ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਉਹਨਾਂ ਦੀ ਨਿਯੁਕਤੀ 'ਤੇ ਮੁਬਾਰਕਬਾਦ ਦਿੱਤੀ। ਟਿੱਕਾ ਨੇ ਢਿੱਲੋਂ ਨੂੰ ਗੁਲਦਸਤਾ ਭੇਟ ਕੀਤਾ। ਇਸ ਮੌਕੇ ਟਿੱਕਾ ਨੇ ਆਖਿਆ ਕਿ ਢਿੱਲੋਂ ਇੱਕ ਸੁਲਝੇ ਹੋਏ ਸਿਆਸਤਦਾਨ ਅਤੇ ਪੰਜਾਬ ਦੇ ਵੱਡੇ ਤੇ ਸਫਲ ਕਾਰੋਬਾਰੀ ਹੋਣ ਤੋਂ ਇਲਾਵਾ ਮਿਹਨਤੀ ਆਗੂ ਹਨ। ਉਹਨਾਂ ਨੂੰ ਪੰਜਾਬ ਦੀ ਅਰਥ ਵਿਵਸਥਾ ਬਾਰੇ ਅਤੇ ਇਸ ਦੀ ਰਾਜਨੀਤਿਕ ਤੇ ਸਮਾਜਿਕ ਹਾਲਤ ਬਾਰੇ ਪੂਰਾ ਗਿਆਨ ਹੈ। ਉਹਨਾਂ ਆਖਿਆ ਕਿ ਢਿੱਲੋਂ ਦੀ ਅਗਵਾਈ ਵਿੱਚ ਪੰਜਾਬ ਵਿੱਚ ਭਾਜਪਾ ਪਹਿਲਾਂ ਨਾਲੋਂ ਵੀ ਵਧੇਰੇ ਮਜਬੂਤ ਹੋਵੇਗੀ ਅਤੇ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਢਿੱਲੋਂ ਦਾ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ ਵਿੱਚ ਵੱਡਾ ਯੋਗਦਾਨ ਹੋਵੇਗਾ।

# ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਹਰ ਤਰ੍ਹਾਂ ਦਾ ਸਮਰਥਨ ਦੇਵਾਂਗੇ : ਟ੍ਰੇਡ ਯੂਨੀਅਨ ਆਗੂ



ਲੁਧਿਆਣਾ, 4 ਜੂਨ (ਰਵਿੰਦਰ ਸਿੰਘ ਨਿੱਝਰ) : ਯੂਨਾਈਟਿਡ ਫਰੰਟ ਆਫ ਟ੍ਰੇਡ ਯੂਨੀਅਨਸ ਲੁਧਿਆਣਾ ਦੀ ਇੱਕ ਮੀਟਿੰਗ ਅੱਜ ਸਾਥੀ ਹਨੂਮਾਨ ਪ੍ਰਸ਼ਾਦ ਦੂਬੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਪੰਜਾਬ ਵਿੱਚ ਸੇਵਾ ਕੇਂਦਰ ਦੇ ਮੁਲਾਜ਼ਮਾਂ ਵੱਲੋਂ ਚੱਲ ਰਹੇ ਸੰਘਰਸ਼ ਅਤੇ ਹੜਤਾਲ ਨੂੰ ਸਮਰਥਨ ਦੇਣ 'ਤੇ ਵਿਚਾਰ ਕੀਤਾ ਗਿਆ। ਮੀਟਿੰਗ ਵਿੱਚ ਏਟਕ ਵੱਲੋਂ ਐਮ ਐਸ ਭਾਟੀਆ ਅਤੇ ਕੇਵਲ ਸਿੰਘ ਬਣਵੈਤ, ਸੀਟੂ ਵੱਲੋਂ ਰਾਮ ਲਾਲ ਅਤੇ ਹਨੂਮਾਨ ਪ੍ਰਸ਼ਾਦ ਦੂਬੇ, ਸੀਟੀਯੂ ਪੰਜਾਬ ਵੱਲੋਂ ਜਗਦੀਸ਼ ਚੰਦ,ਮੋਲਡਰ ਐਂਡ ਸਟੀਲ ਵਰਕਰ ਯੂਨੀਅਨ ਵੱਲੋਂ ਹਰਜਿੰਦਰ ਸਿੰਘ, ਪਲਸ ਮੰਚ ਵੱਲੋਂ ਕਸਤੂਰੀ ਲਾਲ, ਰੋਡਵੇਜ਼ ਦੇ ਰਿਟਾਇਰ ਸਾਥੀਆਂ ਵੱਲੋਂ ਦਰਸ਼ਨ ਸਿੰਘ ਓਟਾਲ, ਐਕਟੂ ਵੱਲੋਂ ਜੈ ਪ੍ਰਕਾਸ਼ ਨਰਾਇਣ, ਪੱਲੇਦਾਰ ਯੂਨੀਅਨ ਵੱਲੋਂ ਕੁਲਦੀਪ ਸਿੰਘ ਕਿਲਾ ਰਾਏਪੁਰ, ਤੋਂ ਇਲਾਵਾ ਜਮਹੂਰੀ ਕਿਸਾਨ ਸਭਾ ਵੱਲੋਂ ਰਘਬੀਰ ਸਿੰਘ ਬੈਨੀਪਾਲ ਅਤੇ ਬੀਕੇਯੂ ਉਗਰਾਹਾਂ ਵੱਲੋਂ ਜਸਬੀਰ ਸਿੰਘ ਦੇ ਹਿੱਸਾ ਲਿਆ। ਭਾਵੇਂ ਇੰਟਕ ਦੇ ਆਗੂ ਐਡਵੋਕੇਟ ਸਰਬਜੀਤ ਸਿੰਘ ਸਰਹਾਲੀ ਤੇ ਕੁੱਲ ਹਿੰਦ ਕਿਸਾਨ ਸਭਾ 1936 ਦੇ ਆਗੂ ਚਮਕੌਰ ਸਿੰਘ ਬਰਮੀ ਮੀਟਿੰਗ ਵਿੱਚ ਨਹੀਂ ਪਹੁੰਚ ਸਕੇ, ਪਰ ਉਹਨਾਂ ਵੀ ਆਪਣੇ ਸਮਰਥਨ ਦਾ ਐਲਾਨ ਕੀਤਾ ਹੈ।ਮੀਟਿੰਗ ਵਿੱਚ ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਸਮਰਥਨ ਦੇਣ ਦਾ ਫੈਸਲਾ ਕੀਤਾ ਗਿਆ। ਇੱਕ ਹੋਰ ਫੈਸਲੇ ਦੇ ਅਨੁਸਾਰ 5 ਜੂਨ 2026 ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਨਾਂ ਡਿਪਟੀ ਕਮਿਸ਼ਨਰ ਦੇ ਰਾਹੀਂ ਮੰਗ ਪੱਤਰ ਦਿੱਤਾ ਜਾਵੇਗਾ, ਜਿਸ ਵਿੱਚ ਮੰਗ ਕੀਤੀ ਜਾਏਗੀ ਕਿ ਇਹਨਾਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਬਿਨਾਂ ਕਿਸੇ ਦੇਰੀ ਦੇ ਮੰਨੀਆਂ ਜਾਣ ਅਤੇ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਤਸ਼ੱਦਦ ਨੂੰ ਬੰਦ ਕੀਤਾ ਜਾਵੇ।ਮੀਟਿੰਗ ਉਪਰੰਤ ਸਾਰੇ ਆਗੂ ਸਾਥੀ ਨਵੀਂ ਕਚਹਿਰੀ ਵਿਖੇ ਸੇਵਾ ਕੇਂਦਰ ਦੇ ਬਾਹਰ ਧਰਨੇ 'ਤੇ ਬੈਠੇ ਸਾਥੀਆਂ ਕੋਲ ਗਏ ਅਤੇ ਉੱਥੇ ਉਹਨਾਂ ਨੇ ਸਾਥੀਆਂ ਨੂੰ ਸੰਬੋਧਨ ਕੀਤਾ। ਸਾਹਿਤ ਅਕਾਦਮੀ ਦੇ ਜਨਰਲ ਸਕੱਤਰ ਡਾ:ਗੁਲਜਾਰ ਸਿੰਘ ਪੰਧੇਰ ਅਤੇ ਮਲਕੀਤ ਸਿੰਘ ਮਾਲੜਾ ਨੇ ਵੀ ਧਰਨੇ 'ਤੇ ਬੈਠੇ ਸਾਥੀਆਂ ਨੂੰ ਸੰਬੋਧਨ ਕੀਤਾ।

# ਵਿਸ਼ਵ ਵਾਤਾਵਰਨ ਦਿਵਸ 'ਤੇ ਵਿਸ਼ੇਸ਼

## ਵਾਤਾਵਰਨ ਦੀ ਸੰਭਾਲ - ਮਨੁੱਖਤਾ ਦਾ ਸਭ ਤੋਂ ਵੱਡਾ ਫ਼ਰਜ਼ : ਕੁਸਮ ਲਤਾ



ਸਾਹਨੇਵਾਲ ਕੁਹਾੜਾ, 4 ਜੂਨ (ਕੁਲਦੀਪ ਸਿੰਘ ਕੁਹਾੜਾ) : ਹਰ ਸਾਲ 5 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਜਾਂਦਾ ਹੈ। ਇਸ ਦਿਨ ਦਾ ਮਕਸਦ ਲੋਕਾਂ ਨੂੰ ਵਾਤਾਵਰਣ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਧਰਤੀ ਨੂੰ ਹਰਿਆ-ਭਰਿਆ, ਸਾਫ਼-ਸੁਥਰਾ ਅਤੇ ਸੁਰੱਖਿਅਤ ਬਣਾਉਣ ਲਈ ਪ੍ਰੇਰਿਤ ਕਰਨਾ ਹੈ। ਅੱਜ ਮਨੁੱਖੀ ਗਤੀਵਿਧੀਆਂ ਕਾਰਨ ਪ੍ਰਦੂਸ਼ਨ, ਜੰਗਲਾਂ ਦੀ ਕਟਾਈ, ਜਲਵਾਯੂ ਪਰਿਵਰਤਨ ਅਤੇ ਕੁਦਰਤੀ ਸਰੋਤਾਂ ਦੀ ਘਾਟ ਵਰਗੀਆਂ ਗੰਭੀਰ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ, ਜੋ ਪੂਰੀ ਮਨੁੱਖਤਾ ਲਈ ਚਿੰਤਾ ਦਾ ਵਿਸ਼ਾ ਹਨ। ਸਾਡਾ ਵਾਤਾਵਰਣ ਮਨੁੱਖੀ ਜੀਵਨ ਦਾ ਆਧਾਰ ਹੈ। ਧਰਤੀ 'ਤੇ ਜੀਵਨ ਦੀ ਸਥਿਰਤਾ ਲਈ ਸਾਫ਼ ਹਵਾ, ਪਾਣੀ, ਮਿੱਟੀ, ਰੁੱਖ-ਬੂਟੇ ਅਤੇ ਹੋਰ ਕੁਦਰਤੀ ਸਰੋਤ ਬਹੁਤ ਜ਼ਰੂਰੀ ਹਨ। ਮਨੁੱਖ, ਪਸ਼ੂ-ਪੰਛੀ ਅਤੇ ਹਰ ਜੀਵ ਵਾਤਾਵਰਣ 'ਤੇ ਨਿਰਭਰ ਕਰਦਾ ਹੈ। ਜੇਕਰ ਵਾਤਾਵਰਣ ਪ੍ਰਦੂਸ਼ਿਤ ਹੋ ਜਾਵੇ ਤਾਂ ਜੀਵਨ ਦੇ ਹਰ ਪੱਖ 'ਤੇ ਇਸਦਾ ਨਕਾਰਾਤਮਕ ਪ੍ਰਭਾਵ ਪੈਂਦਾ ਹੈ। ਇਸ ਲਈ ਵਾਤਾਵਰਣ ਦੀ ਸੁਰੱਖਿਆ ਅਤੇ ਸੰਭਾਲ ਹਰ ਮਨੁੱਖ ਦਾ ਫ਼ਰਜ਼ ਹੈ, ਇਸ ਦਿਵਸ ਦੀ ਸ਼ੁਰੂਆਤ ਸੰਯੁਕਤ ਰਾਸ਼ਟਰ ਵੱਲੋਂ 1972 ਵਿੱਚ ਸਟਾਕਹੋਮ ਕਾਨਫਰੰਸ ਦੌਰਾਨ ਕੀਤੀ ਗਈ ਸੀ। ਇਸ ਦਿਨ ਦਾ ਮੁੱਖ ਉਦੇਸ਼ ਲੋਕਾਂ ਵਿੱਚ ਵਾਤਾਵਰਣ ਸੰਬੰਧੀ ਜਾਗਰੂਕਤਾ ਪੈਦਾ ਕਰਨਾ ਅਤੇ ਕੁਦਰਤੀ ਸਰੋਤਾਂ ਦੀ ਰੱਖਿਆ ਲਈ ਪ੍ਰੇਰਿਤ ਕਰਨਾ ਹੈ। ਅੱਜ ਇਹ ਦਿਵਸ ਦੁਨੀਆਂ ਭਰ ਵਿੱਚ ਬਹੁਤ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਸਕੂਲਾਂ, ਕਾਲਜਾਂ, ਸਰਕਾਰੀ ਦਫ਼ਤਰਾਂ ਅਤੇ ਸਮਾਜਿਕ ਸੰਸਥਾਵਾਂ ਵੱਲੋਂ ਰੁੱਖ ਲਗਾਉਣ, ਰੈਲੀਆਂ ਕੱਢਣ, ਸੈਮੀਨਾਰ ਕਰਵਾਉਣ ਅਤੇ ਸਫ਼ਾਈ ਅਭਿਆਨ ਚਲਾਉਣ ਵਰਗੇ ਕਾਰਜ ਕੀਤੇ ਜਾਂਦੇ ਹਨ।

ਮੌਜੂਦਾ ਸਮੇਂ ਵਿੱਚ ਵਾਤਾਵਰਣ ਕਈ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰ ਰਿਹਾ ਹੈ। ਉਦਯੋਗੀਕਰਨ ਅਤੇ ਸ਼ਹਿਰੀਕਰਨ ਕਾਰਨ ਹਵਾ, ਪਾਣੀ ਅਤੇ ਮਿੱਟੀ ਦਾ ਪ੍ਰਦੂਸ਼ਨ ਵੱਧ ਰਿਹਾ ਹੈ। ਕਾਰਖਾਨਿਆਂ ਅਤੇ ਵਾਹਨਾਂ ਤੋਂ ਨਿਕਲਣ ਵਾਲਾ ਧੂੰਆ ਹਵਾ ਨੂੰ ਜ਼ਹਿਰੀਲਾ ਬਣਾ ਰਿਹਾ ਹੈ। ਨਦੀਆਂ ਅਤੇ ਝੀਲਾਂ ਵਿੱਚ ਕਚਰਾ ਅਤੇ ਰਸਾਇਣਿਕ ਪਦਾਰਥ ਸੁੱਟੇ ਜਾਣ ਕਾਰਨ ਪਾਣੀ ਪ੍ਰਦੂਸ਼ਿਤ ਹੋ ਰਿਹਾ ਹੈ। ਜੰਗਲਾਂ ਦੀ ਕਟਾਈ ਨਾਲ ਕੁਦਰਤੀ ਸੰਤੁਲਨ ਖ਼ਰਾਬ ਹੋ ਰਿਹਾ ਹੈ ਅਤੇ ਬੇਸ਼ੁਮਾਰ ਜੀਵ-ਜੰਤੂਆਂ ਦੀਆਂ ਪ੍ਰਜਾਤੀਆਂ ਲੁਪਤ ਹੋ ਰਹੀਆਂ ਹਨ। ਇਸ ਤੋਂ ਇਲਾਵਾ, ਗਲੋਬਲ ਵਾਰਮਿੰਗ ਅਤੇ ਮੌਸਮੀ ਤਬਦੀਲੀਆਂ ਕਾਰਨ ਧਰਤੀ ਦਾ ਤਾਪਮਾਨ ਲਗਾਤਾਰ ਵੱਧ ਰਿਹਾ ਹੈ, ਜਿਸ ਨਾਲ ਬਰਫ਼ੀਲੇ ਪਹਾੜ ਪਿਘਲ ਰਹੇ ਹਨ ਅਤੇ ਕੁਦਰਤੀ ਆਫ਼ਤਾਂ ਵੱਧ ਰਹੀਆਂ ਹਨ।

ਪਲਾਸਟਿਕ ਪ੍ਰਦੂਸ਼ਨ ਵੀ ਇੱਕ ਵੱਡੀ ਸਮੱਸਿਆ ਬਣ ਚੁੱਕੀ ਹੈ। ਇੱਕ ਵਾਰ ਵਰਤੇ ਜਾਣ ਵਾਲੇ ਪਲਾਸਟਿਕ ਦੇ ਸਮਾਨ ਨਾਲ ਧਰਤੀ ਅਤੇ ਪਾਣੀ ਦੇ ਸਰੋਤ ਪ੍ਰਦੂਸ਼ਿਤ ਹੋ ਰਹੇ ਹਨ। ਇਹ ਪਲਾਸਟਿਕ ਕਈ ਸਾਲਾਂ ਤੱਕ ਨਸ਼ਟ ਨਹੀਂ ਹੁੰਦਾ ਅਤੇ ਪਸ਼ੂ-ਪੰਛੀਆਂ ਲਈ ਵੀ ਖ਼ਤਰਨਾਕ ਸਾਬਤ ਹੁੰਦਾ ਹੈ। ਇਸ ਲਈ ਸਾਨੂੰ ਕਪੜੇ ਜਾਂ ਕਾਗਜ਼ ਦੇ ਥੈਲਿਆਂ ਦੀ ਵਰਤੋਂ ਕਰਨੀ ਚਾਹੀਦੀ ਹੈ ਅਤੇ ਪਲਾਸਟਿਕ ਦੀ ਵਰਤੋਂ ਘਟਾਉਣੀ ਚਾਹੀਦੀ ਹੈ।

ਵਾਤਾਵਰਣ ਦੀ ਰੱਖਿਆ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ, ਕਿਉਂਕਿ ਰੁੱਖ ਸਾਨੂੰ ਆਕਸੀਜਨ ਪ੍ਰਦਾਨ ਕਰਦੇ ਹਨ ਅਤੇ ਪ੍ਰਦੂਸ਼ਣ ਘਟਾਉਣ ਵਿੱਚ ਮੱਦਦ ਕਰਦੇ ਹਨ। ਸਾਨੂੰ ਪਾਣੀ ਦੀ ਬੱਚਤ ਕਰਨੀ ਚਾਹੀਦੀ ਹੈ ਅਤੇ ਬਿਜਲੀ ਦੀ ਫ਼ਜ਼ੂਲ ਖਪਤ ਤੋਂ ਬਚਣਾ ਚਾਹੀਦਾ ਹੈ। ਜਨਤਕ ਆਵਾਜਾਈ ਦੀ ਵਰਤੋਂ ਕਰਕੇ ਅਤੇ ਸਾਈਕਲ ਚਲਾ ਕੇ ਵੀ ਪ੍ਰਦੂਸ਼ਣ ਨੂੰ ਘਟਾਇਆ ਜਾ ਸਕਦਾ ਹੈ। ਘਰਾਂ ਅਤੇ ਦਫ਼ਤਰਾਂ ਵਿੱਚ ਕੂੜੇ ਨੂੰ ਵੱਖ-ਵੱਖ ਕਰਕੇ ਰੀਸਾਈਕਲ ਕਰਨ ਦੀ ਆਦਤ ਪੈਦਾ ਕਰਨੀ ਚਾਹੀਦੀ ਹੈ।

ਵਿਦਿਆਰਥੀਆਂ ਅਤੇ ਨੌਜਵਾਨਾਂ ਦੀ ਭੂਮਿਕਾ ਵੀ ਬਹੁਤ ਮਹੱਤਵਪੂਰਨ ਹੈ। ਜੇਕਰ ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਵਾਤਾਵਰਣ ਦੀ ਮਹੱਤਤਾ ਬਾਰੇ ਸਿੱਖਿਆ ਦਿੱਤੀ ਜਾਵੇ ਤਾਂ ਉਹ ਭਵਿੱਖ ਵਿੱਚ ਜ਼ਿੰਮੇਵਾਰ ਨਾਗਰਿਕ ਬਣ ਸਕਦੇ ਹਨ। ਹਰ ਵਿਅਕਤੀ ਨੂੰ ਆਪਣੇ ਆਲੇ-ਦੁਆਲੇ ਸਫ਼ਾਈ ਰੱਖਣ ਅਤੇ ਹੋਰ ਲੋਕਾਂ ਨੂੰ ਵੀ ਜਾਗਰੂਕ ਕਰਨ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ।

ਅੰਤ ਵਿੱਚ, ਵਿਸ਼ਵ ਵਾਤਾਵਰਣ ਦਿਵਸ ਸਾਨੂੰ ਇਹ ਸੰਦੇਸ਼ ਦਿੰਦਾ ਹੈ ਕਿ ਧਰਤੀ ਸਾਡਾ ਸਾਂਝਾ ਘਰ ਹੈ ਅਤੇ ਇਸਦੀ ਰੱਖਿਆ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਜੇ ਅਸੀਂ ਅੱਜ ਵਾਤਾਵਰਣ ਦੀ ਸੰਭਾਲ ਕਰਾਂਗੇ ਤਾਂ ਹੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਸਾਫ਼, ਸੁੰਦਰ ਅਤੇ ਸਿਹਤਮੰਦ ਧਰਤੀ ਮਿਲ ਸਕੇਗੀ। ਸਾਨੂੰ ਸਾਰੇ ਮਿਲ ਕੇ ਇਹ ਸੰਕਲਪ ਲੈਣਾ ਚਾਹੀਦਾ ਹੈ ਕਿ ਅਸੀਂ ਵਾਤਾਵਰਣ ਦੀ ਰੱਖਿਆ ਲਈ ਹਮੇਸ਼ਾਂ ਯਤਨਸ਼ੀਲ ਰਹਾਂਗੇ।

ਹਰਾ-ਭਰਾ ਵਾਤਾਵਰਣ ਹੀ ਸਿਹਤਮੰਦ ਜੀਵਨ ਦੀ ਪਹਿਚਾਣ ਹੈ।

ਰੁੱਖ ਲਗਾਓ - ਧਰਤੀ ਬਚਾਓ

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸਾਲਾਨਾ ਗੁਰਮਤਿ ਸਮਾਗਮ ਭਲਕੇ



ਲੁਧਿਆਣਾ, 4 ਜੂਨ (ਰਵਿੰਦਰ ਸਿੰਘ ਨਿੱਝਰ) : ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਸ਼ਹੀਦੀ ਗੁਰਪੁਰਬ ਅਤੇ ਜੂਨ '84 ਦੇ ਸਮੂਹ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ 35ਵਾਂ ਮਹਾਨ ਸਾਲਾਨਾ ਗੁਰਮਤਿ ਸਮਾਗਮ' ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਅਤੇ ਕਥਾ ਕੀਰਤਨ ਸਮਾਗਮ 6 ਜੂਨ ਦਿਨ ਸ਼ਨੀਵਾਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿਦਿਆ ਪ੍ਰਧਾਨ ਭੁਪਿੰਦਰ ਸਿੰਘ ਦਿਓਲ ਅਤੇ ਮਲਕੀਤ ਸਿੰਘ ਦਿਓਲ ਨੇ ਦੱਸਿਆ ਕਿ 6 ਜੂਨ ਦਿਨ ਸ਼ਨਿੱਚਰਵਾਰ ਨੂੰ ਡਾਬਾ ਰੋਡ, ਦਿਓਲ ਮਾਰਕੀਟ ਨੇੜੇ ਮੈੜ ਦੀ ਚੱਕੀ ਲੁਧਿਆਣਾ ਵਿਖੇ ਸ੍ਰੀ ਸੁਖਮਨੀ ਸਾਹਿਬ ਪਾਠ ਦਾ ਭੋਗ ਸਵੇਰੇ 9:30 ਵਜੇ ਪਾਇਆ ਜਾਵੇਗਾ, ਉਪਰੰਤ ਕੀਰਤਨ ਅਤੇ ਕਥਾ 11.30 ਵਜੇ ਹੋਵੇਗੀ। ਇਸ ਮੌਕੇ ਨੱਕ, ਹੱਡੀਆਂ, ਸ਼ੂਗਰ, ਬੇਨ, ਬੀ. ਪੀ. ਥੈਰੇਪੀ ਚੈੱਕਅਪ, ਹੋਮਿਓਪੈਥਿਕ ਅਤੇ ਦਿਲ ਦੀਆਂ ਬਿਮਾਰੀਆਂ ਦੀ ਮੁਫਤ ਜਾਂਚ ਕੀਤੀ ਜਾਵੇਗੀ ਅਤੇ ਮੁਫਤ ਦਵਾਈਆ ਦਿੱਤੀਆਂ ਜਾਣਗੀਆਂ।




# 'ਜੂਨ 1984' ਦੇ ਘੱਲੂਘਾਰੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਆਰੰਭ, ਦੁਖਾਂਤ ਨੂੰ ਬਿਆਨ ਕਰਦੀਆਂ ਤਸਵੀਰਾਂ ਦੀ ਲਗਾਈ ਪ੍ਰਦਰਸ਼ਨੀ







ਅੰਮ੍ਰਿਤਸਰ, 4 ਜੂਨ (ਗੁਰਦਿਆਲ ਸਿੰਘ) :ਜੂਨ 1984 'ਚ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘ, ਸਿੰਘਣੀਆਂ ਤੇ ਬੱਚਿਆਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ ਲਈ 6 ਜੂਨ ਨੂੰ ਹੋਣ ਵਾਲੇ ਸਾਲਾਨਾ ਸ਼ਹੀਦੀ ਸਮਾਗਮ ਦੇ ਸਬੰਧ ਵਿਚ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ। ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਸਮੇਤ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਮੌਜੂਦ ਸਨ। ਇਸ ਦੌਰਾਨ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜੂਨ ਦਾ ਪਹਿਲਾਂ ਹਫ਼ਤਾ ਸਿੱਖ ਮਾਨਸਿਕਤਾ ਲਈ ਬੇਹੱਦ ਪੀੜਾਮਈ ਹੈ। 1984 'ਚ ਜੂਨ ਦੇ ਪਹਿਲੇ ਹਫ਼ਤੇ ਸਮੇਂ ਦੀ ਕਾਂਗਰਸ ਸਰਕਾਰ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਹੋਰ ਗੁਰਦੁਆਰਾ ਸਾਹਿਬਾਨ 'ਤੇ ਫ਼ੌਜੀ ਹਮਲਾ ਕਰਕੇ ਸਿੱਖ ਕੌਮ ਨੂੰ ਡੂੰਘੇ ਜ਼ਖ਼ਮ ਦਿੱਤੇ ਹਨ, ਜੋ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਇਸ ਘੱਲੂਘਾਰੇ ਵਿੱਚ ਜਿਥੇ ਅਨੇਕਾਂ ਸ਼ਹਾਦਤਾਂ ਹੋਈਆਂ, ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਵਨ ਸਰੂਪ ਵੀ ਗੋਲੀਆਂ ਲੱਗਣ ਕਾਰਨ ਜ਼ਖ਼ਮੀ ਹੋਏ। ਉਨ੍ਹਾਂ ਕਿਹਾ ਕਿ ਘੱਲੂਘਾਰੇ ਦੀ ਯਾਦ 'ਚ ਹਰ ਸਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਕਰਕੇ ਸ਼ਹੀਦਾਂ ਨੂੰ ਸਤਿਕਾਰ ਭੇਟ ਕੀਤਾ ਜਾਂਦਾ ਹੈ। ਮੀਡੀਆ ਨਾਲ ਗੱਲਬਾਤ ਦੌਰਾਨ ਐਡਵੋਕੇਟ ਧਾਮੀ ਨੇ ਬੰਦੀ ਸਿੰਘਾਂ ਦੀ ਰਿਹਾਈ ਦੀ ਵੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਅਤੇ ਹੋਰ ਸਿੰਘ ਸਿੱਖਾਂ ਦੇ ਵਿਰੁੱਧ ਹੋਏ ਜ਼ੁਲਮਾਂ ਵਿਰੁੱਧ ਸੰਘਰਸ਼ ਦੇ ਰਾਹ 'ਤੇ ਤੁਰੇ ਸਨ ਅਤੇ ਕਰੀਬ ਤਿੰਨ ਦਿਹਾਕਿਆਂ ਤੋਂ ਜੇਲ੍ਹਾਂ ਵਿਚ ਨਜ਼ਰਬੰਦ ਹਨ। ਸਰਕਾਰ ਨੂੰ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਤੁਰੰਤ ਫੈਸਲਾ ਕਰਨਾ ਚਾਹੀਦਾ ਹੈ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਆਦਿ ਹਾਜ਼ਰ ਸਨ।

ਜੂਨ 1984 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਢਹਿ-ਢੇਰੀ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਵਾਪਰੇ ਦੁਖਾਂਤ ਨੂੰ ਬਿਆਨ ਕਰਦੀਆਂ ਤਸਵੀਰਾਂ ਦੀ ਪ੍ਰਦਰਸ਼ਨੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਬਾਹਰਵਾਰ ਲਗਾਈ ਗਈ ਹੈ। ਪ੍ਰਦਰਸ਼ਨੀ ਵਿਚ ਲਗਾਈਆਂ ਗਈਆਂ ਵੱਖ-ਵੱਖ ਤਸਵੀਰਾਂ ਸਰਕਾਰ ਵੱਲੋਂ ਕੀਤੇ ਗਏ ਜ਼ੁਲਮ ਨੂੰ ਬਿਆਨ ਕਰਦੀਆਂ ਹਨ। ਇਹ ਪ੍ਰਦਰਸ਼ਨੀ 6 ਜੂਨ ਤੱਕ ਜਾਰੀ ਰਹੇਗੀ, ਜਿਸ ਨੂੰ ਸੰਗਤਾਂ ਸਵੇਰ ਤੋਂ ਸ਼ਾਮ ਤੱਕ ਦੇਖ ਸਕਣਗੀਆਂ। ਇਸ ਪ੍ਰਦਰਸ਼ਨੀ ਦਾ ਮੰਤਵ ਸੰਗਤਾਂ ਅਤੇ ਖ਼ਾਸਕਰ ਨੌਜੁਆਨੀ ਨੂੰ ਜੂਨ 1984 ਵੇਲੇ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਸਿੱਖ ਕੌਮ 'ਤੇ ਕੀਤੇ ਹਮਲੇ ਤੋਂ ਜਾਣੂੰ ਕਰਵਾਉਣਾ ਹੈ।

# ਚੀਫ਼ ਖ਼ਾਲਸਾ ਦੀਵਾਨ ਵੱਲੋਂ ਚਾਰ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਸੰਪੰਨ



ਅੰਮ੍ਰਿਤਸਰ, 4 ਜੂਨ (ਬਬਲੂ ਮਹਾਜਨ) : ਚੀਫ ਖਾਲਸਾ ਦੀਵਾਨ ਦੇ ਪ੍ਰਧਾਨ ਡਾ ਇੰਦਰਬੀਰ ਸਿੰਘ ਨਿੱਜਰ ਜੀ ਦੀ ਯੋਗ ਅਗਵਾਈ ਹੇਠ ਚੱਲ ਸਿਰਮੌਰ ਵਿੱਦਿਅਕ ਸੰਸਥਾ ਚੀਫ਼ ਖ਼ਾਲਸਾ ਦੀਵਾਨ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਚਾਰ ਰੋਜ਼ਾ ਕਿਵ ਸਚਿਆਰਾ ਹੋਈਐ ਗੁਰਮਿਤ ਸਿਖਲਾਈ ਕੈਂਪ, ਗੁਰਮਤਿ ਸਾਗਰ ਟਰਸੱਟ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਗਾਇਆ ਗਿਆ, ਜਿਸ ਵਿੱਚ ਚੀਫ਼ ਖ਼ਾਲਸਾ ਦੀਵਾਨ ਦੇ ਵੱਖੋ ਵੱਖ ਸਕੂਲਾਂ ਦੇ 60 ਵਿਦਿਆਰਥੀਆਂ ਨੇ ਭਾਗ ਲਿਆ। ਇਹਨਾਂ ਵਿਦਿਆਰਥੀਆਂ ਨੂੰ ਗੁਰਬਾਣੀ, ਇਤਿਹਾਸ, ਸਮੇਂ ਦੇ ਹਾਣੀ ਬਣਾਉਣ ਲਈ ਆਧੁਨਿਕ ਵਿੱਦਿਆ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਵਹਿਮਾਂ -ਭਰਮਾਂ,ਕਰਮ ਕਾਂਡਾਂ ਤੋਂ ਸੁਚੇਤ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਹਨਾਂ ਉਪਰੋਕਤ ਵਿਸ਼ਿਆਂ ਲਈ ਜਾਣਕਾਰੀ ਸਾਂਝੀ ਕਰਨ ਲਈ ਡਾ ਨਵਲਪ੍ਰੀਤ ਸਿੰਘ ਮਾਸ ਮੀਡੀਆ ਮਾਹਿਰ, ਵਾਇੰਸ ਪ੍ਰਿੰਸੀਪਲ ਸੁਖਵਿੰਦਰ ਸਿੰਘ ਦਦੇਹਰ ਗੁਰਮਤਿ ਗਿਆਨ ਮਿਸ਼ਨਰੀ ਕਾਲਜ ਲੁਧਿਆਣਾ, ਪ੍ਰਿੰਸੀਪਲ ਹਰਵੀਰ ਸਿੰਘ, ਗਿਆਨੀ ਜਸਵਿੰਦਰ ਸਿੰਘ ਚੰਡੀਗੜ੍ਹ, ਉੱਘੇ ਸਿੱਖ ਪ੍ਰਚਾਰਕ ਸ੍ਰ ਸੁਖਵਿੰਦਰ ਸਿੰਘ ਰਟੌਲ ਐਸ ਜੀ ਪੀ ਸੀ ਅਤੇ ਡਾਕਟਰ ਅਮਿਤੋਜ਼ ਸਿੰਘ ਅਨੰਦਪੁਰ ਸਾਹਿਬ ਨੇ ਵੱਖੋ ਵੱਖ ਵਿਸ਼ਿਆਂ 'ਤੇ ਬੱਚਿਆਂ ਨੂੰ ਜਾਣਕਾਰੀ ਦਿੱਤੀ ਅਤੇ ਉਹਨਾਂ ਨਾਲ ਸਵਾਲ ਜੁਆਬ ਸਾਂਝੇ ਕੀਤੇ। ਕੈਂਪ ਦੇ ਆਖਰੀ ਦਿਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਸ੍ਰ ਕੁਲਜੀਤ ਸਿੰਘ, ਸਿੰਘ ਬ੍ਰਦਰਜ਼, ਹਰਮਨਜੀਤ ਸਿੰਘ, ਦੀਵਾਨ ਮੈਂਬਰ ਸ੍ਰ ਇੰਦਰਜੀਤ ਸਿੰਘ ਅੜੀ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਬੱਚਿਆਂ ਨੂੰ ਸਨਮਾਨਿਤ ਕੀਤਾ ਅਤੇ ਭਵਿੱਖ ਵਿੱਚ ਗੁਰਬਾਣੀ ਇਤਿਹਾਸ ਅਤੇ ਸਰਬੱਤ ਦੇ ਭਲੇ ਦੇ ਕਾਰਜ ਕਰਨ ਅਤੇ ਵਿੱਦਿਅਕ ਖੇਤਰ ਵਿੱਚ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਹਰਕੰਵਲ ਸਿੰਘ ਕੋਹਲੀ, ਕੈਂਪ ਕੋਆਰਡੀਨੇਟਰ ਮੈਡਮ ਸੁਖਜੀਤ ਕੌਰ, ਧਾਰਮਿਕ ਅਧਿਆਪਕ ਬੀਬੀ ਮਨਦੀਪ ਕੌਰ, ਸ੍ਰ ਹਰਪਾਲ ਸਿੰਘ, ਸ੍ਰ ਜਗਜੀਤ ਸਿੰਘ ਪੱਟੀ, ਸ੍ਰ ਅੰਮ੍ਰਿਤਪਾਲ ਸਿੰਘ, ਸ੍ਰ ਨਿਰਮਲ ਸਿੰਘ, ਸ੍ਰ ਸੇਵਾ ਸਿੰਘ ਅਨੰਦਪੁਰ ਸਾਹਿਬ ਤੋਂ ਇਲਾਵਾ ਕੈਂਪ ਵਿੱਚ ਵੱਖ ਵੱਖ ਬਰਾਂਚਾਂ ਦੇ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।

# ਪੰਡੋਰੀ ਖ਼ਿਲਾਫ਼ ਪੁਲਿਸ ਕਾਰਵਾਈ ਦੀ ਸੁਖਬੀਰ ਬਾਦਲ ਵੱਲੋਂ ਨਿਖੇਧੀ

## ਅਕਾਲੀ ਵਰਕਰਾਂ ਨੂੰ ਸਿਆਸੀ ਰੰਜਿਸ਼ ਤਹਿਤ ਨਿਸ਼ਾਨਾ ਬਣਾ ਰਹੀ ਹੈ ਸਰਕਾਰ : ਸੁਖਬੀਰ ਸਿੰਘ ਬਾਦਲ



ਅੰਮ੍ਰਿਤਸਰ, 4 ਜੂਨ (ਬਬਲੂ ਮਹਾਜਨ) : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੰਮ੍ਰਿਤਸਰ ਤੋਂ ਪਾਰਟੀ ਦੇ ਵੀ.ਸੀ. ਵਿੰਗ ਦੇ ਸ਼ਹਿਰੀ ਪ੍ਰਧਾਨ ਅਤੇ ਕੌਂਸਲਰ ਇੰਦਰਜੀਤ ਸਿੰਘ ਪੰਡੋਰੀ ਖ਼ਿਲਾਫ਼ ਕੀਤੀ ਗਈ ਪੁਲਿਸ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਸਰਕਾਰ ਸਿਆਸੀ ਰੰਜਿਸ਼ ਤਹਿਤ ਅਕਾਲੀ ਆਗੂਆਂ ਅਤੇ ਵਰਕਰਾਂ ਨੂੰ ਜਾਣ-ਬੁੱਝ ਕੇ ਨਿਸ਼ਾਨਾ ਬਣਾ ਰਹੀ ਹੈ।ਸੁਖਬੀਰ ਸਿੰਘ ਬਾਦਲ ਨੇ ਆਪਣੇ ਸੋਸ਼ਲ ਮੀਡੀਆ ਸੰਦੇਸ਼ ਰਾਹੀਂ ਕਿਹਾ ਕਿ ਇੰਦਰਜੀਤ ਸਿੰਘ ਪੰਡੋਰੀ ਖ਼ਿਲਾਫ਼ ਝੂਠਾ ਪਰਚਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੁਲਿਸ ਵੱਲੋਂ ਦੇਰ ਰਾਤ ਕਰੀਬ 2:30 ਵਜੇ ਪੰਡੋਰੀ ਦੇ ਘਰ ਛਾਪੇਮਾਰੀ ਕੀਤੀ ਗਈ ਅਤੇ ਪਰਿਵਾਰਕ ਮੈਂਬਰਾਂ ਨੂੰ ਬੇਵਜ੍ਹਾ ਤੰਗ-ਪਰੇਸ਼ਾਨ ਕੀਤਾ ਗਿਆ।ਅਕਾਲੀ ਦਲ ਪ੍ਰਧਾਨ ਨੇ ਕਿਹਾ ਕਿ ਮੌਜੂਦਾ ਸੂਬਾ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਵਿਰੋਧੀ ਧਿਰ ਦੇ ਵਰਕਰਾਂ ਨੂੰ ਦਬਾਉਣ ਲਈ ਹਰ ਸੰਭਵ ਤਰੀਕਾ ਅਪਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਧੱਕੇਸ਼ਾਹੀਆਂ ਨਾਲ ਅਕਾਲੀ ਆਗੂ ਅਤੇ ਵਰਕਰ ਡਰਨ ਵਾਲੇ ਨਹੀਂ ਹਨ ਅਤੇ ਨਾ ਹੀ ਉਹ ਆਪਣੇ ਹੱਕਾਂ ਦੀ ਲੜਾਈ ਤੋਂ ਪਿੱਛੇ ਹਟਣਗੇ।ਸੁਖਬੀਰ ਬਾਦਲ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਝੂਠੇ ਕੇਸ ਦਰਜ ਕਰਨ ਅਤੇ ਗੈਰ-ਕਾਨੂੰਨੀ ਕਾਰਵਾਈਆਂ ਕਰਨ ਵਾਲੇ ਅਧਿਕਾਰੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਹਰ ਅਧਿਕਾਰੀ ਤੋਂ ਜਵਾਬਦੇਹੀ ਤੈਅ ਕੀਤੀ ਜਾਵੇਗੀ ਅਤੇ ਹਰ ਗੈਰ-ਕਾਨੂੰਨੀ ਕਾਰਵਾਈ ਦਾ ਹਿਸਾਬ ਲਿਆ ਜਾਵੇਗਾ।ਉਨ੍ਹਾਂ ਜੋਬਨਪ੍ਰੀਤ ਸਿੰਘ ਦੀ ਗ੍ਰਿਫ਼ਤਾਰੀ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਸ ਮਾਮਲੇ ਵਿੱਚ ਹਾਈਕੋਰਟ ਵੱਲੋਂ ਪਹਿਲਾਂ ਹੀ ਸਰਕਾਰ ਨੂੰ ਸਖ਼ਤ ਟਿੱਪਣੀਆਂ ਦਾ ਸਾਹਮਣਾ ਕਰਨਾ ਪਿਆ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਆਪਣੇ ਹਰ ਵਰਕਰ ਦੇ ਨਾਲ ਚੱਟਾਨ ਵਾਂਗ ਖੜ੍ਹਾ ਹੈ ਅਤੇ ਪਾਰਟੀ ਆਪਣੇ ਵਰਕਰਾਂ ਦੇ ਹੱਕਾਂ ਦੀ ਰੱਖਿਆ ਲਈ ਹਰ ਪੱਧਰ 'ਤੇ ਸੰਘਰਸ਼ ਕਰਦੀ ਰਹੇਗੀ।

# ਫੂਡ ਸੇਫਟੀ ਵਿਭਾਗ ਵੱਲੋਂ ਲਏ 12 ਸੈਂਪਲਾਂ ਵਿੱਚੋਂ 8 ਫੇਲ੍ਹ



ਅੰਮ੍ਰਿਤਸਰ, 4 ਜੂਨ (ਬਬਲੂ ਮਹਾਜਨ): ਮਾਣਯੋਗ ਕਮਿਸ਼ਨਰ ਫੂਡ ਅਤੇ ਡਰੱਗ ਐਡਮਨਿਸਟਰੇਸ਼ਨ ਪੰਜਾਬ ਦੀਆਂ ਹਦਾਇਤਾਂ ਤਹਿਤ ਮੁੱਖ ਦਫ਼ਤਰ ਵੱਲੋਂ ਡਾ. ਜੀ.ਐੱਸ. ਪੰਨੂ, ਸਹਾਇਕ ਕਮਿਸ਼ਨਰ ਫੂਡ ਦੀ ਅਗਵਾਈ ਹੇਠ ਗਠਿਤ ਕੀਤੀ ਟੀਮ ਵੱਲੋਂ ਬੀਤੀ 21 ਮਈ 2026 ਨੂੰ ਅੰਮ੍ਰਿਤਸਰ ਸ਼ਹਿਰ ਦੀਆਂ ਵੱਖ-ਵੱਖ ਡੇਅਰੀਆਂ ਤੋਂ ਦੁੱਧ ਅਤੇ ਦੁੱਧ ਤੋਂ ਬਣੀਆਂ ਵਸਤੂਆਂ ਦੇ ਜੋ 12 ਸੈਂਪਲ ਲੈ ਕੇ ਜਾਂਚ ਲਈ ਫੂਡ ਲੈਬਾਰਟਰੀ, ਖਰੜ ਵਿਖੇ ਭੇਜੇ ਗਏ ਸਨ, ਉਨ੍ਹਾਂ ਵਿੱਚੋਂ 2 ਸੈਂਪਲ ਨਾ-ਖਾਣ ਯੋਗ ਅਤੇ 6 ਸੈਂਪਲ ਗੈਰ-ਮਿਆਰੀ ਪਾਏ ਗਏ ਹਨ। ਇਸ ਤੋਂ ਇਲਾਵਾ 4 ਸੈਂਪਲ ਪਾਸ ਹੋਏ ਹਨ।ਫੇਲ੍ਹ ਹੋਏ ਸੈਂਪਲਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਡਾ. ਜੀ.ਐੱਸ. ਪੰਨੂ, ਸਹਾਇਕ ਕਮਿਸ਼ਨਰ ਫੂਡ ਨੇ 21 ਮਈ ਨੂੰ ਅੰਮ੍ਰਿਤਸਰ ਸ਼ਹਿਰ ਦੀਆਂ ਜਿਨ੍ਹਾਂ ਡੇਅਰੀਆਂ ਤੋਂ ਦੁੱਧ ਅਤੇ ਦੁੱਧ ਤੋਂ ਬਣੀਆਂ ਵਸਤੂਆਂ ਦੇ ਸੈਂਪਲ ਲਏ ਗਏ ਸਨ, ਉਨ੍ਹਾਂ ਵਿੱਚ ਗਿੱਲ ਡੇਅਰੀ, ਅੱਡਾ ਗੌਂਸਾਬਾਦ, ਰਾਮ ਤੀਰਥ ਰੋਡ ਤੋਂ ਪਨੀਰ ਦੇ ਦੋ ਸੈਂਪਲ ਲਏ ਸਨ, ਜਿਨ੍ਹਾਂ ਵਿੱਚੋਂ ਇੱਕ ਨਾ-ਖਾਣਯੋਗ ਅਤੇ 1 ਗੈਰ ਮਿਆਰੀ ਪਾਇਆ ਗਿਆ ਹੈ। ਇਸੇ ਤਰ੍ਹਾਂ ਗੁਰੂ ਨਾਨਕ ਡੇਅਰੀ, ਰਾਮ ਤੀਰਥ ਰੋਡ, ਪੁਤਲੀਘਰ ਤੋਂ ਦੁੱਧ ਦਾ ਸੈਂਪਲ ਗੈਰ ਮਿਆਰੀ ਪਾਇਆ ਗਿਆ ਹੈ।ਸਹਾਇਕ ਕਮਿਸ਼ਨਰ ਫੂਡ ਡਾ. ਜੀ.ਐੱਸ. ਫੂਡ ਨੇ ਅੱਗੇ ਦੱਸਿਆ ਕਿ ਗੁਰੂ ਡੇਅਰੀ, ਪੁਤਲੀ ਘਰ ਦਾ 1 ਪਨੀਰ ਦਾ ਅਤੇ 1 ਦੁੱਧ ਦਾ ਸੈਂਪਲ ਵੀ ਗੈਰ-ਮਿਆਰੀ ਪਾਇਆ ਗਿਆ ਹੈ। ਇਸੇ ਤਰ੍ਹਾਂ ਸ਼ਰਮਾਂ ਡੇਅਰੀ,ਪੁਤਲੀਘਰ ਤੋਂ ਦਹੀਂ ਦਾ ਇੱਕ ਸੈਂਪਲ ਗੈਰ-ਮਿਆਰੀ ਪਾਇਆ ਗਿਆ ਹੈ। ਛਾਬੜਾ ਡੇਅਰੀ, ਪੁਤਲੀਘਰ ਤੋਂ ਪਨੀਰ ਦਾ ਇੱਕ ਸੈਂਪਲ ਲਿਆ ਗਿਆ ਸੀ, ਜੋ ਗੈਰ-ਮਿਆਰੀ ਪਾਇਆ ਗਿਆ ਹੈ। ਡਾ. ਪੰਨੂ ਨੇ ਅੱਗੇ ਦੱਸਿਆ ਕਿ ਢਿਲੋਂ ਡੇਅਰੀ, ਇੰਡੀਆ ਗੇਟ ਤੋਂ ਲਿਆ ਗਿਆ ਪਨੀਰ ਦਾ ਸੈਂਪਲ ਨਾ-ਖਾਣ ਯੋਗ ਪਾਇਆ ਗਿਆ ਹੈ। ਡਾ. ਪੰਨੂ ਨੇ ਦੱਸਿਆ ਕਿ ਜਿਨ੍ਹਾਂ ਡੇਅਰੀਆਂ ਦੇ ਸੈਂਪਲ ਫੇਲ੍ਹ ਪਾਏ ਗਏ ਹਨ। ਉਨ੍ਹਾਂ ਦੇ ਵਿਰੁੱਧ ਫੂਡ ਸੇਫ਼ਟੀ ਵਿਭਾਗ ਵੱਲੋਂ ਬਣਦੀ ਫੂਡ ਸੇਫ਼ਟੀ ਅਤੇ ਸਟੈਂਡਰਡ ਐਕਟ-2006 ਅਧੀਨ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਖਾਣ-ਪੀਣ ਦੀਆਂ ਵਸਤਾਂ ਵਿੱਚ ਮਿਲਾਵਟਖੋਰੀ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

# ਬਾਬਾ ਭੂਰੇ ਸ਼ਾਹ 'ਤੇ ਸੱਭਿਆਚਾਰਕ ਮੇਲਾ ਤੇ ਕੁਸ਼ਤੀ ਦੰਗਲ ਕਰਵਾਇਆ



ਚੋਗਾਵਾਂ, 4 ਜੂਨ (ਸੁਬੇਗ ਸਿੰਘ ਸੋਨਾ): ਕਸਬਾ ਚੋਗਾਵਾਂ ਵਿਖੇ ਦਰਗਾਹ ਬਾਬਾ ਭੂਰੇ ਸ਼ਾਹ ਦਾ ਸਾਲਾਨਾ ਸੱਭਿਆਚਾਰਕ ਮੇਲਾ ਤੇ ਕੁਸ਼ਤੀ ਦੰਗਲ ਸਮੂਹ ਪਿੰਡ ਵਾਸੀ ਅਤੇ ਐਨ.ਆਰ.ਆਈ ਵੀਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਸਵੇਰ ਤੋਂ ਹੀ ਵੱਡੀ ਗਿਣਤੀ ਦੇ ਵਿੱਚ ਸ਼ਰਧਾਲੂਆਂ ਨੇ ਦਰਗਾਹ ਤੇ ਪੁੱਜ ਕੇ ਮੱਥਾ ਟੇਕਿਆ ਤੇ ਮਨੋਕਾਮਨਾਵਾਂ ਪੂਰੀਆਂ ਹੋਣ 'ਤੇ ਫਲ ਮਠਿਆਈਆਂ ਅਤੇ ਚੂਰਮਿਆਂ ਦੇ ਪ੍ਰਸ਼ਾਦ ਚੜ੍ਹਾਏ ਗਏ। ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਡੀ.ਐਸ.ਪੀ. ਕਪਿਲ ਕੌਸ਼ਲ ਨੇ ਸ਼ਿਰਕਤ ਕੀਤੀ। ਮੇਲੇ ਦੀ ਸ਼ੁਰੂਆਤ ਪ੍ਰਧਾਨ ਸਵਰਨ ਲਾਲ, ਪ੍ਰਧਾਨ ਰਾਮ ਸਿੰਘ, ਪ੍ਰਧਾਨ ਧਰਮ ਸਿੰਘ, ਮੋਟੂ ਮੈਡੀਕਲ ਸਟੋਰ ਖਜ਼ਾਨਚੀ, ਸੇਵਾਦਾਰ ਕਾਬਲ ਸਿੰਘ, ਮਾਜੂ ਪਹਿਲਵਾਨ, ਦੋਧੀ ਪਹਿਲਵਾਨ, ਸਕੱਤਰ ਸਿੰਘ ਫੌਜੀ, ਹੈਪੀ ਫਰਨੀਚਰ, ਗੁਰਸੇਵਕ ਸਿੰਘ, ਸੋਨੂ ਵਾਲੀਆ, ਰਵਿੰਦਰ, ਮਨਜੀਤ ਸਿੰਘ ਭੱਪੀ, ਦਲਬੀਰ ਸਿੰਘ, ਗੁਰਦੀਪ ਸਿੰਘ ਆਸਟਰੇਲੀਆ, ਗੁਰਦੀਪ ਸਿੰਘ ਪਹਿਲਵਾਨ, ਬੰਟੀ ਚੋਗਾਵਾਂ, ਸਿਕੰਦਰ ਸਿੰਘ ਆਦਿ ਸੇਵਾਦਾਰਾਂ ਨੇ ਦਰਗਾਹ 'ਤੇ ਚਾਦਰ ਚੜ੍ਹਾ ਕੇ ਕੀਤੀ। ਉਪਰੰਤ ਗਾਇਕ ਜੋੜੀ ਰਾਜ ਅਟੱਲਗੜ੍ਹ ਤੇ ਮਿਸ: ਨੀਲਮ ਅਤੇ ਪੰਜਾਬ ਦੇ ਨਾਮਵਰ ਗਾਇਕ ਕਨਵਰ ਗਰੇਵਾਲ ਨੇ ਆਪਣੀ ਸੁਰੀਲੀ ਆਵਾਜ਼ ਦੇ ਰਾਹੀਂ ਰਾਹੀਂ ਆਏ ਹੋਏ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ ਸ਼ਾਮ ਨੂੰ ਕੁਸ਼ਤੀ ਦੰਗਲ ਕਰਵਾਏ ਗਏ। ਝੰਡੇ ਦੀ ਕੁਸ਼ਤੀ ਸ਼ਾਨਵੀਰ ਕੋਹਾਲੀ ਤੇ ਰਵੀ ਵੇਰਹਾ ਦਰਮਿਆਨ ਹੋਈ। ਜੇਤੂ ਟੀਮਾਂ ਨੂੰ ਪ੍ਰਬੰਧਕਾਂ ਵੱਲੋਂ ਲੱਖਾਂ ਰੁਪਏ ਦੀ ਨਗਦ ਰਾਸ਼ੀ, ਮੈਡਲ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ।

# 84 ਦੇ ਸ਼ਹੀਦਾਂ ਦੀ ਯਾਦ ਵਿੱਚ ਸੰਗਰਾਵਾਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ

## *6 ਜੂਨ ਨੂੰ ਸ਼ਹੀਦਾਂ ਦੀ ਯਾਦ ਵਿੱਚ ਦੀਵਾਨ ਸਜਣਗੇ : ਬਾਬਾ ਰਾਮ ਸਿੰਘ ਖ਼ਾਲਸਾ*



ਅੰਮ੍ਰਿਤਸਰ , 4 ਜੂਨ (ਬਬਲੂ ਮਹਾਜਨ) : ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬ ਗਿਆਨੀ ਰਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਅਗਵਾਈ ਹੇਠ ਜੂਨ 1984 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਉੱਤੇ ਹੋਏ ਫੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੰਘਾਂ, ਸਿੰਘਣੀਆਂ ਅਤੇ ਬੱਚਿਆਂ ਦੀ ਯਾਦ ਨੂੰ ਸਮਰਪਿਤ ਸਾਲਾਨਾ ਸ਼ਹੀਦੀ ਸਮਾਗਮ ਸਬੰਧੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਸਬੰਧ ਵਿੱਚ ਅੱਜ ਗੁਰਦੁਆਰਾ ਗੁਰ ਸ਼ਬਦ ਪ੍ਰਕਾਸ਼, ਸ਼ਹੀਦਾਂ ਨਗਰ ਸੰਗਰਾਵਾਂ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ।ਇਹ ਸ੍ਰੀ ਅਖੰਡ ਪਾਠ ਸਾਹਿਬ 6 ਜੂਨ ਨੂੰ ਸੰਪੂਰਨ ਹੋਣਗੇ, ਜਿਨ੍ਹਾਂ ਦੇ ਭੋਗ ਉਪਰੰਤ ਵਿਸ਼ਾਲ ਧਾਰਮਿਕ ਦੀਵਾਨ ਸਜਾਏ ਜਾਣਗੇ। ਸਮਾਗਮ ਦੌਰਾਨ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਅਤੇ ਸਤਿਕਾਰ ਭੇਟ ਕੀਤਾ ਜਾਵੇਗਾ ਅਤੇ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕੀਤਾ ਜਾਵੇਗਾ।ਸਮਾਗਮ ਦੇ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਪੁੱਜ ਰਹੀ ਹੈ। ਧਾਰਮਿਕ ਦੀਵਾਨਾਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਨਗੇ ਅਤੇ ਸੰਗਤਾਂ ਨੂੰ ਸੰਬੋਧਨ ਕਰਨਗੇ। ਇਸ ਤੋਂ ਇਲਾਵਾ ਪ੍ਰਸਿੱਧ ਰਾਗੀ ਜਥੇ, ਢਾਡੀ ਜਥੇ ਅਤੇ ਕਥਾਵਾਚਕ ਗੁਰਬਾਣੀ ਕੀਰਤਨ, ਢਾਡੀ ਵਾਰਾਂ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਸਮਾਗਮ ਦੌਰਾਨ ਜੂਨ 1984 ਦੀਆਂ ਘਟਨਾਵਾਂ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਨਾਲ ਜੋੜਨ ਦਾ ਵੀ ਯਤਨ ਕੀਤਾ ਜਾਵੇਗਾ। ਪ੍ਰਬੰਧਕਾਂ ਨੇ ਸੰਗਤਾਂ ਨੂੰ ਵੱਡੀ ਗਿਣਤੀ ਵਿੱਚ ਸਮਾਗਮ ਵਿੱਚ ਸ਼ਾਮਲ ਹੋਣ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਦੀ ਅਪੀਲ ਕੀਤੀ ਹੈ।ਉਨ੍ਹਾਂ ਕਿਹਾ ਕਿ ਇਹ ਸ਼ਹੀਦੀ ਸਮਾਗਮ ਹਰ ਸਾਲ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਕਰਵਾਇਆ ਜਾਂਦਾ ਹੈ, ਜਿਸ ਦਾ ਉਦੇਸ਼ ਸਿੱਖ ਕੌਮ ਦੀਆਂ ਮਹਾਨ ਕੁਰਬਾਨੀਆਂ ਨੂੰ ਯਾਦ ਰੱਖਣਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਉਨ੍ਹਾਂ ਦਾ ਸੰਦੇਸ਼ ਪਹੁੰਚਾਉਣਾ ਹੈ। ਇਸ ਮੌਕੇ ਇਲਾਕਾ ਨਿਵਾਸੀ ਨਗਰ ਸੰਗਰਾਵਾਂ, ਮਸਾਣੀਆਂ, ਪੰਜ ਗਰਾਈਂ, ਕੋਹਾਲੀ, ਅਠਵਾਲਾਂ, ਚਾਹਲ ਖੁਰਦ, ਬਹਾਦੁਰ ਹੁਸੈਨ, ਪ੍ਰਤਾਪਗੜ੍ਹ, ਕਰਨਾਮਾ, ਰਧਾਨ, ਨਤੀਂ, ਮੰਡਿਆਲਾ, ਘੁਮਾਣ, ਉਦਨਵਾਲ ਤੇ ਹੋਰ ਪਿੰਡਾਂ ਦੇ ਜ਼ਿੰਮੇਵਾਰ ਪਤਵੰਤੇ ਸੱਜਣ ਹਾਜ਼ਰ ਹੋਏ॥

# ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵੱਲੋਂ ਵਪਾਰੀਆਂ ਵਿੱਚ ਸੁਰੱਖਿਆ ਦੀ ਭਾਵਨਾ ਮਜ਼ਬੂਤ ਕਰਨ ਲਈ ਮੀਟਿੰਗਾਂ



ਅੰਮ੍ਰਿਤਸਰ, 4 ਜੂਨ (ਗੁਰਦਿਆਲ ਸਿੰਘ ) - ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਅਤੇ ਜ਼ੋਨ ਇੰਚਾਰਜ ਤੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਮੈਂਬਰ ਸ੍ਰੀ ਸ਼ੀਤਲ ਜੁਨੇਜਾ ਦੀ ਅਗਵਾਈ ਹੇਠ ਅੰਮ੍ਰਿਤਸਰ ਦੇ ਵੱਖ-ਵੱਖ ਵਪਾਰਕ ਖੇਤਰਾਂ ਵਿੱਚ ਦੁਕਾਨਦਾਰਾਂ ਅਤੇ ਵਪਾਰੀਆਂ ਨਾਲ ਮੀਟਿੰਗਾਂ ਕੀਤੀਆਂ ਗਈਆਂ।ਇਸ ਤਹਿਤ ਵਿਧਾਨ ਸਭਾ ਹਲਕਾ ਪੱਛਮੀ ਦੇ ਛੇਹਰਟਾ ਵਿਖੇ ਹਲਕਾ ਚੇਅਰਮੈਨ ਸ੍ਰੀ ਮਨਜੀਤ ਸਿੰਘ ਮਾਨ ਦੀ ਅਗਵਾਈ ਹੇਠ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸੇ ਤਰ੍ਹਾਂ ਵਿਧਾਨ ਸਭਾ ਹਲਕਾ ਉੱਤਰੀ ਦੀ ਲਿਬਰਟੀ ਮਾਰਕੀਟ ਅਤੇ ਨਹਿਰੂ ਸ਼ਾਪਿੰਗ ਕੰਪਲੈਕਸ ਵਿਖੇ ਹਲਕਾ ਚੇਅਰਮੈਨ ਸ੍ਰੀ ਰਾਹਿਲ ਖੰਨਾ ਦੀ ਅਗਵਾਈ ਹੇਠ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਵਿਸ਼ੇਸ਼ ਮੀਟਿੰਗਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਮੀਟਿੰਗਾਂ ਦਾ ਮੁੱਖ ਉਦੇਸ਼ ਸਥਾਨਕ ਵਪਾਰੀਆਂ ਦੇ ਮਨਾਂ ਵਿੱਚੋਂ ਡਰ ਅਤੇ ਅਸੁਰੱਖਿਆ ਦੀ ਭਾਵਨਾ ਨੂੰ ਦੂਰ ਕਰਨਾ ਅਤੇ ਉਨ੍ਹਾਂ ਵਿੱਚ ਵਿਸ਼ਵਾਸ ਅਤੇ ਸੁਰੱਖਿਆ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਸੀ। ਮੀਟਿੰਗਾਂ ਦੌਰਾਨ ਵਪਾਰੀਆਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਗਈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ, ਸੁਝਾਵਾਂ ਅਤੇ ਚਿੰਤਾਵਾਂ ਨੂੰ ਧਿਆਨ ਨਾਲ ਸੁਣਿਆ ਗਿਆ।ਇਨ੍ਹਾਂ ਮੀਟਿੰਗਾਂ ਵਿੱਚ ਸਬੰਧਤ ਖੇਤਰਾਂ ਦੇ ਏ.ਸੀ.ਪੀ. ਅਤੇ ਐਸ.ਐਚ.ਓ. ਵੀ ਹਾਜ਼ਰ ਰਹੇ। ਉਨ੍ਹਾਂ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਪੁਲਿਸ ਵਿਭਾਗ ਉਨ੍ਹਾਂ ਦੀ ਸੁਰੱਖਿਆ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਅਣਚਾਹੀ ਘਟਨਾ, ਧਮਕੀ ਜਾਂ ਸ਼ੱਕੀ ਗਤੀਵਿਧੀ ਸਬੰਧੀ ਜਾਣਕਾਰੀ ਤੁਰੰਤ ਪੁਲਿਸ ਨਾਲ ਸਾਂਝੀ ਕਰਨ ਦੀ ਅਪੀਲ ਕੀਤੀ। ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਉੱਪਰ ਪੂਰੀ ਸਖ਼ਤੀ ਕੀਤੀ ਜਾਵੇਗੀ। ਜ਼ੋਨ ਇੰਚਾਰਜ ਅਤੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਮੈਂਬਰ ਸ੍ਰੀ ਸ਼ੀਤਲ ਜੁਨੇਜਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਵਪਾਰੀਆਂ ਦੇ ਹਿੱਤਾਂ ਦੀ ਰੱਖਿਆ ਅਤੇ ਉਨ੍ਹਾਂ ਨੂੰ ਸੁਰੱਖਿਅਤ ਕਾਰੋਬਾਰੀ ਮਾਹੌਲ ਮੁਹੱਈਆ ਕਰਵਾਉਣ ਲਈ ਵਚਨਬੱਧ ਹਨ।

# ਤੀਰਥ ਯਾਤਰਾ ਤਹਿਤ ਬੱਸ ਰਵਾਨਾ

ਚੋਗਾਵਾਂ, 4 ਜੂਨ (ਸੁਬੇਗ ਸਿੰਘ ਸੋਨਾ) ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਤੀਰਥ ਯਾਤਰਾ ਯੋਜਨਾ ਦੇ ਉਪਰਾਲੇ ਤਹਿਤ ਸ਼ਰਧਾਲੂਆਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਇਸ ਤਹਿਤ ਅੱਜ ਹਲਕਾ ਰਾਜਾਸਾਂਸੀ ਦੇ ਅਧੀਨ ਆਉਂਦੇ ਸਰਹੱਦੀ ਪਿੰਡ ਭਿੰਡੀ ਸੈਦਾ ਤੋਂ ਸ਼ਰਧਾਲੂਆਂ ਦੇ ਜਥੇ ਦੀ 19 ਵੀ ਬੱਸ ਹਲਕਾ ਇੰਚਾਰਜ ਸੋਨੀਆ ਮਾਨ ਦੀ ਅਗਵਾਈ ਹੇਠ ਚੇਅਰਮੈਨ ਲਖਵਿੰਦਰ ਸਿੰਘ ਲੱਖਾ ਭਿੰਡੀ ਸੈਦਾਂ ਤੇ ਨਾਲ ਉਹਨਾਂ ਦੀ ਮਾਤਾ ਭਜਨ ਕੌਰ ਵਲੋਂ ਹਰੀ ਝੰਡੀ ਦੇ ਕੇ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ , ਇਸ ਮੌਕੇ ਤੇ ਉਹਨਾਂ ਦੇ ਨਾਲ਼ ਜਿਲਾ ਪ੍ਰੀਸ਼ਦ ਮੈਂਬਰ ਰੇਸ਼ਮ ਵੜੈਚ, ਵਿਰਾਸਤ ਸੇਵਾ ਸੰਗਠਨ ਦੇ ਇੰਚਾਰਜ ਅੰਮ੍ਰਿਤਪਾਲ ਸਿੰਘ ਸਹੂਰਾ, ਸਾਹਬ ਸਿੰਘ ਪੰਚਾਇਤ ਅਫ਼ਸਰ, ਨਾਲ ਮੌਜੂਦ ਸਨ। ਇਸ ਮੌਕੇ ਚੇਅਰਮੈਨ ਲਖਵਿੰਦਰ ਸਿੰਘ ਨੇ ਦੱਸਿਆ ਉਹਨਾਂ ਦੇ ਪਿੰਡ ਭਿੰਡੀ ਸੈਦਾਂ ਤੋਂ ਲਗਾਤਾਰ 5 ਵੀ ਬੱਸ ਸ਼ਰਧਾਲੂਆਂ ਦੇ ਜਥੇ ਦੀ ਅੱਜ ਰਵਾਨਾ ਕੀਤੀ ਗਈ, ਇਹ ਸ਼ਰਧਾਲੂਆਂ ਦਾ ਜਥਾ ਸ੍ਰੀ ਅਨੰਦਪੁਰ ਸਾਹਿਬ, ਕੀਰਤਪੁਰ ਸਾਹਿਬ, ਨੈਣਾਂ ਦੇਵੀ ਅਤੇ ਹੋਰ ਕਈ ਗੁਰੂਧਾਮਾਂ ਦੇ ਦਰਸ਼ਨ ਦੀਦਾਰ ਕਰਨ ਲਈ ਰਵਾਨਾ ਕੀਤਾ ਹੈ। ਸ਼ਰਧਾਲੂਆਂ ਦੇ ਵੱਲੋਂ ਖੁਸ਼ੀ ਦਾ ਇਜ਼ਹਾਰ ਭੰਗੜੇ ਪਾ ਕੇ ਕੀਤਾ ਗਿਆ। ਚੇਅਰਮੈਨ ਲਖਵਿੰਦਰ ਸਿੰਘ ਲੱਖਾ ਭਿੰਡੀ ਸੈਦਾ ਨੇ ਕਿਹਾ ਕਿ 2027 ਦੇ ਵਿੱਚ ਪੰਜਾਬ ਦੇ ਆਮ ਪਾਰਟੀ ਦੇ ਵਰਕਰ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਇਤਿਹਾਸ ਸਿਰਜਣਗੇ। ਇਸ ਮੌਕੇ ਤੇ ਸੈਕਟਰੀ ਹਰਵਿੰਦਰ ਸਿੰਘ, ਸ਼ਮਸ਼ੇਰ ਸਿੰਘ, ਸੁਰਜੀਤ ਸਿੰਘ ਬੌਬੀ ਆਦਿ ਹਾਜ਼ਰ ਸਨ।

# ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਲਈ ਮੀਟਿੰਗ

ਅੰਮ੍ਰਿਤਸਰ, 4 ਜੂਨ (ਗੁਰਦਿਆਲ ਸਿੰਘ/ਬਬਲੂ ਮਹਾਜਨ) ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੱਜ ਨਸ਼ਾ ਮੁਕਤੀ ਮੋਰਚਾ ਅੰਮ੍ਰਿਤਸਰ ਸ਼ਹਿਰੀ ਵੱਲੋਂ ਇੱਕ ਅਹਿਮ ਮੀਟਿੰਗ ਸ਼ਕਤੀ ਨਗਰ ਵਿਖੇ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੀ ਪ੍ਰਧਾਨਗੀ ਵਿਧਾਨ ਸਭਾ ਹਲਕਾ ਅੰਮ੍ਰਿਤਸਰ (ਕੇਂਦਰੀ) ਦੇ ਵਿਧਾਇਕ ਡਾ. ਅਜੇ ਕੁਮਾਰ ਗੁਪਤਾ ਵੱਲੋਂ ਕੀਤੀ ਗਈ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਸ਼ਹਿਰੀ ਦੇ ਇੰਚਾਰਜ ਸ੍ਰੀ ਦਿਕਸ਼ਿਤ ਧਵਨ, ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ੍ਰੀ ਰੁਪਿੰਦਰਪਾਲ ਸਿੰਘ, ਕੌਂਸਲਰ ਵਿੱਕੀ ਦੱਤਾ, ਕੌਂਸਲਰ ਜਰਨੈਲ ਸਿੰਘ ਢੋਟ, ਏ.ਡੀ.ਸੀ. ਰੁਪਿੰਦਰ ਸਿੰਘ, ਏ.ਸੀ.ਪੀ. ਸੁਰਿੰਦਰ ਸਿੰਘ, ਇੰਸਪੈਕਟਰ ਮਨਜੀਤ ਕੌਰ, ਇੰਸਪੈਕਟਰ ਹਰਮਨਦੀਪ ਸਿੰਘ, ਇੰਸਪੈਕਟਰ ਸ਼ਮਿੰਦਰਜੀਤ ਸਿੰਘ, ਸੋਨੂੰ ਕੁਮਾਰ ਦਿਲਬਰ, ਚੇਅਰਮੈਨ ਹਰਪ੍ਰੀਤ ਸਿੰਘ ਅਲੂਵਾਲੀਆ ਸਮੇਤ ਹੋਰ ਮੁਹਤਬਰ ਅਤੇ ਨਸ਼ਾ ਮੁਕਤੀ ਮੋਰਚਾ ਦੇ ਵਲੰਟੀਅਰਜ਼ ਵੀ ਹਾਜ਼ਰ ਸਨ।ਮੀਟਿੰਗ ਦੌਰਾਨ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਹੋਰ ਤੇਜ਼ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਵਿਧਾਨ ਸਭਾ ਹਲਕਾ ਅੰਮ੍ਰਿਤਸਰ (ਕੇਂਦਰੀ) ਦੇ ਵਿਧਾਇਕ ਡਾ. ਅਜੇ ਕੁਮਾਰ ਗੁਪਤਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਲਈ ਯੁੱਧ ਨਸ਼ਿਆਂ ਵਿਰੁੱਧ ਚਲਾਇਆ ਜਾ ਰਿਹਾ ਹੈ ਅਤੇ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ 459 ਦਿਨ ਪੂਰੇ ਹੋ ਗਏ ਹਨ। ਉਨ੍ਹਾਂ ਦੱਸਿਆ ਕਿ ਸਿਰਫ 459 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 66,473 ਹੋ ਗਈ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਨਸ਼ਾ ਤਸਕਰਾਂ ਖਿਲਾਫ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ ਜਿਸ ਦੇ ਹਾਂ-ਪੱਖੀ ਨਤੀਜੇ ਸਾਹਮਣੇ ਆ ਰਹੇ ਹਨ।

# ਐਸ.ਐਚ.ਓ. ਭੱਟੀ ਨੂੰ ਫੀਲਡ ਜਰਨਲਿਸਟ ਵੈਲਫ਼ੇਅਰ ਐਸੋਸੀਏਸ਼ਨ ਨੇ ਕੀਤਾ ਸਨਮਾਨਿਤ



ਤਰਨ ਤਾਰਨ, 4 ਜੂਨ: (ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ ) ਫੀਲਡ ਜਰਨਲਿਸਟ ਵੈਲਫੇਅਰ ਐਸੋਸੀਏਸ਼ਨ ਦੀ ਜ਼ਿਲ੍ਹਾ ਟੀਮ ਵੱਲੋਂ ਥਾਣਾ ਮੁਖੀ (ਐਸਐਚਓ) ਨਵਦੀਪ ਸਿੰਘ ਭੱਟੀ ਨੂੰ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਲੋਕ ਭਲਾਈ ਅਤੇ ਕਾਨੂੰਨ ਵਿਵਸਥਾ ਸੰਬੰਧੀ ਸੇਵਾਵਾਂ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਵੱਲੋਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ (ਸ਼ੀਲਡ) ਭੇਟ ਕੀਤਾ ਗਿਆ ਇਸ ਮੌਕੇ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ ਨੇ ਕਿਹਾ ਕਿ ਐਸਐਚਓ ਨਵਦੀਪ ਸਿੰਘ ਭੱਟੀ ਆਪਣੇ ਫਰਜ਼ਾਂ ਨੂੰ ਪੂਰੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾ ਰਹੇ ਹਨ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਮੇਸ਼ਾ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਅਜਿਹੇ ਅਧਿਕਾਰੀਆਂ ਦਾ ਸਨਮਾਨ ਕਰਨਾ ਸਮਾਜ ਲਈ ਪ੍ਰੇਰਨਾਦਾਇਕ ਹੁੰਦਾ ਹੈ। ਇਸ ਮੌਕੇ ਹਾਜ਼ਰ ਅਹੁਦੇਦਾਰਾਂ ਨੇ ਐਸਐਚਓ ਭੱਟੀ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਐਸਐਚਓ ਨਵਦੀਪ ਸਿੰਘ ਭੱਟੀ ਨੇ ਫੀਲਡ ਜਰਨਲਿਸਟ ਵੈਲਫੇਅਰ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ ਵਿੱਚ ਵੀ ਲੋਕਾਂ ਦੀ ਸੇਵਾ ਅਤੇ ਕਾਨੂੰਨ ਦੀ ਪਾਲਣਾ ਲਈ ਪੂਰੀ ਤਨਦੇਹੀ ਨਾਲ ਕੰਮ ਕਰਦੇ ਰਹਿਣਗੇ। ਇਸ ਮੌਕੇ ਜੀਵਨ ਜੱਜ ਜ਼ਿਲ੍ਹਾ ਜਨਰਲ ਸਕੱਤਰ,ਵਿਜੇ ਭਾਰਗਵ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ,ਅੰਮ੍ਰਿਤ ਸਿੰਘ ਪ੍ਰਿੰਸ ਜ਼ਿਲ੍ਹਾ ਸੱਕਤਰ ,ਪੁਨੀਤ ਸ਼ਰਮਾ ਜ਼ਿਲ੍ਹਾ ਸਪੋਕਸਮੈਨ, ਮਨਿੰਦਰ ਸਿੰਘ ਕਾਕਾ ਜ਼ਿਲ੍ਹਾ ਵਾਈਸ ਪ੍ਰਧਾਨ ਅਤੇ ਪ੍ਰਗਟ ਸਿੰਘ ਜ਼ਿਲ੍ਹਾ ਐਡਵਾਈਜ਼ਰ ਹਾਜ਼ਰ ਸਨ

# ਵਧੀਕ ਡਿਪਟੀ ਕਮਿਸ਼ਨਰ ਨੇ ਇਕ ਰੁੱਖ ਮਾਂ ਦੇ ਨਾਮਮੁਹਿੰਮ ਦੀ ਕੀਤੀ ਸ਼ੁਰੂਆਤ



ਚੋਹਲਾ ਸਾਹਿਬ , 4 ਜੂਨ : ਭਗਤ ਸਿੰਘ ਸੰਧੂ : ਵਧੀਕ ਡਿਪਟੀ ਕਮਿਸ਼ਨਰ ਤਰਨ ਤਾਰਨ ਸੁਰਿੰਦਰ ਸਿੰਘ ਵੱਲੋਂ ਵਿਸ਼ਵ ਵਾਤਾਵਰਣ ਦਿਵਸ-2026 ਮੌਕੇ ਪੇਂਡੂ ਵਿਕਾਸ ਭਵਨ ਤਰਨ ਤਾਰਨ ਵਿਖੇ ਪੌਦਾ ਲਗਾ ਕੇ ਇਕ ਰੁੱਖ ਮਾਂ ਦੇ ਨਾਮ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਉਨ੍ਹਾਂ ਜ਼ਿਲ੍ਹਾ ਤਰਨ ਤਾਰਨ ਦੇ ਸਮੂਹ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਹਰੇਕ ਨਿਵਾਸੀ ਵੱਲੋ ਇਸ ਮੁਹਿੰਮ ਵਿੱਚ ਵੱਧ- ਚੜ੍ਹ ਕੇ ਭਾਗ ਲਿਆ ਜਾਵੇ ਅਤੇ ਘੱਟੋ-ਘੱਟ ਇਕ ਪੌਦਾ ਆਪਣੇ ਮਾਤਾ-ਪਿਤਾ ਜਾਂ ਬੱਚਿਆਂ ਦੇ ਨਾਮ ਤੇ ਜ਼ਰੂਰ ਲਗਾਇਆ ਜਾਵੇ ਅਤੇ ਉਸ ਦੀ ਸਾਂਭ-ਸੰਭਾਲ ਵੀ ਕੀਤੀ ਜਾਵੇ, ਤਾ ਜੋ ਸਾਡਾ ਆਲਾ-ਦੁਆਲਾ ਹਰਿਆ-ਭਰਿਆ ਅਤੇ ਵਾਤਾਵਰਣ ਸ਼ੁੱਧ ਅਤੇ ਸੁਹਾਵਣਾ ਬਣ ਸਕੇ ਅਤੇ ਬਿਮਾਰੀਆ ਤੋਂ ਬਚਾਅ ਹੋ ਸਕੇ। ਉਨ੍ਹਾਂ ਸਮੂਹ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਕਿਹਾ ਕਿ ਉਹ ਆਪਣੇ ਵਿਭਾਗਾਂ ਵਿੱਚ ਚੱਲ ਰਹੇ ਜਾਂ ਮੁਕੰਮਲ ਹੋ ਚੁੱਕੇ ਪ੍ਰੋਜੈਕਟਾਂ, ਜਿਵੇਂ ਕਿ ਠੋਸ ਕੂੜਾ ਪ੍ਰਬੰਧਨ, ਤਰਲ ਕੂੜਾ ਪ੍ਰਬੰਧਨ, ਜਲ ਸਪਲਾਈ ਸਕੀਮਾਂ ਆਦਿ ਵਿੱਚ ਪੌਦੇ ਲਗਾਉਣ। ਇਸ ਤੋ ਇਲਾਵਾ ਉਨ੍ਹਾਂ ਸਕੂਲਾਂ, ਕਾਲਜਾਂ, ਆਂਗਣਵਾੜੀਆਂ ਅਤੇ ਦਫ਼ਤਰਾਂ ਵਿਖੇ ਫੁੱਲਦਾਰ ਅਤੇ ਫਲਦਾਰ ਪੌਦੇ ਲਗਾ ਕੇ ਇਸ ਮੁਹਿੰਮ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਮੌਕੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਤਰਨ ਤਾਰਨ ਪਿਆਰ ਸਿੰਘ ਵੱਲੋਂ ਪਾਣੀ ਦੀ ਸਾਂਭ-ਸੰਭਾਲ ਅਤੇ ਸਹੀ ਵਰਤੋਂ ਕਰਨ ਦੀ ਅਪੀਲ ਕੀਤੀ ਗਈ।

# ਦੁਰਗਿਆਣਾ ਮੰਦਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਗਰੋਂ ਸੁਰੱਖਿਆ ਸਖ਼ਤ



ਅੰਮ੍ਰਿਤਸਰ, 4 ਜੂਨ (ਬਬਲੂ ਮਹਾਜਨ) : ਅੰਮ੍ਰਿਤਸਰ ਦੇ ਪ੍ਰਸਿੱਧ ਦੁਰਗਿਆਣਾ ਮੰਦਰ ਨੂੰ ਬੰਬ ਨਾਲ ਉਡਾਉਣ ਦੀ ਕਥਿਤ ਧਮਕੀ ਮਿਲਣ ਤੋਂ ਬਾਅਦ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਅਲਰਟ ਹੋ ਗਈਆਂ ਹਨ। ਮੰਦਰ ਪਰਿਸਰ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸੁਰੱਖਿਆ ਪ੍ਰਬੰਧ ਕੜੇ ਕਰ ਦਿੱਤੇ ਗਏ ਹਨ ਅਤੇ ਵਾਧੂ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਹੈ। ਮੰਦਰ ਵਿੱਚ ਮੱਥਾ ਟੇਕਣ ਆਉਣ ਵਾਲੇ ਹਰ ਸ਼ਰਧਾਲੂ ਦੀ ਸਖ਼ਤ ਜਾਂਚ ਕੀਤੀ ਜਾ ਰਹੀ ਹੈ, ਜਦਕਿ ਸੁਰੱਖਿਆ ਬਲ ਲਗਾਤਾਰ ਨਿਗਰਾਨੀ ਕਰ ਰਹੇ ਹਨ।ਜਾਣਕਾਰੀ ਅਨੁਸਾਰ ਇੱਕ ਕਥਿਤ ਧਮਕੀ ਭਰੇ ਪੱਤਰ ਵਿੱਚ ਅੰਮ੍ਰਿਤਸਰ ਦੇ ਦੁਰਗਿਆਣਾ ਮੰਦਰ ਸਮੇਤ ਪੰਜਾਬ ਅਤੇ ਹੋਰ ਰਾਜਾਂ ਦੇ ਕੁਝ ਪ੍ਰਮੁੱਖ ਹਿੰਦੂ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਉਣ ਦੀ ਗੱਲ ਕਹੀ ਗਈ ਹੈ। ਪੱਤਰ ਵਿੱਚ 6 ਜੂਨ 1984 ਨੂੰ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀ ਸ਼ਹਾਦਤ ਦਾ ਬਦਲਾ ਲੈਣ ਦੇ ਨਾਂ 'ਤੇ ਕੁਝ ਧਾਰਮਿਕ ਸਥਾਨਾਂ ਨੂੰ ਨੁਕਸਾਨ ਪਹੁੰਚਾਉਣ ਦੀ ਧਮਕੀ ਦਿੱਤੀ ਗਈ ਦੱਸੀ ਜਾ ਰਹੀ ਹੈ। ਇਸ ਜਾਣਕਾਰੀ ਦੇ ਸਾਹਮਣੇ ਆਉਣ ਤੋਂ ਬਾਅਦ ਪ੍ਰਸ਼ਾਸਨ ਨੇ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕਰ ਦਿੱਤੇ ਹਨ।ਮੰਦਰ ਪਰਿਸਰ ਵਿੱਚ ਦਾਖਲ ਹੋਣ ਵਾਲੇ ਹਰ ਵਿਅਕਤੀ ਦੀ ਤਲਾਸ਼ੀ ਲਈ ਜਾ ਰਹੀ ਹੈ ਅਤੇ ਮੰਦਰ ਦੇ ਆਲੇ-ਦੁਆਲੇ ਵੀ ਸੁਰੱਖਿਆ ਘੇਰਾ ਵਧਾ ਦਿੱਤਾ ਗਿਆ ਹੈ। ਪੁਲਿਸ, ਖੁਫੀਆ ਏਜੰਸੀਆਂ ਅਤੇ ਹੋਰ ਸੁਰੱਖਿਆ ਬਲ ਕਿਸੇ ਵੀ ਅਣਚਾਹੀ ਘਟਨਾ ਨੂੰ ਰੋਕਣ ਲਈ ਲਗਾਤਾਰ ਹਾਲਾਤਾਂ 'ਤੇ ਨਜ਼ਰ ਰੱਖ ਰਹੇ ਹਨ।ਇਸ ਸਬੰਧੀ ਦੁਰਗਿਆਣਾ ਮੰਦਰ ਅਤੇ ਵੱਡਾ ਹਨੂਮਾਨ ਮੰਦਰ ਕਮੇਟੀ ਦੇ ਪ੍ਰਧਾਨ ਡਾ. ਰਾਕੇਸ਼ ਸ਼ਰਮਾ ਨੇ ਕਿਹਾ ਕਿ ਮੰਦਰ ਪ੍ਰਬੰਧਕਾਂ ਨੂੰ ਸਿੱਧੇ ਤੌਰ 'ਤੇ ਕੋਈ ਧਮਕੀ ਭਰਿਆ ਈਮੇਲ, ਫੋਨ ਕਾਲ ਜਾਂ ਪੱਤਰ ਪ੍ਰਾਪਤ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਜਾਣਕਾਰੀ ਉਨ੍ਹਾਂ ਨੂੰ ਮੀਡੀਆ ਅਤੇ ਪ੍ਰਸ਼ਾਸਨਿਕ ਸਰੋਤਾਂ ਰਾਹੀਂ ਮਿਲੀ ਹੈ।ਡਾ. ਸ਼ਰਮਾ ਨੇ ਕਿਹਾ ਕਿ ਕੁਝ ਸ਼ਰਾਰਤੀ ਅਨਸਰ ਸਮਾਜ ਵਿੱਚ ਡਰ ਅਤੇ ਤਣਾਅ ਦਾ ਮਾਹੌਲ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੰਦਰ ਕਮੇਟੀ ਪੂਰੀ ਤਰ੍ਹਾਂ ਸਾਵਧਾਨ ਹੈ ਅਤੇ ਸੁਰੱਖਿਆ ਏਜੰਸੀਆਂ ਨਾਲ ਲਗਾਤਾਰ ਸੰਪਰਕ ਵਿੱਚ ਹੈ। ਹਾਲ ਹੀ ਵਿੱਚ ਸੁਰੱਖਿਆ ਕਰਮਚਾਰੀਆਂ ਅਤੇ ਪ੍ਰਬੰਧਕੀ ਮੈਂਬਰਾਂ ਦੀ ਮੀਟਿੰਗ ਕਰਕੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਵੀ ਕੀਤੀ ਗਈ ਹੈ।ਮੰਦਰ ਕਮੇਟੀ ਨੇ ਸ਼ਰਧਾਲੂਆਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਅਫਵਾਹ 'ਤੇ ਵਿਸ਼ਵਾਸ ਨਾ ਕਰਨ ਅਤੇ ਪ੍ਰਸ਼ਾਸਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ। ਪ੍ਰਸ਼ਾਸਨ ਨੇ ਭਰੋਸਾ ਦਿੱਤਾ ਹੈ ਕਿ ਸਥਿਤੀ ਪੂਰੀ ਤਰ੍ਹਾਂ ਕਾਬੂ ਵਿੱਚ ਹੈ



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਗੁਣਾਂ ਦਾ ਖ਼ਜ਼ਾਨਾ ਹੈ ਕੱਚਾ ਪਪੀਤਾ!

ਅਸੀਂ ਸਾਰੇ ਪੱਕਾ ਹੋਇਆ ਪੀਲਾ ਪਪੀਤਾ ਤਾਂ ਬਹੁਤ ਸ਼ੌਕ ਨਾਲ ਖਾਂਦੇ ਹਾਂ ਪਰ ਜਦੋਂ ਗੱਲ ਕੱਚੇ ਪਪੀਤੇ ਦੀ ਆਉਂਦੀ ਹੈ, ਤਾਂ ਅਕਸਰ ਲੋਕ ਇਸ ਨੂੰ ਇਗਨੋਰ ਕਰ ਦਿੰਦੇ ਹਨ ਪਰ ਹੈਲਥ ਐਕਸਪਰਟਸ ਮੁਤਾਬਕ, ਕੱਚਾ ਪਪੀਤਾ ਸਾਡੇ ਸਰੀਰ ਲਈ ਕਿਸੇ ਅੰਮ੍ਰਿਤ ਤੋਂ ਘੱਟ ਨਹੀਂ ਹੈ। ਵਿਟਾਮਿਨ ਏ ਸੀ ਈ ਅਤੇ ਫਾਈਬਰ ਨਾਲ ਭਰਪੂਰ ਇਹ ਹਰਾ ਫਲ ਕਈ ਗੰਭੀਰ ਬੀਮਾਰੀਆਂ ਨੂੰ ਜੜ੍ਹ ਤੋਂ ਖ਼ਤਮ ਕਰਨ ਦੀ ਤਾਕਤ ਰੱਖਦਾ ਹੈ।



**ਸ਼ੂਗਰ ਨੂੰ ਕਰੇ ਕੰਟਰੋਲ-** ਸ਼ੂਗਰ ਦੇ ਮਰੀਜ਼ਾਂ ਲਈ ਕੱਚਾ ਪਪੀਤਾ ਬੇਹੱਦ ਫਾਇਦੇਮੰਦ ਹੈ। ਇਸ ਦਾ ਜੂਸ ਜਾਂ ਸਲਾਦ ਖਾਣ ਨਾਲ ਸਰੀਰ 'ਚ ਇੰਸੁਲਿਨ ਦੀ ਮਾਤਰਾ ਸੰਤੁਲਿਤ ਰਹਿੰਦੀ ਹੈ ਅਤੇ ਬਲੱਡ ਸ਼ੂਗਰ ਲੈਵਲ ਅਚਾਨਕ ਨਹੀਂ ਵਧਦਾ।

**ਤੇਜ਼ੀ ਨਾਲ ਵਜ਼ਨ ਘਟਾਉਣ 'ਚ ਮਦਦਗਾਰ :** ਜੇਕਰ ਤੁਸੀਂ ਮੋਟਾਪੇ ਤੋਂ ਪਰੇਸ਼ਾਨ ਹੋ ਅਤੇ ਜਲਦੀ ਵਜ਼ਨ ਘਟਾਉਣਾ ਚਾਹੁੰਦੇ ਹੋ, ਤਾਂ ਕੱਚਾ ਪਪੀਤਾ ਤੁਹਾਡੀ ਡਾਈਟ 'ਚ ਜ਼ਰੂਰ ਹੋਣਾ ਚਾਹੀਦਾ ਹੈ। ਇਸ 'ਚ ਕੈਲੋਰੀ ਬਹੁਤ ਘੱਟ ਅਤੇ ਫਾਈਬਰ ਬਹੁਤ ਜ਼ਿਆਦਾ ਹੁੰਦਾ ਹੈ, ਜੋ ਲੰਬੇ ਸਮੇਂ ਤੱਕ ਪੇਟ ਨੂੰ ਭਰਿਆ ਰੱਖਦਾ ਹੈ ਅਤੇ ਚਰਬੀ ਨੂੰ ਬਰਨ ਕਰਦਾ ਹੈ।

**ਪੇਟ ਦੀਆਂ ਬਿਮਾਰੀਆਂ ਲਈ ਰਾਮਬਾਣ:** ਕੱਚੇ ਪਪੀਤੇ 'ਚ ਪਪੈਨ ਨਾਂ ਦਾ ਕੁਦਰਤੀ ਐਂਜ਼ਾਈਮ ਬਹੁਤ ਜ਼ਿਆਦਾ ਮਾਤਰਾ 'ਚ ਹੁੰਦਾ ਹੈ, ਜੋ ਪ੍ਰੋਟੀਨ ਨੂੰ ਪਚਾਉਣ 'ਚ ਮਦਦ ਕਰਦਾ ਹੈ। ਜੇਕਰ ਤੁਹਾਨੂੰ ਪੁਰਾਣੀ ਕਬਜ਼, ਗੈਸ ਜਾਂ ਬਦਹਜ਼ਮੀ ਦੀ ਸਮੱਸਿਆ ਹੈ, ਤਾਂ ਕੱਚੇ ਪਪੀਤੇ ਦਾ ਸਲਾਦ ਜਾਂ ਸਬਜ਼ੀ ਤੁਹਾਡੇ ਪਾਚਨ ਤੰਤਰ ਨੂੰ ਸੁਪਰਫਾਸਟ ਬਣਾ ਦੇਵੇਗੀ।

# ਪ੍ਰਧਾਨ ਮੰਤਰੀ ਦੀ ਅਗਵਾਈ ਹੇਠ ਖੇਤੀਬਾੜੀ ਪਰਿਵਰਤਨ ਲਈ ਇੱਕ ਨਵੀਂ ਮੁਹਿੰਮ ਆਰੰਭੀ: ਸ਼ਿਵਰਾਜ ਸਿੰਘ ਚੌਹਾਨ

ਨਵੀਂ ਦਿੱਲੀ/ਭੋਪਾਲ, 4 ਜੂਨ (ਅੰਮ੍ਰਿਤਪਾਲ ਸਿੰਘ) : ਮੱਧ ਪ੍ਰਦੇਸ਼ ਦੇ ਰਾਇਸੇਨ, ਵਿਦਿਸ਼ਾ, ਸਿਹੋਰ ਅਤੇ ਦੇਵਾਸ ਜ਼ਿਲ੍ਹਿਆਂ ਲਈ ਤਿਆਰ ਕੀਤਾ ਗਿਆ ਇੱਕ ਵਿਸ਼ੇਸ਼ ਖੇਤੀਬਾੜੀ ਰੋਡਮੈਪ, ਜੋ ਕਿ ਕੇਂਦਰੀ ਖੇਤੀਬਾੜੀ, ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਦੁਆਰਾ ਸ਼ੁਰੂ ਕੀਤਾ ਗਿਆ ਸੀ, ਹੁਣ ਦੇਸ਼ ਵਿੱਚ ਖੇਤੀਬਾੜੀ ਪਰਿਵਰਤਨ ਲਈ ਇੱਕ ਮਾਡਲ ਵਜੋਂ ਉਭਰਨ ਲਈ ਤਿਆਰ ਹੈ। ਰਾਇਸੇਨ ਵਿੱਚ ਆਯੋਜਿਤ ਉਨਤ ਕ੍ਰਿਸ਼ੀ ਮਹੋਤਸਵ ਦੌਰਾਨ ਕੀਤੇ ਗਏ ਐਲਾਨ ਨੂੰ ਜਾਰੀ ਰੱਖਦੇ ਹੋਏ, ਸ਼ਿਵਰਾਜ ਸਿੰਘ ਚੌਹਾਨ ਨੇ ਸਪੱਸ਼ਟ ਕੀਤਾ ਕਿ ਇਹ ਸਿਰਫ਼ ਇੱਕ ਸਰਕਾਰੀ ਪ੍ਰੋਗਰਾਮ ਨਹੀਂ ਹੈ, ਸਗੋਂ ਕਿਸਾਨ ਆਮਦਨ, ਪਾਣੀ ਸੰਭਾਲ, ਮਿੱਟੀ ਸਿਹਤ, ਵਿਗਿਆਨਕ ਖੇਤੀ ਅਤੇ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਕਨਵਰਜੈਂਸ 'ਤੇ ਅਧਾਰਤ ਇੱਕ ਜ਼ਿੰਮੇਵਾਰ ਮਿਸ਼ਨ ਹੈ। ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਦਿੱਲੀ ਵਿੱਚ ਮੱਧ ਪ੍ਰਦੇਸ਼ ਖੇਤੀਬਾੜੀ ਰੋਡਮੈਪ ਵਿਕਸਤ ਕਰਨ ਲਈ ਇੱਕ ਉੱਚ-ਪੱਧਰੀ ਮੀਟਿੰਗ ਕੀਤੀ, ਜਿਸ ਵਿੱਚ ਮੱਧ ਪ੍ਰਦੇਸ਼ ਦੇ ਖੇਤੀਬਾੜੀ ਮੰਤਰੀ ਸ਼੍ਰੀ ਐਂਦਲ ਸਿੰਘ ਕੰਸਾਨਾ ਸਮੇਤ ਕੇਂਦਰ ਅਤੇ ਰਾਜ ਸਰਕਾਰਾਂ ਦੇ ਸੀਨੀਅਰ ਅਧਿਕਾਰੀਆਂ ਨੇ ਸ਼ਿਰਕਤ ਕੀਤੀ।

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਰਾਇਸੇਨ, ਵਿਦਿਸ਼ਾ, ਸਿਹੋਰ ਅਤੇ ਦੇਵਾਸ ਜ਼ਿਲ੍ਹਿਆਂ ਨੂੰ ਖੇਤੀਬਾੜੀ ਵਿਕਾਸ ਲਈ ਆਦਰਸ਼ ਮਾਡਲ ਬਣਾਉਣ ਲਈ ਇੱਕ ਵਿਸ਼ਾਲ ਦ੍ਰਿਸ਼ਟੀਕੋਣ ਰੱਖਿਆ ਹੈ। ਉਨ੍ਹਾਂ ਅੱਜ ਦੀ ਮਹੱਤਵਪੂਰਨ ਮੀਟਿੰਗ ਵਿੱਚ ਕਿਹਾ ਕਿ ਇਨ੍ਹਾਂ ਚਾਰ ਜ਼ਿਲ੍ਹਿਆਂ ਵਿੱਚ ਲਾਗੂ ਕੀਤਾ ਜਾ ਰਿਹਾ ਖੇਤੀਬਾੜੀ ਰੋਡਮੈਪ ਸਿਰਫ਼ ਇੱਕ ਸਮੀਖਿਆ ਦਸਤਾਵੇਜ਼ ਨਹੀਂ ਹੈ, ਸਗੋਂ ਬਦਲਾਅ ਲਈ ਇੱਕ ਠੋਸ ਬਲੂਪ੍ਰਿੰਟ ਹੈ, ਜੋ ਕਿ ਖੇਤੀ, ਕਿਸਾਨ ਅਤੇ ਖੇਤੀਬਾੜੀ ਦੇ ਭਵਿੱਖ ਨੂੰ ਇਸਦੇ ਮੂਲ ਵਿੱਚ ਰੱਖ ਕੇ ਤਿਆਰ ਕੀਤਾ ਗਿਆ ਹੈ। ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਉਨ੍ਹਾਂ ਨੇ ਇਨ੍ਹਾਂ ਖੇਤਰਾਂ ਵਿੱਚ ਖੇਤਾਂ ਦੀ ਹਾਲਤ ਨੂੰ ਨਿੱਜੀ ਤੌਰ 'ਤੇ ਦੇਖਿਆ ਹੈ। ਭੂਮੀਗਤ ਪਾਣੀ ਦੇ ਪੱਧਰ ਵਿੱਚ ਗਿਰਾਵਟ, ਮਿੱਟੀ ਦੀ ਸਿਹਤ ਵਿੱਚ ਵਿਗੜਦਾ ਜਾਣਾ ਅਤੇ ਕਿਸਾਨਾਂ ਦੀ ਆਪਣੀ ਮਿਹਨਤ ਦੇ ਅਨੁਸਾਰ ਆਮਦਨ ਕਮਾਉਣ ਵਿੱਚ ਅਸਮਰੱਥਾ ਚਿੰਤਾ ਦਾ ਵਿਸ਼ਾ ਹੈ। ਇਸ ਕਾਰਨ ਕਰਕੇ, ਇਹ ਉਨ੍ਹਾਂ ਦੀ ਦਿਲੀ ਇੱਛਾ ਹੈ ਕਿ ਦੇਵਾਸ, ਸਿਹੋਰ, ਰਾਇਸੇਨ ਅਤੇ ਵਿਦਿਸ਼ਾ ਖੇਤੀਬਾੜੀ ਸੁਧਾਰਾਂ ਦੇ ਸਫਲ ਮਾਡਲ ਬਣਨ ਜੋ ਦੇਸ਼ ਭਰ ਦੇ ਹੋਰ ਜ਼ਿਲ੍ਹਿਆਂ ਵਿੱਚ ਲਾਗੂ ਕੀਤੇ ਜਾ ਸਕਦੇ ਹਨ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਇਸ ਰੋਡਮੈਪ ਦੀ ਸਫਲਤਾ ਦਾ ਸਭ ਤੋਂ ਵੱਡਾ ਮਾਪ ਕਿਸਾਨਾਂ ਦੀ ਸ਼ੁੱਧ ਆਮਦਨ ਹੋਵੇਗੀ। ਹਰੇਕ ਜ਼ਿਲ੍ਹੇ ਵਿੱਚ ਮੌਜੂਦਾ ਆਮਦਨ ਅਤੇ ਰੋਡਮੈਪ ਲਾਗੂ ਕਰਨ ਤੋਂ ਬਾਅਦ ਇਸ ਵਿੱਚ ਸੁਧਾਰ ਹਰ ਅਗਲੀ ਸਮੀਖਿਆ ਲਈ ਮੁੱਖ ਆਧਾਰ ਹੋਵੇਗਾ। ਉਨ੍ਹਾਂ ਅਨੁਸਾਰ, ਇਹ ਮੀਟਿੰਗ ਸਿਰਫ਼ ਪ੍ਰਗਤੀ ਦੀ ਨਿਗਰਾਨੀ ਕਰਨ ਲਈ ਇੱਕ ਰਸਮੀ ਪ੍ਰਕਿਰਿਆ ਨਹੀਂ ਹੈ, ਸਗੋਂ ਇੱਕ ਜਵਾਬਦੇਹੀ ਮੀਟਿੰਗ ਹੈ ਜੋ ਨਤੀਜੇ ਯਕੀਨੀ ਬਣਾਉਂਦੀ ਹੈ।



ਕੇਂਦਰੀ ਮੰਤਰੀ ਸ਼੍ਰੀ ਚੌਹਾਨ ਨੇ ਐਲ ਨੀਨੋ ਅਤੇ ਪਾਣੀ ਸੰਕਟ ਬਾਰੇ ਇੱਕ ਸਪੱਸ਼ਟ ਰਣਨੀਤਕ ਦ੍ਰਿਸ਼ਟੀਕੋਣ ਵੀ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਤੁਰੰਤ ਸਥਿਤੀ ਤੋਂ ਪਰੇ ਦੇਖਦੇ ਹੋਏ, ਹਾੜੀ ਦੀ ਫਸਲ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਹੁਣੇ ਕਦਮ ਚੁੱਕੇ ਜਾਣੇ ਚਾਹੀਦੇ ਹਨ। ਉਨ੍ਹਾਂ ਐਲ ਨੀਨੋ ਨੂੰ ਇੱਕ ਚੁਣੌਤੀ ਅਤੇ ਇੱਕ ਮੌਕਾ ਦੋਵੇਂ ਦੱਸਿਆ। ਉਨ੍ਹਾਂ ਕਿਹਾ ਕਿ ਜੇਕਰ ਇਹ ਰੋਡਮੈਪ ਮੁਸ਼ਕਲ ਹਾਲਾਤਾਂ ਵਿੱਚ ਵੀ ਕਿਸਾਨਾਂ ਦੀਆਂ ਫਸਲਾਂ ਅਤੇ ਆਮਦਨ ਦੀ ਸੁਰੱਖਿਆ ਨੂੰ ਯਕੀਨੀ ਬਣਾਉਂਦਾ ਹੈ, ਤਾਂ ਵਿਗਿਆਨਕ ਖੇਤੀ ਅਤੇ ਏਕੀਕ੍ਰਿਤ ਖੇਤੀ ਮਾਡਲਾਂ ਵਿੱਚ ਕਿਸਾਨਾਂ ਦਾ ਵਿਸ਼ਵਾਸ ਹੋਰ ਮਜ਼ਬੂਤ ਹੋਵੇਗਾ। ਸ਼ਿਵਰਾਜ ਸਿੰਘ ਚੌਹਾਨ ਨੇ ਰਾਸ਼ਟਰੀ, ਰਾਜ ਅਤੇ ਜ਼ਿਲ੍ਹਾ ਪੱਧਰ 'ਤੇ ਬਣੀਆਂ ਕਮੇਟੀਆਂ ਨੂੰ ਸਪੱਸ਼ਟ ਸੰਦੇਸ਼ ਦਿੱਤਾ ਕਿ ਸਿਰਫ਼ ਕਮੇਟੀਆਂ ਬਣਾਉਣਾ ਕਾਫ਼ੀ ਨਹੀਂ ਹੈ, ਸਗੋਂ ਨਤੀਜੇ ਜ਼ਮੀਨ 'ਤੇ ਦਿਖਾਈ ਦੇਣੇ ਚਾਹੀਦੇ ਹਨ। ਉਨ੍ਹਾਂ ਨੇ ਇੱਕ ਟੀਮ, ਇੱਕ ਕਾਰਜ ਦੇ ਮੰਤਰ ਨੂੰ ਅਪਣਾਉਂਦੇ ਹੋਏ, ਹਰ ਪੱਧਰ 'ਤੇ ਕੌਣ, ਕੀ, ਅਤੇ ਕਦੋਂ ਨੂੰ ਪਰਿਭਾਸ਼ਿਤ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਰਾਸ਼ਟਰੀ ਕਮੇਟੀ ਲਈ ਤਿੰਨ ਮੁੱਖ ਜ਼ਿੰਮੇਵਾਰੀਆਂ ਵੀ ਸਪੱਸ਼ਟ ਕੀਤੀਆਂ: ਨੀਤੀਗਤ ਰੁਕਾਵਟਾਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਨੂੰ ਸੰਬੋਧਿਤ ਕਰਨਾ, ਕੇਂਦਰੀ ਅਤੇ ਰਾਜ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਜੋੜਨਾ, ਅਤੇ ਜ਼ਿਲ੍ਹਾ ਪੱਧਰ ਤੱਕ ਜਵਾਬਦੇਹੀ ਨੂੰ ਯਕੀਨੀ ਬਣਾਉਣਾ। ਸ਼ਿਵਰਾਜ ਸਿੰਘ ਚੌਹਾਨ ਨੇ ਵਿਸ਼ੇਸ਼ ਤੌਰ 'ਤੇ ਚਾਰਾਂ ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਕੁਲੈਕਟਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਕਮੇਟੀਆਂ ਦੇ ਗਠਨ, KVKs, DAOs ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਾਂਝੇ ਕੰਮਕਾਜ, ਅਤੇ ਜ਼ਮੀਨੀ ਤਾਲਮੇਲ ਦੀ ਸਥਿਤੀ ਬਾਰੇ ਜਾਣਕਾਰੀ ਦੀ ਬੇਨਤੀ ਕੀਤੀ। ਉਨ੍ਹਾਂ ਨੇ ਮਿੱਟੀ ਸਿਹਤ ਕਾਰਡਾਂ ਦੀ ਵੰਡ, ਸੂਖਮ-ਸਿੰਚਾਈ ਟੀਚਿਆਂ ਅਤੇ ਪ੍ਰਗਤੀ, ਖੇਤੀਬਾੜੀ ਮਸ਼ੀਨੀਕਰਨ ਉਪਕਰਣਾਂ ਦੀ ਉਪਲਬਧਤਾ, ਅਤੇ ਹਰੇਕ ਬਲਾਕ ਵਿੱਚ ਕਸਟਮ ਹਾਇਰਿੰਗ ਸੈਂਟਰਾਂ ਦੀ ਸੰਚਾਲਨ ਸਥਿਤੀ ਦੀ ਸਮੀਖਿਆ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

# ਵਿਰਾਟ ਕੋਹਲੀ ਹੈਮਸਟ੍ਰਿੰਗ ਕਾਰਨ ਅਫਗਾਨਿਸਤਾਨ ਵਿਰੁੱਧ ਖੇਡੀ ਜਾਣ ਵਾਲੀ ਆਗਾਮੀ ਸੀਰੀਜ਼ ਤੋਂ ਬਾਹਰ

ਨਵੀਂ ਦਿੱਲੀ, 4 ਜੂਨ (ਚ.ਨ.ਸ.): ਭਾਰਤੀ ਕ੍ਰਿਕਟ ਪ੍ਰਸ਼ੰਸਕਾਂ ਲਈ ਇੱਕ ਨਿਰਾਸ਼ਾਜਨਕ ਖ਼ਬਰ ਸਾਹਮਣੇ ਆਈ ਹੈ। ਸਾਬਕਾ ਕਪਤਾਨ ਅਤੇ ਦਿੱਗਜ ਬੱਲੇਬਾਜ਼ ਵਿਰਾਟ ਕੋਹਲੀ ਹੈਮਸਟ੍ਰਿੰਗ ਦੀ ਸੱਟ ਕਾਰਨ ਅਫਗਾਨਿਸਤਾਨ ਵਿਰੁੱਧ ਹੋਣ ਵਾਲੀ ਆਗਾਮੀ ਤਿੰਨ ਮੈਚਾਂ ਦੀ ਵਨਡੇ ਸੀਰੀਜ਼ ਤੋਂ ਬਾਹਰ ਹੋ ਗਏ ਹਨ। ਇਕ ਰਿਪੋਰਟ @ਚ ਇਸ ਦਾ ਖੁਲਾਸਾ ਹੋਇਆ ਹੈ।37 ਸਾਲਾ ਕੋਹਲੀ, ਜੋ ਪਹਿਲਾਂ ਹੀ ਟੈਸਟ ਅਤੇ ਟੀ-20 ਅੰਤਰਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈ ਚੁੱਕੇ ਹਨ, ਇਸ ਸੀਰੀਜ਼ ਰਾਹੀਂ ਅੰਤਰਰਾਸ਼ਟਰੀ ਕ੍ਰਿਕਟ ਵਿੱਚ ਵਾਪਸੀ ਕਰਨ ਵਾਲੇ ਸਨ। ਉਨ੍ਹਾਂ ਨੇ ਆਪਣਾ ਆਖਰੀ ਅੰਤਰਰਾਸ਼ਟਰੀ ਮੈਚ ਇਸੇ ਸਾਲ 18 ਜਨਵਰੀ ਨੂੰ ਨਿਊਜ਼ੀਲੈਂਡ ਵਿਰੁੱਧ ਖੇਡਿਆ ਸੀ, ਜਿਸ ਵਿੱਚ ਉਨ੍ਹਾਂ ਨੇ ਸ਼ਾਨਦਾਰ ਸੈਂਕੜਾ ਜੜਿਆ ਸੀ। ਅਫਗਾਨਿਸਤਾਨ ਵਿਰੁੱਧ ਇਹ ਸੀਰੀਜ਼ 13 ਜੂਨ ਤੋਂ ਸ਼ੁਰੂ ਹੋਣ ਜਾ ਰਹੀ ਹੈ, ਪਰ ਸੱਟ ਨੇ ਉਨ੍ਹਾਂ ਦੀ ਅੰਤਰਰਾਸ਼ਟਰੀ ਵਾਪਸੀ @ਤੇ ਰੋਕ ਲਗਾ ਦਿੱਤੀ ਹੈ।ਕੋਹਲੀ ਤੋਂ ਇਲਾਵਾ ਦਿੱਗਜ ਖਿਡਾਰੀ ਰੋਹਿਤ ਸ਼ਰਮਾ ਦੀ ਉਪਲਬਧਤਾ ਬਾਰੇ ਵੀ ਅਜੇ ਸਥਿਤੀ ਸਪੱਸ਼ਟ ਨਹੀਂ ਹੈ। ਰੋਹਿਤ ਵੀ ਟੈਸਟ ਅਤੇ ਟੀ-20 ਤੋਂ ਸੰਨਿਆਸ ਲੈ ਚੁੱਕੇ ਹਨ।



## ਟੀਮ ਇੰਡੀਆ 'ਚ ਵੱਡਾ ਬਦਲਾਅ !
# ਸਰਪੰਚ ਸਾਬ੍ਹ ਨੂੰ ਕਪਤਾਨ ਬਣਾਉਣ ਦੀ ਤਿਆਰੀ

ਨਵੀਂ ਦਿੱਲੀ, 4 ਜੂਨ (ਚ.ਨ.ਸ.) : ਭਾਰਤੀ ਪੁਰਸ਼ ਕ੍ਰਿਕਟ ਟੀਮ ਦੇ ਸਟਾਰ ਮੱਧ-ਕ੍ਰਮ ਦੇ ਬੱਲੇਬਾਜ਼ ਅਤੇ ਵਨਡੇ ਟੀਮ ਦੇ ਉਪ-ਕਪਤਾਨ ਸ਼੍ਰੇਅਸ ਅਈਅਰ ਹੁਣ ਭਾਰਤ ਦੇ ਨਵੇਂ "209 ਕਪਤਾਨ ਬਣਨ ਲਈ ਪੂਰੀ ਤਰ੍ਹਾਂ ਤਿਆਰ ਹਨ। ਅਈਅਰ, ਜਿਨ੍ਹਾਂ ਨੇ ਆਖਰੀ ਵਾਰ ਦਸੰਬਰ 2023 ਵਿੱਚ ਆਸਟ੍ਰੇਲੀਆ ਖਿਲਾਫ ਟੀ-20 ਮੈਚ ਖੇਡਿਆ ਸੀ, ਸੂਰਿਆਕੁਮਾਰ ਯਾਦਵ ਦੀ ਜਗ੍ਹਾ ਲੈਣਗੇ। ਸੂਰਿਆਕੁਮਾਰ ਯਾਦਵ, ਜਿਨ੍ਹਾਂ ਦੀ ਕਪਤਾਨੀ ਹੇਠ ਭਾਰਤ ਨੇ ਹਾਲ ਹੀ ਵਿੱਚ ਟੀ-20 ਵਿਸ਼ਵ ਕੱਪ ਜਿੱਤਿਆ ਸੀ, ਨੂੰ ਕਪਤਾਨੀ ਤੋਂ ਹਟਾ ਦਿੱਤਾ ਗਿਆ ਹੈ ਅਤੇ ਭਵਿੱਖ ਦੀਆਂ ਸੀਰੀਜ਼ਾਂ ਲਈ ਵੀ ਉਨ੍ਹਾਂ ਦੇ ਨਾਮ 'ਤੇ ਵਿਚਾਰ ਕੀਤੇ ਜਾਣ ਦੀ ਉਮੀਦ ਬਹੁਤ ਘੱਟ ਹੈ।ਇੱਕ ਰਿਪੋਰਟ ਮੁਤਾਬਕ, ਸ਼੍ਰੇਅਸ ਅਈਅਰ ਆਇਰਲੈਂਡ ਅਤੇ ਇੰਗਲੈਂਡ ਖਿਲਾਫ ਹੋਣ ਵਾਲੀ ਸੀਰੀਜ਼ ਵਿੱਚ ਭਾਰਤੀ ਟੀਮ ਦੀ ਕਮਾਨ ਸੰਭਾਲਣਗੇ। ਦੱਸ ਦੇਈਏ ਕਿ ਅਈਅਰ ਆਈਪੀਐਲ ਇਤਿਹਾਸ ਦੇ ਇਕਲੌਤੇ ਅਜਿਹੇ ਕਪਤਾਨ ਹਨ ਜਿਨ੍ਹਾਂ ਨੇ ਤਿੰਨ ਵੱਖ-ਵੱਖ ਟੀਮਾਂ ਨੂੰ ਆਈਪੀਐਲ ਫਾਈਨਲ ਵਿੱਚ ਪਹੁੰਚਾਇਆ ਹੈ।

# ਬੈਂਕ ਆਫ਼ ਇੰਡੀਆ ਨੇ ਐਮ.ਐਸ.ਐਮ.ਈ. ਆਊਟਰੀਚ ਪ੍ਰੋਗਰਾਮ ਕਰਵਾਇਆ

ਲੁਧਿਆਣਾ, 4 ਜੂਨ (ਚ.ਨ.ਸ.) : ਜਨਤਕ ਖੇਤਰ ਦੇ ਬੈਂਕ, ਬੈਂਕ ਆਫ਼ ਇੰਡੀਆ ਵੱਲੋਂ ਜ਼ੋਨਲ ਮੈਨੇਜਰ ਵਿਵੇਕ ਨਿਗਮ ਦੀ ਅਗਵਾਈ ਹੇਠ ਜ਼ੋਨਲ ਦਫ਼ਤਰ, ਲੁਧਿਆਣਾ ਵਿਖੇ ਇੱਕ ਐਮ.ਐਸ.ਐਮ.ਈ. ਆਊਟਰੀਚ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਐਸ.ਐਮ.ਈ.ਸੀ.ਸੀ. ਸੈਂਟਰ ਹੈੱਡ ਆਰ.ਪੀ. ਯਾਦਵ, ਮੁੱਖ ਪ੍ਰਬੰਧਕ ਨਵਜੋਤ ਕੌਰ, ਵੱਖ-ਵੱਖ ਸ਼ਾਖਾਵਾਂ ਦੇ ਮੁਖੀ ਅਤੇ ਵਿਸ਼ੇਸ਼ ਗਾਹਕ ਸ਼ਾਮਲ ਹੋਏ। ਜ਼ੋਨਲ ਮੈਨੇਜਰ ਵਿਵੇਕ ਨਿਗਮ ਨੇ ਐਮ.ਐਸ.ਐਮ.ਈ. ਸੈਕਟਰ ਦੀ ਮਹੱਤਤਾ ਅਤੇ ਇਸ ਪ੍ਰਤੀ ਬੈਂਕ ਦੀ ਵਚਨਬੱਧਤਾ 'ਤੇ ਚਾਨਣਾ ਪਾਇਆ। ਆਰ.ਪੀ. ਯਾਦਵ ਨੇ ਬੈਂਕ ਵੱਲੋਂ



ਪੇਸ਼ ਕੀਤੀਆਂ ਜਾਂਦੀਆਂ ਵੱਖ-ਵੱਖ ਐਮ.ਐਸ.ਐਮ.ਈ. ਸਕੀਮਾਂ ਅਤੇ ਉਨ੍ਹਾਂ ਨਾਲ ਜੁੜੇ ਲਾਭਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ 'ਤੇ, 23.18 ਕਰੋੜ ਰੁਪਏ ਦੇ 15 ਮਨਜ਼ੂਰੀ ਪੱਤਰ ਵੰਡੇ ਗਏ।

# ਭਾਰਤ ਦੀ ਧੀ ਨੇ ਰਚਿਆ ਇਤਿਹਾਸ: ਉੱਤਰੀ ਅਮਰੀਕਾ ਦੇ ਸਭ ਤੋਂ ਉਚੇ ਜਵਾਲਾਮੁਖੀ 'ਤੇ ਲਹਿਰਾਇਆ ਤਿਰੰਗਾ

ਹਰਦਾ , 4 ਜੂਨ (ਚ.ਨ.ਸ.) : ਮੱਧ ਪ੍ਰਦੇਸ਼ ਦੇ ਹਰਦਾ ਜ਼ਿਲ੍ਹੇ ਦੇ ਪਿੰਡ ਕੁਕਰਾਵਦ ਦੀ ਰਹਿਣ ਵਾਲੀ ਪ੍ਰਸਿੱਧ ਪਰਬਤਾਰੋਹੀ ਜੋਤੀ ਰਾਤਰੇ ਨੇ ਇੱਕ ਵਾਰ ਫਿਰ ਵਿਸ਼ਵ ਪੱਧਰ 'ਤੇ ਦੇਸ਼ ਦਾ ਮਾਨ ਵਧਾਇਆ ਹੈ। ਜੋਤੀ ਨੇ ਮੈਕਸੀਕੋ ਵਿੱਚ ਸਥਿਤ 5,636 ਮੀਟਰ ਉੱਚੀ ਪਿਕੋ ਡੀ ਓਰੀਜ਼ਾਬਾ ਚੋਟੀ 'ਤੇ ਸਫਲਤਾਪੂਰਵਕ ਤਿਰੰਗਾ ਲਹਿਰਾਇਆ ਹੈ। ਇਸ ਦੇ ਨਾਲ ਹੀ ਉਹ ਤਿੰਨ ਮਹਾਂਦੀਪਾਂ ਦੇ ਸਭ ਤੋਂ ਉੱਚੇ ਜਵਾਲਾਮੁਖੀ 'ਤੇ ਪਹੁੰਚਣ ਵਾਲੀ ਭਾਰਤ ਦੀ ਸਭ ਤੋਂ ਸੀਨੀਅਰ ਮਹਿਲਾ ਬਣ ਗਈ ਹੈ।ਜੋਤੀ ਰਾਤਰੇ ਨੇ ਆਪਣੀ ਅੰਤਿਮ ਚੜ੍ਹਾਈ 30 ਮਈ 2026 ਨੂੰ ਰਾਤ 12:42 ਵਜੇ ਸ਼ੁਰੂ ਕੀਤੀ ਸੀ। ਇਸ ਮੁਹਿੰਮ ਦੌਰਾਨ ਉਨ੍ਹਾਂ ਨੂੰ -15 ਤੋਂ -18 ਡਿਗਰੀ ਸੈਲਸੀਅਸ ਦੇ ਜਮਾ ਦੇਣ ਵਾਲੇ ਤਾਪਮਾਨ, ਤੇਜ਼ ਬਰਫੀਲੀ ਹਵਾਵਾਂ ਅਤੇ ਕਠਿਨ ਗਲੇਸ਼ੀਅਰਾਂ ਦਾ ਸਾਹਮਣਾ ਕਰਨਾ ਪਿਆ। ਕਰੀਬ 10 ਘੰਟੇ 28 ਮਿੰਟ ਦੇ ਲਗਾਤਾਰ ਸੰਘਰਸ਼ ਤੋਂ ਬਾਅਦ ਉਹ ਸਵੇਰੇ 11:10 ਵਜੇ ਸ਼ਿਖਰ 'ਤੇ ਪਹੁੰਚਣ ਵਿੱਚ ਸਫਲ ਰਹੀ।ਜੋਤੀ ਰਾਤਰੇ, ਜੋ ਪਹਿਲਾਂ ਮਾਊਂਟ ਏਵਰੈਸਟ ਸਮੇਤ ਕਈ ਅੰਤਰਰਾਸ਼ਟਰੀ ਮੁਹਿੰਮਾਂ ਫਤਹਿ ਕਰ ਚੁੱਕੀ ਹੈ, ਨੇ ਆਪਣੀ ਇਸ ਤਾਜ਼ਾ ਉਪਲਬਧੀ ਨੂੰ ਭਾਰਤ ਦੀਆਂ ਪੇਂਡੂ ਔਰਤਾਂ ਨੂੰ ਸਮਰਪਿਤ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਦ੍ਰਿੜ ਇੱਛਾ ਸ਼ਕਤੀ ਅਤੇ ਲਕਸ਼ ਪ੍ਰਤੀ ਸਮਰਪਣ ਨਾਲ ਕੋਈ ਵੀ ਮੰਜ਼ਿਲ ਹਾਸਲ ਕੀਤੀ ਜਾ ਸਕਦੀ ਹੈ।ਇਸ ਇਤਿਹਾਸਕ ਪ੍ਰਾਪਤੀ ਤੋਂ ਬਾਅਦ ਹਰਦਾ ਜ਼ਿਲ੍ਹੇ ਅਤੇ ਪਰਿਵਾਰ ਵਿੱਚ ਖੁਸ਼ੀ ਦੀ ਲਹਿਰ ਹੈ। ਜੋਤੀ ਦੀ ਇਹ ਸਫਲਤਾ ਇਲਾਕੇ ਦੀਆਂ ਔਰਤਾਂ ਅਤੇ ਨੌਜਵਾਨਾਂ ਲਈ ਇੱਕ ਵੱਡੀ ਪ੍ਰੇਰਨਾ ਬਣ ਕੇ ਉਭਰੀ ਹੈ।



## 3 ਕਰੋੜ ਲਖਪਤੀ ਦੀਦੀਆਂ ਦਾ ਟੀਚਾ ਪ੍ਰਾਪਤ
# ਮਿਸ਼ਨ ਮੋਡ ਵਿੱਚ 6 ਕਰੋੜ ਲੱਖਪਤੀ ਦੀਦੀਆਂ ਬਣਾਉਣ ਦੇ ਵਾਅਦੇ ਨੂੰ ਪੂਰਾ ਕਰਨ 'ਤੇ ਜ਼ੋਰ: ਚੌਹਾਨ



ਨਵੀਂ ਦਿੱਲੀ, 4 ਜੂਨ (ਅੰਮ੍ਰਿਤਪਾਲ ਸਿੰਘ) : ਲਖਪਤੀ ਦੀਦੀਆਂ ਪਹਿਲਕਦਮੀ ਦੀ ਪ੍ਰਗਤੀ ਅਤੇ ਭਵਿੱਖੀ ਕਾਰਜ ਯੋਜਨਾ ਦੀ ਸਮੀਖਿਆ ਕਰਦੇ ਹੋਏ, ਕੇਂਦਰੀ ਪੇਂਡੂ ਵਿਕਾਸ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਦਸੰਬਰ 2025 ਤੱਕ 3 ਕਰੋੜ ਲਖਪਤੀ ਦੀਦੀਆਂ ਬਣਾਉਣ ਦਾ ਟੀਚਾ ਪ੍ਰਾਪਤ ਕਰ ਲਿਆ ਗਿਆ ਹੈ। ਉਨ੍ਹਾਂ ਨੇ ਰਾਜਾਂ ਨੂੰ ਇਸ ਪ੍ਰਾਪਤੀ @ਤੇ ਨਿਰਮਾਣ ਕਰਨ ਅਤੇ ਨਿਰਧਾਰਤ ਸਮਾਂ ਸੀਮਾ ਦੇ ਅੰਦਰ 3 ਕਰੋੜ ਵਾਧੂ ਲਖਪਤੀ ਦੀਦੀਆਂ ਬਣਾਉਣ ਦੇ ਵਾਅਦੇ ਨੂੰ ਪੂਰਾ ਕਰਨ ਲਈ ਮਿਸ਼ਨ ਮੋਡ ਵਿੱਚ ਕੰਮ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਰਾਜਾਂ ਨੂੰ ਹਰ ਸੰਭਵ ਸਹਾਇਤਾ, ਮਾਰਗਦਰਸ਼ਨ ਅਤੇ ਲੋੜੀਂਦੇ ਸਰੋਤਾਂ ਦਾ ਭਰੋਸਾ ਦਿੱਤਾ। ਮੀਟਿੰਗ ਵਿੱਚ ਵੱਖ-ਵੱਖ ਰਾਜਾਂ ਦੀ ਪ੍ਰਗਤੀ ਅਤੇ ਭਵਿੱਖ ਦੀ ਰਣਨੀਤੀ ਦੀ ਸਮੀਖਿਆ ਕੀਤੀ ਗਈ। ਕੇਂਦਰੀ ਮੰਤਰੀ ਨੇ ਕਿਹਾ ਕਿ ਹੁਣ ਤਰਜੀਹ 30 ਮਿਲੀਅਨ ਹੋਰ ਔਰਤਾਂ ਨੂੰ ਟਿਕਾਊ ਅਤੇ ਵਿਭਿੰਨ ਰੋਜ਼ੀ-ਰੋਟੀ ਗਤੀਵਿਧੀਆਂ ਨਾਲ ਜੋੜਨਾ ਹੈ ਤਾਂ ਜੋ ਉਨ੍ਹਾਂ ਦੀ ਆਮਦਨ ਵਿੱਚ ਨਿਰੰਤਰ ਵਾਧਾ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਨੇ ਨਿਰਦੇਸ਼ ਦਿੱਤਾ ਕਿ ਰੋਜ਼ੀ-ਰੋਟੀ ਦੇ ਮੌਕੇ ਹਰੇਕ ਯੋਗ ਸਵੈ-ਸਹਾਇਤਾ ਸਮੂਹ ਮੈਂਬਰ ਤੱਕ ਪਹੁੰਚਣ ਅਤੇ ਕੋਈ ਵੀ ਯੋਗ ਔਰਤ ਇਨ੍ਹਾਂ ਮੌਕਿਆਂ ਤੋਂ ਵਾਂਝੀ ਨਾ ਰਹੇ। ਸ਼੍ਰੀ ਚੌਹਾਨ ਨੇ ਕਿਹਾ ਕਿ ਲਖਪਤੀ ਦੀਦੀ ਪਹਿਲਕਦਮੀ ਪੇਂਡੂ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਪਰਿਵਰਤਨਸ਼ੀਲ ਮੁਹਿੰਮ ਵਜੋਂ ਉਭਰੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਭਰ ਵਿੱਚ ਲਗਭਗ 41.1 ਮਿਲੀਅਨ ਸੰਭਾਵੀ ਲਖਪਤੀ ਦੀਦੀਆਂ ਦੀ ਪਛਾਣ ਕੀਤੀ ਗਈ ਹੈ, ਜੋ ਪਹਿਲਕਦਮੀ ਦੇ ਅਗਲੇ ਪੜਾਅ ਨੂੰ ਪ੍ਰਾਪਤ ਕਰਨ ਲਈ ਇੱਕ ਮਜ਼ਬੂਤ ??ਨੀਂਹ ਪ੍ਰਦਾਨ ਕਰਦੀ ਹੈ। ਉਨ੍ਹਾਂ ਨੇ ਰਾਜਾਂ ਨੂੰ ਇਨ੍ਹਾਂ ਔਰਤਾਂ ਨੂੰ ਖੇਤੀਬਾੜੀ, ਪਸ਼ੂ ਪਾਲਣ, ਸੂਖਮ-ਉੱਦਮਾਂ, ਪ੍ਰੋਸੈਸਿੰਗ, ਮੁੱਲ ਜੋੜਨ, ਵਪਾਰ, ਸੇਵਾਵਾਂ ਅਤੇ ਹੋਰ ਗੈਰ-ਖੇਤੀਬਾੜੀ ਗਤੀਵਿਧੀਆਂ ਨਾਲ ਜੋੜਨ ਲਈ ਵਿਸ਼ੇਸ਼ ਯਤਨ ਕਰਨ ਦੀ ਅਪੀਲ ਕੀਤੀ। ਸ੍ਰੀ ਚੌਹਾਨ ਨੇ ਕਿਹਾ ਕਿ ਲਖਪਤੀ ਦੀਦੀ ਅਭਿਆਨ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਨਿਗਰਾਨੀ ਲਈ ਤਕਨਾਲੋਜੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ (19)-ਅਧਾਰਤ ਹੱਲ ਵੀ ਵਰਤੇ ਜਾ ਰਹੇ ਹਨ। ਡਿਜੀਟਲ ਪਲੇਟਫਾਰਮ ਅਤੇ ਡੇਟਾ-ਸੰਚਾਲਿਤ ਪ੍ਰਣਾਲੀਆਂ ਲਾਭਪਾਤਰੀਆਂ ਦੀ ਪਛਾਣ, ਰੋਜ਼ੀ-ਰੋਟੀ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਅਤੇ ਨਤੀਜਿਆਂ ਦੇ ਮੁਲਾਂਕਣ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾ ਰਹੀਆਂ ਹਨ।ਮੀਟਿੰਗ ਵਿੱਚ ਬੈਂਕ ਕ੍ਰੈਡਿਟ, ਉੱਦਮਤਾ ਵਿਕਾਸ, ਹੁਨਰ ਅੱਪਗ੍ਰੇਡੇਸ਼ਨ, ਮਾਰਕੀਟ ਲਿੰਕੇਜ ਅਤੇ ਰੋਜ਼ੀ-ਰੋਟੀ ਵਿਭਿੰਨਤਾ ਨਾਲ ਸਬੰਧਤ ਰਾਜਾਂ ਦੁਆਰਾ ਕੀਤੀਆਂ ਗਈਆਂ ਪਹਿਲਕਦਮੀਆਂ ਦੀ ਵੀ ਸਮੀਖਿਆ ਕੀਤੀ ਗਈ। ਕੇਂਦਰੀ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ, ਰਾਜ ਸਰਕਾਰਾਂ, ਬੈਂਕਾਂ ਅਤੇ ਹੋਰ ਹਿੱਸੇਦਾਰਾਂ ਦੁਆਰਾ ਤਾਲਮੇਲ ਵਾਲੇ ਯਤਨਾਂ ਰਾਹੀਂ ਨਿਰਧਾਰਤ ਸਮਾਂ ਸੀਮਾ ਦੇ ਅੰਦਰ 60 ਮਿਲੀਅਨ ਲੱਖਪਤੀ ਦੀਦੀ ਬਣਾਉਣ ਦਾ ਟੀਚਾ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਸਾਰੇ ਹਿੱਸੇਦਾਰਾਂ ਨੂੰ ਮਿਸ਼ਨ ਮੋਡ ਵਿੱਚ ਕੰਮ ਕਰਨ ਅਤੇ ਜ਼ਮੀਨੀ ਪੱਧਰ @ਤੇ ਨਤੀਜੇ ਯਕੀਨੀ ਬਣਾਉਣ ਦਾ ਸੱਦਾ ਦਿੱਤਾ।

# 2 ਜੁਲਾਈ ਤੋਂ ਡਰਾਈਵਿੰਗ ਲਾਇਸੈਂਸਾਂ ਅਤੇ ਆਈ.ਡੀ. ਕਾਰਡਾਂ ਵਿੱਚ ਨਾਗਰਿਕਤਾ ਮਾਰਕਰ ਹੋਵੇਗਾ ਸ਼ਾਮਿਲ

ਕੈਲਗਰੀ, 4 ਜੂਨ (ਚ.ਨ.ਸ.) : ਅਲਬਰਟਾ ਸਰਕਾਰ ਨਵੇਂ ਅਤੇ ਨਵਿਆਏ ਗਏ ਕਾਰਡ ਜਾਰੀ ਕਰ ਰਹੀ ਹੈ, ਜਿਸ ਵਿਚ ਨਿੱਜੀ ਸਿਹਤ ਨੰਬਰ ਅਤੇ ਕੈਨੇਡੀਅਨ ਨਾਗਰਿਕਤਾ ਮਾਰਕਰ ਸ਼ਾਮਿਲ ਹੋਣਗੇ। ਇਕ ਦਸਤਾਵੇਜ਼ 'ਤੇ ਪਛਾਣ,ਨਿੱਜੀ ਸਿਹਤ ਨੰਬਰ ਅਤੇ ਨਾਗਰਿਕਤਾ ਦੀ ਜਾਣਕਾਰੀ ਨੂੰ ਜੋੜ ਕੇ, ਅਲਬਰਟਾ ਵਾਸੀਆਂ ਨੂੰ ਹੁਣ ਪ੍ਰੋਗ੍ਰਾਮਾਂ ਅਤੇ ਸੇਵਾਵਾਂ ਤੱਕ ਪਹੁੰਚ ਕਰਨ ਲਈ ਆਈ. ਡੀ. ਦੇ ਕਈ ਟੁਕੜੇ ਰੱਖਣ ਦੀ ਜ਼ਰੂਰਤ ਨਹੀਂ ਹੋਵੇਗੀ। ਇਹ ਜਾਣਕਾਰੀ ਸੂਬੇ ਦੀ ਮੁੱਖ ਮੰਤਰੀ ਡੈਨੀਅਨ ਸਮਿੱਥ ਅਤੇ ਡੇਲ ਨੈਲੀ, ਸੇਵਾ ਮੰਤਰੀ ਅਲਬਰਟਾ ਅਤੇ ਰੈੱਡ ਟੇਪ ਰਿਡਕਸ਼ਨ ਨੇ ਦਿੱਤੀ। ਉਨ੍ਹਾਂ ਕਿਹਾ ਕਿ 2 ਜੁਲਾਈ 2026 ਤੋਂ ਡਰਾਈਵਿੰਗ ਲਾਇਸੈਂਸਾਂ ਅਤੇ ਆਈ.ਡੀ. ਕਾਰਡਾਂ ਵਿਚ ਤੁਹਾਡਾ ਸਿਹਤ ਨੰਬਰ ਅਤੇ ਨਾਗਰਿਕਤਾ ਮਾਰਕਰ ਸ਼ਾਮਿਲ ਹੋਵੇਗਾ।ਉਨ੍ਹਾਂ ਸੇਵਾਵਾਂ ਲਈ ਸਿਰਫ਼ ਇਕ ਸੁਰੱਖਿਅਤ, ਸੁਰੱਖਿਅਤ ਕਾਰਡ ਜਿਨ੍ਹਾਂ 'ਤੇ ਤੁਸੀਂ ਭਰੋਸਾ ਕਰਦੇ ਹੋ।ਉਨ੍ਹਾਂ ਕਿਹਾ ਕਿ ਨਵੇਂ ਕਾਰਡਾਂ ਵਿਚ ਇਕ ਨਵਾਂ ਆਧੁਨਿਕ ਡਿਜ਼ਾਈਨ ਹੋਵੇਗਾ ਜੋ ਸੂਬੇ ਦੇ ਅਮੀਰ ਇਤਿਹਾਸ ਅਤੇ ਪਛਾਣ ਨੂੰ ਦਰਸਾਉਂਦਾ ਹੈ। ਨਵੇਂ ਕਾਰਡਾਂ ਵਿਚ ਵਧੀਆਂ ਸੁਰੱਖਿਆ ਵਿਸ਼ੇਸ਼ਤਾਵਾਂ ਵੀ ਸ਼ਾਮਿਲ ਹਨ, ਜੋ ਧੋਖਾਧੜੀ ਤੋਂ ਬਚਾਉਣ ਵਿਚ ਮਦਦ ਕਰਨਗੀਆਂ। ਸਮੇਂ ਦੇ ਨਾਲ ਇਹ ਤਬਦੀਲੀ ਕਾਗਜ਼ੀ ਅਲਬਰਟਾ ਹੈਲਥ ਕੇਅਰ ਕਾਰਡਾਂ ਦੀ ਜ਼ਰੂਰਤ ਨੂੰ ਘਟਾ ਦੇਵੇਗੀ ਅਤੇ ਅੰਤ ਵਿਚ ਖ਼ਤਮ ਕਰ ਦੇਵੇਗੀ। ਇਹ ਇਕ ਵਿਹਾਰਕ ਸੁਧਾਰ ਹਨ ਜੋ ਅਲਬਰਟਾ ਵਾਸੀਆਂ ਲਈ ਜੀਵਨ ਨੂੰ ਆਸਾਨ ਬਣਾ ਦੇਣਗੇ। ਜਿਹੜੇ ਲੋਕ ਕੈਨੇਡੀਅਨ ਨਾਗਰਿਕਤਾ ਦੀ ਪੁਸ਼ਟੀ ਕਰਦੇ ਹਨ,ਉਨ੍ਹਾਂ ਦੇ ਕਾਰਡ ਵਿਚ ਇਕ ਨਾਗਰਿਕਤਾ ਮਾਰਕਰ ਜੋੜਿਆ ਜਾਵੇਗਾ।ਯੋਗ ਗੈਰ-ਨਾਗਰਿਕ ਅਜੇ ਵੀ ਲਾਇਸੈਂਸ ਜਾਂ ਆਈ. ਡੀ. ਕਾਰਡ ਪ੍ਰਾਪਤ ਕਰ ਸਕਦੇ ਹਨ ਅਤੇ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰਨ ਲਈ ਵਾਧੂ ਸਮੇਂ ਦੀ ਲੋੜ ਵਾਲੇ ਅਲਬਰਟਨਾਂ ਲਈ ਇਕ ਵਾਰ 60-ਦਿਨਾਂ ਦੀ ਗ੍ਰੇਸ ਪੀਰੀਅਡ ਉਪਲਬਧ ਹੋ ਸਕਦੀ ਹੈ।ਇਹ ਨਵੇਂ ਕਾਰਡ ਯੋਗ ਅਲਬਰਟਨਾਂ ਲਈ ਸੇਵਾਵਾਂ ਤੱਕ ਪਹੁੰਚ ਨੂੰ ਸਰਲ ਅਤੇ ਵਧੇਰੇ ਸੁਵਿਧਾਜਨਕ ਬਣਾ ਦੇਣਗੇ




## ਜਨਮ ਦਿਨ ਮੁਬਾਰਕ



ਗੁਰਰਾਜਪ੍ਰੀਤ ਕੌਰ



ਪ੍ਰਾਚੀ, ਤ੍ਰੂਲੀ

# ਨੌਜਵਾਨ ਪੀੜ੍ਹੀ ਨੂੰ ਰਾਹਤ ਦੇਣ ਲਈ 'ਹਫ਼ਤਾਵਾਰੀ ਤਨਖ਼ਾਹ ਸਿਸਟਮ ਲਾਗੂ ਕੀਤਾ ਜਾਵੇ: ਕਰਨੈਲ ਸਿੰਘ ਪੀਰ ਮੁਹੰਮਦ

ਚੰਡੀਗੜ੍ਹ, 4 ਜੂਨ (ਅੰਮ੍ਰਿਤਪਾਲ ਸਿੰਘ) : ਦੁਨੀਆਂ ਭਰ ਵਿੱਚ ਚੱਲ ਰਹੀ ਆਰਥਿਕ ਮੰਦੀ (ਰਿਸੈਸ਼ਨ) ਕਾਰਨ ਆਮ ਲੋਕ ਅਤੇ ਖ਼ਾਸ ਕਰਕੇ ਨੌਜਵਾਨ ਵਰਗ ਬੇਹੱਦ ਪਰੇਸ਼ਾਨੀ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ। ਅਜਿਹੇ ਹਾਲਾਤ ਵਿੱਚ ਦੇਸ਼ ਅੰਦਰ ਕਾਰਪੋਰੇਟ ਕੰਪਨੀਆਂ ਅਤੇ ਸਰਕਾਰੀ ਅਦਾਰਿਆਂ ਵਿੱਚ ਤਨਖ਼ਾਹ ਦੇ ਰਵਾਇਤੀ ਮਹੀਨਾਵਾਰ ਸਿਸਟਮ ਨੂੰ ਬਦਲਣ ਦੀ ਬੇਹੱਦ ਲੋੜ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਅੱਜ ਇੱਥੋਂ ਜਾਰੀ ਇੱਕ ਪ੍ਰੈੱਸ ਬਿਆਨ ਰਾਹੀਂ ਕੀਤਾ। ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਇੱਕ ਅਹਿਮ ਸੁਝਾਅ ਦਿੰਦਿਆਂ ਆਖਿਆ ਕਿ ਜਿਸ ਤਰ੍ਹਾਂ ਵਿਦੇਸ਼ਾਂ (ਵਿਕਸਿਤ ਮੁਲਕਾਂ) ਅੰਦਰ ਹਫ਼ਤੇ ਦੇ ਹਫ਼ਤੇ ਤਨਖ਼ਾਹ ਦੇਣ ਦੀ ਪ੍ਰਕਿਰਿਆ ਲਾਗੂ ਹੈ, ਉਸੀ ਤਰਜ਼ 'ਤੇ ਹੁਣ ਸਾਡੇ ਦੇਸ਼ ਅੰਦਰ ਵੀ ਇਹੋ ਜਿਹਾ ਸਿਸਟਮ ਤੁਰੰਤ ਸ਼ੁਰੂ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕਰਮਚਾਰੀਆਂ ਨੂੰ ਹਰ ਹਫ਼ਤੇ ਬਾਅਦ ਤਨਖ਼ਾਹ ਮਿਲਣੀ ਸ਼ੁਰੂ ਹੋ ਜਾਵੇ, ਤਾਂ ਇਸ ਨਾਲ ਦੇਸ਼ ਦੀ ਆਰਥਿਕਤਾ ਅਤੇ ਆਮ ਲੋਕਾਂ ਦੇ ਜੀਵਨ ਪੱਧਰ ਵਿੱਚ ਵੱਡਾ ਸੁਧਾਰ ਆਵੇਗਾ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਅਜੋਕੀ ਨੌਜਵਾਨ ਪੀੜ੍ਹੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਅੱਜ ਦੇ ਨੌਜਵਾਨਾਂ ਦੇ ਖ਼ਰਚੇ ਪਹਿਲੀਆਂ ਪੀੜ੍ਹੀਆਂ ਨਾਲੋਂ ਬਿਲਕੁਲ ਅਲੱਗ ਕਿਸਮ ਦੇ ਹਨ। ਡਿਜੀਟਲ ਯੁੱਗ, ਸਿੱਖਿਆ, ਰਹਿਣ-ਸਹਿਣ ਅਤੇ ਰੋਜ਼ਾਨਾ ਦੀਆਂ ਲੋੜਾਂ ਕਾਰਨ ਉਨ੍ਹਾਂ 'ਤੇ ਆਰਥਿਕ ਬੋਝ ਲਗਾਤਾਰ ਵਧ ਰਿਹਾ ਹੈ। ਮਹੀਨੇ ਦੇ ਆਖ਼ਰ ਤੱਕ ਉਡੀਕ ਕਰਨ ਕਾਰਨ ਨੌਜਵਾਨਾਂ ਨੂੰ ਕਈ ਵਾਰ ਮਾਨਸਿਕ ਅਤੇ ਵਿੱਤੀ ਤਣਾਅ ਦਾ ਸਾਹਮਣਾ ਕਰਨਾ ਪੈਂਦਾ ਹੈ।







# ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਦੀ ਚੇਅਰਮੈਨ ਚੀਮਾ ਨਾਲ ਮੀਟਿੰਗ



ਗੜ੍ਹਦੀਵਾਲਾ, 4 ਜੂਨ (ਗੌਰਵ): ਜਲ ਸਪਲਾਈ ਤੇ ਸੈਨੀਟੇਸ਼ਨ ਵਰਕਰ ਯੂਨੀਅਨ ਪੰਜਾਬ ਰਜਿ 26 ਦੀ ਮੀਟਿੰਗ ਸੂਬਾ ਪ੍ਰਧਾਨ ਦਰਸ਼ਵੀਰ ਸਿੰਘ ਰਾਣਾ ਦੀ ਅਗਵਾਈ ਵਿੱਚ ਵਿੱਤ ਮੰਤਰੀ ਪੰਜਾਬ ਸਰਕਾਰ ਤੇ ਸਬ-ਕਮੇਟੀ ਚੇਅਰਮੈਨ ਹਰਪਾਲ ਸਿੰਘ ਚੀਮਾ ਨਾਲ ਉਨ੍ਹਾਂ ਦੇ ਦਫਤਰ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਹੋਈ। ਜਿਸ ਵਿੱਚ ਜਲ ਸਪਲਾਈ ਵਿਭਾਗ ਤੋਂ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਹੈਡ ਆਫਿਸ ਪਟਿਆਲਾ ਤੇ ਪ੍ਰਸੋਨਲ ਵਿਭਾਗ ਤੋਂ ਉਚ ਅਧਿਕਾਰੀ ਸ਼ਾਮਲ ਹੋਏ। ਇਸ ਮੀਟਿੰਗ ਵਿੱਚ ਜਥੇਬੰਦੀ ਦੇ ਆਗੂਆਂ ਨੇ ਸਬ-ਕਮੇਟੀ ਚੇਅਰਮੈਨ ਹਰਪਾਲ ਸਿੰਘ ਚੀਮਾ ਨੂੰ ਦੱਸਿਆ ਕਿ ਜਲ ਸਪਲਾਈ ਵਿਭਾਗ ਵਿੱਚ ਇਨਲਿਸਟਮੈਂਟ ਕੈਟਾਗਰੀ ਰਹੀ ਲਗਭਗ 2800 ਵਰਕਰ ਪਿਛਲੇ 15 ਤੋਂ 20 ਸਾਲਾਂ ਤੋਂ ਲਗਾਤਾਰ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ ਤੇ ਪੂਰੇ ਪੰਜਾਬ ਵਿੱਚ ਸਾਫ ਪਾਣੀ ਘਰ-ਘਰ ਪਹੁੰਚਾ ਰਹੇ ਹਨ ਪਰ ਜੋ ਐਕਟ ਪੰਜਾਬ ਸਰਕਾਰ ਵੱਲੋਂ ਠੇਕਾ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਸਰਕਾਰ ਨਾਲ ਸਿੱਧਾ ਕੰਟਰੈਕਟ ਕਰਕੇ ਵਿਭਾਗ ਵਿੱਚ ਸ਼ਾਮਲ ਕਰਨ ਦਾ ਆਰਡੀਨੈਂਸ ਕੈਬਨਿਟ ਵਿੱਚ ਪੇਸ਼ ਕੀਤਾ ਹੈ, ਉਸ ਵਿੱਚ ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ ਕਾਮੇ ਇਸ ਐਕਟ ਵਿੱਚੋਂ ਬਾਹਰ ਰਖੇ ਗਏ ਹਨ, ਜਿਸ ਕਾਰਨ ਇਨ੍ਹਾਂ ਕਾਮਿਆਂ ਦਾ ਬਹੁਤ ਨੁਕਸਾਨ ਹੋਣਾ ਹੈ ਤੇ ਆਪਣੇ-ਆਪ ਨੂੰ ਠੱਗੇ ਮਹਿਸੂਸ ਕਰ ਰਹੇ ਹਨ, ਜਿਸ ਕਰਕੇ ਸੂਬੇ ਭਰ ਦੇ ਜਲ ਸਪਲਾਈ ਇਨਲਿਸਟਮੈਂਟ ਕਾਮਿਆਂ ਵਿੱਚ ਭਾਰੀ ਨਿਰਾਸ਼ਾ ਪਾਈ ਜਾ ਰਹੀ ਹੈ। ਜਿਸ ਬਾਰੇ ਪੂਰੀ ਗੱਲਬਾਤ ਸੁਣਨ ਉਪਰੰਤ ਹਰਪਾਲ ਸਿੰਘ ਚੀਮਾ ਨੇ ਇਸ ਮੰਗ ਨੂੰ ਜਾਇਜ਼ ਮੰਨਿਆ ਤੇ ਤੁਰੰਤ ਉਚ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਨ੍ਹਾਂ ਦੀ ਕੈਟਾਗਰੀ ਸ਼ਾਮਲ ਕੀਤੀ ਜਾਵੇ। ਇਸ ਉਪਰੰਤ ਸੂਬਾ ਕਮੇਟੀ ਨੇ ਐਲਾਨ ਕੀਤਾ ਕਿ ਜੇਕਰ ਵਰਕਰਾਂ ਨਾਲ ਧੋਖਾ ਹੋਇਆ ਤਾਂ ਜਥੇਬੰਦੀ ਆਰ-ਪਾਰ ਦਾ ਸੰਘਰਸ਼ ਉਲੀਕੇਗੀ ਤੇ 5 ਜੂਨ ਨੂੰ ਕੀਤਾ ਜਾਣ ਵਾਲਾ ਸੰਘਰਸ਼ ਮੁਲਤਵੀ ਕਰਦਿਆਂ 6 ਜੂਨ ਨੂੰ ਸੂਬਾ ਕਮੇਟੀ ਦੀ ਮੀਟਿੰਗ ਕਰਕੇ ਅਗਲੇ ਸੰਘਰਸ਼ ਦੀ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਮੌਕੇ ਸੂਬਾ ਸੀਨੀਅਰ ਮੀਤ ਪ੍ਰਧਾਨ ਜਸਵੀਰ ਸਿੰਘ ਸ਼ੀਰਾ, ਸੂਬਾ ਜੁਆਇੰਟ ਸਕੱਤਰ ਸੁਖਵਿੰਦਰ ਸਿੰਘ ਖਰਲ, ਸੂਬਾ ਜੁਆਇੰਟ ਪ੍ਰੈਸ ਸਕੱਤਰ ਬਲਵੀਰ ਸਿੰਘ ਹਿਰਦਾਪੁਰ, ਸੂਬਾ ਮੀਤ ਪ੍ਰਧਾਨ ਜਰਨੈਲ ਸਿੰਘ ਨਲੀਨਾ, ਸੂਬਾ ਮੀਤ ਪ੍ਰਧਾਨ ਗੁਰਮੀਤ ਸਿੰਘ ਫਤਹਿਗੜ੍ਹ, ਪ੍ਰਦੀਪ ਸਿੰਘ ਹੁਸ਼ਿਆਰਪੁਰ, ਨਿਰਭੈ ਸਿੰਘ ਹਾਜ਼ਰ ਸਨ।

# ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜਾਂ ਦੀ ਗਤੀ ਕੀਤੀ ਜਾਵੇਗੀ ਹੋਰ ਤੇਜ਼: ਵਿਧਾਇਕ ਸ਼ੈਰੀ ਕਲਸੀ

ਬਟਾਲਾ, 4 ਜੂਨ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜਾਂ ਦੀ ਰਫਤਾਰ ਹੋਰ ਤੇਜ਼ ਕੀਤੀ ਜਾਵੇਗੀ ਤੇ ਨਗਰ ਨਿਗਮ ਬਟਾਲਾ ਰਾਹੀਂ ਸ਼ਹਿਰ ਦੀ ਵਿਕਾਸ ਪੱਖੋਂ ਕਾਇਆ ਕਲਪ ਕੀਤੀ ਜਾਵੇਗੀ। ਵਿਧਾਇਕ ਸ਼ੈਰੀ ਕਲਸੀ ਨੇ ਲੋਕ ਮਿਲਣੀ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਉਪਰੰਤ ਕਿਹਾ ਕਿ ਬਟਾਲਾ ਵਾਸੀਆਂ ਨੇ ਨਗਰ ਨਿਗਮ ਚੋਣਾਂ ਵਿੱਚ ਜੋ ਵਿਸ਼ਵਾਸ ਆਮ ਆਦਮੀ ਪਾਰਟੀ ਵਿੱਚ ਜਤਾਇਆ ਹੈ, ਉਸ 'ਤੇ ਪੂਰਾ ਉਤਰਦਿਆਂ ਬਟਾਲਾ ਸ਼ਹਿਰ ਦੀਆਂ ਲੰਬਿਤ ਮੁਸ਼ਕਿਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਕਾਰਪੋਰੇਸ਼ਨ ਬਟਾਲਾ ਵੱਲੋਂ ਸ਼ਹਿਰ ਵਾਸੀਆਂ ਦੀਆਂ ਬੁਨਿਆਦੀ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਉਹ ਬਟਾਲਾ ਵਾਸੀਆਂ ਦੀ ਸਹੂਲਤ ਲਈ ਦਿਨ-ਰਾਤ ਉਨ੍ਹਾਂ ਦੀ ਸੇਵਾ ਵਿੱਚ ਹਾਜ਼ਰ ਹਨ ਤੇ ਪਿਛਲੇ ਚਾਰ ਸਾਲਾਂ ਅੰਦਰ ਬਟਾਲੇ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਤੇ ਉਨ੍ਹਾਂ ਵਿਕਾਸ ਕਾਰਜਾਂ ਨੂੰ ਵੇਖਦਿਆਂ ਸ਼ਹਿਰ ਵਾਸੀਆਂ ਨੇ ਨਗਰ ਨਿਗਮ ਬਟਾਲਾ ਦੀ ਕਮਾਨ ਆਪ ਪਾਰਟੀ ਨੂੰ ਸੌਂਪੀ ਗਈ ਹੈ। ਉਨ੍ਹਾਂ ਦੱਸਿਆ ਕਿ ਸ਼ਹਿਰ ਵਿਚ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਪ੍ਰਮੁੱਖ ਚੌਕਾਂ ਵਿੱਚ ਸੀਸੀਟੀਵੀ ਕੈਮਰੇ ਲਗਾਏ ਗਏ ਹਨ। ਸ਼ਹਿਰ ਦੀਆਂ ਪ੍ਰਮੁੱਖ ਸੜਕਾਂ 'ਤੇ ਵੱਡ ਆਕਾਰੀ ਲਾਈਟਾਂ ਲਗਾਈਆਂ ਗਈਆਂ ਹਨ। ਸ਼ਹਿਰ ਵਿਚਲੀ ਲਾਇਬ੍ਰੇਰੀ ਦੀ ਨਵੀਂ ਇਮਾਰਤ ਲੋਕਾਂ ਨੂੰ ਸਮਰਪਿਤ ਕੀਤਾ ਜਾ ਚੁੱਕੀ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਕ ਵਿਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ। ਲੋਕਾਂ ਨੂੰ ਸਾਫ਼-ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਸ਼ੁਰੂ ਕੀਤਾ ਗਿਆ ਹੈ ਸਮੇਤ ਵੱਖ-ਵੱਖ ਵਿਕਾਸ ਕਾਰਜ ਜਾਰੀ ਹਨ।



# ਏ.ਡੀ.ਸੀ. ਨਿਕਾਸ ਕੁਮਾਰ ਵੱਲੋਂ ਦੋ ਨਵੇਂ ਬੈਡਮਿੰਟਨ ਕੋਰਟਾਂ ਦਾ ਉਦਘਾਟਨ

ਹੁਸ਼ਿਆਰਪੁਰ, 4 ਜੂਨ (ਪਰਮਿੰਦਰ ਘੁੰਮਣ): ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਉਪਲਬਧ ਕਰਵਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਿਲ ਤਹਿਤ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ ਨੇ ਅੱਜ ਸਥਾਨਕ ਇੰਡੋਰ ਸਟੇਡੀਅਮ ਵਿੱਚ ਸੋਨਾਲਿਕਾ ਗਰੁੱਪ ਦੇ ਸਹਿਯੋਗ ਨਾਲ ਤਿਆਰ ਕੀਤੇ ਗਏ ਦੋ ਨਵੇਂ ਬੈਡਮਿੰਟਨ ਕੋਰਟਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਖੇਡਾਂ ਦੇ ਵਿਕਾਸ ਤੇ ਖਿਡਾਰੀਆਂ ਨੂੰ ਆਧੁਨਿਕ ਸਹੂਲਤਾਂ ਉਪਲਬੱਧ ਕਰਵਾਉਣ ਵਿੱਚ ਨਿੱਜੀ ਸੰਸਥਾਵਾਂ ਦੀ ਭਾਗੀਦਾਰੀ ਬਹੁਤ ਹੀ ਸ਼ਲਾਘਾਯੋਗ ਹੈ। ਏ.ਡੀ.ਸੀ. ਨਿਕਾਸ ਕੁਮਾਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਹਮੇਸ਼ਾ ਤਤਪਰ ਰਹਿੰਦਾ ਹੈ। ਇਸੇ ਲੜੀ ਤਹਿਤ ਇੰਟਰਨੈਸ਼ਨਲ ਟ੍ਰੈਕਟਰਜ਼ ਲਿਮਟਿਡ ਸੋਨਾਲਿਕਾ ਵੱਲੋਂ ਆਪਣੀਆਂ ਕਾਰਪੋਰੇਟ ਸੋਸ਼ਲ ਰਿਸਪਾਂਸਬਿਲਿਟੀ (ਸੀ.ਐਸ.ਆਰ.) ਗਤੀਵਿਧੀਆਂ ਦੇ ਅਧੀਨ ਬੈਡਮਿੰਟਨ ਖਿਡਾਰੀਆਂ ਲਈ ਇਹ ਸਹੂਲਤ ਮੁਹੱਈਆ ਕਰਵਾਈ ਗਈ ਹੈ, ਜਿਸ ਨਾਲ ਜ਼ਿਲ੍ਹੇ ਦੇ ਖਿਡਾਰੀਆਂ ਨੂੰ ਉਚ ਪੱਧਰੀ ਅਭਿਆਸ ਦਾ ਮੌਕਾ ਮਿਲੇਗਾ। ਉਨ੍ਹਾਂ ਸੋਨਾਲਿਕਾ ਪ੍ਰਬੰਧਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਹਿਯੋਗੀ ਉਪਰਾਲੇ ਜ਼ਿਲ੍ਹੇ ਵਿੱਚ ਖੇਡ ਸਭਿਆਚਾਰ ਨੂੰ ਹੋਰ ਮਜ਼ਬੂਤ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਉਨ੍ਹਾਂ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਉਹ ਉਪਲਬੱਧ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ, ਆਪਣੇ ਖੇਡ ਹੁਨਰ ਨੂੰ ਹੋਰ ਨਿਖਾਰਨ ਤੇ ਜ਼ਿਲ੍ਹੇ ਤੇ ਸੂਬੇ ਦਾ ਨਾਮ ਰੌਸ਼ਨ ਕਰਨ। ਇਸ ਮੌਕੇ ਸੋਨਾਲਿਕਾ ਗਰੁੱਪ ਵੱਲੋਂ ਰਜਨੀਸ਼ ਸੰਦਲ ਤੇ ਵਿਸ਼ਾਲ ਗੁਪਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਮਾਗਮ ਵਿੱਚ ਸਪੋਰਟਸ ਵੈਲਫੇਅਰ ਬੋਰਡ ਪੰਜਾਬ ਦੇ ਮੈਂਬਰ ਅਮਨਦੀਪ ਸਿੰਘ, ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਮੌਜੂਦ ਸਨ।

# ਵਾਰਡ ਨੰ. 5 ਤੋਂ ਬਸਪਾ ਉਮੀਦਵਾਰ ਗਗਨਦੀਪ ਗੱਗਾ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ



ਗੁਰਦਾਸਪੁਰ, 4 ਜੂਨ (ਜਸਵਿੰਦਰ ਸਿੰਘ): ਗੁਰਦਾਸਪੁਰ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ ਤੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਜਾ ਰਹੇ ਹਨ। ਇਸੇ ਕੜੀ ਤਹਿਤ ਬਹੁਜਨ ਸਮਾਜ ਪਾਰਟੀ (ਬਸਪਾ) ਦੇ ਉਮੀਦਵਾਰ ਗਗਨਦੀਪ ਨੇ ਗੁਰਦਾਸਪੁਰ ਦੇ ਵਾਰਡ ਨੰਬਰ 5 ਤੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ। ਇਸ ਮੌਕੇ ਉਨ੍ਹਾਂ ਦੇ ਨਾਲ ਪਾਰਟੀ ਦੇ ਅਹੁਦੇਦਾਰ, ਵਰਕਰ ਤੇ ਸਮਰਥਕ ਵੀ ਮੌਜੂਦ ਸਨ। ਗਗਨਦੀਪ ਨੇ ਕਿਹਾ ਕਿ ਜੇਕਰ ਵਾਰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਸੇਵਾ ਦਾ ਮੌਕਾ ਦਿੱਤਾ ਗਿਆ ਤਾਂ ਉਹ ਇਲਾਕੇ ਦੇ ਵਿਕਾਸ, ਸਫ਼ਾਈ, ਬੁਨਿਆਦੀ ਸਹੂਲਤਾਂ ਤੇ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਗੇ। ਉਨ੍ਹਾਂ ਨੇ ਵਾਰਡ ਨਿਵਾਸੀਆਂ ਤੋਂ ਸਮਰਥਨ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਤੇ ਨਿਸ਼ਠਾ ਨਾਲ ਕੰਮ ਕਰਨਗੇ। ਇਸ ਮੌਕੇ ਬਸਪਾ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਗਗਨਦੀਪ ਦੀ ਜਿੱਤ ਦਾ ਭਰੋਸਾ ਜਤਾਇਆ।

# ਕੈਬਨਿਟ ਮੰਤਰੀ ਡਾ. ਰਵਜੋਤ ਵੱਲੋਂ ਹਰਿਆਣਾ ਕਾਲਜ ਦਾ ਦੌਰਾ

ਹਰਿਆਣਾ, 4 ਜੂਨ (ਚੰਦਰ ਪ੍ਰਕਾਸ਼): ਜੀ.ਜੀ.ਡੀ.ਐਸ.ਡੀ. ਕਾਲਜ ਹਰਿਆਣਾ ਵਿਖੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਡਾ. ਰਵਜੋਤ (ਐਨ.ਆਰ.ਆਈ ਮਾਮਲੇ ਤੇ ਜੇਲ੍ਹ ਵਿਭਾਗ) ਨੇ ਵਿਸ਼ੇਸ਼ ਦੌਰਾ ਕੀਤਾ। ਇਸ ਸਮੇਂ ਕਾਲਜ ਦੇ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਵੱਲੋਂ ਕੈਬਨਿਟ ਮੰਤਰੀ ਡਾ. ਰਵਜੋਤ ਦਾ ਕਾਲਜ ਪਹੁੰਚਣ 'ਤੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਕਾਲਜ ਦੇ ਪ੍ਰਿੰਸੀਪਲ ਸਾਹਿਬਾਨ ਤੇ ਸਟਾਫ ਮੈਂਬਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਤੇ ਕਾਲਜ ਦੀਆਂ ਅਕਾਦਮਿਕ ਤੇ ਵਿਕਾਸਾਤਮਕ ਗਤੀਵਿਧੀਆਂ ਬਾਰੇ ਗੱਲਬਾਤ ਕੀਤੀ। ਇਸ ਸਮੇਂ ਕੈਬਨਿਟ ਮੰਤਰੀ ਡਾ. ਰਵਜੋਤ ਨੇ ਕਿਹਾ ਕਿ ਜੀ.ਜੀ.ਡੀ.ਐਸ.ਡੀ. ਕਾਲਜ ਹਰਿਆਣਾ ਉਨ੍ਹਾਂ ਦੇ ਹਲਕੇ ਦੀ ਇੱਕ ਸਭ ਤੋਂ ਪੁਰਾਣੀ ਤੇ ਪ੍ਰਮੁੱਖ ਸਿੱਖਿਆ ਸੰਸਥਾ ਹੈ, ਜੋ ਇਲਾਕੇ ਦੇ ਵਿਦਿਆਰਥੀਆਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਉਨ੍ਹਾਂ ਕਾਲਜ ਦੇ ਵਿਕਾਸ, ਬੁਨਿਆਦੀ ਢਾਂਚੇ ਦੇ ਸੁਧਾਰ ਤੇ ਵਿਦਿਆਰਥੀਆਂ ਲਈ ਆਧੁਨਿਕ ਸਹੂਲਤਾਂ ਉਪਲੱਬਧ ਕਰਵਾਉਣ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਉਹ ਚਾਹੁੰਦੇ ਹਨ ਕਿ ਇਹ ਕਾਲਜ ਸਿੱਖਿਆ, ਖੇਡਾਂ ਤੇ ਹੋਰ ਗਤੀਵਿਧੀਆਂ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰੇ। ਇਸ ਲਈ ਕਾਲਜ ਦੇ ਸਰਬਪੱਖੀ ਵਿਕਾਸ ਲਈ ਉਹ ਹਰ ਵੇਲੇ ਸਹਿਯੋਗ ਦੇਣ ਲਈ ਤਤਪਰ ਰਹਿਣਗੇ ਤਾਂ ਜੋ ਵਿਦਿਆਰਥੀਆਂ ਨੂੰ ਹੋਰ ਬਿਹਤਰ ਸਹੂਲਤਾਂ ਤੇ ਉਚ ਮਿਆਰੀ ਸਿੱਖਿਆ ਪ੍ਰਾਪਤ ਹੋ ਸਕੇ। ਇਸ ਸਮੇਂ ਕਾਲਜ ਦੇ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਨੇ ਕੈਬਨਿਟ ਮੰਤਰੀ ਡਾ. ਰਵਜੋਤ ਦਾ ਕਾਲਜ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚਣ ਉਤੇ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਆਸ ਕਰਦੇ ਹਨ ਕਿ ਕੈਬਨਿਟ ਮੰਤਰੀ ਡਾ. ਰਵਜੋਤ ਇਸੇ ਤਰ੍ਹਾਂ ਇਸ ਕਾਲਜ ਨਾਲ ਜੁੜੇ ਰਹਿਣ ਤੇ ਇਸ ਹਲਕੇ ਦੇ ਵਿਦਿਆਰਥੀਆਂ ਲਈ ਵਿਕਾਸ ਕਰਨ ਵਿੱਚ ਸਾਡਾ ਸਹਿਯੋਗ ਦਿੰਦੇ ਰਹੇ ਰਹਿਣ। ਇਸ ਸਮੇਂ ਪ੍ਰੋ: ਸੁਰੇਸ਼ ਕੁਮਾਰ, ਡਾ. ਅਨਿਲ ਕੁਮਾਰ ਤੇ ਇੰਦਰਜੀਤ ਸਿੰਘ ਮੌਜੂਦ ਸਨ।



# ਵਿਧਾਇਕ ਅਮਰਪਾਲ ਸਿੰਘ ਵੱਲੋਂ ਵਿਕਾਸ ਕਾਰਜਾਂ ਤੇ ਲੋਕ ਭਲਾਈ ਦੇ ਮੁੱਦਿਆਂ ਸਬੰਧੀ ਪਿੰਡ ਵਾਸੀਆਂ ਨਾਲ ਮੀਟਿੰਗ

ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 4 ਜੂਨ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਸ੍ਰੀ ਹਰਿਗੋਬਿੰਦਪੁਰ ਸਾਹਿਬ ਅੰਦਰ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਲੋਕਾਂ ਦੀਆਂ ਲੰਮੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਵਿਧਾਇਕ ਐਡ. ਅਮਰਪਾਲ ਸਿੰਘ ਨੇ ਪਿੰਡ ਚਾਚੋਕੇ ਵਿਖੇ ਪਿੰਡ ਦੇ ਵਿਕਾਸ ਕਾਰਜਾਂ ਤੇ ਲੋਕ ਭਲਾਈ ਦੇ ਮੁੱਦਿਆਂ ਸਬੰਧੀ ਪਿੰਡ ਵਾਸੀਆਂ ਨਾਲ ਵਿਸ਼ੇਸ਼ ਮੀਟਿੰਗ ਕਰਨ ਉਪਰੰਤ ਕੀਤਾ। ਉਨ੍ਹਾਂ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦੇ ਹੱਲ ਲਈ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਹਲਕੇ ਦੇ ਸਰਵਪੱਖੀ ਵਿਕਾਸ ਤੇ ਲੋਕਾਂ ਦੀ ਭਲਾਈ ਲਈ ਉਹ ਵਚਨਬੱਧ ਹਨ ਤੇ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ। ਵਿਧਾਇਕ ਐਡ. ਅਮਰਪਾਲ ਸਿੰਘ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਦਹਾਕਿਆਂ ਤੋਂ ਲੰਬਿਤ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਵੱਲੋਂ ਹਲਕੇ ਦੀਆਂ ਸਮੱਸਿਆਵਾਂ ਵੱਲ ਧਿਆਨ ਨਹੀਂ ਦਿੱਤਾ ਗਿਆ, ਜਿਸ ਨਾਲ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਪਿਆ, ਪਰ ਹੁਣ ਲੋਕਾਂ ਦੀ ਬਾਂਹ ਫੜੀ ਫੜ੍ਹਦਿਆਂ ਉਨ੍ਹਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ।



# ਐਸ.ਸੀ./ਬੀ.ਸੀ. ਵੈਲਫੇਅਰ ਫਰੰਟ ਪੰਜਾਬ ਵੱਲੋਂ ਨਵੀਆਂ ਨਿਯੁਕਤੀਆਂ ਦਾ ਐਲਾਨ



ਧਾਰੀਵਾਲ, 4 ਜੂਨ (ਅਸ਼ੋਕ ਕੁਮਾਰ): ਐਸ.ਸੀ.-ਬੀ.ਸੀ. ਵੈਲਫੇਅਰ ਫਰੰਟ ਪੰਜਾਬ ਯੂਥ ਵਿੰਗ ਵੱਲੋਂ ਅੱਜ ਧਾਰੀਵਾਲ ਵਿੱਚ ਸੰਗਠਨਕ ਵਿਸਥਾਰ ਕਰਦਿਆਂ ਨਵੀਆਂ ਨਿਯੁਕਤੀਆਂ ਦਾ ਐਲਾਨ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਕਾਰੋਬਾਰੀ ਸੁੱਚਾ ਖਹਿਰਾ ਨੂੰ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਵਜੋਂ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਹਰਬੰਸ ਸਿੰਘ ਨੂੰ ਕਾਹਨੂੰਵਾਨ ਬਲਾਕ ਪ੍ਰਧਾਨ ਤੇ ਮਨੋਜ ਕੁਮਾਰ ਨੂੰ ਧਾਰੀਵਾਲ ਬਲਾਕ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ। ਇਸ ਸਮਾਗਮ ਵਿੱਚ ਐਸ.ਸੀ.-ਬੀ.ਸੀ. ਵੈਲਫੇਅਰ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਤੇ ਸਾਬਕਾ ਉਪ ਚੇਅਰਮੈਨ ਪੰਜਾਬ ਜਗਦੀਸ਼ ਧਾਰੀਵਾਲ ਮੁੱਖ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਐਸ.ਸੀ.-ਬੀ.ਸੀ. ਸਮਾਜ ਦੇ ਨੌਜਵਾਨ ਵੱਡੀ ਗਿਣਤੀ ਵਿੱਚ ਫਰੰਟ ਨਾਲ ਜੁੜ ਰਹੇ ਹਨ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਨਵੇਂ ਸਾਥੀਆਂ ਨੂੰ ਵੀ ਸੰਗਠਨ ਨਾਲ ਜੋੜਿਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਸਮਾਜ ਦੇ ਹੱਕਾਂ ਦੀ ਰੱਖਿਆ ਲਈ ਫਰੰਟ ਹਮੇਸ਼ਾ ਖੜ੍ਹਾ ਰਹੇਗਾ ਤੇ ਕਿਸੇ ਵੀ ਤਰ੍ਹਾਂ ਦੀ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸੀਨੀਅਰ ਆਗੂ ਸਾਬਾ ਭੱਟੀ ਨੇ ਵੀ ਸਮਾਗਮ ਨੂੰ ਸੰਬੋਧਨ ਕਰਦਿਆਂ ਨਵੀਂ ਟੀਮ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਨਵ-ਨਿਯੁਕਤ ਅਹੁਦੇਦਾਰਾਂ ਨੇ ਭਰੋਸਾ ਦਿੱਤਾ ਕਿ ਉਹ ਸੰਗਠਨ ਦੀਆਂ ਨੀਤੀਆਂ ਅਨੁਸਾਰ ਕੰਮ ਕਰਦੇ ਹੋਏ ਸਮਾਜ ਦੀ ਭਲਾਈ ਲਈ ਪੂਰੀ ਲਗਨ ਨਾਲ ਯਤਨਸ਼ੀਲ ਰਹਿਣਗੇ। ਇਸ ਮੌਕੇ ਮਨਮੋਹਨ ਜੋਸ਼ੀ, ਹਰਜੀਤ ਬਹਿਬਲ ਚੱਕ, ਬਲਦੇਵ ਸਿੰਘ ਜੌੜਾ, ਮਨੀ ਸਰਪੰਚ ਅਟਾਰੀ, ਸਤਨਾਮ ਖਹਿਰਾ, ਗੁਰਮੀਤ ਲਾਲ, ਸੰਦੀਪ ਸਿੰਘ ਜੱਗੀ ਧਾਰੀਵਾਲ, ਜੋਗਿੰਦਰ ਕੰਗ, ਰਮਨ ਲੇਹਲ, ਮਨੋਜ ਕੁਮਾਰ, ਰਾਜ ਕੁਮਾਰ ਸਮੇਤ ਕਈ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

# ਦੂਸਰੇ ਫੇਜ਼ ਤਹਿਤ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੀ ਮੀਟਿੰਗ ਕਾਲਾ ਅਫਗਾਨਾ ਵਿਖੇ ਹੋਈ



ਫਤਹਿਗੜ੍ਹ ਚੂੜੀਆਂ, 4 ਜੂਨ (ਰਾਜਨ ਸ਼ਰਮਾ): ਦੂਸਰੇ ਫੇਜ਼ ਤਹਿਤ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਦੀ ਮੀਟਿੰਗ ਕਾਲਾ ਅਫਗਾਨਾ ਵਿਖੇ ਹੋਈ, ਜਿਸ ਵਿੱਚ ਬਲਬੀਰ ਸਿੰਘ ਪੰਨੂੰ ਹਲਕਾ ਇੰਚਾਰਜ, ਐਸ.ਡੀ.ਐਮ. ਫਤਹਿਗੜ੍ਹ ਚੂੜੀਆਂ ਡਾ. ਨਵਜੋਤ ਸ਼ਰਮਾ, ਡੀ.ਐਸ.ਪੀ. ਲਲਿਤ ਕੁਮਾਰ ਫਤਹਿਗੜ੍ਹ ਚੂੜੀਆਂ ਤੇ ਵੀਡੀਸੀ ਦੇ ਮੈਂਬਰ ਨੁਮਾਇੰਦੇ ਹਾਜ਼ਰ ਸਨ। ਇਸ ਮੌਕੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹ ਤੋਂ ਖ਼ਤਮ ਲਈ ਯੁੱਧ ਨਸ਼ਿਆਂ ਵਿਰੁੱਧ ਚਲਾਇਆ ਜਾ ਰਿਹਾ ਹੈ ਤੇ ਸੂਬਾ ਸਰਕਾਰ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ ਜਿਸ ਦੇ ਹਾਂ-ਪੱਖੀ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਨੇ ਅੱਗੇ ਕਿਹਾ ਕਿ ਨਸ਼ਾ ਮੁਕਤੀ ਮੋਰਚਾ ਦੇ ਸਾਰੇ ਵਲੰਟੀਅਰਜ਼, ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਵੱਲੋਂ ਸੂਬੇ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਲਈ ਬੜੀ ਸਰਗਰਮੀ ਨਾਲ ਕੰਮ ਕੀਤਾ ਜਾ ਰਿਹਾ ਹੈ। ਮੀਟਿੰਗ ਦੌਰਾਨ ਐਸਡੀਐਮ ਡਾ. ਨਵਜੋਤ ਸ਼ਰਮਾ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦੂਸਰੇ ਫੇਜ਼ ਤਹਿਤ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਅੱਜ ਨਸ਼ਾ ਮੁਕਤੀ ਮੋਰਚਾ ਫਤਹਿਗੜ੍ਹ ਚੂੜੀਆਂ ਵਿੱਚ ਕੀਤੀ ਮੀਟਿੰਗ ਦੌਰਾਨ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਹੋਰ ਤੇਜ਼ ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਵਿਸਥਾਰਪੂਰਵਕ ਵਿਚਾਰ- ਵਟਾਂਦਰਾ ਕੀਤਾ ਗਿਆ ਤੇ ਅਗਲੇ ਦਿਨਾਂ ਵਿੱਚ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਨਸ਼ਾ ਮੁਕਤੀ ਮੋਰਚਾ ਵੱਲੋਂ ਫਿਰ ਤੋਂ ਜਨ-ਸੰਪਰਕ ਮੁਹਿੰਮ ਸ਼ੁਰੂ ਕੀਤੀ ਜਾਵੇਗੀ ਤਾਂ ਜੋ ਜ਼ਮੀਨੀ ਪੱਧਰ 'ਤੇ ਹੋਰ ਵੀ ਅਸਰਦਾਰ ਨਤੀਜੇ ਸਾਹਮਣੇ ਆ ਸਕਣ। ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਆਉਣ ਵਾਲੇ ਸਮੇਂ ਵਿੱਚ ਜਾਗਰੂਕਤਾ ਮੁਹਿੰਮ, ਸੈਮੀਨਾਰ ਤੇ ਕੈਂਪ ਵੱਡੇ ਪੱਧਰ 'ਤੇ ਲਗਾਏ ਜਾਣਗੇ। ਇਸ ਮੌਕੇ ਨਸ਼ਾ ਮੁਕਤੀ ਮੋਰਚਾ ਫਤਹਿਗੜ੍ਹ ਚੂੜੀਆਂ ਦੇ ਅਹੁਦੇਦਾਰ ਸਾਹਿਬਾਨ ਹਾਜ਼ਰ ਸਨ ਤੇ ਸਾਰੇ ਮੈਂਬਰਾਂ ਵੱਲੋਂ ਨਸ਼ਿਆਂ ਦੇ ਖਿਲਾਫ਼ ਜੰਗ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ।

# ਗੁੰਮਸ਼ੁਦਾ ਬੱਚੇ ਦੇ ਮਾਪਿਆਂ ਨੂੰ ਗੈਰ-ਸਰਕਾਰੀ ਸੰਸਥਾ ਵੱਲੋਂ ਇੱਕ ਲੱਖ ਰੁਪਏ ਦੀ ਵਿੱਤੀ ਸਹਾਇਤਾ

ਨਵਾਂਸ਼ਹਿਰ, 4 ਜੂਨ (ਸੁਖਦੇਵ ਸਿੰਘ ਉੜਾਪੜ): ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਬੇਸਹਾਰਾ ਤੇ ਲੋੜਵੰਦ ਬੱਚਿਆਂ ਦੀ ਸੁਰੱਖਿਆ ਤੇ ਸੰਭਾਲ ਲਈ ਮਿਸ਼ਨ ਵਾਤਸਲਿਆ ਸਕੀਮ ਅਧੀਨ ਸਰਕਾਰੀ ਚਿਲਡਰਨ ਹੋਮ ਚਲਾਏ ਜਾ ਰਹੇ ਹਨ, ਜਿੱਥੇ ਵੱਖ-ਵੱਖ ਤਰ੍ਹਾਂ ਦੇ ਬੱਚਿਆਂ (ਜਿਵੇਂ ਕਿ ਗੁੰਮਸ਼ੁਦਾ ਬੱਚੇ, ਬੇਸਹਾਰਾ ਬੱਚੇ, ਕਿਸੀ ਵੀ ਤਰ੍ਹਾਂ ਦੇ ਸ਼ੋਸ਼ਣ ਦਾ ਸ਼ਿਕਾਰ ਹੋਏ ਬੱਚੇ, ਘਰ ਤੋਂ ਕਿਸੀ ਵੀ ਕਾਰਨ ਕਰਕੇ ਭੱਜੇ ਹੋਏ ਬੱਚੇ ਜਾਂ ਫਿਰ ਮਾਂ-ਪਿਓ ਤੋਂ ਵੱਖ ਹੋਏ ਸੜਕਾਂ 'ਤੇ ਮਿਲਣ ਵਾਲੇ ਬੇਸਹਾਰਾ ਬੱਚੇ) ਨੂੰ ਰਹਿਣਾ ਖਾਣਾ ਪੀਣਾ ਮੁਫ਼ਤ ਵਿੱਚ ਦਿੱਤਾ ਜਾਂਦਾ ਹੈ ਤੇ ਇਸਦੇ ਨਾਲ ਹੀ ਬੱਚਿਆਂ ਨੂੰ ਉਨ੍ਹਾਂ ਦੀ ਉਮਰ ਅਨੁਸਾਰ ਸਕੂਲ ਵਿੱਚ ਪੜ੍ਹਾਈ ਕਰਨ ਲਈ ਭੇਜਿਆ ਜਾਂਦਾ ਹੈ। ਇਸ ਸਬੰਧੀ ਮਾਣਯੋਗ ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਔਲਖ (ਆਈ.ਏ.ਐਸ.) ਵੱਲੋਂ ਦੱਸਿਆ ਗਿਆ ਕਿ ਇਸ ਹੀ ਤਰ੍ਹਾਂ ਦੇ ਇੱਕ ਗੁੰਮਸ਼ੁਦਾ ਬੱਚੇ ਜਿਸਦੀ ਅੱਜ ਉਮਰ 19 ਸਾਲ ਹੈ, ਇਸਦੇ ਨਾਲ ਹੀ ਇਹ ਬੱਚਾ ਸੁਣ ਤੇ ਬੋਲ ਨਹੀਂ ਸਕਦਾ ਹੈ, ਇਹ ਬੱਚਾ ਲਗਭਗ 15 ਸਾਲ ਦੀ ਉਮਰ ਵਿੱਚ ਨਵਾਂਸ਼ਹਿਰ ਜ਼ਿਲ੍ਹੇ ਵਿੱਚ ਗੁੰਮਸ਼ੁਦਾ ਹਾਲਤ ਵਿੱਚ ਮਿਲਿਆ ਤੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨਵਾਂਸ਼ਹਿਰ ਵੱਲੋਂ ਬਾਲ ਭਲਾਈ ਕਮੇਟੀ ਦੇ ਹੁਕਮਾਂ ਅਨੁਸਾਰ ਚਿਲਡਰਨ ਹੋਮ ਫੋਰ ਬੁਆਇਜ਼ ਹੁਸ਼ਿਆਰਪੁਰ ਵਿਖੇ ਰੱਖਿਆ ਗਿਆ ਤੇ ਬਾਅਦ ਵਿੱਚ ਇਸਨੂੰ ਲੁਧਿਆਣਾ ਜ਼ਿਲ੍ਹੇ ਵਿੱਚ ਪੈਂਦੇ ਹੈਵਨਲੀ ਏਨਜਲ ਹੋਮ ਦੋਰਾਹਾ ਵਿਖੇ ਸ਼ਿਫਟ ਕੀਤਾ ਗਿਆ, ਜਿੱਥੇ ਬੱਚੇ ਦੇ ਫਿੰਗਰ ਪ੍ਰਿੰਟ ਲੈ ਕੇ ਉਸਦੇ ਆਧਾਰ ਕਾਰਡ ਸਬੰਧੀ ਜਾਣਕਾਰੀ ਪ੍ਰਾਪਤ ਕੀਤੀ ਗਈ ਤੇ ਪਤਾ ਲੱਗਿਆ ਕਿ ਬੱਚਾ ਬਿਹਾਰ ਰਾਜ ਦੇ ਪੂਰਨੀਆ ਜ਼ਿਲ੍ਹੇ ਇਸ ਉਪਰੰਤ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਜਗਰੂਪ ਸਿੰਘ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ ਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਕੰਚਨ ਅਰੋੜਾ ਦੀ ਅਗਵਾਈ ਹੇਠ ਇਸ ਬੱਚੇ ਦੇ ਪਰਿਵਾਰ ਨੂੰ ਟਰੇਸ ਕੀਤਾ ਗਿਆ ਤੇ ਬੱਚੇ ਨੂੰ 19 ਸਾਲ ਦੀ ਉਮਰ ਵਿੱਚ ਉਸਦੇ ਪਰਿਵਾਰ ਦੇ ਸੁਪੁਰਦ ਕੀਤਾ ਗਿਆ।ਨਾਲ ਸਬੰਧ ਰੱਖਦਾ ਹੈ। ਬੱਚੇ ਨੂੰ ਵੀ ਅੱਜ ਹੋਮ ਵੱਲੋਂ ਦਿੱਤੀ ਗਈ ਇੱਕ ਲੱਖ ਰੁਪਏ ਦੀ ਵਿੱਤੀ ਸਹਾਇਤਾ ਨਾਲ ਸਬੰਧੀ ਬੈਂਕ ਖਾਤੇ ਦੀ ਪਾਸਬੁੱਕ ਮਾਣਯੋਗ ਡਿਪਟੀ ਕਮਿਸ਼ਨਰ ਵੱਲੋਂ ਹੈਂਡਓਵਰ ਕੀਤੀ ਗਈ।



# ਨਾਮਜ਼ਦਗੀ ਪੱਤਰਾਂ ਦੀ ਪੜਤਾਲ ਪਿੱਛੋਂ 258 'ਚੋਂ 5 ਨਾਮਜ਼ਦਗੀ ਪੱਤਰ ਰੱਦ ਹੋਏ

ਗੁਰਦਾਸਪੁਰ, 4 ਜੂਨ (ਜਗੀਰ ਸਿੰਘ ਮੰਡ/ਨਾਹਰ): ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਐਲਾਨੇ ਚੋਣ ਪ੍ਰੋਗਰਾਮ ਅਨੁਸਾਰ ਨਗਰ ਕੌਂਸਲ ਗੁਰਦਾਸਪੁਰ, ਦੀਨਾਨਗਰ ਤੇ ਕਾਦੀਆਂ ਦੀ ਚੋਣਾਂ 13 ਜੂਨ ਨੂੰ ਹੋਣਗੀਆਂ। ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣਕਾਰ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਗੁਰਦਾਸਪੁਰ, ਦੀਨਾਨਗਰ ਤੇ ਕਾਦੀਆਂ ਨਗਰ ਕੌਂਸਲਾਂ ਵਿੱਚ ਕੁਲ 258 ਨਾਮਜ਼ਦਗੀ ਪੱਤਰ ਪ੍ਰਾਪਤ ਹੋਏ ਸਨ, ਪੜਤਾਲ ਕਰਨ ਉਪਰੰਤ 5 ਨਾਮਜ਼ਦਗੀ ਪੱਤਰ ਰੱਦ ਹੋਏ ਹਨ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਗੁਰਦਾਸਪੁਰ ਤੋਂ 170 ਵਿੱਚੋਂ 2, ਦੀਨਾਨਗਰ ਤੋਂ 95 ਵਿਚੋਂ 2 ਤੇ ਕਾਦੀਆਂ ਤੋਂ 93 ਨਾਮਜ਼ਦਗੀ ਪੱਤਰਾਂ ਵਿੱਚੋਂ 01 ਨਾਮਜ਼ਦਗੀ ਪੱਤਰ ਪੜਤਾਲ ਦੌਰਾਨ ਰੱਦ ਹੋਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 5 ਜੂਨ ਦਿਨ ਸ਼ੁੱਕਰਵਾਰ ਨੂੰ ਦੁਪਹਿਰ 3 ਵਜੇ ਤੱਕ ਹੈ। ਦੱਸਣਯੋਗ ਹੈ ਕਿ ਨਗਰ ਕੌਂਸਲ ਗੁਰਦਾਸਪੁਰ ਦੇ 29 ਵਾਰਡ, ਦੀਨਾਨਗਰ ਨਗਰ ਕੌਂਸਲ ਦੇ 15 ਵਾਰਡ ਤੇ ਕਾਦੀ ਨਗਰ ਕੌਂਸਲ ਦੇ 15 ਵਾਰਡ ਹਨ।



# ਸੜਕਾਂ, ਗਲੀਆਂ-ਨਾਲੀਆਂ ਤੇ ਪਿੰਡਾਂ ਦੇ ਸੁੰਦਰੀਕਰਨ 'ਤੇ ਕਰੋੜਾਂ ਰੁਪਏ ਖਰਚ, ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ: ਵਿਕਾਸ ਲੂੰਬਾ

ਸ੍ਰੀ ਹਰਿਗੋਬਿੰਦਪੁਰ ਸਾਹਿਬ, 4 ਜੂਨ (ਸੁੱਖ ਅੰਮ੍ਰਿਤ ਘੁਮਾਣ/ਡਾ. ਸਰਬਜੀਤ ਭਿੰਡਰ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿੱਚ ਵਿਕਾਸ ਦੀ ਨਵੀਂ ਇਬਾਰਤ ਲਿਖੀ ਜਾ ਰਹੀ ਹੈ। ਵਿਧਾਇਕ ਐਡ. ਅਮਰਪਾਲ ਸਿੰਘ ਦੀ ਅਗਵਾਈ ਹੇਠ ਹਲਕੇ ਦੇ ਹਰ ਪਿੰਡ ਤੇ ਸ਼ਹਿਰ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾਏ ਜਾ ਰਹੇ ਹਨ। ਸੜਕਾਂ ਦੀ ਮੁਰੰਮਤ, ਗਲੀਆਂ-ਨਾਲੀਆਂ ਦੀ ਉਸਾਰੀ ਤੇ ਪਿੰਡਾਂ ਦੇ ਸੁੰਦਰੀਕਰਨ ਲਈ ਵੱਡੇ ਪੱਧਰ 'ਤੇ ਪ੍ਰੋਜੈਕਟ ਚਲਾਏ ਜਾ ਰਹੇ ਹਨ। ਇਹ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਆਗੂ ਵਿਕਾਸ ਲੂੰਬਾ ਨੇ ਕਿਹਾ ਕਿ ਵਿਧਾਇਕ ਐਡ. ਅਮਰਪਾਲ ਸਿੰਘ ਵੱਲੋਂ ਹਲਕੇ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਮਿਹਨਤ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਹਲਕੇ ਅੰਦਰ ਸੈਂਕੜੇ ਕਿਲੋਮੀਟਰ ਸੜਕਾਂ ਦੀ ਮੁਰੰਮਤ ਤੇ

## ☛ਵਿਧਾਇਕ ਅਮਰਪਾਲ ਸਿੰਘ ਦੀ ਅਗਵਾਈ ਹੇਠ ਸ੍ਰੀ ਹਰਿਗੋਬਿੰਦਪੁਰ ਹਲਕੇ ਦਾ ਹੋ ਰਿਹੈ ਰਿਕਾਰਡ ਤੋੜ ਵਿਕਾਸ

ਨਵੀਆਂ ਸੜਕਾਂ ਦੀ ਉਸਾਰੀ ਦਾ ਕੰਮ ਦਿੱਤੀ ਜਾ ਰਹੀ ਹੈ ਤੇ ਲੋਕਾਂ ਦੀਆਂ ਲੰਮੇ ਜਾਰੀ ਹੈ, ਜਿਸ ਨਾਲ ਲੋਕਾਂ ਨੂੰ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਪੂਰਾ ਕੀਤਾ ਆਵਾਜਾਈ ਵਿੱਚ ਵੱਡੀ ਰਾਹਤ ਮਿਲ ਰਹੀ ਹੈ। ਵਿਕਾਸ ਲੂੰਬਾ ਨੇ ਦੱਸਿਆ ਕਿ ਪਿੰਡਾਂ ਵਿੱਚ ਗਲੀਆਂ-ਨਾਲੀਆਂ ਦੇ ਨਿਰਮਾਣ ਦੇ ਨਾਲ-ਨਾਲ ਸੁੰਦਰ ਪਾਰਕਾਂ, ਸਟਰੀਟ ਲਾਈਟਾਂ ਤੇ ਹੋਰ ਬੁਨਿਆਦੀ ਸਹੂਲਤਾਂ ਦਾ ਵੀ ਵਿਸਥਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਲੋਕ ਪੱਖੀ ਸੋਚ ਸਦਕਾ ਹਲਕੇ ਦੇ ਵਿਕਾਸ ਨੂੰ ਪਹਿਲ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਧਾਇਕ ਐਡ. ਅਮਰਪਾਲ ਸਿੰਘ ਦੀ ਦੂਰਅੰਦੇਸ਼ੀ ਤੇ ਯੋਜਨਾਬੱਧ ਕਾਰਜਸ਼ੈਲੀ ਕਾਰਨ ਅੱਜ ਸ੍ਰੀ ਹਰਿਗੋਬਿੰਦਪੁਰ ਹਲਕਾ ਵਿਕਾਸ ਦੇ ਰਾਹ 'ਤੇ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੇ ਵਿਕਾਸ ਪ੍ਰੋਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਜਾਣਗੇ।



# ਸਕੂਲਾਂ ਦੇ ਈਕੋ ਕਲੱਬਾਂ ਵੱਲੋਂ ਵਾਤਾਵਰਨ ਦਿਵਸ ਅੱਜ ਮਨਾਇਆ ਜਾਵੇਗਾ

## ☛'ਏਕ ਪੇੜ ਮਾਂ ਕੇ ਨਾਮ' ਦੇ ਤਹਿਤ ਵੱਧ ਤੋਂ ਵੱਧ ਬੂਟੇ ਲਗਾਏ ਜਾਣ: ਜ਼ਿਲ੍ਹਾ ਸਿੱਖਿਆ ਅਫ਼ਸਰ

ਗੁਰਦਾਸਪੁਰ, 4 ਜੂਨ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਵਾਤਾਵਰਨ ਦਿਵਸ ਮੌਕੇ ਜ਼ਿਲ੍ਹੇ ਦੇ ਸਾਰੇ ਸਕੂਲਾਂ ਦੇ ਈਕੋ ਕਲੱਬਾਂ ਵਿੱਚ ਵਾਤਾਵਰਨ ਦਿਵਸ ਮਨਾਇਆ ਜਾਵੇਗਾ। ਉਪਰੋਕਤ ਜਾਣਕਾਰੀ ਦਿੰਦੇ ਹੋਏ ਵਾਤਾਵਰਨ ਐਜੂਕੇਸ਼ਨ ਪ੍ਰੋਗਰਾਮ ਦੇ ਕੋਆਰਡੀਨੇਟਰ ਪ੍ਰਦੀਪ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ 5 ਜੂਨ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਪਰਮਜੀਤ ਕੌਰ ਦੀ ਅਗਵਾਈ ਵਿੱਚ ਜ਼ਿਲ੍ਹੇ ਦੇ ਸਕੂਲਾਂ ਦੇ ਈਕੋ ਕਲੱਬਾਂ ਵਿੱਚ ਵਾਤਾਵਰਨ ਦਿਵਸ ਮਨਾਉਂਦੇ ਹੋਏ ਵਿਦਿਆਰਥੀਆਂ ਨੂੰ ਬੂਟੇ ਲਗਾਉਣ ਲਈ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਜਾਣਕਾਰੀ ਦਿੱਤੀ ਕਿ ਜ਼ਿਲ੍ਹੇ ਦੇ ਸਾਰੇ ਸਕੂਲਾਂ ਵਿੱਚ ਈਕੋ ਕਲੱਬ ਬਣਾਏ ਹਨ, ਜਿਸ ਵਿੱਚ ਵੱਖ-ਵੱਖ-ਵੱਖ ਪ੍ਰਕਾਰ ਦੇ ਬੂਟੇ ਲਗਾਏ ਗਏ ਹਨ। ਇਸ ਦੌਰਾਨ ਡੀ.ਈ.ਓ. ਪਰਮਜੀਤ ਕੌਰ ਨੇ ਕਿਹਾ ਕਿ ਵਿਸ਼ਵ ਵਾਤਾਵਰਨ ਦਿਵਸ ਉਪਰ ਨਿਊਟ੍ਰੇਸ਼ਨ ਗਾਰਡਨ ਵਿੱਚ ਤੇ ਆਪਣੇ ਆਲੇ ਦੁਆਲੇ ਛਾਂ ਵਾਲੇ, ਫ਼ਲਾਂ ਵਾਲੇ ਬੂਟੇ ਤੇ ਪੁਰਾਤਨ ਮੈਡੀਸਨ ਪਲਾਂਟ ਲਗਾਉਣ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਅਪੀਲ ਕੀਤੀ ਕਿ 'ਏਕ ਪੇੜ ਮਾਂ ਕੇ ਨਾਮ' ਦੇ ਤਹਿਤ ਵੱਧ ਤੋਂ ਵੱਧ ਬੂਟੇ ਲਗਾਏ ਜਾਣ ਤਾਂ ਜੋ ਤਾਪਮਾਨ ਵਿੱਚ ਸੰਤੁਲਨ ਬਣਾਇਆ ਜਾ ਸਕੇ ਤੇ ਭਵਿੱਖ ਦੀਆਂ ਪੀੜ੍ਹੀਆਂ ਨੂੰ ਸਾਫ਼-ਸੁਥਰਾ ਵਾਤਾਵਰਨ ਦਿੱਤਾ ਜਾ ਸਕੇ। ਇਸ ਮੌਕੇ ਸੁਪਰਡੈਂਟ ਪ੍ਰਬੋਧ ਕੁਮਾਰ ਵੀ ਹਾਜ਼ਰ ਸਨ।



# ਭਾਜਪਾ ਲੋਕਾਂ ਦੇ ਸਹਿਯੋਗ ਨਾਲ 2027 'ਚ ਪੰਜਾਬ 'ਚ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਲਿਆਵੇਗੀ: ਸੁਰਿੰਦਰ ਜਾਜਾ

ਟਾਂਡਾ ਉੜਮੁੜ, 4 ਜੂਨ (ਅਰਜੁਨ ਜੈਨ): ਭਾਜਪਾ ਵਿੱਚ ਹੋਰ ਤੇਜ਼ੀ ਲਿਆਉਣ ਤੇ ਪੰਜਾਬ ਦੀ ਸਿਆਸਤ ਵਿੱਚ ਆਪਣੀ ਪਕੜ ਮਜ਼ਬੂਤ ਕਰਨ ਲਈ ਭਾਰਤੀ ਜਨਤਾ ਪਾਰਟੀ ਦੀ ਹਾਈਕਮਾਂਡ ਲੀਡਰਸ਼ਿਪ ਵੱਲੋਂ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਦਾ ਸਵਾਗਤ ਕਰਨ ਤੇ ਪੰਜਾਬ ਵਿੱਚ ਭਾਜਪਾ ਦੀ ਚੜ੍ਹਤ ਸਬੰਧੀ ਵਿਚਾਰ-ਵਟਾਂਦਰਾ ਕਰਨ ਲਈ ਪੰਜਾਬ ਭਾਜਪਾ ਪ੍ਰਦੇਸ਼ ਕਾਰਜਕਾਰਨੀ ਮੈਂਬਰ ਸੁਰਿੰਦਰ ਜਾਜਾ, ਦਿਹਾਤੀ ਟਾਂਡਾ ਭਾਜਪਾ ਮੰਡਲ ਪ੍ਰਧਾਨ ਚਰਨਜੀਤ ਸਿੰਘ, ਵਿਸ਼ਾਲ ਠਾਕਰੀ ਤੇ ਜਤਿਨ ਮਲਿਕ ਨੇ ਆਪਣੇ ਸਾਥੀਆਂ ਸਮੇਤ ਉਨ੍ਹਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਸਨਮਾਨਿਤ ਕੀਤਾ। ਮੁਲਾਕਾਤ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਭਾਜਪਾ ਦੇ ਦਫਤਰ ਵਿੱਚ ਮਹਾਰਾਜਾ ਰਣਜੀਤ ਸਿੰਘ ਦੀ ਇੱਕ ਬੜੀ ਵੱਡੀ ਲਗਾਈ ਗਈ ਫੋਟੋ ਇਸ ਗੱਲ ਦਾ ਸੰਕੇਤ ਦਿੰਦੀ ਹੈ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਦੇ ਸਹਿਯੋਗ ਨਾਲ ਭਾਰੀ ਜਿੱਤ ਹਾਸਲ ਕਰਕੇ ਭਾਜਪਾ ਪੰਜਾਬ ਵਿੱਚ ਮਹਾਰਾਜਾ ਰਣਜੀਤ ਸਿੰਘ ਵਰਗਾ ਖਾਲਸ ਰਾਜ ਲਿਆਵੇਗੀ। ਉਨ੍ਹਾਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਹਰ ਮਿਹਨਤੀ ਤੇ ਪਾਰਟੀ ਪ੍ਰਤੀ ਵਫ਼ਾਦਾਰੀ ਨਿਭਾਉਣ ਵਾਲੇ ਵਰਕਰ ਨੂੰ ਅਹਿਮ ਜ਼ਿੰਮੇਵਾਰੀਆਂ ਨਾਲ ਨਿਵਾਜਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਕੇਵਲ ਸਿੰਘ ਢਿੱਲੋਂ ਹਰ ਵਰਗ ਦੇ ਲੋਕਾਂ ਨਾਲ ਤਾਲਮੇਲ ਰੱਖਦੇ ਹਨ, ਜਿਸਦੇ ਸਦਕਾ ਪੰਜਾਬ ਵਿੱਚ ਭਾਜਪਾ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਪਾਰਟੀ ਦੀ ਪਕੜ ਪਿੰਡ ਪੱਧਰ ਤੱਕ ਮਜ਼ਬੂਤ ਹੋਵੇਗੀ। ਸੁਰਿੰਦਰ ਜਾਜਾ ਨੇ ਕਿਹਾ ਕਿ ਭਾਜਪਾ ਦੀ ਇਹ ਵਿਚਾਰਧਾਰਾ ਕਿ ਸਭ ਦਾ ਵਿਕਾਸ ਸਭ ਦਾ ਵਿਸ਼ਵਾਸ ਤਹਿਤ ਪਾਰਟੀ ਆਪਣੇ ਸਿਆਸੀ ਮੁਨਾਫ਼ੇ ਲਈ ਦੇਸ਼ ਹਿੱਤ ਤੇ ਲੋਕ ਹਿੱਤਾਂ ਨੂੰ ਅੱਖੋਂ ਪਰੋਖੇ ਕਰਕੇ ਕਦੇ ਕੋਈ ਵੀ ਗਲਤ ਸਮਝੌਤਾ ਨਹੀਂ ਕਰਦੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਵਿਵਸਥਾ ਚਿੰਤਾਜਨਕ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਅਜਿਹੇ ਹਾਲਾਤਾਂ ਤੋਂ ਛੁਟਕਾਰਾ ਪਾਉਣ ਲਈ ਪੰਜਾਬ ਦੇ ਲੋਕ ਬਦਲਾਅ ਲਿਆ ਕੇ 2027 ਵਿੱਚ ਭਾਜਪਾ ਦੀ ਡਬਲ ਇੰਜਣ ਸਰਕਾਰ ਬਣਾਵੇਗੀ।



# ਸ਼ਿਮਲਾ ਪਹਾੜੀ ਚੌਕ ਦੀ ਸਾਲਾਂ ਪੁਰਾਣੀ ਪਾਣੀ ਭਰਨ ਦੀ ਸਮੱਸਿਆ ਦਾ ਹੱਲ

# ਵਿਧਾਇਕ ਜਿੰਪਾ ਵੱਲੋਂ ਬਰਸਾਤੀ ਪਾਣੀ ਦੀ ਨਿਕਾਸੀ ਲਈ ਸਟਾਰਮ ਪ੍ਰੋਜੈਕਟ ਦਾ ਉਦਘਾਟਨ

ਹੁਸ਼ਿਆਰਪੁਰ, 4 ਜੂਨ (ਦੀਪਕ ਅਗਨੀਹੋਤਰੀ): ਹੁਸ਼ਿਆਰਪੁਰ ਦੇ ਲੋਕਾਂ ਨੂੰ ਬਰਸਾਤ ਦੇ ਮੌਸਮ ਦੌਰਾਨ ਪਾਣੀ ਭਰਨ ਦੀ ਸਮੱਸਿਆ ਤੋਂ ਰਾਹਤ ਦਿਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਸ਼ਿਮਲਾ ਪਹਾੜੀ ਚੌਕ ਵਿੱਚ ਬਰਸਾਤੀ ਪਾਣੀ ਦੀ ਨਿਕਾਸੀ ਲਈ ਬਣਾਏ ਗਏ ਨਵੇਂ ਇੰਟਰਮੀਡੀਏਟ ਪੰਪਿੰਗ ਸਟੇਸ਼ਨ (ਆਈ.ਪੀ.ਐਸ.) ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸਟਾਰਮ ਸੀਵਰ ਦਾ ਇਹ ਪ੍ਰੋਜੈਕਟ ਬਰਸਾਤਾਂ ਦੌਰਾਨ ਲੰਬੇ ਸਮੇਂ ਤੋਂ ਚੱਲੀ ਆ ਰਹੀ ਪਾਣੀ ਭਰਨ ਦੀ ਸਮੱਸਿਆ ਦਾ ਸਥਾਈ ਹੱਲ ਸਾਬਤ ਹੋਵੇਗਾ ਤੇ ਆਲੇ-ਦੁਆਲੇ ਦੇ ਇਲਾਕੇ ਦੇ ਵਸਨੀਕਾਂ ਨੂੰ ਵੱਡੀ ਰਾਹਤ ਮਿਲੇਗੀ। ਵਿਧਾਇਕ ਜਿੰਪਾ ਨੇ ਦੱਸਿਆ ਕਿ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਵੱਲੋਂ ਲਗਭਗ 1 ਕਰੋੜ 58 ਲੱਖ ਰੁਪਏ ਦੀ ਲਾਗਤ ਨਾਲ ਇਸ ਮਹੱਤਵਪੂਰਨ ਪ੍ਰੋਜੈਕਟ ਨੂੰ ਮੁਕੰਮਲ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਮਲਾ ਪਹਾੜੀ ਚੌਕ 'ਤੇ ਹਰ ਸਾਲ ਬਰਸਾਤ ਦੌਰਾਨ ਵੱਡੀ ਮਾਤਰਾ ਵਿੱਚ ਪਾਣੀ ਇਕੱਠਾ ਹੋ ਜਾਂਦਾ ਸੀ, ਜਿਸ ਕਾਰਨ ਆਮ ਲੋਕਾਂ, ਦੁਕਾਨਦਾਰਾਂ ਤੇ ਰਾਹਗੀਰਾਂ ਨੂੰ ਕਾਫ਼ੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਕਈ ਵਾਰ ਜਲਭਰਾਅ ਕਾਰਨ ਆਵਾਜਾਈ ਵੀ ਪ੍ਰਭਾਵਿਤ ਹੁੰਦੀ ਸੀ ਤੇ ਲੋਕਾਂ ਨੂੰ ਆਪਣੇ ਰੋਜ਼ਾਨਾ ਦੇ ਕੰਮਾਂ ਵਿੱਚ ਦਿੱਕਤਾਂ ਆਉਂਦੀਆਂ ਸਨ। ਉਨ੍ਹਾਂ ਕਿਹਾ ਕਿ ਇਲਾਕਾ ਨਿਵਾਸੀਆਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਇਸ ਪ੍ਰੋਜੈਕਟ ਨੂੰ ਤਰਜੀਹ ਦੇ ਆਧਾਰ 'ਤੇ ਮਨਜ਼ੂਰੀ ਦਿਵਾਈ ਗਈ ਤੇ ਹੁਣ ਇਸ ਦਾ ਕੰਮ ਪੂਰਾ ਹੋਣ ਤੋਂ ਬਾਅਦ ਲੋਕਾਂ ਨੂੰ ਇਸ ਦਾ ਸਿੱਧਾ ਲਾਭ ਮਿਲੇਗਾ। ਵਿਧਾਇਕ ਜਿੰਪਾ ਨੇ ਦੱਸਿਆ ਕਿ ਪ੍ਰੋਜੈਕਟ ਤਹਿਤ ਸ਼ਿਮਲਾ ਪਹਾੜੀ ਇਲਾਕੇ ਤੋਂ ਲੈ ਕੇ ਭੰਗੀ ਚੋਅ ਤੱਕ ਵਿਸ਼ੇਸ਼ ਪਾਈਪਲਾਈਨ ਵਿਛਾਈ ਗਈ ਹੈ, ਜਿਸ ਰਾਹੀਂ ਬਰਸਾਤੀ ਪਾਣੀ ਨੂੰ ਸਿੱਧਾ ਭੰਗੀ ਚੋਅ ਵਿੱਚ ਛੱਡਿਆ ਜਾਵੇਗਾ। ਇਸ ਨਾਲ ਚੌਕ ਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪਾਣੀ ਇਕੱਠਾ ਨਹੀਂ ਹੋਵੇਗਾ ਤੇ ਬਰਸਾਤ ਦੇ ਦਿਨਾਂ ਵਿੱਚ ਆਵਾਜਾਈ ਸੁਚਾਰੂ ਰਹੇਗੀ। ਉਦਘਾਟਨ ਸਮਾਗਮ ਦੌਰਾਨ ਸਥਾਨਕ ਲੋਕਾਂ ਨੇ ਵੀ ਇਸ ਪ੍ਰੋਜੈਕਟ ਦੇ ਸ਼ੁਰੂ ਹੋਣ 'ਤੇ ਖੁਸ਼ੀ ਪ੍ਰਗਟ ਕੀਤੀ ਤੇ ਵਿਧਾਇਕ ਜਿੰਪਾ ਦਾ ਧੰਨਵਾਦ ਕੀਤਾ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਵੀਣ ਸੈਣੀ, ਅਜੈ ਵਰਮਾ, ਸੁਦਰਸ਼ਨ ਧੀਰ, ਸੰਤੋਸ਼ ਸੈਣੀ, ਅਜੈ ਸੈਣੀ, ਮਨਜੀਤ ਸਿੰਘ, ਵਿਕਾਸ ਸੈਣੀ, ਸੁਭਾਸ਼ ਚੰਦਰ, ਪ੍ਰਦੀਪ ਸੈਣੀ ਤੇ ਕੁਲਵਿੰਦਰ ਸਿੰਘ ਹੁੰਦਲ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਵਿਅਕਤੀ ਤੇ ਇਲਾਕਾ ਵਾਸੀ ਹਾਜ਼ਰ ਸਨ।

# ਸੇਵਾ ਕੇਂਦਰ ਬੰਦ ਹੋਣ ਕਾਰਨ ਲੋਕਾਂ ਨੂੰ ਆ ਰਹੀਆਂ ਨੇ ਵੱਡੀਆਂ ਮੁਸ਼ਕਿਲਾਂ



ਬਟਾਲਾ, 4 ਜੂਨ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਬਲਾਕਾਂ ਦੇ ਸੇਵਾ ਕੇਂਦਰ ਜਿਵੇਂ ਕਿ ਤੇਜਾ ਵੀਲਾ, ਕਾਲਾ ਅਫਗਾਨਾ, ਫਤਹਿਗੜ੍ਹ ਚੂੜੀਆਂ ਆਦਿ ਬੰਦ ਹੋਣ ਕਾਰਨ ਲੋਕਾਂ ਨੂੰ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਕਰਮਚਾਰੀ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਕਲਮ ਛੋੜ ਹੜਤਾਲ 'ਤੇ ਬੈਠੇ ਹੋਏ ਹਨ, ਜਿਸ ਕਾਰਨ ਆਮ ਲੋਕਾਂ ਦੇ ਜ਼ਰੂਰੀ ਕੰਮ ਪ੍ਰਭਾਵਿਤ ਹੋ ਰਹੇ ਹਨ। ਲੋਕਾਂ ਨੇ ਦੱਸਿਆ ਕਿ ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ ਤੇ ਹੋਰ ਸਰਕਾਰੀ ਦਸਤਾਵੇਜ਼ ਨਾਲ ਸਬੰਧਤ ਕੰਮ ਰੁਕੇ ਹੋਏ ਹਨ। ਦੂਰ-ਦੂਰ ਤੋਂ ਆਉਣ ਵਾਲੇ ਲੋਕਾਂ ਨੂੰ ਨਰਾਸ਼ ਹੋ ਕੇ ਘਰਾਂ ਨੂੰ ਵਾਪਸ ਮੁੜਨਾ ਪੈ ਰਿਹਾ ਹੈ। ਸੇਵਾ ਕੇਂਦਰ ਕਰਮਚਾਰੀਆਂ ਦਾ ਕਹਿਣਾ ਹੈ ਕਿ ਜਦ ਤੱਕ ਉਨ੍ਹਾਂ ਦੀਆਂ ਹੱਕੀ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਉਹ ਹੜਤਾਲ ਜਾਰੀ ਰੱਖਣਗੇ। ਉਧਰ ਲੋਕਾਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਮਸਲੇ ਦਾ ਜਲਦ ਹੱਲ ਕਰਕੇ ਸੇਵਾ ਕੇਂਦਰ ਨੂੰ ਮੁੜ ਚਾਲੂ ਕਰਵਾਇਆ ਜਾਵੇ ਤਾਂ ਜੋ ਆਮ ਜਨਤਾ ਨੂੰ ਹੋ ਰਹੀ ਦਿੱਕਤ ਤੋਂ ਰਾਹਤ ਮਿਲ ਸਕੇ। ਇਸ ਮੌਕੇ ਅੰਮ੍ਰਿਤਪਾਲ ਸਿੰਘ, ਜੋਬਨਪ੍ਰੀਤ ਸਿੰਘ, ਮੇਜਰ ਸਿੰਘ, ਨਵੀਨ ਡੋਗਰਾ, ਸੰਦੀਪ ਸਿੰਘ, ਰਵੀ ਅੰਮ੍ਰਿਤਪਾਲ, ਸਾਜਨ, ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਬਰਤਾਨਵੀ ਸਿੱਖ ਨੂੰ ਕਤਲ ਦਾ ਦੋਸ਼ੀ ਕਰਾਰ ਦਿੱਤੇ ਜਾਣ ਮਗਰੋਂ ਹਿੰਸਾ ਭੜਕੀ

ਲੰਡਨ, 4 ਜੂਨ (ਚ.ਨ.ਸ): ਬਰਤਾਨਵੀ ਸਿੱਖ ਨੂੰ ਨੌਜਵਾਨ ਹੈਨਰੀ ਨੋਵਾਕ ਦੇ ਕਤਲ ਦੇ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤੇ ਜਾਣ ਤੋਂ ਬਾਅਦ ਬਰਤਾਨੀਆ 'ਚ ਪੁਲਿਸ ਨੂੰ ਨਿਸ਼ਾਨਾ ਬਣਾ ਕੇ ਹਿੰਸਕ ਝੜਪਾਂ ਸ਼ੁਰੂ ਹੋ ਗਈਆਂ ਹਨ। ਇਹ ਹਿੰਸਾ ਉਦੋਂ ਭੜਕੀ ਜਦੋਂ ਕੈਮਰੇ ਦੀ ਉਹ ਫੁਟੇਜ ਸਾਹਮਣੇ ਆਈ, ਜਿਸ ਵਿੱਚ ਪੁਲਿਸ ਅਧਿਕਾਰੀ ਨਸਲਵਾਦ ਦੇ ਦੋਸ਼ ਨੂੰ ਲੈ ਕੇ ਪੀੜਤ ਨੋਵਾਕ ਨੂੰ ਉਸ ਦੇ ਆਖ਼ਰੀ ਪਲਾਂ ਵਿੱਚ ਹੱਥਕੜੀ ਲਗਾਉਂਦੇ ਦਿਖਾਈ ਦੇ ਰਹੇ ਹਨ।ਲੰਘੀ ਸ਼ਾਮ ਸਾਊਥੈਂਪਟਨ ਵਿੱਚ ਭਾਰੀ ਭੀੜ ਇਕੱਠੀ ਹੋ ਗਈ, ਜਿਸ ਦੌਰਾਨ ਹੈਂਪਸ਼ਾਇਰ ਤੇ ਆਇਲ ਆਫ ਵਾਈਟ ਕਾਂਸਟੇਬੁਲਰੀ ਦੇ ਅਧਿਕਾਰੀ ਸੁਰੱਖਿਆ ਕਵਚ ਪਹਿਨ ਕੇ ਵਿਕਰਮ ਦਿਗਵਾ ਦੇ ਘਰ ਨੇੜੇ ਤਾਇਨਾਤ ਸਨ। ਵਿਕਰਮ ਦਿਗਵਾ ਨੂੰ 18 ਸਾਲਾ ਹੈਨਰੀ ਨੋਵਾਕ ਦੀ ਹੱਤਿਆ ਕਰਨ ਦੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਸੁਣਾਈ ਗਈ ਹੈ। ਮੁਜ਼ਾਹਰਾਕਾਰੀਆਂ ਨੇ ਪੁਲਿਸ 'ਤੇ ਪੱਥਰ ਤੇ ਬੋਤਲਾਂ ਸੁੱਟੀਆਂ। ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਇਮੀਗ੍ਰੇਸ਼ਨ ਵਿਰੋਧੀ ਕਾਰਕੁੰਨਾਂ ਨੇ ਕਥਿਤ 'ਨਾਬਰਾਬਰ ਪੁਲੀਸਿੰਗ' ਜਾਂ ਇੱਕ ਭਾਈਚਾਰੇ ਨੂੰ ਦੂਜੇ ਭਾਈਚਾਰੇ 'ਤੇ ਤਰਜੀਹ ਦੇਣ ਦੀ ਨਿੰਦਾ ਕੀਤੀ। ਪੁਲਿਸ ਦੇ ਮੁੱਖ ਕਾਂਸਟੇਬਲ ਅਲੈਕਸਿਸ ਬੂਨ ਨੇ ਦੱਸਿਆ ਕਿ ਇਨ੍ਹਾਂ ਝੜਪਾਂ ਦੌਰਾਨ 11 ਅਧਿਕਾਰੀ ਤੇ ਪੁਲਿਸ ਦਾ ਕੁੱਤਾ ਜ਼ਖ਼ਮੀ ਹੋਏ ਹਨ। ਇਸੇ ਦੌਰਾਨ ਬਰਤਾਨੀਆ ਦੀ ਗ੍ਰਹਿ ਮੰਤਰੀ ਸ਼ਬਾਨਾ ਮਹਿਮੂਦ ਨੇ ਕਿਹਾ ਕਿ ਹਿੰਸਾ ਤੇ ਗੜਬੜੀ ਫੈਲਾਉਣ ਲਈ ਇਸ ਘਟਨਾ ਦਾ ਸਹਾਰਾ ਲੈਣ ਨੂੰ ਸਵੀਕਾਰ ਨਹੀਂ ਕੀਤਾ ਜਾ ਸਕਦਾ। ਜ਼ਿੰਮੇਵਾਰ ਲੋਕਾਂ ਨੂੰ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ।" ਉਨ੍ਹਾਂ ਪ੍ਰਧਾਨ ਮੰਤਰੀ ਕੀਰ ਸਟਾਰਮਰ ਦੀ ਲੋਕਾਂ ਨੂੰ ਸ਼ਾਂਤ ਰਹਿਣ ਦੀ ਅਪੀਲ ਵੀ ਦੁਹਰਾਈ।



# ਬਟਾਲਾ ਦੇ ਨੌਜਵਾਨ ਵੱਲੋਂ ਨਹਿਰ 'ਚ ਛਾਲ ਮਾਰ ਕੇ ਖ਼ੁਦਕੁਸ਼ੀ

## ☛ਵੀਡੀਓ ਬਣਾ ਕੇ ਸਹੁਰਿਆਂ ਤੇ ਘਰਵਾਲੀ 'ਤੇ ਲਗਾਏ ਇਲਜ਼ਾਮ

ਗੁਰਦਾਸਪੁਰ, 4 ਜੂਨ (ਚ.ਨ.ਸ): ਬਟਾਲਾ ਵਿੱਚ ਇੱਕ ਨੌਜਵਾਨ ਨੇ ਨਹਿਰ ਵਿੱਚ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ। ਮਰਨ ਤੋਂ ਪਹਿਲਾਂ, ਉਸ ਨੇ ਇੱਕ ਵੀਡੀਓ ਬਣਾਈ ਜਿਸ ਵਿੱਚ ਉਸ ਨੇ ਦੋਸ਼ ਲਗਾਇਆ ਕਿ ਲੜਕੀ ਨੇ ਪਹਿਲਾਂ ਉਸ ਨੂੰ ਪਿਆਰ ਦੇ ਜਾਲ ਵਿੱਚ ਫਸਾਇਆ, ਵਿਆਹ ਕਰਵਾਇਆ ਤੇ ਫਿਰ ਤੰਗ-ਪ੍ਰੇਸ਼ਾਨ ਕੀਤਾ ਗਿਆ। ਉਸ ਦੇ ਸਿਰ 'ਤੇ ਜੁੱਤੀਆਂ ਮਾਰੀਆਂ ਗਈਆਂ ਤੇ ਲੋਕਾਂ ਦੇ ਸਾਹਮਣੇ ਕੁੱਟਿਆ ਗਿਆ। ਉਸ ਦੇ ਸਹੁਰੇ ਉਸ ਦੀ ਜਾਇਦਾਦ ਹੜੱਪਣ ਦੀ ਕੋਸ਼ਿਸ਼ ਕਰ ਰਹੇ ਸਨ। ਨੌਜਵਾਨ ਨੇ ਮੰਗ ਕੀਤੀ ਕਿ ਉਸ ਦੀ ਮੌਤ ਲਈ ਜ਼ਿੰਮੇਵਾਰ ਸਾਰੇ ਲੋਕਾਂ, ਜਿਨ੍ਹਾਂ ਵਿੱਚ ਉਸ ਦੀ ਪਤਨੀ ਤੇ ਸਹੁਰਾ ਸ਼ਾਮਲ ਹਨ, ਨੂੰ ਜੇਲ੍ਹ ਭੇਜਿਆ ਜਾਵੇ। ਉਸ ਨੇ ਵੀਡੀਓ ਆਪਣੀ ਭੈਣ ਨੂੰ ਵਟਸਐਪ 'ਤੇ ਭੇਜੀ ਤੇ ਫਿਰ ਨਹਿਰ ਵਿੱਚ ਛਾਲ ਮਾਰ ਦਿੱਤੀ। ਵੀਡੀਓ ਦੇਖਣ ਤੋਂ ਬਾਅਦ ਜਦੋਂ ਪਰਿਵਾਰ ਪਹੁੰਚਿਆ, ਉਦੋਂ ਤੱਕ ਨੌਜਵਾਨ ਦੀ ਮੌਤ ਹੋ ਚੁੱਕੀ ਸੀ। ਸ਼ਿਕਾਇਤ ਤੋਂ ਬਾਅਦ, ਪੁਲਿਸ ਨੇ ਛੇ ਮੁਲਜ਼ਮਾਂ ਵਿਰੁੱਧ ਮਾਮਲਾ ਦਰਜ ਕੀਤਾ ਤੇ ਪੰਜ ਨੂੰ ਗ੍ਰਿਫ਼ਤਾਰ ਕਰ ਲਿਆ। 31 ਮਈ ਨੂੰ ਰਿਕਾਰਡ ਕੀਤੀ ਗਈ ਇੱਕ ਵੀਡੀਓ ਵਿੱਚ ਬਟਾਲਾ ਦੇ ਅਲੀਵਾਲ ਰੋਡ ਦੇ ਵਸਨੀਕ ਜੋਬਨਪ੍ਰੀਤ ਨੇ ਕਿਹਾ ਕਿ ਉਸ ਦੇ ਸਹੁਰੇ ਉਸ ਦੀ ਮੌਤ ਲਈ ਜ਼ਿੰਮੇਵਾਰ ਹਨ। ਜੋਬਨਪ੍ਰੀਤ ਨੇ ਵੀਡੀਓ ਵਿੱਚ ਕਿਹਾ ਕਿ ਮੇਰੀ ਭੈਣ, ਡਾ. ਗੁਰਲੀਨ, ਦਾ ਕੋਈ ਕਸੂਰ ਨਹੀਂ ਹੈ, ਮੇਰੇ ਪਿਤਾ, ਹਰਪਿੰਦਰ ਸਿੰਘ ਦਾ ਕੋਈ ਕਸੂਰ ਨਹੀਂ ਹੈ ਜਾਂ ਮੇਰੇ ਜੀਜੇ ਦਾ ਕੋਈ ਕਸੂਰ ਨਹੀਂ ਹੈ। ਮੈਂ ਆਪਣੀ ਜ਼ਿੰਦਗੀ ਤੋਂ ਪੂਰੀ ਤਰ੍ਹਾਂ ਤੰਗ ਆ ਚੁੱਕਿਆ ਹਾਂ। ਮੇਰੇ ਪਿਤਾ ਜੀ ਨੇ ਮੈਨੂੰ ਇੰਨੇ ਸਾਲਾਂ ਤੱਕ ਇਕੱਲਿਆਂ ਪਾਲਿਆ। ਮੈਂ ਜ਼ਿੰਦਗੀ ਤੋਂ ਅੱਕ ਚੁੱਕਿਆ ਹੈ।

# ਐਚ-1ਬੀ ਵੀਜ਼ਾ ਲਈ ਦੋ ਲੱਖ ਤੋਂ ਵੱਧ ਅਰਜ਼ੀਕਾਰਾਂ ਨੇ ਇੱਕ ਲੱਖ ਡਾਲਰ ਭਰੇ

ਵਾਸ਼ਿੰਗਟਨ, 4 ਜੂਨ (ਚ.ਨ.ਸ): ਵਿੱਤੀ ਸਾਲ 2026 'ਚ ਅਮਰੀਕਾ 'ਚ ਕੰਮ ਕਰਨ ਲਈ ਐਚ-1ਬੀ ਵੀਜ਼ਾ ਲਈ ਅਰਜ਼ੀ ਦੇਣ ਵਾਲੇ ਦੋ ਲੱਖ ਤੋਂ ਵੱਧ ਲੋਕਾਂ ਨੇ ਇੱਕ ਲੱਖ ਅਮਰੀਕੀ ਡਾਲਰ ਭਰ ਕੇ ਪਹਿਲ ਦੇ ਆਧਾਰ 'ਤੇ ਆਪਣੀ ਅਰਜ਼ੀ ਦਾ ਨਿਬੇੜਾ ਕਰਨ ਦਾ ਬਦਲ ਚੁਣਿਆ ਹੈ। ਅਮਰੀਕਾ ਦੇ ਗ੍ਰਹਿ ਸੁਰੱਖਿਆ ਵਿਭਾਗ (ਡੀਐਚਐਸ) ਦੇ ਮੰਤਰੀ ਮਾਰਕਵੇਨ ਮੁਲਿਨ ਨੇ ਇਹ ਜਾਣਕਾਰੀ ਦਿੱਤੀ। ਸੈਨੇਟ ਦੀ ਖਰਚਿਆਂ ਬਾਰੇ ਉਪ-ਕਮੇਟੀ ਸਾਹਮਣੇ ਮੁਲਿਨ ਨੇ ਦੱਸਿਆ ਕਿ ਵਿੱਤੀ ਸਾਲ 2026 'ਚ ਡੀਐਚਐਸ ਨੂੰ ਤਕਰੀਬਨ 2.86 ਲੱਖ ਐਚ-1ਬੀ ਵੀਜ਼ਾ ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਉਨ੍ਹਾਂ ਦੇਸ਼ ਦੇ ਦਿਹਾਤੀ ਹਿੱਸਿਆਂ 'ਚ ਡਾਕਟਰਾਂ ਦੀ ਕਮੀ ਬਾਰੇ ਅਮਰੀਕੀ ਸੈਨੇਟਰ ਸੁਜ਼ੈਨ ਕੌਲਿਨਜ਼ ਦੇ ਸਵਾਲ 'ਤੇ ਕਿਹਾ ਕਿ ਇਸ ਸਾਲ ਸਾਨੂੰ ਹੁਣ ਤੱਕ ਐਚ-1ਬੀ ਵੀਜ਼ਾ ਲਈ 2.86 ਲੱਖ ਅਰਜ਼ੀਆਂ ਮਿਲੀਆਂ ਹਨ। ਇਨ੍ਹਾਂ 'ਚੋਂ ਦੋ ਲੱਖ ਤੋਂ ਵੱਧ ਅਰਜ਼ੀਕਾਰਾਂ ਨੇ ਇੱਕ ਲੱਖ ਡਾਲਰ ਭਰੇ ਹਨ ਕਿਉਂਕਿ ਇਸ ਨਾਲ ਉਨ੍ਹਾਂ ਦੀਆਂ ਅਰਜ਼ੀਆਂ ਦਾ ਮੁਕਾਬਲਤਨ ਤੇਜ਼ੀ ਨਾਲ ਨਿਬੇੜਾ ਕੀਤਾ ਜਾ ਸਕਦਾ ਹੈ। ਮੁਲਿਨ ਨੇ ਦੱਸਿਆ ਕਿ ਇੱਕ ਲੱਖ ਡਾਲਰ ਭਰਨ ਵਾਲਿਆਂ ਦੀ ਅਰਜ਼ੀ ਦਾ ਨਿਬੇੜਾ 15 ਦਿਨਾਂ ਅੰਦਰ ਹੋ ਜਾਂਦਾ ਹੈ ਜਦਕਿ ਸਧਾਰਨ ਅਰਜ਼ੀਆਂ ਦਾ ਨਿਬੇੜਾ ਕਰਨ 'ਚ ਤਕਰੀਬਨ ਸਾਢੇ ਸੱਤ ਮਹੀਨੇ ਲੱਗਦੇ ਹਨ। ਅਮਰੀਕੀ ਸੈਨੇਟਰ ਕੌਲਿਨਜ਼ ਨੇ ਉਪ-ਕਮੇਟੀ ਨੂੰ ਦੱਸਿਆ ਕਿ ਮੇਨ ਸੂਬੇ ਦੇ ਉਤਰੀ ਹਿੱਸੇ ਦੇ ਪੇਂਡੂ ਖੇਤਰ ਪ੍ਰੇਸਕ ਇਸਲੇ ਦੇ ਹਸਪਤਾਲ ਨੂੰ ਵਿਦੇਸ਼ ਤੋਂ ਬਹੁਤ ਹੀ ਲੋੜੀਂਦੇ ਸਰਜਨ ਦੀ ਨਿਯੁਕਤੀ ਲਈ ਇਹ ਫੀਸ ਚੁਕਾਉਣੀ ਪਈ ਹੈ।




# ਸੈਰ ਕਰਦੇ ਸ਼ਖ਼ਸ 'ਤੇ ਟਰੱਕ ਪਲਟਿਆ, ਮੌਤ

ਤਪਾ ਮੰਡੀ, 4 ਜੂਨ (ਚ.ਨ.ਸ): ਬਰਨਾਲਾ-ਬਠਿੰਡਾ ਮੁੱਖ ਮਾਰਗ 'ਤੇ ਧਾਗਾ ਮਿੱਲ ਨੇੜੇ ਅੱਜ ਸਵੇਰੇ ਟਰੱਕ ਪਲਟਣ ਕਾਰਨ ਸੜਕ ਕਿਨਾਰੇ ਸੈਰ ਕਰ ਰਹੇ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ। ਇਹ ਹਾਦਸਾ ਰੂੰ ਦੀਆਂ ਗੱਠਾਂ ਨਾਲ ਲੱਦੇ ਟਰੱਕ ਦੇ ਚਾਲਕ ਨੂੰ ਨੀਂਦ ਆਉਣ ਕਾਰਨ ਵਾਪਰਿਆ, ਜਿਸ ਵਿੱਚ ਟਰੱਕ ਚਾਲਕ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਮ੍ਰਿਤਕ ਦੀ ਪਛਾਣ ਰਾਮ ਸਿੰਘ ਪੁੱਤਰ ਤਰਨਾ ਸਿੰਘ ਵਾਸੀ ਜੇਠੂਕੇ ਵਜੋਂ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਰੂੰ ਦੀਆਂ ਗੱਠਾਂ ਨਾਲ ਲੱਦਿਆ ਇਹ ਟਰੱਕ ਰਾਮਪੁਰਾ ਤੋਂ ਬਰਨਾਲਾ ਵੱਲ ਜਾ ਰਿਹਾ ਸੀ। ਧਾਗਾ ਮਿੱਲ ਨੇੜੇ ਪਹੁੰਚਦਿਆਂ ਹੀ ਚਾਲਕ ਨੂੰ ਅਚਾਨਕ ਨੀਂਦ ਆ ਗਈ, ਜਿਸ ਕਾਰਨ ਉਹ ਟਰੱਕ ਤੋਂ ਕੰਟਰੋਲ ਗੁਆ ਗਿਆ। ਬੇਕਾਬੂ ਹੋਏ ਵਾਹਨ ਨੇ ਪਹਿਲਾਂ ਸੈਰ ਕਰ ਰਹੇ ਰਾਮ ਸਿੰਘ ਨੂੰ ਆਪਣੀ ਲਪੇਟ ਵਿੱਚ ਲਿਆ ਤੇ ਬਾਅਦ ਵਿੱਚ ਸੜਕ ਕਿਨਾਰੇ ਖਤਾਨਾਂ ਵਿੱਚ ਖੜ੍ਹੇ ਦਰੱਖਤ ਨਾਲ ਜਾ ਟਕਰਾਇਆ। ਹਾਦਸਾ ਇੰਨਾ ਜ਼ਬਰਦਸਤ ਸੀ ਕਿ ਵਾਹਨ ਬੁਰੀ ਤਰ੍ਹਾਂ ਨੁਕਸਾਨਿਆ ਗਿਆ। ਸਥਾਨਕ ਲੋਕਾਂ ਨੇ ਬੜੀ ਮੁਸ਼ਕਿਲ ਨਾਲ ਹਾਦਸਾਗ੍ਰਸਤ ਟਰੱਕ ਹੇਠੋਂ ਰਾਮ ਸਿੰਘ ਨੂੰ ਬਾਹਰ ਕੱਢਿਆ, ਪਰ ਉਦੋਂ ਤੱਕ ਉਸ ਦੀ ਮੌਤ ਹੋ ਚੁੱਕੀ ਸੀ। ਇਸ ਘਟਨਾ ਵਿੱਚ ਗੰਭੀਰ ਜ਼ਖ਼ਮੀ ਹੋਏ ਟਰੱਕ ਚਾਲਕ ਨੂੰ ਤੁਰੰਤ ਇਲਾਜ ਲਈ ਨੇੜਲੇ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਮਿੰਨੀ ਸਹਾਰਾ ਕਲੱਬ ਤਪਾ ਤੇ ਸਹਾਰਾ ਕਲੱਬ ਰਾਮਪੁਰਾ ਦੀਆਂ ਬਚਾਅ ਟੀਮਾਂ ਮੌਕੇ 'ਤੇ ਪਹੁੰਚੀਆਂ। ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਲਾਸ਼ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾ ਦਿੱਤਾ ਗਿਆ ਹੈ ਤੇ ਪੁਲਿਸ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ।

# ਮੋਗਾ ਦੇ ਨੀਵੇਂ ਪੁੱਲ 'ਤੇ ਹਰ ਵੇਲੇ ਰਹਿੰਦੈ ਹਨ੍ਹੇਰਾ

ਮੋਗਾ, 4 ਜੂਨ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਮੇਨ ਨੀਵਾਂ ਪੁਲ ਜਿੱਥੋਂ ਕਿ ਮੋਗੇ ਦੇ ਹਰ ਇੱਕ ਇਨਸਾਨ ਨੇ ਲੰਘਣਾ ਹੁੰਦਾ ਹੈ, ਪਰ ਕਈ ਦਿਨਾਂ ਤੋਂ ਇਸ ਨੀਵੇਂ ਪੁੱਲ ਉਤੇ ਰਾਤ ਨੂੰ ਹਨ੍ਹੇਰਾ



ਹੁੰਦਾ ਹੈ, ਕਿਉਂਕਿ ਕੋਈ ਵੀ ਸਟਰੀਟ ਲਾਈਟ ਨਹੀਂ ਚੱਲਦੀ, ਹੁਣ ਜਿਸ ਕਾਰਨ ਕੋਈ ਵੀ ਸ਼ਰਾਰਤੀ ਅਨਸਰ ਕਿਸੇ ਵੇਲੇ ਵੀ ਕਿਸੇ ਘਟਨਾ ਨੂੰ ਅੰਜਾਮ ਦੇ ਸਕਦਾ ਹੈ, ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕੁਝ ਸ਼ਹਿਰ ਵਾਸੀਆਂ ਨੇ ਕਿਹਾ ਕਿ ਰਾਤ ਨੂੰ ਜਦੋਂ ਵੀ ਜਾਓ ਤਾਂ ਇਸ ਪੁੱਲ ਦੇ ਉਤੇ ਹਨੇਰਾ ਛਾਇਆ ਰਹਿੰਦਾ ਹੈ, ਕਿਸੇ ਵੀ ਅਧਿਕਾਰੀ ਦਾ ਇਸ ਪੁਲ ਉਤੇ ਧਿਆਨ ਨਹੀਂ ਹੈ। ਰਾਤ ਨੂੰ 10 ਵਜੇ ਤੱਕ ਤਾਂ ਔਰਤਾਂ ਇਸ ਪੁਲ ਤੋਂ ਲੰਘਦੀਆਂ ਹਨ, ਅਗਰ ਕੋਈ ਵੀ ਨੁਕਸਾਨ ਹੁੰਦਾ ਹੈ ਤਾਂ ਕੌਣ ਇਸਦਾ ਜ਼ਿੰਮੇਵਾਰ ਹੋਵੇਗਾ। ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕੁਝ ਲੋਕਾਂ ਦਾ ਕਹਿਣਾ ਹੈ ਵੈਸੇ ਤਾਂ ਸਾਡੇ ਐਮਐਲਏ ਅਮਨ ਅਰੋੜਾ ਇਸ ਪੁੱਲ ਨੂੰ ਖ਼ੂਬਸੂਰਤ ਬਣਾਉਣ ਲਈ ਪੈਸੇ ਖਰਚ ਕਰ ਰਹੇ ਹਨ, ਦੂਸਰੇ ਪਾਸੇ ਲੋਕਾਂ ਦੀ ਸੇਫਟੀ ਦੀ ਕੋਈ ਪ੍ਰਵਾਹ ਨਹੀਂ ਹੈ, ਇਸ ਪੁੱਲ ਉਪਰ ਘੰਟਾ ਘਰ ਬਣਾਇਆ ਜਾ ਰਿਹਾ ਹੈ। ਜਿਸ ਦੀ ਲਾਗਤ ਲੱਖਾਂ ਰੁਪਏ ਹਨ ਪਰ ਅੱਜ ਦੇ ਟਾਈਮ ਦੇ ਵਿੱਚ ਰਾਤ ਨੂੰ ਪੁੱਲ ਵਿੱਚੋਂ ਲੰਘਣਾ ਕਿਸੇ ਵੇਲੇ ਵੀ ਘਟਨਾ ਨੂੰ ਸੱਦਾ ਦੇਣਾ ਹੈ, ਲੋਕਾਂ ਦੀ ਮੰਗ ਹੈ ਕਿ ਜਲਦੀ ਤੋਂ ਜਲਦੀ ਇਸ ਪੁੱਲ ਦੀਆਂ ਸਟਰੀਟ ਲਾਈਟਾਂ ਚਲਾਈਆਂ ਜਾਣ ਤਾਂ ਕਿ ਲੋਕਾਂ ਨੂੰ ਲੰਘਣ ਦਾ ਹੌਸਲਾ ਹੋ ਸਕੇ।

# ਸੋਨਾ ਵੇਚਣ ਬਾਰੇ ਆਰ.ਬੀ.ਆਈ. ਦੇ ਸਪੱਸ਼ਟੀਕਰਨ ਨੇ ਪੈਦਾ ਕੀਤੇ ਨਵੇਂ ਸਵਾਲ

ਨਵੀਂ ਦਿੱਲੀ, 4 ਜੂਨ (ਚ.ਨ.ਸ): ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਵੱਲੋਂ 12 ਬਿਲੀਅਨ ਡਾਲਰ ਮੁੱਲ ਦਾ ਸੋਨਾ ਵੇਚਣ ਦੀਆਂ ਖ਼ਬਰਾਂ ਨੇ ਦੇਸ਼ ਦੀ ਅਰਥਵਿਵਸਥਾ ਤੇ ਲੋਕਾਂ ਵਿੱਚ ਚਰਚਾ ਨੂੰ ਤੀਬਰ ਕਰ ਦਿੱਤਾ ਹੈ। 2 ਜੂਨ ਨੂੰ ਬਲੂਮਬਰਗ ਦੀ ਇੱਕ ਰਿਪੋਰਟ ਸਾਹਮਣੇ ਆਈ, ਜਿਸ ਵਿੱਚ ਦਾਅਵਾ ਕੀਤਾ ਗਿਆ ਕਿ ਆਰਬੀਆਈ ਨੇ ਸੋਨੇ ਦੇ ਭੰਡਾਰ ਵਿੱਚੋਂ ਵੱਡੀ ਮਾਤਰਾ ਵੇਚੀ ਹੈ। ਇਸ ਤੋਂ ਬਾਅਦ 3 ਜੂਨ ਨੂੰ ਆਰਬੀਆਈ ਨੇ ਸਪੱਸ਼ਟ ਕੀਤਾ ਕਿ ਇਹ ਖ਼ਬਰ ਗਲਤ ਹੈ ਤੇ ਸੋਨੇ ਦੇ ਭੰਡਾਰ ਵਿੱਚ ਕੋਈ ਘਟਾਓ ਨਹੀਂ ਹੋਇਆ। ਕੇਂਦਰੀ ਬੈਂਕ ਨੇ ਬੁੱਧਵਾਰ ਨੂੰ ਇੱਕ ਅਧਿਕਾਰਤ ਬਿਆਨ ਜਾਰੀ ਕਰਦਿਆਂ ਕਿਹਾ ਕਿ "ਆਰ.ਬੀ.ਆਈ. ਇਸ ਗੱਲ 'ਤੇ ਜ਼ੋਰ ਦਿੰਦਾ ਹੈ ਕਿ ਇਹ ਰਿਪੋਰਟਾਂ ਸਹੀ ਨਹੀਂ ਹਨ।" ਬੈਂਕ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਉਹ ਅਜਿਹੀਆਂ ਗੁੰਮਰਾਹਕੁੰਨ ਖ਼ਬਰਾਂ 'ਤੇ ਵਿਸ਼ਵਾਸ ਨਾ ਕਰਨ। ਬਿਆਨ ਵਿੱਚ ਅੱਗੇ ਕਿਹਾ ਗਿਅ ਕਿ ਇਸ ਲਈ, ਜਨਤਾ ਦੇ ਮੈਂਬਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਅਜਿਹੇ ਮਾਮਲਿਆਂ ਵਿੱਚ ਸਮੇਂ-ਸਮੇਂ 'ਤੇ ਆਰ.ਬੀ.ਆਈ. ਵੱਲੋਂ ਪ੍ਰਕਾਸ਼ਿਤ ਅਧਿਕਾਰਤ ਜਾਣਕਾਰੀ 'ਤੇ ਹੀ ਭਰੋਸਾ ਕਰਨ।" ਇਸ ਦੇ ਨਾਲ ਹੀ ਪ੍ਰੈਸ ਇਨਫਰਮੇਸ਼ਨ ਬਿਊਰੋ ਨੇ ਵੀ ਇਸ ਖ਼ਬਰ ਦਾ ਫੈਕਟ-ਚੈਕ ਕਰਕੇ ਇਸ ਨੂੰ ਸਿਰੇ ਤੋਂ ਖਾਰਜ ਕੀਤਾ ਹੈ। ਪਰ, ਆਰ.ਬੀ.ਆਈ. ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਨੇ ਹੋਰ ਸਵਾਲ ਖੜ੍ਹੇ ਕਰ ਦਿੱਤੇ ਹਨ। ਦਰਅਸਲ ਬਲੂਮਬਰਗ ਨੇ 22 ਮਈ ਤੱਕ ਦੇ ਅੰਕੜੇ ਦਰਸਾਏ, ਜਦਕਿ ਆਰ.ਬੀ.ਆਈ. ਨੇ 24 ਅਪ੍ਰੈਲ ਤੱਕ ਦੇ ਅੰਕੜੇ ਜਾਰੀ ਕੀਤੇ। ਇਸ ਕਾਰਨ ਲੋਕਾਂ ਵਿੱਚ ਸ਼ੱਕ ਵੱਧ ਗਿਆ ਕਿ ਆਖ਼ਿਰ ਮਈ ਦੇ ਮਹੀਨੇ ਵਿੱਚ ਕੀ ਹੋਇਆ। ਅਰਥਸ਼ਾਸਤਰੀਆਂ ਅਨੁਸਾਰ 15 ਤੋਂ 22 ਮਈ ਦੇ ਦਰਮਿਆਨ ਸੋਨੇ ਦੇ ਭੰਡਾਰ ਦੀ ਕੀਮਤ 11.45 ਲੱਖ ਕਰੋੜ ਤੋਂ ਘੱਟ ਕੇ 10.98 ਲੱਖ ਕਰੋੜ ਰਹਿ ਗਈ। ਇਹ 4% ਦੀ ਗਿਰਾਵਟ ਦਰਸਾਉਂਦੀ ਹੈ, ਜਦਕਿ ਉਸ ਹਫ਼ਤੇ ਸੋਨੇ ਦੀਆਂ ਕੀਮਤਾਂ ਵਿੱਚ ਕੋਈ ਵੱਡਾ ਬਦਲਾਅ ਨਹੀਂ ਸੀ। ਇਸ ਤੋਂ ਇਹ ਅਨੁਮਾਨ ਲਗਾਇਆ ਜਾ ਰਿਹਾ ਹੈ ਕਿ ਆਰਬੀਆਈ ਨੇ 20 ਤੋਂ 30 ਟਨ ਸੋਨਾ ਵੇਚਿਆ ਹੋ ਸਕਦਾ ਹੈ। ਇਹ ਵੀ ਚਰਚਾ ਹੈ ਕਿ ਆਰ.ਬੀ.ਆਈ. ਨੇ ਸਿਰਫ਼ ਖੰਡਨ ਜਾਰੀ ਕਰਕੇ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਹੈ। ਪਰ ਸਵਾਲ ਇਹ ਹੈ ਕਿ ਕੀ ਆਰ.ਬੀ.ਆਈ. ਨੂੰ ਹੋਰ ਪਾਰਦਰਸ਼ੀ ਹੋ ਕੇ ਤਾਜ਼ਾ ਅੰਕੜੇ ਜਾਰੀ ਨਹੀਂ ਕਰਨੇ ਚਾਹੀਦੇ? ਜਦੋਂ ਆਰਥਿਕਤਾ 'ਤੇ ਭਰੋਸਾ ਘਟ ਰਿਹਾ ਹੈ ਤਾਂ ਲੋਕਾਂ ਨੂੰ ਸਪੱਸ਼ਟ ਜਾਣਕਾਰੀ ਦੇਣਾ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ।



# ਦੇਸ਼ ਭਗਤ ਯੂਨੀਵਰਸਿਟੀ ਵੱਲੋਂ 'ਮੂੰਹ ਦੀ ਸਿਹਤ ਸੰਭਾਲ 'ਚ ਏ ਆਈ' ਬਾਰੇ ਪੁਸਤਕ ਰਿਲੀਜ਼

ਮੰਡੀ ਗੋਬਿੰਦਗੜ੍ਹ, 4 ਜੂਨ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਨੇ 'ਮੂੰਹ ਦੀ ਸਿਹਤ ਸੰਭਾਲ ਵਿੱਚ ਆਰਟੀਫ਼ੀਸ਼ੀਅਲ ਇੰਟੈਲੀਜੈਂਸ' ਨਾਮਕ ਪੁਸਤਕ ਜਾਰੀ ਕਰਕੇ ਮਹੱਤਵਪੂਰਨ ਮੀਲ ਪੱਥਰ ਰਖਿਆ। ਇਸ ਦਾ ਸਾਂਝਾ ਸੰਪਾਦਨ ਚਾਂਸਲਰ ਡਾ. ਜ਼ੋਰਾ ਸਿੰਘ ਤੇ ਯੂਨੀਵਰਸਿਟੀ ਦੇ ਖੋਜ ਤੇ ਵਿਕਾਸ ਨਿਰਦੇਸ਼ਕ ਤੇ ਦੇਸ਼ ਭਗਤ ਡੈਂਟਲ ਕਾਲਜ ਤੇ ਹਸਪਤਾਲ ਦੇ ਖੋਜ ਡੀਨ ਡਾ. ਹਰਪ੍ਰੀਤ ਸਿੰਘ ਨੇ ਕੀਤਾ। ਇਹ ਪੁਸਤਕ ਮੂੰਹ ਦੀ ਸਿਹਤ ਸੰਭਾਲ ਤੇ ਦੰਦ ਚਿਕਿਤਸਾ ਵਿਗਿਆਨ ਦੇ ਖੇਤਰ ਵਿੱਚ ਆਰਟੀਫ਼ੀਸ਼ੀਅਲ ਇੰਟੈਲੀਜੈਂਸ (ਏਆਈ) ਦੇ ਬਦਲਾਅਕਾਰੀ ਪ੍ਰਭਾਵ ਦਾ ਵੇਰਵਾ ਦਿੰਦੀ ਹੈ। ਇਸ ਵਿੱਚ ਏਆਈ-ਆਧਾਰਿਤ ਉਭਰਦੀਆਂ ਤਕਨਾਲੋਜੀਆਂ, ਨਵੀਂ ਵਰਤੋਂ, ਦੰਦ ਚਿਕਿਤਸਾ ਵਿੱਚ ਰੋਗਾਂ ਦੀ ਪਛਾਣ, ਇਲਾਜ ਦੀ ਯੋਜਨਾ, ਮਰੀਜ਼ਾਂ ਦੀ ਦੇਖਭਾਲ ਤੇ ਖੋਜ ਕਾਰਜਾਂ ਨੂੰ ਹੋਰ ਬਿਹਤਰ ਬਣਾਉਣ ਦੀਆਂ ਸੰਭਾਵਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ ਹੈ। ਯੂਨੀਵਰਸਿਟੀ ਅਧਿਕਾਰੀਆਂ ਨੇ ਕਿਹਾ ਕਿ ਇਹ ਪੁਸਤਕ ਅਤਿਆਧੁਨਿਕ ਖੋਜ ਰਾਹੀਂ ਗਿਆਨ ਦੇ ਵਿਕਾਸ ਤੇ ਭਵਿੱਖ ਦੇ ਸਿਹਤ ਪੇਸ਼ੇਵਰਾਂ ਨੂੰ ਤਕਨਾਲੋਜੀ-ਕੇਂਦਰਿਤ ਸੰਸਾਰ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਲੋੜੀਂਦੇ ਹੁਨਰਾਂ ਨਾਲ ਜੋੜਨ ਵਾਲੇ ਯੂਨੀਵਰਸਿਟੀ ਦੇ ਵਿਜ਼ਨ ਦੇ ਅਨੁਕੂਲ ਹੈ। ਇਹ ਪੁਸਤਕ ਯੂਨੀਵਰਸਿਟੀ ਦੀ ਅਕਾਦਮਿਕ ਉਤਕ੍ਰਿਸ਼ਟਤਾ, ਖੋਜ ਨਵੀਨਤਾ ਤੇ ਗੁਣਵੱਤਾ-ਪੂਰਨ ਉਚ ਸਿੱਖਿਆ ਦੇ ਕੇਂਦਰ ਵਜੋਂ ਪਛਾਣ ਹੋਰ ਮਜ਼ਬੂਤ ਹੋਈ ਹੈ ਨਾਲ ਹੀ ਇਹ ਦੰਦ ਤੇ ਸਿਹਤ ਵਿਗਿਆਨ ਦੇ ਲਗਾਤਾਰ ਵਿਕਾਸ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦੀ ਹੈ।



# ਆਈ.ਜੀ.ਪੀ. ਤੇ ਐਸ.ਐਸ.ਪੀ. ਵੱਲੋਂ ਥਾਣਾ ਕੋਟ ਈਸੇ ਖਾਂ ਤੇ ਨਾਕਾ ਪੁਆਇੰਟ ਕਮਾਲ ਕੇ ਦੀ ਅਚਨਚੇਤ ਚੈਕਿੰਗ



ਮੋਗਾ, 4 ਜੂਨ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਆਈ.ਜੀ.ਪੀ. ਫਰੀਦਕੋਟ ਰੇਂਜ ਤੇ ਐਸ.ਐਸ.ਪੀ. ਮੋਗਾ ਵੱਲੋਂ ਅੱਜ ਜ਼ਿਲ੍ਹਾ ਮੋਗਾ ਦੇ ਥਾਣਾ ਕੋਟ ਈਸੇ ਖਾਂ ਤੇ ਨਾਕਾ ਪੁਆਇੰਟ ਕਮਾਲ ਕੇ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਥਾਣੇ ਦੀ ਸੁਰੱਖਿਆ ਵਿਵਸਥਾ, ਸੀਸੀਟੀਵੀ ਕੈਮਰਿਆਂ ਦੀ ਕਾਰਗੁਜ਼ਾਰੀ, ਵਾਇਰਲੈਸ ਸੰਚਾਰ ਪ੍ਰਣਾਲੀ, ਐਮਰਜੈਂਸੀ ਸਾਇਰਨਾਂ ਤੇ ਹੋਰ ਸੁਰੱਖਿਆ ਪ੍ਰਬੰਧਾਂ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਗਿਆ। ਚੈਕਿੰਗ ਦੌਰਾਨ ਥਾਣੇ ਦੇ ਰਿਕਾਰਡ, ਮਾਲਖਾਨੇ ਤੇ ਪੁਲਿਸ ਮੁਲਾਜ਼ਮਾਂ ਦੀ ਕਾਰਗੁਜ਼ਾਰੀ ਦਾ ਵੀ ਨਿਰੀਖਣ ਕੀਤਾ ਗਿਆ। ਅਧਿਕਾਰੀਆਂ ਨੇ ਸਟਾਫ਼ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਮੁਸਤੈਦੀ, ਅਨੁਸ਼ਾਸਨ ਤੇ ਲੋਕਾਂ ਨਾਲ ਸੁਚੱਜਾ ਵਿਵਹਾਰ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ। ਇਸ ਉਪਰੰਤ ਨਾਕਾ ਪੁਆਇੰਟ ਕਮਾਲ ਕੇ ਦਾ ਦੌਰਾ ਕਰਕੇ ਨਾਕਾਬੰਦੀ ਪ੍ਰਬੰਧਾਂ, ਬੈਰੀਕੇਡਿੰਗ, ਤਾਇਨਾਤ ਪੁਲਿਸ ਮੁਲਾਜ਼ਮਾਂ ਤੇ ਵਾਹਨਾਂ ਦੀ ਚੈਕਿੰਗ ਪ੍ਰਕਿਰਿਆ ਦਾ ਜਾਇਜ਼ਾ ਲਿਆ ਗਿਆ। ਡਿਊਟੀ 'ਤੇ ਤਾਇਨਾਤ ਮੁਲਾਜ਼ਮਾਂ ਨੂੰ ਸ਼ੱਕੀ ਵਿਅਕਤੀਆਂ ਤੇ ਵਾਹਨਾਂ ਦੀ ਗੰਭੀਰਤਾ ਨਾਲ ਜਾਂਚ ਕਰਨ ਤੇ ਹਰ ਸਮੇਂ ਚੌਕਸ ਰਹਿਣ ਦੀਆਂ ਹਦਾਇਤਾਂ ਦਿੱਤੀਆਂ ਗਈਆਂ। ਆਈ.ਜੀ.ਪੀ. ਫਰੀਦਕੋਟ ਰੇਂਜ ਤੇ ਐਸ.ਐਸ.ਪੀ. ਮੋਗਾ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਮਜ਼ਬੂਤ ਬਣਾਉਣ ਤੇ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਜਿਹੀਆਂ ਚੈਕਿੰਗਾਂ ਤੇ ਨਿਰੀਖਣ ਲਗਾਤਾਰ ਜਾਰੀ ਰਹਿਣਗੇ।

# ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਰੋਸ ਮਾਰਚ



ਫਾਜ਼ਿਲਕਾ, 4 ਜੂਨ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪਿਛਲੇ ਕਰੀਬ ਇੱਕ ਦਹਾਕੇ ਤੋਂ ਸੇਵਾ ਕੇਂਦਰਾਂ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਸੇਵਾ ਕੇਂਦਰ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸ਼ੁਰੂ ਕੀਤਾ ਗਿਆ ਸੰਘਰਸ਼ ਅੱਜ ਅੱਠਵੇਂ ਦਿਨ ਵਿੱਚ ਦਾਖਲ ਹੋ ਗਿਆ। ਅੱਜ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਦੇ ਹੱਕ ਵਿੱਚ ਦੁਪਹਿਰ ਤੱਕ ਸੇਵਾ ਕੇਂਦਰ ਵਿਖੇ ਹਰ ਰੋਜ਼ ਦੀ ਤਰ੍ਹਾਂ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਤੋਂ ਬਾਅਦ ਸ਼ਹਿਰ ਦੇ ਬਾਜ਼ਾਰਾਂ ਵਿੱਚ ਰੋਸ ਮਾਰਚ ਕੱਢ ਕੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਜ਼ਿਲ੍ਹਾ ਫਾਜ਼ਿਲਕਾ ਦੀ ਪ੍ਰਧਾਨ ਅੰਮ੍ਰਿਤਪਾਲ ਕੌਰ ਢਿੱਲੋਂ, ਵਾਈਸ ਪ੍ਰਧਾਨ ਆਸ਼ਾ ਰਾਣੀ, ਸਰਪ੍ਰਸਤ ਇੰਦਰਜੀਤ ਸਿੰਘ, ਪ੍ਰਵੇਸ਼ ਸ਼ਰਮਾ, ਸੋਨੀਕਾ ਤੇ ਗੁਰਦੀਪ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਪਿਛਲੇ ਕਈ ਦਿਨਾਂ ਤੋਂ ਸੰਘਰਸ਼ ਕਰ ਰਹੇ ਹਨ, ਪਰ ਪੰਜਾਬ ਸਰਕਾਰ ਵੱਲੋਂ ਅਜੇ ਤੱਕ ਕੋਈ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਦੋਸ਼ ਲਗਾਇਆ ਕਿ ਮੁਲਾਜ਼ਮਾਂ ਦੀ ਆਵਾਜ਼ ਉਠਾਉਣ ਵਾਲੇ ਅਹੁਦੇਦਾਰਾਂ ਨੂੰ ਟਰਮੀਨੇਟ ਕਰ ਦਿੱਤਾ ਗਿਆ ਹੈ, ਜੋ ਕਿ ਉਨ੍ਹਾਂ ਨਾਲ ਨਾਇਨਸਾਫ਼ੀ ਹੈ। ਇਸ ਮੌਕੇ ਇੰਡੀਅਨ ਫੈਡਰੇਸ਼ਨ ਆਫ ਟਰੇਡ ਯੂਨੀਅਨ ਦੇ ਸੂਬਾਈ ਆਗੂ ਸਾਥੀ ਹਰਭਜਨ ਲਾਧੂਕਾ ਨੇ ਸੇਵਾ ਕੇਂਦਰ ਮੁਲਾਜ਼ਮਾਂ ਦੀ ਪੂਰਨ ਹਮਾਇਤ ਕਰਦਿਆਂ ਕਿਹਾ ਕਿ ਉਨ੍ਹਾਂ ਦੀਆਂ ਮੰਗਾਂ ਜਾਇਜ਼ ਹਨ ਤੇ ਸਰਕਾਰ ਨੂੰ ਤੁਰੰਤ ਮੰਨਣੀਆਂ ਚਾਹੀਦੀਆਂ ਹਨ। ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਸਰਮਾਏਦਾਰਾਂ ਦਾ ਪੱਖ ਪੂਰ ਰਹੀ ਹੈ, ਜਦਕਿ ਆਮ ਤੇ ਮੱਧ ਵਰਗ ਨੂੰ ਬੇਰੁਜ਼ਗਾਰ ਕਰਨ ਵੱਲ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਸੇਵਾ ਕੇਂਦਰ ਮੁਲਾਜ਼ਮਾਂ ਨਾਲ ਹੋ ਰਿਹਾ ਧੱਕਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਖ਼ਿਲਾਫ਼ ਉਹ ਡੱਟ ਕੇ ਸੰਘਰਸ਼ ਕਰਨਗੇ।

# ਜਨਗਣਨਾ-2027 ਦੇ ਪਹਿਲੇ ਫੇਜ਼ ਦਾ ਕੰਮ ਮੁਕੰਮਲ ਕਰਨ ਵਾਲੇ ਗਿਣਤੀਕਾਰ ਤੇ ਸੁਪਰਵਾਈਜ਼ਰ ਸਨਮਾਨਿਤ

ਫਿਰੋਜ਼ਪੁਰ, 4 ਜੂਨ (ਤਿਵਾੜੀ): ਜਨਗਣਨਾ-2027 ਦੇ ਪਹਿਲੇ ਫੇਜ਼ (ਹਾਊਸ ਲਿਸਟਿੰਗ ਆਪਰੇਸ਼ਨ) ਦਾ ਕੰਮ ਸਭ ਤੋਂ ਪਹਿਲਾਂ ਮੁਕੰਮਲ ਕਰਨ ਵਾਲੇ ਗਿਣਤੀਕਾਰਾਂ ਤੇ ਸੁਪਰਵਾਈਜ਼ਰਾਂ ਨੂੰ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਸੈਂਸਜ਼ ਅਫ਼ਸਰ ਫਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਸਨਮਾਨਿਤ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਉਨ੍ਹਾਂ ਨੇ ਆਪਣੀ ਡਿਊਟੀ ਨੂੰ ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਨਿਭਾਇਆ ਹੈ, ਜੋ ਹੋਰਨਾਂ ਲਈ ਵੀ ਪ੍ਰੇਰਨਾਦਾਇਕ ਹੈ। ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਨਗਣਨਾ-2027 ਦੇ ਪਹਿਲੇ ਫੇਜ਼ ਤਹਿਤ ਹਾਊਸ ਲਿਸਟਿੰਗ ਆਪਰੇਸ਼ਨ ਦਾ ਕੰਮ 15 ਮਈ 2026 ਤੋਂ ਸ਼ੁਰੂ ਹੋਇਆ ਸੀ, ਜੋ 13 ਜੂਨ 2026 ਤੱਕ ਜਾਰੀ ਰਹੇਗਾ। ਉਨ੍ਹਾਂ ਦੱਸਿਆ ਕਿ ਇਸ ਕਾਰਜ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਫਿਰੋਜ਼ਪੁਰ ਅੰਦਰ ਵੱਡੀ ਗਿਣਤੀ ਵਿੱਚ ਗਿਣਤੀਕਾਰ ਤੇ ਸੁਪਰਵਾਈਜ਼ਰ ਤਾਇਨਾਤ ਕੀਤੇ ਗਏ ਹਨ, ਜੋ ਘਰ-ਘਰ ਜਾ ਕੇ ਆਨਲਾਈਨ ਪੋਰਟਲ ਰਾਹੀਂ ਲੋੜੀਂਦਾ ਡਾਟਾ ਇਕੱਤਰ ਕਰ ਰਹੇ ਹਨ। ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੇ ਇਸ ਮਹੱਤਵਪੂਰਨ ਕਾਰਜ ਵਿੱਚ ਪੂਰਾ ਸਹਿਯੋਗ ਦੇਣ ਤੇ ਗਿਣਤੀਕਾਰਾਂ ਨੂੰ ਸਹੀ ਤੇ ਪੂਰੀ ਜਾਣਕਾਰੀ ਮੁਹੱਈਆ ਕਰਵਾਉਣ। ਉਨ੍ਹਾਂ ਕਿਹਾ ਕਿ ਜਨਗਣਨਾ ਦੇ ਇਸ ਕਾਰਜ ਦੌਰਾਨ ਕਿਸੇ ਵੀ ਨਾਗਰਿਕ ਤੋਂ ਆਧਾਰ ਕਾਰਡ, ਪੈਨ ਕਾਰਡ, ਬੈਂਕ ਵੇਰਵੇ ਜਾਂ ਕਿਸੇ ਵੀ ਤਰ੍ਹਾਂ ਦਾ ਓ.ਟੀ.ਪੀ. ਨਹੀਂ ਮੰਗਿਆ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵੱਲੋਂ ਅਧਿਕਾਰਿਤ ਗਿਣਤੀਕਾਰਾਂ ਨੂੰ ਵਿਸ਼ੇਸ਼ ਪਛਾਣ ਪੱਤਰ (ਆਈ.ਡੀ. ਕਾਰਡ) ਜਾਰੀ ਕੀਤੇ ਗਏ ਹਨ, ਜਿਨ੍ਹਾਂ 'ਤੇ ਕਿਊ.ਆਰ. ਕੋਡ ਦਰਜ ਹੈ। ਇਸ ਮੌਕੇ ਦਫਤਰ ਉਪ ਅਰਥ ਤੇ ਅੰਕੜਾ ਸਲਾਹਕਾਰ-ਕਮ-ਵਧੀਕ ਜ਼ਿਲ੍ਹਾ ਸੈਂਸਜ ਅਫਸਰ ਫਿਰੋਜ਼ਪੁਰ ਦੇ ਤਰਸੇਮ ਲਾਲ ਸਹਾਇਕ ਖੋਜ ਅਫਸਰ, ਗਿਰਿਸ਼ ਗਰੋਵਰ ਇਨਵੈਸਟੀਗੇਟਰ, ਗੁਰਨਾਮ ਸਿੰਘ ਤੇ ਅੰਕੁਸ਼ ਵਡੇਰਾ ਯੰਗ ਪ੍ਰੋਫੈਸ਼ਨਲ ਹਾਜ਼ਰ ਸਨ।




# ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਲੋਕ ਭਲਾਈ ਦੇ ਕੰਮਾਂ ਨਾਲ ਜੁੜਨ: ਮਿੰਟਾ,ਗਰੇਵਾਲ

ਅਮਲੋਹ, 4 ਜੂਨ (ਜਸਵੰਤ ਸਿੰਘ): ਕਾਂਗਰਸ ਪਾਰਟੀ ਦੇ ਦਫ਼ਤਰ ਇੰਚਾਰਜ ਮਨਪ੍ਰੀਤ ਸਿੰਘ ਮਿੰਟਾ ਤੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਗਰੇਵਾਲ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਸਮਾਜ ਭਲਾਈ ਦੇ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਪਾਉਣਾ ਚਾਹੀਦਾ ਹੈ। ਉਹ ਨੌਜਵਾਨਾਂ ਵੱਲੋਂ ਠੰਡੇ ਮਿੱਠੇ ਪਾਣੀ ਦੀ ਛਬੀਲ ਦੀ ਸ਼ੁਰੂਆਤ ਕਰਵਾਉਣ ਮੌਕੇ ਗੱਲਬਾਤ ਕਰ ਰਹੇ ਸਨ। ਇਸ ਵਿੱਚ ਯੂਥ ਕਾਂਗਰਸ ਦੇ ਆਗੂਆਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ। ਆਗੂਆਂ ਨੇ ਨੌਜਵਾਨਾਂ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵੱਧ ਰਹੀ ਗਰਮੀ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਤੇ ਨੌਜਵਾਨਾਂ ਵੱਲੋਂ ਇਹ ਕਾਰਜ ਕਰਕੇ ਰਾਹਗੀਰਾਂ ਨੂੰ ਗਰਮੀ ਤੋਂ ਰਾਹਤ ਦਿਵਾਈ ਗਈ ਹੈ। ਆਗੂਆਂ ਨੇ ਖੁਦ ਵੀ ਛਬੀਲ ਉਪਰ ਸੇਵਾ ਕੀਤੀ। ਇਸ ਮੌਕੇ ਯੂਥ ਕਾਂਗਰਸ ਆਗੂ ਸਨੀ ਅਮਲੋਹ, ਰਣਜੀਤ ਰਹਿਲ, ਗੁਰੀ ਅਮਲੋਹ, ਕਮਲ ਅਮਲੋਹ, ਜਸ਼ਨ ਰਹਿਲ, ਸਬੀਰ ਖਾਂ, ਸੂਬਾ ਸ਼ੈਂਟੀ, ਲੱਖੂ ਸਲਾਣੀ, ਪ੍ਰੀਤ ਚਾਹਲ ਤੇ ਰਵੀ ਭਾਂਬਰੀ ਆਦਿ ਮੌਜੂਦ ਸਨ। ਉਨ੍ਹਾਂ ਕਿਹਾ ਕਿ ਸਾਨੂੰ ਸਮਾਜ ਭਲਾਈ ਦੇ ਅਜਿਹੇ ਕਾਰਜਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਛਬੀਲ ਉਪਰ ਵੱਡੀ ਗਿਣਤੀ ਵਿੱਚ ਰਾਹਗੀਰਾਂ ਨੇ ਠੰਢਾ ਮਿੱਠਾ ਪਾਣੀ ਪੀ ਕੇ ਗਰਮੀ ਤੋਂ ਰਾਹਤ ਮਹਿਸੂਸ ਕੀਤੀ ਤੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ।



# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ 'ਚ ਜੂਨ ਚੁਰਾਸੀ ਦੇ ਨੀਤੀਗਤ ਅਸਰਾਂ 'ਤੇ ਸੈਮੀਨਾਰ



ਸ੍ਰੀ ਫ਼ਤਹਿਗੜ੍ਹ ਸਾਹਿਬ, 4 ਜੂਨ (ਹਰਪ੍ਰੀਤ ਕੌਰ ਟਿਵਾਣਾ): ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਦੇ ਪੰਜਾਬੀ ਵਿਭਾਗ ਵੱਲੋਂ ਜੂਨ ਚੁਰਾਸੀ ਦੇ ਨੀਤੀਗਤ ਅਸਰ ਵਿਸ਼ੇ ਉਤੇ ਸੈਮੀਨਾਰ ਕਰਵਾਇਆ ਗਿਆ, ਜਿਸ ਦੀ ਪ੍ਰਧਾਨਗੀ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕੀਤੀ, ਵਿਸ਼ੇਸ਼ ਮਹਿਮਾਨ ਵਜੋਂ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਹਾਜ਼ਰ ਹੋਏ। ਸੈਮੀਨਾਰ ਵਿੱਚ ਪਰਮਜੀਤ ਸਿੰਘ ਗਾਜੀ, ਸੰਪਾਦਕ, ਸਿੱਖ ਸਿਆਸਤ, ਡਾ. ਗੁਰਪ੍ਰੀਤ ਸਿੰਘ ਬਰਾੜ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੇ ਡਾ. ਹਰਨੀਤ ਬਿਲਿੰਗ ਬੁਲਾਰੇ ਵਜੋਂ ਸ਼ਾਮਲ ਹੋਏ। ਇਹ ਸੈਮੀਨਾਰ ਜੂਨ 1984 ਦੇ ਘੱਲੂਘਾਰੇ ਨੂੰ ਨਵੇਂ ਨਜ਼ਰੀਏ ਤੋਂ ਵਿਆਖਿਆਤ ਕਰਨ ਦੇ ਉਦੇਸ਼ ਨਾਲ ਕੀਤਾ ਗਿਆ। ਮਹਿਮਾਨਾਂ ਦਾ ਰਸਮੀ ਸਵਾਗਤ ਕਰਦਿਆਂ ਪੰਜਾਬੀ ਵਿਭਾਗ ਦੇ ਮੁਖੀ ਡਾ. ਸਿਕੰਦਰ ਸਿੰਘ ਨੇ ਜੂਨ 1984 ਦੇ ਸੱਭਿਆਚਾਰਕ, ਭਾਸ਼ਾਈ ਤੇ ਸਿੱਖਿਆ ਨੀਤੀ ਉਤੇ ਪਏ ਪ੍ਰਭਾਵਾਂ ਦੀ ਸੰਖੇਪ ਜਾਣਕਾਰੀ ਦਿੰਦਿਆਂ ਵਿਸ਼ੇ ਦੀ ਅਹਿਮੀਅਤ ਉਤੇ ਚਾਨਣਾ ਪਾਇਆ। ਪਰਮਜੀਤ ਸਿੰਘ ਗਾਜੀ ਨੇ ਜੂਨ ਚੁਰਾਸੀ: ਸੰਚਾਰ ਨੀਤੀ ਤੇ ਸਾਧਨਾਂ ਵਿੱਚ ਬਦਲਾਅ ਵਿਸ਼ੇ ਉਤੇ ਬੋਲਦਿਆਂ ਕਿਹਾ ਕਿ ਜੰਗ ਸਿਰਫ਼ ਧਰਤੀ, ਜਲ ਤੇ ਆਕਾਸ਼ ਵਿੱਚ ਹੀ ਨਹੀਂ ਲੜੀ ਜਾਂਦੀ, ਸਗੋਂ ਮਨ ਤੇ ਦਿਮਾਗ ਉਤੇ ਵੀ ਲੜੀ ਜਾਂਦੀ ਹੈ। ਉਨ੍ਹਾਂ ਨੇ ਕਿਹਾ ਕਿ 1984 ਦੌਰਾਨ ਸਰਕਾਰੀ ਸੰਚਾਰ ਸਾਧਨਾਂ ਰਾਹੀਂ ਘਟਨਾਵਾਂ ਨੂੰ ਇੱਕ ਵਿਸ਼ੇਸ਼ ਢੰਗ ਨਾਲ ਪੇਸ਼ ਕੀਤਾ ਗਿਆ। ਡਾ. ਗੁਰਪ੍ਰੀਤ ਸਿੰਘ ਬਰਾੜ ਨੇ ਜੂਨ 84 ਮਗਰੋਂ ਭਾਰਤੀ ਨੀਤੀ ਤੇ ਅਮਲ ਵਿਸ਼ੇ ਉਤੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ 1984 ਨੂੰ ਸਮਝਣ ਲਈ 1966 ਦੇ ਪੰਜਾਬੀ ਸੂਬਾ ਅੰਦੋਲਨ ਤੇ ਉਸ ਤੋਂ ਬਾਅਦ ਦੇ ਰਾਜਨੀਤਿਕ ਪ੍ਰਸੰਗ ਨੂੰ ਸਮਝਣਾ ਜ਼ਰੂਰੀ ਹੈ। ਡਾ. ਹਰਨੀਤ ਕੌਰ ਬਿਲਿੰਗ ਨੇ ਜੂਨ 84 ਦੇ ਸਿੱਖਿਆ ਨੀਤੀ ਉਤੇ ਪਏ ਅਸਰ ਵਿਸ਼ੇ ਉਤੇ ਆਪਣੇ ਵਿਚਾਰ ਪੇਸ਼ ਕਰਦਿਆਂ ਦੱਸਿਆ ਕਿ ਇਸ ਘਟਨਾ ਤੋਂ ਬਾਅਦ ਸਿੱਖਿਆ ਪ੍ਰਣਾਲੀ, ਪਾਠ ਪੁਸਤਕਾਂ ਤੇ ਭਾਸ਼ਾਈ ਮਾਹੌਲ ਉਤੇ ਕਿਹੜੇ ਪ੍ਰਭਾਵ ਪਏ।

# ਜਲਵੇੜੀ ਵਿਖੇ ਕਰਵਾਏ ਕ੍ਰਿਕਟ ਟੂਰਨਾਮੈਂਟ ਦਾ ਬਲਜੀਤ ਸਿੰਘ ਭੁੱਟਾ ਵੱਲੋਂ ਉਦਘਾਟਨ

ਸ੍ਰੀ ਫਤਹਿਗੜ੍ਹ ਸਾਹਿਬ, 4 ਜੂਨ (ਹਰਪ੍ਰੀਤ ਕੌਰ ਟਿਵਾਣਾ): ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨਾ ਅੱਜ ਦੇ ਸਮੇਂ ਦੀ ਮੁੱਖ ਲੋੜ ਹੈ ਕਿਉਂਕਿ ਖੇਡਾਂ ਨਾਲ ਜੋੜ ਕੇ ਹੀ ਨੌਜਵਾਨਾਂ ਦੇ ਸਹਿਯੋਗ ਨਾਲ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਨੇ ਪਿੰਡ ਜਲਵੇੜੀ ਵਿਖੇ ਕਰਵਾਏ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਕਰਨ ਮੌਕੇ ਖਿਡਾਰੀਆਂ ਤੇ ਖੇਡ ਪ੍ਰੇਮੀਆਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅੱਜ ਜਦੋਂ ਕਿ ਸਮਾਜ ਅੰਦਰ ਕਈ ਲਾਨਤਾਂ ਦਿਨੋ-ਦਿਨ ਪਨਪ ਰਹੀਆਂ ਹਨ ਤਾਂ ਉਨ੍ਹਾਂ ਦਾ ਖਾਤਮਾ ਕੇਵਲ ਤੇ ਕੇਵਲ ਖੇਡਾਂ ਨਾਲ ਹੀ ਕੀਤਾ ਜਾ ਸਕਦਾ ਹੈ। ਹਲਕਾ ਇੰਚਾਰਜ ਭੁੱਟਾ ਨੇ ਕਿਹਾ ਕਿ ਨੌਜਵਾਨਾਂ ਨੂੰ ਚਾਹੀਦਾ ਹੈ ਕਿ ਆਪਣੇ ਰੋਜ਼ਮਰਾ ਦੇ ਕੰਮਾਂ ਕਾਰਾਂ ਤੋਂ ਕੁਝ ਸਮਾਂ ਕੱਢ ਕੇ ਖੇਡ ਮੈਦਾਨਾਂ ਵਿੱਚ ਵੀ ਸਮਾਂ ਬਤੀਤ ਕੀਤਾ ਜਾਵੇ ਕਿਉਂਕਿ ਖੇਡਾਂ ਨਾ ਸਿਰਫ ਖਿਡਾਰੀਆਂ ਨੂੰ ਸਰੀਰਕ ਪੱਖੋਂ ਤੰਦਰੁਸਤ ਰੱਖਦੀਆਂ ਹਨ, ਸਗੋਂ ਖੇਡਾਂ ਨਾਲ ਖਿਡਾਰੀ ਮਾਨਸਿਕ ਪੱਖੋਂ ਵੀ ਮਜ਼ਬੂਤ ਹੁੰਦੇ ਹਨ। ਭੁੱਟਾ ਨੇ ਪਿੰਡ ਜਲਵੇਲੀ ਵਿਖੇ ਟੂਰਨਾਮੈਂਟ ਕਰਵਾਉਣ ਲਈ ਪਿੰਡ ਦੀ ਪੰਚਾਇਤ ਤੇ ਨਗਰ ਵਾਸੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਖੇਡ ਟੂਰਨਾਮੈਂਟ ਨੌਜਵਾਨਾਂ ਅੰਦਰ ਖੇਡ ਸੱਭਿਆਚਾਰ ਪੈਦਾ ਕਰਨ ਵਿੱਚ ਅਹਿਮ ਭੂਮਿਕਾ ਅਦਾ ਕਰਦੇ ਹਨ, ਇਸ ਲਈ ਹੋਰਨਾ ਪਿੰਡਾਂ ਨੂੰ ਵੀ ਖੇਡ ਟੂਰਨਾਮੈਂਟ ਕਰਵਾਉਣੇ ਚਾਹੀਦੇ ਹਨ ਤਾਂ ਜੋ ਨੌਜਵਾਨ ਮੁੜ ਤੋਂ ਖੇਡਾਂ ਨਾਲ ਜੁੜ ਕੇ ਤੰਦਰੁਸਤ ਜੀਵਨ ਬਤੀਤ ਕਰ ਸਕਣ। ਇਸ ਮੌਕੇ ਪਿੰਡ ਦੇ ਸਰਪੰਚ ਸੋਨੀ ਬੇਗਮ ਧਰਮ ਪਤਨੀ ਰਫੀਕ ਮੁਹੰਮਦ ਨੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਦੀਪ ਸਿੰਘ ਬਹਿਲੋਲਪੁਰ ਸਰਕਲ ਪ੍ਰਧਾਨ ਮੂਲੇਪੁਰ ਸਿਮਰਨਜੀਤ ਸਿੰਘ ਪੰਚ, ਰਸਨਦੀਪ ਸਿੰਘ ਪੰਚ, ਕਾਲਾ ਮਾਨ ਪੰਚ, ਰਾਜੋ ਪੰਚ, ਬਲਵੰਤ ਸਿੰਘ ਪੰਚ, ਦਮਨ ਜੋਤ ਸਿੰਘ ਚੀਮਾ ਯੂਥ ਆਗੂ ਸ਼੍ਰੋਮਣੀ ਅਕਾਲੀ ਦਲ, ਬਲਜਿੰਦਰ ਸਿੰਘ ਜਲਵੇੜੀ, ਗਿੱਲ ਡਿੰਪਲ ਝਿੰਜਰਾ ਤੇ ਰਣਧੀਰ ਸਿੰਘ ਜਲਬੇੜਾ ਮੌਜੂਦ ਸਨ।



# ਖੇਤ ਬਚਾਓ ਅਭਿਆਨ ਤਹਿਤ ਜਾਗਰੂਕਤਾ ਕੈਂਪ

## ☛ਝੋਨੇ 'ਚ ਫਾਸਫੋਰਸ ਤੱਤ ਦੀ ਵਰਤੋਂ ਤੋਂ ਗੁਰੇਜ਼ ਕਰਨ ਕਿਸਾਨ: ਡਾ. ਸੰਧੂ

ਫਿਰੋਜ਼ਪੁਰ, 4 ਜੂਨ (ਤਿਵਾੜੀ): ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਫਿਰੋਜ਼ਪੁਰ ਦੀ ਟੀਮ ਵੱਲੋਂ ਡਾ. ਗੁਰਮੇਲ ਸਿੰਘ ਸੰਧੂ, ਡਿਪਟੀ ਡਾਇਰੈਕਟਰ (ਸਿਖਲਾਈ) ਦੀ ਯੋਗ ਅਗਵਾਈ ਹੇਠ 1 ਜੂਨ ਤੋਂ ਫਿਰੋਜ਼ਪੁਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਖੇਤ ਬਚਾਓ ਅਭਿਆਨ ਤਹਿਤ ਜਾਗਰੂਕਤਾ ਕੈਂਪ, ਕਿਸਾਨ ਗੋਸ਼ਟੀਆਂ, ਖੇਤੀ ਦੌਰੇ ਤੇ ਸੰਮੇਲਨ ਕਰਵਾਏ ਜਾ ਰਹੇ ਹਨ। ਡਾ. ਗੁਰਮੇਲ ਸਿੰਘ ਸੰਧੂ ਨੇ ਅਭਿਆਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਮੁਹਿੰਮ ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰਾਲੇ ਤੇ ਆਈ.ਸੀ.ਏ.ਆਰ, ਨਵੀਂ ਦਿੱਲੀ ਦੇ ਦਿਸ਼ਾ-ਨਿਰਦੇਸ਼ਾਂ ਹੇਠ 1 ਤੋਂ 30 ਜੂਨ ਤੱਕ ਪੂਰੇ ਦੇਸ਼ ਵਿੱਚ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਮੁੱਖ ਮਕਸਦ ਮਿੱਟੀ ਦੀ ਸਿਹਤ ਤੇ ਵਿਗਿਆਨਕ ਸਿਫਾਰਸ਼ਾਂ ਦੇ ਆਧਾਰ 'ਤੇ ਖਾਦਾਂ ਦੀ ਸੰਤੁਲਿਤ ਤੇ ਸੋਚ-ਵਿਚਾਰ ਕਰਕੇ ਵਰਤੋਂ ਕਰਨ ਬਾਰੇ ਕਿਸਾਨਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ। ਇਸ ਦੇ ਨਾਲ-ਨਾਲ ਮੌਸਮ ਵਿੱਚ ਆ ਰਹੀ ਤਬਦੀਲੀ ਨਾਲ ਨਜਿੱਠਣ ਲਈ ਕਿਸਾਨਾਂ ਨੂੰ ਮੌਸਮ-ਆਧਾਰਿਤ, ਖੇਤਰ-ਵਿਸ਼ੇਸ਼ ਖੇਤੀ ਸਲਾਹਾਂ ਪ੍ਰਦਾਨ ਕਰਨਾ ਤੇ ਸਰਕਾਰੀ ਯੋਜਨਾਵਾਂ ਨਾਲ ਜੋੜਨਾ ਹੈ। ਇਸੇ ਲੜੀ ਤਹਿਤ ਮਿਤੀ 3 ਜੂਨ 2026 ਨੂੰ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਜੰਡਵਾਲਾ ਤੇ ਸ਼ਹਿਜ਼ਾਦੀ ਦੇ ਕਿਸਾਨਾਂ ਨਾਲ ਖੇਤ ਬਚਾਓ ਅਭਿਆਨ ਤਹਿਤ ਕਿਸਾਨ ਗੋਸ਼ਟੀਆਂ ਕੀਤੀਆਂ ਗਈਆਂ। ਡਾ. ਭੱਲਣ ਸਿੰਘ ਸੇਖੋਂ, ਸਹਾਇਕ ਪ੍ਰੋਫੈਸਰ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਆਉਣ ਵਾਲੀ ਸਾਉਣੀ ਦੀ ਫ਼ਸਲ ਵਿੱਚ ਵਿਸ਼ੇਸ਼ ਤੌਰ 'ਤੇ ਮਿੱਟੀ ਪਰਖ ਦੇ ਆਧਾਰ 'ਤੇ ਖਾਦ ਪਾਉਣ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਜੇਕਰ ਕਣਕ ਨੂੰ ਸਿਫ਼ਾਰਸ਼ ਕੀਤੀ ਫ਼ਾਸਫ਼ੋਰਸ ਦੀ ਖਾਦ ਪਾਈ ਹੋਵੇ ਤਾਂ ਝੋਨੇ ਨੂੰ ਫ਼ਾਸਫ਼ੋਰਸ ਖਾਦ ਪਾਉਣ ਦੀ ਲੋੜ ਨਹੀਂ। ਇਸ ਤੋਂ ਇਲਾਵਾ ਉਨ੍ਹਾਂ ਕਿਸਾਨਾਂ ਨੂੰ ਵੱਧ ਤੋਂ ਵੱਧ ਰੂੜੀ ਖਾਦ ਤੇ ਜੈਵਿਕ ਖਾਦਾਂ ਅਪਨਾਉਣ 'ਤੇ ਜ਼ੋਰ ਦਿੱਤਾ। ਕਿਸਾਨ ਗੋਸ਼ਟੀਆਂ ਤੋਂ ਬਾਅਦ ਕਿਸਾਨਾਂ ਨੂੰ ਮਿੱਟੀ ਤੇ ਪਾਣੀ ਦੇ ਨਮੂਨੇ ਲੈਣ ਦੇ ਢੰਗ ਬਾਰੇ ਵਿਹਾਰਕ ਢੰਗ ਨਾਲ ਜਾਣਕਾਰੀ ਦਿੱਤੀ ਗਈ।




# ਗੋਬਿੰਦਗੜ੍ਹ ਪਬਲਿਕ ਸਕੂਲ 'ਚ ਵਿਦਿਆਰਥੀਆਂ ਨੂੰ ਅਹੁਦਿਆਂ ਦੀ ਵੰਡ ਲਈ ਸਮਾਗਮ

ਮੰਡੀ ਗੋਬਿੰਦਗੜ੍ਹ, 4 ਜੂਨ (ਰੂਪਲ ਸੂਦ): ਗੋਬਿੰਦਗੜ੍ਹ ਪਬਲਿਕ ਸਕੂਲ ਵਿੱਚ ਸੈਸ਼ਨ 2026-27 ਲਈ ਸਕੂਲ ਕੌਂਸਲ ਦੀ ਚੋਣ ਪ੍ਰਕਿਰਿਆ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੂੰ ਵੱਖ-ਵੱਖ ਅਹਿਮ ਅਹੁਦਿਆਂ ਦੀ ਜ਼ਿੰਮੇਵਾਰੀ ਦਿੱਤੀ ਗਈ ਤੇ ਉਨ੍ਹਾਂ ਨੂੰ ਇਮਾਨਦਾਰੀ, ਅਨੁਸ਼ਾਸਨ ਤੇ ਨੇਤ੍ਰਿਤਵ ਦੀ ਭਾਵਨਾ ਨਾਲ ਆਪਣੀ ਡਿਊਟੀ ਨਿਭਾਉਣ ਦਾ ਸੱਦਾ ਦਿੱਤਾ। ਇਸ ਮੌਕੇ ਪ੍ਰਾਇਮਰੀ ਵਿੰਗ ਵਿੱਚ ਹੈਡ ਬੁਆਏ ਵਜੋਂ ਤੇਜਸਵੀਰ ਸਿੰਘ ਤੇ ਹੈਡ ਗਰਲ ਵਜੋਂ ਰਹਿਮਤ ਕੌਰ, ਮਿਡਲ ਵਿੰਗ ਵਿੱਚ ਅੰਤਰਜੋਤ ਸਿੰਘ ਤੇ ਬਵਦੀਪ ਕੌਰ, ਜਦਕਿ ਸੀਨੀਅਰ ਵਿੰਗ ਵਿੱਚ ਧੈਰਿਆ ਕੌਸ਼ਿਕ ਤੇ ਵੰਸ਼ਿਕਾ ਸੋਨੀ ਨੂੰ ਹੈਡ ਬੁਆਏ ਤੇ ਹੈਡ ਗਰਲ ਵਜੋਂ ਚੁਣਿਆ ਗਿਆ। ਅਨੁਸ਼ਾਸਨ ਹੈਡ ਬੁਆਏ ਦੀ ਜ਼ਿੰਮੇਵਾਰੀ ਸੁਯਸ਼, ਨਿਵਾਨ ਮਨਰੋ, ਗੁਰਅਸੀਸ ਤੇ ਹੈਡ ਗਰਲ ਦੀ ਜ਼ਿੰਮੇਵਾਰੀ ਅਵੀਰੀਤ, ਵਿਧੀ ਜੌਲੀ ਤੇ ਨਵਿਆ ਨੂੰ ਦਿੱਤੀ ਗਈ। ਸਪੋਰਟਸ ਬੁਆਏ ਵਜੋਂ ਹਰਸਹਿਜਵੀਰ, ਜਪਨੂਰ, ਹਾਰਦਿਕ ਸ਼ਰਮਾ ਤੇ ਸਪੋਰਟਸ ਗਰਲ ਵਜੋਂ ਪ੍ਰਭਸੀਰਤ, ਪ੍ਰਭਕੀਰਤ ਤੇ ਦਸਤੂਰ ਦੀ ਚੋਣ ਹੋਈ। ਇਸ ਮੌਕੇ ਵੱਖ-ਵੱਖ ਹਾਊਸਾਂ ਲਈ ਵੀ ਕੈਪਟਨ ਚੁਣੇ ਗਏ। ਸਕੂਲ ਬਡੀ ਵਜੋਂ ਦਕਸ਼ ਗੋਇਲ, ਮਨਸੁੱਖ, ਅਨਸ ਮਲਿਕ ਤੇ ਸਕੂਲ ਬਡੀ ਗਰਲ ਵਜੋਂ ਨੈਤਿਕਾ, ਹਰਸੀਰਤ ਤੇ ਦਿਕਸ਼ਾ ਗਰਗ ਨੂੰ ਜ਼ਿੰਮੇਵਾਰੀ ਦਿੱਤੀ ਗਈ। ਕਲਿਨੀਨੈਸ ਬੁਆਏ ਵਜੋਂ ਠਾਕੁਰ ਉਦੈਵੀਰ, ਸੁਅੰਸ਼ ਭਾਰਦਵਾਜ, ਪਰਮੀਸ਼ ਸ਼ਰਮਾ ਤੇ ਕਲਿਨੀਨੈਸ ਗਰਲ ਵਜੋਂ ਟਿਆਨਾ ਗੋਇਲ, ਪਹਿਰੀਤ ਤੇ ਸਾਹਿਬਜੋਤ ਚੁਣੇ ਗਏ। ਸਹਿ-ਪਾਠਕ੍ਰਮ ਗਤੀਵਿਧੀਆਂ ਲਈ ਨਮਿਸ਼, ਹਾਰਦਿਕ ਸਿੰਗਲਾ, ਰਣਵੀਰ ਰਾਏ ਤੇ ਮੰਨਤ ਸ਼ਰਮਾ, ਹੇਜ਼ਲ ਵਰਮਾ ਤੇ ਨੰਦਿਨੀ ਨੂੰ ਜ਼ਿੰਮੇਵਾਰੀ ਦਿੱਤੀ ਗਈ। ਪ੍ਰਿੰਸੀਪਲ ਡਾ. ਨੀਰੂ ਅਰੋੜਾ ਨੇ ਚੁਣੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਕੂਲ ਕੌਂਸਲ ਵਿਦਿਆਰਥੀਆਂ ਵਿੱਚ ਲੀਡਰਸ਼ਿਪ, ਸਹਿਯੋਗ ਤੇ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਕਰਨ ਦਾ ਮਹੱਤਵਪੂਰਨ ਮੰਚ ਹੈ। ਉਨ੍ਹਾਂ ਉਮੀਦ ਜਤਾਈ ਕਿ ਸਾਰੇ ਮੈਂਬਰ ਆਪਣੀ ਡਿਊਟੀ ਨਿਭਾਉਂਦੇ ਹੋਏ ਸਕੂਲ ਦਾ ਨਾਮ ਰੌਸ਼ਨ ਕਰਨਗੇ।




# ਸੜਕਾਂ-ਗਲੀਆਂ 'ਚ ਫਸੇ ਲੋਕ

ਭੋਗਪੁਰ, 4 ਜੂਨ (ਅਮਰਜੀਤ ਸਿੰਘ ਜੰਡੀਰ): ਹਲਕਾ ਆਦਮਪੁਰ ਦੇ ਭੋਗਪੁਰ ਨਾਲ ਲੱਗਦੇ ਪਿੰਡ ਮੋਗਾ, ਮਾਧੋਪੁਰ ਤੇ ਰਾਸਤਗੋ ਪਿੰਡਾਂ ਵਿੱਚ ਪਿਛਲੇ 10 ਮਹੀਨੇ ਤੋਂ ਮੋਟਾ, ਬੱਜਰਾ ਸੜਕ 'ਤੇ ਸੁੱਟਿਆ ਹੋਇਆ ਹੈ, ਜਿਸ ਕਰਕੇ ਲੋਕਾਂ ਦੀਆਂ ਗੱਡੀਆਂ ਦੇ ਨੁਕਸਾਨ ਹੋ ਰਹੇ ਹਨ, ਟਾਇਰ ਵੱਡ ਹੋ ਰਹੇ ਹਨ, ਪਰ ਪ੍ਰਸ਼ਾਸਨ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ, ਪਿੰਡਾਂ ਦੇ ਆਗੂਆਂ ਵੱਲੋਂ ਅੱਜ ਸਖ਼ਤ ਵਿਰੋਧ ਕੀਤਾ ਗਿਆ। ਆਗੂਆਂ ਨੇ ਦੱਸਿਆ ਕਿ ਰੌਲਾ ਪਾਉਣ 'ਤੇ ਅੱਠ ਮਹੀਨੇ ਬਾਅਦ ਸੜਕਾਂ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਸੀ, ਪਰ ਘਟੀਆ ਮਟੀਰੀਅਲ ਲਗਾਉਣ ਕਰਕੇ ਸੜਕ ਦਾ ਕੰਮ ਫਿਰ ਦੁਆਰਾ ਬੰਦ ਕਰ ਦਿੱਤਾ ਗਿਆ। ਉਨ੍ਹਾਂ ਨੂੰ ਇਹ ਕਿਹਾ ਗਿਆ ਸੀ ਕਿ ਵਧੀਆ ਸਮਾਨ ਲਗਾਇਆ ਜਾਵੇਗਾ ਤੇ ਦੋ ਦਿਨ ਬਾਅਦ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਲੋਕਾਂ ਨੇ ਕਿਹਾ ਕਿ ਕੁੱਝ ਉਹ ਸਿਆਸੀ ਲੋਕਾਂ ਵੱਲੋਂ ਡਰਾਮਾ ਕੀਤਾ ਗਿਆ ਹੈ, ਜਾਣਬੁੱਝ ਕੇ ਕੰਮ ਸ਼ੁਰੂ ਕੀਤਾ ਗਿਆ ਤੇ ਨਾਲ ਹੀ ਬੰਦ ਵੀ ਕਰ ਦਿੱਤਾ ਗਿਆ ਤੇ ਅੱਜ ਇੱਕ ਮਹੀਨੇ ਬਾਅਦ ਵੀ ਦੁਬਾਰਾ ਕੰਮ ਸ਼ੁਰੂ ਨਹੀਂ ਕੀਤਾ ਗਿਆ, ਇਸ ਦੇ ਸਬੰਧ ਵਿੱਚ ਪੀਡਬਲਿਊਡੀ ਐਸਡੀਓ ਨੀਰਜ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਠੇਕੇਦਾਰਾਂ ਨੂੰ ਬੋਲ ਦਿੱਤਾ ਗਿਆ ਹੈ ਤੇ ਸੜਕ ਦਾ ਕੰਮ ਜਲਦ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਮੌਕੇ 'ਤੇ ਆਗੂਆਂ ਨੇ ਕਿਹਾ ਕਿ ਪੰਜਾਬ ਦੇ ਸਾਰੇ ਪਾਸੇ ਇਹੀ ਹਾਲਾਤ ਦੇਖਣ ਨੂੰ ਮਿਲ ਰਹੇ ਹਨ। ਲੋਕ ਸੜਕਾਂ ਗਲੀਆਂ ਵਿੱਚ ਹੀ ਫਸੇ ਹੋਏ ਹਨ। ਪੰਜਾਬ ਵਿੱਚ ਹੋਰ ਕਿਹੜੀਆਂ ਤਰੱਕੀਆਂ ਦੀ ਆਸ ਰੱਖ ਸਕਾਂਗੇ।



# ਬਠਿੰਡਾ ਦੇ ਕੈਮਿਸਟਾਂ ਵੱਲੋਂ ਕੇਂਦਰੀ ਸਿਹਤ ਮੰਤਰੀ ਜੇ.ਪੀ. ਨੱਡਾ ਨਾਲ ਮੁਲਾਕਾਤ

## ਆਨਲਾਈਨ ਦਵਾਈਆਂ 'ਤੇ ਰੋਕ ਲਗਾਉਣ ਦੀ ਮੰਗ



ਬਠਿੰਡਾ, 4 ਜੂਨ (ਦੀਪਕ ਸ਼ਰਮਾ) :ਦ ਬਠਿੰਡਾ ਡਿਸਟ੍ਰਿਕਟ ਕੇਮਿਸਟ ਐਸੋਸੀਏਸ਼ਨ ਦੇ ਇੱਕ ਉੱਚ ਪੱਧਰੀ ਵਫ਼ਦ ਨੇ ਜ਼ਿਲ੍ਹਾ ਪ੍ਰਧਾਨ ਅਸ਼ੋਕ ਬਾਲਿਆਂਵਾਲੀ ਦੀ ਅਗਵਾਈ ਹੇਠ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਜੇਪੀ ਨੱਡਾ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਅਤੇ ਦਵਾਈ ਕਾਰੋਬਾਰ ਨਾਲ ਜੁੜੇ ਕਈ ਗੰਭੀਰ ਮੁੱਦਿਆਂ 'ਤੇ ਚਰਚਾ ਕੀਤੀ। ਇਸ ਅਹਿਮ ਮੀਟਿੰਗ ਦੌਰਾਨ ਹੋਲਸੇਲ ਕੇਮਿਸਟ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਦਰਸ਼ਨ ਜੌੜਾ ਵੀ ਉਚੇਚੇ ਤੌਰ 'ਤੇ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਕੇਂਦਰੀ ਸਿਹਤ ਮੰਤਰੀ ਪਿਛਲੇ ਦਿਨੀਂ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਬਠਿੰਡਾ ਦੇ ਦੌਰੇ ਤੇ ਆਏ ਹੋਏ ਸਨ। ਅਸ਼ੋਕ ਬਾਲਿਆਂਵਾਲੀ ਨੇ ਦੱਸਿਆ ਕਿ ਦੇਸ਼ ਦੀ ਸਭ ਤੋਂ ਉੱਚੀ ਕੇਮਿਸਟ ਸੰਸਥਾ ਆਲ ਇੰਡੀਆ ਆਰਗੇਨਾਈਜ਼ੇਸ਼ਨ ਆਫ਼ ਕੇਮਿਸਟਸ ਐਂਡ ਡਰੱਗਿਸਟਸ ਵੱਲੋਂ ਵੀ ਰਾਸ਼ਟਰੀ ਪ੍ਰਧਾਨ ਜੇ.ਐਸ. ਸ਼ਿੰਦੇ ਦੀ ਅਗਵਾਈ ਵਿੱਚ ਕੇਂਦਰੀ ਸਿਹਤ ਮੰਤਰੀ ਦੇ ਸਾਹਮਣੇ ਦੇਸ਼ ਭਰ ਦੇ ਕੈਮਿਸਟਾਂ ਦੀਆਂ ਹੱਕੀ ਮੰਗਾਂ ਰੱਖੀਆਂ ਗਈਆਂ ਸਨ। ਇਸੇ ਲੜੀ ਤਹਿਤ ਬਠਿੰਡਾ ਦੇ ਕੇਮਿਸਟਾਂ ਨੇ ਵੀ ਆਪਣੇ ਸਥਾਨਕ ਖੇਤਰ ਦੀਆਂ ਮੁਸ਼ਕਿਲਾਂ ਅਤੇ ਸੁਝਾਵਾਂ ਤੋਂ ਮੰਤਰੀ ਨੂੰ ਜਾਣੂੰ ਕਰਵਾਇਆ ਹੈ।ਕੇਮਿਸਟਾਂ ਦੇ ਇਸ ਵਫ਼ਦ ਨੇ ਆਨਲਾਈਨ ਦਵਾਈ ਕਾਰੋਬਾਰ ਤੇ ਪ੍ਰਭਾਵਸ਼ਾਲੀ ਕੰਟਰੋਲ ਕਰਨ ਅਤੇ ਇਸ ਸਬੰਧੀ ਬੇਹੱਦ ਸਖ਼ਤ ਨਿਯਮ ਲਾਗੂ ਕਰਨ ਦੀ ਜ਼ੋਰਦਾਰ ਮੰਗ ਕੀਤੀ। ਦਵਾਈ ਵਿਕਰੇਤਾਵਾਂ ਦਾ ਕਹਿਣਾ ਸੀ ਕਿ ਬਿਨਾਂ ਕਿਸੇ ਕਾਨੂੰਨੀ ਨਿਯਮ ਦੇ ਚੱਲ ਰਹੀ ਆਨਲਾਈਨ ਦਵਾਈਆਂ ਦੀ ਵਿਕਰੀ ਕਾਰਨ ਰਵਾਇਤੀ ਦਵਾਈ ਵਿਕਰੇਤਾਵਾਂ ਦਾ ਰੁਜ਼ਗਾਰ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਇਸ ਦੇ ਨਾਲ ਹੀ ਬਿਨਾਂ ਕਿਸੇ ਪੁਖ਼ਤਾ ਨਿਗਰਾਨੀ ਦੇ ਅੰਨ੍ਹੇਵਾਹ ਦਵਾਈਆਂ ਵੇਚਣ ਨਾਲ ਮਰੀਜ਼ਾਂ ਦੀ ਜਾਨ ਅਤੇ ਸੁਰੱਖਿਆ ਨੂੰ ਵੀ ਵੱਡਾ ਖ਼ਤਰਾ ਪੈਦਾ ਹੋ ਸਕਦਾ ਹੈ। ਅਸ਼ੋਕ ਬਾਲਿਆਂਵਾਲੀ ਨੇ ਵਕਾਲਤ ਕਰਦਿਆਂ ਆਖਿਆ ਕਿ ਦਵਾਈਆਂ ਕੋਈ ਆਮ ਵਰਤੋਂ ਦੀਆਂ ਵਸਤੂਆਂ ਨਹੀਂ ਹਨ, ਬਲਕਿ ਇਹ ਸਿੱਧੇ ਤੌਰ ਤੇ ਮਨੁੱਖੀ ਸਿਹਤ ਅਤੇ ਜ਼ਿੰਦਗੀ ਨਾਲ ਜੁੜੀਆਂ ਹੋਈਆਂ ਹਨ। ਇਸ ਲਈ ਇਨ੍ਹਾਂ ਦੀ ਵੰਡ ਅਤੇ ਵਿਕਰੀ ਤੇ ਸਰਕਾਰ ਦੀ ਤਿੱਖੀ ਨਜ਼ਰ ਹੋਣੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਮੰਗ ਕੀਤੀ ਕਿ ਆਨਲਾਈਨ ਦਵਾਈ ਕਾਰੋਬਾਰ ਲਈ ਇੱਕ ਸਪੱਸ਼ਟ ਅਤੇ ਸਖ਼ਤ ਕਾਨੂੰਨੀ ਢਾਂਚਾ ਤਿਆਰ ਕੀਤਾ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੀ ਗੈਰ-ਕਾਨੂੰਨੀ ਦਵਾਈ ਵਿਕਰੀ ਤੇ ਤੁਰੰਤ ਵੱਡੀ ਕਾਰਵਾਈ ਯਕੀਨੀ ਬਣਾਈ ਜਾਵੇ। ਐਸੋਸੀਏਸ਼ਨ ਦੇ ਅਹੁਦੇਦਾਰਾਂ ਮੁਤਾਬਕ ਕੇਂਦਰੀ ਮੰਤਰੀ ਨੇ ਕੇਮਿਸਟਾਂ ਦੀਆਂ ਮੰਗਾਂ ਅਤੇ ਸੁਝਾਵਾਂ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਸਬੰਧਤ ਵਿਸ਼ਿਆਂ ਤੇ ਉੱਚ ਪੱਧਰ ਤੇ ਵਿਚਾਰ ਕਰਨ ਦਾ ਪੂਰਾ ਭਰੋਸਾ ਦਿੱਤਾ। ਇਸ ਮੌਕੇ ਜਥੇਬੰਦੀ ਦੇ ਹੋਰ ਵੀ ਕਈ ਪ੍ਰਮੁੱਖ ਅਹੁਦੇਦਾਰ ਅਤੇ ਮੈਂਬਰ ਮੌਜੂਦ ਸਨ।

# ਅਰਵਿੰਦ ਖੰਨਾ ਦੀ ਅਗਵਾਈ 'ਚ ਸ਼੍ਰੋਮਣੀ ਅਕਾਲੀ ਦਲ ਦੀ ਅਹਿਮ ਮੀਟਿੰਗ



ਭਵਾਨੀਗੜ੍ਹ, 4 ਜੂਨ (ਅਮਨਦੀਪ ਸਿੰਘ ਮਾਝਾ ) :ਭਵਾਨੀਗੜ੍ਹ ਵਿਖੇ ਸ਼੍ਰੋਮਣੀ ਅਕਾਲੀ ਦਲ ਦੀ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਾਰਟੀ ਦੇ ਵੱਡੀ ਗਿਣਤੀ ਵਿੱਚ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹਾਲ ਹੀ ਵਿੱਚ ਹੋਈਆਂ ਨਗਰ ਕੌਂਸਲ ਚੋਣਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਸ੍ਰੀ ਅਰਵਿੰਦ ਖੰਨਾ ਨੇ ਪਾਰਟੀ ਵਰਕਰਾਂ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਕਿਹਾ ਕਿ ਚੋਣ ਨਤੀਜੇ ਜੋ ਵੀ ਰਹੇ ਹੋਣ ਪ੍ਰੰਤੂ ਵਰਕਰਾਂ ਦੀ ਮਿਹਨਤ ਅਤੇ ਜਜ਼ਬਾ ਕਾਬਿਲ ਏ ਤਾਰੀਫ਼ ਹੈ। ਉਨ੍ਹਾਂ ਵਰਕਰਾਂ ਨੂੰ ਭਵਿੱਖ ਵਿੱਚ ਵੀ ਲੋਕਾਂ ਦੀ ਸੇਵਾ ਅਤੇ ਪਾਰਟੀ ਦੀ ਮਜ਼ਬੂਤੀ ਲਈ ਇਸੇ ਤਰ੍ਹਾਂ ਇਕਜੁੱਟ ਹੋ ਕੇ ਕੰਮ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਵਰਕਰਾਂ ਨੂੰ ਹਮੇਸ਼ਾਂ ਹੀ ਆਪਣਾ ਜੋਸ਼ ਬਣਾਈ ਰੱਖਣਾ ਹੈ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਪਾਰਟੀ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਮੀਟਿੰਗ ਵਿੱਚ ਪਾਰਟੀ ਦੀਆਂ ਭਵਿੱਖੀ ਗਤੀਵਿਧੀਆਂ ਅਤੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਸਬੰਧੀ ਵਿਚਾਰ-ਚਰਚਾ ਕੀਤੀ। ਸ੍ਰੀ ਅਰਵਿੰਦ ਖੰਨਾ ਨੇ ਕਿਹਾ ਕਿ ਵਰਕਰ ਕਿਸੇ ਵੀ ਪਾਰਟੀ ਦੀ ਰੀੜ ਦੀ ਹੱਡੀ ਹੁੰਦੇ ਹਨ ਅਤੇ ਵਰਕਰਾਂ ਦੇ ਸਹਿਯੋਗ ਸਦਕਾ ਹੀ ਪਾਰਟੀ ਮਜ਼ਬੂਤ ਹੁੰਦੀ ਹੈ। ਇਸ ਲਈ ਹਰ ਇੱਕ ਵਰਕਰ ਨੂੰ ਆਪਣੀ ਪੂਰੀ ਤਨਦੇਹੀ ਅਤੇ ਮਿਹਨਤ ਨਾਲ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਾ ਚਾਹੀਦਾ ਹੈ। ਵਰਕਰਾਂ ਨੇ ਪਾਰਟੀ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦੇ ਹੋਏ ਆਉਣ ਵਾਲੇ ਸਮੇਂ ਵਿੱਚ ਹੋਰ ਮਿਹਨਤ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਅਤੇ ਆਗੂ ਮੌਜੂਦ ਸਨ।

# ਆਕਸਫੋਰਡ ਸਕੂਲ ਵਿਖੇ 10 ਰੋਜ਼ਾ ਸਾਲਾਨਾ ਸਿਖਲਾਈ ਕੈਂਪ ਹੋਇਆ ਆਰੰਭ



ਭਗਤਾ ਭਾਈ ਕਾ, 4 ਜੂਨ (ਸਵਰਨ ਸਿੰਘ ਭਗਤਾ) : ਸਥਾਨਕ ਸ਼ਹਿਰ ਦੇ ਬਾਜਾਖਾਨਾ ਰੋਡ 'ਤੇ ਸਥਿਤ ਦ ਆਕਸਫੋਰਡ ਸਕੂਲ ਆਫ ਐਜੂਕੇਸ਼ਨ ਇਲਾਕੇ ਦੀ ਇੱਕ ਅਜਿਹੀ ਸੰਸਥਾ ਹੈ ਜੋ ਵਿਦਿਅਕ ਪੱਖ ਦੇ ਨਾਲ ਨਾਲ ਬੱਚਿਆਂ ਦੇ ਬੌਧਿਕ ਵਿਕਾਸ ਅਤੇ ਹੋਰ ਗਤੀਵਿਧੀਆਂ ਨੂੰ ਪ੍ਰਮੁੱਖ ਰੱਖਦੇ ਹੋਏ ਸਮੇਂ ਸਮੇਂ ਉੱਤੇ ਅਜਿਹੇ ਉਪਰਾਲੇ ਕਰਦੀ ਹੈ ਜੋ ਵਿਦਿਆਰਥੀਆਂ ਦੇ ਵਰਤਮਾਨ ਅਤੇ ਭਵਿੱਖ ਨੂੰ ਉਜਵਲ ਬਣਾਉਣ ਵਿੱਚ ਸਹਾਈ ਸਿਧ ਹੁੰਦੇ ਹਨ ।ਇਹ ਅਜਿਹੀ ਸੰਸਥਾ ਹੈ, ਜਿਸ ਦੇ ਵਿਦਿਆਰਥੀ ਐਨ ਸੀ ਸੀ ਕੈਡਿਟ ਬਣ ਚੁੱਕੇ ਹਨ। ਬੀਤੇ ਦਿਨੀਂ ਇਸ ਸੰਸਥਾ ਵਿੱਚ ਐਨਸੀਸੀ ਦੇ ਨੇਵੀ ਵਿੰਗ ਦੇ ਸਲਾਨਾ ਟ੍ਰੇਨਿੰਗ ਕੈਂਪ ਦੀ ਸ਼ੁਰੂਆਤ ਕੀਤੀ ਗਈ।2 ਜੂਨ ਤੋਂ 11 ਜੂਨ ਤੱਕ ਲੱਗਣ ਵਾਲੇ ਇਸ ਟ੍ਰੇਨਿੰਗ ਕੈਂਪ ਦੇ ਮੁੱਖ ਮਹਿਮਾਨ ਕੈਪਟਨ ਇਸ਼ਰਾਜ ਸਿੰਘ (ਕਮਾਂਡਰ ਅਫਸਰ) 3 ਪੰਜਾਬ ਨੇਵਲ ਯੂਨਿਟ ਦਾ ਸਕੂਲ ਦੇ ਪ੍ਰਿੰਸੀਪਲ ਰੂਪ ਲਾਲ ਬਾਂਸਲ , ਏ .ਐਨ. ਓ ਤਜਿੰਦਰ ਸਿੰਘ, ਸੀ. ਟੀ .ਓ . ਜਗਜੀਤ ਸਿੰਘ, ਅਵਤਾਰ ਸਿੰਘ , ਮੈਡਮ ਹਰਵੀਰ ਕੌਰ ,ਡੀ.ਪੀ .ਈ .ਪ੍ਰਦਮਨ ਸਿੰਘ, ਸੁਖਵਿੰਦਰ ਸਿੰਘ ,ਗੁਰਜਿੰਦਰ ਸਿੰਘ, ਮੈਡਮ ਮਨਪ੍ਰੀਤ ਕੌਰ ਅਤੇ ਮੈਡਮ ਪੂਨਮ ਵੱਲੋਂ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ। ਇਸ ਕੈਂਪ ਵਿੱਚ 23 ਸਕੂਲਾਂ ਦੇ ਕੁੱਲ 564 ਕੈਡਿਟ ਭਾਗ ਲੈ ਰਹੇ ਹਨ ਜਿਨਾਂ ਦੇ ਵਿੱਚ 221 ਜੂਨੀਅਰ ਵਿੰਗ (ਲੜਕੀਆਂ) ਅਤੇ 343 ਜੂਨੀਅਰ ਡਿਵੀਜ਼ਨ (ਲੜਕੇ) ਦੇ ਕੈਡਿਟ ਸ਼ਾਮਿਲ ਹਨ। ਨੇਵੀ ਦੇ ਸਟਾਫ ਮੈਂਬਰ ਪੀ .ਆਈ. ਵੱਲੋਂ ਇੱਕ ਦਿਨ ਪਹਿਲਾਂ ਆ ਕੇ ਸਕੂਲ ਦੇ ਪ੍ਰਬੰਧਾਂ ਦਾ ਨਿਰੀਖਣ ਕੀਤਾ ਗਿਆ। ਵੱਖ-ਵੱਖ ਸਕੂਲਾਂ ਦੇ ਕੈਡਿਟਾਂ ਦੇ ਸਕੂਲ ਵਿੱਚ ਪਹੁੰਚਣ ਤੇ ਸਕੂਲ ਦੇ ਸਟਾਫ ਮੈਂਬਰਾਂ ਵੱਲੋਂ ਬਾਇਓਮੈਟਰਿਕ ਕਰਵਾ ਕੇ ਸਕੂਲ ਵਿੱਚ ਐਂਟਰੀ ਕਰਵਾਈ ਗਈ।ਇਸ ਮੌਕੇ ਦੇ ਮੁੱਖ ਮਹਿਮਾਨ ਕੈਪਟਨ ਇਸ਼ਰਾਜ ਸਿੰਘ ਨੇ ਸਾਰੇ ਕੈਡਿਟਾਂ ਨੂੰ ਸੰਬੋਧਨ ਕਰਦੇ ਹੋਏ ਐਨ.ਸੀ.ਸੀ ਦੇ ਉਦੇਸ਼ਾਂ, ਅਨੁਸ਼ਾਸਨ ,ਲੀਡਰਸ਼ਿਪ, ਦੇਸ਼ ਦੀ ਸੇਵਾ ਅਤੇ ਇੱਕ ਚੰਗੇ ਨਾਗਰਿਕ ਬਣਨ ਦੀ ਜਾਣਕਾਰੀ ਦਿੱਤੀ। ਉਹਨਾਂ ਨੇ ਕੈਡਿਟਾਂ ਨੂੰ ਇਸ ਸਿਖਲਾਈ ਦਾ ਪੂਰਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਤਾਂ ਕਿ ਉਹ ਇਥੋਂ ਅਨੁਸ਼ਾਸਿਤ ਰੂਪ ਵਿੱਚ ਅੱਗੇ ਵਧਣ ਅਤੇ ਕਿਸੇ ਵੀ ਰੂਪ ਵਿੱਚ ਦੇਸ਼ ਦੀ ਸੇਵਾ ਕਰ ਸਕਣ। ਉਨ੍ਹਾਂ ਨੇ ਕੈਡਿਟਾਂ ਨੂੰ ਸੰਬੋਧਨ ਹੁੰਦੇ ਕਿਹਾ ਕਿ ਇਹਨਾਂ ਕੈਂਪਾਂ ਦਾ ਉਦੇਸ਼ ਇੱਕ - ਜੁੱਟ ਹੋ ਕੇ ਰਹਿਣ ਦੀ ਜਾਂਚ ਸਿੱਖਣਾ, ਅਨੁਸ਼ਾਸਨ ਸਿੱਖਣਾ, ਵੱਖ -ਵੱਖ ਪ੍ਰਸਥਿਤੀਆਂ ਵਿੱਚ ਇਕੱਠੇ ਰਹਿਣ ਦੀ ਜਾਚ ਸਿਖਾਉਣਾ ਵੀ ਹੁੰਦਾ ਹੈ ਅਤੇ ਇੱਕ ਚੰਗਾ ਕੈਡਿਟ ਹੀ ਇੱਕ ਵਧੀਆ ਨਾਗਰਿਕ ਬਣ ਸਕਦਾ ਹੈ, ਜੋ ਆਪਣੇ ਦੇਸ਼ ਦੇ ਭਲੇ ਲਈ ਸੋਚ ਸਕਦਾ ਹੈ।ਇਸ ਸਮੇਂ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ'' (ਵਾਈਸ ਚੇਅਰਮੈਨ), ਰਾਜਵਿੰਦਰ ਸਿੰਘ ਸੋਢੀ (ਜਨਰਲ ਸਕੱਤਰ), ਗੁਰਮੀਤ ਸਿੰਘ ਗਿੱਲ (ਸਰਪੰਚ) ਵੀ ਮੌਜੂਦ ਸਨ।

# ਮਾਈਸਰਖਾਨਾ ਦੇ ਮੰਦਿਰ ਸਮੇਤ ਪੰਜਾਬ ਦੇ ਕਈ ਧਾਰਮਿਕ ਅਸਥਾਨਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਪਿੱਛੋਂ ਸੁਰੱਖਿਆ ਏਜੰਸੀਆਂ ਹਾਈ ਅਲਰਟ 'ਤੇ



ਬਠਿੰਡਾ, 4 ਜੂਨ (ਦੀਪਕ ਸ਼ਰਮਾ) : ਪੰਜਾਬ ਦੇ ਕਈ ਇਤਿਹਾਸਕ ਅਤੇ ਧਾਰਮਿਕ ਅਸਥਾਨਾਂ ਨੂੰ ਬੰਬ ਨਾਲ ਉਡਾਉਣ ਦੀ ਖ਼ੌਫ਼ਨਾਕ ਧਮਕੀ ਮਿਲਣ ਤੋਂ ਬਾਅਦ ਸੂਬੇ ਭਰ ਦੀਆਂ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਚੌਕਸ ਹੋ ਗਈਆਂ ਹਨ। ਵੀਰਵਾਰ ਨੂੰ ਇੱਕ ਈ-ਮੇਲ ਰਾਹੀਂ ਭੇਜੀ ਗਈ ਇਸ ਸ਼ਰਾਰਤਪੂਰਨ ਧਮਕੀ ਵਿੱਚ ਬਠਿੰਡਾ ਜ਼ਿਲ੍ਹੇ ਦੇ ਮੌੜ ਮੰਡੀ ਵਿੱਚ ਸਥਿਤ ਪ੍ਰਸਿੱਧ ਮਾਤਾ ਮਾਈਸਰਖਾਨਾ ਮੰਦਿਰ ਦਾ ਨਾਮ ਵੀ ਖਾਸ ਤੌਰ 'ਤੇ ਸ਼ਾਮਲ ਕੀਤਾ ਗਿਆ ਹੈ। ਜਿਵੇਂ ਹੀ ਇਹ ਸੂਚਨਾ ਉੱਚ ਅਧਿਕਾਰੀਆਂ ਤੱਕ ਪਹੁੰਚੀ, ਤਾਂ ਪੁਲਿਸ ਅਤੇ ਖੁਫ਼ੀਆ ਤੰਤਰ ਨੇ ਤੁਰੰਤ ਹਰਕਤ ਵਿੱਚ ਆਉਂਦਿਆਂ ਮੰਦਿਰ ਦੀ ਸੁਰੱਖਿਆ ਘੇਰਾਬੰਦੀ ਮਜ਼ਬੂਤ ਕਰ ਦਿੱਤੀ ਅਤੇ ਇਸ ਗੰਭੀਰ ਮਾਮਲੇ ਦੀ ਬਾਰੀਕੀ ਨਾਲ ਪੜਤਾਲ ਸ਼ੁਰੂ ਕਰ ਦਿੱਤੀ ਹੈ।ਪੁਲਿਸ ਸੂਤਰਾਂ ਤੋਂ ਮਿਲੀ ਪੁਖ਼ਤਾ ਜਾਣਕਾਰੀ ਮੁਤਾਬਕ ਧਮਕੀ ਭਰੀ ਇਸ ਈ-ਮੇਲ ਵਿੱਚ 6 ਜੂਨ 1984 ਦੇ ਘਟਨਾਕ੍ਰਮ ਦਾ ਹਵਾਲਾ ਦਿੱਤਾ ਗਿਆ ਹੈ ਅਤੇ ਮੇਲ ਦੇ ਅੰਦਰ ਵਾਰ-ਵਾਰ ਬਦਲਾ, ਬਦਲਾ, ਬਦਲਾ ਸ਼ਬਦ ਲਿਖੇ ਗਏ ਹਨ। ਇਸ ਤੋਂ ਇਲਾਵਾ ਮੇਲ ਵਿੱਚ ਵੱਖ-ਵੱਖ ਥਾਵਾਂ ਤੇ ਧਮਾਕੇ ਕਰਨ ਅਤੇ ਆਈ.ਈ.ਡੀ. ਭਾਵ ਵਿਸਫੋਟਕ ਸਮੱਗਰੀ ਲਗਾਉਣ ਦੀ ਗੱਲ ਵੀ ਆਖੀ ਗਈ ਹੈ। ਹਾਲਾਂਕਿ ਹੁਣ ਤੱਕ ਦੀ ਮੁੱਢਲੀ ਜਾਂਚ ਅਤੇ ਛਾਪੇਮਾਰੀ ਦੌਰਾਨ ਮੌਕੇ ਤੋਂ ਕੋਈ ਵੀ ਸ਼ੱਕੀ ਚੀਜ਼ ਬਰਾਮਦ ਨਹੀਂ ਹੋਈ, ਪਰ ਇਸਦੇ ਬਾਵਜੂਦ ਸੁਰੱਖਿਆ ਏਜੰਸੀਆਂ ਕਿਸੇ ਵੀ ਤਰ੍ਹਾਂ ਦੇ ਖ਼ਤਰੇ ਨੂੰ ਹਲਕੇ ਵਿੱਚ ਨਹੀਂ ਲੈ ਰਹੀਆਂ।ਇਸ ਸਨਸਨੀਖੇਜ਼ ਧਮਕੀ ਤੋਂ ਬਾਅਦ ਮਾਤਾ ਮਾਈਸਰਖਾਨਾ ਮੰਦਿਰ ਦੇ ਆਲੇ-ਦੁਆਲੇ ਸੁਰੱਖਿਆ ਪ੍ਰਬੰਧ ਬੇਹੱਦ ਕਰੜੇ ਕਰ ਦਿੱਤੇ ਗਏ ਹਨ। ਮੰਦਿਰ ਦੇ ਮੁੱਖ ਲਾਂਘੇ ਤੇ ਮੈਟਲ ਡਿਟੈਕਟਰ ਲਗਾ ਕੇ ਆਉਣ-ਜਾਣ ਵਾਲੇ ਸ਼ਰਧਾਲੂਆਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਜਾ ਰਹੀ ਹੈ। ਮੰਦਿਰ ਕੰਪਲੈਕਸ ਅਤੇ ਇਸਦੇ ਆਲੇ-ਦੁਆਲੇ ਦੇ ਪੂਰੇ ਇਲਾਕੇ ਵਿੱਚ ਵਾਧੂ ਪੁਲਿਸ ਨਫ਼ਰੀ ਤਾਇਨਾਤ ਕਰ ਦਿੱਤੀ ਗਈ ਹੈ। ਉੱਚ ਪੁਲਿਸ ਅਧਿਕਾਰੀਆਂ ਨੇ ਖੁਦ ਮੌਕੇ 'ਤੇ ਪਹੁੰਚ ਕੇ ਸੁਰੱਖਿਆ ਪ੍ਰਬੰਧਾਂ ਦਾ ਮੁਆਇਨਾ ਕੀਤਾ ਅਤੇ ਮੁਲਾਜ਼ਮਾਂ ਨੂੰ ਦਿਨ-ਰਾਤ ਤਿੱਖੀ ਨਜ਼ਰ ਰੱਖਣ ਦੇ ਹੁਕਮ ਜਾਰੀ ਕੀਤੇ ਹਨ।ਇਸੇ ਕੜੀ ਤਹਿਤ ਡੀਐਸਪੀ ਦਿਹਾਤੀ ਹਰਿੰਦਰ ਸਿੰਘ ਸਰਾਂ ਦੀ ਅਗਵਾਈ ਵਿੱਚ ਵੀਰਵਾਰ ਨੂੰ ਥਾਣਾ ਕੋਟਫੱਤਾ ਅਤੇ ਥਾਣਾ ਮੌੜ ਦੀਆਂ ਪੁਲਿਸ ਟੁਕੜੀਆਂ ਨੇ ਡੌਗ ਸੁਕਾਇਡ ਅਤੇ ਬੰਬ ਨਿਰੋਧਕ ਦਸਤੇ ਨੂੰ ਨਾਲ ਲੈ ਕੇ ਮੰਦਿਰ ਕੰਪਲੈਕਸ ਦੇ ਅੰਦਰ ਅਤੇ ਬਾਹਰ ਵੱਡਾ ਸਰਚ ਅਭਿਆਨ ਚਲਾਇਆ। ਜਾਂਚ ਟੀਮਾਂ ਨੇ ਮੰਦਿਰ ਦੀ ਹਰ ਨੁੱਕਰ ਨੂੰ ਫਰੋਲਿਆ ਅਤੇ ਆਸ-ਪਾਸ ਹੋਣ ਵਾਲੀ ਹਰ ਗਤੀਵਿਧੀ 'ਤੇ ਸਖ਼ਤ ਨਜ਼ਰ ਰੱਖੀ।ਦੂਜੇ ਪਾਸੇ, ਰਾਜ ਦੀਆਂ ਸੁਰੱਖਿਆ ਅਤੇ ਸਾਈਬਰ ਏਜੰਸੀਆਂ ਇਸ ਈ-ਮੇਲ ਨੂੰ ਭੇਜਣ ਵਾਲੇ ਵਿਅਕਤੀ ਜਾਂ ਸੰਗਠਨ ਦੀ ਪਛਾਣ ਕਰਨ ਵਿੱਚ ਜੁਟ ਗਈਆਂ ਹਨ। ਇਹ ਮੇਲ ਕਿੱਥੋਂ ਅਤੇ ਕਿਸ ਇੰਟਰਨੈੱਟ ਨੈੱਟਵਰਕ ਰਾਹੀਂ ਭੇਜੀ ਗਈ ਹੈ, ਇਸਦਾ ਪਤਾ ਲਗਾਉਣ ਲਈ ਤਕਨੀਕੀ ਮਾਹਿਰਾਂ ਦੀ ਮਦਦ ਲਈ ਜਾ ਰਹੀ ਹੈ। ਇਸ ਦੌਰਾਨ ਪ੍ਰਸ਼ਾਸਨ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਕਿਸੇ ਵੀ ਤਰ੍ਹਾਂ ਦੀਆਂ ਅਫ਼ਵਾਹਾਂ ਤੇ ਯਕੀਨ ਨਾ ਕਰਨੁਸ਼ ਅਤੇ ਜੇਕਰ ਕੋਈ ਸ਼ੱਕੀ ਵਿਅਕਤੀ ਜਾਂ ਵਸਤੂ ਦਿਖਾਈ ਦੇਵੇ, ਤਾਂ ਤੁਰੰਤ ਇਸਦੀ ਸੂਚਨਾ ਸਥਾਨਕ ਪੁਲਿਸ ਨੂੰ ਦੇਣ।ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਬਠਿੰਡਾ ਸ਼ਹਿਰ ਵਿੱਚ ਇਹ ਕੋਈ ਪਹਿਲਾ ਮਾਮਲਾ ਨਹੀਂ ਹੈ। ਇਸ ਤੋਂ ਪਹਿਲਾਂ ਵੀ ਜ਼ਿਲ੍ਹਾ ਕਚਹਿਰੀ ਕੰਪਲੈਕਸ, ਰੇਲਵੇ ਸਟੇਸ਼ਨ ਅਤੇ ਅੱਧਾ ਦਰਜਨ ਦੇ ਕਰੀਬ ਨਿੱਜੀ ਸਕੂਲਾਂ ਨੂੰ ਇਸੇ ਤਰ੍ਹਾਂ ਈ-ਮੇਲ ਰਾਹੀਂ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲ ਚੁੱਕੀਆਂ ਹਨ। ਹਾਲਾਂਕਿ ਪੁਲਿਸ ਦੀ ਮੁਸਤੈਦੀ ਅਤੇ ਜਾਂਚ ਤੋਂ ਬਾਅਦ ਉਹ ਸਾਰੀਆਂ ਧਮਕੀਆਂ ਮਹਿਜ਼ ਅਫ਼ਵਾਹ ਅਤੇ ਝੂਠੀਆਂ ਸਾਬਤ ਹੋਈਆਂ ਸਨ।

# ਸਮਾਜ ਦਾ ਹਰ ਵਰਗ ਨਸ਼ਿਆਂ ਦੇ ਖ਼ਾਤਮੇ ਲਈ ਆਪਣਾ ਯੋਗਦਾਨ ਪਾਵੇ : ਅਮਨ ਅਰੋੜਾ



ਸੁਨਾਮ, 4 ਜੂਨ (ਮੋਹਣ ਸ਼ਰਮਾ/ਰਾਉਵਰਿੰਦਰ ਮਠਾੜੂ) : ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਮੰਤਵ ਨਾਲ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਅੱਜ ਸ਼ਹੀਦ ਊਧਮ ਸਿੰਘ ਕਾਲਜ ਦੇ ਆਡੀਟੋਰੀਅਮ ਵਿਖੇ ਵਿਧਾਨ ਸਭਾ ਹਲਕਾ ਸੁਨਾਮ ਦੇ ਪਿੰਡਾਂ ਦੇ ਸਰਪੰਚਾਂ, ਪੰਚਾਂ ਅਤੇ ਵਿਲੇਜ ਲੈਵਲ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਨਾਲ ਸਮੀਖਿਆ ਮੀਟਿੰਗ ਕੀਤੀ।ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਨਸ਼ਿਆਂ ਦੇ ਖਾਤਮੇ ਲਈ ਪਿੰਡ ਪੱਧਰ 'ਤੇ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ ਅਤੇ ਹਾਜ਼ਰੀਨ ਨੂੰ ਇਸ ਸਮਾਜਿਕ ਬੁਰਾਈ ਦੇ ਖ਼ਿਲਾਫ਼ ਡਟ ਕੇ ਲੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜਨ ਲਈ ਸਖ਼ਤ ਕਾਰਵਾਈ ਕਰ ਰਹੀ ਹੈ, ਪਰ ਇਸ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਨੂੰ ਨਸ਼ਿਆਂ ਦੀ ਮੰਗ ਖ਼ਤਮ ਕਰਨ ਲਈ ਵੀ ਆਪਣਾ ਯੋਗਦਾਨ ਪਾਉਣਾ ਹੋਵੇਗਾ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਸਖ਼ਤ ਅਤੇ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵੱਡੀ ਗਿਣਤੀ ਵਿੱਚ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹਾਂ ਵਿੱਚ ਭੇਜਿਆ ਗਿਆ ਹੈ। ਇਸ ਦੇ ਨਾਲ ਹੀ ਨਸ਼ਿਆਂ ਦੀ ਤਸਕਰੀ ਰਾਹੀਂ ਬਣਾਈਆਂ ਗਈਆਂ ਨਾਜਾਇਜ਼ ਜਾਇਦਾਦਾਂ ਖ਼ਿਲਾਫ਼ ਵੀ ਵੱਡੇ ਪੱਧਰ ਤੇ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾ ਰਿਹਾ ਅਤੇ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਲਈ ਸਰਕਾਰ ਪੂਰੀ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਨਸ਼ਾ ਕੇਵਲ ਇੱਕ ਵਿਅਕਤੀ ਨੂੰ ਹੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਪ੍ਰਭਾਵਿਤ ਕਰਦਾ ਹੈ। ਇਸ ਲਈ ਪਿੰਡਾਂ ਦੇ ਚੁਣੇ ਹੋਏ ਨੁਮਾਇੰਦੇ, ਨੌਜਵਾਨ, ਸਮਾਜ ਸੇਵੀ ਸੰਸਥਾਵਾਂ ਅਤੇ ਵਿਲੇਜ ਲੈਵਲ ਡਿਫੈਂਸ ਕਮੇਟੀਆਂ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਨਸ਼ਿਆਂ ਖ਼ਿਲਾਫ਼ ਜਨ-ਜਾਗਰੂਕਤਾ ਮੁਹਿੰਮ ਨੂੰ ਹੋਰ ਤੇਜ਼ ਕਰਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਕੇਵਲ ਸਰਕਾਰ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਮੁਹਿੰਮ ਨੂੰ ਸਫ਼ਲ ਬਣਾਇਆ ਜਾ ਸਕਦਾ ਹੈ।ਸ਼੍ਰੀ ਅਮਨ ਅਰੋੜਾ ਨੇ ਪਿੰਡਾਂ ਦੇ ਸਰਪੰਚਾਂ, ਪੰਚਾਂ ਅਤੇ ਵਿਲੇਜ ਲੈਵਲ ਡਿਫੈਂਸ ਕਮੇਟੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜਨ ਲਈ ਵਿਸ਼ੇਸ਼ ਉਪਰਾਲੇ ਕਰਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਖੇਤਰ ਵਿੱਚ ਨਸ਼ਿਆਂ ਦੀ ਵਿਕਰੀ ਜਾਂ ਤਸਕਰੀ ਸਬੰਧੀ ਕੋਈ ਜਾਣਕਾਰੀ ਮਿਲਦੀ ਹੈ ਤਾਂ ਉਸ ਨੂੰ ਤੁਰੰਤ ਪੁਲਿਸ ਅਤੇ ਪ੍ਰਸ਼ਾਸਨ ਨਾਲ ਸਾਂਝਾ ਕੀਤਾ ਜਾਵੇ ਤਾਂ ਜੋ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਸਕੇ।ਇਸ ਮੌਕੇ ਐਸ.ਡੀ.ਐਮ. ਸੁਨਾਮ ਗਗਨਦੀਪ ਸਿੰਘ, ਡੀ.ਐਸ.ਪੀ. ਹਰਵਿੰਦਰ ਸਿੰਘ, ਈ.ਓ. ਬਾਲ ਕ੍ਰਿਸ਼ਨ, ਬੀਰਬਲ ਸਿੰਘ ਚੀਮਾ ਹਲਕਾ ਕੋਆਰਡੀਨੇਟਰ, ਸ਼ਸ਼ੀ ਕੁਮਾਰ ਹਲਕਾ ਵਾਇਸ ਕੋਆਡੀਨੇਟਰ, ਮਨਪ੍ਰੀਤ ਸ਼ੇਰੋਂ ਹਲਕਾ ਵਾਈਸ ਕੋਆਰਡੀਨੇਟਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਿੰਡਾਂ ਦੇ ਪੰਚ ਸਰਪੰਚ ਅਤੇ ਵਿਲੇਜ ਲੈਵਲ ਡਿਫੈਂਸ ਕਮੇਟੀਆਂ ਦੇ ਨੁਮਾਇੰਦੇ ਅਤੇ ਨਵੇਂ ਚੁਣੇ ਕੌਂਸਲਰ ਹਾਜ਼ਰ ਸਨ। ਇਸ ਮੌਕੇ ਮੰਚ ਸੰਚਾਲਨ ਮਨੀ ਸਰਾਓ ਨੇ ਕੀਤਾ।

# ਜੇਜੀ ਕਾਲਜ ਵਿਖੇ ਨਵੇਂ ਸੈਸ਼ਨ ਦੇ ਦਾਖ਼ਲੇ ਸ਼ੁਰੂ



ਲਹਿਰਾਗਾਗਾ, 4 ਜੂਨ (ਗੁਰਦੀਪ ਸਿੰਘ) : ਬਾਬਾ ਨਾਨਕ ਐਜੂਕੇਸ਼ਨਲ ਸੋਸਾਇਟੀ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਜੇਜੀ ਅਤੇ ਮੈਡਮ ਹਰਮਨ ਜੇਜੀ ਜੀ ਵੱਲੋਂ ਚਲਾਏ ਜਾ ਰਹੇ ਜਸਮੇਰ ਸਿੰਘ ਜੇਜੀ ਕਾਲਜ ਗੁਰਨੇ ਕਲਾਂ ਵਲੋ 2026-27 ਦਾ ਪ੍ਰਾਸਪੈਕਟ ਰਲੀਜ ਕੀਤਾ ਗਿਆ।ਇਸ ਮੌਕੇ ਕਾਲਜ ਪ੍ਰਿੰਸੀਪਲ ਪ੍ਰੋ.ਅਮਨਦੀਪ ਸਿੰਘ ਨੇ ਕਿਹਾ ਕਿ ਨਵੇਂ ਸੈਸ਼ਨ 2026-27 ਦੇ ਦਾਖਲੇ ਸ਼ੁਰੂ ਹਨ। ਇਸ ਸੈਸ਼ਨ ਦੌਰਾਨ +1,+2 ਆਰਟਸ ਅਤੇ ਕਾਮਰਸ,,ਬੀ.ਏ ,ਬੀ.ਸੀ.ਏ ,ਬੀ.ਕਾਮ,ਐਮ.ਏ ਪੰਜਾਬੀ ,,ਐਮ. ਕਾਮ,,ਪੀ.ਜੀ. ਡੀ.ਸੀ.ਏ ,ਐਮ.ਐਸ.ਸੀ ਆਈ.ਟੀ,ਅਤੇ ਐਮ.ਐਸ.ਸੀ ਲੇਟਰਲ ਐਂਟਰੀ ,ਦੇ ਦਾਖਲੇ ਸ਼ੁਰੂ ਹੋ ਚੁੱਕੇ ਹਨ।ਕਾਲਜ ਦੇ ਮੁੱਖ ਸਲਾਹਕਾਰ ਪ੍ਰੋ.ਹਰਦੀਪ ਸਿੰਘ ਨੇ ਕਿਹਾ ਕਿ ਨਵੇਂ ਸੈਸ਼ਨ ਦੌਰਾਨ ਇਲਾਕੇ ਦੇ ਵਿਦਿਆਰਥੀ ਦਾਖਲਾ ਲੈਣ ਲਈ ਉਤਸਾਹ ਦਿਖਾ ਰਹੇ ਹਨ।

# ਖਾਦਾਂ ਦੀ ਸਹੀ ਵਰਤੋਂ ਸਬੰਧੀ ਕੈਂਪ ਲਗਾਇਆ

ਸ੍ਰੀ ਮੁਕਤਸਰ ਸਾਹਿਬ, 4 ਜੂਨ ( ਐਚ ਐਸ ਕਪੂਰ) : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸ੍ਰੀ ਮੁਕਤਸਰ ਸਾਹਿਬ ਵੱਲੋਂ ਖਾਦਾਂ ਦੀ ਸੰਤੁਲਿਤ ਵਰਤੋਂ ਸਬੰਧੀ ਚੱਲ ਰਹੀ ਰਾਸ਼ਟਰੀ ਮੁਹਿੰਮ ਤਹਿਤ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਤੋਂ ਪੰਚਾਇਤ ਨੁਮਾਇੰਦਿਆਂ ਅਤੇ ਅਗਾਂਹਵਧੂ ਕਿਸਾਨਾਂ ਨੇ ਭਾਗ ਲਿਆ।ਇਸ ਸਿਖਲਾਈ ਵਿੱਚ ਕਰਿਭਕੋ ਦੇ ਸੀਨੀਅਰ ਸਟੇਟ ਮੈਨੇਜਰ (ਮਾਰਕਿਟਿੰਗ), ਗੁਰਜੀਤ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਤੋਂ ਇਲਾਵਾ, ਇਸ ਸੰਮੇਲਨ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਸ੍ਰੀ ਮੁਕਤਸਰ ਸਾਹਿਬ ਅਤੇ ਕਰਿਭਕੋ ਦੇ ਅਧਿਕਾਰੀ ਵੀ ਸ਼ਾਮਿਲ ਹੋਏ। ਇਸ ਪ੍ਰੋਗਰਾਮ ਦਾ ਮੁੱਖ ਕਿਸਾਨੀ ਨਾਲ ਸਿੱਧੇ ਜਾਂ ਅਸਿੱਧੇ ਤੌਰ'ਤੇ ਜੁੜੇ ਨੁਮਾਇੰਦਿਆਂ ਨੂੰ ਮਿੱਟੀ ਦੀ ਸਿਹਤ ਸੁਧਾਰ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਸਰਵਪੱਖੀ ਖੁਰਾਕੀ ਤੱਤ ਪ੍ਰਬੰਧਨ ਪ੍ਰਤੀ ਜਾਗਰੂਕ ਕਰਨਾ ਸੀ। ਇਸ ਮੌਕੇ ਡਾ. ਕਰਮਜੀਤ ਸ਼ਰਮਾ, ਐਸੋਸੀਏਟ ਡਾਇਰੈਕਟਰ, ਪੀ.ਏ.ਯੂ.-ਕੇ.ਵੀ.ਕੇ., ਸ੍ਰੀ ਮੁਕਤਸਰ ਸਾਹਿਬ ਨੇ ਰਾਸ਼ਟਰੀ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਇਸ ਦੇ ਮੁੱਖ ਉਦੇਸ਼ਾਂ 'ਤੇ ਚਾਨਣਾ ਪਾਇਆ।ਨ੍ਹਾਂ ਕਿਹਾ ਕਿ ਮਿੱਟੀ ਦੀ ਉਪਜਾਊ ਸ਼ਕਤੀ ਅਤੇ ਵਾਤਾਵਰਣ ਦੀ ਸੰਭਾਲ ਲਈ ਕਿਸਾਨਾਂ ਵਿੱਚ ਵਿਗਿਆਨਕ ਖਾਦ ਵਰਤੋਂ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ।

# ਅਰੋੜਾ ਦੇ ਯਤਨਾਂ ਸਦਕਾ ਅਕਬਰਪੁਰ ਨੂੰ ਮਿਲੇਗਾ ਨਹਿਰੀ ਪਾਣੀ

ਭਵਾਨੀਗੜ੍ਹ/ਸੁਨਾਮ, 4 ਜੂਨ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ) : ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਅੱਜ ਹਲਕਾ ਸੁਨਾਮ ਦੇ ਪਿੰਡ ਅਕਬਰਪੁਰ ਵਿਖੇ ਘੱਗਰ ਬ੍ਰਾਂਚ ਨਹਿਰ ਵਿਚੋਂ 02.25 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਮੋਘਾ ਲਗਾਉਣ ਅਤੇ ਪਾਈਪ ਲਾਈਨ ਪਾਉਣ ਦੇ ਮਹੱਤਵਪੂਰਨ ਪ੍ਰੋਜੈਕਟ ਦਾ ਨੀਂਹ ਪੱਥਰ ਰੱਖ ਕੇ ਕੰਮ ਦੀ ਸ਼ੁਰੂਆਤ ਕਰਵਾਈ।ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਆਜ਼ਾਦੀ ਤੋਂ ਲੈ ਕੇ ਹੁਣ ਤੱਕ ਪਿੰਡ ਅਕਬਰਪੁਰ ਦੀ 789 ਏਕੜ ਖੇਤੀਯੋਗ ਜ਼ਮੀਨ ਨੂੰ ਪਹਿਲੀ ਵਾਰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ ਅਤੇ ਕਰੀਬ 250 ਪਰਿਵਾਰਾਂ ਨੂੰ ਸਿੱਧਾ ਲਾਭ ਪਹੁੰਚੇਗਾ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਿਨੇਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਪਾਣੀ ਦੇ ਸਰੋਤਾਂ ਦੀ ਸੰਭਾਲ ਅਤੇ ਕਿਸਾਨਾਂ ਨੂੰ ਲੋੜੀਂਦੀਆਂ ਸਿੰਚਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪਾਣੀਆਂ ਦੇ ਮੁੱਦੇ ਤੇ ਸਿਰਫ਼ ਰਾਜਨੀਤੀ ਕੀਤੀ ਅਤੇ ਪੰਜਾਬ ਦੇ ਹਿੱਸੇ ਦੇ ਪਾਣੀ ਦੀ ਰਾਖੀ ਕਰਨ ਵਿੱਚ ਅਸਫਲ ਰਹੀਆਂ। ਇਸ ਦੇ ਉਲਟ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਪਾਣੀ ਦੇ ਹੱਕਾਂ ਦੀ ਰਾਖੀ ਕਰਨ ਦੇ ਨਾਲ-ਨਾਲ ਨਹਿਰੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਠੋਸ ਕਦਮ ਚੁੱਕ ਰਹੀ ਹੈ।ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਬਹੁਤ ਹੈਰਾਨੀ ਦੀ ਗੱਲ ਹੈ ਕਿ ਪਿੰਡ ਅਕਬਰਪੁਰ ਘੱਗਰ ਬ੍ਰਾਂਚ ਨਹਿਰ ਦੇ ਬਿਲਕੁਲ ਨੇੜੇ ਸਥਿਤ ਹੋਣ ਦੇ ਬਾਵਜੂਦ ਵੀ ਇੱਥੋਂ ਦੇ ਕਿਸਾਨਾਂ ਨੂੰ ਨਹਿਰ ਦਾ ਪਾਣੀ ਨਹੀਂ ਮਿਲ ਰਿਹਾ ਸੀ। ਪਿੰਡ ਵਾਸੀਆਂ ਨੇ ਇਹ ਮੰਗ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਸੀ, ਜਿਸ ਤੋਂ ਬਾਅਦ ਇਸ ਪ੍ਰੋਜੈਕਟ ਨੂੰ ਮਨਜ਼ੂਰੀ ਦਿਵਾ ਕੇ ਅੱਜ ਕੰਮ ਸ਼ੁਰੂ ਕਰਵਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨਾਂ ਦੀ ਸਿੰਚਾਈ ਲਾਗਤ ਘਟੇਗੀ, ਭੂਮੀਗਤ ਪਾਣੀ ' ਨਿਰਭਰਤਾ ਘਟੇਗੀ ਅਤੇ ਖੇਤੀਬਾੜੀ ਨੂੰ ਵੱਡਾ ਹੁਲਾਰਾ ਮਿਲੇਗਾ। ਪੰਜਾਬ ਸਰਕਾਰ ਵੱਲੋਂ ਨਹਿਰੀ ਪਾਣੀ ਦੀ ਵਰਤੋਂ ਲਈ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਸੂਬੇ ਦੇ ਧਰਤੀ ਹੇਠਲੇ ਪਾਣੀ ਦੀ ਹਾਲਤ ਵਿੱਚ ਸੁਧਾਰ ਹੋਣ ਲੱਗ ਗਿਆ ਹੈ। ਕੈਬਿਨੇਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤਰਜੀਹ ਦੇ ਆਧਾਰ ਤੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕਾ ਸੁਨਾਮ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਦੌਰਾਨ ਮੀਡੀਆ ਵੱਲੋਂ ਸੇਵਾ ਕੇਂਦਰਾਂ ਦੇ ਕਰਮਚਾਰੀਆਂ ਦੀ ਹੜਤਾਲ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੂਰੀ ਪਾਰਦਰਸ਼ਤਾ ਅਤੇ ਨਿਯਮਾਂ ਅਨੁਸਾਰ ਟੈਂਡਰ ਪ੍ਰਕਿਰਿਆ ਰਾਹੀਂ ਸਬੰਧਤ ਕੰਪਨੀ ਨੂੰ ਇਹ ਕੰਮ ਸੌਂਪਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸੇਵਾ ਕੇਂਦਰਾਂ ਦੇ ਸੰਚਾਲਨ ਅਤੇ ਕਰਮਚਾਰੀਆਂ ਨਾਲ ਜੁੜੇ ਮਾਮਲਿਆਂ ਦੀ ਜ਼ਿੰਮੇਵਾਰੀ ਸਬੰਧਤ ਕੰਪਨੀ ਦੀ ਬਣਦੀ ਹੈ।ਇਸ ਮੌਕੇ ਇਲਾਕੇ ਦੇ ਪਤਵੰਤੇ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪੰਚਾਇਤੀ ਨੁਮਾਇੰਦੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਗੁਰੂ ਕਾਸ਼ੀ ਯੂਨੀਵਰਸਿਟੀ ਅਤੇ ਲਾਰਸਨ ਐਂਡ ਟੂਬਰੋ ਐਜੂਟੇਕ ਵੱਲੋਂ ਸਾਈਬਰ ਸੁਰੱਖਿਆ ਅਧਾਰਿਤ ਪ੍ਰੋਗਰਾਮ ਲਾਂਚ



ਤਲਵੰਡੀ ਸਾਬੋ, 4, ਜੂਨ(ਰਾਮ ਜਿੰਦਲ ਜਗਾ) : ਗੁਰੂ ਕਾਸ਼ੀ ਯੂਨੀਵਰਸਿਟੀ (ਜੀ.ਕੇ.ਯੂ) ਅਤੇ ਲਾਰਸਨ ਐਂਡ ਟੂਬਰੋ (ਐੱਲ.ਐਂਡ.ਟੀ.) ਐਜੂਟੇਕ ਵੱਲੋਂ ਉਦਯੋਗਾਂ ਅਤੇ ਵਿੱਦਿਅਕ ਅਦਾਰਿਆਂ ਦੇ ਆਪਸੀ ਸਹਿਯੋਗ ਨੂੰ ਮਜ਼ਬੂਤ ਕਰਨ ਲਈ ਸਾਈਬਰ ਸੁਰੱਖਿਆ ਅਧਾਰਿਤ ਬੀ.ਟੈਕ ਅਤੇ ਬੀ.ਸੀ.ਏ. ਪ੍ਰੋਗਰਾਮਾਂ ਦੀ ਰਸਮੀ ਸ਼ੁਰੂਆਤ ਕੀਤੀ ਗਈ। ਇਹ ਪ੍ਰੋਗਰਾਮ ਵਾਈਸ ਚਾਂਸਲਰ (ਜੀ.ਕੇ.ਯੂ.) ਪ੍ਰੋ. (ਡਾ.) ਬਲਰਾਜ ਸਿੰਘ, ਸੀ.ਈ.ਓ (ਐੱਲ.ਐਂਡ.ਟੀ.) ਐਜੂਟੇਕ ਐਫ. ਫੈਬੀਨ ਅਤੇ ਪਰੋ. ਵਾਈਸ ਚਾਂਸਲਰ (ਜੀ.ਕੇ.ਯੂ.) ਡਾ. ਪੀਯੂਸ਼ ਵਰਮਾ ਵੱਲੋਂ ਲਾਂਚ ਕੀਤੇ ਗਏ। ਇਸ ਮੌਕੇ ਦੋਹਾਂ ਅਦਾਰਿਆਂ ਦੇ ਉੱਚ ਅਧਿਕਾਰੀ ਅਤੇ ਪਤਵੰਤੇ ਹਾਜ਼ਰ ਸਨ। ਪ੍ਰੋਗਰਾਮਾਂ ਦੀ ਰਸਮੀ ਸ਼ੁਰੂਆਤ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਵਾਈਸ ਚਾਂਸਲਰ ( ਡਾ.) ਸਿੰਘ ਨੇ ਵਰਸਿਟੀ ਵੱਲੋਂ ਖੋਜ, ਨਵੀਨਤਾ ਅਤੇ ਹੁਨਰ ਅਧਾਰਿਤ ਸਿੱਖਿਆ ਦੇ ਖੇਤਰ ਵਿੱਚ ਕੀਤੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਹਨਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਉਦਯੋਗਾਂ ਦੀ ਭਾਈਵਾਲਤਾ ਨਾਲ ਵਰਸਿਟੀ ਨੇ ਨਵੇਂ ਕੋਰਸ ਤੇ ਪਾਠਕ੍ਰਮ ਡਿਜ਼ਾਇਨ ਕੀਤੇ ਗਏ ਹਨ। ਜੋ ਕਿ ਵਿਦਿਆਰਥੀਆਂ ਲਈ ਰੁਜ਼ਗਾਰ ਦੇ ਨਵੇਂ ਰਸਤੇ ਖੁੱਲਣਗੇ ਅਤੇ ਉਹਨਾਂ ਦੇ ਉਜਵੱਲ ਭਵਿੱਖ ਵਿੱਚ ਸਹਾਈ ਹੋਣਗੇ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਸੀ.ਈ.ਓ. ਫੈਬੀਨ ਨੇ ਸਿੱਖਿਆ ਅਤੇ ਰੁਜ਼ਗਾਰ ਦੇ ਪਾੜੇ ਨੂੰ ਭਰਨ ਲਈ ਉਦਯੋਗਾਂ ਦੀ ਲੋੜ ਅਨੁਸਾਰ ਅਕਾਦਮਿਕ ਪ੍ਰੋਗਰਾਮਾਂ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਹਨਾਂ ਕਿਹਾ ਕਿ ਅਜਿਹੀਆਂ ਪਹਿਲ-ਕਦਮੀਆਂ ਵਿਦਿਆਰਥੀਆਂ ਨੂੰ ਉਦਯੋਗਾਂ ਦੇ ਸਪੰਰਕ ਵਿੱਚ ਲਿਆਉਂਦੀਆਂ ਹਨ, ਜੋ ਉਹਨਾਂ ਲਈ ਨਵੀਆਂ ਸੰਭਾਵਨਾਵਾਂ ਪੈਦਾ ਕਰਦੀਆਂ ਹਨ। ਉਹਨਾਂ ਵਿਸ਼ੇਸ਼ ਤੌਰ ਤੇ ਸੈਮੀਕੰਡਕਟਰ, ਰੱਖਿਆ, ਰੇਲਵੇ, ਨਵਿਆਉਣਯੋਗ ਊਰਜਾ ਅਤੇ ਹੋਰ ਉਕਤ ਤਕਨਾਲੋਜੀ ਦੇ ਖੇਤਰ ਵਿੱਚ ਐੱਲ.ਐਂਡ.ਟੀ. ਦੀ ਮੁਹਾਰਤ ਅਤੇ ਮੌਜੂਦਗੀ ਤੇ ਚਾਨਣਾ ਪਾਇਆ।ਇਸ ਮੌਕੇ ਪਰੋ. ਵਾਈਸ ਚਾਂਸਲਰ ਡਾ.ਵਰਮਾ ਨੇ ਜੀ.ਕੇ.ਯੂ. ਦੀ ਸ਼ਾਨਦਾਰ ਵਿਕਾਸ ਯਾਤਰਾ ਨੂੰ ਸਾਂਝਾ ਕੀਤਾ। ਉਹਨਾਂ ਯੂ.ਜੀ.ਸੀ. ਵੱਲੋਂ ਵਰਸਿਟੀ ਨੂੰ ਮਿਲੀ ਨੈਕ ਗ੍ਰੇਡ 1++ ਮਾਨਤਾ ਦੀ ਗੱਲ ਕਰਦਿਆਂ ਦੱਸਿਆ ਕਿ ਉਦਯੋਗੀ ਭਾਈਵਾਲਾਂ ਦੇ ਸਹਿਯੋਗ ਨਾਲ ਵਰਸਿਟੀ ਵਿਖੇ ਸੈਂਟਰ ਆਫ਼ ਐਕਸੀਲੈਂਸ ਦੀ ਸਥਾਪਨਾ ਕੀਤੀ ਗਈ ਹੈ, ਜੋ ਵਿਦਿਆਰਥੀਆਂ ਨੂੰ ਅਤਿ-ਆਧੁਨਿਕ ਪ੍ਰਯੋਗਸ਼ਾਲਾਵਾਂ ਵਿੱਚ ਵਿਹਾਰਕ ਗਿਆਨ ਸਿੱਖਣ ਦਾ ਮੌਕਾ ਪ੍ਰਦਾਨ ਕਰਦਾ ਹੈ। ਸਮਾਰੋਹ ਮੌਕੇ ਐੱਲ. ਐਂਡ. ਟੀ. ਐਜੂਟੇਕ ਦੇ ਉੱਤਰ ਖੇਤਰ ਮੁੱਖੀ ਆਸ਼ੀਸ਼ ਮਿਸ਼ਰਾ ਨੇ ਦੱਸਿਆ ਕਿ ਐਜੂਟੇਕ ਅਦਾਰਾ ਜੀ.ਕੇ.ਯੂ. ਵਿਖੇ ਆਰਟੀਫ਼ਿਸ਼ੀਅਲ ਇੰਟੈਲੀਜੈਂਸ (ਏ.ਆਈ.) ਤੇ ਉੱਚ ਤਕਨੀਕੀ ਖੇਤਰਾਂ ਸੰਬੰਧੀ ਪ੍ਰਯੋਗਸ਼ਾਲਾਵਾਂ ਸਥਾਪਿਤ ਕਰੇਗਾ। ਉਹਨਾਂ ਕਿਹਾ ਕਿ ਲਾਂਚ ਕੀਤੇ ਪ੍ਰੋਗਰਾਮ ਦੋਹੇ ਵਿੱਦਿਅਕ ਅਦਾਰਿਆਂ ਲਈ ਨਵੀਨਤਾਕਾਰੀ ਅਤੇ ਉਦਯੋਗਾਂ ਅਨੁਕੂਲ ਸਿੱਖਿਆ ਦੇ ਖੇਤਰ ਵਿੱਚ ਵਿਕਾਸ ਮੁੱਖੀ ਪਹਿਲ-ਕਦਮੀਆਂ ਹਨ, ਜਿਸ ਸਦਕਾ ਉਦਯੋਗਾਂ ਨੂੰ ਉੱਤਮ ਪੇਸ਼ੇਵਰ ਅਧਿਕਾਰੀ ਮਿਲਣਗੇ।

# ਬੱਲੋ ਪੰਚਾਇਤ ਨੇ ਓਪਨ ਜਿੰਮ ਕੀਤਾ ਲੋਕ ਅਰਪਣ



ਬਠਿੰਡਾ, 4 ਜੂਨ (ਜਗਸੀਰ ਭੁੱਲਰ ) : ਜ਼ਿਲ੍ਹੇ ਦੇ ਪਿੰਡ ਬੱਲੋ ਦੀ ਨੁਹਾਰ ਬਦਲਣ ਅਤੇ ਪੇਂਡੂ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਦੇ ਮਕਸਦ ਨਾਲ, ਗ੍ਰਾਮ ਪੰਚਾਇਤ ਬੱਲੋ ਦੀ ਮਹਿਲਾ ਸਰਪੰਚ ਅਮਰਜੀਤ ਕੌਰ ਦੀ ਅਗਵਾਈ ਹੇਠ ਪਿੰਡ ਦੇ ਮੁੱਖ ਪਾਰਕ ਵਿੱਚ ਨਵੇਂ ਆਧੁਨਿਕ ਓਪਨ ਜਿੰਮ ਦੀ ਸਫਲਤਾ ਪੂਰਵਕ ਸ਼ੁਰੂਆਤ ਕੀਤੀ ਗਈ ਹੈ। ਪੰਜਾਬ ਸਰਕਾਰ ਵੱਲੋਂ ਰੰਗਲਾ ਪੰਜਾਬ ਸਕੀਮ ਤਹਿਤ ਜਾਰੀ ਕੀਤੀ ਵਿਸ਼ੇਸ਼ ਗ੍ਰਾਂਟ ਨਾਲ ਤਿਆਰ ਕੀਤੇ ਗਏ ਇਸ ਜਿੰਮ ਦਾ ਉਦਘਾਟਨ ਸਰਪੰਚ ਅਮਰਜੀਤ ਕੌਰ ਵੱਲੋਂ ਰਿਬਨ ਕੱਟ ਕੇ ਰਸਮੀ ਤੌਰ ਤੇ ਕੀਤਾ ਗਿਆ। ਸਰਪੰਚ ਅਮਰਜੀਤ ਕੌਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਵਿਧਾਇਕ ਸੁਖਵੀਰ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਸਦਕਾ ਹੀ ਅੱਜ ਪਿੰਡ ਵਿੱਚ ਸ਼ਹਿਰਾਂ ਵਰਗੀਆਂ ਆਧੁਨਿਕ ਸਹੂਲਤਾਂ ਪਹੁੰਚ ਰਹੀਆਂ ਹਨ। ਸਿਹਤਮੰਦ ਤੇ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਵੱਲ ਵੱਡਾ ਕਦਮ ਹੈ। ਉਨਾ ਕਿਹਾ ਕਿ ਪਾਰਕ ਦੇ ਕੁਦਰਤੀ ਮਾਹੌਲ ਵਿੱਚ ਫਿੱਟ ਕੀਤਾ ਗਿਆ ਇਹ ਓਪਨ ਜਿੰਮ ਖਾਸ ਕਰਕੇ ਪਿੰਡ ਦੀਆਂ ਔਰਤਾਂ ਅਤੇ ਨੌਜਵਾਨਾਂ ਲਈ ਵਰਦਾਨ ਸਾਬਤ ਹੋਵੇਗਾ, ਜਿੱਥੇ ਉਹ ਬਿਨਾਂ ਕਿਸੇ ਝਿਜਕ ਅਤੇ ਖੁੱਲ੍ਹੀ ਹਵਾ ਵਿੱਚ ਕਸਰਤ ਕਰ ਸਕਣਗੇ।ਪੰਚ ਹਾਕਮ ਸਿੰਘ ਦਾ ਕਹਿਣਾ ਹੈ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਦੀ ਊਰਜਾ ਨੂੰ ਸਹੀ ਪਾਸੇ ਲਗਾਉਣ ਲਈ ਇਹ ਜਿੰਮ ਇੱਕ ਮੀਲ ਪੱਥਰ ਸਾਬਤ ਹੋਵੇਗਾ। ਗਰਾਮ ਪੰਚਾਇਤ ਦਾ ਮੁੱਖ ਸੁਪਨਾ ਪਿੰਡ ਦੇ ਹਰ ਨਾਗਰਿਕ ਨੂੰ ਸਰੀਰਕ ਅਤੇ ਮਾਨਸਿਕ ਤੌਰ ਤੇ ਤੰਦਰੁਸਤ ਦੇਖਣਾ ਹੈ, ਕਿਉਂਕਿ ਇੱਕ ਸਿਹਤਮੰਦ ਸਮਾਜ ਹੀ ਤਰੱਕੀ ਦੀ ਨੀਂਹ ਹੁੰਦਾ ਹੈ। ਇਸ ਮੌਕੇ ਪੰਚ ਹਾਕਮ ਸਿੰਘ , ਕਰਮਜੀਤ ਸਿੰਘ ਫੋਜੀ ਜਗਸੀਰ ਸਿੰਘ, ਰਾਜਵੀਰ ਕੌਰ , ਹਰਵਿੰਦਰ ਕੌਰ , ਰਣਜੀਤ ਕੌਰ , ਪਰਮਜੀਤ ਕੌਰ ਅਤੇ ਸਾਬਕਾ ਪ੍ਰਧਾਨ ਕੇਵਲ ਸਿੰਘ ਹਾਜ਼ਰ ਸਨ।

# ਪੈਨਸ਼ਨਰਾਂ ਦੀ ਮਹੀਨਾਵਾਰ ਮੀਟਿੰਗ

ਗਤਾ ਭਾਈ ਕਾ, 4 ਜੂਨ (ਸਵਰਨ ਸਿੰਘ ਭਗਤਾ) : ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸ਼ੀਏਸ਼ਨ ਬਲਾਕ ਭਗਤਾ ਭਾਈ ਕਾ ਦੀ ਮਹੀਨਾਵਾਰ ਮੀਟਿੰਗ ਸਥਾਨਕ ਸ਼ਹਿਰ ਵਿਖੇ ਹੋਈ, ਜਿਸ ਵਿੱਚ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਬੁਲਾਰਿਆਂ ਨੇ ਆਪਣੇ - ਆਪਣੇ ਵਿਚਾਰਾਂ ਰਾਹੀਂ ਪੈਨਸ਼ਨਰਾਂ ਦੀਆਂ ਸਾਂਝੀਆਂ ਭਖਦੀਆਂ ਮੰਗਾਂ ਸਬੰਧੀ ਵਿਸਥਾਰ ਵਿਚ ਵਿਚਾਰ ਚਰਚਾ ਕੀਤੀ। ਬੋਲਾਰਿਆਂ ਨੇ ਪੰਜਾਬ ਸਰਕਾਰ ਦੀਆਂ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਨਜ਼ਰ ਅੰਦਾਜ਼ ਕਰਨ ਸਬੰਧੀ ਦਮਨਕਾਰੀ ਨੀਤੀਆਂ ਦੀ ਵਿਰੋਧਤਾ ਕਰਦਿਆਂ ਹਾਈਕੋਰਟ ਦੇ 8 ਅਪ੍ਰੈਲ 2026 ਦੇ ਫੈਸਲੇ ਅਨੁਸਾਰ 30 ਜੂਨ 2026 ਤੱਕ ਡੀ.ਏ. ਅਤੇ ਡੀ.ਏ. ਦੇ ਬਕਾਏ ਦੀਆਂ ਯਕਮੁਸ਼ਤ ਕਿਸ਼ਤਾਂ ਜਾਰੀ ਕਰਨ ਦੇ ਅਮਲ ਨੂੰ ਲਾਗੂ ਕਰਨ ਲਈ ਆਵਾਜ਼ ਉਠਾਈ। ਇਹਨਾਂ ਬੁਲਾਰਿਆਂ ਨੇ 2.59 ਦੇ ਫੈਕਟਰ ਅਨੁਸਾਰ ਪੈਨਸ਼ਨ ਫਿਕਸ ਕਰਨ, ਰਹਿੰਦੇ ਲੀਵ ਇਨ ਕੈਸ਼ਮੈਂਟ ਦੇ ਬਕਾਏ ਜਾਰੀ ਕਰਨ ਲਈ ਵੀ ਸਰਕਾਰ ਦੇ ਧਿਆਨ ਵਿਚ ਲਿਆਂਦਾ। ਸਰਕਾਰ ਵੱਲੋਂ ਪੈਨਸ਼ਨ ਸਬੰਧੀ ਬਣਾਏ ਗਏ, ਈ- ਪੈਨਸ਼ਨ ਪੋਰਟਲਦੇ ਨਾਲ - ਨਾਲ ਲਾਈਫ ਸਰਟੀਫਿਕੇਟ ਲਿਖ਼ਤੀ ਰੂਪ ਵਿਚ ਦੇਣ ਲਈ ਪਹਿਲਾਂ ਵਾਲੀ ਸਹੂਲਤ ਨੂੰ ਵੀ ਆਫ਼ਸ਼ਨਲ ਰੂਪ ਵਿਚ ਬਹਾਲ ਰੱਖਿਆ ਜਾਵੇ। ਐਸੋਸ਼ੀਏਸ਼ਨ ਪ੍ਰਧਾਨ ਮਾਸਟਰ ਆਤਮ ਤੇਜ ਸ਼ਰਮਾ ਨੇ ਸਮੂਹ ਪੈਨਸ਼ਨਰਾਂ ਨੂੰ ਜਿੱਥੇ 17 ਜੂਨ 2026 ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਕਨਵੈਨਸ਼ਨ ਵਿਚ ਸ਼ਾਮਿਲ ਹੋਣ ਲਈ ਪ੍ਰੇਰਿਤ ਕੀਤਾ ਉੱਥੇ ਹੀ ਉਨ੍ਹਾਂ 31ਜੁਲਾਈ 2026 ਤੱਕ ਇਨਕਮ ਟੈਕਸ ਰਿਟਰਨਾਂ ਭਰਨ ਲਈ ਪੈਨਸ਼ਨਰਾਂ ਨੂੰ ਜਾਗਰੂਕ ਕੀਤਾ। ਇਸੇ ਤਰ੍ਹਾਂ ਜੁਲਾਈ ਮਹੀਨੇ ਵਿਚ ਬੇਸਿਕ ਪੇ ਵਜੋਂ ਮਿਲ ਣ ਵਾਲੇ ਐਲ.ਟੀ.ਸੀ. ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੁਣੇ ਹੀ ਸਬੰਧਿਤ ਬੈਂਕ ਮੈਨੇਜਰਾਂ ਨੂੰ ਮਿਲ ਕੇ ਪੈਨਸ਼ਨ ਪੋਰਟਲ ਤੇ ਅਪਲਾਈ ਕੀਤਾ ਜਾਵੇ।ਇਸ ਸਮੇਂ ਮਾਸਟਰ ਅਮਰਜੀਤ ਸਿੰਘ ਭਗਤਾ ਵਿੱਤ ਸਕੱਤਰ, ਮਾਸਟਰ ਗੁਰਦੀਪ ਸਿੰਘ, ਮਾਸਟਰ ਨਛੱਤਰ ਸਿੰਘ, ਮਾਸਟਰ ਸੁਰਜੀਤ ਸਿੰਘ ਆਦਿ ਹਾਜ਼ਰ ਸਨ।

# ਵਿਧਾਇਕ ਗਿੱਲ ਨੇ ਹੈਪੀ ਦੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



ਬਠਿੰਡਾ , 4 ਜੂਨ (ਜਗਸੀਰ ਭੁੱਲਰ) :ਡਾ. ਕਰਮਜੀਤ ਸਿੰਘ ਸਿੱਧੂ ਦੇ ਵੱਡੇ ਭਰਾ ਦਿਲਪ੍ਰੀਤ ਸਿੰਘ ਸਿੱਧੂ (ਹੈਪੀ) ਦੇ ਅਕਾਲ ਚਲਾਣੇ 'ਤੇ ਹਲਕਾ ਬਠਿੰਡਾ ਸ਼ਹਿਰੀ ਦੇ ਵਿਧਾਇਕ ਜਗਰੂਪ ਸਿੰਘ ਗਿੱਲ ਨੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਪਰਿਵਾਰ ਨਾਲ ਡੂੰਘਾ ਦੁੱਖ ਸਾਂਝਾ ਕੀਤਾ। ਇਸ ਮੌਕੇ ਉਨ੍ਹਾਂ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ।ਵਿਧਾਇਕ ਗਿੱਲ ਨੇ ਕਿਹਾ ਕਿ ਦਿਲਪ੍ਰੀਤ ਸਿੰਘ ਹੈਪੀ ਇੱਕ ਨੇਕ ਦਿਲ, ਮਿਲਣਸਾਰ ਅਤੇ ਧਾਰਮਿਕ ਵਿਚਾਰਾਂ ਵਾਲੇ ਵਿਅਕਤੀ ਸਨ। ਉਹ ਇੱਕ ਗੁਰਸਿੱਖ ਅਤੇ ਅੰਮ੍ਰਿਤਧਾਰੀ ਸੱਜਣ ਸਨ, ਜੋ ਹਮੇਸ਼ਾ ਗੁਰਬਾਣੀ ਅਤੇ ਪ੍ਰਭੂ ਦੇ ਨਾਮ ਸਿਮਰਨ ਨਾਲ ਜੁੜੇ ਰਹਿੰਦੇ ਸਨ। ਉਨ੍ਹਾਂ ਦੇ ਅਚਾਨਕ ਵਿਛੋੜੇ ਨਾਲ ਪਰਿਵਾਰ, ਰਿਸ਼ਤੇਦਾਰਾਂ ਅਤੇ ਜਾਣ-ਪਛਾਣ ਵਾਲਿਆਂ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਦੌਰਾਨ ਵਿਧਾਇਕ ਗਿੱਲ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਦਿਲਪ੍ਰੀਤ ਸਿੰਘ ਹੈਪੀ ਨਮਿੱਤ ਸ਼ਰਧਾਂਜਲੀ ਸਮਾਗਮ ਅਤੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ 9 ਜੂਨ ਨੂੰ ਥਰਮਲ ਕਲੋਨੀ ਸਥਿਤ ਗੁਰਦੁਆਰਾ ਸਾਹਿਬ ਵਿਖੇ ਪਾਏ ਜਾਣਗੇ।

# ਕਿਸਾਨਾਂ ਨੂੰ ਫਾਸਫੋਰਸ ਖਾਦ ਦੀ ਵਰਤੋਂ ਘਟਾਉਣ ਦੀ ਲੋੜ : ਡਾ. ਬੁੱਟਰ




ਬਠਿੰਡਾ, 4 ਜੂਨ ( ਇੰਦਰਪਾਲ ਬਾਂਸਲ) : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ਖੇਤ ਬਚਾਓ ਅਭਿਆਨ ਤਹਿਤ ਡਾ. ਗੁਰਦੀਪ ਸਿੰਘ, ਡਿਪਟੀ ਡਾਇਰੈਕਟਰ (ਸਿਖਲਾਈ), ਕੇ.ਵੀ.ਕੇ. ਬਠਿੰਡਾ ਦੀ ਅਗਵਾਈ ਹੇਠ ਪਿੰਡ ਮਾਈਸਰਖਾਨਾ ਅਤੇ ਘਸੋਖਾਨਾ (ਬਲਾਕ ਮੌੜ) ਵਿਖੇ ਕਿਸਾਨ ਜਾਗਰੂਕਤਾ ਕੈਂਪਾਂ ਅਤੇ ਕਿਸਾਨ ਗੋਸ਼ਟੀਆਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੰਭਾਲ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਵਾਤਾਵਰਣ ਅਨੁਕੂਲ ਖੇਤੀ ਤਕਨੀਕਾਂ ਬਾਰੇ ਜਾਗਰੂਕ ਕਰਨਾ ਸੀ।ਕੈਂਪ ਦੌਰਾਨ ਡਾ. ਤੇਜਬੀਰ ਸਿੰਘ ਬੁੱਟਰ, ਸਹਾਇਕ ਪ੍ਰੋਫੈਸਰ (ਭੂਮੀ ਵਿਗਿਆਨ), ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਿੱਟੀ ਖੇਤੀਬਾੜੀ ਦੀ ਬੁਨਿਆਦ ਹੈ ਅਤੇ ਇਸ ਦੀ ਸਿਹਤ ਨੂੰ ਬਣਾਈ ਰੱਖਣ ਲਈ ਖਾਦਾਂ ਦੀ ਵਿਗਿਆਨਕ ਅਤੇ ਸੁਚੱਜੀ ਵਰਤੋਂ ਬਹੁਤ ਜ਼ਰੂਰੀ ਹੈ। ਉਹਨਾਂ ਦੱਸਿਆ ਕਿ ਜੇਕਰ ਕਣਕ ਦੀ ਫ਼ਸਲ ਵਿੱਚ ਸਿਫਾਰਸ਼ ਮਾਤਰਾ ਵਿੱਚ ਫਾਸਫੋਰਸ ਖਾਦ ਪਾਈ ਹੋਵੇ ਤਾਂ ਝੋਨੇ ਜਾਂ ਸਾਉਣੀ ਦੀ ਫ਼ਸਲ ਦੌਰਾਨ ਕੋਈ ਫਾਸਫੋਰਸ ਖਾਦ ਪਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਸਾਨਾਂ ਨੂੰ ਮਿੱਟੀ ਪਰਖ ਦੇ ਆਧਾਰ 'ਤੇ ਖਾਦਾਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ ਤਾਂ ਜੋ ਖੇਤੀ ਦੀ ਲਾਗਤ ਘਟਾਈ ਜਾ ਸਕੇ ਅਤੇ ਫ਼ਸਲਾਂ ਤੋਂ ਵੱਧ ਝਾੜ ਪ੍ਰਾਪਤ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਰਸਾਇਣਕ ਖਾਦਾਂ ਦੀ ਬੇਲੋੜੀ ਅਤੇ ਅਸੰਤੁਲਿਤ ਵਰਤੋਂ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਘਟਾਉਂਦੀ ਹੈ ਅਤੇ ਵਾਤਾਵਰਣ ਲਈ ਵੀ ਹਾਨੀਕਾਰਕ ਸਾਬਤ ਹੋ ਸਕਦੀ ਹੈ।ਉਨ੍ਹਾਂ ਕਿਸਾਨਾਂ ਨੂੰ ਜੈਵਿਕ ਖਾਦਾਂ, ਹਰੀ ਖਾਦ ਅਤੇ ਫਸਲੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।

# ਮਨਰੇਗਾ ਕਰਮਚਾਰੀਆਂ ਵੱਲੋਂ ਕਲਮ ਛੋੜ ਹੜਤਾਲ ਦੂਜੇ ਦਿਨ ਵੀ ਜਾਰੀ



ਲਹਿਰਾਗਾਗਾ, 4 ਜੂਨ (ਗੁਰਦੀਪ ਸਿੰਘ) : ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਿੱਚ ਪਿਛਲੇ ਲੱਗਭੱਗ 18 ਸਾਲਾਂ ਤੋਂ ਕੰਟਰੈਕਟ ਅਧਾਰਿਤ ਸੇਵਾਵਾਂ ਨਿਭਾਅ ਰਹੇ ਮਨਰੇਗਾ ਮੁਲਾਜ਼ਮਾਂ ਵੱਲੋਂ ਅੱਜ ਬਲਾਕ ਲਹਿਰਾਗਾਗਾ ਦੇ ਦਫਤਰ ਵਿਖੇ ਕਲਮ ਛੋੜ ਹੜਤਾਲ ਸ਼ੁਰੂ ਕੀਤੀ ਗਈ। ਇਸ ਮੌਕੇ ਹੜਤਾਲ ਉੱਪਰ ਬੈਠੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਬਲਾਕ ਦੇ ਮਨਰੇਗਾ ਕਰਮਚਾਰੀ ਜਸਵੀਰ ਸਿੰਘ ਨੇ ਕਿਹਾ ਕਿ ਮਨਰੇਗਾ ਮੁਲਾਜ਼ਮਾਂ ਨੂੰ ਪਿਛਲੇ ਛੇ, ਸੱਤ ਮਹੀਨਿਆਂ ਤੋਂ ਤਨਖਾਹਾਂ ਨਹੀਂ ਮਿਲ ਰਹੀਆਂ, ਜਿਸ ਕਾਰਨ ਮੁਲਾਜ਼ਮਾਂ ਦੀ ਆਰਥਿਕ ਸਥਿਤੀ ਬਹੁਤ ਮਾੜੀ ਹੋ ਚੁੱਕੀ ਹੈ, ਕਿਉਂਕਿ ਘਰੇਲੂ ਖਰਚੇ ਲਈ ਕਰਮਚਾਰੀਆਂ ਕੋਲ ਹੋਰ ਕੋਈ ਕਮਾਈ ਦਾ ਸਾਧਨ ਨਹੀਂ ਹੈ, ਜਿਸ ਕਾਰਨ ਮੁਲਾਜ਼ਮਾਂ ਦੇ ਨਾਲ ਨਾਲ ਮੁਲਾਜ਼ਮਾਂ ਦੇ ਪਰਿਵਾਰਕ ਮੈਂਬਰ ਵੀ ਮਾਨਸਿਕ ਪਰੇਸ਼ਾਨੀ ਵਿੱਚੋਂ ਗੁਜਰ ਰਹੇ ਹਨ, ਪਰ ਸਰਕਾਰ ਇਸ ਪਾਸੇ ਕੋਈ ਧਿਆਨ ਨਹੀਂ ਦੇ ਰਹੀ। ਉਹਨਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਅਤੇ ਸਰਕਾਰ ਬਣਨ ਤੋਂ ਬਾਅਦ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਮਨਰੇਗਾ ਕਰਮਚਾਰੀਆਂ ਨਾਲ ਵਾਅਦਾ ਕਰਦੇ ਹੋਏ ਕਿਹਾ ਸੀ ਕਿ ਹੁਣ ਠੇਕੇਦਾਰੀ ਸਿਸਟਮ ਬਿਲਕੁੱਲ ਬੰਦ ਕਰਕੇ ਇਨ੍ਹਾਂ ਕਰਮਚਾਰੀਆਂ ਨੂੰ ਪੰਚਾਇਤ ਵਿਭਾਗ ਵਿੱਚ ਪੱਕੀਆਂ ਅਸਾਮੀਆਂ ’ਤੇ ਮਰਜ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਲਈ ਪਾਲਸੀ ਵੀ ਮਨਰੇਗਾ ਮੁਲਾਜ਼ਮਾਂ ਦਾ ਕੁਝ ਵੀ ਸਵਾਰ ਨਹੀਂ ਸਕੀ। ਵਿਭਾਗ ਵੱਲੋਂ ਮਨਰੇਗਾ ਮੁਲਾਜ਼ਮਾਂ ਦਾ ਡਾਟਾ ਪੋਰਟਲ ਰਾਹੀਂ ਇਕੱਠਾ ਕਰਕੇ ਪਰੋਸੋਨਲ ਤੇ ਵਿੱਤ ਵਿਭਾਗ ਦੀਆਂ ਪ੍ਰਵਾਨਗੀਆਂ ਲੈਣ ਦੇ ਬਾਵਜੂਦ ਵੀ ਮਨਰੇਗਾ ਮੁਲਾਜ਼ਮਾਂ ਨੂੰ ਆਰਡਰ ਨਹੀਂ ਦਿੱਤੇ ਗਏ। ਬੀਤੇ ਇੱਕ ਜੂਨ ਨੂੰ ਪੰਚਾਇਤ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨਾਲ ਹੋਈ ਪੈਨਲ ਮੀਟਿੰਗ ਵਿੱਚ ਵੀ ਮਾਨਯੋਗ ਮੰਤਰੀ ਸਾਹਿਬ ਨੇ ਕਰਮਚਾਰੀਆਂ ਨੂੰ ਭਰੋਸਾ ਦਿੱਤਾ ਸੀ ਕਿ ਇੱਕ ਹਫਤੇ ਤੱਕ ਦੁਬਾਰਾ ਮੀਟਿੰਗ ਕਰਕੇ ਮਨਰੇਗਾ ਕਰਮਚਾਰੀਆਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ ਕਰਨ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਜਾਵੇਗੀ, ਜਿਸ ਦੇ ਚੱਲਦਿਆਂ ਯੂਨੀਅਨ ਨੇ ਹੋਣ ਵਾਲੀ ਮੀਟਿੰਗ ਤੱਕ ਸ਼ਾਂਤਮਈ ਤਰੀਕੇ ਨਾਲ ਦਫਤਰਾਂ ਵਿੱਚ ਬੈਠ ਕੇ ਕਲਮ ਛੋੜ ਹੜਤਾਲ ਕਰਦੇ ਹੋਏ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜੇਕਰ ਭਵਿੱਖ ਵਿੱਚ ਹੋਣ ਵਾਲੀ ਮੀਟਿੰਗ ਦੌਰਾਨ ਕੋਈ ਠੋਸ ਹੱਲ ਨਹੀਂ ਨਿੱਕਲਦਾ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਰੇਗਾ ਕਰਮਚਾਰੀ ਜਸਵੀਰ ਸਿੰਘ, ਰਾਮ ਸਿੰਘ, ਮਨਜੀਤ ਸਿੰਘ, ਅਮਨਦੀਪ ਕੁਮਾਰ, ਗੁਰਮੀਤ ਸਿੰਘ ਹਾਜ਼ਰ ਸਨ।

# ਸਰਵਾਈਕਲ ਕੈਂਸਰ ਦੀ ਰੋਕਥਾਮ ਲਈ ਜਾਗਰੂਕਤਾ ਅਤੇ ਟੀਕਾਕਰਨ ਜ਼ਰੂਰੀ : ਡਾ. ਹਰਜੀਤ ਸਿੰਘ



ਤਪਾ ਮੰਡੀ, 4 ਜੂਨ (ਰਾਜੂ ਮਹਿਰਾ) : ਸਿਵਲ ਸਰਜਨ ਡਾ. ਹਰੀਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਹਰਜੀਤ ਸਿੰਘ ਵੱਲੋਂ ਅੱਜ ਸਬ ਡਵੀਜ਼ਨਲ ਹਸਪਤਾਲ ਤਪਾ ਵਿਖੇ ਸਰਵਾਈਕਲ (ਬੱਚੇਦਾਨੀ ਦਾ ਮੂੰਹ) ਦੇ ਕੈਂਸਰ ਤੋਂ ਬਚਾਅ ਲਈ ਲੱਗ ਰਹੇ ਐਚ.ਪੀ.ਵੀ ਟੀਕਾਕਰਨ ਮੁਹਿੰਮ ਦੀ ਸਮੀਖਿਆ ਕੀਤੀ ਗਈ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਹਰਜੀਤ ਸਿੰਘ ਨੇ ਦੱਸਿਆ ਕਿ ਔਰਤਾਂ ਵਿੱਚ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਅ ਲਈ ਐਚ.ਪੀ.ਵੀ. ਟੀਕਾਕਰਨ ਮੁਹਿੰਮ ਨੂੰ ਬੱਚੀਆਂ ਦੀ ਭਲਾਈ ਲਈ ਤਿੰਨ ਮਹੀਨੇ ਹੋਰ ਵਧਾ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਵੈਕਸੀਨ ਉਨ੍ਹਾਂ ਕੁੜੀਆਂ ਦੇ ਲੱਗ ਰਹੀ ਹੈ ਜਿਨ੍ਹਾਂ ਨੇ ਆਪਣਾ 14ਵਾਂ ਜਨਮ ਦਿਨ ਲੰਘਾ ਲਿਆ ਹੈ ਤੇ 15ਵਾਂ ਜਨਮਦਿਨ ਅਜੇ ਆਉਣਾ ਹੈ। ਉਨ੍ਹਾਂ ਹਾਜ਼ਰੀਨ ਸਮੂਹ ਮ.ਪ.ਹ.ਸ( ਫੀਮੇਲ) ਤੇ ਮ.ਪ.ਹ.ਵ (ਫੀਮੇਲ) ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਆਪਣੇ ਆਪਣੇ ਸਬ ਸੈਂਟਰ ਅਧੀਨ ਆਉਂਦੇ ਪਿੰਡਾਂ ਵਿੱਚ ਵੱਧ ਤੋਂ ਵੱਧ ਜਾਗਰੂਕਤਾ ਕੀਤੀ ਜਾਵੇ ਤਾਂ ਜੋ ਵੱਧ ਤੋਂ ਵੱਧ ਕੁੜੀਆਂ ਇਸ ਮੁਹਿੰਮ ਦਾ ਲਾਭ ਉਠਾ ਸਕਣ। ਸੀਨੀਅਰ ਮੈਡੀਕਲ ਅਫਸਰ ਡਾ. ਕੰਵਲਜੀਤ ਸਿੰਘ ਬਾਜਵਾ ਨੇ ਕਿਹਾ ਕਿ ਸਿਹਤ ਬਲਾਕ ਤਪਾ ਅਧੀਨ 14 ਸਾਲ ਦੀਆਂ ਸਾਰੀਆਂ ਕੁੜੀਆਂ ਦੇ ਇਹ ਵੈਕਸੀਨ ਬਿਲਕੁਲ ਮੁਫ਼ਤ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਵੈਕਸੀਨ ਪੂਰੀ ਤਰ੍ਹਾਂ ਸੁਰੱਖਿਅਤ ਹੈ ਤੇ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਰੱਖਿਆ ਕਵਚ ਪ੍ਰਦਾਨ ਕਰਦੀ ਹੈ।ਉਨ੍ਹਾਂ ਦੱਸਿਆ ਕਿ ਔਰਤਾਂ ਵਿੱਚ ਛਾਤੀ ਦੇ ਕੈਂਸਰ ਤੋਂ ਬਾਅਦ ਦੂਜੇ ਨੰਬਰ ‘ਤੇ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਦੇ ਮਾਮਲੇ ਸਾਹਮਣੇ ਆਉਂਦੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਨਿਸ਼ਾਂਤ ਸੋਹਲ, ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ, ਕੰਪਿਊਟਰ ਸਹਾਇਕ ਗੁਰਦੀਪ ਸਿੰਘ ਗਿੱਲ, ਐਸ.ਆਈ ਜਰਨੈਲ ਸਿੰਘ, ਐਲ.ਐਚ.ਵੀ. ਕਰਮਜੀਤ ਕੌਰ, ਬਲਵਿੰਦਰ ਕੌਰ ਆਦਿ ਹਾਜ਼ਰ ਸਨ।

# ਮੰਗਾਂ ਨਾ ਮੰਨੀਆਂ ਤਾਂ ਜਲ ਸਪਲਾਈ ਵਿਭਾਗ ਦੇ ਕਲੈਰੀਕਲ ਕਰਮਚਾਰੀ 12 ਜੂਨ ਨੂੰ ਠੱਪ ਕਰਨਗੇ ਕੰਮਕਾਜ

ਬਰਨਾਲਾ, 4 ਜੂਨ (ਬਘੇਲ ਸਿੰਘ ਧਾਲੀਵਾਲ) : ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਅੰਦਰ ਪਿਛਲੇ ਲੰਮੇ ਸਮੇਂ ਤੋਂ ਕਲੈਰੀਕਲ ਦੀਆਂ ਮੰਗਾਂ ਲਟਕ ਰਹੀਆਂ ਹਨ, ਜਿਸ ਸਬੰਧੀ ਵਾਰ ਵਾਰ ਮੰਗ ਪੱਤਰ ਵੀ ਦਿੱਤੇ ਗਏ ਅਤੇ ਪਿਛਲੇ ਸਮੇਂ ਤੋਂ ਵਿਭਾਗੀ ਮੁੱਖੀ ਨਾਲ ਮੀਟਿੰਗਾਂ ਕਰਕੇ ਵੀ ਮੰਗਾਂ ਨੂੰ ਧਿਆਨ ’ਚ ਲਿਆਂਦਾ ਗਿਆ, ਪ੍ਰੰਤੂ ਸਾਲਾਂਬੱਧੀ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਗਿਆ। ਜਿਸ ਕਰਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਕਲੈਰੀਕਲ ਕਾਮਿਆਂ ’ਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਨ੍ਹਾਂ ਸਬਦਾਂ ਦਾ ਪ੍ਰਗਟਾਵਾ ਪੀ.ਡਬਲਿਊ.ਡੀ. ਵਾਟਰ ਸਪਲਾਈ ਅਤੇ ਸੈਨੀਟੇਸ਼ਨ ਮਨਿਸਟੀਰੀਅਲ ਸਰਵਿਸਜ਼ ਪੰਜਾਬ ਦੇ ਸੂਬਾ ਪ੍ਰਧਾਨ ਜਗਸੀਰ ਸਿੰਘ ਜੱਗਾ ਅਤੇ ਸੂਬਾ ਜਨਰਲ ਸਕੱਤਰ ਤਰਸੇਮ ਭੱਠਲ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਕੀਤਾ। ਉਨ੍ਹਾਂ ਕਿਹਾ ਕਿ ਪਿਛਲੇ ਲੰਮੇ ਸਮੇ ਤੋਂ ਸੁਪਰਡੰਟ ਗ੍ਰੇਡ-1 ਦੀਆਂ ਤਰੱਕੀਆਂ ਲਮਕ ਰਹੀਆਂ ਹਨ, ਸੁਪਰਡੰਟ ਗ੍ਰੇਡ-2 ਦੀਆਂ ਪੋਸਟਾਂ ਖਾਲੀ ਹੋਣ ਦੇ ਬਾਵਜੂਦ ਵੀ ਅਜੇ ਤੱਕ ਤਰੱਕੀਆਂ ਨਹੀਂ ਹੋਈਆਂ ਅਤੇ ਨਾ ਹੀ ਸੀਨੀਅਰ ਸਹਾਇਕ ਦੀ ਤਰੱਕੀ ਹੋਈ। ਇਥੋਂ ਤੱਕ ਕੇ ਸਰਕਾਰ ਵੱਲੋਂ 50-50 ਦੇ ਅਧਾਰ ’ਤੇ ਪਲੈਸਮੈਂਟ ਦਾ ਪੱਤਰ ਵੀ ਵਾਪਿਸ ਲੈ ਲਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਨੋਟੀਫਿਕੇਸ਼ਨ ਦੇ ਬਾਵਜੂਦ 01.01.2004 ਤੋਂ ਪਹਿਲਾ ਜਿਨ੍ਹਾਂ ਕਰਮਚਾਰੀਆਂ ਦਾ ਨੌਕਰੀ ਲਈ ਪੱਤਰ ਵਿਹਾਰ ਸ਼ੁਰੂ ਕੀਤਾ ਗਿਆ ਸੀ ਉਨ੍ਹਾਂ ਨੂੰ ਪੁਰਾਣੀ ਪੈਨਸ਼ਨ ’ਚ ਸ਼ਾਮਲ ਕਰਨਾ ਸੀ। ਜੱਥੇਬੰਦੀ ਮੰਗ ਕਰਦੀ ਹੈ ਕਿ ਉਪਰੋਕਤ ਸਾਰੀਆਂ ਮੰਗਾਂ ਨੂੰ ਜਲਦ ਨਿਪਟਾਓ। ਜੱਥੇਬੰਦੀ ਪਿਛਲੇ ਸਮੇਂ ਵਿਭਾਗ ਨੂੰ ਅਲਟੀਮੇਟਮ ਦੇ ਚੁੱਕੀ ਹੈ, ਅਗਰ ਉਪਰੋਕਤ ਮੰਗਾਂ ਨਾ ਮੰਨੀਆਂ ਗਈਆਂ ਤਾਂ ਜਥੇਬੰਦੀ 12 ਜੂਨ ਨੂੰ ਪੰਜਾਬ ਬੰਦ ਕਰੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਮੌਕੇ ਜੱਥੇਬੰਦੀ ਦੇ ਚੇਅਰਮੈਨ ਹਰਭਜਨ ਸਿੰਘ ਖੁੰਗਰ, ਸੂਬਾ ਵਿੱਤ ਸਕੱਤਰ ਸਤਿੰਦਰਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਰਾਜਵੀਰ ਬਡਰੁੱਖਾਂ, ਪ੍ਰੈਸ ਸਕੱਤਰ ਕਮਲਵੀਰ ਸਿੰਘ ਸੰਧੂ, ਸੰਦੀਪ ਜੋਸੀ, ਅਡੀਸ਼ਨਲ ਜਨਰਲ ਸਕੱਤਰ ਗੁਰਦਰਸ਼ਨ ਸਿੰਘ ਜੱਸਲ, ਜੱਥੇਬੰਦਕ ਸਕੱਤਰ ਪਰਵਿੰਦਰ ਸਿੰਘ ਗਿੱਲ, ਸੂਬਾ ਸੀਨੀਅਰ ਮੀਤ ਪ੍ਰਧਾਨ ਹਰਭਜਨ ਸਿੰਘ ਅਟਵਾਲ ਨੇ ਸਾਂਝੇ ਰੂਪ ’ਚ ਵਿਭਾਗ ਦੇ ਕਲੈਰੀਕਲ ਕਾਮਿਆਂ ਨੂੰ ਅਪੀਲ ਕੀਤੀ ਕਿ 12 ਜੂਨ ਨੂੰ ਪੰਜਾਬ ਭਰ ’ਚ ਸਮੂਹਿਕ ਛੁੱਟੀ ਲੈਕੇ ਜੱਥੇਬੰਦੀ ਦੇ ਸੰਘਰਸ਼ ’ਚ ਸ਼ਾਮਲ ਹੋਣ। ਉਕਤ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਅਗਰ ਮੰਗਾਂ ਨਾ ਮੰਨੀਆਂ ਗਈਆ ਤਾਂ ਆਉਣ ਵਾਲੇ ਸਮੇਂ ’ਚ ਜੱਥੇਬੰਦੀ ਤਿੱਖੇ ਸੰਘਰਸ਼ ਦਾ ਐਲਾਨ ਕਰੇਗੀ। ਜਿਸ ਦੀ ਸਾਰੀ ਜ਼ਿੰਮੇਵਾਰੀ ਵਿਭਾਗ ਦੀ ਹੋਵੇਗੀ।

# ਵੋਟਰ ਸੂਚੀਆਂ ਦੀ ਗਹਿਰੀ ਸੁਧਾਈ ਮੁਹਿੰਮ ਤਹਿਤ 7 ਜੂਨ ਨੂੰ ਲੱਗਣਗੇ ਵਿਸ਼ੇਸ਼ ਕੈਂਪ

ਬਰਨਾਲਾ, 4 ਜੂਨ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ 7 ਜੂਨ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਜ਼ਿਲ੍ਹਾ ਬਰਨਾਲਾ ਦੇ ਪੋਲਿੰਗ ਬੂਥਾਂ ਵਿੱਚ ਪ੍ਰੀ- ਐਸਆਈਆਰ ’ਤੇ ਅਧਾਰਿਤ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਨੂੰ ਬਿਲਕੁੱਲ ਸਹੀ ਅਤੇ ਅਪਡੇਟ ਕਰਨ ਲਈ ਚਲਾਈ ਜਾ ਰਹੀ ਇਸ ਵਿਸ਼ੇਸ਼ ਮੁਹਿੰਮ ਤਹਿਤ ਸਾਰੇ ਬੂਥ ਲੈਵਲ ਅਫਸਰ, 7 ਜੂਨ ਦਿਨ ਐਤਵਾਰ ਨੂੰ ਆਪੋ ਆਪਣੇ ਬੂਥਾਂ ਉੱਤੇ ਮੌਜੂਦ ਰਹਿਣਗੇ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਪਹਿਲਾਂ ਜਾਰੀ ਵਿਸ਼ੇਸ਼ ਗਹਿਰੀ ਸੁਧਾਈ ਦੇ ਸ਼ਡਿਊਲ ਵਿੱਚ ਅੰਸ਼ਿਕ ਸੋਧ ਕੀਤੀ ਗਈ ਹੈ, ਜਿਸ ਤਹਿਤ ਹੁਣ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ 31 ਜੁਲਾਈ ਦੀ ਥਾਂ ਉੱਤੇ 3 ਅਗਸਤ 2026 ਨੂੰ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸੇ ਤਰ੍ਹਾਂ ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ ਅਤੇ ਇਹਨਾਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ ਤੱਕ ਕੀਤਾ ਜਾਵੇਗਾ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਬਾਕੀ ਸ਼ਡਿਊਲ ਉਸੇ ਤਰ੍ਹਾਂ ਜਾਰੀ ਰਹੇਗਾ, ਜਿਸ ਤਹਿਤ 25 ਜੂਨ ਤੋਂ 24 ਜੁਲਾਈ ਤੱਕ ਬੂਥ ਲੈਵਲ ਅਫਸਰ ਘਰ ਘਰ ਜਾ ਕੇ ਵੋਟਰਾਂ ਨੂੰ ਇਨੂਮੀਰੇਸ਼ਨ ਫਾਰਮ ਦੀ ਵੰਡ ਕਰਨਗੇ ਅਤੇ ਸਬੰਧਤ ਵੋਟਰ ਪਾਸੋਂ ਲੋੜੀਂਦੀ ਜਾਣਕਾਰੀ ਭਰਵਾ ਕੇ ਹਸਤਾਖਰਸ਼ੁਦਾ ਫਾਰਮ ਇਕੱਤਰ ਕਰਨਗੇ। ਉਨ੍ਹਾਂ ਕਿਹਾ ਕਿ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 1 ਅਕਤੂਬਰ 2026 ਨੂੰ ਕੀਤੀ ਜਾਵੇਗੀ।

# ਕੇਵਲ ਸਿੰਘ ਢਿੱਲੋਂ ਦੇ ਪੰਜਾਬ ਭਾਜਪਾ ਪ੍ਰਧਾਨ ਬਣਨ ਨਾਲ ਵਰਕਰਾਂ ਦੇ ਹੌਸਲੇ ਹੋਏ ਬੁਲੰਦ



ਬਰਨਾਲਾ, 4 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਕੇਵਲ ਸਿੰਘ ਢਿੱਲੋਂ ਦੇ ਪੰਜਾਬ ਭਾਜਪਾ ਦੇ ਨਵੇਂ ਸੂਬਾ ਪ੍ਰਧਾਨ ਬਣਨ ਨਾਲ ਸਮੁੱਚੇ ਪੰਜਾਬ ਦੇ ਵਰਕਰਾਂ ਦੇ ਹੌਸਲੇ ਬੁਲੰਦ ਹੋਏ ਹਨ। ਇਸ ਮੌਕੇ ਬੋਲਦਿਆਂ ਭਾਜਪਾ ਕਿਸਾਨ ਮੋਰਚਾ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਨੈਣੇਵਾਲ, ਜ਼ਿਲ੍ਹਾ ਬਰਨਾਲਾ ਦੇ ਐਸ ਸੀ ਮੋਰਚੇ ਦੇ ਪ੍ਰਧਾਨ ਧਰਮ ਸਿੰਘ ਫ਼ੌਜੀ ਨਗਰ ਕੌਂਸਲਰ ਅਤੇ ਬੀ ਸੀ ਮੋਰਚੇ ਦੇ ਪ੍ਰਧਾਨ ਜਸਬੀਰ ਸਿੰਘ ਗੱਖੀ, ਸੀਨੀਅਰ ਆਗੂ ਨਰਿੰਦਰ ਗਰਗ ਨੀਟਾ, ਲਲਿਤ ਮਹਾਜਨ ਅਤੇ ਰਾਜਿੰਦਰ ਉੱਪਲ ਨੇ ਕੇਵਲ ਸਿੰਘ ਢਿੱਲੋਂ ਦੀ ਤਾਜਪੋਸ਼ੀ ’ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਹੈ। ਇਸ ਦੌਰਾਨ ਉਪਰੋਕਤ ਆਗੂਆਂ ਨੇ ਕਿਹਾ ਕਿ ਪੰਜਾਬ ਅੰਦਰ 2027 ’ਚ ਭਾਜਪਾ ਸਰਕਾਰ ਬਣੇਗੀ ਅਤੇ ਪੰਜਾਬ ’ਚੋਂ ਨਸ਼ਿਆਂ, ਅਮਨ ਕਾਨੂੰਨ ਦੀ ਮਾੜੀ ਹਾਲਤ, ਡਰ ਅਤੇ ਭੈਅ ਦੇ ਮਾਹੌਲ ਅਤੇ ਭਰਿਸ਼ਟਾਚਾਰ ਦਾ ਖਾਤਮਾ ਹੋਵੇਗਾ। ਉਹਨਾਂ ਕੇਵਲ ਸਿੰਘ ਢਿੱਲੋ ਦੇ ਉਸ ਧਿਆਨ ਦਾ ਵੀ ਸਵਾਗਤ ਕੀਤਾ ਹੈ ਕਿ ਮਹਾਰਾਜਾ ਰਣਜੀਤ ਸਿੰਘ ਦੇ ਸ਼ਾਸਨ ਦੀ ਤਰਜ ’ਤੇ ਪੰਜਾਬ ਦਾ ਸ਼ਾਸਨ ਚਲਾਇਆ ਜਾਵੇਗਾ ਅਤੇ ਮੁਲਾਜ਼ਮ ਮੰਗਾਂ ਦੀ ਪੂਰਤੀ ਹੋਵੇਗੀ, ਕਿਸਾਨਾਂ ਦੀਆਂ ਫ਼ਸਲਾਂ ਦੀ ਐਮ ਐਸ ਪੀ ਦੀ ਗਰੰਟੀ ਯਕੀਨੀ ਬਣਾਈ ਜਾਵੇਗੀ। ਉਹਨਾਂ ਇਹ ਵੀ ਕਿਹਾ ਕਿ ਪੰਜਾਬ ਦੇ ਲੋਕ ਇਹ ਭਲੀ ਭਾਂਤ ਜਾਣਦੇ ਹਨ ਕਿ ਜਿਨ੍ਹਾਂ ਰਾਜਾਂ ’ਚ ਭਾਜਪਾ ਦਾ ਰਾਜ ਹੈ, ਉੱਥੇ ਮਾੜੇ ਅਨਸਰਾਂ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਂਦਾ। ਉਨ੍ਹਾਂ ਸਮੁੱਚੇ ਪੰਜਾਬੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਪੰਜਾਬ ਅਤੇ ਪੰਜਾਬੀਆਂ ਦੇ ਭਲੇ ਲਈ ਭਾਜਪਾ ਦਾ ਸਾਥ ਦੇਣ ਅਤੇ ਸਮਰਥਨ ਕਰਨ ਤਾਂ ਕਿ ਪੰਜਾਬੀਆਂ ਨੂੰ ਇੱਕ ਚੰਗਾ ਸ਼ਾਸਨ ਮਿਲ ਸਕੇ ਅਤੇ ਵਪਾਰ, ਇੰਡਸਟਰੀ ਵਧੇ ਫੁੱਲੇ। ਹਰ ਪੰਜਾਬੀ ਨੂੰ ਬਰਾਬਰੀ ਅਤੇ ਸਨਮਾਨ ਮਿਲ ਸਕੇ।

# ‘ਆਪ’ ਵੱਲੋਂ ਧਾਰਮਿਕ ਅਸਥਾਨਾਂ ’ਤੇ ਕਬਜ਼ਾ ਕਰਨਾ ਨਿੰਦਣਯੋਗ : ਧਾਲੀਵਾਲ

## ਬਿਨਾਂ ਜਿੰਮ ਦੇ ਸਮਾਨ ਤੋਂ ਲਿਖਿਆ ‘ਮੁੱਖ ਮੰਤਰੀ ਜਿੰਮ ਸ਼ਹਿਣਾ’



ਭਦੌੜ, 4 ਜੂਨ( ਸੁਖਵਿੰਦਰ ਪਲਾਹਾ) : ਪ੍ਰਸਿੱਧ ਪ੍ਰਾਚੀਨ ਮੰਦਿਰ ਬੀਬੜੀਆਂ ਦਾ ਮਾਈਆਂ ਸ਼ਹਿਣਾ ਜਿੱਥੇ ਪੰਜਾਬ ਅਤੇ ਵਿਦੇਸ਼ਾਂ ਦੇ ਸ਼ਰਧਾਲੂਆਂ ਵੱਲੋਂ ਦਸ਼ਾ ਨਹੂੰਆਂ ਦੀ ਕਿਰਤ ਕਮਾਈ ਵਿੱਚੋਂ ਦਿੱਤੇ ਗਏ ਦਾਨ ਨਾਲ ਯਾਤਰੀਆਂ ਲਈ ਉਸਾਰੀ ਗਈ ਸ਼ਾਨਦਾਰ ਸਰਾਂ ਉੱਪਰ ਆਮ ਆਦਮੀ ਪਾਰਟੀ ਵੱਲੋਂ ਰੰਗ ਰੋਗਨ ਕਰਕੇ ਮੁੱਖ ਮੰਤਰੀ ਜਿੰਮ ਲਿਖਣਾ ਅਤਿ ਨਿੰਦਣਯੋਗ ਘਟਨਾ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਸੁਖਵਿੰਦਰ ਸਿੰਘ ਧਾਲੀਵਾਲ ਹਲਕਾ ਭਦੌੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਧਾਰਮਿਕ ਅਸਥਾਨਾਂ ’ਤੇ ਕੀਤੀ ਜਾ ਰਹੀ ਸਿਆਸਤ ਬਹੁਤ ਹੀ ਗਲਤ ਹੈ। ਉਨ੍ਹਾਂ ਦੱਸਿਆ ਕਿ ਪ੍ਰਸਿੱਧ ਮੰਦਿਰ ਬੀਬੜੀਆਂ ਮਾਈਆਂ ਦੀ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਗੁਰਪ੍ਰੀਤ ਸਿੰਘ ਕਾਲਾ ਭਗਰੀਆ, ਨਿਰਮਲ ਸਿੰਘ ਨਿੰਮਾ ਮੌੜ, ਗੁਰਪਿੰਦਰ ਸਿੰਘ ਪਿੰਕੂ ਵੱਲੋਂ ਆਪਣੀ ਸਮੁੱਚੀ ਕਮੇਟੀ ਦੇ ਸਹਿਯੋਗ ਨਾਲ ਲੋਕਾਂ ਵੱਲੋਂ ਦਾਨ ਕੀਤੀ ਗਈ ਮਾਈਆਂ ਨਾਲ 25 ਫੁੱਟ ਚੌੜੀ ਅਤੇ 125 ਫੁੱਟ ਲੰਬੀ ਸਰਾਂ ਉਸਾਰੀ ਕੀਤੀ ਗਈ ਸੀ, ਜਿਸ ਉੱਪਰ ਲੱਗਭੱਗ 27 ਲੱਖ ਰੁਪਏ ਖਰਚ ਆਇਆ ਸੀ, ਪ੍ਰੰਤੂ ਪੰਜਾਬ ਸਰਕਾਰ ਵੱਲੋਂ ਜਿੰਮ ਦਾ ਸਮਾਨ ਭੇਜੇ ਬਿਨਾਂ ਹੀ ਉਸੇ ਸਰਾਂ ਉੱਪਰ ਮੁੱਖ ਮੰਤਰੀ ਪੰਜਾਬ ਜਿੰਮ ਲਿਖ ਦਿੱਤਾ, ਜਿਸ ਦੀ ਹਰ ਵਰਗ ਦੇ ਲੋਕਾਂ ਵਿੱਚ ਚਰਚਾ ਹੈ।ਸੁਖਵਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਮੰਦਿਰ ਬੀਬੜੀਆਂ ਮਾਈਆਂ ਦੀ ਪਹਿਲਾਂ ਵਾਲੀ ਪ੍ਰਬੰਧਕ ਕਮੇਟੀ ਸਰਾਂ ਦੀ ਉਸਾਰੀ ਤੋਂ ਇਲਾਵਾ ਮੰਦਿਰ ਤੇ ਇੰਟਰਲੌਕ ਟਾਇਲ, ਦਫਤਰ, ਬਾਥਰੂਮ, ਲੰਗਰ ਦੇ ਕਮਰਿਆਂ ਦੀਆਂ ਛੱਤਾਂ,ਚੂਰਾਂ ਲਈ ਕਮਰੇ ਤੋਂ ਇਲਾਵਾ ਮੰਦਿਰ ’ਤੇ ਵੱਡਾ ਲੈਂਟਰ ਆਦਿ ਕੰਮ ਕਰਵਾਏ ਗਏ ਸਨ, ਪ੍ਰੰਤੂ ਹੁਣ ਪੰਜਾਬ ਸਰਕਾਰ ਵੱਲੋਂ ਜਿੰਮ ਦਾ ਰੰਗ ਰੋਗਨ ਸਰਾਂ ਉੱਪਰ ਕਰਕੇ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਸੀਨੀਅਰ ਆਗੂ ਜਰਨੈਲ ਸਿੰਘ ਸੇਖੋਂ ਨੇ ਪੰਜਾਬ ਸਰਕਾਰ ਵੱਲੋਂ ਧਾਰਮਿਕ ਸਥਾਨਾਂ ਉੱਪਰ ਆਪਣਾ ਕੀਤਾ ਜਾ ਰਿਹਾ ਰੰਗ ਰੋਗਨ ਕਰਨ ਦੀ ਨਿੰਦਾ ਕਰਦਿਆਂ ਕਿਹਾ ਕਿ ਮੌਜੂਦਾ ਪ੍ਰਬੰਧਕ ਕਮੇਟੀ ਅਤੇ ਗ੍ਰਾਮ ਪੰਚਾਇਤ ਸਹਿਣਾ ਨੂੰ ਸਖ਼ਤ ਸਟੈਂਡ ਲੈਣਾ ਚਾਹੀਦਾ ਕਿ ਧਾਰਮਿਕ ਅਸਥਾਨਾਂ ਉੱਪਰ ਕਿਸੇ ਵੀ ਪਾਰਟੀ ਦਾ ਕੋਈ ਰੰਗ ਰੋਗਨ ਜਾ ਝੰਡਾ ਨਹੀਂ ਲੱਗਦਾ ਚਾਹੀਦਾ।ਅਸ਼ੋਕ ਕੁਮਾਰ ਭਗਰੀਆ ਨੇ ਕਿਹਾ ਕਿ ਧਾਰਮਿਕ ਅਸਥਾਨਾਂ ਨੂੰ ਸਿਆਸੀ ਰੰਗਤ ਦੇ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਪਿੰਡਾਂ ਦੀ ਭਾਈਚਾਰਕ ਸਾਂਝ ਖ਼ਤਮ ਕਰਨਾ ਚਾਹੁੰਦੀ ਹੈ, ਜਿਸ ਨੂੰ ਅਮਨ ਪਸੰਦ ਅਤੇ ਆਮ ਨਾਗਰਿਕ ਕਿਸੇ ਵੀ ਕੀਮਤ ’ਤੇ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਮੰਦਿਰ ਦੀ ਸਰਾਂ ਉੱਪਰ ਕੀਤਾ ਗਿਆ ਰੰਗ ਤੁਰੰਤ ਉਤਾਰਿਆ ਜਾਵੇ, ਨਹੀਂ ਤਾਂ ਪਿੰਡ ਵਾਸੀ ਕੋਈ ਸਖਤ ਸਟੈਂਡ ਲੈਣ ਲਈ ਲਈ ਮਜਬੂਰ ਹੋਣਗੇ।

# ਐਸ.ਪੀ. (ਡੀ) ਅਸ਼ੋਕ ਸ਼ਰਮਾ ਦੀ ਅਗਵਾਈ ਹੇਠ ਪੁਲਿਸ ਵੱਲੋਂ ਚੈਕਿੰਗ



ਤਪਾ ਮੰਡੀ, 4 ਜੂਨ (ਰਾਜੂ ਮਹਿਰਾ): ਇਲਾਕੇ ਅੰਦਰ ਅਮਨ ਸ਼ਾਂਤੀ ਅਤੇ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਬਣਾਈ ਰੱਖਣ ਲਈ ਜ਼ਿਲ੍ਹਾ ਪੁਲਿਸ ਮੁਖੀ ਬਰਨਾਲਾ ਮੁਹੰਮਦ ਸਰਫ਼ਰਾਜ਼ ਆਲਮ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਐਸ. ਪੀ (ਡੀ) ਅਸ਼ੋਕ ਸ਼ਰਮਾ ਦੀ ਯੋਗ ਅਗਵਾਈ ਹੇਠ ਪੁਲਿਸ ਨੇ ਹਾਈਟੈੱਕ ਨਾਕੇ ’ਤੇ ਵਿਸ਼ੇਸ਼ ਨਾਕਾਬੰਦੀ ਕਰ ਕੇ ਵਾਹਨਾਂ ਦੀ ਚੈਕਿੰਗ ਕੀਤੀ।ਨਾਕੇ ਦੌਰਾਨ ਮੌਕੇ ’ਤੇ ਮੌਜੂਦ ਐਸ. ਪੀ (ਡੀ) ਅਸ਼ੋਕ ਸ਼ਰਮਾ ਨੇ ਕਿਹਾ ਕਿ ਇਸ ਨਾਕਾਬੰਦੀ ਦਾ ਮੁੱਖ ਮਕਸਦ ਸਮਾਜ ਵਿਰੋਧੀ ਅਨਸਰਾਂ ਨੂੰ ਠੱਲ੍ਹ ਪਾਉਣਾ ਹੈ, ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਿਆ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਇਲਾਕੇ ਅੰਦਰ ਮਾੜੇ ਅਨਸਰਾਂ ਲਈ ਕੋਈ ਵੀ ਜਗ੍ਹਾ ਨਹੀਂ ਹੈ, ਸ਼ਾਂਤੀ ਭੰਗ ਕਰਨ ਵਾਲੇ ਅਨਸਰਾਂ ਨਾਲ ਪੁਲਿਸ ਸਖ਼ਤੀ ਨਾਲ ਨਜਿੱਠੇਗੀ।ਇਸ ਦੌਰਾਨ ਪੁਲਿਸ ਵੱਲੋਂ ਆਉਣ ਜਾਣ ਵਾਲੇ ਵਾਹਨਾਂ ਦੀ ਬਰੀਕੀ ਨਾਲ ਚੈਕਿੰਗ ਵੀ ਕੀਤੀ ਗਈ। ਪੁਲਿਸ ਵੱਲੋਂ ਇਹ ਕਦਮ ਇਸ ਉਦੇਸ਼ ਨਾਲ ਚੁੱਕਿਆ ਹੈ ਕਿ ਕਾਨੂੰਨ ਵਿਵਸਥਾ ਵਿਚ ਕੋਈ ਢਿੱਲ ਨਾ ਹੋਵੇ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਤੁਰੰਤ ਰੋਕਿਆ ਜਾ ਸਕੇ। ਇਸ ਮੌਕੇ ਡੀ.ਐਸ.ਪੀ ਤਪਾ ਜਸਕਰਨ ਸਿੰਘ ਬਰਾੜ, ਥਾਣਾ ਮੁਖੀ ਮੈਡਮ ਇੰਸਪੈਕਟਰ ਨਵਦੀਪ ਕੌਰ ਚਾਹਲ, ਸਿਟੀ ਇੰਚਾਰਜ ਬਲਜੀਤ ਸਿੰਘ ਢਿੱਲੋਂ, ਸਹਾਇਕ ਥਾਣੇਦਾਰ ਹਰਵਿੰਦਰ ਪਾਲ ਸਿੰਘ, ਥਾਣੇਦਾਰ ਸਤਨਾਮ ਸਿੰਘ ਰੀਡਰ ਡੀ.ਐਸ.ਪੀ ਤਪਾ ਆਦਿ ਪੁਲਿਸ ਮੁਲਾਜ਼ਮ ਮੌਜੂਦ ਸਨ।

# ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵੱਲੋਂ ਸਿਖਲਾਈ ਕੋਰਸ

## ਸੂਰ ਪਾਲਣ ਸਿਖਲਾਈ ਨਾਲ ਸਵੈ-ਰੁਜ਼ਗਾਰ ਦੇ ਨਵੇਂ ਰਾਹ ਖੁੱਲ੍ਹੇ : ਡਾ. ਗੁਰਦੀਪ ਸਿੰਘ ਸਿੱਧੂ



ਬਠਿੰਡਾ, 4 ਜੂਨ (ਇੰਦਰਪਾਲ ਬਾਂਸਲ) : ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਵਿਖੇ ਪੇਂਡੂ ਨੌਜਵਾਨਾਂ, ਕਿਸਾਨਾਂ ਅਤੇ ਕਿਸਾਨ ਬੀਬੀਆਂ ਲਈ 29 ਮਈ 04 ਜੂਨ ਤੱਕ ਪੰਜ ਦਿਨਾਂ ਦਾ ਹੁਨਰ ਵਿਕਾਸ ਸਿਖਲਾਈ ਕੋਰਸ ਡਾ. ਗੁਰਦੀਪ ਸਿੰਘ ਸਿੱਧੂ, ਉਪ ਨਿਰਦੇਸ਼ਕ (ਸਿਖਲਾਈ) ਦੀ ਅਗਵਾਈ ਹੇਠ ਲਗਾਇਆ ਗਿਆ।

ਇਸ ਸਿਖਲਾਈ ਕੋਰਸ ਦੌਰਾਨ ਜ਼ਿਲ੍ਹੇ ਦੇ ਕੁੱਲ 14 ਸਿੱਖਿਆਰਥੀਆਂ ਨੇ ਭਾਗ ਲਿਆ। ਜਿਨ੍ਹਾਂ ਵਿਚ ਪੰਜ ਔਰਤਾਂ ਵੀ ਸ਼ਾਮਿਲ ਸਨ। ਇਸ ਮੌਕੇ ਡਾ. ਗੁਰਦੀਪ ਸਿੰਘ ਸਿੱਧੂ ਨੇ ਨੌਜਵਾਨਾਂ ਨੂੰ ਸੂਰ ਪਾਲਣ ਦੇ ਕਿੱਤੇ ਨੂੰ ਵਿਗਿਆਨਕ ਢੰਗ ਨਾਲ ਕਰਨ ਅਤੇ ਵਾਪਾਰਕ ਪੱਧਰ ’ਤੇ ਅਪਣਾਉਣ ਲਈ ਪ੍ਰੇਰਿਤ ਕੀਤਾ। ਉਹਨਾਂ ਨੇ ਸਿੱਖਿਆਰਥੀਆਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਸੇਵਾਵਾਂ ਅਤੇ ਉਦੇਸ਼ ਬਾਰੇ ਜਾਣਕਾਰੀ ਦਿੱਤੀ। ਉਹਨਾਂ ਨੇ ਉੱਦਮੀ ਕਿਸਾਨਾਂ ਦੀਆਂ ਉਦਾਹਰਣਾਂ ਦੇ ਕਿ ਸਿੱਖਿਆਰਥੀਆਂ ਦਾ ਮਨੋਬਲ ਵਧਾਇਆ।

ਇਸ ਦੌਰਾਨ ਡਾ. ਗੁਰਲਾਲ ਸਿੰਘ ਗਿੱਲ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਨੇ ਸੂਰਾਂ ਦੀਆਂ ਵੱਖ-ਵੱਖ ਪ੍ਰਜਾਤੀਆਂ ਦੀ ਵਿਗਿਆਨਕ ਢੰਗ ਨਾਲ ਸਾਂਭ-ਸੰਭਾਲ ਕਰਨ ਦੇ ਨੁਕਤੇ ਦੱਸੇ। ਉਹਨਾਂ ਦੱਸਿਆ ਕਿ ਸੂਰ ਪਾਲਣ ਦੇ ਕਿੱਤੇ ਨੂੰ ਲਾਹੇਵੰਦ ਬਣਾਉਣ ਲਈ ਚੰਗੀ ਨਸਲ ਦੇ ਪਸ਼ੂ, ਸਸਤੀ ਅਤੇ ਸੰਤੁਲਿਤ ਖੁਰਾਕ ਅਤੇ ਬਿਮਾਰੀਆਂ ਤੋਂ ਬਚਾਅ ਬਹੁਤ ਜ਼ਰੂਰੀ ਹੈ। ਇਸ ਤੋਂ ਇਲਾਵਾ ਹੇਹਾ ਚੱਕਰ, ਪ੍ਰਜਨਨ ਕਿਰਿਆ ਅਤੇ ਗਰਭਕਾਲ ਦੌਰਾਨ ਰੱਖਣ ਵਾਲੀਆਂ ਸਾਵਧਾਨੀਆਂ, ਮੌਸਮੀ ਪ੍ਰਬੰਧਨ, ਟੀਕਾਕਰਨ, ਬਿਮਾਰੀਆਂ ਅਤੇ ਉਨ੍ਹਾਂ ਦੀ ਰੋਕਥਾਮ ਬਾਰੇ ਵੀ ਜਾਣਕਾਰੀ ਦਿਤੀ ਗਈ। ਉਨ੍ਹਾਂ ਨੇ ਦੱਸਿਆ ਕਿ ਸਿਧਾਂਤਕ ਗਿਆਨ ਤੋਂ ਇਲਾਵਾ ਸੂਰਾਂ ਨੂੰ ਸੰਭਾਲਣ ਬਾਰੇ ਵਿਹਾਰਕ ਸਿਖਲਾਈ, ਤਾਪਮਾਨ ਨੂੰ ਮਾਪਣ, ਤੰਦਰੁਸਤ ਜਾਨਵਰਾਂ ਦੀ ਪਛਾਣ ਅਤੇ ਖੁਰਲੀ ਬਾਰੇ ਜਾਣਕਾਰੀ ਵੀ ਸਿੱਖਿਆਰਥੀਆਂ ਨੂੰ ਪ੍ਰਦਾਨ ਕੀਤੀ ਗਈ।

ਇਸ ਸਿਖਲਾਈ ਕੋਰਸ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਵੱਖ-ਵੱਖ ਵਿਸ਼ਿਆਂ ਦੇ ਮਾਹਿਰਾਂ ਦਾ ਸਹਿਯੋਗ ਲਿਆ ਗਿਆ, ਜਿਸ ਵਿੱਚ ਵੈਟਰਨਰੀ ਅਫ਼ਸਰ, ਪਸ਼ੂ ਵਿਗਿਆਨ ਵਿਭਾਗ, ਬਠਿੰਡਾ ਨੇ ਆਪਣੇ ਲੈਕਚਰ ਵਿੱਚ ਸੂਰਾਂ ਲਈ ਅਰਾਮਦਾਇਕ ਸ਼ੈੱਡ ਦੀ ਬਣਾਵਟ, ਕਿਸਮਾਂ ਅਤੇ ਸੂਰੀਆਂ ਦੇ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ। ਉਹਨਾਂ ਨੇ ਸੂਰ ਪਾਲਣ ਵਿੱਚ ਟੀਕਾਕਰਨ ਅਤੇ ਮਲੱਪ ਰਹਿਤ ਕਰਨ ਦੀ ਮਹੱਤਤਾ ‘ਤੇ ਜ਼ੋਰ ਦਿੱਤਾ।

ਅੰਤ ਵਿੱਚ ਸਿਖਲਾਈ ਕੈਂਪ ਦੌਰਾਨ ਲੀਡ ਬੈਂਕ ਤੋਂ ਸ਼੍ਰੀ ਮਨਦੀਪ ਸਿੰਘ ਨੇ ਬੈਂਕ ਲੋਨ ਸਬੰਧੀ ਸਕੀਮਾਂ ਬਾਰੇ ਸਿੱਖਿਆਰਥੀਆਂ ਨੂੰ ਜਾਣੂੰ ਕਰਵਾਇਆ।

# ਖੇਡਾਂ, ਵਿਗਿਆਨ, ਕਲਾ ਤੇ ਸਮਾਜ ਸੇਵਾ ਵਿੱਚ ਯੋਗਦਾਨ ਪਾਉਣ ਵਾਲੇ ਬੱਚਿਆਂ ਲਈ ਸੁਨਹਿਰੀ ਮੌਕਾ

ਬਰਨਾਲਾ, 4 ਜੂਨ (ਬਘੇਲ ਸਿੰਘ ਧਾਲੀਵਾਲ) : ਭਾਰਤ ਸਰਕਾਰ, ਇਸਤਰੀ ਅਤੇ ਬਾਲ ਵਿਕਾਸ ਮੰਤਰਾਲੇ, ਨਵੀਂ ਦਿੱਲੀ ਵੱਲੋਂ ਦੇਸ਼ ਵਿੱਚ ਹੋਣਹਾਰ ਬੱਚਿਆਂ ਨੂੰ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਸਨਮਾਨਿਤ ਕੀਤਾ ਜਾਣਾ ਹੈ। ਇਸ ਸਨਮਾਨ ਲਈ 6 ਤੋਂ 18 ਸਾਲ ਦੇ ਬੱਚੇ ਅਪਲਾਈ ਕਰ ਸਕਦੇ ਹਨ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਇਹ ਪੁਰਸਕਾਰ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਣਾ ਹੈ, ਜਿਨ੍ਹਾਂ ਨੇ ਬਹਾਦਰੀ ਨਾਲ ਦੂਜਿਆਂ ਲਈ ਕੰਮ ਕੀਤੇ ਹਨ, ਛੋਟੇ ਬੱਚਿਆਂ ਲਈ ਰੋਲ ਮਾਡਲ ਹਨ ਜਾਂ ਖੇਡਾਂ ਦੇ ਖੇਤਰਾਂ ਵਿੱਚ, ਸਮਾਜ ਸੇਵਾ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ ਅਤੇ ਕਲਾ ’ਤੇ ਯੋਗਦਾਨ ਪਾਇਆ ਹੈ। ਇਸ ਐਵਾਰਡ ਲਈ ਕੋਈ ਵੀ ਬੱਚਾ, ਜੋ ਕਿ ਇਕ ਭਾਰਤ ਦਾ ਨਾਗਰਿਕ ਹੈ ਅਤੇ 6 ਤੋਂ 18 ਸਾਲ ਦੀ ਉਮਰ ਦਾ ਹੈ ਉਹ ਅਪਲਾਈ ਕਰਨ ਦੇ ਯੋਗ ਹੈ।

# ਵਿਸ਼ਵ ਵਾਤਾਵਰਨ ਦਿਵਸ ਮੌਕੇ ਵਾਤਾਵਰਨ ਪ੍ਰੇਮੀਆਂ ਵੱਲੋਂ ‘ਵਾਤਾਵਰਨ ਬਚਾਓ ਪੰਜਾਬ ਬਚਾਓ’ ਦਾ ਸੱਦਾ



ਬਰਨਾਲਾ, 4 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਵਿਸ਼ਵ ਵਾਤਾਵਰਣ ਦਿਵਸ ਹਰ ਸਾਲ 5 ਜੂਨ ਨੂੰ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਮਨਾਉਣ ਦਾ ਉਦੇਸ਼ ਲੋਕਾਂ ਨੂੰ ਵਾਤਾਵਰਣ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ, ਪ੍ਰਦੂਸ਼ਨ ਘਟਾਉਣਾ ਅਤੇ ਕੁਦਰਤ ਦੀ ਰੱਖਿਆ ਲਈ ਠੋਸ ਕਦਮ ਚੁੱਕਣ ਲਈ ਪ੍ਰੇਰਿਤ ਕਰਨਾ ਹੈ। ਇਸ ਮੌਕੇ ਵਾਤਾਵਰਣ ਪ੍ਰੇਮੀ ਮਹਿੰਦਰ ਪਾਲ ਗਰਗ ਨੇ ਕਿਹਾ ਕਿ ਪਲਾਸਟਿਕ ਦੀ ਵਰਤੋਂ ਵਾਤਾਵਰਣ ਅਤੇ ਮਨੁੱਖੀ ਸਿਹਤ ਲਈ ਬਹੁਤ ਘਾਤਕ ਹੈ। ਇਹ ਨਾ ਸਿਰਫ਼ ਕੁਦਰਤੀ ਵਾਤਾਵਰਣ ਨੂੰ ਤਬਾਹ ਕਰਦੀ ਹੈ, ਸਗੋਂ ਕਈ ਗੰਭੀਰ ਬਿਮਾਰੀਆਂ ਦਾ ਕਾਰਨ ਵੀ ਬਣ ਰਹੀ ਹੈ । ਇਸ ਦੌਰਾਨ ਬਲਵਿੰਦਰ ਸਿੰਘ ਪਨੇਸਰ ਨੇ ਬੋਲਦਿਆਂ ਕਿਹਾ ਕਿ ਪਲਾਸਟਿਕ ਨੂੰ ਸਾੜਨ ਨਾਲ ਜ਼ਹਿਰੀਲੀਆਂ ਗੈਸਾਂ ਪੈਦਾ ਹੁੰਦੀਆਂ ਹਨ, ਜੋ ਸਾਹ ਪ੍ਰਣਾਲੀ ਅਤੇ ਕੈਂਸਰ ਵਰਗੀਆਂ ਗੰਭੀਰ ਬਿਮਾਰੀਆਂ ਫੈਲਣ ਲਈ ਜ਼ਿੰਮੇਵਾਰ ਹਨ। ਇਸ ਮੌਕੇ ਸਮਾਜ ਸੇਵੀ ਕੇਵਲ ਸਿੰਘ ਵੀਨਸ ਨੇ ਕਿਹਾ ਕਿ ਪਲਾਸਟਿਕ ਦੇ ਦੀ ਵਰਤੋਂ ਜੀਵ-ਜੰਤੂਆਂ ਲਈ ਘਾਤਕ ਹੈ । ਅਵਾਰਾ ਪਸ਼ੂ ਅਤੇ ਸਮੁੰਦਰੀ ਜੀਵ ਪਲਾਸਟਿਕ ਦੇ ਲਿਫਾਫੇ ਖਾ ਜਾਂਦੇ ਹਨ, ਜਿਸ ਨਾਲ ਉਨ੍ਹਾਂ ਦੀਆਂ ਅੰਤੜੀਆਂ ਬਲਾਕ ਹੋ ਜਾਂਦੀਆਂ ਹਨ ਅਤੇ ਦਮ ਘੁੱਟਣ ਨਾਲ ਮੌਤ ਹੋ ਜਾਂਦੀ ਹੈ। ਸਮਾਜ ਸੇਵੀ ਕੇਵਲ ਕ੍ਰਿਸ਼ਨ ਗਰਗ ਨੇ ਕਿਹਾ ਹੈ ਕਿ ਪਲਾਸਟਿਕ ਦੀ ਵਰਤੋਂ ਨਾਲ ਮਿੱਟੀ ਦੀ ਉਪਜਾਊ ਸ਼ਕਤੀ ’ਤੇ ਮਾੜਾ ਅਸਰ ਪੈਂਦਾ ਹੈ। ਸਮਾਜ ਸੇਵੀ ਕੁਲਦੀਪ ਸ਼ਰਮਾ ਐਮ ਡੀ ਹੋਰਾਈਜਨ ਪਬਲਿਕ ਸਕੂਲ ਬਰਨਾਲਾ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਪਲਾਸਟਿਕ ਦੇ ਲਿਫ਼ਾਫ਼ੇ ਸੀਵਰੇਜ ਜਾਮ ਦੀ ਸਮੱਸਿਆ ਪੈਦਾ ਕਰਦੇ ਹਨ। ਸਿੰਗਲ-ਯੂਜ਼ (ਇਕ ਵਾਰ ਵਰਤੋਂ ਵਾਲੇ) ਪਲਾਸਟਿਕ ਨਾਲ ਸੀਵਰੇਜ ਬੰਦ ਹੋ ਜਾਂਦੇ ਹਨ, ਜਿਸ ਨਾਲ ਬਰਸਾਤਾਂ ਵਿੱਚ ਪਾਣੀ ਭਰਨ (ਹੜ੍ਹ ਵਰਗੀ ਸਥਿਤੀ) ਦੀ ਪੈਦਾ ਹੁੰਦੀ ਹੈ। ਵਾਤਾਵਰਣ ਪ੍ਰੇਮੀ ਕੁਲਦੀਪ ਸਿੰਘ ਸੰਧੂ (ਗੁੱਗ) ਨੇ ਕਿਹਾ ਕਿ ਪਲਾਸਟਿਕ ਦੀ ਵਰਤੋਂ ਨਾਲ ਹਮੇਸ਼ਾ ਮਾਈਕ੍ਰੋਪਲਾਸਟਿਕਸ ਦਾ ਖ਼ਤਰਾ ਬਣਿਆ ਰਹਿੰਦਾ ਹੈ। ਸੂਰਜ ਦੀ ਰੌਸ਼ਨੀ ਅਤੇ ਪਾਣੀ ਕਾਰਨ ਪਲਾਸਟਿਕ ਟੁੱਟ ਕੇ ਬਹੁਤ ਛੋਟੇ ਕਣਾਂ (ਮਾਈਕ੍ਰੋਪਲਾਸਟਿਕਸ) ਵਿੱਚ ਬਦਲ ਜਾਂਦਾ ਹੈ, ਜੋ ਭੋਜਨ ਅਤੇ ਪਾਣੀ ਰਾਹੀਂ ਮਨੁੱਖੀ ਸਰੀਰ ਵਿੱਚ ਦਾਖਲ ਹੋ ਕੇ ਅੰਦਰੂਨੀ ਅੰਗਾਂ ਨੂੰ ਨੁਕਸਾਨ ਪਹੁੰਚਾਉਂਦੇ ਹਨ। ਪਲਾਸਟਿਕ ਪ੍ਰਦੂਸ਼ਨ ਨੂੰ ਘਟਾਉਣ ਲਈ ਕੱਪੜੇ ਜਾਂ ਜੂਟ ਦੇ ਥੈਲਿਆਂ ਦੀ ਵੱਧ ਤੋਂ ਵੱਧ ਤੋਂ ਵੱਧ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਵਾਤਾਵਰਣ ਪ੍ਰਦੂਸ਼ਨ ਦੇ ਖਾਤਮੇ ਲਈ ਵੱਧ ਤੋਂ ਵੱਧ ਬੂਟੇ ਲਗਾਉਣ, ਪਲਾਸਟਿਕ ਦੀ ਵਰਤੋਂ ਘਟਾਉਣ, ਪਾਣੀ ਅਤੇ ਊਰਜਾ ਦੀ ਬੱਚਤ ਕਰਨ ਅਤੇ ਜੀਵ ਜੰਤੂਆਂ ਦੀ ਸਾਂਭ ਸੰਭਾਲ ਕਰਨ ਦਾ ਸੱਦਾ ਦਿੱਤਾ।

# ਰੇਲਵੇ ਫਾਟਕਾਂ ’ਤੇ ਡਿਊਟੀ ਕਰ ਰਹੇ ਸਾਬਕਾ ਫ਼ੌਜੀਆਂ ਨੇ ਸਿੱਧੂ ਨਾਲ ਕੀਤੀ ਮੀਟਿੰਗ ਅਤੇ ਦੱਸੀਆਂ ਸਮੱਸਿਆਵਾਂ : ਸੇਖੋਂ

ਬਰਨਾਲਾ, 4 ਜੂਨ (ਹਮੀਰ ਸਿੰਘ) : ਰੇਲਵੇ ਫਾਟਕਾਂ ’ਤੇ ਡਿਊਟੀ ਕਰ ਰਹੇ ਸਾਬਕਾ ਫੌਜੀਆਂ ਨੇ ਇਕ ਹੰਗਾਮੀ ਮੀਟਿੰਗ ਰਜਵਾੜਾ ਢਾਬਾ ਵਿਖੇ ਕੀਤੀ, ਜਿਸ ਵਿੱਚ ਭਾਜਪਾ ਹਲਕਾ ਇੰਚਾਰਜ ਭਦੌੜ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਵਿਸੇਸ ਤੌਰ ’ਤੇ ਸ਼ਾਮਲ ਹੋਏ। ਇਹ ਜਾਣਕਾਰੀ ਪ੍ਰੈਸ ਦੇ ਨਾਂ ਜਾਰੀ ਵਾਰੰਟ ਅਫ਼ਸਰ ਸਮਸ਼ੇਰ ਸਿੰਘ ਸੇਖੋਂ ਨੇ ਕੀਤੀ। ਇਸ ਮੀਟਿੰਗ ਵਿੱਚ ਗੇਟਮੈਨਾਂ ਨੂੰ ਆ ਰਹੀਆਂ ਮੁਸ਼ਕਲਾ ਤੋਂ ਕੈਪਟਨ ਸਿੱਧੂ ਨੂੰ ਹੌਲਦਾਰ ਰਘਵੀਰ ਸਿੰਘ ਅਤੇ ਹੌਲਦਾਰ ਗੁਰਬਖਸ਼ੀਸ਼ ਸਿੰਘ ਨੇ ਜਾਣੂੰ ਕਰਵਾਇਆ। ਮੁੱਖ ਤੌਰ ’ਤੇ ਉਹਨਾਂ ਦੱਸਿਆ ਕਿ ਸਰਕਾਰ ਵੱਲੋਂ ਦਿੱਤੀ ਜਾ ਰਹੀ ਤਨਖਾਹ ਵਿੱਚੋਂ ਕਿਵੇਂ ਵਿਚੋਲੇ ਅੱਧੀ ਤਨਖਾਹ ਹੜੱਪ ਰਹੇ ਹਨ ਅਤੇ ਹੋਰ ਬਹੁਤ ਸਾਰੀਆਂ ਉਹਨਾਂ ਨੂੰ ਆ ਰਹੀਆਂ ਸਮੱਸਿਆਵਾਂ ਬਾਬਤ ਸਿੱਧੂ ਨੂੰ ਜਾਣੂੰ ਕਰਵਾਇਆ। ਸਿੱਧੂ ਨੇ ਹਾਜ਼ਰੀਨ ਨੂੰ ਸਬੋਧਨ ਕਰਦਿਆਂ ਕਿਹਾ ਕੇ ਸਮੁੱਚੇ ਫੌਜੀ ਵਰਗ ਨੂੰ ਇਕੱਠੇ ਹੋਣ ਦੀ ਲੋੜ ਹੈ। ਅੱਜ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨ ਵਾਲਾ ਜਵਾਨ ਅਤੇ ਦੇਸ਼ ਲਈ ਆਪਣੇ ਜੀਵਨ ਦੇ ਸੁਨਹਿਰੇ ਪਲ ਕੁਰਬਾਨ ਕਰਨ ਵਾਲੇ ਫੌਜੀ ਵੀਰਾਂ ਨੂੰ ਹਰ ਇਕ ਮੋੜ ’ਤੇ ਖੱਜਲ ਖੁਆਰ ਹੋਣ ਲਈ ਮਜਬੂਰ ਕੀਤਾ ਜਾਂਦਾ ਹੈ। ਜੇਕਰ ਫੌਜੀ ਵਰਗ ਲਾਮਬੰਦ ਨਾ ਹੋਇਆ ਤਾਂ ਇਹ ਖੱਜਲ ਖੁਆਰੀ ਲਗਾਤਾਰ ਚੱਲਦੀ ਰਹੇਗੀ।ਉਹਨਾਂ ਸਮੂਹ ਗੇਟਮੈਨਾਂ ਨੂੰ ਭਰੋਸਾ ਦਿੱਤਾ ਕਿ ਤੁਹਾਡੀਆਂ ਸਮੂਹ ਸਮੱਸਿਆਵਾਂ ਸਬੰਧਤ ਡਿਪਾਰਟਮੈਂਟ ਕੋਲ ਉਠਾ ਕੇ ਹੱਲ ਕਰਵਾਉਣ ਦੀ ਪੂਰੀ ਪੂਰੀ ਕੋਸ਼ਿਸ ਕਰਾਂਗਾ। ਇਸ ਮੌਕੇ ਹੌਲਦਾਰ ਰਣਜੀਤ ਸਿੰਘ, ਹੌਲਦਾਰ ਬਸੰਤ ਸਿੰਘ ਉੱਗੋਕੇ, ਸੂਬੇਦਾਰ ਕੁਲਦੀਪ ਸਿੰਘ, ਹੌਲਦਾਰ ਗੋਬਿੰਦ ਰਾਮ ਅਤੇ ਸੈਂਕੜੇ ਸਾਬਕਾ ਸੈਨਿਕ ਹਾਜ਼ਰ ਸਨ।

# ਉੱਘੇ ਕਾਲਮ ਨਵੀਸ, ਸਿੱਖਿਆ ਸ਼ਾਸਤਰੀ ਸਵਰਨ ਭੰਗੂ ਦੀ ਮੌਤ ’ਤੇ ਦੁੱਖ ਦਾ ਪ੍ਰਗਟਾਵਾ



ਬਰਨਾਲਾ, 4 ਜੂਨ (ਹਮੀਰ ਸਿੰਘ) : ਬੇਪਨਾਹ ਮੁਹੱਬਤ ਅਤੇ ਸਾਦਗੀ ਦੇ ਮੁਜੱਸਮੇ, ਲੋਕ ਸਰੋਕਾਰਾਂ ਨੂੰ ਪ੍ਰਣਾਏ, ਸਾਥੀ ਸਵਰਨ ਭੰਗੂ ਦਾ ਦਰਦਨਾਕ ਵਿਛੋੜਾ ਅਸਹਿ ਵੀ ਅਤੇ ਅਕਹਿ ਵੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਇਨਕਲਾਬੀ ਕੇਂਦਰ ਪੰਜਾਬ ਦੇ ਪ੍ਰਧਾਨ ਸਾਥੀ ਨਰਾਇਣ ਦੱਤ ਅਤੇ ਜਨਰਲ ਸਕੱਤਰ ਕੰਵਲਜੀਤ ਖੰਨਾ, ਲਾਲ ਪਰਚਮ ਦੇ ਸੰਪਾਦਕ ਮੁਖਤਿਆਰ ਪੂਹਲਾ, ਭਾਕਿਯੂ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ, ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ, ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਸਾਬਕਾ ਸੂਬਾ ਆਗੂ ਗੁਰਮੀਤ ਸਿੰਘ ਸੁਖਪੁਰਾ, ਜਮਹੂਰੀ ਅਧਿਕਾਰ ਸਭਾ ਪੰਜਾਬ ਦੇ ਆਗੂ ਹਰਚਰਨ ਸਿੰਘ ਚਹਿਲ, ਬਿੱਕਰ ਸਿੰਘ ਔਲਖ, ਪਰਮਜੀਤ ਕੌਰ ਜੋਧਪੁਰ, ਗੁਰਮੇਲ ਸਿੰਘ ਠੁੱਲੀਵਾਲ, ਟੈਕਨੀਕਲ ਸਰਵਿਸਿਜ਼ ਯੂਨੀਅਨ ਰਜਿ ਦੇ ਸੂਬਾ ਆਗੂ ਸਤਿੰਦਰਪਾਲ ਸਿੰਘ ਜੱਸੜ, ਕੁਲਵੀਰ ਸਿੰਘ ਔਲਖ, ਪਾਵਰਕੌਮ ਪੈਨਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਆਗੂ ਸਿੰਦਰ ਧੌਲਾ, ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ, ਬਲਵੰਤ ਸਿੰਘ ਬਰਨਾਲਾ, ਕਹਾਣੀਕਾਰ ਪਵਨ ਪਰਿੰਦਾ, ਡੀਟੀਐਫ ਦੇ ਆਗੂਆਂ ਰਾਜੀਵ ਕੁਮਾਰ, ਨਿਰਮਲ ਸਿੰਘ ਚੁਹਾਣਕੇ, ਪੱਤਰਕਾਰ ਪਰਸ਼ੋਤਮ ਬੱਲੀ, ਹਰਿੰਦਰ ਬੱਲੀ, ਲਖਵੀਰ ਸਿੰਘ ਚੀਮਾ, ਗੁਰਪ੍ਰੀਤ ਲਾਡੀ, ਬਘੇਲ ਸਿੰਘ ਧਾਲੀਵਾਲ ਆਦਿ ਨੇ ਕਿਹਾ ਕਿ ਵਿਗਿਆਨਕ ਨਜ਼ਰੀਏ ਦੇ ਧਾਰਨੀ ਸਮਾਜਿਕ ਸਰੋਕਾਰਾਂ ਨੂੰ ਸਮਰਪਿਤ ਬਹੁਤ ਹੀ ਜ਼ਹੀਨ ਇਨਸਾਨ ਸਵਰਨ ਭੰਗੂ ਦਾ ਬੇਵਕਤ ਹੱਥਾਂ ਵਿੱਚੋਂ ਤਿਲਕ ਜਾਣ ਵਾਂਗ ਸਦਾ ਲਈ ਤੁਰ ਜਾਣਾ ਕਿਸੇ ਬਿੱਜ ਤੋਂ ਘੱਟ ਨਹੀਂ। ਵਗਦੇ ਪਾਣੀ ਜਿਹੇ ਨਿਰਮਲ, ਹਮੇਸ਼ਾ ਕੁੱਝ ਨਾ ਕੁੱਝ ਸਾਰਥਕ ਕਰਨ ਵਿੱਚ ਮਸ਼ਰੂਫ ਸਿੱਖਿਆ ਨੂੰ ਸਮਰਪਿਤ ਇਨਸਾਨ ਦਾ ਇੰਝ ਅਛੋਪਲੇ ਵਿਦਾ ਹੋਣਾ ਉਹ ਖੱਪਾ ਹੈ ਜਿਸਨੂੰ ਪੂਰਦਿਆਂ ਦਹਾਕੇ ਵੀ ਲੱਗ ਜਾਣ ਸ਼ਾਇਦ ਤਾਂ ਵੀ ਨਾ ਪੂਰਿਆ ਜਾ ਸਕੇ। ਹਾਸਲ ਹੋਈ ਜਾਣਕਾਰੀ ਅਨੁਸਾਰ ਸਵਰਨ ਭੰਗੂ ਸਵੇਰੇ ਸਾਈਕਲ ਸੈਰ ਲਈ ਨਿਕਲੇ ਤਾਂ ਸੀਵਰੇਜ ਖੁੱਲ੍ਹੇ ਦੇ ਗਟਰ ਵਿੱਚ ਡਿੱਗ ਪਏ। 2 ਘੰਟੇ ਤੋਂ ਵੀ ਵੱਧ ਸਮੇਂ ਦੀ ਪੜਤਾਲ ਤੋਂ ਬਾਅਦ ਸਾਥੀ ਸਵਰਨ ਭੰਗੂ ਹੋਰਾਂ ਦੇ ਸੀਵਰੇਜ ਦੇ ਗਟਰ ਵਿੱਚ ਡਿੱਗਣ ਬਾਰੇ ਜਾਣਕਾਰੀ ਮਿਲੀ। ਉਸ ਸਮੇਂ ਤੱਕ ਸਾਥੀ ਭੰਗੂ ਦੀ ਮੌਤ ਹੋ ਚੁੱਕੀ ਸੀ। ਇਸ ਤਰ੍ਹਾਂ ਸੀਵਰੇਜ ਦੇ ਖੁੱਲ੍ਹੇ ਪਏ ਗਟਰ ਨੇ ਜ਼ਹੀਨ ਸਿੱਖਿਆ ਸ਼ਾਸਤਰੀ, ਪ੍ਰਸਿੱਧ ਕਾਲਮ ਨਵੀਸ, ਇਨਕਲਾਬੀ ਜਮਹੂਰੀ ਲਹਿਰ ਦੀ ਅਹਿਮ ਸ਼ਖ਼ਸੀਅਤ ਨੂੰ ਉਸੇ ਲੋਕ ਦੋਖੀ ਪ੍ਰਬੰਧ ਨੇ ਸਾਥੀ ਸਵਰਨ ਭੰਗੂ ਨੂੰ ਨਿਗਲ਼ ਲਿਆ, ਜਿਸ ਮਾੜੇ ਲੋਕ ਦੋਖੀ ਪ੍ਰਬੰਧ ਨੂੰ ਬਦਲਣ ਲਈ ਤਾਉਮਰ ਸਾਥੀ ਸਵਰਨ ਭੰਗੂ ਜੂਝਦਾ ਰਿਹਾ। ਅੱਜ ਵੀ ਸਾਥੀ ਸਵਰਨ ਭੰਗੂ ਦੀਆਂ ਲਿਖੀਆਂ ਅਨੇਕਾਂ ਰਚਨਾਵਾਂ/ਲੇਖ ਸਮਾਜ ਲਈ ਅਮੁੱਲ ਸਰਮਾਏ ਦੇ ਰੂਪ ਵਿੱਚ ਮੌਜੂਦ ਹਨ। ਇਸੇ ਹੀ ਤਰ੍ਹਾਂ ਵਿਦੇਸ਼ ਵਿੱਚ ਬੈਠੇ ਸਵਰਨ ਭੰਗੂ ਦੇ ਅਤਿ ਨੇੜਲੇ ਮਿੱਤਰਾਂ ਹਰਚਰਨ ਚੰਨਾ, ਬਲਵਿੰਦਰ ਬਰਨਾਲਾ, ਹਰਨੇਕ ਧਾਲੀਵਾਲ ਨੇ ਸਾਥੀ ਸਵਰਨ ਭੰਗੂ ਦੇ ਇਉਂ ਬੇਵਕਤੀ ਵਿਛੋੜੇ ਮੌਕੇ ਉਨ੍ਹਾਂ ਦੀ ਜੀਵਨ ਸਾਥਣ ਫਿਲਮੀ ਅਦਾਕਾਰਾ ਗੁਰਪ੍ਰੀਤ ਕੌਰ ਭੰਗੂ ਨਾਲ ਡੂੰਘੀ ਸੰਵੇਦਨਾ ਦਾ ਇਜ਼ਹਾਰ ਕੀਤਾ ਹੈ। ਸਾਥੀ ਸਵਰਨ ਭੰਗੂ ਦੇ ਵਿਗਿਆਨਕ ਵਿਚਾਰਧਾਰਾ ਨੂੰ ਪ੍ਰਣਾਏ ਹੋਣ ਕਰਕੇ ਉਨ੍ਹਾਂ ਆਪਣਾ ਮ੍ਰਿਤਕ ਸਰੀਰ ਮੌਤ ਤੋਂ ਬਾਅਦ ਮੈਡੀਕਲ ਖੋਜਾਂ ਲਈ ਪੀਜੀਆਈ ਚੰਡੀਗੜ੍ਹ ਨੂੰ ਭੇਂਟ ਕਰਨ ਦਾ ਫ਼ੈਸਲਾ ਕੀਤਾ ਹੋਇਆ ਸੀ। ਇਸ ਮੁਤਾਬਕ 6 ਜੂਨ ਨੂੰ ਸਾਥੀ ਸਵਰਨ ਭੰਗੂ ਦੇ ਮ੍ਰਿਤਕ ਸਰੀਰ ਨੂੰ ਪੀਜੀਆਈ ਚੰਡੀਗੜ੍ਹ ਲਈ ਪੂਰੇ ਮਾਨ ਸਤਿਕਾਰ ਨਾਲ ਭੇਂਟ ਕੀਤਾ ਜਾਵੇਗਾ।

# ਮਮਤਾ, ਤਿਆਗ ਤੇ ਪਿਆਰ ਦੀ ਮੂਰਤ ਮਾਤਾ ਦਰਸ਼ਨਾ ਦੇਵੀ ਬਾਂਸਲ ਦੀ 13ਵੀਂ ਬਰਸੀ ਮਨਾਈ



ਬਰਨਾਲਾ, 4 ਜੂਨ (ਸੁਖਵਿੰਦਰ ਸਿੰਘ ਭੰਡਾਰੀ): ਮਾਤਾ ਦਰਸ਼ਨਾਂ ਦੇਵੀ ਸੂਲਰ ਘਰਾਟ ਵਾਲਿਆਂ ਦੀ 13ਵੀਂ ਬਰਸੀ ਮੌਕੇ ਬੋਲਦਿਆਂ ਸੰਜੀਵ ਬਾਂਸਲ ਸੂਲਰ ਘਰਾਟ ਵਾਲੇ ਐਮ ਡੀ ਕੋਪਲ ਕੰਪਨੀ ਸਿਆਣੇ ਸੱਚ ਹੀ ਕਹਿੰਦੇ ਨੇ ਕਿ ਮਾਂ ਰੱਬ ਦਾ ਉਹ ਸਰੂਪ ਹੈ। ਮੇਰੀ ਮਾਂ ਦਾ ਸਦੀਵੀ ਵਿਛੋੜਾ ਮੇਰੀ ਜ਼ਿੰਦਗੀ ਦਾ ਉਹ ਸਭ ਤੋਂ ਦਰਦਨਾਕ ਹਾਦਸਾ ਹੈ, ਜਿਸ ਨੇ ਮੇਰੇ ਵਜੂਦ ਨੂੰ ਝੰਜੋੜ ਕੇ ਰੱਖ ਦਿੱਤਾ। ਇਹ ਮੇਰੀ ਜ਼ਿੰਦਗੀ ਦਾ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਜਿਹਨਾਂ ਦੀ ਸ਼ਾਦੀ ਬਾਬੂ ਸ਼ਾਮ ਲਾਲ ਬਾਂਸਲ ਸੂਲਰ ਘਰਾਟ (ਸੰਗਰੂਰ) ਨਾਲ ਹੋਈ ਸੀ। ਮਾਤਾ ਜੀ ਬਹੁਤ ਸਮਝਦਾਰ, ਦਲੇਰ ਅਤੇ ਨੇਕ ਦਿਲ ਔਰਤ ਸਨ। ਉਹਨਾਂ ਦੇ ਦੋਵੇਂ ਬੇਟੇ ਸੰਜੀਵ ਬਾਂਸਲ, ਨਵੀਨ ਬਾਂਸਲ ਅਤੇ ਪੋਤੇ ਹੈਲਿਕ ਬਾਂਸਲ ਦਾ ਨਾਮ ਅੱਜ ਸਮਾਜਿਕ, ਧਾਰਮਿਕ ਅਤੇ ਵਪਾਰਕ ਖੇਤਰ ਵਿੱਚ ਬੜੇ ਸਤਿਕਾਰ ਨਾਲ ਲਿਆ ਜਾਂਦਾ ਹੈ। ਮਾਤਾ ਜੀ ਦੀ ਜ਼ਿੰਦਗੀ ਕੋਈ ਸੌਖੀ ਨਹੀਂ ਸੀ; ਉਹਨਾਂ ਨੇ ਆਪਣੀਆਂ ਅੱਖਾਂ ਸਾਹਮਣੇ ਆਪਣੇ ਜਵਾਨ ਪੁੱਤਰ ਅਰੁਣ ਬਾਂਸਲ (ਕੂਕਾ) ਦਾ ਅਸਹਿ ਵਿਛੋੜਾ ਦੇਖਿਆ। ਇੱਕ ਮਾਂ ਲਈ ਜਵਾਨ ਪੁੱਤ ਦੀ ਲਾਸ਼ ਦੇਖਣ ਤੋਂ ਵੱਡਾ ਕੋਈ ਕਹਿਰ ਨਹੀਂ ਹੁੰਦਾ, ਪਰ ਫਿਰ ਵੀ ਉਹ ਪੱਥਰ ਵਰਗੇ ਜੇਰੇ ਨਾਲ ਰੱਬ ਦੀ ਰਜ਼ਾ ਵਿੱਚ ਰਾਜ਼ੀ ਰਹੇ। ਭਾਵੇਂ ਮਾਤਾ ਜੀ ਅੱਜ ਸਰੀਰਕ ਤੌਰ ’ਤੇ ਇਸ ਸੰਸਾਰ ਵਿੱਚ ਨਹੀਂ ਹਨ, ਪਰ ਮੇਰੀ ਹਰ ਧੜਕਣ, ਮੇਰੇ ਹਰ ਸੰਸਕਾਰ ਵਿੱਚ ਉਹ ਸਾਹ ਲੈ ਰਹੇ ਹਨ। ਅੱਜ ਤੋਂ 13 ਸਾਲ ਪਹਿਲਾਂ ਇੱਕ ਸੰਖੇਪ ਜਿਹੀ ਬਿਮਾਰੀ ਸਾਨੂੰ ਅਜਿਹਾ ਜ਼ਖ਼ਮ ਦੇ ਗਈ, ਜਿਸਦੀ ਕੋਈ ਦਵਾ ਨਹੀਂ। ਅੱਜ ਬਾਂਸਲ ਪਰਿਵਾਰ, ਸਮੂਹ ਦੋਸਤ-ਮਿੱਤਰ ਅਤੇ ਰਿਸ਼ਤੇਦਾਰ ਮਾਤਾ ਜੀ ਦੀਆਂ ਨਿੱਘੀਆਂ ਯਾਦਾਂ ਦੇ ਹੰਝੂਆਂ ਨਾਲ ਉਹਨਾਂ ਦੇ ਚਰਨਾਂ ਵਿੱਚ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਨ।



# ਪਟਿਆਲਾ-ਆਸ/ਪਾਸ



## ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਜੂਨ 1984 ਘੱਲੂਘਾਰਾ ਦਿਵਸ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ

### ➢ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਭਲਕੇ ਹੋਵੇਗਾ ਧਾਰਮਿਕ ਸਮਾਗਮ



ਪਟਿਆਲਾ, 4 ਜੂਨ (ਰੁਪਾਣਾ/ਅਮਰਜੀਤ/ਵਿਨੋਦ ਸ਼ਰਮਾ) : ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਜੂਨ 1984 ਘੱਲੂਘਾਰਾ ਦਿਵਸ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਕਰਵਾਈ ਗਈ, ਜਿਨ੍ਹਾਂ ਦੇ ਭੋਗ ਭਲਕੇ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਕ ਸਮਾਗਮ ਵਿਚ ਪਾਏ ਜਾਣਗੇ। ਇਸ ਸਬੰਧੀ ਜਾਣਕਾਰੀ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਭਾਗ ਸਿੰਘ ਨੇ ਸਾਂਝੀ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਵੱਲੋਂ ਕੀਤੀ ਅਰਦਾਸ ਉਪਰੰਤ ਹੋਈ। ਇਸ ਮੌਕੇ ਗੱਲਬਾਤ ਕਰਦਿਆਂ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਦੱਸਿਆ ਕਿ ਜੂਨ 1984 ਘੱਲੂਘਾਰਾ ਸਿੱਖ ਕੌਮ ਨੂੰ ਦਿੱਤਾ ਅਜਿਹਾ ਜ਼ਖ਼ਮ ਹੈ, ਜੋ ਅੱਜ ਸਿੱਖ ਮਨਾਂ ਅੰਦਰ ਨਾਸੂਰ ਬਣਿਆ ਪਿਆ ਹੈ। ਉਨ੍ਹਾਂ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਹਕੂਮਤ ਨੇ ਅਜਿਹਾ ਬਿਰਤਾਂਤ ਸਿਰਜਿਆ, ਜਿਸ ਨਾਲ ਸਿੱਖਾਂ ਦਾ ਮੁਕੱਦਸ ਅਸਥਾਨ ਢਹਿ ਢੇਰ ਕਰ ਦਿੱਤਾ ਗਿਆ ਅਤੇ ਸਿੱਖ ਕੌਮ ਦੇ ਮਹਾਨ ਜਰਨੈਲ ਸਿੰਘ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਸਮੇਤ ਵੱਡੀ ਗਿਣਤੀ ਵਿਚ ਬੇਦੋਸ਼ ਸਿੰਘਾਂ ਅਤੇ ਸਿੰਘਣੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਗਿਆ ਅਤੇ ਸਿੱਖ ਕੌਮ ਅੰਦਰ ਜੂਨ 1984 ਘੱਲੂਘਾਰਾ ਘਟਨਾ ਦਾ ਵੱਡਾ ਰੋਸ, ਜਿਸ ਨੂੰ ਸਿੱਖ ਕੌਮ ਕਦੇ ਵੀ ਭੁੱਲਾ ਨਹੀਂ ਸਕਦੀ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਨਵਜਿੰਦਰ ਸਿੰਘ, ਮਨਜੀਤ ਸਿੰਘ, ਸੁਪਰਵਾਈਜਰ ਵਰਿੰਦਰ ਸਿੰਘ ਗੋਲਡੀ, ਅਕਾਊਂਟੈਂਟ ਗੁਰਮੀਤ ਸਿੰਘ, ਸਰਬਜੀਤ ਸਿੰਘ, ਹਜ਼ੂਰ ਸਿੰਘ, ਰਜਨੀਸ਼ ਸਿੰਘ, ਨਰਿੰਦਰ ਸਿੰਘ ਸੰਧੂ, ਸੁਖਦੇਵ ਸਿੰਘ ਕਾਹਲਵਾਂ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸੰਗਤ ਆਦਿ ਹਾਜ਼ਰ ਸਨ।

## ਭਾਜਪਾ ਨੂੰ ਹਲਕਾ ਘਨੌਰ ਤੋਂ ਵੱਡਾ ਸਿਆਸੀ ਹੁਲਾਰਾ, ਕਈ ਆਗੂ ਤੇ ਵਰਕਰ ਪਾਰਟੀ 'ਚ ਸ਼ਾਮਲ

### ➢ਪ੍ਰਨੀਤ ਕੌਰ ਦੀ ਅਗਵਾਈ ਹੇਠ ਹੋਈ ਜੁਆਇਨਿੰਗ, ਜ਼ਿਲ੍ਹਾ ਪ੍ਰਧਾਨ ਭੰਗੂ ਵੱਲੋਂ ਸਵਾਗਤ



ਘਨੌਰ, 4 ਜੂਨ (ਮਦਨ ਲਾਲ) : ਭਾਰਤੀ ਜਨਤਾ ਪਾਰਟੀ ਨੂੰ ਜ਼ਿਲ੍ਹਾ ਪਟਿਆਲਾ ਦੇ ਹਲਕਾ ਘਨੌਰ ਤੋਂ ਉਸ ਸਮੇਂ ਵੱਡਾ ਸਿਆਸੀ ਹੁਲਾਰਾ ਮਿਲਿਆ ਜਦੋਂ ਵੱਖ-ਵੱਖ ਪਿੰਡਾਂ ਅਤੇ ਸਮਾਜਿਕ ਖੇਤਰਾਂ ਨਾਲ ਸੰਬੰਧਤ ਕਈ ਪ੍ਰਮੁੱਖ ਆਗੂਆਂ ਅਤੇ ਵਰਕਰਾਂ ਨੇ ਸਾਬਕਾ ਵਿਦੇਸ਼ ਰਾਜ ਮੰਤਰੀ ਮਹਾਰਾਣੀ ਪਰਨੀਤ ਕੌਰ ਦੀ ਅਗਵਾਈ ਹੇਠ ਭਾਜਪਾ ਦਾ ਪੱਲਾ ਫੜ ਲਿਆ। ਇਹ ਜੁਆਇਨਿੰਗ ਸਮਾਗਮ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਭੰਗੂ ਗੰਗਰੋਲੀ ਦੀ ਹਾਜ਼ਰੀ ਵਿੱਚ ਕਰਵਾਇਆ ਗਿਆ, ਜਿਨ੍ਹਾਂ ਵੱਲੋਂ ਨਵੇਂ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਪਟਿਆਲਾ ਦਿਹਾਤੀ ਦੇ ਜ਼ਿਲ੍ਹਾ ਜਨਰਲ ਸਕੱਤਰ ਹਰਵਿੰਦਰ ਸਿੰਘ ਬੰਸੀਰਾਓ, ਪਿੰਡ ਸੰਧਾਰਸੀ, ਸਾਬਕਾ ਐੱਸ.ਡੀ.ਓ. ਵਾਟਰ ਸਪਲਾਈ ਦਰਸ਼ਨ ਸਿੰਘ ਵਾਲੂ, ਪਿੰਡ ਸਨੌਲੀਆਂ, ਹਰੀਸ਼ ਕੁਮਾਰ, ਸੰਦੀਪ ਕੁਮਾਰ, ਦਕਸ਼ ਸ਼ਰਮਾ, ਮਨੀਸ਼ ਕੁਮਾਰ, ਗੁਰਮੇਲ ਸਿੰਘ ਸੰਧਾਰਸੀ, ਸਿਵਰੂ ਸਿੰਘ ਸੰਧਾਰਸੀ ਅਤੇ ਸੋਨੀ ਨੰਨ੍ਹੇੜਾ ਸਮੇਤ ਕਈ ਹੋਰ ਆਗੂਆਂ ਅਤੇ ਸਮਰਥਕਾਂ ਨੇ ਆਪਣੇ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਪਾਰਟੀ ਵਿੱਚ ਸ਼ਾਮਲ ਹੋਏ ਆਗੂਆਂ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ, ਵਿਕਾਸ ਅਤੇ ਰਾਸ਼ਟਰਹਿਤ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਨਾਲ ਜੁੜੇ ਹਨ। ਇਸ ਮੌਕੇ ਮਹਾਰਾਣੀ ਪਰਨੀਤ ਕੌਰ ਨੇ ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਭਾਜਪਾ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸਮੁਖੀ ਸੋਚ ਕਾਰਨ ਹਰ ਵਰਗ ਦੇ ਲੋਕ ਪਾਰਟੀ ਨਾਲ ਜੁੜ ਰਹੇ ਹਨ ਅਤੇ ਪੰਜਾਬ ਵਿੱਚ ਵੀ ਭਾਜਪਾ ਦਾ ਆਧਾਰ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਵਿਅਕਤੀ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਂਦਾ ਹੈ ਅਤੇ ਉਸ ਦੀ ਯੋਗਤਾ ਅਨੁਸਾਰ ਜ਼ਿੰਮੇਵਾਰੀ ਸੌਂਪੀ ਜਾਂਦੀ ਹੈ। ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਭੰਗੂ ਗੰਗਰੋਲੀ ਨੇ ਕਿਹਾ ਕਿ ਹਲਕਾ ਘਨੌਰ ਵਿੱਚ ਭਾਜਪਾ ਨੂੰ ਮਿਲੀ ਇਹ ਵੱਡੀ ਜੁਆਇਨਿੰਗ ਪਾਰਟੀ ਲਈ ਨਵੀਂ ਤਾਕਤ ਸਾਬਤ ਹੋਵੇਗੀ ਅਤੇ ਆਉਣ ਵਾਲੇ ਸਮੇਂ ਵਿੱਚ ਸੰਗਠਨ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ ਕਿ ਵੱਖ-ਵੱਖ ਰਾਜਨੀਤਿਕ ਪਾਰਟੀਆਂ ਅਤੇ ਸਮਾਜਿਕ ਖੇਤਰਾਂ ਨਾਲ ਜੁੜੇ ਲੋਕਾਂ ਦਾ ਭਾਜਪਾ ਵੱਲ ਰੁਝਾਨ ਇਸ ਗੱਲ ਦਾ ਸਬੂਤ ਹੈ ਕਿ ਲੋਕ ਕੇਂਦਰ ਸਰਕਾਰ ਦੀਆਂ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਸੰਤੁਸ਼ਟ ਹਨ। ਸਮਾਗਮ ਦੌਰਾਨ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

## ਹਰਚੰਦ ਸਿੰਘ ਬਰਸਟ ਵੱਲੋਂ ਨਵੇਂ ਕੌਂਸਲਰਾਂ ਨੂੰ ਮੁਬਾਰਕਬਾਦ



ਸਮਾਣਾ, 4 ਜੂਨ (ਵਿਜੇ ਕੁਮਾਰ/ਜਵੰਦਾ) : ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਮਿਊਂਸਿਪਲ ਕੌਂਸਲ, ਸਮਾਣਾ ਦੇ ਨਵੇਂ ਚੁਣੇ ਕੌਂਸਲਰਾਂ ਨੂੰ ਉਹਨਾਂ ਦੀ ਜਿੱਤ 'ਤੇ ਮੁਬਾਰਕਬਾਦ ਦਿੰਦਿਆ ਕਿਹਾ ਕਿ ਸ਼ਹਿਰ ਨਿਵਾਸੀਆਂ ਨੇ ਬਹੁਤ ਵੱਡੀਆਂ ਆਸਾਂ ਅਤੇ ਉਮੀਦਾਂ ਨਾਲ ਉਹਨਾਂ ਨੂੰ ਜਿੱਤਾਇਆ ਹੈ। ਸ. ਹਰਚੰਦ ਸਿੰਘ ਬਰਸਟ ਨੇ ਆਪਣੇ ਸੰਦੇਸ਼ ਵਿੱਚ ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਕਿ ਸਾਰੇ ਨਵੇਂ ਕੌਂਸਲਰ ਇਸ ਅਹੁਦੇ ਦੇ ਮਾਣ-ਸਤਿਕਾਰ ਅਤੇ ਮਰਿਆਦਾ ਨੂੰ ਹਮੇਸ਼ਾ ਕਾਇਮ ਰੱਖਣ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਕਾਸ ਦੀ ਨੀਂਹ ਵਾਰਡਾਂ ਦੇ ਸੁਧਾਰ ਤੋਂ ਸ਼ੁਰੂ ਹੁੰਦੀ ਹੈ, ਇਸ ਲਈ ਸਾਰੇ ਕੌਂਸਲਰਾਂ ਨੂੰ ਆਪਣੇ-ਆਪਣੇ ਵਾਰਡ ਅਤੇ ਸਮੁੱਚੇ ਸ਼ਹਿਰ ਦੇ ਲੋਕਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ। ਸ਼ਹਿਰੀ ਵਿਕਾਸ ਦੇ ਮੁੱਖ ਏਜੰਡਿਆਂ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਸਮਾਣਾ ਸ਼ਹਿਰ ਦੇ ਵਿਕਾਸ ਅਤੇ ਤਰੱਕੀ ਲਈ ਯੋਜਨਾਬੱਧ ਤਰੀਕੇ ਨਾਲ ਕੰਮ ਕਰਨ ਦੀ ਸਖ਼ਤ ਲੋੜ ਹੈ। ਉਨ੍ਹਾਂ ਕੌਂਸਲਰਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਵਿਕਾਸ ਕਾਰਜਾਂ ਨੂੰ ਗਤੀ ਦੇਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਮੁੱਚੇ ਸ਼ਹਿਰ ਦੇ ਵਿਕਾਸ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਰੱਖਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਾਰਿਆਂ ਨੂੰ ਨਾਲ ਲੈ ਕੇ ਕੰਮ ਕਰਨ ਵਿੱਚ ਹੀ ਅਸਲ ਸਫ਼ਲਤਾ ਹੈ। ਉਨ੍ਹਾਂ ਨਵੇਂ ਚੁਣੇ ਕੌਂਸਲਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਮੈਨੂੰ ਪੂਰਨ ਵਿਸ਼ਵਾਸ ਹੈ ਕਿ ਤੁਸੀਂ ਸਾਰੇ ਹਰ ਤਰ੍ਹਾਂ ਦੀ ਧੜੇਬੰਦੀ, ਪੱਖਪਾਤ ਅਤੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਸ਼ਹਿਰ ਦੇ ਵਿਕਾਸ ਲਈ ਦਿਨ-ਰਾਤ ਕੰਮ ਕਰੋਗੇ।

## ਇੱਕ ਦੂਜੇ 'ਤੇ ਦੋਸ਼ ਲਗਾਉਣ ਦੀ ਬਜਾਏ ਬੀਜੇਪੀ ਆਗੂਆਂ ਨੂੰ ਇੱਕਮੁੱਠ ਹੋਣ ਦੀ ਲੋੜ : ਰਮਨਦੀਪ ਭੀਲੋਵਾਲ



ਨਾਭਾ, 4 ਜੂਨ (ਗੁਰਚਰਨ ਸਿੰਘ ਚੌਧਰੀ ਮਾਜਰਾ) : ਪਿਛਲੇ ਦਿਨੀਂ ਹੋਈਆਂ ਨਗਰ ਕੌਂਸਲ ਚੋਣਾਂ ਦੌਰਾਨ ਨਾਭਾ ਸ਼ਹਿਰ ਅੰਦਰ ਪੁਰਾਣੀ ਤੇ ਨਵੀਂ ਬੀ.ਜੇ.ਪੀ. ਦੇ ਨਾਮ ਹੇਠ ਚੱਲ ਰਹੀ ਠੰਡੀ ਸ਼ਬਦੀ ਜੰਗ ਕਾਰਨ ਜਿੱਥੇ ਪਾਰਟੀ ਦਾ ਨੁਕਸਾਨ ਹੋਇਆ ਤੇ ਹੋ ਸਕਦਾ ਹੈ। ਇਸ ਸਬੰਧੀ ਪਾਰਟੀ ਦੇ ਸੀਨੀਅਰ ਆਗੂ ਸਾਬਕਾ ਵਾਇਸ ਪ੍ਰਧਾਨ ਰਮਨਦੀਪ ਸਿੰਘ ਭੀਲੋਵਾਲ ਨੇ ਨਾਭਾ ਸ਼ਹਿਰ ਦੇ ਪਾਰਟੀ ਆਗੂਆਂ ਨੂੰ ਅਪੀਲ ਕਰਦਿਆਂ ਕਿਹਾ ਇੱਕ ਦੂਜੇ ਉੱਪਰ ਦੋਸ਼ ਲਗਾਉਣ ਤੋਂ ਗੁਰੇਜ਼ ਕਰਦਿਆਂ ਪਾਰਟੀ ਦੀ ਮਜ਼ਬੂਤੀ ਲਈ ਡੱਟ ਕੇ ਕੰਮ ਕਰਨਾ ਚਾਹਿੰਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪਾਰਟੀ ਵਾਧਾ ਹੁੰਦਾ ਹੈ, ਤਾ ਕਿਸੇ ਨੂੰ ਤਕਲੀਫ ਨਹੀ ਹੋਣੀ ਚਾਹਿੰਦੀ ਸਗੋ ਰਲ ਮਿਲਕੇ ਆਉਣ ਵਾਲੀਆਂ ਵਿਧਾਨ ਸਭਾ ਚੋਣਾ ਦੀ ਤਿਆਰੀ ਕਰਨੀ ਚਾਹਿੰਦੀ ਜੋ ਵੀ ਵਿਅਕਤੀ ਪਾਰਟੀ ਲਈ ਤਿਆਗ ਦੀ ਭਾਵਨਾ ਨਾਲ ਮਿਹਨਤ ਕਰਦਾ ਹੈ ਪਾਰਟੀ ਇੱਕ ਨਾ ਇੱਕ ਦਿਨ ਸਮਾਂ ਆਉਣ 'ਤੇ ਉਸਦਾ ਮੁੱਲ ਜ਼ਰੂਰ ਪਾਉਂਦੀ ਹੈ, ਜੋ ਵਿਅਕਤੀ ਨਿਰਸੁਆਰਥ ਪਾਰਟੀ ਲਈ ਕੰਮ ਕਰਦਾ ਹੈ ਉਸ ਨੂੰ ਕਿਸੇ ਦੇ ਸਰਟੀਫਿਕੇਟ ਜਾਂ ਸਿਫਾਰਸ਼ ਦੀ ਜ਼ਰੂਰਤ ਨਹੀਂ ਹੁੰਦੀ, ਸਗੋ ਉਸਦੇ ਕੰਮ ਬੋਲਦੇ ਹਨ।

## ਸਿਵਲ ਹਸਪਤਾਲ ਨੂੰ ਮਿਲੀ ਮਹਿਲਾ ਰੋਗ ਮਾਹਿਰ ਡਾਕਟਰ, ਗਰਭਵਤੀ ਔਰਤਾਂ ਨੂੰ ਮਿਲੇਗਾ ਵੱਡਾ ਲਾਭ



ਸਮਾਣਾ, 4 ਜੂਨ (ਵਿਜੇ ਕੁਮਾਰ) : ਸਿਵਲ ਹਸਪਤਾਲ ਵਿੱਚ ਲੰਬੇ ਸਮੇਂ ਤੋਂ ਮਹਿਲਾ ਰੋਗ ਮਾਹਿਰ ਡਾਕਟਰ (ਗਾਇਨੀਕੋਲੋਜਿਸਟ) ਦੀ ਘਾਟ ਕਾਰਨ ਔਰਤਾਂ, ਖਾਸ ਕਰਕੇ ਗਰਭਵਤੀ ਔਰਤਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਪੁਰਾਣੀ ਮਹਿਲਾ ਰੋਗ ਮਾਹਿਰ ਦੀ ਬਦਲੀ ਤੋਂ ਬਾਅਦ ਇਹ ਅਹੁਦਾ ਖਾਲੀ ਪਿਆ ਹੋਇਆ ਸੀ, ਜਿਸ ਕਾਰਨ ਮਰੀਜ਼ਾਂ ਨੂੰ ਇਲਾਜ ਲਈ ਹੋਰ ਪ੍ਰਾਈਵੇਟ ਹਸਪਤਾਲਾਂ ਦਾ ਰੁਖ ਕਰਨਾ ਪੈਂਦਾ ਸੀ। ਹੁਣ ਸਿਹਤ ਵਿਭਾਗ ਪੰਜਾਬ ਵੱਲੋਂ ਡਾ. ਜੈਸਮੀਨ ਕੌਰ ਨੂੰ ਸਮਾਣਾ ਸਿਵਲ ਹਸਪਤਾਲ ਵਿੱਚ ਮਹਿਲਾ ਰੋਗ ਮਾਹਿਰ ਵਜੋਂ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੇ ਅਹੁਦਾ ਸੰਭਾਲਣ ਨਾਲ ਇਲਾਕੇ ਦੀਆਂ ਔਰਤਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਉਨ੍ਹਾਂ ਨੂੰ ਸਰਕਾਰੀ ਹਸਪਤਾਲ ਵਿੱਚ ਹੀ ਮਾਹਿਰ ਡਾਕਟਰੀ ਸੇਵਾਵਾਂ ਉਪਲੱਬਧ ਹੋ ਸਕਣਗੀਆਂ। ਵਰਣਨਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਹਰ ਵੀਰਵਾਰ ਨੂੰ ਡੈਪੂਟੇਸ਼ਨ 'ਤੇ ਨਾਭਾ ਸਿਵਲ ਹਸਪਤਾਲ ਦੀ ਗਾਇਨੀ ਮਾਹਿਰ ਡਾ. ਰਜਨੀ ਸਮਾਣਾ ਸਿਵਲ ਹਸਪਤਾਲ ਵਿੱਚ ਆਪਣੀਆਂ ਸੇਵਾਵਾਂ ਦੇ ਰਹੇ ਹਨ, ਜਿਸ ਨਾਲ ਮਹਿਲਾ ਮਰੀਜ਼ਾਂ ਨੂੰ ਲਗਾਤਾਰ ਸਿਹਤ ਸਹੂਲਤਾਂ ਮਿਲ ਰਹੀਆਂ ਹਨ। ਸੀਨੀਅਰ ਮੈਡੀਕਲ ਅਫ਼ਸਰ (ਐਸ.ਐਮ.ਓ.) ਡਾ. ਨੰਦਿਨੀ ਸ਼ਰਮਾ ਨੇ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਡਾ. ਜੈਸਮੀਨ ਕੌਰ ਇੱਕ ਯੋਗ ਅਤੇ ਤਜਰਬੇਕਾਰ ਡਾਕਟਰ ਹਨ ਅਤੇ ਉਨ੍ਹਾਂ ਦੀਆਂ ਸੇਵਾਵਾਂ ਦਾ ਲਾਭ ਪੂਰੇ ਇਲਾਕੇ ਦੀਆਂ ਔਰਤਾਂ ਨੂੰ ਮਿਲੇਗਾ। ਡਾ. ਜੈਸਮੀਨ ਕੌਰ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਉਨ੍ਹਾਂ ਨੂੰ ਸਮਾਣਾ ਵਿਖੇ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗਰਭਵਤੀ ਔਰਤਾਂ ਸਮੇਤ ਸਾਰੇ ਮਰੀਜ਼ਾਂ ਦਾ ਇਲਾਜ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਹਸਪਤਾਲ 'ਚ ਹੋਰ ਮਾਹਿਰ ਡਾਕਟਰਾਂ ਦੀਆਂ ਵੀ ਨਿਯੁਕਤੀਆਂ ਹੋਈਆਂ ਹਨ, ਜਿਸ ਨਾਲ ਮਰੀਜ਼ਾਂ ਨੂੰ ਵੱਖ-ਵੱਖ ਸਿਹਤ ਸੇਵਾਵਾਂ ਇੱਕੋ ਛੱਤ ਹੇਠ ਮਿਲ ਸਕਣਗੀਆਂ।

## ਹਰਦੀਪ ਸਿੰਘ ਕੰਬੋਜ ਵੱਲੋਂ ਭਾਜਪਾ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਢਿੱਲੋਂ ਨਾਲ ਮੁਲਾਕਾਤ



ਸਨੌਰ, 4 ਜੂਨ (ਪ੍ਰਥਮ ਕੁਮਾਰ) : ਹਲਕਾ ਸਨੌਰ ਦੇ ਸੀਨੀਅਰ ਭਾਜਪਾ ਆਗੂ ਹਰਦੀਪ ਸਿੰਘ ਕੰਬੋਜ ਨੇ ਭਾਰਤੀ ਜਨਤਾ ਪਾਰਟੀ ਦੇ ਨਵ ਨਿਯੁਕਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਹਲਕਾ ਸਨੌਰ ਨਾਲ ਸੰਬੰਧਿਤ ਵੱਖ-ਵੱਖ ਲੋਕ ਭਲਾਈ ਅਤੇ ਵਿਕਾਸ ਦੇ ਮੁੱਦਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਮੁਲਾਕਾਤ ਦੌਰਾਨ ਹਰਦੀਪ ਸਿੰਘ ਕੰਬੋਜ ਨੇ ਹਲਕੇ ਵਿੱਚ ਬੁਨਿਆਦੀ ਸਹੂਲਤਾਂ ਦੇ ਹੋਰ ਵਿਕਾਸ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ, ਕਿਸਾਨਾਂ ਦੀਆਂ ਸਮੱਸਿਆਵਾਂ ਅਤੇ ਪਿੰਡਾਂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਭਾਜਪਾ ਦੀਆਂ ਨੀਤੀਆਂ ਅਤੇ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਪਾਰਟੀ ਵਰਕਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੇ ਹਨ। ਇਸ ਮੌਕੇ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਵਿੱਚ ਭਾਜਪਾ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਪਾਰਟੀ ਦੇ ਸਮਰਪਿਤ ਵਰਕਰਾਂ ਦੀ ਮਿਹਨਤ ਸਦਕਾ ਲੋਕਾਂ ਦਾ ਭਰੋਸਾ ਭਾਜਪਾ ਪ੍ਰਤੀ ਵਧ ਰਿਹਾ ਹੈ। ਉਨ੍ਹਾਂ ਨੇ ਹਲਕਾ ਸਨੌਰ ਵਿੱਚ ਪਾਰਟੀ ਗਤੀਵਿਧੀਆਂ ਅਤੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਰ ਸੰਭਵ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਅਮਰੀਕ ਸਿੰਘ ਮੁਰਾਦਪੁਰ, ਰਾਜਵੀਰ ਸਿੰਘ ਚਪੜ, ਮਨਪ੍ਰੀਤ ਸਿੰਘ ਫਰੀਡਮ ਫਾਈਟਰ, ਡਾ. ਦੇਵਿੰਦਰ ਸਿੰਘ ਅਤੇ ਕਰਮਜੀਤ ਸਿੰਘ ਸਨੌਰ ਹਾਜ਼ਰ ਸਨ।

## ਅਕਾਲੀ ਆਗੂ ਬੱਬਲੂ ਖੋਰਾ ਦੀ ਅਗਵਾਈ 'ਚ ਲੋੜਵੰਦ ਕਿਸਾਨਾਂ ਤੇ ਮਜ਼ਦੂਰਾਂ ਲਈ ਕਣਕ ਦੇ ਟਰੱਕ ਰਵਾਨਾ



ਨਾਭਾ, 4 ਜੂਨ (ਬਲਜਿੰਦਰ ਮਾਨ) : ਪੰਜਾਬ ਵਿੱਚ ਗੜੇਮਾਰੀ ਦੇ ਨਾਲ ਕਣਕ ਦੀ ਫਸਲ ਦਾ ਵੱਡਾ ਨੁਕਸਾਨ ਹੋ ਗਿਆ ਸੀ, ਜਿਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਆਪਣੇ ਅਕਾਲੀ ਦਲ ਦੇ ਵਰਕਰਾਂ ਨੂੰ ਕਿਸਾਨਾਂ ਦੀ ਮਦਦ ਕਰਨ ਦੀ ਹਦਾਇਤਾ ਦਿੱਤੀ ਸੀ, ਜਿਸ ਤੋਂ ਬਾਅਦ ਅੱਜ ਨਾਭਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਕੌਂਸਲਰ ਬੱਬਲੂ ਖੋਰਾ ਦੀ ਅਗਵਾਈ ਹੇਠ 100 ਕੁਇੰਟਲ ਦੇ ਕਰੀਬ ਕਣਕ ਦਾ ਟਰੱਕ ਸ੍ਰੀ ਫਤਿਹਗੜ੍ਹ ਸਾਹਿਬ ਦੇ ਕਿਸਾਨਾਂ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਕਣਕ ਦੇ ਟਰੱਕ ਨੂੰ ਰਵਾਨਾ ਕਰਨ ਲਈ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਹਰਮੀਤ ਸਿੰਘ ਹਰਿਆਊ, ਜਥੇਦਾਰ ਬਲਤੇਜ ਸਿੰਘ ਖੋਖ ਅਤ ਜ਼ਿਲ੍ਹਾ ਪਰਿਸ਼ਦ ਮੈਂਬਰ ਹਰਪ੍ਰੀਤ ਕੌਰ ਸਮੇਤ ਅਕਾਲੀ ਦਲ ਦੀ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਪਹੁੰਚੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ ਕਿਸਾਨਾਂ ਦੇ ਹੋਏ ਨੁਕਸਾਨ ਨੂੰ ਲੈ ਕੇ ਕਿਸਾਨਾਂ ਤੇ ਮਜ਼ਦੂਰਾਂ ਦੀ ਕੋਈ ਮਦਦ ਨਹੀਂ ਕੀਤੀ, ਜਿਸ ਕਰਕੇ ਹੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅਕਾਲੀ ਵਰਕਰਾਂ ਨੂੰ ਕਿਸਾਨਾਂ ਅਤੇ ਮਜ਼ਦੂਰਾਂ ਦੀ ਮਦਦ ਕਰਨ ਦੀ ਹਦਾਇਤ ਦਿੱਤੀ ਸੀ, ਜਿਸ ਸਦਕਾ ਅੱਜ ਨਾਭਾ ਤੋਂ ਬਬਲੂ ਖੋਰਾ ਦੀ ਅਗਵਾਈ ਹੇਠ ਇਹ ਕਣਕ ਲੋੜਵੰਦ ਮਜ਼ਦੂਰਾਂ ਅਤੇ ਕਿਸਾਨਾਂ ਲਈ ਰਵਾਨਾ ਕੀਤੀ ਗਈ ਹੈ। ਇਸ ਮੌਕੇ ਬਲਕਾਰ ਸਿੰਘ ਬਾਰਨ ਸਿਆਸੀ ਸਕੱਤਰ, ਮੁੱਖ ਬੁਲਾਰਾ ਜੱਸਾ ਸਿੰਘ ਖੋਖ, ਗੁਰਬਖਸ਼ੀਸ਼ ਸਿੰਘ ਨਰਮਾਣਾ, ਜਗਰੂਪ ਸਿੰਘ ਨਰਮਾਣਾ, ਕੁਲਵੰਤ ਸਿੰਘ ਸੁੱਖੇਵਾਲ, ਅਪਰ ਅਪਾਰ ਰਾਮਗੜ੍ਹ, ਹਰਚਰਨ ਸਿੰਘ ਅਗੇਤੀ, ਜਸਪਾਲ ਸਿੰਘ ਕਾਹਲੋਂ, ਹਰਜੀਤ ਸਿੰਘ ਅਗੇਤਾ, ਸਾਹਿਬ ਸਿੰਘ ਮੈਹਸ, ਮਦਨ ਪਾਲ ਨਰਮਾਣਾ, ਸਤਨਾਮ ਸਿੰਘ, ਇਰਫਾਨ ਬਬਲੂ, ਹੁਕਮ ਦਾਸ ਲਾਡੀ ਰਾਮਗੜ੍ਹ, ਭਗਵਾਨ ਸਿੰਘ ਬਿੱਲੂ ਸਾਬਕਾ ਸਰਪੰਚ ਅਗੋਲ੍ਹ, ਦਰਸ਼ਨ ਸਿੰਘ, ਭਜਨ ਸਿੰਘ ਭੋਰੇ, ਬਹਾਦਰ ਸਿੰਘ ਅਗੇਤਾ, ਹਰਜੀਤ ਸਿੰਘ ਸਾਬਕਾ ਸਰਪੰਚ ਅਗੇਤਾ, ਲਖਬੀਰ ਸਿੰਘ ਰਾਮਗੜ੍ਹ, ਗੁਰਵਿੰਦਰ ਸਿੰਘ ਗਲਵੱਟੀ, ਹਰਚਰਨ ਸਿੰਘ ਅਗੇਤੀ, ਗੁਰਦੀਪ ਸਿੰਘ ਸਾਬਕਾ ਸਰਪੰਚ ਜਿੰਦਲਪੁਰ, ਰਣਜੀਤ ਸਿੰਘ ਛੰਨਾ, ਆਸ਼ੂ ਜਖਮੀ, ਰਣਜੀਤ ਸਿੰਘ ਛੰਨਾ, ਜੋਬਨ ਸਿੰਘ ਮੈਹਸ, ਗੁਰਵਿੰਦਰ ਸਿੰਘ ਸਾਈਵਾਲ, ਹਰਦੀਪ ਸਿੰਘ ਸਾਬਕਾ ਸਰਪੰਚ, ਹਰਿੰਦਰ ਸਿੰਘ ਸਰਪੰਚ ਭੀਲੋਵਾਲ ਆਦਿ ਹਾਜ਼ਰ ਸਨ।

## ਕੁੱਟਮਾਰ ਕਰਨ ਸਬੰਧੀ ਮਾਮਲਾ ਦਰਜ

ਪਟਿਆਲਾ, 4 ਜੂਨ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਕੋਲ ਮੋਨਿਕਾ ਪਤਨੀ ਹਨੀ ਸਰਮਾ ਪੁੱਤਰ ਕਿਸ਼ੋਰੀ ਲਾਲ ਵਾਸੀ ਗਲੀ ਨੰ. 02 ਏਕਤਾ ਵਿਹਾਰ ਤ੍ਰਿਪੜੀ ਹਾਲ ਕਿਰਾਏਦਾਰ ਗਲੀ ਨੰ. 4 ਤ੍ਰਿਪੜੀ ਟਾਊਨ ਨੇ ਕਥਿਤ ਦੋਸ਼ੀ ਹਨੀ ਸਰਮਾ ਵਾਸੀ ਗਲੀ ਨੰ. 02 ਏਕਤਾ ਵਿਹਾਰ ਤ੍ਰਿਪੜੀ ਹਾਲ ਕਿਰਾਏਦਾਰ ਗਲੀ ਨੰ. 04 ਤ੍ਰਿਪੜੀ ਟਾਊਨ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦਾ ਘਰਵਾਲਾ ਅਕਸਰ ਸ਼ਰਾਬ ਪੀ ਕੇ ਉਸ ਨਾਲ ਲੜਾਈ-ਝਗੜਾ ਕਰਦਾ ਰਹਿੰਦਾ ਸੀ, ਤੇ ਉਹ ਆਪਣੀ ਬੇਟੀ ਅਰਸ਼ਿਤਾ ਨੂੰ ਲੈ ਕੇ ਆਪਣੇ ਪੇਕੇ ਘਰ ਚਲੀ ਗਈ ਤਾਂ ਕਥਿਤ ਦੋਸ਼ੀ ਨੇ ਉਸ ਦੇ ਪੇਕੇ ਘਰ ਵਿੱਚ ਜਾ ਕੇ ਉਸ ਦੀ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ। ਪੁਲਿਸ ਨੇ ਧਾਰਾ 332, 115(2), 324(4), 351(2) ਬੀਐਨਐਸ ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਐਡ: ਹਰਿੰਦਰ ਸ਼ਰਮਾ ਵੱਲੋਂ ਨੀਟ ਪੇਪਰ ਲੀਕ ਘੁਟਾਲੇ ਮਾਮਲੇ 'ਚ ਸਮੂਹ ਬ੍ਰਾਹਮਣ ਸਭਾਵਾਂ ਨੂੰ ਇਕੱਠੇ ਹੋ ਕੇ ਰੋਸ ਪ੍ਰਦਰਸ਼ਨ ਕਰਨ ਦੀ ਅਪੀਲ

ਪਟਿਆਲਾ, 4 ਜੂਨ (ਚ.ਨ.ਸ) : ਬ੍ਰਾਹਮਣ ਸਮਾਜ ਵੈਲਫੇਅਰ ਪੰਜਾਬ ਦੇ ਸੂਬਾ ਪ੍ਰਧਾਨ ਅਤੇ ਸਾਬਕਾ ਚੇਅਰਮੈਨ ਬ੍ਰਾਹਮਣ ਭਲਾਈ ਬੋਰਡ ਪੰਜਾਬ ਐਡਵੋਕੇਟ ਹਰਿੰਦਰ ਸ਼ਰਮਾ ਕੌਰਜੀਵਾਲਾ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਨੀਟ ਪੇਪਰ ਲੀਕ ਮਾਮਲੇ ਦੀ ਸੱਚਾਈ ਲੋਕਾਂ ਦੇ ਸਾਹਮਣੇ ਲਿਆਂਦੀ ਜਾਵੇ ਅਤੇ ਨੀਟ ਪੇਪਰ ਲੀਕ ਸਬੰਧਤ ਲੋਕਾਂ ਤੇ ਫਾਸਟ ਟਰੈਕ ਅਦਾਲਤਾਂ ਵਿੱਚ ਕੇਸ ਚਲਾਕੇ ਉਹਨਾਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ ਅਤੇ ਉਨ੍ਹਾਂ ਦੀਆਂ ਜਾਇਦਾਦਾ ਨੂੰ ਜਬਤ ਕਰਨਾ ਚਾਹੀਦਾ ਹੈ। ਕਿਉਂਕਿ ਪੇਪਰ ਲੀਕ ਹੋਣਾ ਦੇਸ਼ ਦੇ ਲੱਖਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਟੱਬਰਾਂ ਨਾਲ ਬਹੁਤ ਵੱਡਾ ਧੋਖਾ ਹੋਇਆ ਹੈ। ਅਜਿਹੀਆਂ ਘਟਨਾਵਾਂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆ ਦੇ ਸੁਪਨਿਆਂ ਨੂੰ ਝਟਕਾ ਦਿੰਦੀਆਂ ਹਨ। ਪਿਊਸ਼ ਦਵੇਸਰ ਪ੍ਰਧਾਨ ਯੂਥ ਵਿੰਗ ਨੇ ਕਿਹਾ ਕਿ ਇਸ ਘੁਟਾਲੇ ਦੇ ਦੇਸ਼ ਦੇ ਲੱਖਾਂ ਹੋਣ ਹਾਰ ਅਤੇ ਮਿਹਨਤੀ ਨੌਜਵਾਨ ਦੇ ਭਵਿੱਖ ਨੂੰ ਹਨੇਰੇ ਵਿੱਚ ਧੱਕ ਦਿੱਤਾ ਹੈ। ਦਿਨ ਰਾਤ ਮਿਹਨਤ ਕਰਨ ਵਾਲੇ ਵਿਦਿਆਰਥੀਆਂ ਨਾਲ ਇਹ ਬਹੁਤ ਵੱਡਾ ਧੋਖਾ ਹੈ। ਇਸ ਪੂਰੇ ਮਾਮਲੇ ਦੀ ਉੱਚ ਪੱਧਰੀ ਅਤੇ ਨਿਰਪੱਖ ਜਾਂਚ ਕਰਵਾਈ ਜਾਵੇ ਤਾਂ ਜ਼ੋ ਦੋਸ਼ੀਆਂ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ। ਬ੍ਰਾਹਮਣ ਸਮਾਜ ਵੈਲਫੇਅਰ ਫਰੰਟ ਦੇ ਸੂਬਾ ਪ੍ਰਧਾਨ ਪੰਜਾਬ ਦੀਆਂ ਸਮੂਹ ਬ੍ਰਾਹਮਣ ਸਮਾਜ ਅਤੇ ਸਭਾਵਾਂ ਨੂੰ ਇਸ ਮਾਮਲੇ ਵਿੱਚ ਇਕੱਠੇ ਹੋ ਕੇ ਇਸ ਨੀਟ ਪੇਪਰ ਲੀਕ ਘੁਟਾਲੇ ਤੇ ਇਸ ਦੇ ਵਿਰੋਧ ਤੇ ਉਪਰੋਕਤ ਮੰਗਾਂ ਮਨਵਾਉਣ ਲਈ ਰੋਸ ਪ੍ਰਦਰਸ਼ਨ ਕਰਨ ਦੀ ਅਪੀਲ ਕੀਤੀ।

## ਕ੍ਰਿਸ਼ੀ ਵਿਗਿਆਨ ਕੇਂਦਰ ਨੇ 'ਖੇਤ ਬਚਾਓ' ਅਭਿਆਨ ਤਹਿਤ ਕੈਂਪ ਲਗਾਇਆ

ਘਨੌਰ, 4 ਜੂਨ (ਮਦਨ ਲਾਲ) : ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਪਿੰਡ ਆਕੜੀ, ਬਲਾਕ ਰਾਜਪੁਰਾ ਵਿਖੇ ਖੇਤ ਬਚਾਓ ਅਭਿਆਨ ਤਹਿਤ ਇੱਕ ਰੋਜ਼ਾ ਕਿਸਾਨ ਜਾਗਰੂਕਤਾ ਕੈਂਪ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਦੇ ਉੱਦਮੀ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਇਸ ਕੈਂਪ ਦੀ ਅਗਵਾਈ ਕਰਦਿਆਂ ਡਾ. ਹਰਦੀਪ ਸਿੰਘ ਸਭਿਖੀ, ਡਿਪਟੀ ਡਾਇਰੈਕਟਰ, ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਨੇ ਕਿਸਾਨਾਂ ਨੂੰ ਝੋਨੇ ਦੇ ਮਧਰੇ ਬੂਟਿਆਂ ਵਿੱਚ ਆਉਣ ਵਾਲੇ ਵਿਸ਼ਾਣੂ ਰੋਗ ਤੋਂ ਬਚਾਅ ਲਈ ਨਰਸਰੀ ਅਤੇ ਖੇਤ ਵਿੱਚ ਚਿੱਟੀ ਪਿੱਠ ਵਾਲੇ ਟਿੱਡੇ ਦੀ ਨਿਗਰਾਨੀ ਅਤੇ ਇਸ ਦੇ ਸਮੇਂ ਸਿਰ ਪ੍ਰਬੰਧਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਯੂਰੀਆ ਅਤੇ ਡੀ.ਏ.ਪੀ. ਵਰਗੀਆਂ ਖਾਦਾਂ ਦੀ ਵੱਧ ਵਰਤੋਂ ਨਾਲ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਬਾਰੇ ਵੀ ਕਿਸਾਨਾਂ ਨੂੰ ਜਾਣੂ ਕਰਵਾਇਆ ਅਤੇ ਬਿਜਾਈ ਤੋਂ ਪਹਿਲਾਂ ਮਿੱਟੀ ਅਤੇ ਪਾਣੀ ਦੀ ਜਾਂਚ ਕਰਵਾਉਣ ਦੀ ਸਲਾਹ ਦਿੱਤੀ। ਡਾ. ਰਚਨਾ ਸਿੰਗਲਾ, ਪ੍ਰੋਫੈਸਰ, ਕੇ.ਵੀ.ਕੇ. ਪਟਿਆਲਾ ਨੇ ਕੈਂਪ ਦੌਰਾਨ ਕਿਸਾਨਾਂ ਨੂੰ ਝੋਨੇ ਦੀਆਂ ਪ੍ਰਮਾਣਿਤ ਕਿਸਮਾਂ ਦੀ ਬਿਜਾਈ ਕਰਨ, ਨਰਸਰੀ ਦੀ ਅਗੇਤੀ ਬਿਜਾਈ ਤੋਂ ਬਚਣ ਅਤੇ ਸਿਹਤਮੰਦ ਪਨੀਰੀ ਤਿਆਰ ਕਰਨ ਲਈ ਯੂਨੀਵਰਸਿਟੀ ਵੱਲੋਂ ਸਿਫਾਰਿਸ਼ ਕੀਤੀਆਂ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ। ਕੈਂਪ ਦੌਰਾਨ ਕਿਸਾਨਾਂ ਨੂੰ ਘਰੇਲੂ ਪੱਧਰ 'ਤੇ ਪੌਸ਼ਟਿਕ ਬਗੀਚੀ ਲਗਾਉਣ ਅਤੇ ਫਲਾਂ ਤੇ ਸਬਜ਼ੀਆਂ ਦੀ ਜੈਵਿਕ ਤਰੀਕਿਆਂ ਨਾਲ ਕਾਸ਼ਤ ਕਰਨ ਲਈ ਵੀ ਉਤਸ਼ਾਹਿਤ ਕੀਤਾ ਗਿਆ। ਡਾ. ਗੁਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ, ਫ਼ਸਲ ਵਿਗਿਆਨ, ਕੇ.ਵੀ.ਕੇ. ਪਟਿਆਲਾ ਨੇ ਕਿਸਾਨਾਂ ਨੂੰ ਖੇਤੀ ਦੀ ਲਾਗਤ ਘਟਾਉਣ ਅਤੇ ਜ਼ਮੀਨ ਦੀ ਸਿਹਤ ਸੁਧਾਰਨ ਵਾਸਤੇ ਰੂੜੀ, ਫਸਲੀ ਰਹਿੰਦ-ਖੂਹੰਦ, ਜੀਵਾਣੂ ਖਾਦਾਂ ਅਤੇ ਹਰੀ ਖਾਦ ਦੀ ਵਰਤੋਂ ਲਾਜ਼ਮੀ ਤੌਰ 'ਤੇ ਕਰਨ ਦੀ ਸਲਾਹ ਦਿੱਤੀ।

## ਡੇਅਰੀ ਯੂਨੀਅਨ ਦੀ ਮੀਟਿੰਗ



ਪਟਿਆਲਾ, 4 ਜੂਨ (ਚ.ਨ.ਸ) : ਡੇਅਰੀ ਯੂਨੀਅਨ ਪਟਿਆਲਾ ਦੀ ਹੰਗਾਮੀ ਮੀਟਿੰਗ ਹੋਈ, ਜਿਸ ਵਿੱਚ ਤੂੜੀ ਦੇ ਵੱਧ ਰਹੇ ਰੇਟਾਂ ਬਾਰੇ ਏ.ਡੀ.ਸੀ. ਪਟਿਆਲਾ ਨੂੰ ਤੂੜੀ ਦੇ ਵੱਧ ਰਹੇ ਰੇਟਾਂ ਬਾਰੇ ਦੱਸਿਆ ਗਿਆ ਤੇ ਉਨ੍ਹਾਂ ਨੂੰ ਤੂੜੀ ਦੀ ਫੈਕਟਰੀਆਂ ਦੇ ਵਿੱਚ ਇੰਧਨ ਵਜੋਂ ਵਰਤਣ 'ਤੇ ਰੋਕ ਲਗਾਉਣ ਸਬੰਧੀ ਬੇਨਤੀ ਕੀਤੀ ਗਈ ਤਾਂ ਜੋ ਡੇਅਰੀ ਫਾਰਮਰਾਂ ਨੂੰ ਤੂੜੀ ਦੇ ਰੇਟਾਂ ਵਿੱਚ ਰਹਤ ਮਿਲ ਸਕੇ। ਅਸੀਂ ਪਟਿਆਲਾ ਡੇਅਰੀ ਯੂਨੀਅਨ ਵੱਲੋਂ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਨੂੰ ਬੇਨਤੀ ਕਰਦੇ ਹਾਂ ਜੇਕਰ ਸਾਡੀ ਇਨ੍ਹਾਂ ਮੰਗਾਂ ਵੱਲ ਧਿਆਨ ਨਹੀਂ ਦਿੱਤਾ ਗਿਆ ਤਾਂ ਡੇਅਰੀ ਦਾ ਧੰਦਾ ਬੰਦ ਹੋ ਜਾਵੇਗਾ। ਇਸ ਮੌਕੇ ਮੰਗ ਪੱਤਰ ਵਿੱਚ ਤੂੜੀ ਦੇ ਰੇਟ 400 ਤੋਂ 500 ਤੱਕ ਕੀਤਾ ਜਾਵੇ, ਜਿਹਨਾਂ ਬਜਾਰਾਂ ਦੇ ਵਿੱਚ ਡੁਪਲੀਕੇਟ ਦੁੱਧ, ਦਹੀ, ਪਨੀਰ ਆਦਿ ਵਿੱਕ ਰਿਹਾ ਹੈ, ਉਸ 'ਤੇ ਪੂਰਨ ਪਾਬੰਦੀ ਲਗਾਈ ਜਾਵੇ। ਇਸ ਮੌਕੇ ਕ੍ਰਿਪਾਲ ਸਿੰਘ ਪ੍ਰਧਾਨ, ਪਾਲਾ ਰਾਮ, ਦਵਿੰਦਰ ਸਿੰਘ, ਲਖਵੀਰ ਸਿੰਘ, ਅਵਤਾਰ ਸਿੰਘ, ਤਰਨਜੀਤ ਸਿੰਘ, ਜਗੀਰ ਸਿੰਘ, ਧਨਵਿੰਦਰ ਸਿੰਘ ਢੀਂਡਸਾ ਆਦਿ ਹਾਜ਼ਰ ਸਨ।

## ਆਸ਼ਿਆਨਾ ਸੋਸ਼ਲ ਸਰਵਿਸ ਸੁਸਾਇਟੀ ਵੱਲੋਂ ਪਿੰਗਲਾ ਆਸ਼ਰਮ ਵਿਖੇ ਰਹਿਣ ਵਾਲੇ ਬੇਸਹਾਰਾ ਲੋਕਾਂ ਲਈ ਨਾਸ਼ਤੇ ਦੀ ਸੇਵਾ



ਪਟਿਆਲਾ, 4 ਜੂਨ (ਚ.ਨ.ਸ) : ਸਮਾਜ ਸੇਵਾ ਅਤੇ ਮਾਨਵਤਾਵਾਦੀ ਚਿੰਤਾ ਦੇ ਇੱਕ ਉੱਤਮ ਇਸ਼ਾਰੇ ਵਜੋਂ ਆਸ਼ਿਆਨਾ ਸੋਸ਼ਲ ਸਰਵਿਸ ਸੋਸਾਇਟੀ ਨੇ ਅੱਜ ਪਿੰਗਲਾ ਆਸ਼ਰਮ ਸਨੌਰ ਰੋਡ, ਪਟਿਆਲਾ ਵਿਖੇ ਰਹਿਣ ਵਾਲੇ ਲਗਭਗ 250 ਬੇਸਹਾਰਾ ਲੋਕਾਂ ਲਈ ਨਾਸ਼ਤਾ ਸੇਵਾ ਦਾ ਆਯੋਜਨ ਕੀਤਾ। ਇਹ ਪਹਿਲਕਦਮੀ ਕੈਦੀਆਂ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਬਜ਼ੁਰਗ, ਅਪਾਹਜ, ਬੇਸਹਾਰਾ ਜਾਂ ਵਿਸ਼ੇਸ਼ ਦੇਖਭਾਲ ਦੀ ਲੋੜ ਵਾਲੇ ਹਨ, ਨੂੰ ਖੁਸ਼ੀ ਸਾਂਝੀ ਕਰਨ ਅਤੇ ਦੇਖਭਾਲ ਅਤੇ ਸਹਾਇਤਾ ਪ੍ਰਦਾਨ ਕਰਨ ਦੇ ਉਦੇਸ਼ ਨਾਲ ਕੀਤੀ ਗਈ ਸੀ। ਇਹ ਵਿਸ਼ੇਸ਼ ਸੇਵਾ ਗਤੀਵਿਧੀ ਯਸ਼ ਕੁਮਾਰ ਗਰਗ, ਏਜੀਐਮ ਅਤੇ ਡਾਇਰੈਕਟਰ, ਐਸਬੀਆਈਐਲਡੀ ਐਸਬੀਆਈ ਪਟਿਆਲਾ ਦੀ ਅਗਵਾਈ ਅਤੇ ਨਿਗਰਾਨੀ ਹੇਠ ਕੀਤੀ ਗਈ ਸੀ। ਪ੍ਰੋਗਰਾਮ ਨੂੰ ਐਸਬੀਆਈਐਲਡੀ ਵਿਖੇ ਸਿਖਲਾਈ ਲੈ ਰਹੇ ਐਸਬੀਆਈ ਦੇ ਨਵੇਂ ਭਰਤੀ ਕੀਤੇ ਸਟਾਫ ਮੈਂਬਰਾਂ ਤੋਂ ਉਤਸ਼ਾਹਜਨਕ ਸਮਰਥਨ ਮਿਲਿਆ। ਇਸ ਮੌਕੇ 'ਤੇ ਸੁਸਾਇਟੀ ਦੇ ਪ੍ਰਧਾਨ ਸਨਮੀਤ ਸਿੰਘ ਨੇ ਇਸ ਇਸ਼ਾਰੇ ਦੀ ਸ਼ਲਾਘਾ ਕੀਤੀ ਅਤੇ ਪਿੰਗਲਵਾੜਾ ਦੇ ਨਿਵਾਸੀਆਂ ਨੂੰ ਦਿੱਤੇ ਗਏ ਸਮਰਥਨ ਲਈ ਧੰਨਵਾਦ ਪ੍ਰਗਟ ਕੀਤਾ। ਪਿੰਗਲਾ ਆਸ਼ਰਮ ਸਨੌਰ ਰੋਡ ਪਟਿਆਲਾ ਦੇ ਮੁਖੀ ਬਾਬਾ ਬਲਬੀਰ ਸਿੰਘ ਨੇ ਯਸ਼ ਕੁਮਾਰ ਗਰਗ ਦਾ ਪਿੰਗਲਾ ਆਸ਼ਰਮ ਨੂੰ ਲਗਾਤਾਰ ਸਮਰਥਨ ਦੇਣ ਲਈ ਦਿਲੋਂ ਧੰਨਵਾਦ ਕੀਤਾ।

## ਰਜਿੰਦਰ ਸਿੰਘ ਨੇ ਮਦਨ ਲਾਲ ਥਰੇਜਾ ਦੇ ਦੇਹਾਂਤ 'ਤੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



ਸਮਾਣਾ, 4 ਜੂਨ (ਹਰਜਿੰਦਰ ਸਿੰਘ ਜਵੰਦਾ) : ਸਮਾਜ ਸੇਵੀ ਸ੍ਰੀ ਸੰਜੇ ਥਰੇਜਾ ਅਤੇ ਸ੍ਰੀ ਅਨਿਲ ਥਰੇਜਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਸਤਿਕਾਰਯੋਗ ਚਾਚਾ ਸ੍ਰੀ ਮਦਨ ਲਾਲ ਥਰੇਜਾ ਦਾ ਬੀਤੇ ਦਿਨੀਂ ਅਚਾਨਕ ਦੇਹਾਂਤ ਹੋ ਗਿਆ। ਉਨ੍ਹਾਂ ਦੇ ਅਕਾਲ ਚਲਾਣੇ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਇਸ ਦੁੱਖ ਦੀ ਘੜੀ ਵਿੱਚ ਸਾਬਕਾ ਵਿਧਾਇਕ ਸ੍ਰੀ ਰਜਿੰਦਰ ਸਿੰਘ ਨੇ ਥਰੇਜਾ ਪਰਿਵਾਰ ਦੇ ਗ੍ਰਹਿ ਵਿਖੇ ਪਹੁੰਚੇ ਅਤੇ ਪਰਿਵਾਰਕ ਮੈਂਬਰਾਂ ਨਾਲ ਗਹਿਰਾ ਦੁੱਖ ਸਾਂਝਾ ਕੀਤਾ। ਰਜਿੰਦਰ ਸਿੰਘ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਪ੍ਰਦਾਨ ਕਰੇ। ਇਸ ਮੌਕੇ ਹੋਰ ਪਤਵੰਤੇ ਸੱਜਣਾਂ ਨੇ ਵੀ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਮਰਹੂਮ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਕੌਂਸਲਰ ਬੇਅੰਤ ਸਿੰਘ ਪੱਪੀ, ਜੀਵਨ ਗਰਗ, ਯਸ਼ਪਾਲ ਸਿੰਗਲਾ, ਡਾ ਪ੍ਰੇਮਪਾਲ ਅਤੇ ਸਚਿਨ ਕੰਬੋਜ ਆਦਿ ਵੀ ਹਾਜ਼ਰ ਰਹੇ।

## ਰਸੂਲਪੁਰ ਸੈਦਾ ਵਾਸੀਆਂ ਨੇ ਭੂ-ਮਾਫ਼ੀਆ ਖ਼ਿਲਾਫ਼ ਡੀ.ਸੀ. ਨੂੰ ਮੰਗ ਪੱਤਰ ਦਿੱਤਾ



ਪਟਿਆਲਾ, 4 ਜੂਨ (ਅਮਰਜੀਤ ਸਿੰਘ) : ਪਿੰਡ ਰਸੂਲਪੁਰ ਸੈਦਾ ਵਾਰਡ ਨੰਬਰ 18 ਵਾਸੀਆਂ ਵੱਲੋਂ ਡੀ ਸੀ ਦਫਤਰ ਦਾ ਘਿਰਾਓ ਕੀਤਾ ਗਿਆ ਅਤੇ ਭੂ ਮਾਫ਼ੀਆ ਦਾ ਪੁਤਲਾ ਫੂਕ ਰੋਸ਼ ਜਾਹਿਰ ਕਰ ਨਾਅਰੇ ਬਾਜ਼ੀ ਕੀਤੀ ਗਈ ਜਾਣਕਾਰੀ ਸਾਂਝੀ ਕਰਦਿਆਂ ਵਕੀਲ ਪ੍ਰਭਜੀਤ ਪਾਲ ਸਿੰਘ ਅਤੇ ਦਲਜੀਤ ਸਿੰਘ ਛੀਨਾ ਨੇ ਕਿਹਾ ਕਿ ਪਿੰਡ ਰਸੂਲਪੁਰ ਸੈਦਾ ਵਾਰਡ ਨੰਬਰ 18 ਜਿਸ ਦੀ 111 ਵਿਘੇ 13 ਬਿਸਵੇਂ ਜ਼ਮੀਨ ਸਾਂਝੀ ਪਿੰਡ ਦੀ ਮੁਰੱਬਾਬੰਦੀ ਸਮੇ ਤੋਂ ਰਾਖਵੀਂ ਛੱਪੜ ਅਤੇ ਗਊ ਚਰਾਂਦ ਦੀ ਜਮੀਨ ਨਗਰ ਨਿਗਮ ਵਿੱਚ ਆਉਣ ਤੋਂ ਪਹਿਲਾਂ ਮਾਲ ਮਹਿਕਮੇ ਅਤੇ ਭੂ ਮਾਫੀਆਂ ਨੇ ਕਾਗਜ਼ਾਂ ਵਿੱਚ ਖੁਰਦ ਬੁਰਦ ਕਿਤੀ ਹੈ, ਜਿਸ ਸਬੰਧੀ ਹਾਈਕੋਰਟ ਵਿੱਚ ਪਿੰਡ ਵੱਲੋਂ ਪੀ ਆਈ ਐੱਲ ਪਾਈ CWP-38163- 2025 ਗਈ, ਜਿਸ ਵਿੱਚ ਨਗਰ ਨਿਗਮ ਵੱਲੋਂ ਮਾਲ ਰਿਕਾਰਡ ਮੁਤਾਬਿਕ ਜਵਾਬ ਦਿੱਤਾ ਗਿਆ ਕਿ ਇਹ ਸਭ ਮਾਲ ਮਹਿਕਮੇ ਦੀ ਕਥਿਤ ਮਿਲੀ ਭੁਗਤ ਹੈ। ਇਨ੍ਹਾਂ ਮਾਲ ਆਫਿਸਰ ਖ਼ਿਲਾਫ਼ ਮੁਕੱਦਮੇ ਦਰਜ ਕੀਤੇ ਜਾਣ ਅਤੇ ਜਗਾ ਨਗਰ ਨਿਗਮ ਨੂੰ ਦਵਾਈ ਜਾਵੇ। ਇਸ ਤੋਂ ਬਾਅਦ ਹਾਈਕੋਰਟ ਵਿੱਚ ਡੀ.ਸੀ. - ਸਟੇਟ ਵੱਲੋਂ ਜਵਾਬਦੇਹੀ ਲਈ ਵਾਰ-ਵਾਰ ਤਾਰੀਖ ਲਈ ਜਾ ਰਹੀ ਹੈ।ਨਗਰ ਨਿਗਮ ਨੇ ਵੀ ਮਾਲ ਮਹਿਕਮੇ ਪਟਵਾਰੀ ਕਾਨੂੰਨਗੋ ਦੀ ਰਿਪੋਰਟ 'ਤੇ ਰਿਪੋਰਟ ਦਿੱਤੀ ਹੈ ਕੇ ਇਹ ਜ਼ਮੀਨ ਸਰਕਾਰੀ ਛੱਪੜ ਅਤੇ ਗਊ ਚਰਾਂਦ ਦੀ ਹੈ, ਜਿਸ ਨੂੰ ਕਦੇ ਵੀ ਖਰੀਦਿਆ ਵੇਚਿਆ ਜਾਂ ਕਿਸੀ ਹੋਰ ਵਰਤੋਂ ਵਿੱਚ ਨਹੀਂ ਲਿਆਂਦਾ ਜਾ ਸਕਦਾ ਕਿਉਂਕਿ ਇਹ ਮੁਰੱਬੇਬੰਦੀ ਦੇ ਸਮੇਂ ਤੋਂ ਪਿੰਡ ਦੀ ਰਾਖਵੀਂ ਜਗ੍ਹਾ ਹੈ। ਗਊ ਚਰਾਂਦ ਦੀ 40-50 ਵਿਘੇ ਜ਼ਮੀਨ ਤੇ ਪਿੰਡ ਦਾ ਕਬਜ਼ਾ ਹੈ ਜਿਸ ਉਪਰ ਭੂ ਮਾਫੀਆ ਮਿਲੀ ਭੁਗਤ ਨਾਲ ਕਬਜ਼ਾ ਕਰਨਾ ਚਾਹੁੰਦਾ ਹੈ, ਪਿੰਡ ਵਾਸੀਆਂ ਦਾ ਕਹਿਣਾ ਹੈ ਪ੍ਰਸ਼ਾਸਨ ਸੁਣਦਾ ਨਹੀਂ, ਜਦੋਂਕਿ ਨਗਰ ਨਿਗਮ ਵੱਲੋਂ ਸਾਫ਼ ਰਿਪੋਰਟ ਦਿੱਤੀ ਗਈ ਹੈ ਕਿ ਇਹ ਜਗ੍ਹਾ ਖ਼ਾਲੀ ਹੋਣੀ ਚਾਹੀਦੀ ਹੈ, ਕਿਉਂਕਿ ਇਹ ਜਗ੍ਹਾ ਸਰਕਾਰੀ ਹੈ ਅਤੇ ਹੁਣ ਨਗਰ ਨਿਗਮ ਦੀ ਮਾਲਕੀ ਬਣਦੀ ਹੈ, ਜਿਸ ਉਪਰ ਜਾਲੀ ਰਜਿਸਟਰੀ ਕੀਤੀ ਜਾ ਰਹੀ ਹੈ ਇਸ ਲਈ ਰੋਸ ਵਜੋਂ ਮਿਤੀ 4/6/26 ਨੂੰ ਪਿੰਡ ਵਾਸੀ ਭਾਰੀ ਗਿਣਤੀ ਵਿੱਚ ਪੁੱਜੇ ਭੂ ਮਾਫੀਆ ਦਾ ਪੁਤਲਾ ਫੂਕਿਆ ਅਤੇ ਡੀਸੀ ਨੂੰ ਮੈਮੋਰੰਡਮ ਦਿੱਤਾ। ਇਸ ਮੌਕੇ ਐਡਵੋਕੇਟ ਪ੍ਰਭਜੀਪਾਲ ਸਿੰਘ, ਪਲਵਿੰਦਰ ਸਿੰਘ ਮਾਹਲ ਸੂਬਾ ਪ੍ਰਧਾਨ ਬੀ ਕੇ ਯੂ ਸੰਘਰਸ਼, ਮੇਜਰ ਆਰ ਪੀ ਐੱਸ ਮਲਹੋਤਰਾ ਸੂਬਾ ਪ੍ਰਧਾਨ ਜੈ ਜਵਾਨ ਜੈ ਕਿਸਾਨ ਪਾਰਟੀ, ਦਲਜੀਤ ਸਿੰਘ ਛੀਨਾ ਜਿਲਾ ਪ੍ਰਧਾਨ ਬੀ ਕੇ ਯੂ, ਵਕੀਲ ਗੁਰਿੰਦਰ ਸਿੰਘ, ਗੁਰਵਿੰਦਰ ਸਿੰਘ ਸੂਬਾ ਆਗੂ ,ਕਿਸਾਨ ਆਗੂ ਅਵਤਾਰ ਸਿੰਘ ਬਲਬੀਰ ਸਿੰਘ , ਅਮਰਿੰਦਰ ਸਿੰਘ ਹੈਪੀ ਪੰਜਾਬ ਸੂਬਾ ਪ੍ਰਧਾਨ ਬੀ ਕੇ ਯੂ ਚੜੂੰਨੀ,ਲਲੀਤ ਭਾਂਖਰ, ਵਕੀਲ ਨਿਰਮਲ ਸਿੰਘ ਬੀਬੀਪੁਰ, ਚਰਨਜੀਤ ਸਿੰਘ ਫ਼ੌਜੀ, ਪਰਮਜੀਤ ਸਿੰਘ ਢਿੱਲੋਂ, ਚਰਨਜੀਤ ਸਿੰਘ ਢਿੱਲੋਂ, ਗੁਰਦੀਪ ਸਿੰਘ ਫ਼ੌਜੀ, ਗੁਰਚਰਚਰਨ ਸਿੰਘ ਪਰਨੇਸਰ, ਸੁਖਦੇਵ ਸਿੰਘ ਛੀਨਾ, ਦਰਸ਼ਨ ਸਿੰਘ ਧਾਲੀਵਾਲ, ਨਰਿੰਦਰ ਸਿੰਘ ਸਕੱਤਰ, ਜਰਨੈਲ ਸਿੰਘ ਭਾਰਤ ਨਗਰ, ਤਰਨਜੀਤ ਸਿੰਘ ਵਿੱਕੀ, ਚੌਧਰੀ ਰਣਧੀਰ ਸਿੰਘ, ਸੁਰਿੰਦਰਪਾਲ ਸਿੰਘ ਚਾਹਿਲ, ਚਰਨਜੀਤ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਮਜੂਦ ਸਨ।


ਵਾਹਿਗੁਰੂ ਜੀ ਕਾ ਖ਼ਾਲਸਾ॥
ਵਾਹਿਗੁਰੂ ਜੀ ਕੀ ਫ਼ਤਹਿ॥
ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ



ਡਾ. ਸਰਬ ਸਿੰਘ
ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ
ਅੱਜ ਦਾ ਪ੍ਰੋਗਰਾਮ
5-6-2026
ਦਿਨ-ਸ਼ੁੱਕਰਵਾਰ



ਭਾਈ ਤਖਤ ਸਿੰਘ ਜੀ
ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਸੰਗਤ ਬਾਬਾ ਦੀਪ ਸਿੰਘ ਜੀ ਸੇਵਾ ਸੁਸਾਇਟੀ, ਛੋਟੀ ਘਾਸ ਮੰਡੀ (ਤਵੱਕਲੀ ਮੋੜ), ਪਟਿਆਲਾ।
ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।
ਸੰਪਰਕ ਕਰੋ : 98887-42047, 99157-70074
ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ



# ਪਟਿਆਲਾ-ਆਸ/ਪਾਸ



## ਪੰਜਾਬ ਸਰਕਾਰ ਦੀ ਅਗਵਾਈ 'ਚ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹੇਗਾ ਜ਼ਿਲ੍ਹਾ ਪ੍ਰਸ਼ਾਸਨ : ਡਾ. ਹਿਮਾਂਸ਼ੂ ਅਗਰਵਾਲ

### ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੀ ਸਮੀਖਿਆ ਮੀਟਿੰਗ 'ਚ ਡੀ.ਸੀ. ਵੱਲੋਂ ਕਈ ਅਹਿਮ ਫ਼ੈਸਲੇ

ਪਟਿਆਲਾ, 4 ਜੂਨ (ਰੁਪਾਣਾ) : ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਨ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਨੌਜਵਾਨਾਂ ਨੂੰ ਰੁਜ਼ਗਾਰ, ਹੁਨਰ ਵਿਕਾਸ ਅਤੇ ਸਵੈ-ਰੁਜ਼ਗਾਰ ਦੇ ਵਧੇਰੇ ਮੌਕੇ ਪ੍ਰਦਾਨ ਕਰਨ ਸਬੰਧੀ ਵੱਖ-ਵੱਖ ਯੋਜਨਾਵਾਂ ਅਤੇ ਪਹਿਲ ਕਦਮੀਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਪੰਜਾਬ ਸਰਕਾਰ ਦੀ ਅਗਵਾਈ ਵਿੱਚ ਪ੍ਰੋਜੈਕਟ ਚੇਤਨਾ ਅਤੇ ਕਾਲਜ ਇੰਟਰਨਸ਼ਿਪ ਪ੍ਰੋਗਰਾਮ ਤਹਿਤ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਲਈ ਤਿੰਨ ਮਹੀਨਿਆਂ ਦੀ ਪ੍ਰਸ਼ਾਸਨਿਕ ਇੰਟਰਨਸ਼ਿਪ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਪਹਿਲ ਨਾਲ ਵਿਦਿਆਰਥੀਆਂ ਨੂੰ ਪ੍ਰਸ਼ਾਸਨਿਕ ਕੰਮਕਾਜ ਦੀ ਜਾਣਕਾਰੀ ਮਿਲੇਗੀ ਅਤੇ



ਉਨ੍ਹਾਂ ਦੀ ਯੋਗਤਾ ਵਿੱਚ ਵਾਧਾ ਹੋਵੇਗਾ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੌਜਵਾਨਾਂ ਨੂੰ ਰੋਜ਼ਗਾਰ ਅਤੇ ਸਵੈ-ਨਿਰਭਰਤਾ ਵੱਲ ਪ੍ਰੇਰਿਤ ਕਰਨ ਲਈ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਹਰ ਸੰਭਵ ਯਤਨ ਜਾਰੀ ਰੱਖੇ ਜਾਣਗੇ। ਮੀਟਿੰਗ ਦੌਰਾਨ ਮਹਿਲਾ ਉਮੀਦਵਾਰਾਂ ਲਈ ਵਿਸ਼ੇਸ਼ ਹੁਨਰ ਸਿਖਲਾਈ ਪ੍ਰੋਗਰਾਮਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਓਹਨਾ ਕਿਹਾ ਕਿ ਮਹਿਲਾਵਾਂ ਨੂੰ ਪੋਸਟਨੇਟਲ ਕੇਅਰਟੇਕਰ, ਸੈਲਫ ਡਿਫੈਂਸ ਟ੍ਰੇਨਿੰਗ ਅਤੇ ਹੋਰ ਰੁਜ਼ਗਾਰਮੁਖੀ ਕੋਰਸਾਂ ਨਾਲ ਜੋੜਿਆ ਜਾਵੇ ਤਾਂ ਜੋ ਉਹ ਆਰਥਿਕ ਤੌਰ 'ਤੇ ਸਸ਼ਕਤ ਬਣ ਸਕਣ। ਇਸ ਦੇ ਨਾਲ ਹੀ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਕੇਂਦਰਾਂ ਨਾਲ ਜੁੜੇ ਉਮੀਦਵਾਰਾਂ ਨੂੰ ਹੁਨਰ ਸਿਖਲਾਈ ਦੇਣ ਉਪਰੰਤ ਉਨ੍ਹਾਂ ਦੀ ਪਲੇਸਮੈਂਟ ਯਕੀਨੀ ਬਣਾਉਣ ਲਈ ਵੀ ਯੋਜਨਾਬੱਧ ਢੰਗ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ। ਡਿਪਟੀ ਕਮਿਸ਼ਨਰ ਨੇ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਨੌਜਵਾਨਾਂ ਲਈ ਕੋਚਿੰਗ ਕਲਾਸਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰੀ ਨੌਕਰੀਆਂ ਹਾਸਲ ਕਰਨ ਦੇ ਇੱਛੁਕ ਉਮੀਦਵਾਰਾਂ ਨੂੰ ਮਿਆਰੀ ਮਾਰਗਦਰਸ਼ਨ ਅਤੇ ਸਹੂਲਤਾਂ ਮੁਹੱਈਆ ਕਰਵਾਈ ਜਾਣ ਲਈ ਕੋਚਿੰਗ ਕਲਾਸਿਜ਼ ਸ਼ੁਰੂ ਕਰਨ ਬਾਰੇ ਵਿਚਾਰ ਕੀਤਾ ਜਾਵੇਗਾ। ਮੀਟਿੰਗ ਵਿੱਚ ਉਦਯੋਗਿਕ ਖੇਤਰ ਦੀਆਂ ਲੋੜਾਂ ਅਨੁਸਾਰ ਚਲਾਏ ਜਾ ਰਹੇ ਕੋਰਸਾਂ ਦੀ ਸਮੀਖਿਆ ਵੀ ਕੀਤੀ ਗਈ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਬਦਲਦੇ ਸਮੇਂ ਅਤੇ ਉਦਯੋਗਾਂ ਦੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਨਵੇਂ ਕੋਰਸ ਸ਼ੁਰੂ ਕਰਨ ਅਤੇ ਮੌਜੂਦਾ ਕੋਰਸਾਂ ਨੂੰ ਅਪਡੇਟ ਕਰਨ ਦੀ ਲੋੜ ਹੈ। ਇਸ ਬਾਰੇ ਓਹਨਾ ਵੱਲੋਂ ਆਈ ਟੀ ਆਈ ਤੇ ਪੌਲੀਟੈਕਨਿਕ ਕਾਲਜਿਜ਼ ਤੋਂ ਆਏ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਪੁਲਿਸ, ਫੌਜ ਅਤੇ ਬੀ.ਐਸ.ਐਫ. ਵਿੱਚ ਭਰਤੀ ਸਬੰਧੀ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ ਅਤੇ ਸਕੂਲ ਕਾਲਜਾਂ ਵਿਚ ਇਸ ਸਬੰਧੀ ਜਾਣਕਾਰੀ ਲਈ ਫਲੈਕਸ ਲਗਾਉਣ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਰੁਜ਼ਗਾਰ ਦਫ਼ਤਰ, ਰੈੱਡ ਕਰਾਸ, ਸਿੱਖਿਆ ਵਿਭਾਗ, ਪੌਲੀਟੈਕਨੀਕਲ, ਕਾਲਜ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਸਿਹਤ ਮੰਤਰੀ ਨੇ ਛੋਟੀ ਮਸਜਿਦ ਨੇੜੇ 20 ਲੱਖ ਦੀ ਲਾਗਤ ਨਾਲ ਕਰਵਾਈ ਪ੍ਰੋਜੈਕਟ ਦੀ ਸ਼ੁਰੂਆਤ

### ➢ਬਾਜਵਾ ਕਲੋਨੀ 'ਚ 36 ਲੱਖ ਤੇ ਲੇਬਰ ਚੌਕ ਵਿੱਚ ਇੱਕ ਕਰੋੜ ਦੇ ਨਿਰਮਾਣ ਕਾਰਜ ਸ਼ੁਰੂ : ਡਾ. ਬਲਬੀਰ ਸਿੰਘ

ਪਟਿਆਲਾ, 4 ਜੂਨ (ਰੁਪਾਣਾ) : ਪੰਜਾਬ ਸਰਕਾਰ ਵੱਲੋਂ ਸੂਬੇ ਦੇ ਹਰ ਖੇਤਰ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਜੀਵਨ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਇਸੇ ਲੜੀ ਤਹਿਤ ਅੱਜ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ .ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਦੇ ਵੱਖ-ਵੱਖ ਇਲਾਕਿਆਂ ਵਿੱਚ ਕਰੋੜਾਂ ਰੁਪਏ ਦੀ ਲਾਗਤ ਵਾਲੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਹਨਾਂ ਦੇ ਨਾਲ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ ਅਤੇ ਡਿਪਟੀ ਮੇਅਰ ਹਰਿੰਦਰ ਕੋਹਲੀ ਵੀ ਮੌਜੂਦ ਸਨ। ਸਿਹਤ ਮੰਤਰੀ ਨੇ ਐਸ.ਐਸ.ਟੀ. ਨਗਰ ਛੋਟੀ ਮਸਜਿਦ ਨੇੜੇ 20 ਲੱਖ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਸਾਫ਼ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਇੱਕ ਮਹੱਤਵਪੂਰਨ



ਪ੍ਰੋਜੈਕਟ ਦੀ ਸ਼ੁਰੂਆਤ ਕਰਵਾਈ। ਓਹਨਾ ਕਿਹਾ ਕਿ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਇਲਾਕਾ ਵਾਸੀਆਂ ਨੂੰ ਸਾਫ਼ ਅਤੇ ਸ਼ੁੱਧ ਪੀਣ ਵਾਲਾ ਪਾਣੀ ਉਪਲਬਧ ਹੋਵੇਗਾ, ਜਿਸ ਨਾਲ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਮੁਸ਼ਕਲਾਂ ਦਾ ਹੱਲ ਹੋਵੇਗਾ। ਇਸ ਤੋਂ ਇਲਾਵਾ ਡਾ ਬਲਬੀਰ ਸਿੰਘ ਨੇ ਬਾਜਵਾ ਕਲੋਨੀ ਵਿਖੇ 36 ਲੱਖ ਰੁਪਏ ਦੀ ਲਾਗਤ ਨਾਲ ਇੰਟਰਲਾਕ ਟਾਇਲਾਂ ਵਿਛਾਉਣ ਦੇ ਕੰਮ ਦੀ ਸ਼ੁਰੂਆਤ ਵੀ ਕਰਵਾਈ। ਓਹਨਾਂ ਕਿਹਾ ਕਿ ਇਸ ਵਿਕਾਸ ਕਾਰਜ ਨਾਲ ਇਲਾਕੇ ਦੀਆਂ ਗਲੀਆਂ ਅਤੇ ਸੜਕਾਂ ਦੀ ਹਾਲਤ ਵਿੱਚ ਸੁਧਾਰ ਆਵੇਗਾ ਅਤੇ ਲੋਕਾਂ ਨੂੰ ਆਵਾਜਾਈ ਲਈ ਸੁਵਿਧਾਜਨਕ ਅਤੇ ਸਾਫ਼-ਸੁਥਰਾ ਵਾਤਾਵਰਨ ਮਿਲੇਗਾ। ਸਥਾਨਕ ਨਿਵਾਸੀਆਂ ਨੇ ਇਸ ਪ੍ਰੋਜੈਕਟ ਲਈ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਕੰਮ ਇਲਾਕੇ ਦੀ ਦਿੱਖ ਅਤੇ ਸਹੂਲਤਾਂ ਵਿੱਚ ਵੱਡਾ ਬਦਲਾਅ ਲਿਆਏਗਾ। ਸਿਹਤ ਮੰਤਰੀ ਨੇ ਵਾਰਡ ਨੰਬਰ 11 ਦੇ ਲੇਬਰ ਚੌਕ ਵਿਖੇ 1 ਕਰੋੜ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ ਕਾਰਜ ਦੀ ਸ਼ੁਰੂਆਤ ਵੀ ਕਰਵਾਈ। ਓਹਨਾਂ ਕਿਹਾ ਕਿ ਇਹ ਸੜਕ ਬਣਨ ਨਾਲ ਇਲਾਕੇ ਵਿੱਚ ਆਵਾਜਾਈ ਨੂੰ ਹੋਰ ਸੁਗਮ ਬਣਾਇਆ ਜਾਵੇਗਾ ਅਤੇ ਰੋਜ਼ਾਨਾ ਆਉਣ-ਜਾਣ ਵਾਲੇ ਹਜ਼ਾਰਾਂ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਸੜਕ ਨਿਰਮਾਣ ਨਾਲ ਇਲਾਕੇ ਦੀ ਬੁਨਿਆਦੀ ਢਾਂਚਾਗਤ ਸਥਿਤੀ ਹੋਰ ਮਜ਼ਬੂਤ ਹੋਵੇਗੀ ਅਤੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ। ਇਸ ਮੌਕੇ ਸੰਬੋਧਨ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਵਾਰਡ ਅਤੇ ਹਰ ਮੁਹੱਲੇ ਵਿੱਚ ਵਿਕਾਸ ਦੀ ਰਫ਼ਤਾਰ ਨੂੰ ਤੇਜ਼ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਹਰ ਇਲਾਕੇ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨਾ ਹੈ। ਇਸੇ ਲਈ ਪੀਣ ਵਾਲੇ ਪਾਣੀ, ਸੜਕਾਂ, ਸੀਵਰੇਜ, ਗਲੀਆਂ ਅਤੇ ਹੋਰ ਜਨਤਕ ਸਹੂਲਤਾਂ ਨਾਲ ਸਬੰਧਤ ਕੰਮ ਲਗਾਤਾਰ ਜਾਰੀ ਹਨ। ਸਥਾਨਕ ਵਸਨੀਕਾਂ ਨੇ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਦੁਆਰਾ ਸ਼ੁਰੂ ਕੀਤੇ ਗਏ ਵਿਕਾਸ ਕਾਰਜਾਂ ਦਾ ਸਵਾਗਤ ਕਰਦਿਆਂ ਪੰਜਾਬ ਸਰਕਾਰ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ।

## ਵਿਸ਼ਵ ਵਾਤਾਵਰਨ ਦਿਵਸ ਦੀ ਪੂਰਵ ਸੰਧਿਆ 'ਤੇ ਪੀਪੀਸੀਬੀ ਦੇ ਅਧਿਕਾਰੀਆਂ ਵੱਲੋਂ ਗੁ: ਸ੍ਰੀ ਦੂਖਨਿਵਾਰਨ ਸਾਹਿਬ ਦਾ ਦੌਰਾ



ਪਟਿਆਲਾ, 4 ਜੂਨ (ਰੁਪਾਣਾ/ਦੀਪਕ ਜੈਦਕਾ) : ਵਿਸ਼ਵ ਵਾਤਾਵਰਨ ਦਿਵਸ 2026 ਦੀ ਪੂਰਵ ਸੰਧਿਆ 'ਤੇ, ਜਿਸ ਦਾ ਵਿਸ਼ਾ ਕੁਦਰਤ ਤੋਂ ਪ੍ਰੇਰਿਤ, ਜਲਵਾਯੂ ਲਈ, ਸਾਡੇ ਭਵਿੱਖ ਲਈ ਹੈ, ਅਤੇ ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ (ਪੀਪੀਸੀਬੀ), ਪਟਿਆਲਾ ਵੱਲੋਂ ਵਾਤਾਵਰਨ ਪ੍ਰਤੀ ਜ਼ਿੰਮੇਵਾਰ ਵਿਹਾਰ ਨੂੰ ਉਤਸ਼ਾਹਿਤ ਕਰਨ ਅਤੇ ਪਲਾਸਟਿਕ ਦੇ ਲਿਫਾਫਿਆਂ ਦੇ ਟਿਕਾਊ ਵਿਕਲਪਾਂ ਬਾਰੇ ਜਾਗਰੂਕਤਾ ਫੈਲਾਉਣ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦੇ ਤਹਿਤ, ਪੀਪੀਸੀਬੀ ਦੇ ਅਧਿਕਾਰੀਆਂ ਨੇ ਸ੍ਰੀ ਦੂਖਨਿਵਾਰਨ ਸਾਹਿਬ, ਪਟਿਆਲਾ ਦਾ ਦੌਰਾ ਕੀਤਾ ਅਤੇ ਗੁਰਦੁਆਰਾ ਪ੍ਰਬੰਧਕਾਂ ਨਾਲ ਮੁਲਾਕਾਤ ਕਰਕੇ ਕੜਾਹ ਪ੍ਰਸ਼ਾਦ ਦੀ ਵੰਡ ਅਤੇ ਲਿਜਾਣ ਲਈ ਪਲਾਸਟਿਕ ਦੇ ਲਿਫ਼ਾਫਿਆਂ ਦੀ ਥਾਂ ਕੰਪੋਸਟੇਬਲ ਲਿਫ਼ਾਫਿਆਂ ਦੀ ਵਰਤੋਂ ਨੂੰ ਪ੍ਰੋਤਸਾਹਿਤ ਕੀਤਾ। ਸ੍ਰੀ ਦੂਖਨਿਵਾਰਨ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਪ੍ਰਣਾਮ ਸਿੰਘ ਜੀ ਨੇ ਪਟਿਆਲਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪਲਾਸਟਿਕ ਦੇ ਲਿਫ਼ਾਫਿਆਂ ਦੀ ਵਰਤੋਂ ਤੋਂ ਗੁਰੇਜ਼ ਕਰਨ ਅਤੇ ਗੁਰਦੁਆਰੇ ਤੋਂ ਕੜਾਹ ਪ੍ਰਸ਼ਾਦ ਲਿਜਾਣ ਲਈ ਸਿਰਫ਼ ਜੈਵ-ਵਿਘਟਨਯੋਗ (ਬਾਇਓਡੀਗ੍ਰੇਡੇਬਲ) ਲਿਫ਼ਾਫਿਆਂ ਦਾ ਹੀ ਦਾਨ ਅਤੇ ਉਪਯੋਗ ਕਰਨ। ਸ੍ਰੀ ਦੂਖਨਿਵਾਰਨ ਸਾਹਿਬ ਦੇ ਮੈਨੇਜਰ ਸ. ਭਾਗ ਸਿੰਘ ਜੀ ਨੇ ਵੀ ਹੈੱਡ ਗ੍ਰੰਥੀ ਦੀ ਇਸ ਅਪੀਲ ਦਾ ਸਮਰਥਨ ਕੀਤਾ। ਉਨ੍ਹਾਂ ਨੇ ਕਿਹਾ ਕਿ ਇਕ ਵਾਰ ਵਰਤੇ ਜਾਣ ਵਾਲੇ ਪਲਾਸਟਿਕ (ਸਿੰਗਲ-ਯੂਜ਼ ਪਲਾਸਟਿਕ) ਤੋਂ ਪਰਹੇਜ਼ ਕਰਕੇ ਅਤੇ ਟਿਕਾਊ ਵਿਕਲਪ ਅਪਨਾ ਕੇ ਵਾਤਾਵਰਨ ਸੰਭਾਲ ਵਿੱਚ ਯੋਗਦਾਨ ਪਾਇਆ ਜਾ ਸਕਦਾ ਹੈ, ਜਿਵੇਂ ਕਿ ਸ੍ਰੀ ਹਰਿਮੰਦਰ ਸਾਹਿਬ (ਸ੍ਰੀ ਦਰਬਾਰ ਸਾਹਿਬ), ਅੰਮ੍ਰਿਤਸਰ ਵਿਖੇ ਕੀਤਾ ਜਾ ਰਿਹਾ ਹੈ। ਗਿਆਨੀ ਪ੍ਰਣਾਮ ਸਿੰਘ, ਸ. ਭਾਗ ਸਿੰਘ ਅਤੇ ਪੀਪੀਸੀਬੀ ਦੇ ਅਧਿਕਾਰੀਆਂ ਵੱਲੋਂ ਗੁਰਦੁਆਰੇ ਵਿੱਚ ਆਈ ਸੰਗਤ ਨੂੰ ਕੰਪੋਸਟੇਬਲ ਲਿਫ਼ਾਫੇ ਵੰਡੇ ਗਏ। ਇਸ ਮੌਕੇ ਗੁਰਕਰਨ ਸਿੰਘ, ਵਾਤਾਵਰਨ ਇੰਜੀਨੀਅਰ, ਪੀਪੀਸੀਬੀ ਨਵਤੇਸ਼ ਸਿੰਗਲਾ, ਵਾਤਾਵਰਨ ਇੰਜੀਨੀਅਰ, ਪੀਪੀਸੀਬੀ, ਦਵਿੰਦਰ ਸਿੰਘ, ਜੇ.ਈ.; ਅਤੇ ਡਾ. ਗੁਰਸ਼ਗਨ ਕੰਧੋਲਾ, ਸੀਨੀਅਰ ਫੈਲੋ, ਪੀਪੀਸੀਬੀ ਹਾਜ਼ਰ ਸਨ।

## 'ਮੇਰੀ ਰਸੋਈ' ਸਕੀਮ ਤਹਿਤ ਪਿੰਡ ਗਾਜੀਪੁਰ 'ਚ ਰਾਸ਼ਨ ਕਿੱਟਾਂ ਵੰਡੀਆਂ

ਸਮਾਣਾ, 4 ਜੂਨ (ਵਿਜੇ ਕੁਮਾਰ) ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ



ਯੋਜਨਾਵਾਂ ਤਹਿਤ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੇ ਭਰਾ ਹਰਜਿੰਦਰ ਸਿੰਘ ਮਿੰਟੂ ਤੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ ਨੇ ਮੇਰੀ ਰਸੋਈ ਯੋਜਨਾ ਤਹਿਤ ਪਿੰਡ ਗਾਜ਼ੀਪੁਰ ਤੇ ਖਾਨਪੁਰ ਗਾੜੀਆ ਵਿਖੇ ਸਰਪੰਚ ਸੁਰਜੀਤ ਸਿੰਘ ਫੌਜੀ ਅਤੇ ਸਰਪੰਚ ਕਮਲਜੀਤ ਸਿੰਘ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ। ਇਸ ਦੌਰਾਨ ਬੁਲਾਰਿਆਂ ਨੇ ਦੱਸਿਆ ਕਿ ਮੇਰੀ ਰਸੋਈ ਸਕੀਮ ਦਾ ਮੁੱਖ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਦੀ ਮਦਦ ਕਰਨਾ ਹੈ, ਤਾਂ ਜੋ ਉਹਨਾਂ ਨੂੰ ਕਿਸੇ ਤਰ੍ਹਾਂ ਦੀ ਵੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਹਨਾਂ ਦੱਸਿਆ ਕਿ 'ਆਪ' ਸਰਕਾਰ ਵੱਲੋਂ ਲੋਕ ਭਲਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਅਜਿਹੀਆਂ ਹੋਰ ਵੀ ਸਕੀਮਾਂ ਚਲਾਈਆਂ ਜਾ ਰਹੀਆਂ ਹਨ। ਜਿਨਾਂ ਦਾ ਸਿੱਧਾ ਲਾਭ ਆਮ ਲੋਕਾਂ ਨੂੰ ਮਿਲ ਰਿਹਾ ਹੈ। ਪਿੰਡ ਵਾਸੀਆਂ ਵੱਲੋਂ ਪੰਜਾਬ ਸਰਕਾਰ ਦੀ ਇਸ ਲੋਕ ਭਲਾਈ ਸਕੀਮ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਕਮਲਜੀਤ ਸਿੰਘ, ਕੁਲਜੀਤ ਸਿੰਘ ਰੰਧਾਵਾ, ਅੰਗਰੇਜ਼ ਸਿੰਘ, ਬਹਾਦਰ ਸਿੰਘ, ਸਤਪਾਲ ਸਿੰਘ, ਸਰੋਜ ਰਾਣੀ, ਸਰਬਜੀਤ ਕੌਰ, ਨਿਰਮਲ ਸਿੰਘ ਅਤੇ ਸੁਰੇਸ਼ ਕੁਮਾਰ ਆਦਿ ਹਾਜ਼ਰ ਸਨ।

## ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਇੱਕ ਜੁਲਾਈ ਤੋਂ ਹੋਵੇਗੀ : ਬਲਬੀਰ ਸਿੰਘ ਖੱਟੜਾ

ਭਾਦਸੋਂ, 4 ਜੂਨ (ਭਰਪੂਰ ਸਿੰਘ ਮੱਟਰਾਂ) : ਉੱਘੇ ਸਮਾਜ ਸੇਵਕ ਸੀਨੀਅਰ 'ਆਪ' ਆਗੂ ਬਲਵੀਰ ਸਿੰਘ ਖੱਟੜਾ ਨੇ ਆਪਣੇ ਦਫ਼ਤਰ ਵਿੱਚ ਨਾਭਾ ਰੋਡ ਚਾਸਵਾਲ ਵਿਖੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਮਾਵਾਂ ਧੀਆਂ ਨੂੰ 1000ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 1500 ਰੁਪੈ ਪ੍ਰਤੀ ਮਹੀਨਾ ਦੇਣ ਦਾ ਜੋ ਵਾਅਦਾ ਕੀਤਾ ਸੀ ਉਹ ਪਹਿਲੀ ਜੁਲਾਈ ਤੋਂ ਸ਼ੁਰੂ ਹੋ ਜਾਵੇਗਾ। ਇਸ ਦਾ ਐਲਾਨ ਬੀਤੇ ਦਿਨ ਮੁੱਖ ਮੰਤਰੀ ਪੰਜਾਬ ਨੇ ਕੀਤਾ ਹੈ ਬਹੁਤ ਖੁਸ਼ੀ ਦੀ ਗੱਲ ਹੈ ਕਿ ਮਾਵਾਂ ਧੀਆਂ ਨੂੰ ਪੰਜਾਬ ਸਰਕਾਰ ਦੀ ਤਰਫੋਂ ਮਾਲੀ ਸਹਾਇਤਾ ਦਿੱਤੀ ਜਾ ਰਹੀ ਹੈ। ਇਹ ਮਾਲੀ ਸਹਾਇਤਾ 18 ਸਾਲ ਤੋਂ ਉੱਪਰ ਦੀਆਂ ਸਾਰੀਆਂ ਹੀ ਮਹਿਲਾਵਾਂ ਨੂੰ ਮਿਲੇਗੀ ਜੇ ਕੋਈ ਮਹਿਲਾਵਾਂ ਪਹਿਲਾਂ ਵਿਧਵਾ ਪੈਨਸ਼ਨ ਲੈ ਰਹੀ ਹੈ ਜਾਂ ਆਪੰਗਤਾ ਪੈਨਸ਼ਨ ਜਾ ਬੁਢਾਪਾ ਪੈਨਸ਼ਨ ਲੈ ਰਹੀ ਹੈ ਤਾਂ ਉਸਨੂੰ ਵੀ ਇਹ ਪੈਨਸ਼ਨ ਮਾਲੀ ਸਹਾਇਤਾ ਨਾਲ ਮਿਲ ਜਾਵੇਗੀ ਇਸ ਨਾਲ ਉਹਨਾਂ ਨੂੰ ਵੱਡਾ ਫਾਇਦਾ ਹੋਵੇਗਾ ਮਾਨ ਸਰਕਾਰ ਨੇ ਪੰਜਾਬ ਦੇ ਹਰ ਵਰਗ ਨੂੰ ਸਤਿਕਾਰ



ਦਿੰਦੇ ਹਨ ਪਿਆਰ ਕਰਦੇ ਹਨ। ਉਹਨਾਂ ਨੂੰ ਉੱਪਰ ਚੁੱਕਣ ਦਾ ਯਤਨ ਕਰਦੇ ਹਨ ਮਹਿਲਾਵਾਂ ਨੂੰ ਪਹਿਲਾਂ ਹੀ ਬੱਸ ਯਾਤਰਾਂ ਬਿਲਕੁਲ ਮੁਫ਼ਤ ਹੈ ਅਤੇ ਉਹਨਾਂ ਦੇ ਘਰਾਂ ਦੇ ਬਿਜਲੀ ਦੇ ਬਿਲ ਨਹੀਂ ਆਉਂਦੇ ਬੱਚਿਆਂ ਲਈ ਸਕੂਲ ਬੱਚਿਆਂ ਦੀ ਪੜ੍ਹਾਈ ਲਈ ਬਹੁਤ ਵਧੀਆ ਸਕੂਲ ਬਣਾ ਦਿੱਤੇ ਗਏ ਹਨ। ਸਿਹਤ ਪੱਖੋਂ ਵੀ ਮੁਹੱਲਾ ਕਲੀਨਕਾਂ ਵਿੱਚ ਬਹੁਤ ਸਾਰੇ ਟੈਸਟ ਮੁਫ਼ਤ ਕੀਤੇ ਜਾਂਦੇ ਹਨ ਅਤੇ ਦਵਾਈਆਂ ਵੀ ਮੁਫ਼ਤ ਦਿੱਤੀਆਂ ਜਾਂਦੀਆਂ ਹਨ।

## ਚਾਰਧਾਮ ਯਾਤਰਾ ਸਬੰਧੀ ਸ਼ਰਧਾਲੂਆਂ ਲਈ ਮਹੱਤਵਪੂਰਨ ਐਡਵਾਈਜ਼ਰੀ ਜਾਰੀ

ਮਲੇਰਕੋਟਲਾ, 4 ਜੂਨ (ਬਲਜੀਤ ਸਿੰਘ ਟਿੱਬਾ) : ਉਤਰਾਖੰਡ ਸਰਕਾਰ ਵੱਲੋਂ ਪ੍ਰਸਿੱਧ ਚਾਰਧਾਮ ਯਾਤਰਾ 2026 ਦੇ ਸੁਚਾਰੂ, ਸੁਰੱਖਿਅਤ ਅਤੇ ਵਿਵਸਥਿਤ ਆਯੋਜਨ ਲਈ ਵਿਸ਼ੇਸ਼ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਬੰਧੀ ਉਤਰਾਖੰਡ ਦੇ ਮੁੱਖ ਸਕੱਤਰ ਵੱਲੋਂ ਜਾਰੀ ਕੀਤੇ ਗਏ ਅਧਿਕਾਰਿਕ ਡੀ.ਓ. ਪੱਤਰ ਰਾਹੀਂ ਸਾਰੀਆਂ ਰਾਜ ਸਰਕਾਰਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਯਾਤਰਾ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਅਤੇ ਹਦਾਇਤਾਂ ਭੇਜੀਆਂ ਗਈਆਂ ਹਨ। ਸਹਾਇਕ ਕਮਿਸ਼ਨਰ (ਜਨਰਲ) ਮਨਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚਾਰਧਾਮ ਯਾਤਰਾ, ਜਿਸ ਵਿੱਚ ਯਮੁਨੋਤਰੀ, ਗੰਗੋਤਰੀ, ਕੇਦਾਰਨਾਥ ਅਤੇ ਬਦਰੀਨਾਥ ਦੇ ਪਵਿੱਤਰ ਧਾਮ ਸ਼ਾਮਲ ਹਨ, ਇਸ ਸਾਲ 19 ਅਪ੍ਰੈਲ 2026 ਤੋਂ ਸ਼ੁਰੂ ਹੋ ਚੁੱਕੀ ਹੈ। ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਦੇਸ਼ ਭਰ ਤੋਂ ਲੱਖਾਂ ਸ਼ਰਧਾਲੂ ਇਸ ਪਵਿੱਤਰ ਯਾਤਰਾ ਵਿੱਚ ਸ਼ਾਮਲ ਹੋਣਗੇ। ਉਨ੍ਹਾਂ ਕਿਹਾ ਕਿ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਸੁਰੱਖਿਆ, ਸੁਵਿਧਾ ਅਤੇ ਸੁਚਾਰੂ ਪ੍ਰਬੰਧ ਨੂੰ ਯਕੀਨੀ ਬਣਾਉਣ ਲਈ ਉਤਰਾਖੰਡ ਸਰਕਾਰ ਵੱਲੋਂ ਵਿਆਪਕ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਤਹਿਤ ਆਨਲਾਈਨ ਰਜਿਸਟ੍ਰੇਸ਼ਨ ਨੂੰ ਲਾਜ਼ਮੀ ਕੀਤਾ ਗਿਆ ਹੈ, ਤਾਂ ਜੋ ਭੀੜ ਪ੍ਰਬੰਧਨ ਨੂੰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ ਅਤੇ ਹਰ ਸ਼ਰਧਾਲੂ ਦੀ ਸੁਰੱਖਿਆ ਯਕੀਨੀ ਹੋ ਸਕੇ। ਉਨ੍ਹਾਂ ਨੇ ਇਹ ਵੀ ਕਿਹਾ ਕਿ ਐਮਰਜੈਂਸੀ ਸਥਿਤੀ ਵਿੱਚ ਸ਼ਰਧਾਲੂ ਹੈਲਪਲਾਈਨ ਨੰਬਰ 0135-2559898, 2552627 ਜਾਂ ਟੋਲ ਫਰੀ ਨੰਬਰ 1364 'ਤੇ ਸੰਪਰਕ ਕਰ ਸਕਦੇ ਹਨ।

## ਸਮਾਜਿਕ ਤਬਦੀਲੀ 'ਚ ਸਾਹਿਤਕਾਰਾਂ ਦਾ ਵੱਡਾ ਯੋਗਦਾਨ: ਰੱਖੜਾ

ਸਮਾਣਾ, 4 ਜੂਨ (ਜਵੰਦਾ) : ਮਾਲਵਾ ਰੀਸਰਚ ਸੈਂਟਰ, ਪਟਿਆਲਾ ਵੱਲੋਂ ਰੱਖੜਾ ਟੈਕਨੋਲੋਜੀ ਵਿਖੇ ਪੁਸਤਕ ਲੋਕ ਅਰਪਣ, ਵਿਚਾਰ-ਚਰਚਾ ਅਤੇ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸਾਬਕਾ ਕੈਬਨਿਟ ਮੰਤਰੀ ਅਤੇ 'ਆਪ' ਆਗੂ ਸੁਰਜੀਤ ਸਿੰਘ ਰੱਖੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਪ੍ਰਸਿੱਧ ਸਾਹਿਤਕਾਰ ਅੰਮ੍ਰਿਤ 'ਅਜ਼ੀਜ਼' ਦੇ ਕਾਵਿ-ਸੰਗ੍ਰਹਿ 'ਤਨਹਾਈਆਂ ਦੇ ਪਲ' ਨੂੰ ਲੋਕ ਅਰਪਣ ਕੀਤਾ ਗਿਆ ਅਤੇ ਪੰਜਾਬ ਭਰ ਤੋਂ ਪਹੁੰਚੇ ਸਾਹਿਤਕਾਰਾਂ, ਬੁੱਧੀਜੀਵੀਆਂ ਅਤੇ ਚਿੰਤਕਾਂ ਵੱਲੋਂ ਸੁਰਜੀਤ ਸਿੰਘ ਰੱਖੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸਾਹਿਤਕਾਰ ਕਿਸੇ ਵੀ ਸਮਾਜ ਦੀ ਚੇਤਨਾ ਅਤੇ ਜ਼ਮੀਰ ਦੀ ਆਵਾਜ਼ ਹੁੰਦੇ ਹਨ, ਜੋ ਸਮਾਜ ਦੀ ਦਿਸ਼ਾ ਅਤੇ ਦਸ਼ਾ ਨੂੰ ਦਰਸਾਉਣ ਦੇ ਨਾਲ-ਨਾਲ ਲੋਕਾਂ ਨੂੰ ਜਾਗਰੂਕ ਕਰਨ ਦਾ ਕੰਮ



ਵੀ ਕਰਦੀ ਹੈ। ਉਨ੍ਹਾਂ ਕਿਹਾ ਕਿ ਸਮਾਜਿਕ ਤਬਦੀਲੀ, ਨਵੀਂ ਸੋਚ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਵਿੱਚ ਸਾਹਿਤਕਾਰਾਂ ਦਾ ਯੋਗਦਾਨ ਬੇਹੱਦ ਅਹਿਮ ਹੈ। ਇਸ ਮੌਕੇ ਡਾ. ਭਗਵੰਤ ਸਿੰਘ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਸੁਰਜੀਤ ਸਿੰਘ ਰੱਖੜਾ ਨੇ ਹਮੇਸ਼ਾ ਸਿਧਾਂਤਕ ਰਾਜਨੀਤੀ ਨੂੰ ਤਰਜੀਹ ਦਿੱਤੀ ਹੈ ਅਤੇ ਪੰਜਾਬ ਦੇ ਚੰਗੇਰੇ ਭਵਿੱਖ ਲਈ ਦੂਰਅੰਦੇਸ਼ੀ ਫ਼ੈਸਲੇ ਲਏ ਹਨ। ਸਮਾਗਮ ਦੌਰਾਨ ਪੰਜਾਬ ਦੇ ਵਿਕਾਸ, ਸਮਾਜਿਕ ਸਰੋਕਾਰਾਂ ਅਤੇ ਸਮਾਜ ਨਿਰਮਾਣ ਵਿੱਚ ਸਾਹਿਤ ਦੀ ਭੂਮਿਕਾ ਸਬੰਧੀ ਡੂੰਘੀ ਵਿਚਾਰ-ਚਰਚਾ ਕੀਤੀ ਗਈ। ਇਸ ਮੌਕੇ ਜਗਦੀਪ ਸਿੰਘ, ਦਰਬਾਰਾ ਸਿੰਘ ਢੀਂਡਸਾ, ਗੁਰਨਾਮ ਸਿੰਘ, ਰਵੇਲ ਸਿੰਘ ਭਿੰਡਰ, ਜੋਗਾ ਸਿੰਘ ਧਨੌਲਾ, ਬਲਵਿੰਦਰ ਭੱਟੀ, ਬਬੀਤਾ, ਸੁਖਵਿੰਦਰ ਸਿੰਘ ਸਿੱਧੂ, ਮਨਜੀਤ ਸਿੰਘ, ਮੋਹਨ ਸਿੰਘ, ਸੁਖਪਾਲ ਸਿੰਘ ਸੋਹੀ, ਨਿਰਭੈ ਸਿੰਘ, ਕੇ.ਵੀ.ਐਸ. ਸਿੱਧੂ, ਪਰਵਿੰਦਰ ਬਾਜਵਾ, ਦਵਿੰਦਰ ਸਿੰਘ ਰਾਣਾ ਅਤੇ ਹੋਰ ਅਨੇਕਾਂ ਸਾਹਿਤਕਾਰਾਂ ਪਟਿਆਲਾ, ਫ਼ਤਿਹਗੜ੍ਹ, ਮਾਨਸਾ, ਬਠਿੰਡਾ, ਮਲੇਰਕੋਟਲਾ ਤੋਂ ਸ਼ਾਮਿਲ ਹੋਏ।

## ਅੰਤਾਂ ਦੀ ਤਪਸ਼ ਤੋਂ ਬਰਸਾਤ ਨੇ ਜੀਅ-ਜੰਤਾਂ ਨੂੰ ਨਿਜਾਤ ਦਿਵਾਈ

ਬਲਬੇੜ੍ਹਾ/ਡਕਾਲਾ, 4 ਜੂਨ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਪਿਛਲੇ ਸਮਿਆਂ ਦੇ ਵਿੱਚ ਸੂਬੇ 'ਚ ਸੱਭਿਆਚਾਰ ਰੀਤੀ ਰਿਵਾਜਾਂ ਅਨੁਸਾਰ ਬਰਸਾਤ ਪਵਾਉਣ ਲਈ ਅਕਸਰ ਲੋਕ ਪਿੰਡਾਂ 'ਚ ਰਸਦਾ ਇਕੱਠੀਆਂ ਕਰਕੇ ਚੌਲਾਂ ਦੇ ਕੜਾਹੇ ਕੱਢ ਕੇ ਸਾਂਝੇ ਅਸਥਾਨਾਂ ਉੱਪਰ ਜੱਗ ਕਰਿਆ ਕਰਦੇ ਸਨ,



ਅਤੇ ਪਿੰਡਾਂ ਦੀਆਂ ਬਜ਼ੁਰਗ ਅਤੇ ਨੌਜਵਾਨ ਔਰਤਾਂ ਸਮੇਤ ਨਵੀਂ ਉਮਰ ਦੀਆਂ ਬੱਚੀਆਂ ਇਕੱਠੀਆਂ ਹੋ ਕੇ ਲੀਰਾਂ ਦੀ ਗੁੱਡੀ ਬਣਾ ਕੇ ਉਸ ਦਾ ਸੰਸਕਾਰ ਕਰਕੇ ਆਉਂਦੀਆਂ ਸਨ ਤਾਂ ਕਿ ਬਰਸਾਤ ਪਵਾਉਣ ਲਈ ਇੰਦਰ ਦੇਵਤੇ ਦੀ ਕਚਹਿਰੀ ਤੱਕ ਆਪਣੀ ਆਵਾਜ਼ ਪਹੁੰਚਾਈ ਜਾ ਸਕੇ, ਪਰ ਹੁਣ ਆਧੁਨਿਕ ਯੁੱਗ ਦੀ ਤਬਦੀਲੀ 'ਚ ਅਜਿਹਾ ਕੁਝ ਕਰਨ ਤੋਂ ਨਵੀਂ ਪੀੜੀ ਦੇ ਰੀਤੀ ਰਿਵਾਜ਼ ਬਿਲਕੁਲ ਬਦਲ ਚੁੱਕੇ ਹਨ। ਉੱਤਰੀ ਭਾਰਤ 'ਚ ਅੰਤਾਂ ਦੀ ਪੈ ਰਹੀ ਤੇਜ ਤਪਸ਼ ਤੋਂ ਬਰਸਾਤ ਨੇ ਮਨੁੱਖਾ ਸਮੇਤ ਸਮੁਚੇ ਜੀਅ ਜੰਤਾਂ ਨੂੰ ਨਿਜਾਤ ਦਵਾਈ। ਸਰਦੀ ਦੀ ਰੁੱਤ ਤੋਂ ਬਾਅਦ ਜਿੱਥੇ ਇੱਕ ਦਮ ਗਰਮ ਰੁੱਤ ਜੋਬਨ ਤੇ ਹੋਣ ਕਾਰਨ ਪੂਰੇ ਉੱਤਰੀ ਭਾਰਤ ਦੇ ਮੌਸਮ ਚ ਤੇਜ ਹੀਟ ਵਧਾ ਕੇ ਮਨੁੱਖਾ ਸਮੇਤ ਧਰਤੀ ਤੇ ਰਹਿ ਰਹੇ ਜੀ ਜਨਤਾ ਨੂੰ ਗਰਮੀ ਨਾਲ ਹਾਲੋਂ ਬੇਹਾਲ ਕੀਤਾ ਹੋਇਆ ਸੀ ਉੱਥੇ ਸਮੁੱਚੀ ਬਨਸਪਤੀ ਅਤੇ ਰੁੱਖਾਂ ਸਮੇਤ ਤੇਜ ਲੂ ਨੇ ਆਪਣੀ ਚਪੇਟ ਚ ਲੈ ਕੇ ਭੱਠੀ ਦੇ ਦਾਣੇ ਵਾਂਗ ਤਪਣ ਲਈ ਮਜਬੂਰ ਕੀਤਾ ਹੋਇਆ ਸੀ ਇਸ ਸਾਰੇ ਵਰਤਾਰੇ ਨੂੰ ਠੰਡ ਪਾਉਣ ਲਈ ਕੁਦਰਤ ਦੇ ਦਿਆਲ ਹੋਣ ਨਾਲ ਇਕੋ ਬਰਸਾਤ ਨੇ ਸ਼ਾਂਤ ਕਰ ਦਿੱਤਾ ਹੈ ਅਤੇ ਸੂਬੇ 'ਚ ਜਿੱਥੇ ਪਿਛਲੇ 40 ਦਿਨਾਂ ਦੇ ਵੱਧ ਸਮੇਂ ਤੋਂ 45 ਡਿਗਰੀ ਦੇ ਨੇੜੇ ਤਾਪਮਾਨ ਚੜਿਆ ਹੋਇਆ ਸੀ ਇਸ ਨੂੰ ਵੀ ਬਰਸਾਤ ਨੇ ਠੰਡਾ ਕਰ ਦਿੱਤਾ ਹੈ। ਬੇਸ਼ੱਕ ਆਉਣ ਵਾਲੇ ਦਿਨਾਂ ਚ ਕੁਦਰਤ ਦੇ ਨਿਯਮ ਮੁਤਾਬਕ ਫਿਰ ਤੋਂ ਇਸ ਤਾਪਮਾਨ ਨੇ ਰਬੜ ਦੀ ਤਰ੍ਹਾਂ ਵਧਣ ਲਈ ਆਪਣੀ ਰਫਤਾਰ ਫੜਨੀ ਹੈ, ਪਰ ਇੱਕ ਵਾਰ ਇਸ ਗਰਮੀ ਦੀ ਤੇਜ ਰਫਤਾਰ ਨੂੰ ਧੀਮੀ ਕਰਨ ਲਈ ਕੁਦਰਤ ਨੇੜੇ ਤੋਂ ਇਨਸਾਨਾਂ ਅਤੇ ਜੀਅ ਜੰਤਾਂ ਤੇ ਦਿਆਲ ਹੁੰਦੀ ਦਿਖਾਈ ਦਿੱਤੀ।

## 'ਰਿਦਮੀਆ ਸੰਗੀਤ ਅਤੇ ਨਾਚ ਤਾਲ' ਇੱਕ ਮਨਮੋਹਕ ਸ਼ਾਮ 6-7 ਨੂੰ

ਪਟਿਆਲਾ, 4 ਜੂਨ (ਚ.ਨ.ਸ) : ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਅਧੀਨ ਉੱਤਰੀਖੇਤਰ ਸੱਭਿਆਚਾਰਕ ਕੇਂਦਰ ਵਲੋਂ 6 ਅਤੇ 7 ਜੂਨ, 2026 ਨੂੰ ਸ਼ਾਮ 6:30 ਵਜੇ ਕਾਲੀਦਾਸ ਆਡੀਟੋਰੀਅਮ ਵਿਖੇ ਦੋ ਦਿਨਾਂ ਸੱਭਿਆਚਾਰਕ ਤਿਉਹਾਰ, 'ਰਿਦਮੀਆ - ਸੰਗੀਤ ਅਤੇ ਨਾਚ ਦੀ ਤਾਲ' ਦਾ ਆਯੋਜਨ ਕਰੇਗਾ। ਇਸ ਵਿਸ਼ੇਸ਼ ਸਮਾਗਮ ਵਿੱਚ, ਦੇਸ਼ ਭਰ ਦੇ ਪ੍ਰਸਿੱਧ ਸੰਗੀਤਕਾਰ ਅਤੇ ਨ੍ਰਿਤਕ ਆਪਣੇ ਪ੍ਰਦਰਸ਼ਨਾਂ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕਰਨਗੇ। 6 ਜੂਨ ਨੂੰ, ਪ੍ਰਸਿੱਧ ਸੁਰਬਹਾਰ ਵਾਦਕ ਡਾ. ਅਸ਼ਵਿਨ ਐਮ. ਡਲਵੀ ਸ਼ਾਸਤਰੀ ਸੰਗੀਤ ਪੇਸ਼ ਕਰਨਗੇ, ਜਦੋਂ ਕਿ ਅੰਤਰਰਾਸ਼ਟਰੀ ਪੱਧਰ @ਤੇ ਪ੍ਰਸਿੱਧ ਕੋਰੀਓਗ੍ਰਾਫਰ ਸੰਤੋਸ਼ ਨਾਇਰ ਆਪਣਾ ਪ੍ਰਸਿੱਧ ਨਾਚ ਨਾਟਕ, ÷ਦਿ ਗੇਮ ਆਫ਼ ਡਾਈਸ÷ ਪੇਸ਼ ਕਰਨਗੇ। 7 ਜੂਨ ਨੂੰ, ਪ੍ਰਸਿੱਧ ਸ਼ਾਸਤਰੀ ਸੰਗੀਤਕਾਰ ਪੰਡਿਤ ਸੁਭਾਸ਼ ਘੋਸ਼ ਪੇਸ਼ ਕਰਨਗੇ, ਅਤੇ ਪ੍ਰਸਿੱਧ ਕਥਕ ਨ੍ਰਿਤਕ ਡਾ. ਸਮੀਰਾ ਕੋਸਰ ਇੱਕ ਮਨਮੋਹਕ ਪ੍ਰਦਰਸ਼ਨ ਨਾਲ ਸਮਾਗਮ ਨੂੰ ਸੁੰਦਰ ਬਣਾਉਣਗੇ। ਉੱਤਰੀਖੇਤਰ ਸੱਭਿਆਚਾਰਕ ਕੇਂਦਰ ਦੇ ਡਾਇਰੈਕਟਰ ਫੁਰਕਾਨ ਖਾਨ ਦੇ ਅਨੁਸਾਰ, ਰਿਦਮੀਆ ਦਾ ਉਦੇਸ਼ ਭਾਰਤੀ ਸ਼ਾਸਤਰੀ ਸੰਗੀਤ ਅਤੇ ਨ੍ਰਿਤ ਦੀ ਅਮੀਰ ਵਿਰਾਸਤ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਅਤੇ ਕਲਾ ਪ੍ਰੇਮੀਆਂ ਨੂੰ ਇੱਕ ਡੂੰਘਾ ਸੱਭਿਆਚਾਰਕ ਅਨੁਭਵ ਪ੍ਰਦਾਨ ਕਰਨਾ ਹੈ। ਇਸ ਸਮਾਗਮ ਵਿੱਚ ਦਾਖਲਾ ਮੁਫ਼ਤ ਹੋਵੇਗਾ, ਅਤੇ ਸੰਗੀਤ ਅਤੇ ਨ੍ਰਿਤ ਪ੍ਰੇਮੀਆਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ।

## ਸੈਂਟਰਲ ਸਟੇਟ ਲਾਇਬ੍ਰੇਰੀ ਵਿਖੇ ਐਸ.ਆਈ.ਆਰ. ਸਬੰਧੀ ਜਾਗਰੂਕਤਾ ਪ੍ਰੋਗਰਾਮ

### ➢ਯੋਗ ਨਾਗਰਿਕਾਂ ਦਾ ਨਾਮ ਵੋਟਰ ਸੂਚੀ 'ਚ ਦਰਜ ਹੋਣਾ ਲੋਕਤੰਤਰ ਦੀ ਮਜ਼ਬੂਤੀ ਲਈ ਬਹੁਤ ਜ਼ਰੂਰੀ : ਪ੍ਰੋ. ਰੇਖੀ

ਪਟਿਆਲਾ, 4 ਜੂਨ (ਰੁਪਾਣਾ) : ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਵੀਪ ਗਤੀਵਿਧੀਆਂ ਤਹਿਤ ਮੁਸਾਫ਼ਿਰ ਮੈਮੋਰੀਅਲ ਸੈਂਟਰਲ ਸਟੇਟ ਲਾਇਬ੍ਰੇਰੀ ਵਿਖੇ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐਸ ਆਈ ਆਰ) ਸਬੰਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਡਾ. ਸਵਿੰਦਰ ਸਿੰਘ ਰੇਖੀ ਨੇ ਹਾਜ਼ਰ ਵਿਦਿਆਰਥੀਆਂ ਤੇ ਪਾਠਕਾਂ ਨੂੰ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਅਤੇ ਪ੍ਰੀ ਐਸ.ਆਈ.ਆਰ ਦੌਰਾਨ ਵੋਟਰਾਂ ਨੂੰ ਮੈਪਿੰਗ ਕਰਵਾਉਣ ਲਈ




ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਯੋਗ ਨਾਗਰਿਕਾਂ ਦਾ ਨਾਮ ਵੋਟਰ ਸੂਚੀ ਵਿੱਚ ਦਰਜ ਹੋਣਾ ਲੋਕਤੰਤਰ ਦੀ ਮਜ਼ਬੂਤੀ ਲਈ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਆਪਣੇ ਵੋਟਰ ਵੇਰਵਿਆਂ ਦੀ ਜਾਂਚ ਕਰਨ ਅਤੇ ਲੋੜ ਪੈਣ 'ਤੇ ਨਿਰਧਾਰਿਤ ਫਾਰਮਾਂ ਰਾਹੀਂ ਸੋਧ, ਨਾਮ ਦਰਜ ਕਰਵਾਉਣ ਜਾਂ ਹੋਰ ਜ਼ਰੂਰੀ ਤਬਦੀਲੀਆਂ ਕਰਵਾਉਣ ਲਈ ਪ੍ਰੇਰਿਤ ਕੀਤਾ। ਪ੍ਰੋ. ਰੇਖੀ ਨੇ ਕਿਹਾ ਕਿ ਸਵੀਪ ਗਤੀਵਿਧੀਆਂ ਦਾ ਮੁੱਖ ਉਦੇਸ਼ ਵੋਟਰਾਂ ਵਿੱਚ ਚੋਣੀ ਪ੍ਰਕਿਰਿਆ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਅਤੇ ਹਰ ਯੋਗ ਨਾਗਰਿਕ ਦੀ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਹੈ। ਇਸ ਦੌਰਾਨ ਡਾ. ਰੇਖੀ ਨੇ ਦੱਸਿਆ ਕਿ ਸਮਾਜ ਦੇ ਪ੍ਰਮੁੱਖ ਵਿਅਕਤੀਆਂ ਨੂੰ ਇਸ ਐਸ.ਆਈ.ਆਰ. ਸਬੰਧੀ ਮੁਹਿੰਮ ਨਾਲ ਜੋੜ ਕੇ ਉਹਨਾਂ ਦੇ ਸੰਦੇਸ਼ ਸੋਸ਼ਲ ਮੀਡੀਆ ਰਾਹੀਂ ਸਾਂਝੇ ਕੀਤੇ ਜਾਣਗੇ, ਤਾਂ ਜੋ ਵੱਧ ਤੋਂ ਵੱਧ ਲੋਕਾਂ ਤੱਕ ਜਾਣਕਾਰੀ ਪਹੁੰਚ ਸਕੇ ਉਨ੍ਹਾਂ ਨੇ ਇਹ ਵੀ ਜ਼ੋਰ ਦਿੱਤਾ ਕਿ ਸਕੂਲਾਂ ਅਤੇ ਕਾਲਜਾਂ ਦੇ ਇਲੈਕਟੋਰਲ ਲਿਟਰੇਸੀ ਕਲੱਬਾਂ ਦੇ ਮੈਂਬਰਾਂ ਨੂੰ ਵੀ ਇਸ ਪ੍ਰਕਿਰਿਆ ਵਿੱਚ ਸ਼ਾਮਲ ਕੀਤਾ ਜਾਵੇਗਾ ਤਾਂ ਜੋ ਨੌਜਵਾਨ ਵਰਗ ਦੀ ਭਾਗੀਦਾਰੀ ਯਕੀਨੀ ਬਣਾਈ ਜਾ ਸਕੇ। ਰੁਪਿੰਦਰ ਸਿੰਘ ਹਲਕਾ ਨੋਡਲ ਅਫ਼ਸਰ ਪਟਿਆਲਾ 115 ਨੇ ਵਿਦਿਆਰਥੀਆਂ ਨੂੰ ਬੀਐਲਓਜ਼ ਵਲੋਂ 7 ਜੂਨ ਨੂੰ ਪੋਲਿੰਗ ਬੂਥ 'ਤੇ ਲਗਾਏ ਜਾਣ ਵਾਲੇ ਵਿਸ਼ੇਸ ਕੈਂਪ ਸਬੰਧੀ ਜਾਣਕਾਰੀ ਦਿੱਤੀ। ਇਸ ਦੌਰਾਨ ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫਸਰ ਮੋਹਿਤ ਕੌਸ਼ਲ ਨੇ ਵੱਖ ਵੱਖ ਐਪਸ ਤੇ ਈਸੀਆਈ ਨੈਟ ਵੋਟਰ ਹੈਲਪਲਾਈਨ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਪਵਨ ਗੋਇਲ ਅਤੇ ਸਟਾਫ ਮੈਂਬਰ ਵੀ ਹਾਜ਼ਰ ਰਹੇ।

## ਡੀ.ਸੀ. ਡਾ. ਹਿਮਾਂਸ਼ੂ ਅਗਰਵਾਲ ਦਾ ਸਨਮਾਨ

ਪਟਿਆਲਾ, 4 ਜੂਨ (ਚ.ਨ.ਸ.): ਅੱਜ ਫਰੀਡਮ ਫਾਈਟਰ ਉੱਤਰਾਅਧਿਕਾਰੀ ਸੰਸਥਾ (ਰਜਿ: 196) ਜ਼ਿਲ੍ਹਾ ਪਟਿਆਲਾ ਵੱਲੋਂ ਨਵੇਂ ਆਏ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ ਅਗਰਵਾਲ ਦਾ ਬੁੱਕਾ ਦੇ ਕੇ ਸੰਸਥਾ ਵੱਲੋਂ ਸਨਮਾਨਿਤ ਕੀਤਾ ਗਿਆ. ਉਪਰੰਤ ਫਰੀਡਮ ਫਾਈਟਰ ਉੱਤਰਾਅਧਿਕਾਰੀਆਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣੂ ਕਰਵਾਇਆ ਗਿਆ। ਇਸ ਸਬੰਧੀ ਡੀ.ਸੀ. ਵੱਲੋਂ ਵੀ ਵਿਸ਼ਵਾਸ਼ ਦਿਵਾਇਆ ਗਿਆ ਕਿ ਫਰੀਡਮ ਫਾਈਟਰ ਪਰਿਵਾਰਾਂ ਵੱਲੋਂ ਅਜ਼ਾਦੀ ਸੰਗਰਾਮ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ, ਇਸ ਲਈ ਉਨ੍ਹਾਂ ਪਰਿਵਾਰਾਂ ਦੀਆਂ ਮੁਸ਼ਕਲਾਂ ਦਾ ਹੱਲ ਪਹਿਲ ਦੇ ਅਧਾਰ 'ਤੇ ਕਰਵਾਇਆ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਦੀਪ ਸਿੰਘ ਧਨੇਠਾ, ਜਿਲ੍ਹਾ ਸਕੱਤਰ ਸੁਖਵਿੰਦਰ ਸਿੰਘ ਖੁਰਾਣਾ, ਬਲਾਕ ਖਜਾਨਚੀ ਜਰਨੈਲ ਸਿੰਘ, ਰੇਸ਼ਮ ਸਿੰਘ, ਹਰਪ੍ਰੀਤ ਸਿੰਘ ਮੱਲੀ, ਬਲਵਿੰਦਰ ਸਿੰਘ, ਅਨਿਲ ਕੁਮਾਰ, ਗੁਰਪ੍ਰੀਤ ਸਿੰਘ ਅਤੇ ਪ੍ਰਿੰਸੀਪਲ (ਰਿਟਾ:) ਭਰਪੂਰ ਸਿੰਘ ਲੌਟ ਹਾਜ਼ਰ ਸਨ।



## ਪ੍ਰਧਾਨ ਕਰਮਜੀਤ ਸਿੰਘ ਨੂੰ ਸਦਮਾ, ਭਰਾ ਸਵਰਗਵਾਸ

### ➢ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ਨੇ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ

ਬਲਬੇੜ੍ਹਾ/ਡਕਾਲਾ, 4 ਜੂਨ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਆੜਤੀ ਐਸੋਸੀਏਸ਼ਨ ਬਲਬੇੜ੍ਹਾ ਦੇ ਪ੍ਰਧਾਨ ਕਰਮਜੀਤ ਸਿੰਘ ਢੰਡੇ ਨੂੰ ਵੱਡੇ ਭਰਾ ਅਮਰ ਸਿੰਘ ਢੰਡੇ (63) ਦੇ ਬੀਤੀ ਕੱਲ੍ਹ ਅਚਾਨਕ ਸਦੀਵੀ ਵਿਛੋੜਾ ਦੇ ਜਾਣ ਕਾਰਨ ਸਮੁੱਚੇ ਪਰਿਵਾਰ ਨੂੰ ਗਹਿਰਾ ਸਦਮਾਂ ਲੱਗਾ। ਦੁੱਖ ਦੀ ਇਸ ਘੜੀ 'ਚ ਪਰਿਵਾਰ



ਨਾਲ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ.ਪ੍ਰੇਮ ਸਿੰਘ ਚੰਦੂਮਾਜਰਾ, ਰਣਜੋਧ ਸਿੰਘ ਹਡਾਣਾ ਹਲਕਾ ਇੰਚਾਰਜ ਸਨੌਰ ਬੀਬੀ ਸਿਮਰਨਜੀਤ ਕੌਰ ਪਠਾਣਮਾਜਰਾ ਪਤਨੀ ਹਰਮੀਤ ਸਿੰਘ ਪਠਾਣਮਾਜਰਾ ਵਿਧਾਇਕ ਸਨੌਰ, ਸਤਪਾਲ ਸਿੰਘ ਪੂਨੀਆਂ ਹਲਕਾ ਇੰਚਾਰਜ਼ ਬੀਜੇਪੀ ਸਨੌਰ, ਗੁਰਵਿੰਦਰ ਸਿੰਘ ਹੈਪੀ ਚੇਅਰਮੈਨ ਬਲਾਕ ਸੰਮਤੀ ਸਨੌਰ, ਪ੍ਰਧਾਨ ਅਮਰਜੀਤ ਸਿੰਘ ਨੌਗਾਵਾ, ਸਰਕਲ ਜਥੇ.ਨਿਰੰਜਨ ਸਿੰਘ ਫੌਜੀ, ਹਰਪਿੰਦਰ ਸਿੰਘ ਚੀਮਾ, ਰਾਜਾ ਧੰਜੂ, ਪ੍ਰਧਾਨ ਮਦਨ ਵਰਮਾਂ, ਬੰਤ ਸਿੰਗ ਬਲਬੇੜ੍ਹਾ, ਹਰਕੇਸ਼ ਮਿੱਤਲ ਆੜਤੀ, ਚੇਅਰਮੈਨ ਸੁਰਿੰਦਰ ਮਿੱਤਲ, ਗੁਰਮੇਲ ਸਿੰਘ ਜਾਫਰਪੁਰ ਆਦਿ ਨੇ ਦੁੱਖ ਸਾਂਝਾ ਕਰਦਿਆਂ ਅਮਰ ਸਿੰਘ ਢੰਡੇ ਦੇ ਅਚਾਨਕ ਸਦੀਵੀ ਵਿਛੋੜਾ ਦੇ ਜਾਣ ਤੇ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਇਸ ਮੌਕੇ ਦਵਿੰਦਰ ਸਿੰਘ ਬੱਬਲੀ ਸਰਪੰਚ ਨੰਨਾਨਸੂ, ਗੁਰਮੇਲ ਸਿੰਘ ਘੁੰਮਣ ਆੜਤੀ, ਕਾਕਾ ਸਿੰਘ ਬਠੋਈ, ਜੋਤਿੰਦਰ ਸਿੰਘ ਪਹਾੜੀਪੁਰ, ਗੋਲਡੀ ਪਹਾੜੀਪੁਰ, ਭੁਪਿੰਦਰ ਸਿੰਘ ਘੁੰਮਣ ਆੜਤੀ, ਗੁਰਦਰਸ਼ਨ ਸਿੰਘ ਗਾਂਧੀ ਤੇ ਹੋਰ ਸ਼ਖ਼ਸੀਅਤਾਂ ਤੇ ਪਿੰਡ ਵਾਸੀ ਮੌਜੂਦ ਸਨ।

## ਗੈਸ, ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਧਣ ਕਾਰਨ ਲੋਕ ਪ੍ਰੇਸ਼ਾਨ : ਲਾਲ ਸਿੰਘ ਟੌਹੜਾ

ਭਾਦਸੋਂ, 4 ਜੂਨ (ਭਰਪੂਰ ਸਿੰਘ ਮੱਟਰਾਂ) : ਸੀਨੀਅਰ ਕਾਂਗਰਸੀ ਆਗੂ ਉੱਚੇ ਅਹੁਦਿਆਂ 'ਤੇ ਰਹੇ ਲਾਲ ਸਿੰਘ ਟੌਹੜਾ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਪੈਟਰੋਲ ਡੀਜ਼ਲ ਅਤੇ ਰਸੋਈ ਗੈਸ ਦੀਆਂ ਵਧ ਰਹੀਆਂ ਕੀਮਤਾਂ 'ਤੇ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਮਹਿੰਗਾਈ ਨੇ ਆਮ ਲੋਕਾਂ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ ਪੈਟਰੋਲ ਡੀਜ਼ਲ ਅਤੇ ਗੈਸ ਦੀਆਂ ਵਧਦੀਆਂ ਕੀਮਤਾਂ ਕਾਰਨ ਹਰ ਵਰਗ ਪ੍ਰਭਾਵਿਤ ਹੋ ਰਿਹਾ ਹੈ। ਉਹਨਾਂ ਕੇਂਦਰ ਸਰਕਾਰ ਨੂੰ ਲੋਕ ਵਿਰੋਧੀ ਨੀਤੀਆਂ ਛੱਡ ਕੇ ਤੁਰੰਤ ਕੀਮਤਾਂ ਵਿੱਚ ਕਮੀ ਕਰਨ ਦੀ ਮੰਗ ਕੀਤੀ ਜੇਕਰ ਕੱਚੇ ਤੇਲ ਦੀ ਕੀਮਤ ਪਹਿਲਾਂ ਨਾਲੋਂ ਘੱਟ ਹੈ ਤਾਂ ਫਿਰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਇਨਾ ਵੱਡਾ ਵਾਧਾ ਕਿਉਂ ਕੀਤਾ ਜਾ ਰਿਹਾ ਹੈ ਜੇਕਰ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਨਾ ਘਟਾਈਆਂ ਗਈਆਂ ਤਾਂ ਕਾਂਗਰਸ ਸਰਕਾਰ ਵੱਲੋਂ ਮੋਦੀ ਸਰਕਾਰ ਦਾ ਵਿਰੋਧ ਕੀਤਾ ਜਾਵੇਗਾ।



## ਜ਼ਿਲ੍ਹਾ ਯੋਜਨਾ ਕਮੇਟੀ ਦੀ ਮੀਟਿੰਗ 'ਚ ਪਟਿਆਲਾ ਦੇ ਵਿਕਾਸ ਲਈ ਵੱਡੇ ਪ੍ਰੋਜੈਕਟਾਂ 'ਤੇ ਚਰਚਾ



ਪਟਿਆਲਾ, 4 ਜੂਨ (ਰੁਪਾਣਾ) : ਸ਼ਹਿਰ ਦੇ ਭਵਿੱਖੀ ਵਿਕਾਸ ਨੂੰ ਲੈ ਕੇ ਜ਼ਿਲ੍ਹਾ ਯੋਜਨਾ ਕਮੇਟੀ ਦੀ ਇੱਕ ਅਹਿਮ ਮੀਟਿੰਗ ਚੇਅਰਮੈਨ ਤੇਜਿੰਦਰ ਮਹਿਤਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਪਟਿਆਲਾ ਦੇ ਸਰਵਪੱਖੀ ਵਿਕਾਸ ਲਈ ਕਈ ਮਹੱਤਵਪੂਰਨ ਪ੍ਰੋਜੈਕਟਾਂ ਅਤੇ ਭਵਿੱਖੀ ਯੋਜਨਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਵਿੱਚ ਐਲੀਵੇਟਿਡ ਰੋਡ ਦੇ ਨਿਰਮਾਣ, ਖੇਡ ਮੈਦਾਨਾਂ ਦੇ ਵਿਕਾਸ, ਸ਼ਹਿਰ ਵਿੱਚ ਹਰਿਆਲੀ ਵਧਾਉਣ, ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਸਬੰਧੀ ਯੋਜਨਾਵਾਂ 'ਤੇ ਵਿਚਾਰ ਕੀਤਾ ਗਿਆ। ਇਨ੍ਹਾਂ ਯੋਜਨਾਵਾਂ ਨੂੰ ਅਮਲੀ ਰੂਪ ਦੇਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਸੰਬੰਧਿਤ ਵਿਭਾਗਾਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਅਤੇ ਹੁਕਮ ਜਾਰੀ ਕੀਤੇ ਜਾਣਗੇ। ਚੇਅਰਮੈਨ ਤੇਜਿੰਦਰ ਮਹਿਤਾ ਨੇ ਕਿਹਾ ਕਿ ਜ਼ਿਲ੍ਹਾ ਯੋਜਨਾ ਕਮੇਟੀ ਵਿਕਾਸ ਕਾਰਜਾਂ ਦੀ ਯੋਜਨਾਬੰਦੀ ਵਿੱਚ ਕੋਈ ਕਸਰ ਨਹੀਂ ਛੱਡੇਗੀ। ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਉਮੀਦਾਂ ਅਨੁਸਾਰ ਪਟਿਆਲਾ ਨੂੰ ਹੋਰ ਸੁੰਦਰ, ਆਧੁਨਿਕ ਅਤੇ ਸੁਵਿਧਾਜਨਕ ਸ਼ਹਿਰ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਮੀਟਿੰਗ ਵਿੱਚ ਜ਼ਿਲ੍ਹਾ ਯੋਜਨਾ ਕਮੇਟੀ ਦੀ ਮੈਂਬਰ ਮੋਨਿਕਾ ਸ਼ਰਮਾ, ਮੈਂਬਰ ਸੰਜੀਵ ਗੁਪਤਾ ਅਤੇ ਮੈਂਬਰ ਅਮਰਦੀਪ ਸੰਘੇੜਾ ਵੀ ਹਾਜ਼ਰ ਸਨ। ਉਨ੍ਹਾਂ ਵੱਲੋਂ ਵੀ ਵਿਕਾਸ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਆਪਣੇ ਕੀਮਤੀ ਸੁਝਾਅ ਦਿੱਤੇ ਗਏ।